ਸ਼ੁੱਕਰਵਾਰ, 27 ਜੂਨ, 2025
13 ਹਾੜ੍ਹ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 26

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 27 JUNE, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12

# ਹੁਣ ਨਸ਼ਾ ਕਾਰੋਬਾਰ ਦੇ ਜਰਨੈਲਾਂ ਦੀ ਵਾਰੀ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਮੁੱਖ ਮੰਤਰੀ ਭਗਵੰਤ ਮਾਨ ਨੇ ਵੀਰਵਾਰ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਦੀ ਗ੍ਰਿਫਤਾਰੀ ਨੂੰ ਸਹੀ ਦੱਸਦਿਆਂ ਇਸ਼ਾਰਾ ਕੀਤਾ ਕਿ ਆਉਂਦੇ ਦਿਨਾਂ ਵਿੱਚ ਨਸ਼ਾ ਤਸਕਰੀ ਦੇ ਮਾਮਲਿਆਂ 'ਚ ਹੋਰ ਵੱਡੇ ਸਿਆਸਤਦਾਨਾਂ ਅਤੇ ਅਫਸਰਾਂ ਨੂੰ ਹੱਥ ਪਵੇਗਾ। ਉਨ੍ਹਾ ਕਿਹਾ ਕਿ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਕਿਸੇ ਵੀ ਰਾਜਸੀ ਆਗੂ ਜਾਂ ਅਧਿਕਾਰੀ ਨੂੰ ਬਖਸ਼ਿਆ ਨਹੀਂ ਜਾਵੇਗਾ।

ਆਪਣੀ ਸਰਕਾਰੀ ਰਿਹਾਇਸ਼ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਆਗੂ ਪਹਿਲਾਂ ਆਖਦੇ ਸਨ ਕਿ 'ਵੱਡੇ ਮਗਰਮੱਛ' ਨਸ਼ਾ ਤਸਕਰੀ ਕੇਸਾਂ ਵਿੱਚ ਫੜੇ ਨਹੀਂ ਜਾ ਰਹੇ ਹਨ ਅਤੇ ਹੁਣ ਜਦੋਂ ਪੰਜਾਬ ਸਰਕਾਰ ਨੇ ਇਨ੍ਹਾਂ ਨੂੰ ਹੱਥ ਪਾਇਆ ਹੈ ਤਾਂ ਵਿਰੋਧੀ ਪਲਟੀ ਖਾ ਗਏ ਹਨ ਕਿ ਇਹ ਐਕਸ਼ਨ ਸਰਕਾਰ ਨੇ ਗਲਤ ਕੀਤਾ ਹੈ। ਉਨ੍ਹਾ ਕਿਹਾ ਕਿ ਵਿਰੋਧੀ ਆਗੂ ਵੀ ਇਸ ਮਾਮਲੇ ਵਿੱਚ ਬੇਪਰਦ ਹੋ ਗਏ ਹਨ। ਇਸ ਤੋਂ ਸਪੱਸ਼ਟ ਹੈ ਕਿ ਸਾਰੇ ਹੀ ਸਿਆਸੀ ਆਗੂ ਆਪਸ ਵਿੱਚ ਮਿਲੇ ਹੋਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਦੀ ਸ਼ੁਰੂਆਤ ਇਲਾਕਾਈ ਤਸਕਰਾਂ ਨੂੰ ਫੜ ਕੇ ਕੀਤੀ ਸੀ ਅਤੇ ਹੁਣ ਜਰਨੈਲਾਂ ਨੂੰ ਹੱਥ ਪਾਇਆ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਹੁਣ ਤੱਕ ਫੜੇ ਗਏ 80 ਤੋਂ 90 ਫੀਸਦੀ ਤਸਕਰਾਂ ਦੀ ਜ਼ਮਾਨਤ ਨਹੀਂ ਹੋ ਸਕੀ ਹੈ। ਉਨ੍ਹਾ ਇਹ ਵੀ ਸਾਫ ਕੀਤਾ ਕਿ ਨਸ਼ਾ ਤਸਕਰੀ ਕਰਨ ਵਾਲਿਆਂ 'ਤੇ ਕੋਈ ਤਰਸ ਨਹੀਂ ਕੀਤਾ ਜਾਵੇਗਾ ਅਤੇ ਨਾ ਹੀ ਕਿਸੇ ਸਿਫਾਰਸ਼ ਦੀ ਪ੍ਰਵਾਹ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਉਹ ਪੰਜਾਬੀਆਂ ਨੂੰ ਜਵਾਬਦੇਹ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਦੇ ਘਰਾਂ ਵਿੱਚ ਸੱਥਰ ਵਿਛਾਉਣ ਵਾਲੇ ਬਖ਼ਸ਼ੇ ਨਹੀਂ ਜਾਣਗੇ। ਪੰਜਾਬ ਸਰਕਾਰ ਵੱਲੋਂ ਇਸ ਵਾਰ ਪੱਕੇ ਪੈਰੀਂ ਕਾਰਵਾਈ ਕੀਤੀ ਗਈ ਹੈ। ਇਸ ਦੌਰਾਨ ਹਵਾਲਾ ਰਾਹੀਂ ਕਰੋੜਾਂ ਰੁਪਏ ਦਾ ਕੈਸ਼ ਟਰਾਂਸਫਰ ਹੋਣ ਦੇ ਸਬੂਤ ਵੀ ਮਿਲੇ ਹਨ, ਜਿਸ ਬਾਰੇ ਜਾਂਚ ਕੀਤੀ ਜਾ ਰਹੀ ਹੈ। ਮਾਨ ਨੇ ਕਿਹਾ ਕਿ ਪੰਜਾਬ ਵਿੱਚ ਮੌਜੂਦਾ ਸਮੇਂ ਆਮ ਆਦਮੀ ਪਾਰਟੀ ਬਨਾਮ ਸਾਰੀਆਂ ਰਾਜਸੀ ਪਾਰਟੀਆਂ ਵਰਗੇ ਹਾਲਾਤ ਬਣੇ ਹੋਏ ਹਨ।

ਉਂਜ ਪਹਿਲੀ ਵਾਰ ਸੀ ਜਦੋਂ ਮੁੱਖ ਮੰਤਰੀ ਨੇ ਮਜੀਠੀਆ ਦਾ ਨਾਂਅ ਲਏ ਬਗੈਰ ਕਿਹਾ ਕਿ ਵੱਡੇ ਮਗਰਮੱਛ ਫੜੇ ਜਾਣ ਕਰਕੇ ਪੰਜਾਬ 'ਚੋਂ ਲੋਕਾਂ ਦੇ ਫੋਨ ਆ ਰਹੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਪੰਚਾਇਤਾਂ ਵੱਲੋਂ ਵੀ ਹੁਣ ਮਤੇ ਪਾਏ ਜਾ ਰਹੇ ਹਨ ਕਿ ਉਹ ਕਿਸੇ ਵੀ ਨਸ਼ਾ ਤਸਕਰ ਦੀ ਜ਼ਮਾਨਤ ਨਹੀਂ ਦੇਣਗੇ।

## ਮਜੀਠੀਆ 7 ਦਿਨ ਦੇ ਰਿਮਾਂਡ 'ਤੇ

**ਮੋਹਾਲੀ (ਗੁਰਜੀਤ ਬਿੱਲਾ)**-ਮੋਹਾਲੀ ਦੀ ਜ਼ਿਲ੍ਹਾ ਕੋਰਟ ਨੇ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਦਾ ਡਰੱਗ ਮਨੀ ਤੇ ਸਰੋਤਾਂ ਤੋਂ ਵੱਧ ਆਮਦਨ ਮਾਮਲੇ ਵਿੱਚ ਵੀਰਵਾਰ ਸੱਤ ਦਿਨਾ ਪੁਲਸ ਰਿਮਾਂਡ ਦੇ ਦਿੱਤਾ। ਵਿਜੀਲੈਂਸ ਦੀ ਟੀਮ ਨੇ 12 ਦਿਨਾਂ ਦਾ ਮੰਗਿਆ ਸੀ।

ਮਜੀਠੀਆ ਨੂੰ ਦੁਪਹਿਰੇ 12 ਵਜੇ ਦੇ ਕਰੀਬ ਕੋਰਟ ਵਿੱਚ ਪੇਸ਼ ਕੀਤਾ ਗਿਆ। ਬੁੱਧਵਾਰ ਅੰਮ੍ਰਿਤਸਰ 'ਚ ਹਿਰਾਸਤ ਵਿੱਚ ਲੈਣ ਮਗਰੋਂ ਇੱਥੇ ਵਿਜੀਲੈਂਸ ਬਿਊਰੋ ਦੇ ਫੇਜ਼-8 ਵਿਚਲੇ ਮੁੱਖ ਦਫਤਰ ਵਿਖੇ ਉਨ੍ਹਾ ਤੋਂ ਲੰਬੀ ਪੁੱਛ-ਗਿੱਛ ਕੀਤੀ ਗਈ।

ਕੋਰਟ ਦੇ ਬਾਹਰ ਅਕਾਲੀ ਵਰਕਰ ਇਕੱਠੇ ਹੋਣ ਲੱਗੇ ਤਾਂ ਪੁਲਸ ਕਰੀਬ ਦੋ ਦਰਜਨ ਤੋਂ ਵੱਧ ਅਕਾਲੀ ਆਗੂਆਂ ਤੇ ਵਰਕਰਾਂ ਨੂੰ ਬੱਸਾਂ ਵਿੱਚ ਬਿਠਾ ਕੇ ਲੈ ਗਈ।

# ਸੁਭਾਂਸ਼ੂ ਸ਼ੁਕਲਾ ਤੇ ਸਾਥੀ ਪੁਲਾੜ ਸਟੇਸ਼ਨ 'ਚ ਦਾਖਲ



**ਨਵੀਂ ਦਿੱਲੀ** : ਭਾਰਤ ਦਾ ਸ਼ੁਭਾਂਸ਼ੂ ਸ਼ੁਕਲਾ ਤੇ ਤਿੰਨ ਹੋਰ ਪੁਲਾੜ ਯਾਤਰੀ ਵੀਰਵਾਰ ਭਾਰਤੀ ਸਮੇਂ ਅਨੁਸਾਰ ਸ਼ਾਮੀਂ 4:01 ਵਜੇ ਕੌਮਾਂਤਰੀ ਪੁਲਾੜ ਸਟੇਸ਼ਨ ਪਹੁੰਚ ਗਏ। ਡਰੈਗਨ ਪੁਲਾੜ ਵਾਹਨ, ਜਿਸ ਵਿੱਚ ਚਾਰੇ ਪੁਲਾੜ ਯਾਤਰੀ ਸਵਾਰ ਹਨ, ਦਾ ਓਰਬਿਟਲ ਲੈਬਾਰਟਰੀ ਨਾਲ ਡੌਕਿੰਗ (ਜੁੜਨ) ਦਾ ਅਮਲ ਪੂਰਾ ਹੋ ਗਿਆ ਹੈ। ਗ੍ਰੇਸ ਨਾਮਕ ਪੁਲਾੜ ਯਾਨ ਨੇ ਉੱਤਰੀ ਐਟਲਾਂਟਿਕ ਮਹਾਂਸਾਗਰ ਉੱਤੇ ਭਾਰਤੀ ਸਮੇਂ ਅਨੁਸਾਰ ਸ਼ਾਮ 4:01 ਵਜੇ ਪੁਲਾੜ ਸਟੇਸ਼ਨ ਨਾਲ ਇੱਕ ਸਾਫਟ ਕੈਪਚਰ ਪ੍ਰਾਪਤ ਕੀਤਾ। ਇਹ ਪਹਿਲੀ ਵਾਰ ਹੈ, ਜਦੋਂ ਕੋਈ ਭਾਰਤੀ ਪੁਲਾੜ ਯਾਤਰੀ ਕੌਮਾਂਤਰੀ ਪੁਲਾੜ ਸਟੇਸ਼ਨ ਦੀ ਯਾਤਰਾ ਕਰ ਰਿਹਾ ਹੈ। ਨਾਸਾ ਨੇ ਇੱਕ ਲਾਈਵ ਵੀਡੀਓ ਲਿੰਕ ਵਿੱਚ ਪੁਲਾੜ ਯਾਨ ਨੂੰ ਪੁਲਾੜ ਸਟੇਸ਼ਨ ਦੇ ਨੇੜੇ ਆਉਂਦੇ ਦਿਖਾਇਆ ਅਤੇ ਡੌਕਿੰਗ ਦਾ ਅਮਲ ਭਾਰਤੀ ਸਮੇਂ ਅਨੁਸਾਰ ਸ਼ਾਮ 4:15 ਵਜੇ ਪੂਰਾ ਹੋਇਆ। ਐਕਸੀਓਮ-4 ਮਿਸ਼ਨ ਵਿੱਚ ਸ਼ਾਮਲ ਪੁਲਾੜ ਯਾਤਰੀਆਂ ਨੇ ਬੁੱਧਵਾਰ ਫਲੋਰੀਡਾ ਦੇ ਕੈਨੇਡੀ ਸਪੇਸ ਸੈਂਟਰ ਤੋਂ ਪੁਲਾੜ ਸਟੇਸ਼ਨ ਲਈ ਯਾਤਰਾ ਸ਼ੁਰੂ ਕੀਤੀ ਸੀ। ਇਸ ਵਪਾਰਕ ਮਿਸ਼ਨ ਦੀ ਅਗਵਾਈ ਕਮਾਂਡਰ ਪੈਗੀ ਵਿਟਸਨ ਕਰ ਰਹੇ ਹਨ, ਜਦੋਂਕਿ ਸ਼ੁਭਾਂਸ਼ੂ ਸ਼ੁਕਲਾ ਇਸ ਵਿੱਚ ਮਿਸ਼ਨ ਪਾਇਲਟ ਹਨ। ਹੰਗਰੀ ਦੇ ਪੁਲਾੜ ਯਾਤਰੀ ਟਿਬੋਰ ਕਪੂ ਤੇ ਪੋਲੈਂਡ ਦੇ ਸਲਾਵੋਜ਼ ਉਜ਼ਨਾਂਸਕੀ ਵਿਸਨੀਵਸਕੀ ਮਿਸ਼ਨ ਮਾਹਰ ਵਜੋਂ ਸ਼ਾਮਲ ਹਨ। ਇਸ ਮਿਸ਼ਨ ਨੇ ਪਹਿਲਾਂ 29 ਮਈ ਨੂੰ ਉਡਾਣ ਭਰਨੀ ਸੀ, ਪਰ ਫਾਲਕਨ 9 ਰਾਕੇਟ ਦੇ ਬੂਸਟਰ ਵਿਚ ਤਰਲ ਆਕਸੀਜਨ ਦੇ ਰਿਸਾਅ ਤੇ ਕੌਮਾਂਤਰੀ ਪੁਲਾੜ ਸਟੇਸ਼ਨ ਦੇ ਪੁਰਾਣੇ ਰੂਸੀ ਮਡਿਊਲ ਵਿਚ ਰਿਸਾਅ ਦਾ ਪਤਾ ਲੱਗਣ ਮਗਰੋਂ ਪਹਿਲਾਂ ਇਸ ਨੂੰ 8 ਜੂਨ, ਫਿਰ 10 ਜੂਨ ਤੇ ਮਗਰੋਂ 11 ਜੂਨ ਲਈ ਟਾਲ ਦਿੱਤਾ ਗਿਆ। ਇਸ ਮਗਰੋਂ ਲਾਂਚ ਦੀ ਯੋਜਨਾ 19 ਜੂਨ ਨੂੰ ਇਕ ਵਾਰ ਫਿਰ ਟਲੀ। ਉਪਰੰਤ ਨਾਸਾ ਨੇ ਰੂਸੀ ਮਡਿਊਲ ਵਿੱਚ ਮੁਰੰਮਤ ਕਾਰਜਾਂ ਤੋਂ ਬਾਅਦ ਓਰਬਿਟ ਲੈਬਾਰਟਰੀ ਦੇ ਸੰਚਾਲਨ ਦੀ ਸਮੀਖਿਆ ਲਈ ਲਾਂਚ ਦੀ ਤਰੀਕ 22 ਜੂਨ ਨਿਰਧਾਰਤ ਕੀਤੀ। ਇਹ ਮਿਸ਼ਨ ਫਲੋਰਿਡਾ ਸਥਿਤ ਨਾਸਾ ਦੇ ਕੈਨੇਡੀ ਪੁਲਾੜ ਕੇਂਦਰ ਦੇ 'ਲਾਂਚ ਕੰਪਲੈਕਸ 39-ਏ' ਤੋਂ ਬੁੱਧਵਾਰ ਨੂੰ ਭਾਰਤੀ ਸਮੇਂ ਅਨੁਸਾਰ 12:01 ਲਾਂਚ ਕੀਤਾ ਗਿਆ।

# ਕੈਬਨਿਟ ਵੱਲੋਂ ਸਨਅਤੀ ਪਲਾਟ ਤਬਾਦਲਾ ਨੀਤੀ ਮਨਜ਼ੂਰ

## ਸਨਅਤੀ ਪਲਾਟਾਂ ਨੂੰ ਹਸਪਤਾਲਾਂ, ਹੋਟਲਾਂ, ਸਨਅਤੀ ਪਾਰਕਾਂ ਤੇ ਹੋਰ ਮੰਤਵਾਂ ਲਈ ਵਰਤਿਆ ਜਾ ਸਕੇਗਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਨੇ ਸਨਅਤੀ ਪਲਾਟਾਂ ਨੂੰ ਹਸਪਤਾਲਾਂ, ਹੋਟਲਾਂ, ਸਨਅਤੀ ਪਾਰਕਾਂ ਤੇ ਹੋਰ ਮਨਜ਼ੂਰਸ਼ੁਦਾ ਮੰਤਵਾਂ ਲਈ ਵਰਤਣ ਦੀ ਇਜਾਜ਼ਤ ਦਿੰਦੀ ਪੰਜਾਬ ਦੀ ਤਬਾਦਲਾ ਨੀਤੀ ਵਿੱਚ ਅਹਿਮ ਸੋਧਾਂ ਨੂੰ ਪ੍ਰਵਾਨਗੀ ਦੇ ਦਿੱਤੀ।ਇਸ ਸੰਬੰਧੀ ਫੈਸਲਾ ਵੀਰਵਾਰ ਇੱਥੇ ਮੁੱਖ ਮੰਤਰੀ ਦੀ ਸਰਕਾਰੀ ਰਿਹਾਇਸ਼ ਉੱਤੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ।

ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਪਹਿਲਾਂ ਤਬਾਦਲਾ ਨੀਤੀ 2008, 2016 ਅਤੇ 2021 ਵਿੱਚ ਲਿਆਂਦੀ ਗਈ ਸੀ। ਹਾਲਾਂਕਿ ਇੰਡਸਟਰੀਅਲ ਐਸੋਸੀਏਸ਼ਨਾਂ ਨੇ 2021 ਵਿੱਚ ਲਿਆਂਦੀ ਨੀਤੀ ਦੀਆਂ ਕੁੱਝ ਪਾਬੰਦੀਆਂ ਵਾਲੀਆਂ ਸ਼ਰਤਾਂ ਉੱਤੇ ਇਤਰਾਜ਼ ਉਠਾਇਆ ਸੀ। ਇਸ ਦੇ ਜਵਾਬ ਵਿੱਚ ਇਕ ਕਮੇਟੀ ਨੇ ਸਨਅਤਕਾਰਾਂ ਦੀਆਂ ਬੇਨਤੀਆਂ ਦੀ ਸਮੀਖਿਆ ਕੀਤੀ ਅਤੇ ਫ੍ਰੀ ਹੋਲਡ ਪਲਾਟਾਂ ਉੱਤੇ ਲਾਗੂ ਹੋਣ ਵਾਲੀਆਂ ਤਬਦੀਲੀਆਂ ਤਜਵੀਜ਼ ਕੀਤੀਆਂ। ਸੋਧੀ ਨੀਤੀ ਮੁਤਾਬਕ ਸਨਅਤੀ ਪਲਾਟ ਦੀ ਰਾਖਵੀਂ ਕੀਮਤ ਦਾ 12.5 ਫੀਸਦੀ ਤਬਾਦਲਾ ਖ਼ਰਚਾ ਲਾਗੂ ਹੋਵੇਗਾ।ਕੈਬਨਿਟ ਨੇ ਵਿਸ਼ੇਸ਼ ਤੌਰ ਉੱਤੇ ਪੀ.ਐੱਸ.ਆਈ.ਈ.ਸੀ. ਦੇ ਪ੍ਰਬੰਧਨ ਵਾਲੇ ਲੀਜ਼ਹੋਲਡ ਸਨਅਤੀ ਪਲਾਟਾਂ ਤੇ ਸ਼ੈੱਡਾਂ ਨੂੰ ਫ੍ਰੀ ਹੋਲਡ ਵਿੱਚ ਤਬਦੀਲ ਕਰਨ ਵਾਸਤੇ ਨੀਤੀ ਨੂੰ ਵੀ ਪ੍ਰਵਾਨਗੀ ਦੇ ਦਿੱਤੀ। ਇਹ ਪਲਾਟ ਤੇ ਸ਼ੈੱਡ ਅਸਲ ਵਿੱਚ ਲੀਜ਼ਹੋਲਡ ਆਧਾਰ ਉੱਤੇ ਅਲਾਟ ਕੀਤੇ ਗਏ ਸਨ, ਜਿਸ ਵਿੱਚ ਤਬਦੀਲੀ ਸੰਬੰਧੀ ਗੁੰਝਲਦਾਰ ਧਾਰਾਵਾਂ ਸ਼ਾਮਲ ਸਨ, ਇਸ ਕਾਰਨ ਜਾਇਦਾਦ ਦੇ ਲੈਣ-ਦੇਣ ਵਿੱਚ ਔਕੜਾਂ ਆ ਰਹੀਆਂ ਹਨ। ਇਸ ਨਵੀਂ ਨੀਤੀ ਦਾ ਮੰਤਵ ਸਨਅਤੀ ਪਲਾਟਾਂ ਦੇ ਪ੍ਰਬੰਧਨ ਨੂੰ ਸੁਚਾਰੂ ਬਣਾਉਣਾ, ਕਾਰੋਬਾਰ ਵਿੱਚ ਸੌਖ ਨੂੰ ਵਧਾਉਣਾ, ਅਲਾਟੀਆਂ ਵਿਚਾਲੇ ਮੁਕੱਦਮੇਬਾਜ਼ੀ ਅਤੇ ਬੇਯਕੀਨੀ ਘਟਾਉਣਾ ਹੈ। ਇਸ ਤੋਂ ਇਲਾਵਾ ਇਸ ਤਬਾਦਲੇ ਨਾਲ ਸੂਬੇ ਲਈ ਵਾਧੂ ਮਾਲੀਆ ਪੈਦਾ ਹੋਣ ਦੀ ਆਸ ਹੈ।

ਕੈਬਨਿਟ ਨੇ ਐੱਮ.ਐੱਸ.ਐੱਮ.ਈ. ਡਿਵੈਲਪਮੈਂਟ ਐਕਟ, 2006 ਅਧੀਨ ਐੱਮ.ਐੱਸ.ਈ. ਫੈਸਲੀਟੇਸ਼ਨ ਕੌਂਸਲ ਨਿਯਮ-2021 ਵਿੱਚ ਸੋਧਾਂ ਨੂੰ ਪ੍ਰਵਾਨਗੀ ਦੇ ਦਿੱਤੀ। ਇਸ ਸਮੇਂ ਜ਼ਿਲ੍ਹਾ ਪੱਧਰ ਉਪਰ ਮਾਈਕਰੋ ਅਤੇ ਸਮਾਲ ਇੰਟਰਪ੍ਰਾਈਜਜ਼ ਫੈਸਲੀਟੇਸ਼ਨ ਕੌਂਸਲਾਂ ਸੰਬੰਧਤ ਡਿਪਟੀ ਕਮਿਸ਼ਨਰਾਂ ਦੀ ਅਗਵਾਈ ਹੇਠ ਕੰਮ ਕਰ ਰਹੀਆਂ ਹਨ। ਹਾਲਾਂਕਿ ਇਸ ਐਕਟ ਅਧੀਨ ਐਵਾਰਡਾਂ ਨਾਲ ਸੰਬੰਧਤ

• ਬਾਕੀ ਸਫਾ 2 'ਤੇ

## ਵੀਜ਼ਾ ਬਿਨੈਕਾਰਾਂ ਨਾਲ ਅਮਰੀਕਾ ਦੀ ਸਖਤੀ

**ਨਵੀਂ ਦਿੱਲੀ** : ਕੌਮੀ ਸੁਰੱਖਿਆ ਦਾ ਹਵਾਲਾ ਦਿੰਦੇ ਹੋਏ ਅਮਰੀਕਾ ਨੇ ਵੀਜ਼ਾ ਬਿਨੈਕਾਰਾਂ ਨੂੰ ਪਿਛਲੇ ਪੰਜ ਸਾਲਾਂ ਵਿੱਚ ਵਰਤੇ ਗਏ ਹਰੇਕ ਸੋਸ਼ਲ ਮੀਡੀਆ ਪਲੇਟਫਾਰਮ ਦੇ ਆਪਣੇ ਯੂਜ਼ਰਨੇਮ ਜਾਂ ਹੈਂਡਲ ਦਾ ਖੁਲਾਸਾ ਕਰਨ ਲਈ ਕਿਹਾ ਹੈ। ਭਾਰਤ ਵਿੱਚ ਅਮਰੀਕੀ ਦੂਤਾਵਾਸ ਨੇ ਵੀਰਵਾਰ ਚੇਤਾਵਨੀ ਦਿੱਤੀ ਕਿ ਜਾਣਕਾਰੀ ਸਾਂਝੀ ਨਾ ਕੀਤੇ ਜਾਣ 'ਤੇ ਵੀਜ਼ਾ ਰੱਦ ਹੋ ਸਕਦਾ ਹੈ ਅਤੇ ਭਵਿੱਖ ਦੇ ਵੀਜ਼ਿਆਂ ਨੂੰ ਅਯੋਗ ਕੀਤਾ ਜਾ ਸਕਦਾ ਹੈ।

## 4 ਦਹਿਸ਼ਤਗਰਦ ਘੇਰੇ

**ਜੰਮੂ** : ਊਧਮਪੁਰ ਜ਼ਿਲ੍ਹੇ ਦੇ ਬਸੰਤਗੜ੍ਹ ਦੇ ਦੂਰ-ਦੁਰਾਡੇ ਦੇ ਬਿਹਾਲੀ ਜੰਗਲੀ ਖੇਤਰ ਵਿੱਚ ਸੁਰੱਖਿਆ ਬਲਾਂ ਨੇ ਜੈਸ਼-ਏ-ਮੁਹੰਮਦ ਦੇ ਚਾਰ ਦਹਿਸ਼ਤਗਰਦ ਘੇਰ ਲਏ ਸਨ, ਜਿਨ੍ਹਾਂ ਨੂੰ ਇੱਕ ਸਾਲ ਤੋਂ ਟਰੈਕ ਕੀਤਾ ਜਾ ਰਿਹਾ ਸੀ। ਅਧਿਕਾਰੀਆਂ ਨੇ ਦੱਸਿਆ ਕਿ ਸੁਰੱਖਿਆ ਬਲ ਮੀਂਹ ਅਤੇ ਧੁੰਦ ਦੇ ਬਾਵਜੂਦ ਉਨ੍ਹਾਂ ਨੂੰ ਬੇਅਸਰ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਦਹਿਸ਼ਤਗਰਦ ਪਾਕਿਸਤਾਨੀ ਜੈਸ਼-ਏ-ਮੁਹੰਮਦ ਦੇ ਮੈਂਬਰ ਹਨ।

## 2 ਮਾਓਵਾਦੀ ਬੀਬੀਆਂ ਮਾਰੀਆਂ

**ਨਾਰਾਇਣਪੁਰ** : ਛੱਤੀਸਗੜ੍ਹ ਦੇ ਨਾਰਾਇਣਪੁਰ ਜ਼ਿਲ੍ਹੇ ਵਿੱਚ ਸੁਰੱਖਿਆ ਜਵਾਨਾਂ ਨੇ ਮੁਕਾਬਲੇ ਵਿੱਚ ਦੋ ਮਾਓਵਾਦੀ ਮਹਿਲਾਵਾਂ ਨੂੰ ਮਾਰ ਦਿੱਤਾ। ਪੁਲਸ ਅਧਿਕਾਰੀ ਨੇ ਦੱਸਿਆ ਕਿ ਬੁੱਧਵਾਰ ਦੇਰ ਸ਼ਾਮ ਨੂੰ ਅਭੁਜਮਾਦ ਖੇਤਰ ਦੇ ਕੋਹਕਾਮੇਟਾ ਪੁਲਸ ਸਟੇਸ਼ਨ ਦੀ ਹੱਦ ਅਧੀਨ ਜੰਗਲ ਵਿੱਚ ਮੁਕਾਬਲਾ ਹੋਇਆ।

## ਕੈਨੇਡਾ 'ਚ ਲੁਟੇਰੀਆਂ ਨੇ ਕੁੱਟ ਕੇ ਪੰਜਾਬਣ ਕੁੜੀ ਲੁੱਟ ਲਈ

**ਵੈਨਕੂਵਰ** : ਵਿਨੀਪੈੱਗ ਨੇੜੇ ਓਸਬੋਰਨ ਪਿੰਡ 'ਚ ਲੁਟੇਰੀਆਂ ਆਪਣੇ ਭਰਾ-ਭਾਬੀ ਕੋਲ ਰਹਿੰਦੀ 23 ਸਾਲਾ ਤਰਨਪ੍ਰੀਤ ਕੌਰ ਦੀ ਕੁੱਟਮਾਰ ਕਰਕੇ ਉਸ ਤੋਂ ਬੈਂਕ ਕਾਰਡ, ਨਕਦੀ ਤੇ ਹੋਰ ਦਸਤਾਵੇਜ਼ ਤੇ ਸਮਾਨ ਖੋਹ ਕੇ ਭੱਜ ਗਈਆਂ। ਪੁਲਸ ਨੇ ਗਰੋਹ 'ਚ ਸ਼ਾਮਲ ਨਾਬਾਲਗ ਨੂੰ ਗ੍ਰਿਫਤਾਰ ਕਰ ਲਿਆ ਹੈ, ਜਦੋਂਕਿ ਹੋਰਾਂ ਦੀ ਭਾਲ ਕੀਤੀ ਜਾ ਰਹੀ ਹੈ। ਤਰਨਪ੍ਰੀਤ ਰਾਤ ਸਮੇਂ ਕੰਮ ਤੋਂ ਪਰਤਦੇ ਹੋਏ ਬੱਸ ਤੋਂ ਉਤਰ ਕੇ ਘਰ ਜਾ ਰਹੀ ਸੀ। ਉਹ ਘਰ ਅੱਗੇ ਪਹੁੰਚੀ ਤਾਂ ਲੁਟੇਰੀਆਂ ਦੇ ਗਰੋਹ ਨੇ ਧੱਕਾ ਦੇ ਕੇ ਉਸ ਨੂੰ ਹੇਠਾਂ ਸੁੱਟ ਲਿਆ ਤੇ ਕਾਫੀ ਦੇਰ ਕੁੱਟਮਾਰ ਕਰਦੀਆਂ ਰਹੀਆਂ। ਉਸ ਦੀਆਂ ਚੀਕਾਂ ਸੁਣ ਕੇ ਨੇੜਲੇ ਲੋਕ ਮਦਦ ਲਈ ਆਏ ਤਾਂ ਲੁਟੇਰੀਆਂ ਭੱਜ ਗਈਆਂ।

# ਕੀ ਮਜੀਠੀਆ ਦੇ ਘਰ ਪੈਸੇ ਛਾਪਣ ਵਾਲੀ ਮਸ਼ੀਨ ਹੈ : ਅਰੋੜਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਲੜਾਈ ਵਿੱਚ ਫੈਸਲਾਕੁੰਨ ਕਾਰਵਾਈ ਲਈ ਸ਼ਲਾਘਾ ਕੀਤੀ, ਜਿਸ ਨੇ ਸੂਬੇ ਨੂੰ ਸਾਲਾਂ ਤੋਂ ਪਰੇਸ਼ਾਨ ਕੀਤਾ ਹੋਇਆ ਹੈ। ਉਨ੍ਹਾ ਵਿਜੀਲੈਂਸ ਮਾਮਲੇ ਵਿੱਚ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਨੂੰ 7 ਦਿਨਾਂ ਦਾ ਪੁਲਸ ਰਿਮਾਂਡ ਮਿਲਣ 'ਤੇ ਤਸੱਲੀ ਪ੍ਰਗਟ ਕੀਤੀ।

ਅਰੋੜਾ ਨੇ ਕਿਹਾ ਕਿ ਪੰਜਾਬ ਦੇ ਤਿੰਨ ਕਰੋੜ ਨਾਗਰਿਕਾਂ, ਖ਼ਾਸ ਕਰਕੇ ਉਨ੍ਹਾਂ ਪਰਵਾਰਾਂ ਨੂੰ ਇਨਸਾਫ਼ ਮਿਲਣਾ ਅੱਜ ਤੋਂ ਸ਼ੁਰੂ ਹੋ ਗਿਆ ਹੈ, ਜਿਨ੍ਹਾਂ ਨਸ਼ਿਆਂ ਦੀ ਮਾਰ ਹੇਠ ਆਪਣੇ ਬੱਚੇ ਗੁਆ ਦਿੱਤੇ ਹਨ।

ਵਿਜੀਲੈਂਸ ਐੱਫ ਆਈ ਆਰ ਵਿੱਚ ਮਜੀਠੀਆ ਨਾਲ ਜੁੜੀਆਂ ਮਹੱਤਵਪੂਰਨ ਵਿੱਤੀ ਬੇਨਿਯਮੀਆਂ ਦਾ ਪਰਦਾ ਫਾਸ਼ ਕੀਤਾ ਗਿਆ ਹੈ, ਜਿਸ ਵਿੱਚ ਉਨ੍ਹਾਂ ਦੀਆਂ ਕੰਪਨੀਆਂ ਵਿੱਚ ਜਮ੍ਹਾਂ 540 ਕਰੋੜ ਦੇ ਬੇਹਿਸਾਬ ਫ਼ੰਡਾਂ ਦਾ ਖ਼ੁਲਾਸਾ ਕੀਤਾ ਗਿਆ ਹੈ। ਇਸ ਵਿੱਚੋਂ 161 ਕਰੋੜ ਬਿਨਾਂ ਸਹੀ ਦਸਤਾਵੇਜ਼ਾਂ ਜਾਂ ਜਵਾਬਦੇਹੀ ਦੇ ਖਾਤਿਆਂ ਵਿੱਚ ਜਮ੍ਹਾਂ ਕੀਤੇ ਗਏ ਸਨ, ਜਦੋਂ ਕਿ 141 ਕਰੋੜ ਨੂੰ ਰਾਸ਼ਟਰੀ ਕਾਨੂੰਨਾਂ ਦੀ ਉਲੰਘਣਾ ਤਹਿਤ ਨਕਲੀ ਸ਼ੈੱਲ ਕੰਪਨੀਆਂ ਰਾਹੀਂ ਭੇਜਿਆ ਗਿਆ ਸੀ। ਜਾਂਚ ਵਿੱਚ ਅੱਗੇ ਪਤਾ ਚੱਲਦਾ ਹੈ ਕਿ ਇਹਨਾਂ ਗੈਰ-ਕਾਨੂੰਨੀ ਫ਼ੰਡਾਂ ਦੀ ਵਰਤੋਂ ਕਈ ਸੌ ਕਰੋੜ ਰੁਪਏ ਦੀਆਂ ਜਾਇਦਾਦਾਂ ਇਕੱਠੀਆਂ ਕਰਨ ਲਈ ਕੀਤੀ ਗਈ ਸੀ, ਜਿਸ ਨਾਲ ਇਸ ਦੌਲਤ ਦੇ ਸਰੋਤ ਅਤੇ ਗੈਰ-ਕਾਨੂੰਨੀ ਗਤੀਵਿਧੀਆਂ ਨਾਲ ਇਸ ਦੇ ਸੰਬੰਧਾਂ ਬਾਰੇ ਗੰਭੀਰ ਸਵਾਲ ਖੜ੍ਹੇ ਹੁੰਦੇ ਹਨ।

ਅਰੋੜਾ ਨੇ ਕਿਹਾ ਕਿ ਬੇਹਿਸਾਬ ਪੈਸਾ ਸ਼ੈੱਲ ਕੰਪਨੀਆਂ ਰਾਹੀਂ ਕਾਰੋਬਾਰਾਂ ਵਿੱਚ ਭੇਜਿਆ ਗਿਆ ਸੀ। ਉਨ੍ਹਾ ਸਵਾਲ ਕੀਤਾ—ਕੀ ਮਜੀਠੀਆ ਦੇ ਘਰ ਪੈਸੇ ਛਾਪਣ ਵਾਲੀ ਮਸ਼ੀਨ ਸੀ? ਇਹ ਦੌਲਤ ਕਿੱਥੋਂ ਆਈ? ਐੱਫ ਆਈ ਆਰ 2007 ਵਿੱਚ ਸ਼ੁਰੂ ਹੋਈ ਵਿੱਤੀ ਹੇਰਾਫੇਰੀ ਦੇ ਇੱਕ ਚਿੰਤਾਜਨਕ ਪੈਟਰਨ ਨੂੰ ਉਜਾਗਰ ਕਰਦੀ ਹੈ, ਜਿਸ ਵਿੱਚ ਸ਼ੱਕੀ ਹਾਲਾਤ ਵਿੱਚ ਕਈ ਕੰਪਨੀਆਂ ਦੀ ਸਥਾਪਨਾ ਸ਼ਾਮਲ ਸੀ। ਖਾਸ ਤੌਰ 'ਤੇ ਇੱਕੋ ਦਿਨ 9 ਅਪ੍ਰੈਲ, 2009 ਨੂੰ ਚਾਰ ਕੰਪਨੀਆਂ ਸਥਾਪਤ ਕੀਤੀਆਂ ਗਈਆਂ, ਜਿਨ੍ਹਾਂ ਵਿੱਚੋਂ ਇੱਕ ਜਨਵਰੀ 2009 ਵਿੱਚ ਅਤੇ ਦੂਜੀ ਜੁਲਾਈ 2009 ਵਿੱਚ ਸ਼ਾਮਲ ਕੀਤੀ ਗਈ ਸੀ। ਇਸ ਤੋਂ ਇਲਾਵਾ ਇਹਨਾਂ ਪ੍ਰਾਇਮਰੀ ਕੰਪਨੀਆਂ ਦੇ ਅਧੀਨ ਛੇ ਸਹਾਇਕ ਕੰਪਨੀਆਂ ਬਣਾਈਆਂ ਗਈਆਂ ਸਨ, ਜੋ ਕਿ ਸੰਸਥਾਵਾਂ ਦਾ ਇੱਕ ਗੁੰਝਲਦਾਰ ਜਾਲ ਸਥਾਪਤ ਕਰਨ ਲਈ ਜਾਣਬੁੱਝ ਕੇ ਕੀਤੇ ਗਏ ਯਤਨ ਦਾ ਸੁਝਾਅ ਦਿੰਦੀਆਂ ਹਨ। ਇਹ ਤਾਲਮੇਲ ਵਾਲੀ ਗਤੀਵਿਧੀ ਇਹਨਾਂ ਕਾਰੋਬਾਰਾਂ ਦੀ ਜਾਇਜ਼ਤਾ ਅਤੇ ਗੈਰ-ਕਾਨੂੰਨੀ ਫ਼ੰਡਾਂ ਨੂੰ ਕਾਨੂੰਨੀ ਬਣਾਉਣ

• ਬਾਕੀ ਸਫਾ 2 'ਤੇ

# ਹਿੰਦੀ ਕਿਸੇ ਵੀ ਭਾਰਤੀ ਭਾਸ਼ਾ ਦੀ ਵਿਰੋਧੀ ਨਹੀਂ : ਸ਼ਾਹ

**ਨਵੀਂ ਦਿੱਲੀ** : ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਹੈ ਕਿ ਹਿੰਦੀ ਕਿਸੇ ਵੀ ਭਾਰਤੀ ਭਾਸ਼ਾ ਦੇ ਵਿਰੋਧ ਵਿੱਚ ਨਹੀਂ ਹੈ, ਸਗੋਂ ਇਹ ਸਾਰੀਆਂ ਭਾਰਤੀ ਭਾਸ਼ਾਵਾਂ ਦੀ ਸਹਿਯੋਗੀ ਹੈ ਅਤੇ ਦੇਸ਼ ਵਿੱਚ ਕਿਸੇ ਵੀ ਵਿਦੇਸ਼ੀ ਭਾਸ਼ਾ ਦਾ ਵਿਰੋਧ ਨਹੀਂ ਹੋਣਾ ਚਾਹੀਦਾ। ਕੇਂਦਰ ਸਰਕਾਰ ਦੇ ਰਾਜਭਾਸ਼ਾ ਵਿਭਾਗ ਦੇ ਗੋਲਡਨ ਜੁਬਲੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਸ਼ਾਹ ਨੇ ਸਾਰੀਆਂ ਰਾਜ ਸਰਕਾਰਾਂ ਨੂੰ ਸਥਾਨਕ ਭਾਸ਼ਾ ਵਿੱਚ ਮੈਡੀਕਲ ਅਤੇ ਇੰਜੀਨੀਅਰਿੰਗ ਦੀ ਸਿੱਖਿਆ ਪ੍ਰਦਾਨ ਕਰਨ ਦੀ ਪਹਿਲ ਕਰਨ ਲਈ ਵੀ ਕਿਹਾ ਹੈ।

ਉਨ੍ਹਾ ਕਿਹਾ ਕਿ ਕੇਂਦਰ ਸਾਰੀਆਂ ਰਾਜ ਸਰਕਾਰਾਂ ਨੂੰ ਪ੍ਰਸ਼ਾਸਨਕ ਕਾਰਜਾਂ ਨੂੰ ਸੰਚਾਲਤ ਕਰਨ ਲਈ ਭਾਰਤੀ ਭਾਸ਼ਾਵਾਂ ਦੀ ਵਰਤੋਂ ਕਰਨ ਵਿੱਚ ਮਦਦ ਕਰੇਗਾ। ਗ੍ਰਿਹ ਮੰਤਰੀ ਨੇ ਕਿਹਾ, "ਮੈਂ ਦਿਲੋਂ ਮੰਨਦਾ ਹਾਂ ਕਿ ਹਿੰਦੀ ਕਿਸੇ ਵੀ ਹੋਰ ਭਾਰਤੀ ਭਾਸ਼ਾ ਦੀ ਵਿਰੋਧੀ ਨਹੀਂ ਹੋ ਸਕਦੀ। ਹਿੰਦੀ ਸਾਰੀਆਂ ਭਾਰਤੀ ਭਾਸ਼ਾਵਾਂ ਦੀ ਸਹਿਯੋਗੀ ਹੈ।" ਸ਼ਾਹ ਨੇ ਕਿਹਾ ਕਿ ਹਿੰਦੀ ਅਤੇ ਹੋਰ ਭਾਰਤੀ ਭਾਸ਼ਾਵਾਂ ਮਿਲ ਕੇ ਦੇਸ਼ ਦੀ ਸੰਸਕ੍ਰਿਤੀ ਦੇ ਸਵੈ-ਮਾਣ ਨੂੰ ਆਪਣੀ ਅੰਤਮ ਮੰਜ਼ਲ ਤੱਕ ਪਹੁੰਚਾ ਸਕਦੀਆਂ ਹਨ।

ਗ੍ਰਿਹ ਮੰਤਰੀ ਨੇ ਇਹ ਵੀ ਕਿਹਾ ਕਿ ਹਰ ਕਿਸੇ ਨੂੰ ਗੁਲਾਮੀ ਦੀ ਮਾਨਸਿਕਤਾ ਤੋਂ ਛੁਟਕਾਰਾ ਪਾਉਣਾ ਚਾਹੀਦਾ ਹੈ ਅਤੇ ਜਦੋਂ ਤੱਕ ਕੋਈ ਵਿਅਕਤੀ ਆਪਣੀ ਭਾਸ਼ਾ 'ਤੇ ਮਾਣ ਨਹੀਂ ਕਰਦਾ, ਜਾਂ ਆਪਣੀ ਭਾਸ਼ਾ ਵਿੱਚ ਆਪਣੇ ਵਿਚਾਰਾਂ ਨੂੰ ਪ੍ਰਗਟ ਨਹੀਂ ਕਰ ਸਕਦਾ, ਉਹ ਵਿਅਕਤੀ ਗੁਲਾਮੀ ਦੀ ਮਾਨਸਿਕਤਾ ਤੋਂ ਮੁਕਤ ਨਹੀਂ ਹੋ ਸਕਦਾ। ਸ਼ਾਹ ਨੇ ਇਹ ਵੀ ਕਿਹਾ ਕਿ ਜਿੱਥੋਂ ਤੱਕ ਦੇਸ਼ ਦਾ ਸੰਬੰਧ ਹੈ, ਭਾਸ਼ਾ ਸਿਰਫ ਸੰਚਾਰ ਦਾ ਮਾਧਿਅਮ ਨਹੀਂ ਹੈ, ਇਹ ਇੱਕ ਰਾਸ਼ਟਰ ਦੀ ਆਤਮਾ ਹੈ।

# ਪਹਿਲਗਾਮ ਦਾ ਜ਼ਿਕਰ ਨਾ ਹੋਣ 'ਤੇ ਰਾਜਨਾਥ ਵੱਲੋਂ ਖਰੜੇ 'ਤੇ ਦਸਤਖਤ ਕਰਨ ਤੋਂ ਨਾਂਹ

**ਨਵੀਂ ਦਿੱਲੀ** : ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਚੀਨ ਦੇ ਕਿੰਗਦਾਓ ਵਿੱਚ ਸ਼ੰਘਾਈ ਸਹਿਯੋਗ ਸੰਗਠਨ (ਐੱਸ ਸੀ ਓ) ਦੇ ਰੱਖਿਆ ਮੰਤਰੀਆਂ ਦੀ ਮੀਟਿੰਗ ਵਿੱਚ ਇੱਕ ਸਾਂਝੇ ਐਲਾਨਨਾਮੇ 'ਤੇ ਦਸਤਖਤ ਕਰਨ ਤੋਂ ਇਨਕਾਰ ਕਰ ਦਿੱਤਾ, ਕਿਉਂਕਿ ਇਸ ਵਿੱਚ ਪਹਿਲਗਾਮ ਦਹਿਸ਼ਤੀ ਹਮਲੇ ਦਾ ਜ਼ਿਕਰ ਨਹੀਂ ਸੀ। ਸੂਤਰਾਂ ਨੇ ਦੱਸਿਆ ਕਿ ਮੀਟਿੰਗ ਵਿੱਚ ਅੱਤਵਾਦ ਬਾਰੇ ਇੱਕ ਖਰੜੇ ਦੇ ਸਾਂਝੇ ਐਲਾਨਨਾਮੇ 'ਤੇ ਚਰਚਾ ਕੀਤੀ ਗਈ ਸੀ, ਹਾਲਾਂਕਿ ਇਹ ਅੱਤਵਾਦ ਦੇ ਟਾਕਰੇ ਬਾਰੇ ਭਾਰਤ ਦੇ ਰੁਖ਼ ਨੂੰ ਨਹੀਂ ਦਰਸਾਉਂਦਾ।

ਭਾਰਤ ਦੇ ਇਤਰਾਜ਼ਾਂ ਤੋਂ ਬਾਅਦ 'ਸਾਂਝੇ ਐਲਾਨਨਾਮੇ' ਨੂੰ ਰੋਕ ਲਿਆ ਗਿਆ ਹੈ। ਭਾਰਤ ਪਾਕਿਸਤਾਨ 'ਤੇ ਪਹਿਲਗਾਮ ਦਹਿਸ਼ਤੀ ਹਮਲੇ ਦੀ ਸਾਜ਼ਿਸ਼ ਘੜਨ, ਮਦਦ ਕਰਨ, ਉਕਸਾਉਣ ਅਤੇ ਵਿੱਤੀ ਸਹਿਯੋਗ ਦਾ ਦੋਸ਼ ਲਗਾਉਂਦਾ ਹੈ। ਪਾਕਿਸਤਾਨ ਨੇ ਸਾਂਝੇ ਐਲਾਨਨਾਮੇ ਵਿੱਚ ਮਾਰਚ 'ਚ ਬਲੋਚਿਸਤਾਨ ਵਿੱਚ ਹੋਏ ਹਮਲੇ (ਜਾਫਰ ਐਕਸਪ੍ਰੈੱਸ ਹਾਈਜੈਕਿੰਗ) ਨੂੰ ਸ਼ਾਮਲ ਕਰਨ ਤੇ ਪਹਿਲਗਾਮ ਹਮਲੇ ਨੂੰ ਬਾਹਰ ਰੱਖੇ ਜਾਣ ਦੀ ਕੋਸ਼ਿਸ਼ ਕੀਤੀ। ਰਾਜਨਾਥ ਸਿੰਘ ਅਤੇ ਉਨ੍ਹਾ ਦੇ ਵਫਦ ਨੇ ਇਸ 'ਤੇ ਇਤਰਾਜ਼ ਜਤਾਇਆ। ਭਾਰਤ ਨੇ ਬਲੋਚਿਸਤਾਨ ਵਿੱਚ ਆਪਣੀ ਸ਼ਮੂਲੀਅਤ ਬਾਰੇ ਪਾਕਿਸਤਾਨ ਦੇ ਦੋਸ਼ਾਂ ਨੂੰ ਲਗਾਤਾਰ ਖਾਰਜ ਕੀਤਾ ਹੈ ਅਤੇ ਕਿਹਾ ਹੈ ਕਿ ਇਸਲਾਮਾਬਾਦ ਨੂੰ ਅੰਤਰਝਾਤ ਦੀ ਲੋੜ ਹੈ ਅਤੇ ਦੋਸ਼ ਮੜ੍ਹਨ ਦੀ ਥਾਂ ਅੱਤਵਾਦ ਦਾ ਸਮਰਥਨ ਕਰਨਾ ਬੰਦ ਕਰਨਾ ਚਾਹੀਦਾ ਹੈ। ਇਸ ਤੋਂ ਪਹਿਲਾਂ ਮੀਟਿੰਗ ਵਿੱਚ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਰਾਜਨਾਥ ਸਿੰਘ ਨੇ ਪਾਕਿਸਤਾਨ ਦਾ ਨਾਂਅ ਲਏ ਬਿਨਾਂ ਕਿਹਾ ਕਿ ਕੁਝ ਦੇਸ਼ ਸਰਹੱਦ ਪਾਰ ਅੱਤਵਾਦ ਨੂੰ ਨੀਤੀ ਦੇ ਇੱਕ ਸਾਧਨ ਵਜੋਂ ਵਰਤਦੇ ਹਨ ਅਤੇ ਅੱਤਵਾਦੀਆਂ ਨੂੰ ਪਨਾਹ ਦਿੰਦੇ ਹਨ। ਅਜਿਹੇ ਦੋਹਰੇ ਮਾਪਦੰਡਾਂ ਲਈ ਕੋਈ ਥਾਂ ਨਹੀਂ ਹੋਣੀ ਚਾਹੀਦੀ। ਪਾਕਿਸਤਾਨ ਐੱਸ ਸੀ ਓ ਦਾ ਮੈਂਬਰ ਹੈ ਅਤੇ ਇਸ ਦੇ ਰੱਖਿਆ ਮੰਤਰੀ ਖਵਾਜਾ ਆਸਿਫ ਮੀਟਿੰਗ ਵਿੱਚ ਮੌਜੂਦ ਸਨ। ਭਾਰਤੀ ਵਫਦ ਦੇ ਸੂਤਰਾਂ ਨੇ ਕਿਹਾ ਕਿ ਰਾਜਨਾਥ ਸਿੰਘ ਅਤੇ ਆਸਿਫ ਵਿਚਕਾਰ ਕੋਈ ਮੁਲਾਕਾਤ ਨਹੀਂ ਹੋਈ। ਰਾਜਨਾਥ ਸਿੰਘ ਨੇ ਇਹ ਵੀ ਕਿਹਾ ਕਿ ਦੇਸ਼ਾਂ ਨੂੰ ਅੱਤਵਾਦੀਆਂ ਦੁਆਰਾ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਸਰਹੱਦ ਪਾਰ ਤਸਕਰੀ ਲਈ ਡਰੋਨ ਸਮੇਤ ਵਰਤੀਆਂ ਜਾਂਦੀਆਂ ਤਕਨਾਲੋਜੀਆਂ ਦਾ ਮੁਕਾਬਲਾ ਕਰਨ ਦੀ ਲੋੜ ਹੈ। ਉਨ੍ਹਾ ਹੋਰ ਕਿਹਾ, "ਸਾਨੂੰ ਚੁਣੌਤੀਆਂ ਦੇ ਇੱਕ ਗੁੰਝਲਦਾਰ ਜਾਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜੋ ਕੌਮਾਂਤਰੀ ਅੱਤਵਾਦ ਅਤੇ ਸਾਈਬਰ-ਹਮਲਿਆਂ ਤੋਂ ਲੈ ਕੇ ਹਾਈਬ੍ਰਿਡ ਯੁੱਧ ਤੱਕ ਫੈਲਿਆ ਹੋਇਆ ਹੈ।"

ਸੰਮੇਲਨ ਵਿੱਚ ਰੂਸ, ਪਾਕਿਸਤਾਨ ਅਤੇ ਚੀਨ ਸਮੇਤ ਮੈਂਬਰ ਦੇਸ਼ਾਂ ਵੱਲੋਂ ਖੇਤਰੀ ਅਤੇ ਕੌਮਾਂਤਰੀ ਸੁਰੱਖਿਆ ਨਾਲ ਸੰਬੰਧਤ ਮੁੱਦਿਆਂ 'ਤੇ ਚਰਚਾ ਕੀਤੀ ਜਾ ਰਹੀ ਹੈ। 2001 ਵਿੱਚ ਸਥਾਪਤ ਐੱਸ ਸੀ ਓ ਦਾ ਉਦੇਸ਼ ਸਹਿਯੋਗ ਰਾਹੀਂ ਖੇਤਰੀ ਸਥਿਰਤਾ ਨੂੰ ਉਤਸ਼ਾਹਤ ਕਰਨਾ ਹੈ।

ਬਲਾਕ ਵਿੱਚ ਵਰਤਮਾਨ ਵਿੱਚ 10 ਮੈਂਬਰ ਦੇਸ਼ ਹਨ, ਜਿਨ੍ਹਾਂ ਵਿੱਚ ਬੇਲਾਰੂਸ, ਚੀਨ, ਭਾਰਤ, ਈਰਾਨ, ਕਜ਼ਾਕਿਸਤਾਨ, ਕਿਰਗਿਸਤਾਨ, ਪਾਕਿਸਤਾਨ, ਰੂਸ, ਤਾਜ਼ਿਕਸਤਾਨ ਅਤੇ ਉਜ਼ਬੇਕਿਸਤਾਨ ਸ਼ਾਮਲ ਹਨ।

# ਜਮਹੂਰੀ ਹੱਕਾਂ ਨੂੰ ਕੁਚਲਣ ਵਿਰੁੱਧ ਕਨਵੈਨਸ਼ਨ ਭਲਕੇ



**ਜਲੰਧਰ** : ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ ਪੰਜਾਬ ਦੀਆਂ ਜਨਤਕ ਜਮਹੂਰੀ, ਲੋਕ ਪੱਖੀ ਸੰਸਥਾਵਾਂ ਅਤੇ ਵਿਸ਼ੇਸ਼ ਕਰਕੇ ਪੰਜਾਬ ਦੇ ਪਿੰਡਾਂ ਅੰਦਰ ਦੇਸ਼ ਭਗਤ ਸੰਗਰਾਮੀਆਂ ਦੇ ਸਮਾਗਮ ਕਰਦੀਆਂ ਯਾਦਗਾਰ ਕਮੇਟੀਆਂ ਨੂੰ ਚਿੱਠੀਆਂ ਰਾਹੀਂ ਅਤੇ ਜਨਤਕ ਅਪੀਲ ਕੀਤੀ, ਉਸ ਦਾ ਸਮੂਹ ਕਮੇਟੀਆਂ ਨੇ ਉਤਸ਼ਾਹਜਨਕ ਹੁੰਗਾਰਾ ਭਰਿਆ ਹੈ।

ਲੋਕ ਮਸਲਿਆਂ, ਜਮਹੂਰੀ ਮੁੱਦਿਆਂ ਅਤੇ ਆਦਿਵਾਸੀਆਂ ਉਪਰ ਹੋ ਰਹੇ ਬੇਤਹਾਸ਼ਾ ਜ਼ੁਲਮ, ਉਜਾੜੇ, ਕਤਲੋਗਾਰਤ ਅਤੇ ਗ੍ਰਿਹ ਮੰਤਰੀ ਦੇ ਤਾਰੀਖ਼ ਮਿੱਥ ਕੇ ਕਮਿਊਨਿਸਟ ਇਨਕਲਾਬੀਆਂ ਦਾ ਤੁਖ਼ਮ ਮਿਟਾ ਦੇਣ ਦੇ ਐਲਾਨਾਂ ਖ਼ਿਲਾਫ਼ ਆਵਾਜ਼ ਬੁਲੰਦ ਕਰਦੀਆਂ ਆ ਰਹੀਆਂ ਸਮੂਹ ਸੰਸਥਾਵਾਂ ਵੀ 28 ਦੀ ਕਨਵੈਨਸ਼ਨ ਵਿੱਚ ਸ਼ਮੂਲੀਅਤ ਕਰਨ ਨੂੰ ਆਪਣੇ ਰੁਝੇਵਿਆਂ ਵਿੱਚ ਤਰਜੀਹੀ ਕਾਰਜ ਦਾ ਸਥਾਨ ਦੇ ਰਹੀਆਂ ਹਨ।ਉਹਨਾਂ ਦੇ ਲਗਾਤਾਰ ਦਫ਼ਤਰ ਸੁਨੇਹੇ ਆ ਰਹੇ ਹਨ ਕਿ ਉਹ ਆਪਣੇ ਨਗਰ ਦੀ ਮਿੱਟੀ ਦੀ ਖ਼ੁਸ਼ਬੋ ਅਤੇ ਪੈੜਾਂ ਨੂੰ ਸਿਜਦਾ ਕਰਕੇ ਕਨਵੈਨਸ਼ਨ ਵਿੱਚ ਹੁੰਮ-ਹੁਮਾ ਕੇ ਸ਼ਾਮਲ ਹੋਣ ਲਈ ਆ ਰਹੇ ਹਨ।

ਕਮੇਟੀਆਂ ਦੇ ਪ੍ਰਤੀਨਿਧਾਂ ਨੇ ਦੇਸ਼ ਭਗਤ ਯਾਦਗਾਰ ਹਾਲ ਦੇ ਦਫ਼ਤਰ ਦੇ ਧਿਆਨ ਵਿੱਚ ਲਿਆਂਦਾ ਕਿ ਲੋਕਾਂ ਦੇ ਸੀਨਿਆਂ ਵਿਚ 70ਵੇਂ ਅਤੇ 80ਵੇਂ ਦੌਰ ਦੇ ਝੂਠੇ ਪੁਲਸ ਮੁਕਾਬਲਿਆਂ ਦੇ ਜ਼ਖ਼ਮ ਵੀ ਅਜੇ ਰਿਸ ਰਹੇ ਹਨ, ਅੱਜ ਫੇਰ ਪੰਜਾਬ ਨੂੰ ਪੁਲਸ ਰਾਜ ਵੱਲ ਤੇਜ਼ੀ ਨਾਲ ਧੱਕਿਆ ਜਾ ਰਿਹਾ ਹੈ, ਇਸ ਲਈ ਲੋਕਾਂ ਅੰਦਰ ਗਹਿਰਾ ਸਰੋਕਾਰ ਹੈ ਕਿ ਜੇਕਰ ਭਾਜਪਾ ਹਕੂਮਤ ਦੇ ਫਿਰਕੂ ਫਾਸ਼ੀ ਹੱਲੇ ਅੱਗੇ ਕੰਧ ਬਣ ਕੇ ਨਾ ਖੜ੍ਹੇ ਤਾਂ ਉਹ ਦਿਨ ਦੂਰ ਨਹੀਂ, ਜਦੋਂ ਪੰਜਾਬ ਦੀ ਮਜ਼ਦੂਰ, ਕਿਸਾਨ, ਮੁਲਾਜ਼ਮ, ਤਰਕਸ਼ੀਲ, ਜਮਹੂਰੀ ਲਹਿਰ ਦੇ ਗਲ ਗੂਠਾ ਦਿੱਤਾ ਜਾਏਗਾ ਅਤੇ ਪੰਜਾਬ ਦੀ ਫ਼ਿਜ਼ਾ ਅੰਦਰ ਮੁੜ ਕਾਲੇ ਇਤਿਹਾਸ ਦੀ ਹਨੇਰੀ ਵਗਾਈ ਜਾਏਗੀ, ਇਸ ਲਈ ਸਮੂਹ ਸੰਸਥਾਵਾਂ ਨੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਇਸ ਦਲੇਰਾਨਾ ਅਤੇ ਗਹਿਰ-ਗੰਭੀਰ ਉੱਦਮ ਦੀ ਭਰਪੂਰ ਸ਼ਲਾਘਾ ਕੀਤੀ ਹੈ। ਕਮੇਟੀ ਨੂੰ ਮਾਣ ਹੈ ਕਿ 28 ਜੂਨ ਨੂੰ ਸਵੇਰੇ 11 ਵਜੇ ਲੋਕ ਦੇਸ਼ ਭਗਤ ਯਾਦਗਾਰ ਹਾਲ ਸਿਰ ਜੋੜ ਕੇ ਆਪਣੀ ਇੱਕਮੁੱਠਤਾ ਦਾ ਪ੍ਰਮਾਣ ਦੇਣਗੇ।

ਇਸ ਕਨਵੈਨਸ਼ਨ ਨੂੰ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਡਾ. ਪਰਮਿੰਦਰ, ਦਰਸ਼ਨ ਖਟਕੜ ਅਤੇ ਮੰਗਤ ਰਾਮ ਪਾਸਲਾ ਸੰਬੋਧਨ ਕਰਨਗੇ।ਤਿੰਨਾਂ ਬੁਲਾਰਿਆਂ ਉਪਰੰਤ ਬਹੁਤ ਹੀ ਜ਼ਾਬਤਾ ਬੱਧ ਸੰਕੇਤਕ ਮਾਰਚ ਕੀਤਾ ਜਾਵੇਗਾ। ਇਸ ਉਪਰੰਤ ਸਭ ਲਈ ਖਾਣੇ ਦਾ ਪ੍ਰਬੰਧ ਹੋਏਗਾ।ਸਮਾਗਮ ਦੀ ਤਿਆਰੀ ਦੇ ਜਾਇਜ਼ੇ ਸੰਬੰਧੀ ਵੀਰਵਾਰ ਦੀ ਵਿਚਾਰ ਚਰਚਾ ਮੀਟਿੰਗ 'ਚ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਕਮੇਟੀ ਮੈਂਬਰ ਰਣਜੀਤ ਸਿੰਘ ਔਲਖ, ਸੁਰਿੰਦਰ ਕੁਮਾਰੀ ਕੋਛੜ ਹਾਜ਼ਰ ਸਨ।

## ਅੱਜ-ਨਾਮਾ

ਮੰਗਦੇ ਮੀਂਹ ਸਨ ਗਰਮੀ ਤੋਂ ਤੰਗ ਲੋਕੀਂ,
ਲੱਗਿਆ ਮੌਸਮ ਹੈ ਰੰਗ ਵਿਖਾਉਣ ਬੇਲੀ।
ਪੰਜਾਬ ਵਿੱਚ ਤਾਂ ਹਾਲੇ ਨਾ ਪਿਆ ਬਾਹਲਾ,
ਲੱਗਿਆ ਪਾਣੀ ਪਹਾੜਾਂ ਤੋਂ ਆਉਣ ਬੇਲੀ।
ਵੱਸਦੇ ਲੋਕੀਂ ਜੋ ਨੀਵੇਂ ਇਲਾਕਿਆਂ ਵਿੱਚ,
ਫਿਕਰ ਉਨ੍ਹਾਂ ਨੂੰ ਲੱਗਾ ਈ ਲਾਉਣ ਬੇਲੀ।
ਥਾਂਵਾਂ ਕਈਆਂ ਤੋਂ ਹੋ ਗਏ ਨੇ ਬੰਦ ਲਾਂਘੇ,
ਹੋਈ ਮੁਸ਼ਕਲ ਹੈ ਮਦਦ ਪੁਚਾਉਣ ਬੇਲੀ।
ਕਾਰਿੰਦੇ ਆਏ ਨਹੀਂ ਅਜੇ ਸਰਕਾਰ ਵਾਲੇ,
ਆਉਂਦੇ ਬਿਆਨ ਤਾਂ ਉਂਜ ਨੇ ਬੜੇ ਬੇਲੀ।
ਪੀੜ ਆਪਣੀ ਸਮਝਣਗੇ ਸਿਰਫ ਉਹੀਉ,
ਜਿਹੜੇ ਮੁਸ਼ਕਲ ਨੂੰ ਹੁੰਦੇ ਆ ਫੜੇ ਬੇਲੀ।

-ਤੀਸ ਮਾਰ ਖਾਂ

# ਹਿਮਾਚਲ ਆਉਣ ਵਾਲਿਆਂ ਨੂੰ ਸਾਵਧਾਨ ਰਹਿਣ ਦੀ ਸਲਾਹ

**ਸ਼ਿਮਲਾ** : ਮੌਸਮ ਵਿਭਾਗ ਨੇ ਹਿਮਾਚਲ ਦੇ ਵੱਖ-ਵੱਖ ਹਿੱਸਿਆਂ ਵਿੱਚ ਭਾਰੀ ਤੋਂ ਬਹੁਤ ਭਾਰੀ ਮੀਂਹ ਦੀ ਸੰਭਾਵਨਾ ਦਰਮਿਆਨ ਅਗਲੇ 24 ਘੰਟਿਆਂ 'ਚ ਸ਼ਿਮਲਾ, ਮੰਡੀ, ਕਾਂਗੜਾ, ਸਿਰਮੌਰ ਤੇ ਚੰਬਾ ਜ਼ਿਲ੍ਹਿਆਂ ਦੇ ਨਦੀਆਂ-ਨਾਲਿਆਂ ਤੇ ਨੇੜਲੇ ਇਲਾਕਿਆਂ ਵਿੱਚ ਹਲਕੇ ਤੋਂ ਦਰਮਿਆਨੇ ਹੜ੍ਹਾਂ ਦੀ ਚੇਤਾਵਨੀ ਦਿੱਤੀ ਹੈ।



ਅਧਿਕਾਰੀਆਂ ਨੇ ਵੀਰਵਾਰ ਕਿਹਾ ਕਿ ਕਾਂਗੜਾ ਅਤੇ ਕੁੱਲੂ ਜ਼ਿਲ੍ਹਿਆਂ ਵਿੱਚ ਬੱਦਲ ਫਟਣ ਕਾਰਨ ਆਏ ਅਚਾਨਕ ਹੜ੍ਹਾਂ ਤੋਂ ਬਾਅਦ ਲਾਪਤਾ ਹੋਏ 10 ਲੋਕਾਂ ਦਾ ਪਤਾ ਲਗਾਉਣ ਲਈ ਖੋਜ ਕਾਰਜ ਤੇਜ਼ ਕਰ ਦਿੱਤੇ ਗਏ ਹਨ, ਜਦੋਂ ਕਿ ਕੁਝ ਨੂੰ ਬਚਾਅ ਲਿਆ ਗਿਆ ਹੈ।

ਇਸ ਦੌਰਾਨ ਹਿਮਾਚਲ ਸਰਕਾਰ ਨੇ ਸੈਲਾਨੀਆਂ ਨੂੰ ਮੌਨਸੂਨ ਸੀਜ਼ਨ ਦੌਰਾਨ ਨਦੀਆਂ-ਨਾਲਿਆਂ ਦੇ ਨੇੜੇ ਤੇ ਨੀਵੇਂ ਇਲਾਕਿਆਂ ਵਿੱਚ ਜਾਣ ਤੋਂ ਵਰਜਦਿਆਂ ਐਡਵਾਈਜ਼ਰੀ ਜਾਰੀ ਕੀਤੀ ਹੈ। ਸਰਕਾਰ ਨੇ ਕਿਹਾ ਕਿ ਮੌਨਸੂਨ ਦੌਰਾਨ ਸੁਰੱਖਿਆ ਪਹਿਲੀ ਤਰਜੀਹ ਹੋਣੀ ਚਾਹੀਦੀ ਹੈ। ਕਾਂਗੜਾ ਵਿੱਚ ਬੱਦਲ ਫਟਣ ਕਾਰਨ ਅਚਾਨਕ ਆਏ ਹੜ੍ਹ ਵਿਚ ਬੁੱਧਵਾਰ ਸ਼ਾਮ ਨੂੰ ਖਨਿਆਰਾ ਪਿੰਡ ਨੇੜੇ ਇੰਦਰਾ ਪ੍ਰਿਯਦਰਸ਼ਨੀ ਪਣ-ਬਿਜਲੀ ਪ੍ਰੋਜੈਕਟ 'ਤੇ ਕੰਮ ਕਰ ਰਹੇ ਮਜ਼ਦੂਰ ਵਹਿ ਗਏ। ਅੱਠ ਮਜ਼ਦੂਰ ਲਾਪਤਾ ਹਨ ਅਤੇ ਦੋ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਕੁੱਲੂ ਜ਼ਿਲ੍ਹੇ ਦੇ ਰੇਹਲਾ ਬਿਹਾਲ ਵਿੱਚ ਤਿੰਨ ਵਿਅਕਤੀ, ਜੋ ਆਪਣੇ ਘਰਾਂ ਤੋਂ ਕੀਮਤੀ ਸਮਾਨ ਲਿਜਾਣ ਦੀ ਕੋਸ਼ਿਸ਼ ਕਰਦੇ ਹੋਏ ਹੜ੍ਹ ਵਿੱਚ ਵਹਿ ਗਏ ਸਨ, ਅਜੇ ਵੀ ਲਾਪਤਾ ਹਨ।

27-JUNE-PAGE-1.qxd 6/26/2025 10:48 PM Page 2



## ਐੱਮ.ਯੂ.ਓ ਨੇ 'ਵਰਕ ਟੂ ਰੂਲ' ਜਾਰੀ ਰੱਖਣ ਦਾ ਕੀਤਾ ਫ਼ੈਸਲਾ



**ਧੂਰੀ, (ਮੋਹਿਤ ਗਰਗ, ਗਿੰਨੀ ਗਰਗ)**-ਪਾਵਰਕਾਮ ਮੁਲਾਜ਼ਮਾਂ ਦੀ ਨੁਮਾਇੰਦਗੀ ਕਰਦੀ ਜਥੇਬੰਦੀ ਮੁਲਾਜ਼ਮ ਯੂਨਾਈਟਡ ਆਰਗੇਨਾਈਜ਼ੇਸ਼ਨ ਦੀ ਮੰਡਲ ਕਮੇਟੀ ਵੱਲੋਂ ਸੂਬਾ ਮੀਤ ਪ੍ਰਧਾਨ ਮੇਵਾ ਸਿੰਘ ਮੀਮਸਾ ਦੀ ਅਗਵਾਈ ਹੇਠ ਮੁਲਾਜ਼ਮ ਮੰਗਾਂ ਦੀ ਪੂਰਤੀ ਲਈ ਪਾਵਰਕਾਮ ਦੇ ਵਧੀਕ ਨਿਗਰਾਨ ਇੰਜੀਨੀਅਰ, ਉਪ ਮੰਡਲ ਅਫ਼ਸਰ ਸ਼ਹਿਰੀ ਧੂਰੀ ਅਤੇ ਭਲਵਾਨ ਨੂੰ ਮੰਗ ਪੱਤਰ ਸੌਂਪੇ।ਮੇਵਾ ਸਿੰਘ ਮੀਮਸਾ ਨੇ ਦੱਸਿਆ ਕਿ ਮੰਗ ਪੱਤਰ ਵਿੱਚ ਸੀ.ਆਰ.ਏ 289/16 ਵਾਲੇ ਸਹਾਇਕ ਲਾਈਨਮੈਨ ਸਾਥੀਆਂ ਨੂੰ ਵੰਨ ਟਾਈਮ ਸੈਟਲਮੈਂਟ ਦੇ ਅਧਾਰ 'ਤੇ ਲਾਈਨਮੈਨ ਬਣਾਉਣ, ਸੀ.ਆਰ.ਏ ਨੰਬਰ 295/19 ਵਾਲੇ ਸਹਾਇਕ ਲਾਈਨਮੈਨ ਸਾਥੀਆਂ ਨੂੰ ਜਿਹੜੇ ਚਾਰ ਸਾਲ ਦਾ ਸਮਾਂ ਪੂਰਾ ਕਰ ਚੁੱਕੇ ਹਨ, ਉਨ੍ਹਾਂ ਨੂੰ ਵਿਭਾਗੀਆਂ ਨੂੰ ਲਾਈਨਮੈਨ ਬਣਾਉਣ, ਸਮੂਹ ਫੀਲਡ ਸਟਾਫ ਨੂੰ ਪੈਟਰੋਲ ਭੱਤਾ ਦੇਣ, 25 ਸ.ਲ.ਮ. ਸਾਥੀ ਜੋ ਮਹਿਕਮੇ ਵੱਲੋਂ ਟਰਮੀਨੇਟ ਕੀਤੇ ਗਏ ਹਨ, ਉਨ੍ਹਾਂ ਨੂੰ ਜਲਦੀ ਬਹਾਲ ਕਰਨ, ਫੀਲਡ ਸਟਾਫ ਨੂੰ ਸੇਫਟੀ ਕਿੱਟਾਂ ਮੁਹੱਈਆ ਕਰਾਉਣ, ਮੁਲਾਜ਼ਮਾਂ ਨੂੰ ਕੈਸ਼ਲੈੱਸ ਮੈਡੀਕਲ ਦੇਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀਆਂ ਮੰਗਾਂ ਸ਼ੁਮਾਰ ਕੀਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਜਥੇਬੰਦੀ ਨੇ ਫ਼ੈਸਲਾ ਕੀਤਾ ਹੈ ਕਿ ਜਿੰਨਾ ਸਮਾਂ ਇਨ੍ਹਾਂ ਸਾਥੀਆਂ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਤਾਂ ਜਥੇਬੰਦੀ ਵੱਲੋਂ ਵਰਕ ਟੂ ਰੂਲ ਜਾਰੀ ਰੱਖਿਆ ਜਾਵੇਗਾ।

## 2 ਔਰਤਾਂ ਚਿੱਟੇ ਸਮੇਤ ਗ੍ਰਿਫ਼ਤਾਰ



**ਨਾਭਾ (ਵਰਿੰਦਰ ਵਰਮਾ)**-ਨਾਭਾ ਸਦਰ ਪੁਲਸ ਅਧੀਨ ਆਉਂਦੀ ਪਿੰਡ ਗਲਵੱਟੀ ਚੌਕੀ ਦੀ ਇੰਚਾਰਜ ਨਵਦੀਪ ਕੌਰ ਵੱਲੋਂ 2 ਔਰਤਾਂ ਕੋਲੋਂ 10 ਗ੍ਰਾਮ ਚਿੱਟਾ ਬਰਾਮਦ ਕਰਕੇ ਜੇਲ੍ਹ ਦੀਆਂ ਸਲਾਖਾਂ ਪਿੱਛੇ ਪਹੁੰਚਾ ਦਿੱਤਾ ਹੈ।ਇਨ੍ਹਾਂ ਔਰਤਾਂ ਖਿਲਾਫ ਪਹਿਲਾਂ ਵੀ ਨਸ਼ਾ ਤਸਕਰੀ ਦੇ ਕਰੀਬ 4-4 ਮਾਮਲੇ ਦਰਜ ਹਨ।ਇਹ ਦੋਵੇਂ ਔਰਤਾਂ ਨਾਭਾ ਬਲਾਕ ਦੇ ਪਿੰਡ ਰੋਹਟੀ ਛੰਨਾ ਦੀਆਂ ਰਹਿਣ ਵਾਲੀਆਂ ਨੇ, ਜਿਨ੍ਹਾਂ ਦੀ ਪਹਿਚਾਣ ਪਰਮਜੀਤ ਕੌਰ ਤੇ ਬਿਮਲਾ ਵਜੋਂ ਹੋਈ ਹੈ।ਇਸ ਮੌਕੇ ਗਲਵੱਟੀ ਪੁਲਸ ਚੌਕੀ ਇੰਚਾਰਜ ਮੈਡਮ ਨਵਦੀਪ ਕੌਰ ਨੇ ਦੱਸਿਆ ਕਿ ਇਹ 10 ਗ੍ਰਾਮ ਚਿੱਟਾ ਲੈ ਕੇ ਗਾਹਕਾਂ ਦੀ ਉਡੀਕ ਵਿੱਚ ਸਨ ਤੇ ਇਨ੍ਹਾਂ ਨੂੰ ਮੌਕੇ 'ਤੇ ਹੀ ਚਿੱਟੇ ਸਮੇਤ ਗ੍ਰਿਫਤਾਰ ਕਰ ਕੀਤਾ ਗਿਆ ਹੈ। ਉਨ੍ਹਾਂ ਨਸ਼ਾ ਤਸਕਰਾਂ ਨੂੰ ਸਖਤ ਹਦਾਇਤ ਦਿੰਦੇ ਹੋਏ ਕਿਹਾ ਕਿ ਜੇਕਰ ਕੋਈ ਵੀ ਨਸ਼ਾ ਤਸਕਰੀ ਦਾ ਧੰਦਾ ਕਰਦੇ ਹੋਏ ਫੜਿਆ ਗਿਆ ਤਾਂ ਪੁਲਸ ਵੱਲੋਂ ਉਸ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਅਤੇ ਉਨ੍ਹਾਂ ਨੂੰ ਜੇਲ੍ਹ ਦੀਆਂ ਸਲਾਖਾਂ ਪਿੱਛੇ ਪਹੁੰਚਾਇਆ ਜਾਵੇਗਾ।

## ਨਵ-ਨਿਯੁਕਤ ਅਹੁਦੇਦਾਰਾਂ ਨੂੰ ਦਿੱਤੀ ਵਧਾਈ

**ਫਿਰੋਜ਼ਪੁਰ (ਗੁਰਬਚਨ ਸਿੰਘ)**-ਹਾਲ ਹੀ ਵਿੱਚ ਕਾਂਗਰਸ ਪਾਰਟੀ ਵੱਲੋਂ ਨਵੇਂ ਚੁਣੇ ਗਏ ਕਾਂਗਰਸ ਐੱਸ ਸੀ ਡਿਪਾਰਟਮੈਂਟ ਫਿਰੋਜ਼ਪੁਰ ਦੇ ਸੀਨੀਅਰ ਜ਼ਿਲ੍ਹਾ ਵਾਇਸ ਚੇਅਰਮੈਨ ਕੁਲਦੀਪ ਸਿੰਘ ਧੀਰਾ ਪੱਤਰਾਂ ਤੇ ਕਾਂਗਰਸ ਐੱਸ ਸੀ ਡਿਪਾਰਟਮੈਂਟ ਫਿਰੋਜ਼ਪੁਰ ਦੇ ਵਾਇਸ ਚੇਅਰਮੈਨ ਨੂੰ ਬਲਾਕ ਮਮਦੋਟ ਦੀ ਲੀਡਰਸ਼ਿਪ ਵੱਲੋਂ ਲੱਡੂਆਂ ਨਾਲ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ ਗਈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਵ-ਨਿਯੁਕਤ ਕੁਲਦੀਪ ਸਿੰਘ ਧੀਰਾ ਪੱਤਰਾਂ ਤੇ ਸੋਨੂੰ ਗਿੱਲ ਨੇ ਕਿਹਾ ਕਿ ਬਲਾਕ ਮਮਦੋਟ ਦੀ ਕਾਂਗਰਸ ਪਾਰਟੀ ਦੀ



ਲੀਡਰਸ਼ਿਪ ਵੱਲੋਂ ਮਣਾਂਮੂਹੀਂ ਦਿੱਤੇ ਜਾ ਰਹੇ ਪਿਆਰ ਤੇ ਮਾਣ ਸਤਿਕਾਰ ਦੇ ਅੱਗੇ ਸਿਰ ਚੁੱਕਦਾ ਹੈ, ਜੋ ਕਿ ਕਾਂਗਰਸ ਪਾਰਟੀ ਦੀ ਸਰਕਾਰ ਆਉਣ 'ਤੇ ਬਣਦਾ ਮਾਣ ਸਨਮਾਨ ਕੀਤਾ ਜਾਵੇਗਾ।ਇਸ ਮੌਕੇ ਨਿਸ਼ਾਨ ਸਿੰਘ ਅਰਮਾਨਪੁਰਾ, ਗੁਰਪ੍ਰੀਤ ਸਿੰਘ ਗਿੱਲ ਕਟੋਰਾ, ਮਨਪ੍ਰੀਤ ਸਿੰਘ, ਯੂਥ ਕਾਂਗਰਸ ਮਮਦੋਟ ਦੇ ਬਲਾਕ ਪ੍ਰਧਾਨ ਬਾਜ਼ ਸਿੰਘ ਐੱਮ ਸੀ, ਮਹਿੰਦਰ ਪਾਲ ਗਿੱਲ, ਹਰਜਿੰਦਰ ਸਿੰਘ ਭੱਟੀ, ਬਲਜਿੰਦਰ ਸਿੰਘ ਲਾਲ ਥਿੰਦ, ਇਕਬਾਲ ਸਿੰਘ ਸਰਪੰਚ ਤੋਂ ਇਲਾਵਾ ਹੋਰ ਪਤਵੰਤੇ ਹਾਜ਼ਰ ਸਨ।

## ਜੇਕਰ ਮਜੀਠੀਆ ਨਸ਼ਾ ਤਸਕਰ ਸੀ ਤਾਂ ਕੇਜਰੀਵਾਲ ਨੇ ਮਾਫੀ ਕਿਉਂ ਮੰਗੀ : ਗਿੱਲ ਬੇਰ ਕਲਾਂ



**ਦੋਰਾਹਾ (ਹਰਮਿੰਦਰ ਸੇਠ)**-ਮਲੌਦ ਦੇ ਪ੍ਰਧਾਨ ਤੇ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ ਭਾਵੇਂ ਸਿਆਸੀ ਤੌਰ 'ਤੇ ਮਜੀਠੀਆ ਨਾਲ ਮੇਰਾ ਕੋਈ ਸੰਬੰਧ ਨਹੀਂ, ਪਰ ਆਮ ਆਦਮੀ ਪਾਰਟੀ ਹਰ ਉਸ ਆਵਾਜ਼ ਨੂੰ ਦਬਾਉਣਾ ਚਾਹੁੰਦੀ ਹੈ, ਜੋ ਸੱਚ ਬੋਲਦਾ ਹੈ ਅਤੇ ਆਮ ਆਦਮੀ ਪਾਰਟੀ ਦੇ ਕਾਲੇ ਕਾਰਨਾਮਿਆਂ ਨੂੰ ਜੱਗ ਜ਼ਾਹਰ ਕਰਦਾ ਹੈ। ਪ੍ਰਧਾਨ ਗਿੱਲ ਨੇ ਕਿਹਾ ਕਿ ਬਿਕਰਮ ਮਜੀਠੀਆ ਜੇਕਰ ਸੱਚ ਮੁੱਚ ਹੀ ਨਸ਼ਾ ਤਸਕਰ ਸੀ ਤਾਂ ਕੇਜਰੀਵਾਲ ਨੇ ਮੁਆਫੀ ਕਿਉਂ ਮੰਗੀ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਹਰ ਉਸ ਲੀਡਰ ਨੂੰ ਤੰਗ ਕਰ ਰਿਹਾ ਹੈ, ਜੋ ਇਨ੍ਹਾਂ ਦੀਆਂ ਅਸ਼ਲੀਲ ਹਰਕਤਾਂ ਜਨਤਾ ਸਾਹਮਣੇ ਲੈ ਕੇ ਆ ਰਿਹਾ ਹੈ। ਉਨ੍ਹਾ ਕਿਹਾ ਕਿ ਮਜੀਠੀਆ ਦੀ ਪਤਨੀ ਗਨੀਵ ਕੌਰ ਮਜੀਠੀਆ ਲੋਕਾਂ ਦੀ ਚੁਣੀ ਹੋਈ ਵਿਧਾਇਕਾ ਹੈ। ਇਸ ਲਈ ਉਨ੍ਹਾ ਨਾਲ ਤੇ ਛੋਟੇ ਬੱਚਿਆਂ ਨਾਲ ਦੁਰਵਿਹਾਰ ਕਰਨ ਵਾਲੇ ਵਿਜੀਲੈਂਸ ਦੇ ਅਧਿਕਾਰੀਆਂ ਨੂੰ ਮੁਅੱਤਲ ਕਰਵਾਉਣ ਲਈ ਵਿਰੋਧੀ ਧਿਰ ਦੇ ਲੀਡਰ ਪ੍ਰਤਾਪ ਸਿੰਘ ਬਾਜਵਾ ਨੂੰ ਇਹ ਮੁੱਦਾ ਵਿਧਾਨ ਸਭਾ ਵਿੱਚ ਉਠਾਉਣਾ ਚਾਹੀਦਾ ਹੈ।

## ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਰਾਮਪੁਰਾ ਫੂਲ ਦੀ ਮੀਟਿੰਗ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਰਾਮਪੁਰਾ ਫੂਲ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਡਾਕਟਰ ਜਗਤਾਰ ਸਿੰਘ ਫੂਲ ਦੀ ਪ੍ਰਧਾਨਗੀ ਹੇਠ ਸਥਾਨਕ ਟੀਚਰ ਹੋਮ ਵਿਖੇ ਹੋਈ, ਜਿਸ ਵਿੱਚ ਵੱਡੀ ਗਿਣਤੀ ਬਲਾਕ ਦੇ ਡਾਕਟਰ ਸਾਥੀਆਂ ਨੇ ਹਾਜ਼ਰੀ ਭਰੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾਕਟਰ ਫੂਲ ਨੇ ਅਹਿਮਦਾਬਾਦ ਪਲੇਨ ਹਾਦਸੇ ਦੇ ਪੀੜਤਾਂ ਨਾਲ ਹਮਦਰਦੀ ਜ਼ਾਹਰ ਕਰਦਿਆਂ ਕਿਹਾ ਕਿ ਜਦੋਂ ਤੋਂ ਸਰਕਾਰ ਨੇ ਹਵਾਈ ਸੇਵਾਵਾਂ ਨੂੰ ਨਿੱਜੀ ਹੱਥਾਂ ਵਿੱਚ ਸੌਂਪਿਆ ਹੈ, ਵਧੇਰੇ ਮੁਨਾਫ਼ੇ ਦੀ ਦੌੜ ਕਾਰਨ ਲੋਕਾਂ ਦੀ ਜ਼ਿੰਦਗੀ ਖ਼ਤਰੇ ਵਿੱਚ ਪਈ ਹੈ। ਇਰਾਨ ਉੱਪਰ ਯਹੂਦੀ ਮੁਲਕ ਇਸਰਾਇਲ ਤੇ ਉਸ ਦੇ ਸਰਪ੍ਰਸਤ ਅਮਰੀਕਾ ਦੁਆਰਾ ਬਿਨਾਂ ਕਿਸੇ ਭੜਕਾਹਟ ਦੇ ਕੀਤਾ ਹਮਲਾ, ਬੇਹਦ ਨਿੰਦਣਯੋਗ ਹੈ। ਇਸਰਾਇਲ ਪਹਿਲਾਂ ਹੀ ਫਲਸਤੀਨ ਵਿੱਚ ਬੇਗੁਨਾਹ ਬੱਚਿਆਂ ਤੇ ਔਰਤਾਂ ਨੂੰ ਮਾਰ ਰਿਹਾ ਹੈ, ਜਮਹੂਰੀਅਤ ਦਾ ਫਰਜ਼ੀ ਝੰਡਾਬਰਦਾਰ ਅਮਰੀਕਾ ਹੀ ਇਹ ਸਭ ਕਰ ਤੇ ਕਰਵਾ ਰਿਹਾ ਹੈ, ਮੋਦੀ ਸਰਕਾਰ ਦੀ ਚੁੱਪੀ ਵੀ ਬੇਹੱਦ ਨਿੰਦਣਯੋਗ ਹੈ। ਇਸ ਮੌਕੇ ਬਲਾਕ ਚੇਅਰਮੈਨ ਚਮਕੌਰ ਸਿੰਘ ਮਹਿਰਾਜ ਨੇ ਕਿਹਾ ਕਿ ਜ਼ਿਲ੍ਹਾ ਬਾਡੀ ਦੀ ਚੋਣ ਬਿਲਕੁਲ ਗ਼ੈਰ-ਜਮਹੂਰੀ ਤੇ ਗੈਰ-ਸੰਵਿਧਾਨਕ ਤਰੀਕੇ ਨਾਲ ਹੋਈ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਇਸ ਮੌਕੇ ਡਾਕਟਰ ਭਰਥਰੀ ਸ਼ਰਮਾ, ਰੇਸ਼ਮ ਸਿੰਘ ਫੂਲ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਡਾਕਟਰ ਹਰਜਿੰਦਰ ਸਿੰਘ ਭਾਈਰੂਪਾ, ਡਾਕਟਰ ਵੇਦ ਵਿਆਸ, ਇਕਬਾਲ ਸਿੰਘ ਵੀ ਹਾਜ਼ਰ ਸਨ। ਸਟੇਜ ਦੀ ਕਾਰਵਾਈ ਬਲਾਕ ਸਕੱਤਰ ਦੇਵ ਰਾਜ ਨੇ ਨਿਭਾਈ।

## ਜੰਗਾਂ ਤੋਂ ਪੀੜਤ ਮਾਸੂਮ ਬੱਚਿਆਂ ਲਈ ਅੰਤਰਰਾਸ਼ਟਰੀ ਸੁਰੱਖਿਆ ਖੇਤਰ ਬਣਾਇਆ ਜਾਵੇ : ਸ਼ਾਮ ਸੁੰਦਰ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪ੍ਰਸਿੱਧ ਸਮਾਜ ਸੇਵੀ ਤੇ ਵਿਚਾਰਕ ਸ਼ਾਮ ਸੁੰਦਰ ਕਾਮਰੇਡ ਨੇ ਜੰਗਾਂ ਦੀ ਤਬਾਹੀ ਤੇ ਉਸ ਦੇ ਨਿਰਦੋਸ਼ ਪੀੜਤਾਂ, ਖਾਸ ਕਰਕੇ ਬੱਚਿਆਂ ਦੀ ਹਾਲਤ 'ਤੇ ਗੰਭੀਰ ਚਿੰਤਾ ਜਤਾਈ ਹੈ।ਉਨ੍ਹਾਂ ਕਿਹਾ ਕਿ ਵਿਸ਼ਵ ਦੇ ਕਈ ਹਿੱਸਿਆਂ ਵਿੱਚ ਚੱਲ ਰਹੀਆਂ ਲੜਾਈਆਂ ਸਾਡੇ ਸਾਹਮਣੇ ਮਨੁੱਖਤਾ ਨੂੰ ਲਜਾ ਦੇਣ ਵਾਲੀਆਂ ਤਸਵੀਰਾਂ ਲੈ ਕੇ ਆ ਰਹੀਆਂ ਹਨ।ਕਾਮਰੇਡ ਨੇ ਕਿਹਾ ਕਿ ਇਤਿਹਾਸ ਦੀਆਂ ਕਈ ਪੰਕਤੀਆਂ ਜੰਗਾਂ ਨਾਲ ਭਰਪੂਰ ਹਨ, ਪਰ ਅੱਜ ਦੀ ਜੰਗ ਵਿਗਤ ਜੰਗਾਂ ਤੋਂ ਕਾਫੀ ਵੱਖਰੀ ਤੇ ਖਤਰਨਾਕ ਰੂਪ ਧਾਰਨ ਕਰ ਚੁੱਕੀ ਹੈ।ਆਧੁਨਿਕ ਹਥਿਆਰਾਂ ਤੇ ਤਕਨੀਕੀ ਮਾਧਿਅਮਾਂ ਕਾਰਨ ਸਿੱਧਾ ਨੁਕਸਾਨ ਆਮ ਲੋਕਾਂ ਨੂੰ ਹੋ ਰਿਹਾ ਹੈ, ਖਾਸ ਕਰਕੇ ਉਹ ਮਾਸੂਮ ਬੱਚੇ, ਜੋ ਆਪਣੇ ਅਧਿਕਾਰਾਂ ਤੋਂ ਵੀ ਅਣਜਾਣ ਹਨ।ਉਨ੍ਹਾਂ ਕਿਹਾ ਕਿ ਟੈਲੀਵਿਜ਼ਨ, ਸਮਾਰਟਫੋਨ ਤੇ ਸੋਸ਼ਲ ਮੀਡੀਆ ਰਾਹੀਂ ਜਦੋਂ ਅਸੀਂ ਇਹ ਮੰਜ਼ਰ ਵੇਖਦੇ ਹਾਂ, ਅਨਾਥ ਹੋਏ ਬੱਚੇ, ਭੁੱਖ ਨਾਲ ਤੜਫਦੇ ਚਿਹਰੇ, ਖੰਡਰਾਂ ਵਿੱਚ ਬਚਪਨ ਦੀਆਂ ਲਾਸ਼ਾਂ ਤਾਂ ਇਹ ਸਿਰਫ ਖ਼ਬਰ ਨਹੀਂ ਰਹਿੰਦੀਆਂ, ਇਹ ਮਨੁੱਖੀ ਜ਼ਮੀਰ ਨੂੰ ਝੰਜੋੜਨ ਵਾਲੇ ਸੱਚ ਬਣ ਜਾਂਦੇ ਹਨ।ਇਨ੍ਹਾਂ ਹਾਲਤਾਂ ਨੂੰ ਧਿਆਨ ਵਿੱਚ ਰੱਖਦਿਆਂ ਕਾਮਰੇਡ ਨੇ ਸੰਯੁਕਤ ਰਾਸ਼ਟਰ (ਯੂ.ਐੱਨ.ਓ.) ਤੇ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਅਪੀਲ ਕੀਤੀ ਹੈ ਕਿ ਜੰਗਾਂ ਤੋਂ ਪ੍ਰਭਾਵਿਤ ਇਲਾਕਿਆਂ ਵਿੱਚ ਇੱਕ ਅੰਤਰਰਾਸ਼ਟਰੀ ਸੁਰੱਖਿਆ ਖੇਤਰ (International Safe Zone) ਨਿਰਧਾਰਤ ਕੀਤਾ ਜਾਵੇ।ਇਹ ਖੇਤਰ ਪੂਰੀ ਤਰ੍ਹਾਂ ਨਿਰਪੱਖ ਹੋਣਾ ਚਾਹੀਦਾ ਹੈ, ਜਿੱਥੇ ਕਿਸੇ ਵੀ ਦੇਸ਼ ਜਾਂ ਫੌਜ ਵੱਲੋਂ ਹਮਲਾ ਕਰਨਾ ਕਾਨੂੰਨੀ ਤੌਰ 'ਤੇ ਸਖਤ ਮਨ੍ਹਾਂ ਹੋਵੇ।ਉਨ੍ਹਾਂ ਦਾ ਕਹਿਣਾ ਸੀ ਕਿ ਜੰਗਾਂ ਵਿੱਚ ਸਿਰਫ ਫੌਜੀ ਨਹੀਂ, ਬਲਕਿ ਕਈ ਵਾਰ ਸਰਹੱਦਾਂ ਦੇ ਰਾਖੇ, ਪਾਇਲਟ, ਕਮਾਂਡਰ ਤੇ ਉੱਚ ਅਹੁਦਿਆਂ 'ਤੇ ਬੈਠੇ ਸਿਆਸੀ ਆਗੂ ਵੀ ਸ਼ਹੀਦ ਹੋ ਜਾਂਦੇ ਹਨ।ਇਨ੍ਹਾਂ ਦਾ ਬਲਿਦਾਨ ਸਿਰਫ ਯਾਦ ਕਰਨ ਦਾ ਨਹੀਂ, ਇਸ ਤੋਂ ਸਿੱਖ ਲੈਣ ਦੀ ਵੀ ਲੋੜ ਹੈ।

## ਵਿਕਾਸ ਮਿਸ਼ਨ ਵੱਲੋਂ ਸਿਵਲ ਸਰਜਨ ਤੇ ਜ਼ਿਲ੍ਹਾ ਸਿਹਤ ਅਫਸਰ ਨਾਲ ਮੀਟਿੰਗ

### 10 ਦਿਨ 'ਚ ਬਾਹਰੀ ਮਿਲਾਵਟਖੋਰੀ ਰੋਕਣ ਦਾ ਦਿੱਤਾ ਭਰੋਸਾ : ਢੋਸੀਵਾਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਵਰਕਿੰਗ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਉੱਚ ਪੱਧਰੀ ਵਫਦ ਵੱਲੋਂ ਅੱਜ ਆਪਣੇ ਪ੍ਰਮੁੱਖ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠ ਸਿਵਲ ਸਰਜਨ ਡਾ. ਜਗਦੀਪ ਚਾਵਲਾ ਨਾਲ ਉਨ੍ਹਾਂ ਦੇ ਦਫ਼ਤਰ ਵਿਖੇ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਮੌਕੇ ਜ਼ਿਲ੍ਹਾ ਸਿਹਤ ਅਫਸਰ ਡਾ. ਦਪਿੰਦਰ ਕੁਮਾਰ, ਫੂਡ ਸੇਫ਼ਟੀ ਅਫਸਰ ਡਾ. ਸਰਬਜੀਤ ਕੌਰ ਤੇ ਗੌਰਵ ਸਮੇਤ ਸਟੇਨੋ ਭੁਪਿੰਦਰ ਸਿੰਘ ਵੀ ਮੌਜੂਦ ਸਨ, ਜਦੋਂਕਿ ਵਫ਼ਦ ਵਿੱਚ ਮਿਸ਼ਨ ਦੇ ਚੇਅਰਮੈਨ ਨਿਰੰਜਨ ਸਿੰਘ ਰੱਖੜਾ, ਲੋਕ ਸੰਪਰਕ ਵਿੰਗ ਦੇ ਡਾਇਰੈਕਟਰ ਵਿਜੇ ਸਿਡਾਨਾ, ਅਸਿਸਟੈਂਟ ਮਿਸ਼ਨ ਪ੍ਰਸ਼ਾਸਨ ਕੋਆਰਡੀਨੇਟਰ ਵਿਕਰਾਂਤ ਤੇਰੀਆ ਤੇ ਮਿਸ਼ਨ ਵੈੱਟਗੁਆਰ ਨਰਿੰਦਰ ਕਾਕਾ ਆਦਿ ਮੌਜੂਦ ਸਨ।ਜਾਣਕਾਰੀ ਦਿੰਦੇ ਹੋਏ ਢੋਸੀਵਾਲ ਨੇ ਦੱਸਿਆ ਕਿ ਕਰੀਬ ਬਾਈ ਦਿਨ ਪਹਿਲਾਂ ਖਾਣ-ਪੀਣ ਦੀਆਂ ਵਸਤੂਆਂ ਉੱਪਰ ਬਾਹਰੀ ਮਿਲਾਵਟਖੋਰੀ ਬਾਰੇ ਮਾਮਲੇ ਸਿਵਲ ਸਰਜਨ ਦੇ ਧਿਆਨ ਵਿੱਚ ਲਿਆਂਦੇ ਗਏ ਸਨ।ਸਿਵਲ ਸਰਜਨ ਵੱਲੋਂ ਉਸੇ ਦਿਨ ਹੀ ਜ਼ਿਲ੍ਹਾ ਸਿਹਤ ਅਫਸਰ ਨੂੰ ਪੱਤਰ ਜਾਰੀ ਕਰਕੇ ਮਿਸ਼ਨ ਵੱਲੋਂ ਉਠਾਏ ਨੁਕਤਿਆਂ ਸਬੰਧੀ ਕਾਰਵਾਈ ਕਰਨ ਦੇ ਹੁਕਮ ਜਾਰੀ ਕਰ ਦਿੱਤੇ ਸਨ।ਮੀਟਿੰਗ ਦੌਰਾਨ ਮਿਸ਼ਨ ਵੱਲੋਂ ਸਿਹਤ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਸ਼ਹਿਰ ਵਿੱਚ ਅਕਸਰ ਕੈਮੀਕਲ ਲਗਾ ਕੇ ਫਲ ਵੇਚੇ ਜਾ ਰਹੇ ਹਨ, ਗੋਲ ਗੱਪਿਆਂ ਤੇ ਫਲ੍ਹਣੇ ਵਾਲੀ ਕੁਲਫੀ ਵਿਕਰੇਤਾਵਾਂ ਵੱਲੋਂ ਰੇਹੜੀਆਂ 'ਤੇ ਗਲਾਵਜ਼ ਨਹੀਂ ਚੜ੍ਹਾਏ ਜਾਂਦੇ, ਬਾਜ਼ਾਰ ਵਿੱਚ ਮਿਠਾਈਆਂ, ਪਕੌੜੇ, ਸਮੋਸੇ, ਟਿੱਕੀਆਂ ਆਦਿ ਬਿਨਾਂ ਜਾਲੀ ਤੋਂ ਰੱਖੀਆਂ ਹੋਈਆਂ ਹਨ। ਡੇਅਰੀ ਵਾਲਿਆਂ ਵੱਲੋਂ ਨਾ ਗਾਹਕਾਂ ਨੂੰ ਦੁੱਧ ਦੇਣ ਵੇਲੇ ਨਾ ਤਾਂ ਹੱਥਾਂ 'ਤੇ ਗਲਾਵਜ਼ ਚੜ੍ਹਾਏ ਹੁੰਦੇ ਹਨ ਤੇ ਨਾ ਹੀ ਸਿਰ ਢਕੇ ਹੁੰਦੇ ਹਨ।ਇਸ ਤੋਂ ਇਲਾਵਾ ਹੋਟਲਾਂ, ਢਾਬਿਆਂ ਵਿੱਚ ਕੰਮ ਕਰਦੇ ਵੇਟਰ ਤੇ ਹੋਰ ਕਰਮਚਾਰੀ ਸਰਕਾਰੀ ਨਿਯਮਾਂ ਅਨੁਸਾਰ ਨਿਰਧਾਰਤ ਵਰਦੀ ਨਹੀਂ ਪਾਉਂਦੇ।ਕਈ ਅਦਾਰਿਆਂ ਵਿੱਚ ਕਿਚਨ ਦੀ ਵੀ ਦੁਰਦਸ਼ਾ ਹੁੰਦੀ ਹੈ।ਐਨਾ ਹੀ ਨਹੀਂ ਹੋਟਲਾਂ, ਢਾਬਿਆਂ 'ਤੇ ਕੰਮ ਕਰਨ ਵਾਲੇ ਵੇਟਰਾਂ ਦਾ ਮੈਡੀਕਲ ਵੀ ਨਹੀਂ ਕਰਵਾਇਆ ਜਾਂਦਾ।ਐਨਾ ਹੀ ਨਹੀਂ ਪਕੌੜਿਆਂ ਤੇ ਹੋਰ ਤਲ ਕੇ ਵੇਚਣ ਵਾਲੇ ਪਦਾਰਥਾਂ ਲਈ ਸਿੰਗਲ ਯੂਜ਼ ਘਿਓ ਜਾਂ ਤੇਲ ਦੀ ਨਹੀਂ ਵਰਤਿਆ ਜਾਂਦਾ।

ਆਪਣੀ ਡਿਊਟੀ ਪ੍ਰਤੀ ਬੇਹੱਦ ਸਮਰਪਣ ਦੀ ਭਾਵਨਾ ਰੱਖਣ ਤੇ ਲੋਕਾਂ ਦੀ ਸਿਹਤ ਪ੍ਰਤੀ ਸੁਚੇਤ ਸਿਵਲ ਸਰਜਨ ਡਾ. ਜਗਦੀਪ ਚਾਵਲਾ ਨੇ ਮੌਕੇ 'ਤੇ ਹੀ ਜ਼ਿਲ੍ਹਾ ਸਿਹਤ ਅਫਸਰ ਨੂੰ ਹਦਾਇਤਾਂ ਜਾਰੀ ਕਰਕੇ 10 ਦਿਨ ਦੇ ਅੰਦਰ-ਅੰਦਰ ਉਕਤ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਦੇ ਜ਼ੁਬਾਨੀ ਹੁਕਮ ਜਾਰੀ ਕਰ ਦਿੱਤੇ।ਪ੍ਰਧਾਨ ਢੋਸੀਵਾਲ ਨੇ ਮੀਟਿੰਗ ਉਪਰੰਤ ਸਿਵਲ ਸਰਜਨ ਵੱਲੋਂ ਦਿੱਤੇ ਭਰੋਸੇ 'ਤੇ ਯਕੀਨ ਪ੍ਰਗਟਾਉਂਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਨਿਸਚਿਤ ਸਮੇਂ ਅੰਦਰ ਉਕਤ ਸਾਰੇ ਨਿਯਮ ਲਾਗੂ ਕਰਵੇ ਦਿੱਤੇ ਜਾਣਗੇ।

## ਸਰਕਾਰ ਖੇਡਾਂ ਨੂੰ ਪ੍ਰਫੁਲਿਤ ਕਰਨ ਲਈ ਕਰ ਰਹੀ ਹੈ ਵਿਸ਼ੇਸ਼ ਉਪਰਾਲੇ : ਕਾਕਾ ਬਰਾੜ

### ਵਿਧਾਇਕ ਵੱਲੋਂ ਬੈਡਮਿੰਟਨ 'ਚ ਮੱਲਾਂ ਮਾਰਨ ਵਾਲੇ ਖਿਡਾਰੀ ਦਾ ਸਨਮਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਵੱਖ-ਵੱਖ ਪੱਧਰ 'ਤੇ ਹੋਈਆਂ ਬੈਡਮਿੰਟਨ ਖੇਡਾਂ ਵਿੱਚ ਮੱਲਾਂ ਮਾਰਨ ਵਾਲੇ ਪਿੰਡ ਕੋਟਲੀ ਦੇਵਨ ਦੇ ਖਿਡਾਰੀ ਨਵਰੀਨ ਸਿੰਘ ਬਰਾੜ ਪੁੱਤਰ ਮਾਸਟਰ ਅਮਰਜੀਤ ਸਿੰਘ ਨੂੰ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਬੱਚੇ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਖੇਡਾਂ ਵਿੱਚ ਹੋਰ ਭਾਗ ਲੈਣ ਦੀ ਅਪੀਲ ਕੀਤੀ।ਇਸ ਮੌਕੇ ਬੋਲਦਿਆਂ ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਸੂਬਾ ਸਰਕਾਰ ਖੇਡਾਂ ਨੂੰ ਪ੍ਰਫੁਲਿਤ ਕਰਨ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ।ਸੂਬਾ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੇਡਾਂ ਵਤਨ ਪੰਜਾਬ ਦੀਆਂ ਸ਼ੁਰੂ ਕੀਤਾ ਗਿਆ, ਜਿਸ ਵਿੱਚ ਸੂਬੇ ਦੇ ਲੱਖਾਂ ਨੌਜਵਾਨਾਂ ਨੇ ਭਾਗ ਲਿਆ ਤੇ ਵਧੀਆ ਇਨਾਮ ਜਿੱਤੇ।ਇਸ ਤੋਂ ਇਲਾਵਾ ਖਿਡਾਰੀਆਂ ਦੇ ਰੁਕੇ ਇਨਾਮਾਂ ਦੇ ਪੈਸੇ ਵੀ ਜਾਰੀ ਕੀਤੇ ਗਏ, ਜਿਸ ਨਾਲ ਖਿਡਾਰੀਆਂ ਨੂੰ ਕਾਫੀ ਰਾਹਤ ਮਿਲੀ।ਉਨ੍ਹਾਂ ਨਵਰੀਨ ਸਿੰਘ ਦੇ ਪੂਰੇ ਪਰਿਵਾਰ ਨੂੰ ਵਧਾਈ ਦਿੰਦਿਆਂ ਹਰ ਸੰਭਵ ਸਹਿਯੋਗ ਦਾ ਭਰੋਸਾ ਦੁਆਇਆ।ਇਸ ਮੌਕੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਸ੍ਰੀ ਦਰਬਾਰ ਸਾਹਿਬ ਦਾ ਮਾਡਲ ਦੇ ਕੇ ਬੱਚੇ ਨੂੰ ਸਨਮਾਨਤ ਕੀਤਾ ਗਿਆ।ਕੋਚ ਜਤਿੰਦਰ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਨਵਰੀਨ ਸਿੰਘ ਪੁੱਤਰ ਮਾਸਟਰ ਅਮਰਜੀਤ ਸਿੰਘ, ਜੋ ਕਿ ਬੈਡਮਿੰਟਨ ਦਾ ਖਿਡਾਰੀ ਹੈ, ਜਿਸ ਨੇ 2022, 23 ਤੇ 24 ਲਗਾਤਾਰ ਤਿੰਨ ਸਾਲ ਪੰਜਾਬ ਸਟੇਟ ਖੇਡਾਂ ਲਈ ਕੁਆਲੀਫਾਈ ਕੀਤਾ ਅਤੇ ਸਾਲ 2023 ਤੇ 24 ਵਿੱਚ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਜ਼ਿਲ੍ਹੇ 'ਚੋਂ ਪਹਿਲਾ ਸਥਾਨ ਹਾਸਲ ਕੀਤਾ ਤੇ ਪੰਜਾਬ ਸਟੇਟ ਲਈ ਕੁਆਲੀਫਾਈ ਕੀਤਾ।ਇਸ ਤੋਂ ਇਲਾਵਾ ਪੰਜਾਬ ਭਰ ਵਿੱਚੋਂ 7ਵੀਂ ਸਟੇਟ ਰੈਂਕਿੰਗ ਹਾਸਲ ਕੀਤੀ।ਨਵਰੀਨ ਸਿੰਘ ਅਕਾਲ ਅਕੈਡਮੀ ਦਾ 9ਵੀਂ ਜਮਾਤ ਦਾ ਵਿਦਿਆਰਥੀ ਹੈ।

ਇਸ ਮੌਕੇ ਮਨਪ੍ਰੀਤ ਸਿੰਘ ਧਨੋਆ, ਮਨਜੀਤ ਸਿੰਘ, ਕਰਮਜੀਤ ਸਿੰਘ ਕਾਲਾ, ਉਪਕਾਰ ਸਿੰਘ ਪ੍ਰਧਾਨ, ਚੇਅਰਮੈਨ ਰਾਜਿੰਦਰ ਸਿੰਘ ਬਰਾੜ, ਬਲਜਿੰਦਰ ਸਿੰਘ ਫੌਜੀ, ਜਸਵਿੰਦਰ ਸਿੰਘ ਭੰਡਾਰੀ ਆਦਿ ਹਾਜ਼ਰ ਸਨ।

## ਕਲਿਆਣਪੁਰ 'ਚ 37ਵਾਂ ਮੇਲਾ 8-9 ਨੂੰ



**ਜਲੰਧਰ** : ਦਰਬਾਰ ਹਜ਼ਰਤ ਪੀਰ ਬਾਬਾ ਮੋਹਕਮਦੀਨ ਸ਼ਾਹ ਜੀ ਦੀ ਯਾਦ 'ਚ 37ਵਾਂ ਸਾਲਾਨਾ ਮੇਲਾ ਪਿੰਡ ਕਲਿਆਣਪੁਰ ਨੇੜੇ ਲਾਂਬੜਾ 'ਚ 8-9 ਜੁਲਾਈ ਨੂੰ ਬੜੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਮੇਲੇ ਸੰਬੰਧੀ ਜਾਣਕਾਰੀ ਦਿੰਦਿਆਂ ਦਰਬਾਰ ਦੇ ਗੱਦੀ ਨਸ਼ੀਨ ਗੁਲਾਮ ਸੋਨੀ ਸਾਈਂ ਜੀ ਹੁਰਾਂ ਦੱਸਿਆ ਕਿ 8 ਜੁਲਾਈ ਮੰਗਲਵਾਰ ਸ਼ਾਮ 4 ਵਜੇ ਝੰਡੇ 'ਤੇ ਚਾਦਰ ਦੀ ਰਸਮ ਕੀਤੀ ਜਾਵੇਗੀ। ਰਾਤ ਨੂੰ ਮਹਿਫਲ ਏ ਕੱਵਾਲੀ ਦਾ ਪ੍ਰੋਗਰਾਮ ਹੋਵੇਗਾ, ਜਿਸ ਵਿੱਚ ਦਰਬਾਰੀ ਕੱਵਾਲ ਵਨੀਤ ਖਾਨ ਸੂਫੀਆਨਾ ਪ੍ਰੋਗਰਾਮ ਪੇਸ਼ ਕਰਨਗੇ। ਉਨ੍ਹਾਂ ਤੋਂ ਇਲਾਵਾ ਸਰਦਾਰ ਅਲੀ, ਪ੍ਰਵੇਜ਼ ਆਲਮ, ਸੁਲਤਾਨ ਕਾਦਰੀ ਆਦਿ ਵੀ ਸੂਫ਼ੀ ਕਲਾਮ ਪੇਸ਼ ਕਰਨਗੇ। ਮੇਲੇ ਦੇ ਦੂਸਰੇ ਦਿਨ 9 ਜੁਲਾਈ ਨੂੰ ਸੱਭਿਆਚਾਰਕ ਪ੍ਰੋਗਰਾਮ ਹੋਵੇਗਾ, ਜਿਸ ਵਿੱਚ ਪ੍ਰਸਿੱਧ ਗਾਇਕ ਕਮਲ ਖਾਨ, ਮਨਜੀਤ ਸਹੋਤਾ, ਗੁਰਜੀਤ ਜੀਤੀ, ਗੋਲੀ ਲੌਂਗੀਆ, ਪੇਜੀ ਸ਼ਾਹਕੋਟੀ, ਜਤਿੰਦਰ ਮਾਨ, ਲਵ ਦੌਲੇਰਾਈ, ਰਣਬੀਰ, ਆਰ ਕੇ ਮਹਿੰਦੀ, ਰਮਜਾਨਾ ਹੀਰ, ਹਨੀ ਸ਼ਿਵ, ਕਿਰਨ ਸ਼ਰਮਾ, ਕਬੀਰ, ਦਲਜੀਤ ਖਾਨ ਤੇ ਡਾਕਟਰ ਸੌਰਵ ਅਮਰ ਆਦਿ ਆਪਣੀ ਗਾਇਕੀ ਦਾ ਮੁਜ਼ਾਹਰਾ ਕਰਨਗੇ।

## ਸਰਹਿੰਦ-ਪਟਿਆਲਾ ਸੜਕ ਨੂੰ ਚੌੜਾ ਕਰਨ 'ਚ ਪਿੰਡਾਂ ਨੂੰ ਨਹੀਂ ਆਏਗੀ ਕੋਈ ਮੁਸ਼ਕਲ : ਵਿਧਾਇਕ ਰਾਏ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸਰਹਿੰਦ-ਪਟਿਆਲਾ ਸੜਕ ਨੂੰ ਚੌੜਾ ਤੇ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਕੰਮਾਂ ਸਬੰਧੀ ਤੇ ਬਰਸਾਤੀ ਸੀਜ਼ਨ ਦੌਰਾਨ ਪਾਣੀ ਦੀ ਨਿਕਾਸੀ ਨੂੰ ਨਾਲੋ ਨਾਲ ਯਕੀਨੀ ਬਣਾਉਣ ਲਈ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਤੇ ਡਿਪਟੀ ਕਮਿਸ਼ਨਰ ਡਾ: ਸੋਨਾ ਥਿੰਦ ਨੇ ਸਬੰਧਤ ਪਿੰਡਾਂ ਦੇ ਸਰਪੰਚਾਂ ਤੇ ਵਿਭਾਗੀ ਅਧਿਕਾਰੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ।ਮੀਟਿੰਗ ਦੌਰਾਨ ਸਰਹਿੰਦ-ਪਟਿਆਲਾ ਮਾਰਗ 'ਤੇ ਪੈਂਦੇ ਪਿੰਡਾਂ ਦੇ ਸਰਪੰਚਾਂ ਨੇ ਸੜਕ ਦਾ ਨਿਰਮਾਣ ਕਾਰਜ ਚੱਲਣ ਕਾਰਨ ਪਿੰਡ ਵਾਸੀਆਂ ਨੂੰ ਪੇਸ਼ ਆਉਣ ਵਾਲੀਆਂ ਮੁਸ਼ਕਲਾਂ ਤੇ ਬਰਸਾਤੀ ਮੌਸਮ ਦੌਰਾਨ ਖੜਨ ਵਾਲੇ ਪਾਣੀ ਬਾਰੇ ਜਾਣੂ ਕਰਵਾਇਆ। ਇਸ ਮੌਕੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਸਰਹਿੰਦ-ਪਟਿਆਲਾ ਮਾਰਗ ਨੂੰ ਚੌੜਾ ਤੇ ਮਜ਼ਬੂਤ ਕਰਨ ਦੀ ਲੰਬੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਮੁੱਖ ਰੱਖਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਵੱਲੋਂ ਸੜਕ ਦਾ ਕੰਮ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਜਿੱਥੇ ਆਵਾਜਾਈ ਦੀ ਮਿਆਰੀ ਸਹੂਲਤ ਉਪਲਬਧ ਹੋਵੇਗੀ, ਉਥੇ ਹੀ ਇਸ ਨਾਲ ਰੋਜ਼ਾਨਾ ਹੋਣ ਵਾਲੇ ਹਾਦਸਿਆਂ ਵਿੱਚ ਵੀ ਕਮੀ ਆਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਗੱਲ 'ਤੇ ਗੰਭੀਰਤਾ ਨਾਲ ਕੰਮ ਕਰ ਰਹੀ ਹੈ ਕਿ ਸੜਕ ਦਾ ਕੰਮ ਚੱਲਣ ਸਮੇਂ ਪਿੰਡਾਂ ਨੂੰ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ। ਸ੍ਰੀ ਰਾਏ ਨੇ ਨੈਸ਼ਨਲ ਹਾਈਵੇਅ ਅਥਾਰਟੀ ਦੇ ਐਕਸੀਅਨ ਦਵਿੰਦਰ ਸਿੰਘ ਨੂੰ ਕਿਹਾ ਕਿ ਸਰਹਿੰਦ-ਪਟਿਆਲਾ ਮਾਰਗ 'ਤੇ ਪੈਂਦੇ ਪਿੰਡ ਜਖਵਾਲੀ, ਰੁੜਕੀ ਤੇ ਖਰੌੜਾ ਵਿਖੇ ਦੁਰਘਟਨਾਵਾਂ ਨੂੰ ਰੋਕਣ ਲਈ ਰਿਪੋਰਟ ਤਿਆਰ ਕੀਤੀ ਜਾਵੇ ਤੇ ਜੇਕਰ ਇਸ ਲਈ ਫੰਡਾਂ ਦੀ ਲੋੜ ਪੈਂਦੀ ਹੈ ਤਾਂ ਉਹ ਸਰਕਾਰ ਨਾਲ ਗੱਲ ਕਰਕੇ ਇਸ ਦਾ ਪ੍ਰਬੰਧ ਕਰਨਗੇ।ਉਨ੍ਹਾਂ ਕਿਹਾ ਕਿ ਬਰਸਾਤੀ ਪਾਣੀ ਦੀ ਨਿਕਾਸੀ ਲਈ ਢੁੱਕਵੇਂ ਇੰਤਜ਼ਾਮ ਕਰਨ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਪਿੰਡਾਂ ਦੇ ਲੋਕਾਂ ਨੂੰ ਕਿਸੇ ਵੀ ਅਣਸੁਖਾਵੀਂ ਸਥਿਤੀ ਦਾ ਸਾਹਮਣਾ ਨਾ ਕਰਨਾ ਪਵੇ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਭਰੇ ਲੋੜਵੰਦਾਂ ਦੇ ਪੈਨਸ਼ਨ ਫ਼ਾਰਮ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਵੱਲੋਂ ਸ੍ਰ. ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ 'ਤੇ ਸ੍ਰੀ ਮੁਕਤਸਰ ਸਾਹਿਬ ਵਿਖੇ ਇੱਕ ਕੈਂਪ ਲਗਾ ਕੇ ਲੋੜਵੰਦ ਲੋਕਾਂ ਦੇ ਪੈਨਸ਼ਨ ਫ਼ਾਰਮ ਭਰੇ ਗਏ।ਅਰਵਿੰਦਰਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਡਾਕਟਰ ਓਬਰਾਏ ਵੱਲੋਂ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਰਾਜਸਥਾਨ, ਮਹਾਰਾਸ਼ਟਰ ਆਦਿ ਸੂਬਿਆਂ ਵਿੱਚ ਲੋੜਵੰਦ ਲੋਕਾਂ, ਜਿਸ ਵਿੱਚ ਬਜ਼ੁਰਗ ਵਿਧਵਾਵਾਂ, ਕੰਮ ਕਰਨ ਤੋਂ ਅਸਮਰਥ ਬਜ਼ੁਰਗ, ਬੇਸਹਾਰਾ ਬੱਚੇ ਤੇ ਵੱਖ ਵੱਖ ਬੀਮਾਰੀਆਂ ਤੋਂ ਪੀੜਤ ਲੋਕ ਹਨ, ਲਈ ਇੱਕ ਪੈਨਸ਼ਨ ਸਕੀਮ ਲਾਗੂ ਕੀਤੀ ਗਈ ਹੈ।ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਇਸ ਲੜੀ ਤਹਿਤ ਸ੍ਰੀ ਮੁਕਤਸਰ ਸਾਹਿਬ ਵਿਖੇ ਲੋੜਵੰਦ ਲੋਕਾਂ ਦੇ ਪੈਨਸ਼ਨ ਫ਼ਾਰਮ ਭਰੇ ਗਏ ਹਨ, ਇਸ ਤੋਂ ਬਾਅਦ ਟੀਮ ਵੱਲੋਂ ਲੋੜੀਂਦੀ ਪੜਤਾਲ ਕਰਨ ਉਪਰੰਤ ਸਿਰਫ਼ ਲੋੜਵੰਦ ਲੋਕਾਂ ਦੇ ਫ਼ਾਰਮ ਹੀ ਡਾਕਟਰ ਓਬਰਾਏ ਤੱਕ ਭੇਜੇ ਜਾਂਦੇ ਹਨ ਤਾਂ ਫ਼ਿਰ ਉਮਰ ਭਰ ਲਈ 750 ਰੁਪਏ ਮਹੀਨਾ ਪੈਨਸ਼ਨ ਲਗਾਈ ਜਾਂਦੀ ਹੈ ਅਤੇ ਹਰ ਦੋ ਸਾਲ ਬਾਅਦ ਫਿਰ ਪੜਤਾਲ ਕਰਕੇ ਰੀਨਿਊ ਕੀਤੀ ਜਾਂਦੀ ਹੈ, ਇਸੇ ਤਰ੍ਹਾਂ ਵੱਖ ਵੱਖ ਬੀਮਾਰੀਆਂ ਤੋਂ ਪੀੜਤ ਲੋੜਵੰਦ ਲੋਕਾਂ ਨੂੰ ਡਾਕਟਰ ਦੀ ਪਰਚੀ ਦੇ ਹਿਸਾਬ ਨਾਲ ਆਰਜ਼ੀ ਪੈਨਸ਼ਨ ਲਗਾ ਕੇ ਠੀਕ ਹੋਣ ਤੱਕ ਪੈਸੇ ਦਿੱਤੇ ਜਾਂਦੇ ਹਨ।ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਇਸ ਤੋਂ ਪਹਿਲਾਂ 320 ਲੋੜਵੰਦ ਲੋਕਾਂ ਨੂੰ ਪੈਨਸ਼ਨਾਂ ਦਿੱਤੀਆਂ ਜਾ ਰਹੀਆਂ ਹਨ।ਗੁਰਬਿੰਦਰ ਸਿੰਘ ਬਰਾੜ ਇੰਚਾਰਜ ਸਾਊਥ ਵੈਸਟ ਪੰਜਾਬ ਨੇ ਦੱਸਿਆ ਕਿ ਇਹ ਲੜੀ ਪਿਛਲੇ ਅੱਠ ਸਾਲਾਂ ਤੋਂ ਜਾਰੀ ਹੈ।ਇਸ ਮੌਕੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਟੀਮ ਦੇ ਸੇਵਾਦਾਰ ਹਾਜ਼ਰ ਸਨ।

## ਸਰਕਾਰ ਨੇ ਮੈਰਿਟ ਦੇ ਆਧਾਰ 'ਤੇ 54 ਹਜ਼ਾਰ ਤੋਂ ਵੱਧ ਨੌਕਰੀਆਂ ਦਿੱਤੀਆਂ : ਬੁੱਧ ਰਾਮ

### ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਪੰਜਾਬ ਸਰਕਾਰ ਦ੍ਰਿੜ੍ਹਤਾ ਨਾਲ ਯਤਨਸ਼ੀਲ

**ਬੁਢਲਾਡਾ/ਮਾਨਸਾ (ਆਤਮਾ ਸਿੰਘ ਪਮਾਰ)**

ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ, ਰੋਜ਼ਗਾਰ ਤੇ ਸਿਹਤ ਦੇ ਖੇਤਰ ਵਿੱਚ ਤਰਜੀਹੀ ਆਧਾਰ 'ਤੇ ਇਨਕਲਾਬੀ ਬਦਲਾਅ ਕੀਤੇ ਗਏ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਬੁਢਲਾਡਾ ਸ੍ਰ. ਪ੍ਰਿੰਸੀਪਲ ਬੁੱਧ ਰਾਮ ਨੇ ਕੀਤਾ। ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਹੁਣ ਤੱਕ ਨਿਰੋਲ ਮੈਰਿਟ ਦੇ ਆਧਾਰ 'ਤੇ 54 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕਰਕੇ ਸੂਬੇ ਦੇ ਨੌਜਵਾਨ ਮੁੰਡੇ-ਕੁੜੀਆਂ ਦੀ ਯੋਗਤਾ ਦਾ ਮੁੱਲ ਪਾਇਆ ਹੈ।ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਇਕ ਨਹੀਂ, ਬਲਕਿ ਤਿੰਨ-ਤਿੰਨ ਸਰਕਾਰੀ ਨੌਕਰੀਆਂ ਲਈ ਚੋਣ ਹੋਈ ਹੈ।ਸੂਬਾ ਸਰਕਾਰ ਨੇ ਸਰਕਾਰੀ ਨੌਕਰੀਆਂ ਦੀ ਪ੍ਰਕਿਰਿਆ ਨੂੰ ਪਾਰਦਰਸ਼ੀ ਤੇ ਸੁਖਾਲਾ ਬਣਾਇਆ ਹੈ ਤਾਂ ਜੋ ਨਿਰਪੱਖਤਾ ਦੇ ਆਧਾਰ 'ਤੇ ਹਰ ਯੋਗ ਨੌਜਵਾਨ ਨੂੰ ਨੌਕਰੀ ਮੁਹੱਈਆ ਕਰਵਾਈ ਜਾ ਸਕੇ।ਉਨ੍ਹਾਂ ਕਿਹਾ ਕਿ ਸਾਡੇ ਨੌਜਵਾਨਾਂ ਦੇ ਮਨ ਵਿੱਚ ਜੋ ਨੌਕਰੀ ਨਾਮ ਦਾ ਵੱਡਾ ਹਊਆ ਸੀ, ਉਹ ਨਿੱਕਲ ਚੁੱਕਾ ਹੈ, ਹੁਣ ਹਰ ਨੌਜਵਾਨ ਇਸ ਗੱਲ ਤੋਂ ਭਲੀ ਭਾਂਤ ਜਾਣੂ ਹੈ ਕਿ ਜੇਕਰ ਉਹ ਪੜ੍ਹ ਲਿਖ ਕੇ ਮਿਹਨਤ ਕਰੇਗਾ ਤਾਂ ਸਰਕਾਰੀ ਨੌਕਰੀ ਲੈਣਾ ਕੋਈ ਮੁਸ਼ਕਲ ਕਾਰਜ ਨਹੀਂ ਹੈ।ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੀਆਂ ਗਰੰਟੀਆਂ ਪੂਰੀਆਂ ਕੀਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਸੂਬੇ ਅੰਦਰ ਵਿਕਾਸ ਕਾਰਜ ਕਰਵਾਉਣ ਦੇ ਨਾਲ ਸਮਾਜਿਕ ਬੁਰਾਈ ਨਸ਼ਿਆਂ ਨੂੰ ਖਤਮ ਕਰਨ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਢੀ ਗਈ ਹੈ, ਜਿਸ ਦੀ ਲੋਕਾਂ ਵੱਲੋਂ ਭਰਵੀਂ ਸ਼ਲਾਘਾ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿੱਥੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਰੁਖ਼ ਅਪਣਾਇਆ ਗਿਆ ਹੈ, ਉੱਥੇ ਹੀ ਨਸ਼ਾ ਪੀੜਤਾਂ ਦਾ ਨਸ਼ਾ ਛੁਡਾਊ ਕੇਂਦਰਾਂ ਵਿੱਚ ਮੁਫ਼ਤ ਇਲਾਜ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੀ ਸਰਕਾਰ ਦੇ ਇਸ ਮਿਸ਼ਨ ਵਿੱਚ ਆਪਣਾ ਯੋਗਦਾਨ ਪਾਉਣ।

ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਦ੍ਰਿੜ੍ਹ ਇਰਾਦੇ ਨਾਲ ਯਤਨਸ਼ੀਲ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀ ਹਰ ਮੁਹਿੰਮ ਵਿੱਚ ਆਪਣਾ ਵਧ ਚੜ੍ਹ ਕੇ ਸਹਿਯੋਗ ਦੇਣ ਤਾਂ ਜੋ ਪੰਜਾਬ ਨੂੰ ਤਰੱਕੀ ਦੀਆਂ ਬੁਲੰਦੀਆਂ 'ਤੇ ਲਿਜਾਇਆ ਜਾ ਸਕੇ।

## ਬਲਜਿੰਦਰ ਸਿੰਘ ਝਾਰਖੰਡ ਦੇ ਖਿਡਾਰੀਆਂ ਨੂੰ ਸਿਖਾਉਣਗੇ ਗੱਤਕੇ ਦੇ ਗੁਰ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਗੱਤਕਾ ਫੈਡਰੇਸ਼ਨ ਆਫ ਇੰਡੀਆ ਦੇ ਜਨਰਲ ਸਕੱਤਰ ਤੇ ਆਪਣੇ ਸਮੇਂ ਦੇ ਉੱਘੇ ਗੱਤਕਾ ਖਿਡਾਰੀ ਬਲਜਿੰਦਰ ਸਿੰਘ ਤੂਰ, ਜੋ ਪਿਛਲੇ ਕਈ ਦਹਾਕਿਆਂ ਤੋਂ ਗੱਤਕਾ ਖੇਡ ਨੂੰ ਪੂਰੇ ਭਾਰਤ ਵਿੱਚ ਪ੍ਰਮੋਟ ਕਰਨ ਲਈ ਕੰਮ ਕਰ ਰਹੇ ਹਨ, ਵੱਲੋਂ 29 ਤੇ 30 ਜੂਨ 2025 ਨੂੰ ਝਾਰਖੰਡ ਸਟੇਟ ਵਿਖੇ ਗੱਤਕੇ ਦੀ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਵੱਲੋਂ ਪੂਰੇ ਭਾਰਤ ਦੇ ਵੱਖ ਵੱਖ ਰਾਜਾਂ ਵਿੱਚ ਪਹਿਲਾਂ ਵੀ ਇਸ ਤਰ੍ਹਾਂ ਦੇ ਕਈ ਗੱਤਕਾ ਕੈਂਪ ਲਗਾਏ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਬਲਜਿੰਦਰ ਸਿੰਘ ਤੂਰ ਨੇ ਦੱਸਿਆ ਕਿ ਗੱਤਕਾ ਬਹੁਤ ਹੀ ਤੇਜ਼ੀ ਨਾਲ ਭਾਰਤ ਤੇ ਸਾਰੇ ਰਾਜਾਂ ਵਿੱਚ ਪ੍ਰਚੱਲਿਤ ਹੋ ਰਿਹਾ ਹੈ ਤੇ ਇਸ ਦੀਆਂ ਨਵੀਆਂ ਤਕਨੀਕਾਂ ਤੇ ਬਰੀਕੀਆਂ ਨੂੰ ਸਿਖਾਉਣ ਦੇ ਲਈ ਉਨ੍ਹਾਂ ਵੱਲੋਂ ਭਾਰਤ ਦੇ ਵੱਖ ਵੱਖ ਰਾਜਾਂ ਵਿੱਚ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਦੋ ਰੋਜ਼ਾ ਕੈਂਪ ਵਿੱਚ ਜਿੱਥੇ ਵੱਖ-ਵੱਖ ਸਕੂਲਾਂ ਤੇ ਕਾਲਜਾਂ ਵਿੱਚ ਬੱਚਿਆਂ ਨੂੰ ਗੱਤਕੇ ਦੀ ਟ੍ਰੇਨਿੰਗ ਦਿੱਤੀ ਜਾਵੇਗੀ, ਉੱਥੇ ਹੀ ਝਾਰਖੰਡ ਵਿੱਚ ਗੱਤਕਾ ਖੇਡ ਨੂੰ ਮਾਨਤਾ ਦਿਵਾਉਣ ਲਈ ਖੇਡ ਵਿਭਾਗ ਨਾਲ ਜੁੜੇ ਅਧਿਕਾਰੀਆਂ ਨਾਲ ਮੁਲਾਕਾਤ ਵੀ ਕੀਤੀ ਜਾਵੇਗੀ।

## ਨਾਬਾਲਿਗ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਦੇ ਦੋਸ਼ 'ਚ ਦੋ ਨਾਮਜ਼ਦ


**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੁੱਲਗੜ੍ਹੀ ਦੇ ਅਧੀਨ ਆਉਂਦੇ ਇਕ ਪਿੰਡ ਵਿੱਚ ਨਾਬਾਲਿਗ ਲੜਕੀ ਨੂੰ ਵਿਆਹ ਕਰਵਾਉਣ ਦਾ ਝਾਂਸਾ ਦੇ ਕੇ ਲਿਜਾਣ ਦੇ ਦੋਸ਼ ਵਿੱਚ ਇਕ ਨੌਜਵਾਨ ਤੇ ਉਸ ਦੇ ਸਾਥੀ ਖਿਲਾਫ ਥਾਣਾ ਕੁੱਲਗੜ੍ਹੀ ਪੁਲਸ ਨੇ 137 (2), 87 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਨਾਬਾਲਿਗ ਲੜਕੀ ਦੀ ਮਾਂ ਨੇ ਦੱਸਿਆ ਕਿ 21 ਜੂਨ 2025 ਨੂੰ ਵਕਤ ਕਰੀਬ 7.30 ਸ਼ਾਮ ਨੂੰ ਉਸ ਦੀ ਨਾਬਾਲਿਗ ਲੜਕੀ (17 ਸਾਲ) ਘਰੋਂ ਮੱਥਾ ਟੇਕਣ ਲਈ ਗੁਰਦੁਆਰਾ ਸਾਹਿਬ ਗਈ ਸੀ, ਜਦੋਂ ਉਸ ਦੀ ਲੜਕੀ ਘਰ ਵਾਪਸ ਨਾ ਆਈ ਤਾਂ ਅਸੀਂ ਸਾਰਾ ਪਰਿਵਾਰ ਲੜਕੀ ਨੂੰ ਵੇਖਣ ਲਈ ਗੁਰਦੁਆਰਾ ਸਾਹਿਬ ਗਏ, ਪਰ ਉਸ ਦੀ ਨਾਬਾਲਿਗ ਲੜਕੀ ਨਾ ਮਿਲੀ, ਜਿਸ ਦੀ ਭਾਲ ਅਸੀਂ ਪਿੰਡ ਵਿੱਚ ਕੀਤੀ, ਪਰ ਨਾਬਾਲਿਗ ਲੜਕੀ ਦਾ ਕੋਈ ਪਤਾ ਨਾ ਲੱਗਾ। ਲੜਕੀ ਦੀ ਮਾਂ ਨੇ ਦੱਸਿਆ ਕਿ ਉਸ ਦੀ ਨਾਬਾਲਿਗ ਲੜਕੀ ਨੂੰ ਸਾਡੇ ਪਿੰਡ ਦਾ ਹੀ ਲੜਕਾ ਨੀਲੂ ਉਰਫ ਮਾਮੀ ਪੁੱਤਰ ਮੁਕਬੂਲ ਵਿਆਹ ਦਾ ਝਾਂਸਾ ਦੇ ਕੇ ਵਰਗਲਾ ਕੇ ਲੈ ਗਿਆ ਹੈ, ਜੋ ਉਸ ਦੀ ਨਾਬਾਲਿਗ ਲੜਕੀ ਨੂੰ ਭਜਾਉਣ ਵਿੱਚ ਨੀਲੂ ਦੇ ਭੂਆ ਦਾ ਲੜਕਾ ਅਮਨ ਦਾ ਵੀ ਹੱਥ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਤਰਲੋਕ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਲੜਕੀ ਨੂੰ ਭਜਾ ਕੇ ਲਿਜਾਣ ਵਾਲੇ ਨੌਜਵਾਨ ਤੇ ਉਸ ਦੀ ਭੂਆ ਦੇ ਲੜਕੇ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਅਮਿਤ ਅਰੋੜਾ ਦੀ ਯਾਦ 'ਚ ਖ਼ੂਨਦਾਨ ਕੈਂਪ ਲਾਇਆ



**ਜਗਰਾਓਂ (ਅਮਿਤ ਖੰਨਾ)**-'ਕਰ ਭਲਾ ਹੋ ਭਲਾ' ਦੇ ਚੇਅਰਮੈਨ ਸਵ: ਅਮਿਤ ਅਰੋੜਾ ਪੁੱਤਰ ਗੁਲਸ਼ਨ ਅਰੋੜਾ ਚੇਅਰਮੈਨ ਲੋਕ ਸੇਵਾ ਸੁਸਾਇਟੀ ਦੀ ਨਿੱਘੀ ਤੇ ਮਿੱਠੀ ਯਾਦ ਵਿੱਚ ਸਿਵਲ ਹਸਪਤਾਲ ਵਿਖੇ ਲੋਕ ਸੇਵਾ ਸੁਸਾਇਟੀ ਬਲੱਡ ਸੇਵਾ ਸੋਸਾਇਟੀ ਤੇ ਕਰ ਭਲਾ ਹੋ ਭਲਾ ਸੁਸਾਇਟੀ ਅਤੇ ਬਲੱਡ ਡੋਨਰ ਸੋਸਾਇਟੀ ਵੱਲੋਂ ਖ਼ੂਨਦਾਨ ਕੈਂਪ ਅਤੇ ਤਹਿਸੀਲ ਰੋਡ 'ਤੇ ਲੰਗਰ ਵੀ ਲਾਇਆ ਗਿਆ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ ਨੇ ਦੁਖੀ ਹਿਰਦੇ ਨਾਲ ਕੈਂਪ ਦਾ ਉਦਘਾਟਨ ਕਰਦਿਆਂ ਅਮਿਤ ਅਰੋੜਾ ਵੱਲੋਂ ਬਹੁਤ ਛੋਟੀ ਉਮਰੇ ਦੁਨੀਆ ਨੂੰ ਅਲਵਿਦਾ ਕਹਿਣ 'ਤੇ ਦੁੱਖ ਪ੍ਰਗਟ ਉਨ੍ਹਾਂ ਕਿਹਾ ਕਿ ਅਮਿਤ ਚਾਹੇ ਉਮਰ ਛੋਟੀ ਲਿਖਾ ਕੇ ਆਇਆ ਸੀ, ਪਰ ਛੋਟੀ ਉਮਰ 'ਚ ਅਨੇਕਾਂ ਯਾਦਗਾਰੀ ਕੰਮ ਆਰੰਭੇ ਜਿਹੜੇ ਨਿਰਵਿਘਨ ਜਾਰੀ ਰਹਿਣਗੇ, ਸਿਵਲ ਹਸਪਤਾਲ 'ਚ ਸਮਾਜ ਸੇਵੀ ਇਸ ਕੈਂਪ 'ਚ ਸ਼ਹਿਰ ਦੀਆਂ ਸਾਰੀਆਂ ਹੀ ਲੋਕ ਸੇਵਾ ਸੁਸਾਇਟੀ, ਕਰ ਭਲਾ ਹੋ ਭਲਾ, ਬਲੱਡ ਸੇਵਾ ਸੁਸਾਇਟੀ, ਬਲੱਡ ਡੋਨਰ ਫੈਮਿਲੀ, ਹੈਲਪਿੰਗ ਹੈਂਡਸ ਦੇ ਸਹਿਯੋਗ ਨਾਲ ਲਾਇਆ ਗਿਆ। ਕੈਂਪ ਲਾਉਣ ਦਾ ਅਸਲ ਮਕਸਦ ਸਵ: ਅਮਿਤ ਅਰੋੜਾ ਨੂੰ ਸ਼ਰਧਾਂਜਲੀ ਦੇਣਾ ਹੀ ਸੀ। ਕੈਂਪ ਵਿੱਚ 65 ਯੂਨਿਟ ਖ਼ੂਨਦਾਨ ਕੀਤਾ ਗਿਆ।

## ਮਨਦੀਪ ਸਿੰਘ ਮਾਨ ਕੋਟਲਾ 'ਆਪ' ਸੰਗਠਨ ਇੰਚਾਰਜ ਨਿਯੁਕਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਆਮ ਆਦਮੀ ਪਾਰਟੀ (ਆਪ) ਦੀ ਹਾਈਕਮਾਂਡ ਨੇ ਮਾਰਕੀਟ ਕਮੇਟੀ ਦੇ ਬਾਘਾ ਪੁਰਾਣਾ ਦੇ ਚੇਅਰਮੈਨ ਮਨਦੀਪ ਸਿੰਘ ਮਾਨ ਕੋਟਲਾ ਨੂੰ ਹਲਕਾ ਬਾਘਾ ਪੁਰਾਣਾ ਦਾ ਸੰਗਠਨ ਇੰਚਾਰਜ ਨਿਯੁਕਤ ਕੀਤਾ ਹੈ।ਇਸ ਨਿਯੁਕਤੀ ਨਾਲ ਪਾਰਟੀ ਦੇ ਸਥਾਨਕ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦੀ ਉਮੀਦ ਜਤਾਈ ਜਾ ਰਹੀ ਹੈ।ਚੇਅਰਮੈਨ ਮਨਦੀਪ ਸਿੰਘ ਮਾਨ ਕੋਟਲਾ ਨੇ ਇਸ ਨਵੀਂ ਜ਼ਿੰਮੇਵਾਰੀ ਲਈ ਆਮ ਆਦਮੀ ਪਾਰਟੀ ਦੀ ਹਾਈਕਮਾਂਡ ਤੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦਾ ਦਿਲੋਂ ਧੰਨਵਾਦ ਕੀਤਾ ਹੈ।ਉਨ੍ਹਾਂ ਕਿਹਾ ਕਿ ਉਹ ਪਾਰਟੀ ਦੇ ਵਿਸ਼ਵਾਸ 'ਤੇ ਖਰਾ ਉਤਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ ਤੇ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਾਉਣ ਲਈ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪੁਚਾਉਣਗੇ।ਇਸ ਦੇ ਨਾਲ ਹੀ ਮਨਦੀਪ ਸਿੰਘ ਮਾਨ ਨੇ ਲੁਧਿਆਣਾ ਤੋਂ ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਸੰਜੀਵ ਅਰੋੜਾ ਦੀ ਜਿੱਤ 'ਤੇ ਵੀ ਖੁਸ਼ੀ ਜ਼ਾਹਰ ਕੀਤੀ।ਉਨ੍ਹਾਂ ਕਿਹਾ ਕਿ ਸੰਜੀਵ ਅਰੋੜਾ ਦੀ ਜਿੱਤ ਪਾਰਟੀ ਦੀ ਮਜ਼ਬੂਤੀ ਤੇ ਲੋਕਾਂ ਦੇ ਵਿਸ਼ਵਾਸ ਨੂੰ ਦਰਸਾਉਂਦੀ ਹੈ।ਉਨ੍ਹਾਂ ਅੱਗੇ ਕਿਹਾ ਕਿ ਇਹ ਜਿੱਤ ਪੰਜਾਬ ਦੇ ਵਿਕਾਸ ਅਤੇ ਆਮ ਆਦਮੀ ਦੀ ਆਵਾਜ਼ ਨੂੰ ਕੇਂਦਰੀ ਪੱਧਰ 'ਤੇ ਮਜ਼ਬੂਤ ਕਰੇਗੀ।ਇਸ ਨਿਯੁਕਤੀ ਨੂੰ ਹਲਕਾ ਬਾਘਾ ਪੁਰਾਣਾ ਵਿਚ ਪਾਰਟੀ ਦੀ ਸਰਗਰਮੀਆਂ ਨੂੰ ਤੇਜ਼ ਕਰਨ ਦੀ ਦਿਸ਼ਾ 'ਚ ਅਹਿਮ ਕਦਮ ਮੰਨਿਆ ਜਾ ਰਿਹਾ ਹੈ।ਪਾਰਟੀ ਵਰਕਰਾਂ ਨੇ ਵੀ ਮਨਦੀਪ ਸਿੰਘ ਮਾਨ ਦੀ ਨਿਯੁਕਤੀ 'ਤੇ ਖੁਸ਼ੀ ਜਤਾਈ ਤੇ ਉਨ੍ਹਾਂ ਨੂੰ ਸਹਿਯੋਗ ਦੇਣ ਦਾ ਵਾਅਦਾ ਕੀਤਾ।

## ਐੱਸ ਐੱਸ ਪੀ ਵੱਲੋਂ ਵਪਾਰੀ ਵਰਗ ਦੇ ਨੁਮਾਇੰਦਿਆਂ ਨਾਲ ਮੀਟਿੰਗ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਡਾ. ਪ੍ਰਗਿਆ ਜੈਨ ਐਸ.ਐਸ.ਪੀ ਵੱਲੋਂ ਪੁਲਸ ਲਾਈਨ ਵਿਖੇ ਵਪਾਰੀਆਂ ਨਾਲ ਵਪਾਰੀ ਵਰਗ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਕੀਤੀ ਗਈ।ਮੀਟਿੰਗ ਦਾ ਮਕਸਦ ਸ਼ਹਿਰ ਵਿੱਚ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣਾ ਤੇ ਵਪਾਰਕ ਸਰਗਰਮੀਆਂ ਵਿੱਚ ਆਉਂਦੀਆਂ ਸਮੱਸਿਆਵਾਂ ਨੂੰ ਸੁਣ ਕੇ ਉਨ੍ਹਾਂ ਦਾ ਨਿਵਾਰਨ ਕਰਨਾ ਸੀ।ਮੀਟਿੰਗ ਦੌਰਾਨ ਉਨ੍ਹਾਂ ਵੱਲੋਂ ਵਪਾਰੀ ਵਰਗ ਨੂੰ ਸ਼ਹਿਰ ਵਿਚ ਆਉਂਦੀਆਂ ਦਿੱਕਤਾਂ ਬਾਰੇ ਸੁਣਿਆ ਗਿਆ ਤੇ ਇਸ ਬਾਰੇ ਚਰਚਾ ਕੀਤੀ। ਵਪਾਰੀ ਵਰਗ ਦੇ ਨੁਮਾਇੰਦਿਆ ਵੱਲੋਂ ਵੀ ਫਰੀਦਕੋਟ ਪੁਲਸ ਦੇ ਕੰਮ ਦੀ ਪ੍ਰਸ਼ੰਸਾ ਕੀਤੀ ਗਈ ਅਤੇ ਦੱਸਿਆ ਗਿਆ ਕਿ ਉਹ ਪੁਲਸ ਦੀਆਂ ਸੇਵਾਵਾਂ ਤੋਂ ਸੰਤੁਸ਼ਟ ਹਨ।ਉਨ੍ਹਾਂ ਵੱਲੋਂ ਇਹ ਵੀ ਭਰੋਸਾ ਦਿਵਾਇਆ ਗਿਆ ਕਿ ਭਵਿੱਖ 'ਚ ਵੀ ਉਹ ਪੁਲਸ ਨਾਲ ਪੂਰਾ ਸਹਿਯੋਗ ਦੇਣ ਲਈ ਤਤਪਰ ਰਹਿਣਗੇ।ਮੀਟਿੰਗ ਦੌਰਾਨ ਉਨ੍ਹਾਂ ਨੂੰ ਆਪਣੀਆਂ ਦੁਕਾਨਾਂ ਤੇ ਫੈਕਟਰੀਆਂ 'ਤੇ ਸੀ.ਸੀ.ਟੀ.ਵੀ ਕੈਮਰੇ ਅਤੇ ਚੌਕੀਦਾਰ ਲਾਉਣ ਦੀ ਵੀ ਅਪੀਲ ਕੀਤੀ ਗਈ ਤਾਂ ਜੁ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਵਾਪਰਨ ਤੋ ਰੋਕਿਆ ਜਾ ਸਕੇ।ਐਸ.ਐਸ.ਪੀ. ਡਾ. ਪ੍ਰਗਿਆ ਜੈਨ ਵੱਲੋਂ ਇਸ ਸਬੰਧੀ ਦੱਸਿਆ ਕਿ ਵਪਾਰੀ ਵਰਗ ਕਿਸੇ ਵੀ ਸ਼ਹਿਰ ਦੀ ਆਰਥਿਕ ਰੀੜ੍ਹ ਦੀ ਹੱਡੀ ਹੁੰਦੇ ਹਨ।ਉਨ੍ਹਾਂ ਦੀ ਸੁਰੱਖਿਆ ਤੇ ਆਸਾਨੀ ਨਾਲ ਵਪਾਰ ਕਰਨ ਲਈ ਮਾਹੌਲ ਬਣਾਉਣਾ ਸਾਡੀ ਪਹਿਲੀ ਤਰਜੀਹ ਹੈ।

## ...ਸ.ਫਾ 1 ਦੇ ਬਾਕੀ

### ਕੈਬਨਿਟ ਵੱਲੋਂ ਸਨਅਤੀ ...

ਅਦਾਇਗੀਆਂ ਵਿੱਚ ਦੇਰੀ ਹੁੰਦੀ ਹੈ।ਭਾਰਤ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਦੀ ਤਰਜ਼ ਉੱਤੇ ਹੁਣ ਇਕ ਅਜਿਹਾ ਢਾਂਚਾ ਬਣਾਇਆ ਜਾਵੇਗਾ, ਜਿਸ ਨਾਲ ਪੰਜਾਬ ਲੈਂਡ ਰੈਵੇਨਿਊ ਐਕਟ, 1887 ਅਧੀਨ ਭੌਂ ਮਾਲੀਆ ਦੇ ਬਕਾਇਆ ਵਜੋਂ ਅਜਿਹੇ ਐਵਾਰਡਾਂ ਦੀ ਰਿਕਵਰੀ ਛੇਤੀ ਹੋ ਸਕੇ।ਜੂਨੀਅਰ ਇੰਜਨੀਅਰਜ਼ (ਗਰੁੱਪ-ਬੀ) ਸੇਵਾ ਨਿਯਮਾਂ ਵਿੱਚ ਸੋਧ ਕੈਬਨਿਟ ਨੇ ਪੰਜਾਬ ਜਲ ਸਰੋਤ ਵਿਭਾਗ ਵਿੱਚ ਜੂਨੀਅਰ ਇੰਜਨੀਅਰਜ਼ (ਗਰੁੱਪ-ਬੀ) ਨਾਲ ਸੰਬੰਧਤ ਸੇਵਾ ਨਿਯਮਾਂ ਵਿੱਚ ਸੋਧ ਨੂੰ ਮਨਜ਼ੂਰੀ ਦੇ ਦਿੱਤੀ। ਇਸ ਤਹਿਤ ਜੇ.ਈ. ਦੀਆਂ 15 ਫੀਸਦੀ ਅਸਾਮੀਆਂ ਤਰੱਕੀ ਲਈ ਰਾਖਵੀਆਂ ਹਨ, ਜਿਨ੍ਹਾਂ ਵਿੱਚੋਂ 10 ਫੀਸਦੀ ਅਸਾਮੀਆਂ ਜੂਨੀਅਰ ਡਰਾਫਟਸਮੈਨ, ਸਰਵੇਅਰਾਂ, ਵਰਕ ਮਿਸਤਰੀਆਂ, ਅਰਥ ਵਰਕ ਮਿਸਤਰੀਆਂ ਅਤੇ ਹੋਰਾਂ ਵਿੱਚੋਂ ਭਰੀਆਂ ਜਾਣਗੀਆਂ।ਹੁਣ ਇਸ ਕੋਟੇ ਤਹਿਤ ਨਹਿਰੀ ਪਟਵਾਰੀ ਅਤੇ ਮਾਲੀਆ ਕਲਰਕ ਜਿਨ੍ਹਾਂ ਕੋਲ ਲੋੜੀਂਦੀ ਯੋਗਤਾ (ਕਿਸੇ ਮਾਨਤਾ ਪ੍ਰਾਪਤ ਸੰਸਥਾ ਤੋਂ ਸਿਵਲ, ਮਕੈਨੀਕਲ ਜਾਂ ਇਲੈਕਟ੍ਰੀਕਲ ਇੰਜਨੀਅਰਿੰਗ ਵਿੱਚ ਡਿਪਲੋਮਾ ਜਾਂ ਡਿਗਰੀ) ਹੋਵੇਗੀ ਅਤੇ ਲੋੜੀਂਦਾ ਤਜਰਬਾ ਹੋਵੇਗਾ, ਉਹ ਵੀ ਇਸ ਤਰੱਕੀ ਦੇ ਯੋਗ ਹੋਵੇਗਾ।ਇਸ ਕਦਮ ਨਾਲ ਵਿਭਾਗ ਵਿੱਚ ਤਜਰਬੇਕਾਰ ਮੁਲਾਜ਼ਮ ਆਉਣਗੇ ਅਤੇ ਮੁਲਾਜ਼ਮ ਉੱਚ ਯੋਗਤਾ ਹਾਸਲ ਕਰਨ ਲਈ ਉਤਸ਼ਾਹਿਤ ਹੋਣਗੇ।

#### ਡਾਇਰੈਕਟੋਰੇਟਾਂ ਦੇ ਰਲੇਵੇਂ ਨੂੰ ਹਰੀ ਝੰਡੀ

ਪ੍ਰਸ਼ਾਸਕੀ ਕਾਰਜ ਕੁਸ਼ਲਤਾ ਵਧਾਉਣ ਅਤੇ ਖ਼ਰਚੇ ਘਟਾਉਣ ਲਈ ਕੈਬਨਿਟ ਨੇ ਵਿੱਤ ਵਿਭਾਗ ਅਧੀਨ ਆਉਂਦੇ ਵੱਖ-ਵੱਖ ਡਾਇਰੈਕਟੋਰੇਟਾਂ ਦੇ ਰਲੇਵੇਂ ਨੂੰ ਮਨਜ਼ੂਰੀ ਦੇ ਦਿੱਤੀ। ਇਸ ਤਹਿਤ ਛੋਟੀਆਂ ਬੱਚਤਾਂ, ਬੈਂਕਿੰਗ ਤੇ ਫਾਇਨਾਂਸ ਅਤੇ ਲਾਟਰੀਜ਼ ਡਾਇਰੈਕਟੋਰੇਟਾਂ ਦਾ ਰਲੇਵਾਂ ਹੋਵੇਗਾ ਅਤੇ ਹੁਣ ਇਸ ਦਾ ਨਾਂਅ ਡਾਇਰੈਕਟੋਰੇਟ ਆਫ਼ ਸਮਾਲ ਸੇਵਿੰਗਜ਼, ਬੈਂਕਿੰਗ ਅਤੇ ਲਾਟਰੀਜ਼ ਹੋਵੇਗਾ। ਡੀ.ਪੀ.ਈ.ਐਂਡ. ਅਤੇ ਡੀ.ਐੱਫ.ਆਰ.ਈ.ਆਈ. ਦਾ ਵੀ ਆਪਸ ਵਿੱਚ ਰਲੇਵਾਂ ਹੋਵੇਗਾ ਅਤੇ ਇਸ ਦਾ ਨਾਂਅ ਡਾਇਰੈਕਟੋਰੇਟ ਆਫ਼ ਪਬਲਿਕ ਇੰਟਰਪ੍ਰਾਈਜਜ਼ ਅਤੇ ਫਾਇਨੈਂਸ਼ਲ ਰਿਸੋਰਸਜ਼ ਹੋਵੇਗਾ। ਟਰੈਜ਼ਰੀ ਤੇ ਅਕਾਊਂਟਸ, ਪੈਨਸ਼ਨਜ਼ ਅਤੇ ਐੱਨ.ਪੀ.ਐੱਸ. ਦੇ ਵੱਖ-ਵੱਖ ਡਾਇਰੈਕਟੋਰੇਟਾਂ ਦਾ ਵੀ ਆਪਸ ਵਿੱਚ ਰਲੇਵਾਂ ਹੋਵੇਗਾ ਅਤੇ ਹੁਣ ਇਸ ਦਾ ਨਾਂਅ ਡਾਇਰੈਕਟੋਰੇਟ ਆਫ਼ ਟਰੈਜ਼ਰੀ ਐਂਡ ਅਕਾਊਂਟਸ, ਪੈਨਸ਼ਨ ਅਤੇ ਐੱਨ.ਪੀ.ਐੱਸ. ਹੋਵੇਗਾ। ਇਸ ਪੁਨਰਗਠਨ ਨਾਲ ਸੂਬੇ ਦੇ ਲੱਗਭੱਗ 2.64 ਕਰੋੜ ਰੁਪਏ ਸਾਲਾਨਾ ਬਚਣ ਦੀ ਸੰਭਾਵਨਾ ਹੈ।

#### ਨਵੀਂਆਂ ਅਸਾਮੀਆਂ ਸਿਰਜਣ ਦੀ ਪ੍ਰਵਾਨਗੀ

ਕੈਬਨਿਟ ਨੇ ਭਾਰਤ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਮੁਤਾਬਕ ਚੰਡੀਗੜ੍ਹ ਵਿੱਚ ਸਥਾਪਤ ਸਟੇਟ ਐੱਸ.ਐੱਨ.ਏ. ਟਰੈਜ਼ਰੀ ਲਈ ਨਵੀਆਂ ਅਸਾਮੀਆਂ ਸਿਰਜਣ ਦੀ ਵੀ ਸਹਿਮਤੀ ਦੇ ਦਿੱਤੀ।

ਕੇਂਦਰੀ ਸਹਾਇਤਾ ਪ੍ਰਾਪਤ ਸਕੀਮਾਂ ਅਧੀਨ ਫੰਡਾਂ ਦਾ ਤਬਾਦਲਾ ਹੁਣ ਐੱਸ.ਐੱਨ.ਏ. ਸਪਰਸ਼ ਪ੍ਰਣਾਲੀ ਰਾਹੀਂ ਹੋਵੇਗਾ। ਸਟੇਟ ਐੱਸ.ਐਨ.ਏ. ਟਰੈਜ਼ਰੀ ਨੂੰ ਕਾਰਜਸ਼ੀਲ ਕਰਨ ਲਈ ਨੌਂ ਅਸਾਮੀਆਂ ਮਨਜ਼ੂਰ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਜ਼ਿਲ੍ਹਾ ਖ਼ਜ਼ਾਨਾ ਅਫ਼ਸਰ, ਖ਼ਜ਼ਾਨਾ ਅਫ਼ਸਰ, ਦੋ ਸੀਨੀਅਰ ਸਹਾਇਕ, ਚਾਰ ਕਲਰਕ ਅਤੇ ਇਕ ਸੇਵਾਦਾਰ ਸ਼ਾਮਲ ਹੈ।

### ਕੀ ਮਜੀਠੀਆ ਦੇ ਘਰ...

ਵਿੱਚ ਉਨ੍ਹਾਂ ਦੀ ਸੰਭਾਵੀ ਭੂਮਿਕਾ ਬਾਰੇ ਗੰਭੀਰ ਸ਼ੰਕੇ ਪੈਦਾ ਕਰਦੀ ਹੈ।

ਉਹਨਾ ਸਵਾਲ ਉਠਾਇਆ ਕਿ ਮਜੀਠੀਆ ਦਾ ਕਾਰੋਬਾਰ ਏਨੇ ਘੱਟ ਸਮੇਂ ਵਿੱਚ ਏਨੀ ਤੇਜ਼ੀ ਨਾਲ ਕਿਵੇਂ ਵਧਿਆ। ਇਹ ਜਾਇਜ਼ ਕਾਰੋਬਾਰੀ ਵਾਧੇ ਦੀਆਂ ਕਾਰਵਾਈਆਂ ਨਹੀਂ ਹਨ, ਸਗੋਂ ਆਰਥਿਕਤਾ ਵਿੱਚ ਨਸ਼ੀਲੇ ਪਦਾਰਥਾਂ ਦੇ ਪੈਸੇ ਦੇ ਪ੍ਰਵਾਹ ਦਾ ਪ੍ਰਤੀਬਿੰਬ ਹਨ।

ਅਮਨ ਅਰੋੜਾ ਨੇ ਵਿਰੋਧੀ ਪਾਰਟੀਆਂ ਦੀ ਮਜੀਠੀਆ ਦੇ ਸਪੱਸ਼ਟ ਸਮਰਥਨ ਲਈ ਸਖ਼ਤ ਆਲੋਚਨਾ ਕੀਤੀ। ਉਨ੍ਹਾ 'ਤੇ ਪੰਜਾਬ ਦੇ ਡਰੱਗ ਸੰਕਟ ਵਿੱਚ ਸ਼ਮੂਲੀਅਤ ਦਾ ਦੋਸ਼ ਲਗਾਇਆ। ਉਨ੍ਹਾ 2021 ਵਿੱਚ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਮਜੀਠੀਆ ਵਿਰੁੱਧ ਦਰਜ ਕੀਤੀ ਗਈ ਐੱਫ ਆਈ ਆਰ 'ਤੇ ਸਵਾਲ ਉਠਾਇਆ ਅਤੇ ਕਿਹਾ ਕਿ ਇਹ ਸਿਰਫ਼ ਇੱਕ ਚੋਣ ਚਾਲ ਹੋ ਸਕਦੀ ਹੈ, ਜਿਸ ਵਿੱਚ ਇਨਸਾਫ਼ ਨਾਲ ਕੋਈ ਲੈਣਾ-ਦੇਣਾ ਹੀ ਨਹੀਂ ਸੀ।

ਉਹਨਾ ਮਜੀਠੀਆ ਵਿਰੁੱਧ 2014 ਦੀ ਈ ਡੀ ਜਾਂਚ ਵਿੱਚ ਭਾਜਪਾ ਦੀ ਦਖ਼ਲਅੰਦਾਜ਼ੀ ਨੂੰ ਉਜਾਗਰ ਕੀਤਾ ਅਤੇ ਕਿਹਾ ਕਿ ਈ ਡੀ ਦੇ ਤਤਕਾਲੀ ਡਿਪਟੀ ਡਾਇਰੈਕਟਰ ਨਿਰੰਜਨ ਸਿੰਘ, ਜੋ ਜਾਂਚ ਦੀ ਅਗਵਾਈ ਕਰ ਰਹੇ ਸਨ, ਦਾ ਅਚਾਨਕ ਤਬਾਦਲਾ ਕਰ ਦਿੱਤਾ ਗਿਆ ਸੀ। ਉਨ੍ਹਾਂ ਕਿਹਾ—ਇਸ ਜਾਣਬੁੱਝ ਕੇ ਕੀਤੇ ਗਏ ਕਦਮ ਨੇ ਤਰੱਕੀ ਨੂੰ ਰੋਕਿਆ ਅਤੇ ਮਜੀਠੀਆ ਨੂੰ ਜਵਾਬਦੇਹੀ ਤੋਂ ਬਚਾਇਆ।

ਇਸ ਤੋਂ ਇਲਾਵਾ ਉਨ੍ਹਾ ਅਕਾਲੀ ਦਲ 'ਤੇ ਸਿੱਖ ਕਦਰਾਂ-ਕੀਮਤਾਂ ਨਾਲ ਵਿਸ਼ਵਾਸਘਾਤ ਕਰਨ ਦਾ ਦੋਸ਼ ਲਗਾਇਆ ਅਤੇ ਕਿਹਾ ਕਿ ਉਨ੍ਹਾ ਦੇ ਕਾਰਜਕਾਲ ਦੌਰਾਨ ਪੰਜਾਬ ਵਿੱਚ ਨਸ਼ਿਆਂ ਦਾ ਧੰਦਾ ਵੱਡੇ ਪੱਧਰ 'ਤੇ ਹੋਇਆ, ਜਿਸ ਨੇ ਅਣਗਿਣਤ ਲੋਕਾਂ ਦੀਆਂ ਜ਼ਿੰਦਗੀਆਂ ਤਬਾਹ ਕਰ ਦਿੱਤੀਆਂ।

ਅਰੋੜਾ ਨੇ ਕਿਹਾ ਕਿ ਉਨ੍ਹਾਂ ਦੇ ਬਿਆਨਾਂ ਤੋਂ ਇਹ ਸਪੱਸ਼ਟ ਹੈ ਕਿ ਇਹ ਪਾਰਟੀਆਂ ਆਪਸ ਵਿੱਚ ਮਿਲੀਆਂ ਹੋਈਆਂ ਹਨ, ਉਹ ਮਜੀਠੀਆ ਦਾ ਸਮਰਥਨ ਕਰਨ ਕਰਕੇ ਬਰਾਬਰ ਦੇ ਦੋਸ਼ੀ ਹਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

27 Jun Page-3.qxd 6/26/2025 11:11 PM Page 1



# 35 ਗ੍ਰਾਮ ਹੈਰੋਇਨ ਸਮੇਤ 2 ਕਾਬੂ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਥਾਣਾ ਕੰਬੋਅ ਦੀ ਪੁਲਸ ਵੱਲੋਂ 35 ਗ੍ਰਾਮ ਹੈਰੋਇਨ ਸਮੇਤ 02 ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਇਸ ਸਬੰਧੀ ਐੱਸਐੱਸਪੀ ਮਨਿੰਦਰ ਸਿੰਘ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਥਾਣਾ ਕੰਬੋਅ ਪੁਲਸ ਵੱਲੋਂ ਐੱਸਐੱਚਓ ਅਜੇਪਾਲ ਸਿੰਘ ਦੀ ਅਗਵਾਈ ਹੇਠ ਦੌਰਾਨੇ ਗਸ਼ਤ ਸੂਆ ਪਿੰਡ ਖੇਰਾਬਾਦ ਤੋਂ ਹਰਪ੍ਰੀਤ ਸਿੰਘ ਪੁੱਤਰ ਨਰਿੰਦਰ ਸਿੰਘ ਵਾਸੀ ਢੀਂਗਰਾ ਕਲੋਨੀ ਅਤੇ ਕਰਨਦੀਪ ਸਿੰਘ ਪੁੱਤਰ ਨਰਿੰਦਰ ਸਿੰਘ ਵਾਸੀ ਘੰਨੂਪੁਰ ਕਾਲੇ ਹਾਲ ਵਾਸੀ ਢੀਂਗਰਾ ਕਲੋਨੀ ਨੂੰ 35 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਉਕਤ ਦੋਵਾਂ ਦੋਸ਼ੀਆਂ ਖਿਲਾਫ ਥਾਣਾ ਕੰਬੋਅ ਵਿਖੇ ਮੁਕੱਦਮਾ ਨੰ 104 ਮਿਤੀ 24-06-25 ਜੁਰਮ 21-61-85 ਐੱਨਡੀਪੀਐੱਸ ਐਕਟ ਤਹਿਤ ਦਰਜ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਉਕਤ ਮੁਲਜ਼ਮਾਂ ਦੇ ਫਾਰਵਰਡ ਅਤੇ ਬੈਕਵਰਡ ਲਿੰਕਾਂ ਨੂੰ ਖੰਗਾਲਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਹੋਰ ਜਿਸ ਕਿਸੇ ਦੀ ਵੀ ਸ਼ਮੂਲੀਅਤ ਸਾਹਮਣੇ ਆਵੇਗੀ ਉਸ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਸੱਚ ਨੂੰ ਦਬਾਉਣ ਲਈ ਵਿਜੀਲੈਂਸ ਨੇ ਬਿਕਰਮ ਮਜੀਠੀਆ ਨੂੰ ਕੀਤਾ ਗ੍ਰਿਫਤਾਰ : ਨਵਜੋਤ ਸੈਣੀ, ਲਾਲੀਆ

**ਗੁਰਦਾਸਪੁਰ (ਜਨਕ ਮਹਾਜਨ)**- ਆਪਣੇ ਮੰਤਰੀਆਂ ਦੇ ਕਾਲੇ ਕਾਰਨਾਮੇ ਜੱਗ ਜ਼ਾਹਰ ਹੋਣ ਦੇ ਘਬਰਾਇਆ ਭਗਵੰਤ ਮਾਨ ਨੇ ਸੱਚ ਦੀ ਆਵਾਜ਼ ਨੂੰ ਦਬਾਉਣ ਲਈ ਬਿਕਰਮ ਸਿੰਘ ਮਜੀਠੀਆ ਨੂੰ ਵਿਜੀਲੈਂਸ ਤੋਂ ਗ੍ਰਿਫਤਾਰ ਕਰਵਾਇਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਵਜੋਤ ਸਿੰਘ ਸੈਣੀ ਆਈ.ਟੀ. ਵਿੰਗ ਇੰਚਾਰਜ ਦੀਨਾਨਗਰ, ਸਰਬਜੀਤ ਸਿੰਘ ਲਾਲੀਆ ਸਰਕਲ ਪ੍ਰਧਾਨ ਪੁਰਾਣਾ ਸ਼ਾਲਾ, ਅਜੀਤ ਸਿੰਘ ਸਰਕਲ ਪ੍ਰਧਾਨ ਕਲੀਚਪੁਰ ਅਤੇ ਹਰਪ੍ਰੀਤ ਸਿੰਘ ਸਰਕਲ ਪ੍ਰਧਾਨ ਗਾਜੀਕੋਟ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇਸ ਧੱਕੇਸ਼ਾਹੀ ਦੀ ਨਿੰਦਾ ਕਰਦਾ ਹੈ ਤੇ ਮਜੀਠੀਆ ਦੇ ਨਾਲ ਡਟ ਕੇ ਖੜ੍ਹਾ ਹੈ। ਉਨ੍ਹਾਂ ਕਿਹਾ ਬਿਕਰਮ ਮਜੀਠੀਆ ਨੇ 'ਆਪ' ਸਰਕਾਰ ਦੀਆਂ ਨਾਕਾਮੀਆਂ ਨੂੰ ਬੇਬਾਕੀ ਨਾਲ ਲੋਕਾਂ ਸਾਹਮਣੇ ਰੱਖਦਾ ਸੀ ਜਿਸ ਕਰਕੇ ਬੌਖਲਾਹਟ ਵਿਚ ਆ ਕੇ ਮਾਨ ਸਰਕਾਰ ਨੇ ਮਜੀਠੀਆ ਨੂੰ ਗ੍ਰਿਫਤਾਰ ਕਰਵਾਇਆ ਹੈ। ਉਨ੍ਹਾਂ ਕਿਹਾ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਹੀ ਪੰਜਾਬ ਨਾਲ ਹੁੰਦੀ ਧੱਕੇਸ਼ਾਹੀ ਨੂੰ ਉਜਾਗਰ ਕਰਦਾ ਰਹੇਗਾ ਅਤੇ ਪੰਜਾਬ ਸਰਕਾਰ ਵਲੋਂ ਕੀਤੀਆਂ ਜਾਣ ਵਾਲੀਆਂ ਗ੍ਰਿਫ਼ਤਾਰੀਆਂ ਤੋਂ ਡਰੇਗਾ ਨਹੀਂ।

# ਸਰਪੰਚ ਕਰਿਆਨਾ ਸਟੋਰ 'ਤੇ 2 ਮੋਟਰਸਾਈਕਲ ਸਵਾਰਾਂ ਨੇ ਚਲਾਈਆਂ ਗੋਲੀਆਂ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਬੀਤੇ ਕੱਲ੍ਹ ਸ਼ਾਮ ਨੂੰ ਕਸਬਾ ਟਾਂਗਰਾ ਵਿਖੇ ਸਰਪੰਚ ਕਰਿਆਨਾ ਸਟੋਰ 'ਤੇ ਮੋਟਰਸਾਈਕਲ ਸਵਾਰਾਂ ਵੱਲੋਂ ਗੋਲੀਆਂ ਚਲਾਈਆਂ ਗਈਆਂ। ਪੁਲਸ ਚੌਂਕੀ ਟਾਂਗਰਾ ਵਿੱਚ ਦਰਜ ਕਰਵਾਈ ਗਈ ਲਿਖਤੀ ਰਿਪੋਰਟ ਵਿਚ

- **ਕੁਝ ਦਿਨ ਪਹਿਲਾਂ ਵਿਦੇਸ਼ੀ ਨੰਬਰ ਫੋਨ ਰਾਹੀਂ ਫਿਰੌਤੀ ਦੀ ਕੀਤੀ ਸੀ ਮੰਗ**

ਵਿਕਾਸ ਕੁਮਾਰ ਪੁੱਤਰ ਰਮੇਸ਼ ਕੁਮਾਰ ਵਾਸੀ ਟਾਂਗਰਾ ਨੇ ਦੱਸਿਆ ਕਿ ਅਸੀਂ ਕਰਿਆਨੇ ਦੀ ਦੁਕਾਨ ਅੰਦਰ ਬੈਠੇ ਸੀ ਕਿ ਸ਼ਾਮ ਸਾਢੇ ਸੱਤ ਵਜੇ ਦੇ ਲਗਭਗ ਦੋ ਨੌਜਵਾਨ ਜਿਨ੍ਹਾਂ ਨੇ ਮੂੰਹ ਬੰਨ੍ਹੇ ਹੋਏ ਸਨ, ਸਾਨੂੰ ਮਾਰਨ ਦੀ ਨੀਅਤ ਨਾਲ ਦੁਕਾਨ ਵੱਲ ਫਾਇਰ ਦੀਆਂ ਗੋਲੀਆਂ ਚਲਾਈਆਂ। ਅਸੀਂ ਕਾਊਂਟਰ ਦੇ ਪਿੱਛੇ ਹੇਠਲੇ ਲੁਕ ਗਏ ਅਤੇ ਗੋਲੀਆਂ ਲੱਗਣ ਨਾਲ ਦੁਕਾਨ ਦੇ ਸਾਰੇ ਸ਼ੀਸ਼ੇ ਟੁੱਟ ਗਏ। ਦੋਵੇਂ ਨੌਜਵਾਨ ਕਾਲੇ ਰੰਗ ਦੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਮੌਕੇ ਤੋਂ ਫਰਾਰ ਹੋ ਗਏ। ਵਿਕਾਸ ਕੁਮਾਰ ਨੇ ਦੱਸਿਆ ਕਿ 11 ਜੂਨ ਨੂੰ ਮੇਰੇ ਮੋਬਾਇਲ ਨੰਬਰ 'ਤੇ ਵਿਦੇਸ਼ੀ ਨੰਬਰ ਵਟਸਐਪ +14376006072 ਤੋਂ ਕਾਲ ਆਈ ਸੀ ਜਿਸ ਵਿੱਚ ਕਾਲ ਕਰਨ ਵਾਲੇ ਨੇ ਕਿਹਾ ਕਿ ਮੈਂ ਹੈਪੀ ਜੱਟ ਵਾਸੀ ਜੰਡਿਆਲਾ ਗੁਰੂ ਬੋਲ ਰਿਹਾ ਹਾਂ ਅਤੇ ਮੇਰੇ ਪਾਸੋਂ ਪੈਸੇ ਦੀ ਮੰਗ ਕਰਨ ਲੱਗ ਪਿਆ। ਮੈਂ ਉਸ ਨੂੰ ਕਿਹਾ ਕਿ ਮੈਂ ਪੈਸੇ ਕਿਉਂ ਦੇਵਾਂ ਤਾਂ ਉਸ ਵਿਅਕਤੀ ਨੇ ਧਮਕੀ ਦੇ ਕੇ ਕਿਹਾ ਕਿ ਤੈਨੂੰ ਬਹੁਤ ਜਲਦੀ ਪਤਾ ਲੱਗ ਜਾਵੇਗਾ। ਮੈਂ ਫੋਨ ਬੰਦ ਕਰ ਦਿੱਤਾ। ਗੋਲੀ ਚੱਲਣ ਦੀ ਘਟਨਾ ਦਾ ਪਤਾ ਲੱਗਣ 'ਤੇ ਤੁਰੰਤ ਡੀ ਐਸ ਪੀ ਜੰਡਿਆਲਾ ਗੁਰੂ ਰਵਿੰਦਰ ਸਿੰਘ, ਐਸ ਐਚ ਓ ਬਲਵਿੰਦਰ ਸਿੰਘ ਬਾਜਵਾ, ਚੌਂਕੀ ਇੰਚਾਰਜ ਟਾਂਗਰਾ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚ ਗਏ। ਡੀ ਐਸ ਪੀ ਰਵਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਲੋਕਾਂ ਨੂੰ ਪੁਲਸ ਨਾਲ ਸਹਿਯੋਗ ਕਰਨਾ ਚਾਹੀਦਾ ਹੈ। ਲੋਕਾਂ ਦੇ ਸਹਿਯੋਗ ਤੋਂ ਬਿਨਾਂ ਇਨ੍ਹਾਂ ਘਟਨਾਵਾਂ 'ਤੇ ਮੁਕੰਮਲ ਤੌਰ 'ਤੇ ਕਾਬੂ ਪਾਉਣਾ ਮੁਸ਼ਕਲ ਕੰਮ ਹੈ। ਲੁੱਟਾਂ ਖੋਹਾਂ ਫਿਰੌਤੀਆਂ ਮੰਗਣ ਵਾਲਿਆਂ ਨੂੰ ਮੌਕੇ 'ਤੇ ਕਾਬੂ ਕਰਨ ਲਈ। ਜਿਹਨਾਂ ਲੋਕਾਂ ਨੂੰ ਫਿਰੌਤੀ ਮੰਗੇ ਜਾਣ ਦਾ ਫੋਨ ਆਉਂਦਾ ਹੈ ਤਾਂ ਪੁਲਸ ਨੂੰ ਤੁਰੰਤ ਸੂਚਿਤ ਕਰਨ। ਮੋਬਾਇਲ ਨੰਬਰ ਦੁਆਰਾ ਜਾਂਚ ਪੜਤਾਲ ਕਰਕੇ ਇਨ੍ਹਾਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲਿਆਂ 'ਤੇ ਕਾਬੂ ਪਾਇਆ ਜਾ ਸਕਦਾ ਹੈ। ਪੁਲਸ ਵੱਲੋਂ ਅਣਪਛਾਤਿਆਂ ਵਿਅਕਤੀਆਂ ਵਿਰੁੱਧ ਥਾਣਾ ਤਰਸਿੱਕਾ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ।





# ਝਬਾਲ ਪੁਖਤਾ ਪੰਚਾਇਤ ਦਾ ਅਜਲਾਸ ਪਿੰਡ ਵਾਸੀਆਂ ਦੀ ਇਕੱਤਰਤਾ 'ਚ ਕਰਵਾਇਆ ਜਾਵੇ : ਭਾਈ ਮਨਜੀਤ ਸਿੰਘ

**ਸਰਾਏ ਅਮਾਨਤ ਖਾਂ (ਮੌਂਟਾ ਮਨੇਸ਼)**- ਗ੍ਰਾਮ ਪੰਚਾਇਤ ਝਬਾਲ ਪੁਖਤਾ ਦੇ ਆਗੂ ਭਾਈ ਮਨਜੀਤ ਸਿੰਘ ਝਬਾਲ, ਜਥੇ. ਕੁਲਵੰਤ ਸਿੰਘ, ਮੈਂਬਰ ਪ੍ਰਗਟ ਸਿੰਘ, ਅਜੀਤ ਸਿੰਘ, ਹਰਪ੍ਰੀਤ ਸਿੰਘ, ਵਰਿੰਦਰਪਾਲ ਸਿੰਘ ਅਤੇ ਤੇਜਿੰਦਰ ਸਿੰਘ ਆਦਿ ਨੇ ਡੀ. ਸੀ. ਤਰਨਤਾਰਨ, ਏ. ਡੀ. ਸੀ. ਵਿਕਾਸ ਆਦਿ ਨੂੰ ਦਰਖਾਸਤ ਭੇਜ ਕੇ ਮੰਗ ਕੀਤੀ ਹੈ ਕਿ ਝਬਾਲ ਪੁਖਤਾ ਪੰਚਾਇਤ ਦਾ ਪੰਚਾਇਤੀ ਅਜਲਾਸ ਪਿੰਡ ਵਾਸੀਆਂ ਦੀ ਇਕੱਤਰਤਾ ਵਿੱਚ ਕਰਵਾਇਆ ਜਾਵੇ ਤਾਂ ਕਿ ਪਿੰਡ ਦੇ ਰਹਿੰਦੇ ਵਿਕਾਸ ਕੰਮਾਂ ਬਾਰੇ ਮਤੇ ਪਾਏ ਜਾ ਸਕਣ।ਉਪਰੋਕਤ ਆਗੂਆਂ ਨੇ ਕਿਹਾ ਕਿ ਪਿੰਡ ਵਿੱਚ ਆਮ ਅਜਲਾਸ ਕਰਾਉਣ ਦੀ ਬਜਾਏ ਅਜਲਾਸ ਦਾ ਟਾਈਮ ਰੱਖ ਕੇ ਵਾਰ-ਵਾਰ ਲੋਕਾਂ ਨੂੰ ਖੱਜਲ ਖਰਾਬ ਕੀਤਾ ਜਾ ਰਿਹਾ ਹੈ ਤੇ ਅਜਲਾਸ ਦੀਆਂ ਤਰੀਕਾਂ ਵਾਰ-ਵਾਰ ਕੈਂਸਲ ਕੀਤੀਆਂ ਜਾ ਰਹੀਆਂ ਹਨ।ਇਸ ਸਬੰਧੀ ਸਰਪੰਚ ਝਬਾਲ ਪੁਖਤਾ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਕਿਹਾ ਕਿਸੇ ਘਰੇਲੂ ਕੰਮ ਕਰਕੇ ਉਹ ਹਾਜ਼ਰ ਨਹੀਂ ਸਨ ਜਿਸ ਕਰਕੇ ਹੁਣ ਜਲਦੀ ਹੀ ਪਿੰਡ ਵਿੱਚ ਆਮ ਅਜਲਾਸ ਕਰਕੇ ਵਿਕਾਸ ਸਬੰਧੀ ਮਤੇ ਪਾਏ ਜਾਣਗੇ।



# ਮੀਂਹ ਤੋਂ ਬਾਅਦ ਸ਼ਹਿਰ 'ਚ ਜਮ੍ਹਾਂ ਪਾਣੀ ਦੀ ਨਿਕਾਸੀ ਨੂੰ ਅਧਿਕਾਰੀ ਯਕੀਨੀ ਬਣਾਉਣ : ਕਮਿਸ਼ਨਰ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**-ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਸ਼ਹਿਰ ਦੀਆਂ ਪ੍ਰਮੁੱਖ ਸੜਕਾਂ ਦੇ ਰੱਖ-ਰਖਾਵ ਨੂੰ ਬਣਾਏ ਰੱਖਣ ਲਈ ਨਗਰ ਨਿਗਮ ਦੇ ਅਧਿਕਾਰੀਆਂ ਤੋਂ ਇਲਾਵਾ ਐੱਲ. ਐਂਡ ਟੀ. ਕੰਪਨੀ, ਪੀ. ਡਬਲਯੂ. ਡੀ. ਅਤੇ ਟ੍ਰੈਫਿਕ ਪੁਲਸ ਅਧਿਕਾਰੀਆਂ ਨਾਲ ਹਫਤਾਵਾਰੀ ਮੀਟਿੰਗ ਕੀਤੀ ਗਈ ਜਿਸ ਵਿੱਚ ਕੰਮਾਂ ਦੀ ਪ੍ਰਗਤੀ ਰਿਪੋਰਟ ਬਾਰੇ ਜਾਣਕਾਰੀ ਲਈ ਗਈ ।ਅਧਿਕਾਰੀਆਂ ਵੱਲੋਂ ਕਰਵਾਏ ਗਏ ਵੱਖ-ਵੱਖ ਵਿਕਾਸ ਕੰਮਾਂ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ ਪਰ ਕਮਿਸ਼ਨਰ ਵਲੋਂ ਨਹਿਰੀ ਪਾਣੀ ਯੋਜਨਾ ਅਧੀਨ ਐੱਲ. ਐਂਡ ਟੀ. ਕੰਪਨੀ ਵੱਲੋਂ ਪਾਣੀ ਦੀਆਂ ਪਾਇਪਾਂ ਨੂੰ ਵਿਛਾਉਣ ਲਈ ਪੁੱਟੀਆਂ ਗਈਆਂ ਸੜਕਾਂ ਨੂੰ ਸਮੇਂ ਸਿਰ ਰਿਪੇਅਰ ਨਾ ਕਰਨ 'ਤੇ ਸਖਤ ਨੋਟਿਸ ਲਿਆ ਗਿਆ ਅਤੇ ਕੰਪਨੀ ਨੂੰ ਚੇਤਾਵਨੀ ਪੱਤਰ ਦੇਣ ਦੀ ਹਦਾਇਤ ਕੀਤੀ ਗਈ ਅਤੇ ਜੇਕਰ ਫਿਰ ਵੀ ਕੰਮ ਨੇਪਰੇ ਨਹੀਂ ਚਾੜ੍ਹਿਆ ਜਾਂਦਾ ਤਾਂ ਜੁਰਮਾਨਾ ਪਾਉਣ ਦੇ ਵੀ ਹੁਕਮ ਕੀਤੇ ਗਏ ।ਮੀਟਿੰਗ ਦੌਰਾਨ ਪੀਡਬਲਯੂਡੀ ਦੇ ਅਧਿਕਾਰੀਆਂ ਵੱਲੋਂ ਜਾਣੂ ਕਰਵਾਇਆ ਗਿਆ ਕਿ ਨਿਗਮ ਦੀ ਹਦੂਦ ਅੰਦਰ ਉਨ੍ਹਾਂ ਅਧੀਨ ਆਉਂਦੀਆਂ ਸੜਕਾਂ 'ਤੇ ਵਿਕਾਸ ਕੰਮ ਕਰਵਾਉਣ ਲਈ ਤਖਮੀਨੇ ਤਿਆਰ ਕੀਤੇ ਗਏ ਹਨ ਜਿਨ੍ਹਾਂ ਦੀ ਮਨਜ਼ੂਰੀ ਤੋਂ ਬਾਅਦ ਇਹ ਕੰਮ ਮੁਕੰਮਲ ਕਰਵਾ ਲਏ ਜਾਣਗੇ ।ਟ੍ਰੈਫਿਕ ਪੁਲਸ ਅਧਿਕਾਰੀਆਂ ਵੱਲੋਂ ਸ਼ਹਿਰ ਵਿੱਚ ਨਜਾਇਜ਼ ਕਬਜ਼ਿਆਂ ਨੂੰ ਹਟਾਉਣ ਲਈ ਨਗਰ ਨਿਗਮ ਦਾ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ ਗਿਆ ।ਇਸ ਮੀਟਿੰਗ ਵਿੱਚ ਵਧੀਕ ਕਮਿਸ਼ਨਰ ਸੁਰਿੰਦਰ ਸਿੰਘ, ਨਿਗਰਾਨ ਇੰਜੀਨੀਅਰ ਸੰਦੀਪ ਸਿੰਘ, ਕਾਰਜਕਾਰੀ ਇੰਜੀਨੀਅਰ ਭਲਿੰਦਰ ਸਿੰਘ, ਮਨਜੀਤ ਸਿੰਘ, ਐੱਸ. ਪੀ. ਸਿੰਘ, ਸਵਰਾਜਇੰਦਰ ਪਾਲ ਸਿੰਘ, ਸੁਨੀਲ ਮਹਾਜਨ, ਸਿਹਤ ਅਫਸਰ ਡਾ. ਕਿਰਨ, ਡਾ. ਯੋਗੇਸ਼ ਅਰੋੜਾ, ਏ. ਐੱਮ. ਓ. ਐੱਚ, ਡਾ. ਰਮਾ ਅਸਟੇਟ ਅਫਸਰ ਧਰਮਿੰਦਰਜੀਤ ਸਿੰਘ ਤੋਂ ਇਲਾਵਾ ਐੱਲ. ਐਂਡ ਟੀ. ਕੰਪਨੀ ਦੇ ਸੰਜੇ ਕੁਮਾਰ, ਰਾਹੁਲ ਪਟੇਲ ਪੀਡਬਲਯੂਡੀ ਦੇ ਐੱਸਡੀਓ ਲਖਬੀਰ ਸਿੰਘ ਅਤੇ ਟ੍ਰੈਫਿਕ ਪੁਲਸ ਦੇ ਏਸੀਪੀ ਪਵਨ ਕੁਮਾਰ ਸ਼ਾਮਲ ਸਨ।ਉਨ੍ਹਾਂ ਕਿਹਾ ਕਿ ਓ ਐਂਡ ਐੱਮ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਬਾਰਿਸ਼ ਤੋਂ ਬਾਅਦ ਸੜਕਾਂ 'ਤੇ ਪਾਣੀ ਦੀ ਨਿਕਾਸੀ ਨੂੰ ਯਕੀਨੀ ਬਣਾਉਣ ਲਈ ਹਰ ਜ਼ੋਨ ਦੇ ਸਬੰਧਤ ਕਰਮਚਾਰੀ ਸੜਕਾਂ ਦੀ ਰੋਜ਼ਾਨਾ ਨਿਗਰਾਨੀ ਕਰਨ।

# ਸੰਜੀਵ ਭੰਡਾਰੀ ਸੰਗਠਨ ਇੰਚਾਰਜ ਨਿਯੁਕਤ

**ਰਈਆ (ਡੀ. ਕੇ. ਰੈੱਡੀ)**— ਲੁਧਿਆਣਾ ਦੀ ਜ਼ਿਮਨੀ ਚੋਣ ਵਿੱਚ ਹੋਈ ਜਿੱਤ ਤੋਂ ਪਾਰਟੀ ਜਿੱਥੇ ਕਾਫੀ ਉਤਸ਼ਾਹਿਤ ਹੈ ਉਥੇ ਹੀ ਪਾਰਟੀ ਦੇ ਵਲੰਟੀਅਰ ਵੀ ਜਸ਼ਨ ਮਨਾ ਰਹੇ ਹਨ।



ਇਸ ਜਸ਼ਨ ਵਿੱਚ ਹੋਰ ਵਾਧਾ ਕਰਦੇ ਹੋਏ ਪੰਜਾਬ ਦੇ ਵੱਖ-ਵੱਖ ਹਲਕਿਆਂ ਵਿੱਚ ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਵੱਲੋਂ ਹਲਕਾ ਸੰਗਠਨ ਇੰਚਾਰਜ ਲਗਾਏ ਗਏ ਹਨ।ਇਸੇ ਕੜੀ ਤਹਿਤ ਹਲਕਾ ਬਾਬਾ ਬਕਾਲਾ ਸਾਹਿਬ ਤੋਂ ਵਿਧਾਇਕ ਦਲਬੀਰ ਸਿੰਘ ਟੌਂਗ ਦੇ ਖਾਸਮ ਖਾਸ ਅਤੇ ਮਿਹਨਤੀ ਆਗੂ ਸੰਜੀਵ ਭੰਡਾਰੀ ਨੂੰ ਬਾਬਾ ਬਕਾਲਾ ਸਾਹਿਬ ਹਲਕੇ ਦਾ ਸੰਗਠਨ ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਨਿਯੁਕਤੀ ਤੋਂ ਬਾਅਦ ਗੱਲਬਾਤ ਕਰਦੇ ਹੋਏ ਸੰਜੀਵ ਭੰਡਾਰੀ ਨੇ ਇਸ ਨਿਯੁਕਤੀ ਲਈ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਪੰਜਾਬ ਪ੍ਰਧਾਨ ਅਮਨ ਅਰੋੜਾ, ਮੁੱਖ ਮੰਤਰੀ ਸ. ਭਗਵੰਤ ਮਾਨ ਅਤੇ ਹਲਕਾ ਵਿਧਾਇਕ ਸ. ਦਲਬੀਰ ਸਿੰਘ ਟੌਂਗ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਮਿਲੀ ਜ਼ਿੰਮੇਵਾਰੀ ਨੂੰ ਮੈਂ ਪੂਰੀ ਤਨਦੇਹੀ ਨਾਲ ਨਿਭਾਵਾਂਗਾ। ਉਨ੍ਹਾਂ ਕਿਹਾ ਕਿ ਸਿਰਫ ਆਪ ਪਾਰਟੀ ਹੀ ਹੈ ਜਿੱਥੇ ਬਿਨਾਂ ਕਿਸੇ ਸਿਫਾਰਸ਼ ਦੇ ਵਰਕਰੀ ਕਰਨ ਦਾ ਮੁੱਲ ਪਾਰਟੀ ਵੱਲੋਂ ਅਹੁਦੇ ਦੇ ਕੇ ਪਾਇਆ ਜਾਂਦਾ ਹੈ।





# ਡਿਪਟੀ ਕਮਿਸ਼ਨਰ ਵੱਲੋਂ ਚਾਰ ਨਵੀਆਂ ਉਦਯੋਗਿਕ ਇਕਾਈਆਂ ਨੂੰ ਇਨਸੈਂਟਿਵ ਦੇਣ ਦੀ ਮਨਜ਼ੂਰੀ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**- ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਡਿਸਟ੍ਰਿਕਟ ਲੈਵਲ ਅਪਰੂਵਲ ਕਮੇਟੀ ਸਾਕਸ਼ੀ ਸਾਹਨੀ ਅੰਮ੍ਰਿਤਸਰ ਦੀ ਪ੍ਰਧਾਨਗੀ ਹੇਠ ਇੰਨਸੈਟਿਵ ਕੇਸਾਂ ਦੀ ਮਨਜ਼ੂਰੀ ਦੇਣ ਸਬੰਧੀ ਬਣੀ ਡਿਸਟ੍ਰਿਕਟ ਲੈਵਲ ਅਪਰੂਵਲ ਕਮੇਟੀ ਦੀ ਮੀਟਿੰਗ ਹੋਈ ਜਿਸ ਵਿੱਚ 14 ਵਿਭਾਗਾਂ ਦੇ ਅਫਸਰਾਂ ਵੱਲੋਂ ਭਾਗ ਲਿਆ ਗਿਆ। ਮੀਟਿੰਗ ਵਿੱਚ ਮਾਨਵਪ੍ਰੀਤ ਸਿੰਘ ਜਨਰਲ ਮੈਨੇਜਰ-ਕਮ-ਕਨਵੀਨਰ ਜ਼ਿਲ੍ਹਾ ਉਦਯੋਗ ਕੇਂਦਰ ਅੰਮ੍ਰਿਤਸਰ ਵੱਲੋਂ ਦਿੱਤੇ ਗਏ ਵੇਰਵਿਆਂ ਉਪਰੰਤ ਡਿਪਟੀ ਕਮਿਸ਼ਨਰ ਨੇ ਚਾਰ ਨਵੀਆਂ ਉਦਯੋਗਿਕ ਇਕਾਈਆਂ ਨੂੰ ਵੱਖ-ਵੱਖ ਇਨਸੈਂਟਿਵ ਸਬੰਧੀ ਐਪਲੀਕੇਸ਼ਨ ਨੂੰ ਮਨਜ਼ੂਰੀ ਦਿੱਤੀ ਗਈ ਜਿਸ ਵਿੱਚ ਕਰਜ਼ੇ ਦੀ ਵਿਆਜ ਦਰ ਤੋਂ ਛੋਟ, ਸਟੈਂਪ ਡਿਊਟੀ ਤੋਂ ਛੋਟ, ਬਿਜਲੀ ਡਿਊਟੀ ਤੋਂ ਛੋਟ ਆਦਿ ਸ਼ਾਮਲ ਸਨ। ਡਿਪਟੀ ਕਮਿਸ਼ਨ ਵੱਲੋਂ ਹਦਾਇਤ ਕੀਤੀ ਗਈ ਕਿ ਪ੍ਰਾਪਤ ਐਪਲੀਕੇਸ਼ਨਾਂ ਦਾ ਸਬੰਧਤ ਵਿਭਾਗਾਂ ਵੱਲੋਂ ਸਮੇਂ ਸਿਰ ਨਿਪਟਾਰਾ ਕੀਤਾ ਜਾਵੇ। ਉਨ੍ਹਾਂ ਨੇ ਜਨਰਲ ਮੈਨੇਜਰ ਨੂੰ ਕਿਹਾ ਕਿ ਜੇਕਰ ਕਿਸੇ ਉਦਯੋਗਪਤੀ ਦੀ ਅਪਰੂਵਲ ਰੱਦ ਕਰਨੀ ਹੁੰਦੀ ਹੈ ਤਾਂ ਉਸ ਤੋਂ ਪਹਿਲਾਂ ਸਬੰਧਤ ਵਿਭਾਗਾਂ ਵੱਲੋਂ ਉਸ ਦਾ ਦੌਰਾ ਕੀਤਾ ਜਾਵੇ । ਉਨ੍ਹਾਂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਉਦਯੋਗਪਤੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਉਹ ਤੁਰੰਤ ਧਿਆਨ ਵਿੱਚ ਲਿਆਉਣ, ਉਸੇ ਸਮੇਂ ਹੀ ਨਿਪਟਾਰਾ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਉਦਯੋਗਪਤੀ ਜਤਿੰਦਰ ਸਿੰਘ, ਸੀ ਏ ਗੁਲਸ਼ਨ ਸ਼ਰਮਾ, ਗੁਰਵੰਤ ਸਿੰਘ, ਜਸਪਿੰਦਰ ਸਿੰਘ, ਅਰਸ਼ ਸ਼ਰਮਾ, ਲੇਬਰ ਵਿਭਾਗ ਤੋਂ ਵਿਕਾਸ ਕੁਮਾਰ, ਬੀਐੱਸਐੱਨਐੱਲ ਤੋਂ ਦੇਸ ਰਾਜ, ਏਅਰਟੈੱਲ ਤੋਂ ਮੁਕਲ ਤੋਂ ਇਲਾਵਾ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਉਦਯੋਗਪਤੀ ਹਾਜ਼ਰ ਸਨ।

# ਪ੍ਰਤਾਪ ਵਰਲਡ ਸਕੂਲ 'ਚ 10 ਦਿਨਾ ਐਨ ਸੀ ਸੀ ਨੇਵਲ ਸਾਲਾਨਾ ਟਰੇਨਿੰਗ ਕੈਂਪ

**ਪਠਾਨਕੋਟ (ਦਵਿੰਦਰ ਸਿੰਘ)**- ਪੰਜਾਬ ਬਟਾਲੀਅਨ ਅੰਮ੍ਰਿਤਸਰ ਦੀ ਨੇਵਲ ਯੂਨਿਟ, ਐਨ.ਸੀ.ਸੀ. ਦਾ 10 ਦਿਨਾ ਸਾਲਾਨਾ ਟਰੇਨਿੰਗ ਕੈਂਪ ਪ੍ਰਤਾਪ ਵਰਲਡ ਸਕੂਲ ਪਠਾਨਕੋਟ ਵਿੱਚ ਉਤਸ਼ਾਹ ਅਤੇ ਪ੍ਰੇਰਨਾ ਨਾਲ ਭਰਪੂਰ ਸਮਾਪਨ ਸਮਾਰੋਹ ਰਾਹੀਂ ਸੰਪੰਨ ਹੋਇਆ। ਇਹ ਸਮਾਰੋਹ ਦੇਸ਼ਭਗਤੀ, ਅਨੁਸ਼ਾਸਨ ਅਤੇ ਸੱਭਿਆਚਾਰਕ ਮਾਣ ਨਾਲ ਭਰਿਆ ਹੋਇਆ ਸੀ।ਬ੍ਰਿਗੇਡੀਅਰ ਅੰਜਨ ਕੁਮਾਰ ਬਸੁਮਤਾਰੀ ਅਤੇ ਪਠਾਨਕੋਟ ਦੀਆਂ ਸਥਾਨਕ ਫੌਜੀ ਇਕਾਈਆਂ ਦੇ ਅਧਿਕਾਰੀਆਂ ਦੀ ਉਪਸਥਿਤੀ ਨੇ ਸਮਾਪਨ ਸਮਾਰੋਹ ਨੂੰ ਹੋਰ ਵੀ ਵਿਸ਼ੇਸ਼ ਬਣਾ ਦਿੱਤਾ। ਇਸ ਗੰਭੀਰ ਆਵਾਸੀ ਟਰੇਨਿੰਗ ਕੈਂਪ ਵਿੱਚ ਪੰਜਾਬ ਦੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਤੋਂ 500 ਤੋਂ ਵੱਧ ਐਨ.ਸੀ.ਸੀ. ਕੈਡਿਟਸ ਨੇ ਭਾਗ ਲਿਆ। ਸਮਾਪਨ ਸਮਾਰੋਹ ਵਿੱਚ ਯੋਗ ਪ੍ਰਦਰਸ਼ਨ, ਗਿੱਧਾ, ਭੰਗੜਾ, ਇਕਲ ਗੀਤ, ਨਾਟਕ ਅਤੇ ਕੈਂਪ ਰਿਪੋਰਟ ਵਰਗੀਆਂ ਰੰਗਾਰੰਗ ਵਿਧੀਆਂ ਪੇਸ਼ ਕੀਤੀਆਂ ਗਈਆਂ। ਸਮਾਰੋਹ ਤੋਂ ਬਾਅਦ ਹੋਏ ਰਾਤ ਦੇ ਭੋਜਨ ਨੇ ਕੈਡਿਟਸ ਅਤੇ ਅਧਿਕਾਰੀਆਂ ਨੂੰ ਆਪਸੀ ਭਾਈਚਾਰੇ ਅਤੇ ਸਾਂਝ ਦਾ ਮੌਕਾ ਦਿੱਤਾ।ਇਹ 10 ਦਿਨਾਂ ਦੌਰਾਨ ਕੈਡਿਟਸ ਨੇ ਨੌਕਾ ਚਲਾਉਣ ਦੀ ਕਸਰਤ, ਅੱਗ ਬੁਝਾਉਣ ਦੀ ਡ੍ਰਿਲ, ਪ੍ਰੇਰਨਾਦਾਇਕ ਅਤੇ ਵਿਦਿਆਤਮਕ ਸੈਸ਼ਨ ਅਤੇ ਖੇਡ ਮੁਕਾਬਲੇ ਆਦਿ ਕਈ ਗਤੀਵਿਧੀਆਂ ਵਿੱਚ ਭਾਗ ਲਿਆ। ਕੈਪਟਨ ਐਨ. ਨਿਸ਼ਾਂਤ ਕੈਂਪ ਦੇ ਕਮਾਂਡਿੰਗ ਅਫਸਰ ਨੇ ਕਿਹਾ ਕਿ ਇਹ ਕੈਂਪ ਸਾਰੇ ਕੈਡਿਟਸ ਲਈ ਇੱਕ ਬਦਲਾਅਕਾਰੀ ਅਨੁਭਵ ਰਿਹਾ ਹੈ। ਪ੍ਰਤਾਪ ਵਰਲਡ ਸਕੂਲ ਦੇ ਨਿਰਦੇਸ਼ਕ ਸਨੀ ਮਹਾਜਨ ਨੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰਭਾਵਸ਼ਾਲੀ ਸਮਾਰੋਹ ਦੀ ਮੇਜ਼ਬਾਨੀ ਕਰਨਾ ਸਾਡੇ ਲਈ ਮਾਣ ਦੀ ਗੱਲ ਹੈ।ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਕਿਹਾ ਕਿ ਇਨ੍ਹਾਂ ਕੈਡਿਟਸ ਦੇ ਜੋਸ਼ ਅਤੇ ਪ੍ਰਤਿਭਾ ਨੂੰ ਦੇਖਣਾ ਬਹੁਤ ਪ੍ਰੇਰਨਾਦਾਇਕ ਸੀ।



# ਕਸੇਲ ਵਿਖੇ ਪੀਰ ਬਾਬਾ ਪੱਲ੍ਹੇ ਸ਼ਾਹ ਦਾ ਸਲਾਨਾ ਮੇਲਾ 29 ਨੂੰ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਜ਼ਿਲਾ ਤਰਨ ਤਾਰਨ ਦੇ ਪਿੰਡ ਕਸੇਲ ਵਿਖੇ ਪੀਰ ਬਾਬਾ ਪੱਲ੍ਹੇ ਸ਼ਾਹ ਦੀ ਦਰਗਾਹ 'ਤੇ ਸਲਾਨਾ ਮੇਲਾ ਇਸ ਸਾਲ ਵੀ 29 ਜੂਨ 15 ਹਾੜ ਨੂੰ ਦਰਗਾਹ ਦੇ ਮੁੱਖ ਸੇਵਾਦਾਰ ਦੀ ਅਗਵਾਈ ਹੇਠ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦਿਲਬਾਗ ਸਿੰਘ ਫੌਜੀ ਤੇ ਸਮੂਹ ਮੈਂਬਰ ਸਹਿਬਾਨ, ਸਰਪੰਚ ਬਲਜਿੰਦਰ ਸਿੰਘ, ਸਾਬਕਾ ਸਰਪੰਚ ਗੁਰਬਚਨ ਸਿੰਘ, ਮਨਿੰਦਰ ਸਿੰਘ ਅੰਮ੍ਰਿਤਸਰ, ਗੁਰਵਿੰਦਰ ਸਿੰਘ, ਹਰਮਨ ਜੀਤ ਸਿੰਘ, ਬਲਬੀਰ ਸਿੰਘ ਅੰਮ੍ਰਿਤਸਰ, ਜਸਬੀਰ ਸਿੰਘ ਛੇਹਰਟਾ, ਜਗਜੀਤ ਸਿੰਘ ਅਸਟ੍ਰੇਲੀਆ ਅਤੇ ਨਗਰ ਦੀਆਂ ਸੰਗਤਾਂ ਦੇ ਪੂਰਨ ਸਹਿਯੋਗ ਨਾਲ ਬੜੀ ਧੂਮਧਾਮ ਨਾਲ ਮਨਾਇਆ ਜਾਵੇਗਾ। ਮੁੱਖ ਸੇਵਾਦਾਰ ਤੇ ਮੇਲਾ ਕਮੇਟੀ ਦੇ ਪ੍ਰਧਾਨ ਦਿਲਬਾਗ ਸਿੰਘ ਫੌਜੀ ਨੇ ਦੱਸਿਆ ਕਿ ਝੰਡੇ ਦੀ ਰਸਮ ਸਵੇਰੇ 8 ਵਜੇ ਅਤੇ 28 ਜੂਨ ਸ਼ਾਮ ਨੂੰ ਮਹਿਫ਼ਲ ਦੌਰਾਨ ਮੁਹੰਮਦ ਵਜੀਰ ਅਲੀ ਕਵਾਲ ਪਾਰਟੀ ਕਵਾਲੀਆਂ ਪੇਸ਼ ਕਰੇਗੀ। 29 ਜੂਨ ਨੂੰ ਪਵਿੱਤਰ ਦਰਗਾਹ 'ਤੇ ਚਾਦਰ ਦੀ ਰਸਮ ਚੜ੍ਹਾਉਣ ਉਪ੍ਰੰਤ ਕਰਵਾਏ ਜਾ ਰਹੇ ਸੱਭਿਆਚਾਰਕ ਪ੍ਰੋਗਰਾਮ ਮੌਕੇ ਸੱਭਿਆਚਾਰਕ ਗਰੁੱਪ ਅਤੇ ਪ੍ਰਸਿੱਧ ਗਾਇਕ ਮਨਜੀਤ ਸਿੰਘ ਸਹੋਤਾ ਸੰਗਤਾਂ ਦਾ ਮਨੋਰੰਜਨ ਕਰਨਗੇ।ਇਸ ਸਮੇਂ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਪਕਵਾਨਾਂ ਦੇ ਲੰਗਰ ਭੰਡਾਰੇ ਅਤੁੱਟ ਵਰਤਾਏ ਜਾਣਗੇ। ਸ਼ਾਮ ਨੂੰ ਲੜਕੀਆਂ ਅਤੇ ਲੜਕਿਆਂ ਦੀਆਂ ਨਾਮਵਰ ਕਬੱਡੀ ਟੀਮਾਂ ਵਿਚਕਾਰ ਪ੍ਰਦਰਸ਼ਨੀ ਮੈਚ ਕਰਵਾਏ ਜਾਣਗੇ ਜਿਨ੍ਹਾਂ ਦੇ ਪ੍ਰਬੰਧਕ ਕੈਪਟਨ ਗੁਰਮੀਤ ਸਿੰਘ ਅਤੇ ਗੋਰਾ ਵਪਾਰੀ ਹੋਣਗੇ।ਸਟੇਜ ਦੀ ਸੇਵਾ ਨਵਪ੍ਰੀਤ ਸਿੰਘ, ਬੌਬੀ, ਸ਼ੁਭਮ ਪ੍ਰੀਤ ਸਿੰਘ, ਗੁਰਸੇਵਕ ਸਿੰਘ, ਜੱਗਾ ਆਦਿ ਨਿਭਾਉਣਗੇ। ਜਦ ਕਿ ਛਬੀਲ ਦੀ ਸੇਵਾ ਬਾਬਾ ਭੋਲਾ, ਅਜਮੇਰ, ਕੁਲਦੀਪ ਬੋਰਾ ਵਾਲਾ, ਦਲਬੀਰ ਕਪਤਾਨ, ਗਗਨਦੀਪ, ਬਲਦੇਵ ਫੌਜੀ, ਗੁਰਪ੍ਰੀਤ ਬੋਰਾ ਵਾਲਾ, ਲਵਜੀਤ ਪੰਜਾਬ ਪੁਲਸ, ਮੰਨੂ ਬੋਰਾ ਵਾਲਾ ਆਦਿ ਵੱਲੋਂ ਨਿਭਾਈ ਜਾਵੇਗੀ।ਇਸ ਮੌਕੇ ਪ੍ਰਧਾਨ ਦਿਲਬਾਗ ਸਿੰਘ ਫੌਜੀ, ਮੁੱਖ ਸੇਵਾਦਾਰ ਬਾਬਾ ਨਿਸ਼ਾਨ ਸਿੰਘ, ਬਾਬਾ ਲਾਲ ਸਿੰਘ, ਨਵਪ੍ਰੀਤ ਸਿੰਘ ਯੂਐਸਏ, ਲਵਲੀ ਹਲਵਾਈ, ਮੁਖਤਿਆਰ ਸਿੰਘ ਲੰਗਰ ਸੈਕਟਰੀ, ਹਜ਼ਾਰਾ ਸਿੰਘ ਲੰਗਰ ਸੈਕਟਰੀ, ਲਾਲੀ ਆਟੋ ਵਾਲੇ, ਪੂਰਨ ਸਿੰਘ, ਬਲਦੇਵ ਸਿੰਘ ਲਾਲੀ ਠੇਕੇਦਾਰ, ਸ਼ਿੰਦਾ ਸੰਧੂ, ਜੁਗਰਾਜ ਸਿੰਘ, ਸ਼ੁਭਮਪ੍ਰੀਤ ਸਿੰਘ ਸੰਧੂ, ਬੌਬੀ, ਦੀਪਕ, ਗੋਰਾ ਵਪਾਰੀ, ਗੁਰਸੇਵਕ ਸਿੰਘ ਆਦਿ ਵੀ ਹਾਜ਼ਰ ਸਨ।

# ਦਿੱਲੀ ਕਮੇਟੀ ਕਾਰਜਕਾਰਨੀ ਚੋਣਾਂ ਦਾ ਅਕਾਲੀ ਦਲ ਨੇ ਕੀਤਾ ਬਾਈਕਾਟ

**ਨਵੀਂ ਦਿੱਲੀ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਸ਼੍ਰੋਮਣੀ ਅਕਾਲੀ ਦਲ ਨਾਲ ਸੰਬੰਧਤ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਆਂਤਰਿਕ ਚੋਣਾਂ ਦਾ ਬਾਈਕਾਟ ਕੀਤਾ ਹੈ। ਅਕਾਲੀ ਆਗੂਆਂ

- **ਚੋਣ ਪ੍ਰਕਿਰਿਆ ਨੂੰ ਸਰਕਾਰ ਪ੍ਰਯੋਜਿਤ ਤਮਾਸ਼ਾ ਦੱਸਿਆ**

ਨੇ ਉਕਤ ਚੋਣ ਪ੍ਰਕਿਰਿਆ ਨੂੰ ਗੈਰ-ਕਾਨੂੰਨੀ ਅਤੇ ਸਰਕਾਰੀ ਸਰਪ੍ਰਸਤੀ ਦੇ ਪਰਛਾਵੇਂ ਹੇਠ ਕੀਤਾ ਗਿਆ ਸਰਕਾਰ ਪ੍ਰਯੋਜਿਤ ਤਮਾਸ਼ਾ ਦੱਸਿਆ । ਇਸ ਬਾਬਤ ਮੀਡੀਆ ਨਾਲ ਗੱਲਬਾਤ ਕਰਦਿਆਂ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ ਅਤੇ ਮਨਜੀਤ ਸਿੰਘ ਜੀਕੇ ਨੇ ਕਿਹਾ ਕਿ ਉਨ੍ਹਾਂ ਵੱਲੋਂ ਪ੍ਰਧਾਨ ਮੰਤਰੀ ਦਫ਼ਤਰ ਨੂੰ ਇੱਕ ਮੰਗ ਪੱਤਰ ਸੌਂਪ ਕੇ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਅਤੇ ਮੰਤਰੀ ਮਨਜਿੰਦਰ ਸਿੰਘ ਸਿਰਸਾ ਅਤੇ ਪਰਵੇਸ਼ ਵਰਮਾ ਵੱਲੋਂ ਬੇਸ਼ਰਮੀ ਨਾਲ ਗੁਰਦੁਆਰਾ ਪ੍ਰਬੰਧ 'ਚ ਕੀਤੀ ਜਾ ਰਹੀ ਦਖਲਅੰਦਾਜ਼ੀ ਤੋਂ ਜਾਣੂ ਕਰਵਾਇਆ ਹੈ। ਸਰਨਾ ਨੇ ਕਿਹਾ ਕਿ ਦਿੱਲੀ ਕਮੇਟੀ ਦੀ ਆਂਤਰਿਕ ਚੋਣ ਪੰਥ ਦੀ ਸੇਵਾ ਕਰਨ ਲਈ ਨਹੀਂ, ਸਗੋਂ ਰਾਜਨੀਤਿਕ ਕੰਟਰੋਲ ਨੂੰ ਮਜ਼ਬੂਤ ਕਰਨ ਲਈ ਤਿਆਰ ਕੀਤੀ ਗਈ ਇੱਕ ਧੋਖਾਧੜੀ ਪ੍ਰਕਿਰਿਆ ਹੈ।ਸਰਨਾ ਨੇ ਸਿਰਸਾ 'ਤੇ ਪਿਛਲੇ ਤਿੰਨ ਸਾਲਾਂ ਤੋਂ ਰਵਾਇਤੀ ਅਕਾਲੀ ਸਫ਼ਾਂ ਨੂੰ ਅਸਥਿਰ ਕਰਨ ਲਈ ਇੱਕ ਯੋਜਨਾਬੱਧ ਮੁਹਿੰਮ ਦੀ ਅਗਵਾਈ ਕਰਨ ਦਾ ਦੋਸ਼ ਲਗਾਉਂਦੇ ਹੋਏ ਕਿਹਾ ਕਿ ਵਿਰੋਧੀ ਧਿਰ ਨੂੰ ਤੋੜਨ ਅਤੇ ਰਵਾਇਤੀ ਅਕਾਲੀ ਅਧਾਰ ਨੂੰ ਕਮਜ਼ੋਰ ਕਰਨ ਲਈ ਝੂਠੇ ਕੇਸਾਂ, ਰਿਸ਼ਵਤਖੋਰੀ ਅਤੇ ਜ਼ਬਰਦਸਤੀ ਦਾ ਜ਼ਹਿਰੀਲੇ ਘੋਲ ਬਣਾਇਆ ਗਿਆ ਹੈ। ਸਰਨਾ ਨੇ ਬਿਨਾਂ ਭਾਜਪਾ ਦਾ ਨਾਂਅ ਲੈਂਦੇ ਹੋਏ ਸਖ਼ਤ ਲਹਿਜੇ 'ਚ ਕਿਹਾ ਕਿ ਹੁਣ ਐਮਰਜੈਂਸੀ ਦਾ ਰੌਲਾ ਪਾਉਣ ਵਾਲੇ ਤਾਂ ਇੰਦਰਾਂ ਗਾਂਧੀ ਦੇ ਪਿਓ ਨਿਕਲੇ ਹਨ। ਇਨ੍ਹਾਂ ਨੇ ਗੁਰਦੁਆਰਾ ਪ੍ਰਬੰਧ ਦਾ ਜਮਹੂਰੀ ਕਤਲ ਕੀਤਾ ਹੈ। ਪਰ ਇਹ ਧ੍ਰੋਹ ਕਮਾਉਣ ਵਾਲੇ ਜ਼ਰੂਰ ਨੇਸਤੋਨਾਬੂਦ ਹੋਣਗੇ। ਮਰੇ ਜ਼ਮੀਰ ਦੇ ਲੋਕਾਂ ਨੂੰ ਹਾਰ ਪਾ ਕੇ ਵਧਾਈ ਦੇਣ ਵਾਲੇ ਦਰਅਸਲ ਅਰਥੀਆਂ ਉਤੇ ਹਾਰ ਚੜ੍ਹਾ ਰਹੇ ਹਨ। ਸਰਨਾ ਨੇ ਬਿਘੜ ਵਿਖੇ ਦਿੱਲੀ ਕਮੇਟੀ ਦੇ ਸਰੋਤਾਂ ਦੀ ਖੁੱਲ੍ਹੀ ਲੁੱਟ ਸਿਰਸਾ ਪਰਵਾਰ ਉਤੇ ਕਰਨ ਦਾ ਦੋਸ਼ ਲਗਾਉਂਦੇ ਛੇਤੀ ਬਿਘੜ ਜਾਣ ਦਾ ਐਲਾਨ ਕੀਤਾ।ਜੀਕੇ ਨੇ ਪੁਰਾਣੇ ਅਹੁਦੇਦਾਰਾਂ ਦੀ ਮੁੜ ਨਿਯੁਕਤੀ ਉਤੇ ਵਿਅੰਗ ਕਰਦਿਆਂ ਸਵਾਲ ਪੁੱਛਿਆ ਕਿ ਇਸ ਵਾਰ ਨਵੇਂ 5 ਅਹੁਦੇਦਾਰਾਂ ਤੇ 10 ਕਾਰਜਕਾਰਨੀ ਮੈਂਬਰਾਂ ਦੇ ਨਾਵਾਂ ਵਾਲਾ ਲਿਫ਼ਾਫ਼ਾ ਰੇਖਾ ਗੁਪਤਾ ਨੇ ਭੇਜਿਆ ਹੈ ਜਾਂ ਭਾਜਪਾ ਦਫ਼ਤਰ ਤੋਂ ਇਹ ਲਿਫ਼ਾਫ਼ਾ ਆਇਆ ਸੀ ? ਜੀਕੇ ਨੇ ਕਿਹਾ ਕਿ ਐਮਰਜੈਂਸੀ ਦੀ ਪੰਜਾਹਵੀਂ ਬਰਸੀ ਮੌਕੇ ਇੱਕ ਪਾਸੇ ਸਰਕਾਰ ਸੰਵਿਧਾਨ ਹੱਤਿਆ ਦਿਵਸ ਮਨਾ ਰਹੀ ਹੈ ਪਰ ਦੂਜੇ ਪਾਸੇ ਦਿੱਲੀ ਕਮੇਟੀ ਦੇ ਸੰਵਿਧਾਨ ਦੀ ਮੂਲ ਭਾਵਨਾ ਦਾ ਕਤਲ ਕੀਤਾ ਜਾ ਰਿਹਾ ਹੈ। ਇਸ ਕਰਕੇ ਸਾਡੇ ਮੈਂਬਰ ਜਨਰਲ ਇਜਲਾਸ 'ਚ ਨਹੀਂ ਗਏ। ਹਾਲਾਂਕਿ ਦਿੱਲੀ ਹਾਈਕੋਰਟ ਵੱਲੋਂ ਵੋਟਾਂ ਦੇਣ ਦਾ ਹੱਕ ਪਾਉਣ ਵਾਲੇ ਸੁਰਿੰਦਰ ਸਿੰਘ ਦਾਰਾ ਅਤੇ ਮਹਿੰਦਰ ਸਿੰਘ ਇਜਲਾਸ 'ਚ ਗਏ ਸਨ। ਜਿੱਥੇ ਉਨ੍ਹਾਂ ਨੇ ਡਾਇਰੈਕਟਰ ਗੁਰਦੁਆਰਾ ਚੋਣ ਨੂੰ ਮੰਗ ਪੱਤਰ ਦੇ ਕੇ ਹਰਮੀਤ ਸਿੰਘ ਕਾਲਕਾ ਅਤੇ ਜਗਦੀਪ ਸਿੰਘ ਕਾਹਲੋਂ ਦੀ ਅਯੋਗਤਾ ਦਾ ਹਵਾਲਾ ਦੇ ਕੇ ਦੋਵਾਂ ਨੂੰ ਚੋਣ ਨਹੀਂ ਲੜਾਉਣ ਦੀ ਮੰਗ ਕੀਤੀ ਸੀ। ਕਿਉਂਕਿ ਕਾਲਕਾ ਤੇ ਕਾਹਲੋਂ ਨੂੰ ਦਿੱਲੀ ਹਾਈਕੋਰਟ ਨੇ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ ਦੀ ਬਕਾਇਆ ਤਨਖਾਹ ਮਾਮਲੇ 'ਚ ਅਦਾਲਤ ਦੀ ਹੁਕਮ ਅਦੂਲੀ ਦਾ ਦੋਸ਼ੀ ਕਰਾਰ ਦਿੱਤਾ ਹੋਇਆ ਸੀ। ਇਸ ਲਈ ਮੌਜੂਦਾ ਭ੍ਰਿਸ਼ਟ ਕਮੇਟੀ ਦੀ ਗੈਰ ਕਾਨੂੰਨੀ ਚੋਣ 'ਚ ਹਿੱਸਾ ਲੈਣ ਅਸੀਂ ਨਹੀਂ ਗਏ। ਇਨ੍ਹਾਂ ਨੇ ਆਮ ਚੋਣਾਂ ਕਰਵਾਉਣ ਦੇ ਦਿੱਲੀ ਹਾਈਕੋਰਟ ਦੇ ਹੁਕਮਾਂ ਦੀ ਵੀ ਉਲੰਘਣਾ ਕੀਤੀ ਹੈ।ਇਸ ਮੌਕੇ ਵੱਡੀ ਗਿਣਤੀ ਵਿਚ ਦਿੱਲੀ ਕਮੇਟੀ ਮੈਂਬਰ ਅਤੇ ਅਕਾਲੀ ਆਗੂ ਮੌਜੂਦ ਸਨ।



# ਮਾਨ ਸਰਕਾਰ 'ਚ ਕਿਸਾਨਾਂ ਨੂੰ ਸਾਲਾਂ ਬਾਅਦ ਮਿਲਿਆ ਮੋਟਰਾਂ ਬੰਦ ਕਰਕੇ ਝੋਨਾ ਲਾਉਣ ਦਾ ਮੌਕਾ : ਸ਼ੈਰੀ ਕਲਸੀ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਦੇ ਸੁਪਨੇ ਨੂੰ ਅਮਲੀ ਜਾਮਾ ਪਹਿਨਾਇਆ ਜਾ ਰਿਹਾ ਹੈ। ਉਨਾਂ ਕਿਹਾ ਕਿ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਵਾਸਤੇ ਪੰਜਾਬ ਸਰਕਾਰ ਵੱਲੋਂ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਇਸ ਉਦੇਸ਼ ਦੀ ਪੂਰਤੀ ਹਿੱਤ ਸੂਬੇ ਨਹਿਰੀ ਖਾਲਿਆਂ ਨੂੰ ਪੱਕੇ ਕਰਨ ਦੀ ਪ੍ਰਕਿਰਿਆ ਚੱਲ ਰਹੀ ਹੈ।ਇਹ ਪ੍ਰਗਟਾਵਾ ਕਰਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਨਹਿਰਾਂ ਦੀਆਂ ਟੇਲਾਂ ਤੱਕ ਸਿੰਚਾਈ ਲਈ ਸਮੇਂ ਸਿਰ ਅਤੇ ਪੂਰਾ ਪਾਣੀ ਮੁਹਈਆ ਕਰਵਾਉਣ ਨਾਲ ਕਿਸਾਨਾਂ ਵਿੱਚ ਖੁਸ਼ੀ ਪਾਈ ਜਾ ਰਹੀ ਹੈ । ਉਹਨਾਂ ਦੱਸਿਆ ਕਿ ਝੋਨਾ ਲਾਉਣ ਲਈ ਕਿਸਾਨਾਂ ਨੂੰ ਨਿਰਵਿਘਨ ਬਿਜਲੀ ਦੀ ਸਪਲਾਈ ਮੁਹੱਈਆ ਕਰਵਾਈ ਗਈ ਹੈ ਅਤੇ ਕਿਸਾਨਾਂ ਨੂੰ ਮੋਟਰਾਂ ਬੰਦ ਕਰਕੇ ਝੋਨਾ ਲਗਾਉਣਾ ਪਿਆ ਹੈ।ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਦਹਾਕਿਆਂ ਬਾਅਦ ਮੁੱਖ ਮੰਤਰੀ ਮਾਨ ਨੇ ਕਿਸਾਨਾਂ ਦੀ ਮੰਗ ਤੇ ਨਹਿਰਾਂ ਰਾਹੀਂ ਖੇਤਾਂ ਵਿਚ ਪਾਣੀ ਪੁੱਜਦਾ ਕਰਵਾਇਆ ਹੈ ਅਤੇ ਨਹਿਰਾਂ ਵਿਚ ਪੂਰਾ ਪਾਣੀ ਦਿੱਤਾ ਜਾ ਰਿਹਾ ਹੈ, ਜਿਸ ਨਾਲ ਕਿਸਾਨਾਂ ਨੂੰ ਮੁੱਖ ਫਸਲਾਂ ਤੋ ਇਲਾਵਾ ਵੱਖ ਵੱਖ ਫਸਲਾਂ ਲਈ ਵੀ ਪਾਣੀ ਮਿਲ ਸਕਿਆ ਹੈ।ਉਹਨਾਂ ਕਿਹਾ ਕਿ ਨਹਿਰੀ ਪਾਣੀ ਮਿਲਣ ਨਾਲ ਜਿਥੇ ਬਿਜਲੀ ਦੀ ਬੱਚਤ ਹੋਵੇਗੀ, ਓਥੇ ਧਰਤੀ ਹੇਠੋਂ ਪਾਣੀ ਦਾ ਬਚਾਅ ਵੀ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਲਈ ਨਹਿਰੀ ਪਾਣੀ ਦੀ ਸੁਚੱਜੀ ਵਰਤੋਂ ਕਰਨ ਨਾਲ ਧਰਤੀ ਹੇਠਲੇ ਪਾਣੀ 'ਤੇ ਬੋਝ ਘਟਾਇਆ ਜਾ ਸਕਦਾ ਹੈ।




# ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਸਾਂਝੀ ਦਾਖਲਾ ਪ੍ਰੀਖਿਆ ਅੰਡਰ ਗਰੈਜੂਏਟ ਦਾ ਨਤੀਜਾ ਐਲਾਨਿਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਆਪਣੇ ਕਾਰਜਾਂ ਨੂੰ ਡਿਜੀਟਲ ਅਤੇ ਹੋਰ ਸੁਚਾਰੂ ਢੰਗ ਨਾਲ ਅੱਗੇ ਵਧਾਉਂਦਿਆਂ ਇੱਕ ਹੋਰ ਰਿਕਾਰਡ ਸਥਾਪਤ ਕੀਤਾ ਹੈ। 22 ਜੂਨ ਨੂੰ ਹੋਈ ਦਾਖਲਾ ਪ੍ਰੀਖਿਆ ਦੇ ਨਤੀਜਿਆਂ ਦਾ 24 ਘੰਟਿਆਂ ਦੇ ਐਲਾਨ ਮਗਰੋਂ ਹੁਣ ਅੰਡਰ ਗ੍ਰੈਜੂਏਟ ਯੂਨੀਵਰਸਿਟੀ ਸਾਂਝੀ ਦਾਖਲਾ ਪ੍ਰੀਖਿਆ ( ਯੂਸੀਈਟੀ) 2025 ਦਾ ਨਤੀਜਾ ਵੀ ਮਹਿਜ਼ 24 ਘੰਟਿਆਂ ਦੇ ਅੰਦਰ ਐਲਾਨ ਦਿੱਤਾ। ਇਸ ਪ੍ਰਾਪਤੀ ਨੇ ਯੂਨੀਵਰਸਿਟੀ ਦੀ ਤਕਨੀਕੀ ਸਮਰੱਥਾ ਅਤੇ ਪ੍ਰਬੰਧਕੀ ਉੱਤਮਤਾ ਨੂੰ ਸਾਹਮਣੇ ਲਿਆਂਦਾ ਹੈ।ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਡਾ. ਕਰਮਜੀਤ ਸਿੰਘ ਦੀ ਅਗਵਾਈ ਹੇਠ ਯੂਨੀਵਰਸਿਟੀ ਸਕੂਲ ਆਫ ਫਾਈਨੈਂਸ਼ੀਅਲ ਸਟੱਡੀਜ਼ ਦੇ ਪ੍ਰੋਫੈਸਰ ਡਾ. ਬਲਵਿੰਦਰ ਸਿੰਘ ਦੀ ਪ੍ਰਧਾਨਗੀ ਵਿੱਚ ਗਠਿਤ ਅੱਠ ਮੈਂਬਰੀ ਡਿਜੀਟਲ ਇੰਟੀਗ੍ਰੇਸ਼ਨ ਅਤੇ ਮੈਨੇਜਮੈਂਟ ਕਮੇਟੀ ਨੇ ਇਸ ਦਿਸ਼ਾ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਇਸ ਕਮੇਟੀ ਦੀਆਂ ਕੋਸ਼ਿਸ਼ਾਂ ਸਦਕਾ ਯੂਨੀਵਰਸਿਟੀ ਦੇ ਕਾਰਜਾਂ ਵਿੱਚ ਨਵੀਨਤਮ ਤਕਨੀਕੀ ਸੁਧਾਰ ਲਿਆਂਦੇ ਜਾ ਰਹੇ ਹਨ।ਕਮਿਸਟਰੀ ਵਿਭਾਗ ਦੇ ਐਸੋਸੀਏਟ ਪ੍ਰੋਫੈਸਰ ਅਤੇ ਕੋਆਰਡੀਨੇਟਰ ਡਾ. ਤੇਜਵੰਤ ਸਿੰਘ ਕੰਗ ਅਤੇ ਕੰਪਿਊਟਰ ਇੰਜੀਨੀਅਰਿੰਗ ਅਤੇ ਟੈਕਨੋਲੋਜੀ ਵਿਭਾਗ ਦੇ ਸਹਾਇਕ ਪ੍ਰੋਫੈਸਰ ਡਾ. ਮਨੀਸ਼ ਸੈਣੀ ਨੇ ਦੱਸਿਆ ਕਿ ਇਹ ਨਤੀਜਾ ਯੂਨੀਵਰਸਿਟੀ ਦੀ ਤਕਨੀਕੀ ਟੀਮ ਨੇ 24 ਘੰਟਿਆਂ ਦੇ ਅੰਦਰ ਤਿਆਰ ਕੀਤਾ। ਡਾਕਟਰ ਤੇਜਵੰਤ ਕੰਗ ਨੇ ਦੱਸਿਆ ਕਿ ਇਸ ਪ੍ਰੀਖਿਆ ਵਿੱਚ ਪਹਿਲਾ ਰੈਂਕ ਪ੍ਰਬਲ ਖੰਨਾ, ਦੂਜਾ ਰੈਂਕ ਸ਼੍ਰੇਆ ਗਾਂਧੀ ਨੇ ਹਾਸਲ ਕੀਤਾ। ਇਸ ਪ੍ਰੀਖਿਆ ਦੀ ਕੌਂਸਲਿੰਗ 1 ਜੁਲਾਈ ਤੋਂ 7 ਜੁਲਾਈ 2025 ਤੱਕ ਆਯੋਜਿਤ ਕੀਤੀ ਜਾਵੇਗੀ। 22 ਜੂਨ ਨੂੰ ਹੋਈ ਪ੍ਰੀਖਿਆ ਦੀ ਕੌਂਸਲਿੰਗ ਬਾਰੇ ਜਾਣਕਾਰੀ ਦਿੰਦਿਆਂ ਡਾਕਟਰ ਬਲਵਿੰਦਰ ਸਿੰਘ ਨੇ ਦੱਸਿਆ ਕਿ 26 ਜੂਨ ਤੋਂ 2 ਜੁਲਾਈ ਤੱਕ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਮਹਾਰਾਜਾ ਰਣਜੀਤ ਸਿੰਘ ਭਵਨ ਦੇ ਗਰਾਊਂਡ ਫਲੋਰ ਦੇ ਕਾਨਫਰੰਸ ਹਾਲ ਵਿੱਚ ਕੌਂਸਲਿੰਗ ਕਰਵਾਈ ਜਾਵੇਗੀ।ਇਸ ਕੌਂਸਲਿੰਗ 'ਚ ਵਿਦਿਆਰਥੀ ਦਾ ਆਪਣੇ ਸਰਟੀਫਿਕੇਟ ਲੈ ਕੇ ਖੁਦ ਹਾਜ਼ਰ ਹੋਣਾ ਜ਼ਰੂਰੀ ਹੈ, ਉਸ ਤੋਂ ਬਿਨਾਂ ਇਹ ਕੌਂਸਲਿੰਗ ਨਹੀਂ ਮੰਨੀ ਜਾਵੇਗੀ। ਉਹਨਾਂ ਦੱਸਿਆ ਕਿ ਦਾਖਲੇ ਲਈ ਚੁਣੇ ਗਏ ਵਿਦਿਆਰਥੀਆਂ ਨੂੰ ਆਪਣੇ ਕੋਰਸ ਦੇ ਹਿਸਾਬ ਨਾਲ ਫੀਸ ਮੌਕੇ 'ਤੇ ਜਮ੍ਹਾਂ ਕਰਾਉਣੀ ਹੋਵੇਗੀ ਜਿਸ ਦਾ ਵੇਰਵਾ ਯੂਨੀਵਰਸਿਟੀ ਵੱਲੋਂ ਜਾਰੀ ਸ਼ਡਿਊਲ ਵਿੱਚ ਜੋ ਕਿ ਯੂਨੀਵਰਸਿਟੀ ਦੇ ਵੈਬਸਾਈਟ ਉੱਪਰ ਹੈ ਵਿੱਚ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਵਿਦਿਆਰਥੀਆਂ ਨੂੰ ਆਪਣੇ ਦਸਤਾਵੇਜ਼ਾਂ ਦੀਆਂ ਕਾਪੀਆਂ ਦੇ ਨਾਲ ਨਾਲ ਕੌਂਸਲਿੰਗ ਫਾਰਮ, ਐਪਲੀਕੇਸ਼ਨ ਫਾਰਮ ਅਤੇ ਦਾਖਲਾ ਕਾਰਡ ਨਾਲ ਲਿਆਉਣਾ ਜ਼ਰੂਰੀ ਹੈ।ਉਹਨਾਂ ਦੱਸਿਆ ਕਿ ਹੋਰ ਵਧੇਰੇ ਜਾਣਕਾਰੀ ਲਈ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਵੈਬਸਾਈਟ ਉਪਰ ਯੂਨੀਵਰਸਿਟੀ ਕੋਮਨ ਐਡਮਿਸ਼ਨ ਟੈਸਟ 2025 ਦੇ ਕੌਂਸਲਿੰਗ ਸ਼ਡਿਊਲ ਤੋਂ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ। ਡਾ. ਬਲਵਿੰਦਰ ਸਿੰਘ ਨੇ ਦੱਸਿਆ ਕਿ ਵਾਈਸ ਚਾਂਸਲਰ ਪ੍ਰੋਫੈਸਰ ਡਾ. ਕਰਮਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪ੍ਰੀਖਿਆ ਪ੍ਰਣਾਲੀ ਨੂੰ ਹੋਰ ਪਾਰਦਰਸ਼ੀ, ਤੇਜ਼ ਅਤੇ ਵਿਦਿਆਰਥੀ-ਅਨੁਕੂਲ ਬਣਾਉਣ ਲਈ ਲਗਾਤਾਰ ਸੁਧਾਰ ਕੀਤੇ ਜਾ ਰਹੇ ਹਨ।







# ਕੀਟਨਾਸ਼ਕ ਵੇਚਣ ਵਾਲਿਆਂ ਦੀਆਂ ਦੁਕਾਨਾਂ ਤੋਂ 4 ਸੈਂਪਲ ਭਰ ਕੇ ਪਰਖ ਲਈ ਭੇਜੇ

**ਗੁਰਦਾਸਪੁਰ (ਜਨਕ ਮਹਾਜਨ)**- ਕਿਸਾਨਾਂ ਨੂੰ ਚਾਲੂ ਸਾਉਣੀ ਦੀਆਂ ਫਸਲਾਂ ਦੀ ਕਾਸ਼ਤ ਲਈ ਲੋੜੀਂਦੀਆਂ ਖਾਦਾਂ ਅਤੇ ਨਦੀਨਨਾਸ਼ਕ ਮੁਹੱਈਆ ਕਰਵਾਉਣ ਦੇ ਮੰਤਵ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਬਲਾਕ ਗੁਰਦਾਸਪੁਰ ਦੇ ਪਿੰਡ ਜੌੜਾ ਛਤਰਾਂ ਅਤੇ ਮੁਕੰਦਪੁਰ ਵਿੱਚ ਕੀਟਨਾਸ਼ਕ ਵਿਕ੍ਰੇਤਾਵਾਂ ਦੇ ਕਾਰੋਬਾਰੀ ਅਦਾਰਿਆਂ ਦੀ ਅਚਨਚੇਤ ਚੈਕਿੰਗ ਕੀਤੀ ਗਈ ਜਿਸ ਦੀ ਅਗਵਾਈ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਨੇ ਕੀਤੀ। ਟੀਮ ਵਿਚ ਹੋਰਨਾਂ ਤੋਂ ਇਲਾਵਾ ਡਾਕਟਰ ਗਗਨਦੀਪ ਸਿੰਘ ਖ਼ੇਤੀਬਾੜੀ ਅਫ਼ਸਰ ਡਾ. ਹਰਮਨਦੀਪ ਸਿੰਘ, ਡਾ. ਮਨਜੀਤ ਸਿੰਘ ਖ਼ੇਤੀਬਾੜੀ ਵਿਕਾਸ ਅਫ਼ਸਰ ਸ਼ਾਮਿਲ ਸਨ। ਟੀਮ ਵੱਲੋਂ ਵੱਖ-ਵੱਖ ਦੁਕਾਨਾਂ ਤੋਂ ਕੀਟਨਾਸ਼ਕਾਂ ਦੇ 4 ਨਮੂਨੇ ਭਰ ਕੇ ਪਰਖ ਲਈ ਪ੍ਰਯੋਗਸ਼ਾਲਾ ਵਿਚ ਭੇਜ ਦਿੱਤੇ ਗਏ। ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਜ਼ਿਲਾ ਗੁਰਦਾਸਪੁਰ ਵਿੱਚ ਝੋਨੇ ਦੀ ਫ਼ਸਲ ਦੀ ਪਨੀਰੀ ਵਿਚ ਨਦੀਨਾਂ ਦੀ ਰੋਕਥਾਮ ਲਈ ਕਿਸਾਨਾਂ ਵੱਲੋਂ ਨਦੀਨਨਾਸ਼ਕਾਂ ਦੀ ਵਰਤੋਂ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਛੋਟੇ ਖੁਰਾਕੀ ਤੱਤਾਂ ਦੀ ਪੂਰਤੀ ਲਈ ਕਿਸਾਨਾਂ ਵੱਲੋਂ ਖਾਦਾਂ ਖਾਸ ਕਰਕੇ ਛੋਟੇ ਖੁਰਾਕੀ ਤੱਤਾਂ ਜਿਵੇਂ ਲੋਹਾ ਦਾ ਛਿੜਕਾਅ ਵੀ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮਿਆਰੀ ਨਦੀਨ ਨਾਸ਼ਕ ਅਤੇ ਹੋਰ ਖੇਤੀ ਸਮੱਗਰੀ ਮੁਹੱਈਆ ਕਰਵਾਉਣਾ ਖ਼ੇਤੀਬਾੜੀ ਅਤੇ ਕਿਸਾਨ ਭਲਾਈ ਦਾ ਮੁਢਲਾ ਫ਼ਰਜ਼ ਹੈ। ਉਨ੍ਹਾਂ ਦੱਸਿਆ ਕਿ ਖਾਦ ਵਿਕਰੇਤਾਵਾਂ ਨੂੰ ਇਹ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਰੋਜ਼ਾਨਾ ਦੁਕਾਨ ਤੇ ਯੂਰੀਆ ਖਾਦ ਦਾ ਸਟਾਕ ਬੋਰਡ ਵਿਚ ਸਟਾਕ ਵਿਚ ਮੌਜੂਦ ਖਾਦ ਦੀ ਮਾਤਰਾ ਅਤੇ ਕੀਮਤ ਲਿਖੀ ਹੋਣੀ ਚਾਹੀਦੀ ਹੈ। ਡਾ. ਗਗਨਦੀਪ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਖਾਦ, ਕੀਟਨਾਸ਼ਕ ਰਸਾਇਣ ਜਾਂ ਬੀਜ ਖਰੀਦਣ ਸਮੇਂ ਦੁਕਾਨਦਾਰ ਤੋਂ ਬਿੱਲ ਜ਼ਰੂਰ ਲੈਣ ਅਤੇ ਜੇਕਰ ਕੋਈ ਡੀਲਰ ਬਿੱਲ ਦੇਣ ਤੋਂ ਇਨਕਾਰੀ ਹੁੰਦਾ ਹੈ ਤਾਂ ਉਸ ਦੀ ਲਿਖਤੀ ਤੌਰ 'ਤੇ ਸ਼ਿਕਾਇਤ ਸੰਬੰਧਤ ਖੇਤੀਬਾੜੀ ਅਧਿਕਾਰੀ ਜਾਂ ਮੁੱਖ ਖੇਤੀਬਾੜੀ ਅਫਸਰ ਨੂੰ ਕਰਨ।

# ਬੁਲਟ ਮੋਟਰਸਾਈਕਲਾਂ ਦੇ ਪਟਾਕਿਆਂ ਨੇ ਲੋਕਾਂ ਦਾ ਜਿਊਣਾ ਕੀਤਾ ਮੁਹਾਲ

**ਗੁਰਦਾਸਪੁਰ (ਜਨਕ ਮਹਾਜਨ)**- ਜ਼ਿਲ੍ਹਾ ਗੁਰਦਾਸਪੁਰ ਅਨੇਕਾਂ ਹੀ ਸਮੱਸਿਆਵਾਂ ਨਾਲ ਘਿਰਿਆ ਹੋਇਆ ਹੈ। ਜਿੱਥੇ ਸ਼ਹਿਰ ਵਾਸੀ ਟਰੈਫ਼ਿਕ ਸਮੱਸਿਆ, ਲੋਕਾਂ ਵੱਲੋਂ ਸ਼ਹਿਰ ਦੀਆਂ ਸੜਕਾਂ, ਚੌਂਕਾਂ ਤੇ ਬਾਜ਼ਾਰਾਂ ਅੰਦਰ ਕੀਤੇ ਨਾਜਾਇਜ਼ ਕਬਜ਼ੇ ਲੋਕਾਂ ਲਈ ਭਾਰੀ ਪਰੇਸ਼ਾਨੀ ਦਾ ਸਬਬ ਬਣੇ ਹੋਏ ਹਨ ਉੱਥੇ ਸ਼ਹਿਰ ਅੰਦਰ ਉੱਚੀ ਉੱਚੀ ਆਵਾਜ਼ ਵਿਚ ਮਨਚਲੇ ਨੌਜਵਾਨ ਪਿਛਲੇ ਲੰਬੇ ਸਮੇਂ ਤੋਂ ਬੁਲਟ ਮੋਟਰਸਾਈਕਲਾਂ 'ਤੇ ਬਗੈਰ ਕਿਸੇ ਡਰ ਤੋਂ ਪਟਾਕਿਆਂ ਦੀਆਂ ਭਿਆਨਕ ਆਵਾਜ਼ਾਂ ਕੱਢ ਰਹੇ ਹਨ ਤੇ ਬਗੈਰ ਕਿਸੇ ਪ੍ਰਸ਼ਾਸਨ ਦੇ ਡਰ ਤੋਂ ਸ਼ਹਿਰ ਅੰਦਰ ਪਟਾਕੇ ਚਲਾ ਕੇ ਸ਼ਰੇਆਮ ਸ਼ੋਰ ਪ੍ਰਦੂਸ਼ਣ ਫੈਲਾ ਰਹੇ ਹਨ। ਇਹ ਨੌਜਵਾਨ ਕੇਵਲ ਸ਼ਹਿਰ ਅੰਦਰ ਹੀ ਮੋਟਰਸਾਈਕਲਾਂ ਦੇ ਪਟਾਕੇ ਨਹੀਂ ਚਲਾਉਂਦੇ ਸਗੋਂ ਜਿੱਥੇ ਪੁਲਸ ਦੇ ਨਾਕੇ ਲੱਗੇ ਹੁੰਦੇ ਹਨ ਉੱਥੋਂ ਵੀ ਪਟਾਕੇ ਚਲਾ ਕੇ ਲੰਘਦੇ ਹਨ। ਹੈਰਾਨੀ ਦੀ ਗੱਲ ਤਾਂ ਇਹ ਹੈ ਕਿ ਇਨ੍ਹਾਂ ਪਟਾਕਿਆਂ ਦੀ ਆਵਾਜ਼ ਪੁਲਸ ਅਧਿਕਾਰੀਆਂ ਨੂੰ ਸੁਣਾਈ ਤੱਕ ਨਹੀਂ ਦਿੰਦੀ। ਇਹ ਪਟਾਕੇ ਪੈਦਲ ਜਾ ਰਹੇ ਬਜ਼ੁਰਗਾਂ ਤੇ ਬੱਚਿਆਂ ਲਈ ਵੀ ਕਾਫ਼ੀ ਪਰੇਸ਼ਾਨੀ ਦਾ ਸਬਬ ਬਣੇ ਹੋਏ ਹਨ। ਬੁਲਟ ਮੋਟਰਸਾਈਕਲਾਂ 'ਤੇ ਸ਼ਹਿਰ ਅੰਦਰ ਪਟਾਕੇ ਚਲਾਉਂਦੇ ਹੋਏ ਘੁੰਮ ਰਹੇ ਮਨਚਲੇ ਨੌਜਵਾਨਾਂ ਨੂੰ ਰੋਕਣ ਲਈ ਗੁਰਦਾਸਪੁਰ ਪੁਲਸ ਬੇਵੱਸ ਨਜ਼ਰ ਆ ਰਹੀ ਹੈ। ਸ਼ਹਿਰ ਦੀਆਂ ਸਵੈ-ਸੇਵੀ ਸੰਸਥਾਵਾਂ ਵੱਲੋਂ ਡੀ.ਸੀ ਗੁਰਦਾਸਪੁਰ, ਐੱਸ.ਐੱਸ.ਪੀ ਗੁਰਦਾਸਪੁਰ ਤੋਂ ਪੁਰਜ਼ੋਰ ਮੰਗ ਹੈ ਕਿ ਸ਼ੋਰ ਪ੍ਰਦੂਸ਼ਣ ਫੈਲਾਉਣ ਵਾਲਿਆਂ 'ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਬਿਸ਼ਪ ਰਾਈਟ ਰੇਵਰੇਂਡ ਨੀਨਾ ਚਰਨ ਦਾ ਪਹਿਲੀ ਐਪੀਸਕੋਪਲ ਫੇਰੀ ਦੌਰਾਨ ਸ਼ਾਨਦਾਰ ਸਵਾਗਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਇੱਕ ਇਤਿਹਾਸਕ ਪਲ ਵਿੱਚ ਡਾਇਓਸਿਸ ਆਫ਼ ਅੰਮ੍ਰਿਤਸਰ, ਚਰਚ ਆਫ਼ ਨੌਰਥ ਇੰਡੀਆ ਨੇ ਡਾਇਓਸਿਸ



ਆਫ਼ ਭੋਪਾਲ, ਚਰਚ ਆਫ਼ ਨੌਰਥ ਇੰਡੀਆ ਦੀ ਪਹਿਲੀ ਮਹਿਲਾ ਬਿਸ਼ਪ, ਰਾਈਟ ਰੇਵਰੇਂਡ ਨੀਨਾ ਚਰਨ ਦਾ ਡਾਇਓਸਿਸ ਆਫ਼ ਅੰਮ੍ਰਿਤਸਰ ਵਿੱਚ ਉਨ੍ਹਾਂ ਦੀ ਪਹਿਲੀ ਐਪੀਸਕੋਪਲ ਫੇਰੀ ਦੌਰਾਨ ਸ਼ਾਨਦਾਰ ਸਵਾਗਤ ਕੀਤਾ। ਇਸ ਮਹੱਤਵਪੂਰਨ ਦੌਰੇ ਦਾ ਉਦੇਸ਼ ਔਰਤਾਂ ਅਤੇ ਯੁਵਾ ਸਸ਼ਕਤੀਕਰਨ, ਸਮਾਜਿਕ ਪਹੁੰਚ ਪ੍ਰੋਗਰਾਮਾਂ ਅਤੇ ਸ਼ਾਂਤੀ ਅਤੇ ਭਾਈਚਾਰੇ ਨੂੰ ਉਤਸ਼ਾਹਿਤ ਕਰਨ ਵਾਲੀਆਂ ਪਹਿਲਕਦਮੀਆਂ ਵਿੱਚ ਸਹਿਯੋਗੀ ਯਤਨਾਂ ਰਾਹੀਂ ਦੋਵਾਂ ਡਾਇਓਸਿਸਾਂ ਵਿਚਕਾਰ ਸਬੰਧਾਂ ਨੂੰ ਮਜ਼ਬੂਤ ਕਰਨਾ ਹੈ।ਚਰਚ ਆਫ ਨੌਰਥ ਇੰਡੀਆ ਦੇ ਇਤਿਹਾਸ ਵਿੱਚ ਬਿਸ਼ਪ ਵਜੋਂ ਸਥਾਪਿਤ ਹੋਣ ਵਾਲੀ ਤੀਜੀ ਔਰਤ ਹੋਣ ਦੇ ਨਾਤੇ ਬਿਸ਼ਪ ਨੀਨਾ ਚਰਨ ਦੀ ਯਾਤਰਾ ਚਰਚ ਦੀ ਸਮਾਵੇਸ਼ ਅਤੇ ਤਰੱਕੀ ਪ੍ਰਤੀ ਵਚਨਬੱਧਤਾ ਦਾ ਪ੍ਰਮਾਣ ਹੈ।ਇਸ ਦੌਰੇ ਦਾ ਮੁੱਖ ਉਦੇਸ਼ ਡਾਇਓਸਿਸ ਆਫ ਅੰਮ੍ਰਿਤਸਰ ਅਤੇ ਡਾਇਓਸਿਸ ਆਫ ਭੋਪਾਲ ਦੇ ਵਿਚਕਾਰ ਇੱਕ ਸਾਰਥਕ ਭਾਈਵਾਲੀ ਸਥਾਪਤ ਕਰਨਾ ਸੀ। ਬਿਸ਼ਪ ਮਨੋਜ ਚਰਨ ਨੇ ਇਸ ਫੇਰੀ ਦਾ ਨਿੱਘਾ ਸਵਾਗਤ ਕਰਦੇ ਹੋਏ ਕਿਹਾ, ਇਹ ਫੇਰੀ ਸਾਡੀਆਂ ਦੋਵੇਂ ਡਾਇਓਸਿਸਾਂ ਵਿਚਕਾਰ ਇੱਕ ਫਲਦਾਇਕ ਸਹਿਯੋਗ ਦੀ ਸ਼ੁਰੂਆਤ ਨੂੰ ਦਰਸਾਉਂਦੀ ਹੈ। ਬਿਸ਼ਪ ਨੀਨਾ ਚਰਨ ਦਾ ਸਵਾਗਤ ਕਰਦੇ ਹੋਏ ਅੰਮ੍ਰਿਤਸਰ ਡਾਇਓਸਿਸਨ ਟਰੱਸਟ ਐਸੋਸੀਏਸ਼ਨ (ਏ ਡੀ ਟੀ ਏ) ਦੇ ਸਕੱਤਰ ਡੈਨੀਅਲ ਬੀ ਦਾਸ ਨੇ ਕਿਹਾ, ਬਿਸ਼ਪ ਨੀਨਾ ਚਰਨ ਦੀ ਡਾਇਓਸਿਸ ਆਫ ਅੰਮ੍ਰਿਤਸਰ ਦੀ ਫੇਰੀ ਇੱਕ ਸੁੰਦਰ ਤਾਲਮੇਲ ਸਾਹਮਣੇ ਲਿਆ ਰਹੀ ਹੈ।

# ਭਾਜਪਾ ਸਰਕਾਰ ਵੱਲੋਂ ਜਾਰੀ ਸਕੀਮਾਂ ਦਾ ਲੋਕ ਲੈ ਰਹੇ ਨੇ ਸਿੱਧਾ ਲਾਭ : ਡਾ. ਰਿਤੂ ਕੌਂਡਲ

**ਗੁਰਦਾਸਪੁਰ (ਜਨਕ ਮਹਾਜਨ)**- ਭਾਰਤੀ ਜਨਤਾ ਪਾਰਟੀ ਦੀ ਸਰਕਾਰ ਦੇ 11 ਸਾਲ ਪੂਰੇ ਹੋ ਚੁੱਕੇ ਹਨ ਅਤੇ ਪਾਰਟੀ ਦੇ ਵਰਕਰ ਜ਼ਿਲ੍ਹੇ, ਮੰਡਲ ਤੋਂ ਲੈ ਕੇ ਬੂਥ ਪੱਧਰ ਤੱਕ ਪਹੁੰਚ ਕਰ ਰਹੇ ਹਨ। ਇਹ ਪ੍ਰਗਟਾਵਾ ਹਿਮਾਲਯ ਪਰਵਾਰ ਸੰਸਥਾ ਪੰਜਾਬ ਦੀ ਮਹਾਂ ਮੰਤਰੀ ਡਾਕਟਰ ਰਿਤੂ ਕੌਂਡਲ ਨੇ ਕੀਤਾ।



ਉਨ੍ਹਾਂ ਕਿਹਾ ਕਿ 11 ਸਾਲਾਂ 'ਚ ਪ੍ਰਧਾਨ ਮੰਤਰੀ ਮੋਦੀ ਨੇ ਜੋ ਯੋਜਨਾਵਾਂ ਗਰੀਬਾਂ ਦੇ ਕਲਿਆਣ ਵਾਸਤੇ ਬਣਾਈਆਂ, ਉਹ ਸਿੱਧੀਆਂ ਲੋਕਾਂ ਤੱਕ ਪਹੁੰਚਦੀਆਂ ਹਨ। ਦੇਸ਼ ਦੀ ਜੀ ਡੀ ਪੀ ਤੀਸਰੇ ਸਥਾਨ 'ਤੇ ਪਹੁੰਚ ਗਈ ਹੈ। ਉਨ੍ਹਾਂ ਕਿਹਾ ਸਾਡੇ ਦੇਸ਼ ਦੀ ਫੌਜ ਨੇ ਅਪ੍ਰੇਸ਼ਨ ਸਿੰਧੂਰ ਰਾਹੀਂ ਤਕੜਾ ਸਬਕ ਸਿਖਾਇਆ ਹੈ। ਉਨ੍ਹਾਂ ਕਿਹਾ ਭਾਜਪਾ ਸਰਕਾਰ ਦੀ ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ 21 ਲੱਖ ਕਿਸਾਨਾਂ ਨੂੰ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਭਾਜਪਾ ਸਰਕਾਰ ਵਲੋਂ ਭਾਰਤੀ ਜਨਤਾ ਪਾਰਟੀ ਤੁਹਾਡੇ ਦੁਆਰ ਦੇ ਉੱਪਰ ਇਕ ਸਕੀਮ ਸ਼ੁਰੂ ਕੀਤੀ ਹੈ ਜੋ ਦੀਨਾਨਗਰ ਦੇ ਵਿੱਚ ਸ਼ੁਰੂ ਹੋ ਚੁੱਕੀ ਹੈ। ਜਿਨ੍ਹਾਂ ਦੀ ਉਮਰ 70 ਸਾਲ ਤੋਂ ਉੱਪਰ ਹੋ ਚੁੱਕੀ ਹੈ ਉਨ੍ਹਾਂ ਨੂੰ ਮੌਕੇ 'ਤੇ ਹੀ ਆਯੁਸ਼ਮਾਨ ਕਾਰਡ ਬਣਾ ਕੇ ਦਿੱਤਾ ਜਾਵੇਗਾ, ਕੈਂਪ ਦੇ ਵਿੱਚ 6000 ਰੁਪਏ ਦੀ ਸਕੀਮ ਕਿਸਾਨਾਂ ਨੂੰ ਮੌਕੇ 'ਤੇ ਲਾਗੂ ਕੀਤੀ ਜਾਵੇਗੀ।

# ਅਕਾਲੀ ਦਲ (ਵਾਰਿਸ ਪੰਜਾਬ ਦੇ) ਵੱਲੋਂ ਅੰਮ੍ਰਿਤਸਰ ਦੇ ਹਲਕਾ ਪੱਛਮੀ ਦੀ ਅਹਿਮ ਮੀਟਿੰਗ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਅਕਾਲੀ ਦਲ (ਵਾਰਿਸ ਪੰਜਾਬ ਦੇ) ਅੰਮ੍ਰਿਤਸਰ ਕਾਰਜਕਾਰਨੀ ਕਮੇਟੀ ਦੇ ਮੈਂਬਰ ਭਾਈ ਭੁਪਿੰਦਰ ਸਿੰਘ ਗੱਦਲੀ ਅਤੇ ਭਾਈ ਸ਼ਮਸ਼ੇਰ ਸਿੰਘ ਪੱਧਰੀ ਦੀ ਅਗਵਾਈ ਹੇਠ ਹਲਕਾ ਪੱਛਮੀ ਦੀ ਇੱਕ ਅਹਿਮ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਪਾਰਟੀ ਦੇ ਸਰਗਰਮ ਤੇ ਸਮਰਪਿਤ ਆਗੂ ਭਾਈ ਸਵਰਨ ਸਿੰਘ ਗੋਲਡਨ, ਭਾਈ ਦਇਆ ਸਿੰਘ, ਭਾਈ ਸੁਖਬੀਰ ਸਿੰਘ ਚੀਮਾ ਵਾਰਡ 80, ਭਾਈ ਮਹਿੰਦਰਪਾਲ ਸਿੰਘ ਤੁੰਗ ਅਤੇ ਭਾਈ ਕੁਲਵਿੰਦਰ ਸਿੰਘ ਗੁਰੂ ਕੀ ਵਡਾਲੀ ਅਤੇ ਭਾਈ ਹਰਭਜਨ ਸਿੰਘ ਗੁਰੂ ਕੀ ਵਡਾਲੀ ਵਾਰਡ ਨੰ 75, ਭਾਈ ਧਰਮ ਸਿੰਘ ਵਾਰਡ ਨੰ 70, ਕੈਪਟਨ ਕੁਲਦੀਪ ਸਿੰਘ ਵਾਰਡ ਨੰ 77, ਬਾਬਾ ਕੰਵਲਜੀਤ ਸਿੰਘ, ਬਲਬੀਰ ਸਿੰਘ, ਗੁਰਮੀਤ ਸਿੰਘ ਵਾਰਡ ਨੰ 73, ਬਘੇਲ ਸਿੰਘ ਅਤੇ ਬੀਬੀ ਸਤਿੰਦਰ ਕੌਰ ਵਾਰਡ ਨੰ 81, ਭਾਈ ਜੁਗਰਾਜ ਸਿੰਘ ਨਰਾਇਣਗੜ ? ਵਾਰਡ ਨੰ 79, ਰਣਜੀਤ ਸਿੰਘ ਵਾਰਡ ਨੰ 82, ਗੁਲਜਾਰ ਸਿੰਘ, ਬੀਬੀ ਅਮਰਜੀਤ ਕੌਰ, ਬੀਬੀ ਮਨਪ੍ਰੀਤ ਕੌਰ, ਬੀਬੀ ਅਮਨਦੀਪ ਕੌਰ, ਬੀਬੀ ਕਸ਼ਮੀਰ ਕੌਰ, ਬੀਬੀ ਰਾਜਬੀਰ ਕੌਰ ਵਾਰਡ ਨੰ 84 ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੀਟਿੰਗ ਦਾ ਮੁੱਖ ਉਦੇਸ਼ ਹਲਕੇ ਵਿੱਚ ਪਾਰਟੀ ਦੇ ਪਸਾਰ, ਜਾਗਰੂਕਤਾ ਅਤੇ ਢਾਂਚਾਗਤ ਮਜ਼ਬੂਤੀ ਵੱਲ ਅਗਲੇ ਕਦਮ ਚੁੱਕਣਾ ਸੀ। ਇਸ ਸੰਦਰਭ ਵਿੱਚ ਪਾਰਟੀ ਦੀ ਢਾਂਚਾਗਤ ਨੀਤੀ ਅਨੁਸਾਰ ਹਰ ਵਾਰਡ ਪੱਧਰ 'ਤੇ ਪੰਜ-ਪੰਜ ਮੈਂਬਰਾਂ ਦੀਆਂ ਟੀਮਾਂ ਬਣਾਈ ਜਾਣਗੀਆ, ਜੋ ਨਿਰਧਾਰਤ ਜ਼ਿੰਮੇਵਾਰੀਆਂ ਸੰਭਾਲਣਗੀਆਂ ਅਤੇ ਪਾਰਟੀ ਦੀਆਂ ਨੀਤੀਆਂ, ਸੰਦੇਸ਼ ਅਤੇ ਪੰਥਕ ਲਹਿਰ ਨੂੰ ਆਮ ਲੋਕਾਂ ਤੱਕ ਲੈ ਕੇ ਜਾਣਗੀਆਂ। ਇਹ ਵੀ ਤੈਅ ਕੀਤਾ ਗਿਆ ਕਿ ਹਰੇਕ ਟੀਮ ਵਿਚ ਜੋਸ਼ੀਲੇ ਨੌਜਵਾਨ, ਪੰਥਕ ਸੂਝਬੂਝ ਵਾਲੇ ਵਰਕਰ ਸ਼ਾਮਲ ਕੀਤੇ ਜਾਣ। ਇਸ ਮੌਕੇ ਭਾਈ ਭੁਪਿੰਦਰ ਸਿੰਘ ਗੱਦਲੀ ਨੇ ਕਿਹਾ ਕਿ ਸਾਡਾ ਉਦੇਸ਼ ਸਿਰਫ਼ ਚੋਣੀ ਸਿਆਸਤ ਨਹੀਂ, ਸਗੋਂ ਪੰਥਕ, ਸਮਾਜਿਕ ਅਤੇ ਨੈਤਿਕ ਮੁੱਲਾਂ 'ਤੇ ਅਧਾਰਤ ਇੱਕ ਨਵਾਂ ਰਾਜਨੀਤਕ ਮਾਡਲ ਖੜ੍ਹਾ ਕਰਨਾਂ ਹੈ ਅਤੇ ਇਹ ਪੰਜ ਮੈਂਬਰੀ ਟੀਮਾਂ ਪਾਰਟੀ ਦੀ ਰੀੜ੍ਹ ਦੀ ਹੱਡੀ ਸਾਬਤ ਹੋਣਗੀਆਂ। ਭਾਈ ਸ਼ਮਸ਼ੇਰ ਸਿੰਘ ਪੱਧਰੀ ਅਤੇ ਸਵਰਨ ਸਿੰਘ ਗੋਲਡਨ ਨੇ ਵੀ ਸਾਂਝੇ ਤੌਰ 'ਤੇ ਵਰਕਰਾਂ ਨੂੰ ਸੱਦਾ ਦਿੰਦਿਆਂ ਆਖਿਆ ਕਿ ਆਪਣੀ ਮਿੱਟੀ, ਇਤਿਹਾਸ ਤੇ ਧਰਮ ਦੀ ਰੱਖਿਆ ਲਈ ਸਾਨੂੰ ਸਭ ਨੂੰ ਆਪਣੀ ਭੂਮਿਕਾ ਨਿਭਾਉਣੀ ਪਵੇਗੀ।

ਨਵਾਂ ਜ਼ਮਾਨਾ
ਸ਼ੁੱਕਰਵਾਰ, 27 ਜੂਨ 2025

# ਸੋਸ਼ਲਿਸਟ ਮਮਦਾਨੀ

ਨਿਊ ਯਾਰਕ ਸ਼ਹਿਰ ਦੇ ਮੇਅਰ ਦੀ ਚੋਣ ਲਈ ਉਮੀਦਵਾਰ ਦਾ ਫੈਸਲਾ ਕਰਨ ਵਾਸਤੇ ਡੈਮੋਕਰੇਟਿਕ ਪਾਰਟੀ ਦੀ ਪ੍ਰਾਇਮਰੀ ਚੋਣ ਵਿੱਚ ਭਾਰਤੀ-ਅਮਰੀਕੀ ਡੈਮੋਕਰੇਟਿਕ ਸੋਸ਼ਲਿਸਟ ਨੇਤਾ ਜ਼ੋਹਰਾਨ ਮਮਦਾਨੀ ਨੇ ਪਾਰਟੀ ਦੇ ਮਹਾਂਰਥੀ ਤੇ ਸਾਬਕਾ ਗਵਰਨਰ ਐਂਡ੍ਰਿਊ ਕੁਓਮੋ ਨੂੰ ਹਰਾ ਕੇ ਹੈਰਾਨ ਕਰ ਦਿੱਤਾ। ਇਸ ਦੇ ਨਾਲ ਮਮਦਾਨੀ ਡੈਮੋਕਰੇਟਿਕ ਪਾਰਟੀ ਦੇ ਅਧਿਕਾਰਤ ਉਮੀਦਵਾਰ ਬਣ ਗਏ। ਮੇਅਰ ਦੀ ਚੋਣ ਨਵੰਬਰ ਵਿੱਚ ਹੋਵੇਗੀ। ਮੌਜੂਦਾ ਮੇਅਰ ਐਰਿਕ ਐਡਮਜ਼ ਆਜ਼ਾਦ ਉਮੀਦਵਾਰ ਵਜੋਂ ਉੱਤਰ ਰਹੇ ਹਨ ਤੇ ਕੁਓਮੋ ਵੀ ਕਿਸੇ ਤੀਜੀ ਪਾਰਟੀ ਦੇ ਉਮੀਦਵਾਰ ਵਜੋਂ ਚੋਣ ਲੜ ਸਕਦੇ ਹਨ। ਮਮਦਾਨੀ ਨੂੰ ਦੱਖਣੀ ਏਸ਼ੀਆਈ, ਪ੍ਰਵਾਸੀਆਂ ਤੇ ਕੰਮਕਾਜੀ ਵਰਗ ਤੋਂ ਤਕੜੀ ਹਮਾਇਤ ਮਿਲੀ। ਉਹ ਅਮਰੀਕਾ ਦੇ ਪਹਿਲੇ ਦੱਖਣੀ ਏਸ਼ੀਆਈ ਮੁਸਲਮਾਨ ਉਮੀਦਵਾਰ ਹਨ, ਜਿਹੜੇ ਮੇਅਰ ਦੀ ਦੌੜ ਵਿੱਚ ਸ਼ਾਮਲ ਹੋਏ ਹਨ। ਮਮਦਾਨੀ ਭਾਰਤ ਵਿੱਚ ਪੈਦਾ ਹੋਏ ਬੁੱਧੀਜੀਵੀ ਮਹਿਮੂਦ ਮਮਦਾਨੀ ਤੇ ਫਿਲਮ ਨਿਰਮਾਤਾ ਮੀਰਾ ਨਾਇਰ ਦੇ ਬੇਟੇ ਹਨ। ਉਨ੍ਹਾ ਦਾ ਜਨਮ ਯੁਗਾਂਡਾ ਦੀ ਰਾਜਧਾਨੀ ਕੰਪਾਲਾ ਵਿੱਚ ਹੋਇਆ ਤੇ ਸੱਤ ਸਾਲ ਦੀ ਉਮਰ ਵਿੱਚ ਮਾਤਾ-ਪਿਤਾ ਨਾਲ ਨਿਊ ਯਾਰਕ ਆ ਗਏ ਸਨ। ਉਹ 2018 ਵਿੱਚ ਅਮਰੀਕਾ ਦੇ ਨਾਗਰਿਕ ਬਣੇ ਤੇ ਉਸੇ ਸਾਲ ਸੀਰੀਆਈ ਕਲਾਕਾਰ ਰਾਮਾ ਦੁਬਾਜੀ ਨਾਲ ਵਿਆਹ ਕਰਵਾਇਆ।

ਮਮਦਾਨੀ ਇਕ ਕੌਂਸਲਰ ਵਜੋਂ ਕੰਮ ਕਰਦੇ ਸਨ ਅਤੇ 2020 ਵਿੱਚ ਵਿਧਾਨ ਸਭਾ ਦੀ ਚੋਣ ਜਿੱਤੀ। ਹਾਲਾਂਕਿ ਇਸ ਚੋਣ ਤੋਂ ਬਾਅਦ ਉਹ ਮੁਸਲਿਮ ਡੈਮੋਕਰੇਟਿਕ ਕਲੱਬ ਆਫ ਨਿਊ ਯਾਰਕ ਨਾਲ ਜੁੜੇ, ਪਰ ਉਹ ਖੁਦ ਨੂੰ ਡੈਮੋਕਰੇਟਿਕ ਸੋਸ਼ਲਿਸਟ ਕਹਿੰਦੇ ਹਨ ਅਤੇ ਉਨ੍ਹਾ ਦੀ ਸਿਆਸਤ ਮਿਹਨਤਕਸ਼ਾਂ, ਪ੍ਰਵਾਸੀਆਂ ਤੇ ਵੰਚਿਤ ਤਬਕਿਆਂ ’ਤੇ ਕੇਂਦਰਤ ਹੈ। ਮੇਅਰ ਲਈ ਉਮੀਦਵਾਰ ਬਣਨ ਵਾਸਤੇ ਉਨ੍ਹਾ ਜਿਹੜਾ ਮੈਨੀਫੈਸਟੋ ਜਾਰੀ ਕੀਤਾ, ਉਸ ਵਿੱਚ ਨਿਊ ਯਾਰਕ ਵਰਗੇ ਮਹਿੰਗੇ ਸ਼ਹਿਰ ਵਿੱਚ ਕਿਰਾਇਆ ਸਥਿਰ ਰੱਖਣ, ਪਬਲਿਕ ਬੱਸ ਸੇਵਾ ਮੁਫਤ ਕਰਨ, ਸਰਕਾਰੀ ਮਾਲਕੀ ਵਾਲੇ ਸਟੋਰਾਂ ਤੋਂ ਸਸਤਾ ਰਾਸ਼ਨ ਉਪਲੱਬਧ ਕਰਾਉਣ, ਬੱਚਿਆਂ ਦੀ ਮੁਫਤ ਦੇਖਭਾਲ ਅਤੇ ਨਸਲੀ ਇਨਸਾਫ ਤੇ ਇਮੀਗਰੇਸ਼ਨ ਦੇ ਅਧਿਕਾਰਾਂ ’ਤੇ ਸਪੱਸ਼ਟ ਰੁਖ਼ ਅਪਣਾਉਣ ਦਾ ਵਾਅਦਾ ਕੀਤਾ।

ਮਮਦਾਨੀ ਨੂੰ ਮੇਅਰ ਦਾ ਉਮੀਦਵਾਰ ਬਣਨ ਤੋਂ ਰੋਕਣ ਲਈ ਕੱਟੜਪੰਥੀਆਂ ਨੇ ਪੂਰਾ ਟਿੱਲ ਲਾਇਆ। ਹਿੰਦੂ ਅਮਰੀਕੀ ਸੰਗਠਨ ‘ਇੰਡੀਆ ਅਮਰੀਕਨਜ਼ ਫਾਰ ਕੁਓਮੋ’ ਨੇ ਉਨ੍ਹਾ ਨੂੰ ਕੱਟੜ ਵਿਚਾਰਧਾਰਾ ਵਾਲਾ ਵਿਅਕਤੀ ਦੱਸਿਆ। ਮਮਦਾਨੀ ਨੇ ਗਲੋਬਲਾਈਜ਼ ਦਾ ਇੰਤਿਫਾਦਾ (ਇੰਤਿਫਾਦਾ ਦਾ ਵਿਸ਼ਵੀਕਰਨ) ਦੇ ਨਾਅਰੇ ਨੂੰ ਸਹੀ ਠਹਿਰਾਇਆ ਸੀ। (ਅਰਬੀ ਸ਼ਬਦ ਇੰਤਿਫਾਦਾ ਦਾ ਅਰਥ ਹੈ ਵਿਦਰੋਹ ਜਾਂ ਝਟਕ ਦੇਣਾ।) ਇਜ਼ਰਾਈਲ ਤੇ ਯਹੂਦੀਆਂ ਖਿਲਾਫ ਲੜਾਈ ਵਿੱਚ ਇਸ ਦੀ ਫਲਸਤੀਨੀ ਵਰਤੋਂ ਕਰਦੇ ਹਨ। ਮਮਦਾਨੀ ਨੇ ਇਸ ਨੂੰ ਬਰਾਬਰੀ ਤੇ ਇਨਸਾਫ ਦੀ ਇੱਕ ਹਤਾਸ਼ ਪੁਕਾਰ ਦੱਸਿਆ ਸੀ, ਜਦਕਿ ਯਹੂਦੀ ਭਾਈਚਾਰੇ, ਜਿਸ ਦਾ ਅਮਰੀਕਾ ’ਚ ਕਾਫੀ ਦਬਦਬਾ ਹੈ, ਨੇ ਇਸ ਨੂੰ ਫਲਸਤੀਨੀਆਂ ਦੀ ਹਿੰਸਾ ਦੀ ਹਮਾਇਤ ਦੱਸਿਆ ਸੀ। ਮਮਦਾਨੀ ਨੂੰ 15 ਮਈ ਨੂੰ ਇੱਕ ਮੰਚ ’ਤੇ ਜਦ ਪੁੱਛਿਆ ਗਿਆ ਕਿ ਜੇ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਿਊ ਯਾਰਕ ਆਉਣ ਤਾਂ ਕੀ ਉਹ ਉਨ੍ਹਾ ਨੂੰ ਮਿਲਣਗੇ, ਤਾਂ ਮਮਦਾਨੀ ਨੇ ਮੋਦੀ ਨੂੰ ਜੰਗ ਅਪਰਾਧੀ ਕਰਾਰ ਦਿੰਦਿਆਂ ਕਿਹਾ ਸੀ ਕਿ ਮੋਦੀ ਨੇ ਮੁਸਲਮਾਨਾਂ ਦੇ ਕਤਲੇਆਮ ਦੀ ਸਾਜ਼ਿਸ਼ ਰਚੀ ਸੀ ਅਤੇ ਉਨ੍ਹਾ ਨੂੰ ਉਸੇ ਨਜ਼ਰ ਨਾਲ ਦੇਖਣਾ ਚਾਹੀਦਾ ਹੈ, ਜਿਵੇਂ ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੂੰ ਅਸੀਂ ਦੇਖਦੇ ਹਾਂ। ਇਸ ਟਿੱਪਣੀ ਕਰਕੇ ਹਿੰਦੂ ਕੱਟੜਪੰਥੀਆਂ ਨੇ ਵੀ ਮਮਦਾਨੀ ਨੂੰ ਰੋਕਣ ਦੀ ਕਾਫੀ ਕੋਸ਼ਿਸ਼ ਕੀਤੀ। ਹਾਲਾਂਕਿ ਇੰਡੀਅਨ ਅਮਰੀਕਨ ਇੰਪੈਕਟ ਫੰਡ ਵਰਗੇ ਕੁਝ ਭਾਰਤੀ-ਅਮਰੀਕੀ ਸੰਗਠਨਾਂ ਨੇ ਮਮਦਾਨੀ ਦੀ ਇਹ ਕਹਿ ਕੇ ਹਮਾਇਤ ਕੀਤੀ ਕਿ ਉਹ ਦੱਖਣੀ ਏਸ਼ੀਆਈ ਭਾਈਚਾਰੇ ਨੂੰ ਸਿਆਸੀ ਤੌਰ ’ਤੇ ਤਕੜਾ ਕਰਨ ਦਾ ਕੰਮ ਕਰ ਰਹੇ ਹਨ।

ਅੰਤਮ ਚੋਣ ਨਤੀਜਿਆਂ ਤੋਂ ਬਾਅਦ ਹੀ ਪਤਾ ਲੱਗੇਗਾ ਕਿ ਅਮਰੀਕਾ ਦੇ ਕੱਟੜਵਾਦੀ ਬਾਦਸ਼ਾਹ ਡੋਨਾਲਡ ਟਰੰਪ ਦੀ ਹਕੂਮਤ ਵਿੱਚ ਨਿਊ ਯਾਰਕ ਵਰਗੇ ਵੱਡੇ ਸ਼ਹਿਰ ਵਿੱਚ ਮਮਦਾਨੀ ਤੇ ਉਨ੍ਹਾ ਦੇ ਸੋਸ਼ਲਿਸਟ ਸਾਥੀ ਕਿੰਨੇ ਸਫਲ ਹੁੰਦੇ ਹਨ। ਤਾਂ ਵੀ, ਅੱਜ ਦੇ ਜ਼ਮਾਨੇ ਵਿੱਚ ਨਿਊ ਯਾਰਕ ਵਰਗੇ ਸ਼ਹਿਰ ਵਿੱਚ ਕਿਸੇ ਸੋਸ਼ਲਿਸਟ ਦਾ ਡੈਮੋਕਰੇਟਿਕ ਉਮੀਦਵਾਰ ਵਜੋਂ ਮੈਦਾਨ ’ਚ ਡਟਣਾ ਮਾਮੂਲੀ ਪ੍ਰਾਪਤੀ ਨਹੀਂ।

## ਯਾਰੀ ਦੀ ਤੰਦ !

ਫੂਕ ਨਿਕਲਦੀ ਜਾਂਦੀ ਹੈ, ਫੁੱਲੇ ਹੋਏ ਗੁਬਾਰੇ ਦੀ,
ਕੰਧਾਂ ਵਿੱਚੋਂ ਖਿਸਕ ਰਹੀ, ਪਿੱਲੀ ਇੱਟ ਚੁਬਾਰੇ ਦੀ।
ਕੁਸ਼ਤੀ ਵੇਲੇ ਹੇਠੀ ਹੋਈ, ਭਾਰੇ ਮੱਲ ਵਿਚਾਰੇ ਦੀ,
ਚਾਰੇ ਪਾਸੇ ਚਰਚਾ ਹੁੰਦੀ, ਇੱਕੋ ਅੱਖ ਦੇ ਤਾਰੇ ਦੀ।
ਜੱਫੀ ਪਾ ਕੇ ਯਾਰ ਬਣਾਏ, ਟੁੱਟੀ ਤੰਦ ਹੈ ਯਾਰੀ ਦੀ,
ਇੱਕੋ ਬੋਲੀ ਹੋ ਗਈ ਹੈ, ਦੇਖੋ ਦੁਨੀਆ ਸਾਰੀ ਦੀ।

-ਗੁਲਪੁਰ

# ਈਰਾਨ-ਇਜ਼ਰਾਈਲ ਜੰਗ ਦੌਰਾਨ ਭਾਰਤੀ ਵਿਦੇਸ਼ ਨੀਤੀ ਦਾ ਖੋਖਲਾਪਣ



ਡਾ. ਅਰੁਣ ਮਿੱਤਰਾ

ਭਾਰਤ ਦੇ ਵਿਦੇਸ ਮੰਤਰਾਲੇ ਨੇ ਇਜ਼ਰਾਇਲ ਤੇ ਈਰਾਨ ਵਿਚਕਾਰ ਜੰਗ ਦੇ ਸੰਦਰਭ ਵਿੱਚ ਕਿਹਾ ਹੈ ਕਿ ਭਾਰਤ ਵਿਗੜੇ ਹੋਏ ਹਾਲਾਤ ਨੂੰ ਠੀਕ ਕਰਨ ਵਿੱਚ ਭੂਮਿਕਾ ਅਦਾ ਕਰਨ ਲਈ ਤਿਆਰ ਹੈ, ਤਾਂ ਜੋ ਜੰਗ ਨੂੰ ਰੋਕ ਕੇ ਤੇ ਗੱਲਬਾਤ ਰਾਹੀਂ ਮਾਮਲੇ ਨੂੰ ਸੁਲਝਾਇਆ ਜਾ ਸਕੇ। ਇਹ ਵੀ ਕਿਹਾ ਗਿਆ ਹੈ ਕਿ ਅੱਛੀ ਗੱਲ ਹੈ ਕਿ ਇਜ਼ਰਾਇਲ ਤੇ ਈਰਾਨ ਵਿੱਚ ਜੰਗਬੰਦੀ ਹੋਈ ਹੈ ਅਤੇ ਗੱਲਬਾਤ ਅਤੇ ਕੂਟਨੀਤਕ ਤਰੀਕੇ ਨਾਲ ਮਾਮਲੇ ਹੱਲ ਕਰਨ ਦਾ ਕੋਈ ਬਦਲ ਨਹੀਂ ਹੈ ਅਤੇ ਇਸ ਖਿੱਤੇ ਦੇ ਵਿੱਚ ਚੱਲ ਰਹੇ ਝਗੜੇ ਅਮਨ-ਅਮਾਨ ਨਾਲ ਸਮਾਪਤ ਹੋਣੇ ਚਾਹੀਦੇ ਹਨ। ਇਹ ਬਿਆਨ ਉਦੋਂ ਆਇਆ ਹੈ, ਜਦੋਂ ਕਿ ਟਰੰਪ ਦੀ ਦਖਲ-ਅੰਦਾਜ਼ੀ ਤੋਂ ਬਾਅਦ ਜੰਗਬੰਦੀ ਦਾ ਐਲਾਨ ਹੋਇਆ। ਇਸ ਸਾਰੇ ਐਲਾਨ ਦੇ ਦੌਰਾਨ ਦੁਨੀਆ ਅਮਰੀਕਾ, ਰੂਸ ਤੇ ਚੀਨ ਵੱਲ ਦੇਖਦੀ ਰਹੀ ਕਿ ਅਗਰ ਹਾਲਾਤ ਵਿਗੜਦੇ ਰਹੇ ਤਾਂ ਰੂਸ, ਚੀਨ ਤੇ ਅਮਰੀਕਾ ਦੀ ਕੀ ਸਥਿਤੀ ਹੋਏਗੀ। ਭਾਰਤ ਵੱਲ ਨਾ ਤੇ ਕਿਸੇ ਨੇ ਦੇਖਿਆ ਨਾ ਕਿਸੇ ਨੇ ਕੋਈ ਗੱਲ ਕੀਤੀ। ਸਾਡੇ ਪ੍ਰਧਾਨ ਮੰਤਰੀ ਨੇ ਈਰਾਨ ਦੇ ਰਾਸ਼ਟਰਪਤੀ ਨਾਲ ਉਦੋਂ ਗੱਲ ਕੀਤੀ, ਜਦੋਂ ਈਰਾਨ ਦੇ ਰਾਸ਼ਟਰਪਤੀ ਮਸੂਦ ਪੈਜ਼ਾਇਸਕੀਆਨ ਨੇ ਖੁਦ ਉਹਨਾ ਨੂੰ ਫੋਨ ਕਰਕੇ ਹਮਾਇਤ ਮੰਗਣ ਦੀ ਗੱਲ ਕਹੀ। ਉਸ ਵੇਲੇ ਵੀ ਪ੍ਰਧਾਨ ਮੰਤਰੀ ਨੇ ਇਹੀ ਕਿਹਾ ਕਿ ਜੰਗ ਨੂੰ ਨਾ ਵਧਾਓ, ਸ਼ਾਂਤੀ ਕਰੋ। ਇਹ ਗੱਲ ਹਾਲਾਂਕਿ ਹਾਸੋਹੀਣੀ ਹੈ ਕਿਉਂਕਿ ਈਰਾਨ ਨੇ ਤੇ ਜੰਗ ਲਾਈ ਹੀ ਨਹੀਂ, ਹਮਲਾ ਤਾਂ ਬਿਨਾਂ ਕਿਸੇ ਉਕਸਾਹਟ ਦੇ ਇਜ਼ਰਾਇਲ ਨੇ ਈਰਾਨ ’ਤੇ ਕੀਤਾ ਸੀ। ਉਸ ਤੋਂ ਪਹਿਲਾਂ ਈਰਾਨ ਲਗਾਤਾਰ ਕਹਿੰਦਾ ਆਇਆ ਹੈ ਕਿ ਅਸੀਂ ਕੋਈ ਪਰਮਾਣੂ ਹਥਿਆਰ ਨਹੀਂ ਬਣਾ ਰਹੇ ਤੇ ਨਾ ਹੀ ਸਾਡੀ ਕੋਈ ਪਰਮਾਣੂ ਹਥਿਆਰ ਬਣਾਉਣ ਦੀ ਚਾਹ ਹੈ। ਇਸ ਗੱਲ ਦੀ ਪੁਸ਼ਟੀ ਅਮਰੀਕਾ ਦੀ ਨੈਸ਼ਨਲ ਇੰਟੈਲੀਜੈਂਸ ਦੀ ਡਾਇਰੈਕਟਰ ਤੁਲਸੀ ਗਬਾੜ ਨੇ ਵੀ ਕੀਤੀ, ਜਿਨ੍ਹਾਂ ਕਿਹਾ ਕਿ ਇਰਾਨ ਕੋਲ ਕੋਈ ਹਥਿਆਰ ਨਹੀਂ ਹਨ, ਪਰ ਉਸ ਦੇ ਬਿਆਨ ਨੂੰ ਟਰੰਪ ਨੇ ਡਾਂਟ ਕੇ ਚੁੱਪ ਕਰਾ ਦਿੱਤਾ। ਉਸ ਤੋਂ ਬਾਅਦ ਤੁਲਸੀ ਗਬਾੜ ਨੇ ਕੋਈ ਬਿਆਨ ਨਹੀਂ ਦਿੱਤਾ।

ਇਹਨਾਂ ਹਾਲਾਤ ਵਿੱਚ ਇਜ਼ਰਾਇਲ ਨੇ ਹਮਲੇ ਕੀਤੇ ਅਤੇ ਇਹ ਗੱਲ ਕਹੀ ਕਿ ਅਸੀਂ ਈਰਾਨ ਦੇ ਪਰਮਾਣੂ ਕਾਰਜਕ੍ਰਮ ਨੂੰ ਤਬਾਹ ਕਰਨਾ ਹੈ, ਹਾਲਾਂਕਿ ਉਹਨਾਂ ਦੇ ਹਮਲੇ ਵੱਡੀ ਗਿਣਤੀ ਵਿੱਚ ਰਿਹਾਇਸ਼ੀ ਇਲਾਕਿਆਂ ’ਤੇ ਹੋਏ। ਇਹ ਠੀਕ ਹੈ ਕਿ ਇਜ਼ਰਾਇਲ ਨੇ ਫੌਜੀ ਟਿਕਾਣਿਆਂ ’ਤੇ ਵੀ ਹਮਲੇ ਕੀਤੇ ਤੇ ਕਈ ਆਗੂਆਂ ਨੂੰ ਤੇ ਕਈ ਪਰਮਾਣੂ ਵਿਗਿਆਨੀਆਂ ਦੀ ਵੀ ਹੱਤਿਆ ਕੀਤੀ। ਅਮਰੀਕਾ ਨੇ ਵੀ ਈਰਾਨ ਦੇ ਪਰਮਾਣੂ ਕੇਂਦਰਾਂ ’ਤੇ ਹਮਲੇ ਕੀਤੇ ਤੇ ਇਹ ਦਾਅਵਾ ਕੀਤਾ ਕਿ ਇਹ ਪਰਮਾਣੂ ਕੇਂਦਰ ਤਬਾਹ ਕਰ ਦਿੱਤੇ ਹਨ ਹਾਲਾਂਕਿ ਈਰਾਨ ਨੇ ਕਿਹਾ ਕਿ ਕੋਈ ਵਿਸ਼ੇਸ਼ ਤਬਾਹੀ ਨਹੀਂ ਹੋਈ, ਜੋ ਯੂਰੇਨੀਅਮ ਉਹਦੇ ਕੋਲ ਸੀ, ਉਹ ਪਹਿਲਾਂ ਹੀ ਕਿਸੇ ਹੋਰ ਥਾਂ ’ਤੇ ਲਿਜਾਇਆ ਜਾ ਚੁੱਕਿਆ ਸੀ। ਇਹਨਾਂ ਹਾਲਾਤ ਵਿੱਚ ਤਨਾਅ ਵਧ ਗਿਆ ਤੇ ਦੁਨੀਆਂ ’ਚ ਡਰ ਪੈਦਾ ਹੋ ਗਿਆ ਕਿ ਪਤਾ ਨਹੀਂ ਗੱਲ ਕਿੱਧਰ ਜਾਏਗੀ। ਇਹ ਖਦਸ਼ਾ ਹੋ ਗਿਆ ਕਿ ਜੇ ਹਾਲਾਤ ਵਿਗੜਦੇ ਗਏ ਤਾਂ ਇਜ਼ਰਾਇਲ ਦੁਆਰਾ ਪਰਮਾਣੂ ਹਥਿਆਰ ਵੀ ਵਰਤੇ ਜਾ ਸਕਦੇ ਹਨ। ਈਰਾਨ ਨੇ ਬਾਅਦ ਵਿੱਚ ਕਤਰ ਵਿਚ ਅਮਰੀਕੀ ਜੰਗੀ ਬੇਸ ’ਤੇ ਵੀ ਹਮਲਾ ਕੀਤਾ। ਇਹ ਹਮਲਾ ਇੱਕ ਬਹੁਤ ਵੱਡੀ ਘਟਨਾ ਸੀ, ਕਿਉਂਕਿ ਅਮਰੀਕਾ ਦੇ ਜੰਗੀ ਜਹਾਜ਼ ’ਤੇ ਹਮਲਾ ਕਰਨ ਦਾ ਮਤਲਬ ਅਮਰੀਕਾ ਨੂੰ ਹਮਲਾ ਕਰਨ ਦੇ ਲਈ ਉਕਸਾਉਣਾ ਸੀ, ਪਰ ਅਮਰੀਕਨ ਕਦੇ ਵੀ ਆਪਣੇ ਬੰਦੇ ਮਰਦੇ ਨਹੀਂ ਦੇਖ ਸਕਦੇ। ਅਮਰੀਕਨ ਸਾਮਰਾਜ ਕੇਵਲ ਦੂਸਰਿਆਂ ਨੂੰ ਮਰਦਾ ਦੇਖ ਕੇ ਖੁਸ਼ ਹੁੰਦਾ ਹੈ। ਜੇ ਇੱਕ ਵੀ ਅਮਰੀਕੀ ਨੂੰ ਕੁਝ ਹੁੰਦਾ ਹੈ ਤਾਂ ਹਾਹਾਕਾਰ ਮੱਚ ਜਾਂਦੀ ਹੈ। ਹੋਰ ਵੀ ਕਈ ਕਾਰਨ ਰਹੇ ਹੋਣਗੇ, ਪਰ ਇਸ ਘਟਨਾ ਤੋਂ ਬਾਅਦ ਅਮਰੀਕਾ ਨੇ ਛੇਤੀ ਹੀ ਜੰਗਬੰਦੀ ਦੀ ਗੱਲ ਕੀਤੀ ਤੇ ਦੋਨਾਂ ਈਰਾਨ ਤੇ ਇਜ਼ਰਾਇਲ ਨੂੰ ਕਿਹਾ ਕਿ ਜੰਗਬੰਦੀ ਕਰੋ। ਇਜ਼ਰਾਇਲ ਫਿਰ ਵੀ ਨਾ ਟਲਿਆ ਤੇ ਈਰਾਨ ’ਤੇ ਫਿਰ ਹਮਲਾ ਕਰ ਦਿੱਤਾ ਤੇ ਉਸ ਤੋਂ ਬਾਅਦ ਟਰੰਪ ਨੇ ਚਿੜ ਕੇ ਇਜ਼ਰਾਇਲ ਨੂੰ ਚੇਤਾਵਨੀ ਦਿੱਤੀ, ਜਿਸ ਤੋਂ ਬਾਅਦ ਇਜ਼ਰਾਇਲ ਨੇ ਹਮਲੇ ਬੰਦ ਕੀਤੇ। ਦੋਨਾਂ ਦੇਸ਼ਾਂ ਦੇ ਵਿੱਚ ਲੋਕ ਹੁਣ ਖੁਸ਼ ਹਨ, ਕਿਉਂਕਿ ਜੰਗ ਦੇ ਦੌਰਾਨ ਜਾਨ-ਮਾਲ ਦਾ ਨੁਕਸਾਨ ਆਮ ਲੋਕਾਂ ਦਾ ਹੀ ਹੁੰਦਾ ਹੈ।

ਦੇਖਣ ਵਾਲੀ ਗੱਲ ਹੈ ਕਿ ਭਾਰਤ ਸਰਕਾਰ ਨੇ, ਜੋ ਅੱਜ ਸਾਡਾ ਮੰਤਰਾਲਾ ਕਹਿ ਰਿਹਾ ਹੈ ਕਿ ਅਸੀਂ ਇਨ੍ਹਾਂ ਹਾਲਾਤ ਨੂੰ ਠੀਕ ਕਰਨ ਵਿੱਚ ਭੂਮਿਕਾ ਅਦਾ ਕਰਾਂਗੇ, ਉਪਰੋਕਤ ਸਥਿਤੀ ਵਿਚ ਹੁਣ ਤੱਕ ਕੀ ਕੀਤਾ। ਹਾਲਾਤ ਹਾਲੇ ਵੀ ਕੋਈ ਪੂਰੀ ਤਰ੍ਹਾਂ ਠੀਕ ਨਹੀਂ ਹੋਏ। ਗਾਜ਼ਾ ਵਿੱਚ ਹਮਲੇ ਉਵੇਂ ਹੀ ਜਾਰੀ ਨੇ, ਨਸਲਕੁਸ਼ੀ ਜਾਰੀ ਹੈ ਤੇ ਖਾੜੀ ਖੇਤਰ ਦੇ ਹੋਰਾਂ ਮੁਲਕਾਂ ਤੇ ਵੀ ਇਜਰਾਇਲ ਦੇ ਹਮਲੇ ਤੇ ਖਾਸ ਤੌਰ ’ਤੇ ਲੈਬਨਾਨ ਦੇ ਉੱਪਰ ਜਾਰੀ ਹਨ। ਜੇ ਭਾਰਤ ਸਰਕਾਰ ਸੱਚਮੁੱਚ ਸੰਜੀਦਾ ਹੈ ਤਾਂ ਇਜ਼ਰਾਇਲ ਨਾਲ ਗੱਲ ਕਰੇ ਤੇ ਉਸ ਨੂੰ ਰੋਕੇ। ਸਾਡੇ ਦੇਸ਼ ਵਿੱਚ ਕਮਿਊਨਿਸਟ ਪਾਰਟੀ ਅਤੇ ਕਾਂਗਰਸ ਪਾਰਟੀ ਦੀ ਆਗੂ ਸੋਨੀਆ ਗਾਂਧੀ ਨੇ ਲਗਾਤਾਰ ਚੇਤਾਵਨੀ ਦਿੱਤੀ ਕਿ ਈਰਾਨ ਸਾਡਾ ਇੱਕ ਮਿੱਤਰ ਰਿਹਾ ਹੈ। ਈਰਾਨ ਨੇ ਹਰ ਔਖੇ ਵੇਲੇ ਸਾਡਾ ਸਾਥ ਦਿੱਤਾ ਹੈ ਤੇ ਹੁਣ ਜਦੋਂ ਸੰਕਟ ਆਇਆ ਤਾਂ ਈਰਾਨ ਨੇ ਸਾਨੂੰ ਸਸਤੇ ਭਾਅ ’ਤੇ ਤੇਲ ਵੀ ਦਿੱਤਾ ਹੈ। ਈਰਾਨ ਨਾਲ ਸਾਡੇ ਸੱਭਿਆਚਾਰਕ ਤੇ ਇਤਿਹਾਸਕ ਸੰਬੰਧ ਵੀ ਹਨ, ਪਰ ਇਜ਼ਰਾਇਲ ਜਾਂ ਟਰੰਪ ਨੂੰ ਕਹਿਣ ਦੀ ਬਜਾਏ ਕਿ ਹਮਲੇ ਨਾ ਕਰੋ, ਸਾਡੇ ਪ੍ਰਧਾਨ ਮੰਤਰੀ ਨੇ ਈਰਾਨ ਨੂੰ ਹੀ ਮੱਤਾਂ ਦੇਣੀਆਂ ਸ਼ੁਰੂ ਕਰ ਦਿੱਤੀਆਂ, ਜਿਸ ਨੇ ਕਿ ਲੜਾਈ ਤਾਂ ਛੇੜੀ ਹੀ ਨਹੀਂ ਸੀ। ਗਾਜ਼ਾ ਦੇ ਪ੍ਰਸ਼ਨ ’ਤੇ ਵੀ ਜਿੱਥੇ ਕਿ ਇਜ਼ਰਾਇਲੀ ਫੌਜ ਬੱਚਿਆਂ ਤੇ ਔਰਤਾਂ ਨਾਲ ਲੜ ਰਹੀ ਹੈ, 55000 ਤੋਂ ਉਪਰ ਲੋਕ ਮਾਰੇ ਜਾ ਚੁੱਕੇ ਹਨ, ਜਿਨ੍ਹਾਂ ਵਿੱਚ 17000 ਤੋਂ ਵੱਧ ਬੱਚੇ ਹਨ ਦੇ ਬਾਰੇ ਸਾਡੀ ਸਰਕਾਰ ਦੀ ਪਹੁੰਚ ਬੜੀ ਨਾ ਪੱਖੀ ਰਹੀ ਹੈ।

ਅੱਜ ਸਰਕਾਰ ਐਮਰਜੈਂਸੀ ਦੀਆਂ ਗੱਲਾਂ ਕਰਦੀ ਹੈ। ਉਹ ਇੰਦਰਾ ਗਾਂਧੀ ਦੀਆਂ ਗੱਲਾਂ ਕਰਦੀ ਹੈ, ਜਿਸ ਨੇ ਕਿ ਦੁਨੀਆ ਵਿੱਚ ਸ਼ਾਂਤੀ ਬਣਾਉਣ ਲਈ ਅਨੇਕਾਂ ਕਦਮ ਚੁੱਕੇ। ਪਾਕਿਸਤਾਨ ਦੀ ਸਰਕਾਰ ਵੱਲੋਂ ਪੂਰਬੀ ਪਾਕਿਸਤਾਨ ਵਿੱਚ ਜੋ ਕਤਲੇਆਮ ਕੀਤਾ, ਉਸ ਦੇ ਵਿਰੁੱਧ ਵੀ ਆਵਾਜ਼ ਚੁੱਕੀ ਅਤੇ ਪੂਰਬੀ ਪਾਕਿਸਤਾਨ ਨੂੰ ਆਜ਼ਾਦ ਕਰਵਾ ਕੇ ਬੰਗਲਾਦੇਸ਼ ਬਣਵਾਇਆ।

ਮੌਜੂਦਾ ਆਰ ਐੱਸ ਐੱਸ ਦੀ ਥਾਪੜੀ ਹੋਈ ਭਾਜਪਾ ਦੀ ਭਾਰਤ ਸਰਕਾਰ ਦੀ ਪਹੁੰਚ ਤਾਂ ਕੋਈ ਹੈਰਾਨੀ ਵਾਲੀ ਗੱਲ ਨਹੀਂ ਹੈ, ਕਿਉਂਕਿ ਆਰ ਐੱਸ ਐੱਸ ਨੇ ਕਦੇ ਵੀ ਲੋਕ ਹਿਤੂ ਗੱਲਾਂ ਲਈ ਆਵਾਜ਼ ਨਹੀਂ ਚੁੱਕੀ। ਆਜ਼ਾਦੀ ਦੇ ਸੰਘਰਸ਼ ਦੇ ਦੌਰਾਨ ਵੀ ਉਹ ਸਾਮਰਾਜ ਨਾਲ ਖੜੇ ਰਹੇ। ਕਦੇ ਵੀ ਸਾਮਰਾਜ ਦੇ ਵਿਰੁੱਧ ਉਹਨਾਂ ਆਵਾਜ਼ ਨਹੀਂ ਚੁੱਕੀ, ਬਲਕਿ ਅੰਗਰੇਜ਼ੀ ਸਾਮਰਾਜ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਆਜ਼ਾਦੀ ਦੀ ਲਹਿਰ ਨੂੰ ਖੁੰਢਾ ਕਰਨ ਦੀ ਪੂਰੀ ਕੋਸ਼ਿਸ਼ ਕੀਤੀ। ਸਾਡੀ ਸਰਕਾਰ ਦੀ ਵਿਦੇਸ਼ ਨੀਤੀ ਪੂਰੀ ਤਰ੍ਹਾਂ ਅਸਫਲ ਹੋ ਗਈ। ਪਹਿਲਗਾਮ ਦੀ ਘਟਨਾ ਤੋਂ ਬਾਅਦ ਸਾਡੀ ਕੂਟਨੀਤਕ ਅਸਫਲਤਾ ਸਾਹਮਣੇ ਆ ਗਈ, ਕਿਉਂਕਿ ਦੁਨੀਆਂ ਵਿੱਚ ਸਾਡੇ ਨਾਲ ਕੋਈ ਵੀ ਖੜਾ ਨਹੀਂ ਹੋਇਆ। ਅੱਤਵਾਦੀ ਕਿੱਥੋਂ ਆਏ ਤੇ ਕਿੱਥੇ ਗਏ, ਹੁਣ ਤਕ ਕੁਝ ਪਤਾ ਨਹੀਂ ਲੱਗਿਆ। ਏਨੇ ਸਾਰੇ ਜਿਹੜੇ ਡੈਲੀਗੇਸ਼ਨ ਦੁਨੀਆ ਨੂੰ ਸਮਝਾਉਣ ਲਈ ਭੇਜੇ ਗਏ ਸਨ, ਉਸ ਦਾ ਕੋਈ ਪ੍ਰਭਾਵ ਨਹੀਂ ਹੋਇਆ। ਸਾਡੀ ਸਰਕਾਰ ਤਾਂ ਟਰੰਪ ਦੀ ਇੱਕ ਘੁਰਕੀ ਤੋਂ ਡਰ ਕੇ ਪਿੱਛੇ ਹਟ ਗਈ, ਪਰ ਛੋਟੇ ਜਿਹੇ ਦੇਸ਼ ਈਰਾਨ ਨੇ ਅਮਰੀਕਾ ਜਿਹੀ ਵੱਡੀ ਤਾਕਤ ਨੂੰ ਆੜੇ ਹੱਥੀਂ ਲਿਆ। ਇਹੋ ਹਾਲ ਅਮਰੀਕਾ ਵੱਲੋਂ ਲਾਏ ਗਏ ਟੈਰਿਫ ਬਾਰੇ ਹੋਇਆ, ਜਿੱਥੇ ਕਿ ਚੀਨ ਅੜ ਗਿਆ ਤੇ ਟਰੰਪ ਨੂੰ ਝੁਕਣਾ ਪਿਆ। ਸਾਡੀ ਸਰਕਾਰ ਨੂੰ ਚਾਹੀਦਾ ਹੈ ਕਿ ਔਰੰਗਜ਼ੇਬ ਦੀ ਕਬਰ ਖੋਦਣ ਦੀ ਬਜਾਏ ਵਿਗਿਆਨ ਤੇ ਤਕਨਾਲੋਜੀ ਨੂੰ ਅੱਗੇ ਵਧਾਉਣ ਲਈ ਮਜ਼ਬੂਤੀ ਨਾਲ ਕੰਮ ਕਰੇ, ਤਾਂ ਜੋ ਦੇਸ਼ ਦਾ ਕੁਝ ਵਿਕਾਸ ਹੋ ਸਕੇ ਤੇ ਭਾਰਤ ਦਾ ਨਾਂਅ ਉੱਚਾ ਹੋ ਸਕੇ।

ਅੱਜ ਦੁਨੀਆ ਬੜੇ ਔਖੇ ਦੌਰ ਵਿੱਚ ਦੀ ਲੰਘ ਰਹੀ ਹੈ। ਇਸ ਲਈ ਅਮਨ ਤੇ ਸ਼ਾਂਤੀ ਦੀ ਲਹਿਰ ਨੂੰ ਮਜ਼ਬੂਤ ਕਰਨਾ ਪਏਗਾ, ਤਾਂ ਜੋ ਦੁਨੀਆ ਵਿੱਚ ਸਥਾਈ ਸ਼ਾਂਤੀ ਸਥਾਪਤ ਕੀਤੀ ਜਾ ਸਕੇ।

**# ਸੰਪਰਕ : 94170-00360**

# ਅਮਰੀਕੀ ਸੰਸਦ ਮੈਂਬਰ ਗਰਾਹਮ ਦਾ ਰੂਸ ਵਿਰੋਧੀ ਬਿੱਲ

**ਅਨੁਵਾਦ - ਪੁਸ਼ਪਿੰਦਰ**

ਅਮਰੀਕਾ ਦੀ ਕਾਂਗਰਸ ਦੇ ਮੈਂਬਰ ਲਿੰਡਸੇ ਗਰਾਹਮ ਨੇ ਸੰਸਦ ਵਿਚ ਇੱਕ ਬਿਲ ਪੇਸ਼ ਕੀਤਾ ਹੈ, ਜਿਸ ਵਿਚ ਸੁਝਾਅ ਹੈ ਕਿ ਉਨ੍ਹਾਂ ਦੇਸ਼ਾਂ ਉਪਰ 500 ਫੀਸਦੀ ਟੈਰਿਫ ਲਗਾਏ ਜਾਣ, ਜੋ ਰੂਸ ਤੋਂ ਤੇਲ ਜਾਂ ਹੋਰ ਊਰਜਾ ਖਰੀਦਦੇ ਹਨ। ਚੀਨ ਅਤੇ ਭਾਰਤ ਮੁਖ ਖਰੀਦਦਾਰਾਂ ਵਿਚੋਂ ਹਨ। ਦੋਨੋਂ ਦੇਸ਼ ਰੂਸ ਵਲੋਂ ਬਰਾਮਦ ਕੀਤੇ ਜਾਂਦੇ ਤੇਲ ਦੀ ਕੁਲ ਮਾਤਰਾ ਦਾ ਤਕਰੀਬਨ 70 ਫੀਸਦੀ ਹਿੱਸਾ ਖਰੀਦਦੇ ਹਨ ।

ਅਮਰੀਕੀ ਸੈਨੇਟਰ, ਜੋ ਸ਼ੁਰੂ ਤੋਂ ਹੀ ਯੂਕਰੇਨ ਦਾ ਹਮੇਤੀ ਅਤੇ ਰੂਸ ਦਾ ਅੰਨ੍ਹਾ ਵਿਰੋਧੀ ਰਿਹਾ ਹੈ, ਦਾ ਕਹਿਣਾ ਹੈ ਕਿ ਰੂਸ ਵਿਰੁਧ ਪਾਬੰਦੀਆਂ ਲਾਉਣ ਵਾਲਾ ਕਾਨੂੰਨ ਜੇ ਲਾਗੂ ਹੋ ਜਾਂਦਾ ਹੈ ਤਾਂ ਇਹ ਭਾਰਤ ਸਮੇਤ ਮਾਸਕੋ ਤੋਂ ਤੇਲ ਖਰੀਦਣ ਵਾਲੇ ਦੇਸ਼ਾਂ ਉਪਰ ‘ਆਰਥਿਕ ਬੰਕਰ ਬਸਟਰ’ ਬੰਬ ਵਰਗੀ ਤਬਾਹੀ ਲਿਆਵੇਗਾ। (ਜ਼ਮੀਨ ਹੇਠ ਬਹੁਤ ਡੂੰਘੇ ਫਟਣ ਵਾਲੇ ਬੰਬ, ਜੋ ਹੁਣੇ ਅਮਰੀਕਾ ਨੇ ਈਰਾਨ ਦੇ ਪ੍ਰਮਾਣੂ ਸੰਸਥਾਨਾਂ ਵਿਰੁਧ ਵਰਤੇ ਹਨ)।

ਗਰਾਹਮ ਨੇ 22 ਜੂਨ ਨੂੰ ਇੱਕ ਟੀ ਵੀ ਚੈਨਲ ਨੂੰ ਇੰਟਰਵਿਊ ਕਿਹਾ ਸੀ ਕਿ ਬਿੱਲ ਨੂੰ ਸਪਾਂਸਰ ਕਰਨ ਵਾਲੇ 84 ਸੈਨੇਟਰਾਂ ਦੀ ਹਮਾਇਤ ਮਿਲ ਗਈ ਹੈ । ਉਸ ਦੇ ਸ਼ਬਦ ਹਨ, “ਇਹ ਚੀਨ, ਭਾਰਤ ਅਤੇ ਰੂਸ ਦੀ ਆਰਥਿਕਤਾ ਨੂੰ ਤਹਿਸ-ਨਹਿਸ ਕਰਨ ਦੇ ਲਈ ਬੰਕਰ ਬਸਟਰ ਦਾ ਕੰਮ ਕਰੇਗਾ , ਕਿਉਂਕਿ ਰੂਸ ਨੇ ਯੂਕਰੇਨ ਉਪਰ ਘਾਤਕ ਹਮਲਾ ਕੀਤਾ ਸੀ । ਮੈਂ ਸੋਚਦਾ ਹਾਂ ਕਿ ਇਹ ਬਿਲ ਪਾਸ ਹੋ ਜਾਵੇਗਾ ...ਬਿੱਲ ਉਪਰ ਵੋਟਾਂ ਪਾਉਣ ਦਾ ਸਮਾਂ ਨਜ਼ਦੀਕ ਆ ਗਿਆ ਹੈ ।”

ਸੈਕਸ਼ਨ ਰਸ਼ੀਆ ਐਕਟ 2025 ਅਮਰੀਕਾ ਦੀ ਸੈਨੇਟ ਵਿਚ ਇਸ ਸਾਲ ਅਪ੍ਰੈਲ ਵਿਚ ਪੇਸ਼ ਕੀਤਾ ਗਿਆ ਸੀ ।

ਲਿੰਡਸੇ ਗਰਾਹਮ ਸਾਊਥ ਕੈਰੋਲਿਨਾ ਤੋਂ ਰਿਪਬਲੀਕਨ ਪਾਰਟੀ ਵੱਲੋਂ ਚੁਣਿਆ ਹੋਇਆ ਸੈਨੇਟ ਮੈਂਬਰ ਹੈ । ਅਖਬਾਰ ਪੋਲੀਟੀਕੋ ਦੀ ਗਰਾਹਮ ਬਾਰੇ ਰਿਪੋਰਟ ਹੈ ਕਿ ਉਸ ਦੀ ਮਨਸ਼ਾ ਹੈ ਕਿ ਹਰ ਉਸ ਦੇਸ਼ ਉਪਰ 500 ਫੀਸਦੀ ਦੇ ਟੈਰਿਫ ਲਗਾਏ ਜਾਣ, ਜੋ ਰੂਸ ਤੋਂ ਤੇਲ ਆਦਿ ਖਰੀਦਦਾ ਹੈ ।

ਰਾਸ਼ਟਰਪਤੀ ਟਰੰਪ ਅਤੇ ਵਲਾਦੀਮੀਰ ਪੁਤਿਨ ਵਿਚਕਾਰ ਕਥਿਤ ਦੋਸਤੀ ਦੇ ਕਾਰਨ ਇਸ ਬਿੱਲ ਨੂੰ ਪਾਸ ਕਰਨ ਵਿਚ ਦਿੱਕਤ ਆ ਰਹੀ ਹੈ, ਪਰ ਪਿਛਲੇ ਕੁਝ ਸਮੇਂ ਤੋਂ ਇਸ ਕਥਿਤ ਦੋਸਤੀ ਵਿਚ ਦਰਾਰ ਆ ਗਈ ਹੈ। ਟਰੰਪ ਨੇ ਸੋਸ਼ਲ ਮੀਡੀਆ ’ਤੇ ਪੁਤਿਨ ਨੂੰ ਪਾਗਲ ਤੱਕ ਵੀ ਕਹਿ ਦਿੱਤਾ ਹੈ ।

‘ਵਾਲ ਸਟਰੀਟ ਜਰਨਲ’ ਨੇ ਜੂਨ ਵਿਚ ਖਬਰ ਦਿੱਤੀ ਸੀ ਕਿ ਵ੍ਹਾਈਟ ਹਾਊਸ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਚੁੱਪ-ਚੁਪੀਤੇ ਗਰਾਹਮ ਦੇ ਦਫਤਰ ਤੱਕ ਪਹੁੰਚ ਕੀਤੀ ਹੈ, ਉਸ ਨੂੰ ਬੇਨਤੀ ਕੀਤੀ ਜਾ ਰਹੀ ਹੈ ਕਿ ਬਿੱਲ ਤੋਂ ਪੈਣ ਵਾਲੇ ਪ੍ਰਭਾਵਾਂ ਨੂੰ ਕੁਝ ਨਰਮ ਕੀਤਾ ਜਾ ਸਕੇ । ਟਰੰਪ ਨੂੰ ਇਹ ਫੈਸਲਾ ਕਰਨ ਦਾ ਅਧਿਕਾਰ ਦਿੱਤਾ ਜਾਵੇ ਕਿ ਕਿਸ ਦੇਸ਼ ਉਪਰ ਪਾਬੰਦੀ ਲਗਾਉਣੀ ਹੈ ਤੇ ਕਿਸ ਉਪਰ ਨਹੀਂ । ਲਾਜ਼ਮੀ ਨਾ ਕਰਕੇ ਲਗਾਈ ਜਾ ਸਕਦੀ ਹੈ, ਦੇ ਲਫਜ਼ ਵਰਤੇ ਜਾਣ। ‘ਪੋਲੀਟੀਕੋ’ ਅਖਬਾਰ ਦੇ ਅਨੁਸਾਰ ਗਰਾਹਮ ਦੀ ਯੋਜਨਾ ਹੈ ਕਿ ਉਨ੍ਹਾਂ ਦੇਸ਼ਾਂ ਨੂੰ ਮਾਫੀ ਦਿੱਤੀ ਜਾ ਸਕਦੀ ਹੈ, ਜਿਨ੍ਹਾਂ ਨੇ ਯੂਕਰੇਨ ਦੀ ਕਦੇ ਮਦਦ ਕੀਤੀ ਹੋਵੇ । ਯੂਰਪੀਨ ਯੂਨੀਅਨ ਦੇ ਦੇਸ਼ ਇਸ ਤਹਿਤ ਬਿੱਲ ਦੀ ਮਾਰ ਤੋਂ ਬਚ ਸਕਦੇ ਹਨ । ਇਸ ਕਾਨੂੰਨ ਦੇ ਲਾਗੂ ਹੋਣ ਨਾਲ ਅਮਰੀਕਾ ਦੇ ਚੀਨ ਅਤੇ ਭਾਰਤ ਵਰਗੇ ਵੱਡੇ ਦੇਸ਼ਾਂ ਨਾਲ ਆਰਥਿਕ ਰਿਸ਼ਤੇ ਖਤਮ ਹੋ ਸਕਦੇ ਹਨ, ਜੋ ਰੂਸ ਵੱਲੋਂ ਨਿਰਯਾਤ ਕੀਤੀ ਜਾਂਦੀ ਊਰਜ਼ਾ ਦਾ ਤਕਰੀਬਨ 70 ਫੀਸਦੀ ਖਰੀਦਦੇ ਹਨ । ਰੂਸ ਤੋਂ ਆਯਾਤ ਕਰਨ ਵਾਲੇ ਦੇਸ਼ਾਂ ਵਿਚ ਖੁਦ ਅਮਰੀਕਾ ਵੀ ਸ਼ਾਮਲ ਹੈ, ਜਿਸ ਦੇ ਪ੍ਰਮਾਣੂ ਬਿਜਲੀ ਪੈਦਾ ਕਰਨ ਵਾਲੇ ਕਾਰਖਾਨੇ ਰੂਸ ਤੋਂ ਮਿਲਦੇ ਯੂਰੇਨੀਅਮ ਦੇ ਨਾਲ ਚਲਦੇ ਹਨ । ਅਮਰੀਕੀ ਸੈਨੇਟ ਅਤੇ ਕਾਂਗਰਸ ਵਿੱਚੋਂ ਬਿੱਲ ਪਾਸ ਹੋਣ ਵਿਚ ਅਜੇ ਕਾਫੀ ਵਕਤ ਲੱਗ ਸਕਦਾ ਹੈ, ਪਰ ਕਿਹਾ ਜਾਂਦਾ ਹੈ ਕਿ ਇਸ ਨੂੰ ਦੋਵੇਂ ਮੁੱਖ ਪਾਰਟੀਆਂ ਦੇ ਵੱਡੀ ਗਿਣਤੀ ਮੈਂਬਰਾਂ ਦੀ ਹਮਾਇਤ ਪ੍ਰਾਪਤ ਹੈ, ਜਦ ਕਿ ਰੂਸ-ਯੂਕਰੇਨ ਜੰਗ ਦਾ ਚੌਥਾ ਵਰ੍ਹਾ ਸ਼ੁਰੂ ਹੋ ਗਿਆ ਹੈ । ‘ਦਾ ਵਾਇਰ’ ਨੇ ਕਈ ਵਾਰ ਖਬਰ ਦਿੱਤੀ ਹੈ ਕਿ ਪਿਛਲੇ ਤਿੰਨ ਸਾਲਾਂ ਦੌਰਾਨ ਰੂਸ ਉਪਰਲੇ ਤਿੰਨ ਦੇਸ਼ਾਂ ਵਿਚੋਂ ਇੱਕ ਹੈ, ਜੋ ਭਾਰਤ ਨੂੰ ਸਭ ਤੋਂ ਜ਼ਿਆਦਾ ਤੇਲ ਬਰਾਮਦ ਕਰਦੇ ਹਨ । ਮਈ 2025 ਵਿਚ ਸੈਂਟਰ ਫਾਰ ਰਿਸਰਚ ਆਨ ਐਨਰਜੀ ਐਂਡ ਕਲੀਨ ਏਅਰ ਨੇ ਦੱਸਿਆ ਸੀ ਕਿ ਯੂਕਰੇਨ ਦੀ ਜੰਗ ਤੋਂ ਬਾਅਦ ਦੇ ਸਮੇਂ ਵਿਚ ਰੂਸ ਦਾ ਖਣਿਜ ਊਰਜਾ ਤੋਂ ਹੋਣ ਵਾਲੀ ਕਮਾਈ ਵਿਚ ਲਗਾਤਾਰ 3 ਫੀਸਦੀ ਪ੍ਰਤੀ ਮਹੀਨਾ ਦਾ ਨੁਕਸਾਨ ਹੋ ਰਿਹਾ ਹੈ, ਜਦ ਕਿ ਭਾਰਤ ਨੂੰ ਰੂਸ ਤੋਂ ਆਉਣ ਵਾਲੇ ਤੇਲ ਦੀ ਆਮਦ ਵਿਚ 34% ਮਹੀਨਾਵਾਰ ਦਾ ਵਾਧਾ ਹੋ ਰਿਹਾ ਹੈ । ਭਾਰਤ ਨੇ ਰੂਸ ਤੋਂ ਹੋਣ ਵਾਲੀ ਕੱਚੇ ਤੇਲ ਦੀ ਬਰਾਮਦ ਦਾ ਕੁਲ 38 ਫੀਸਦੀ ਖਰੀਦਿਆ ਹੈ । ਭਾਰਤ ਨੇ ਰੂਸ ਵੱਲੋਂ ਯੂਕਰੇਨ ਉਪਰ ਹਮਲੇ ਦੀ ਕਦੇ ਜਨਤਕ ਤੌਰ ’ਤੇ ਨਿਖੇਧੀ ਨਹੀਂ ਕੀਤੀ। ਸ਼ਾਇਦ ਇਸੇ ਕਰਕੇ ਹੀ ਇੰਡੀਆ 2022 ਤੋਂ ਹੀ ਗਰਾਹਮ ਵਰਗੇ ਲੋਕਾਂ ਦੀਆਂ ਅੱਖਾਂ ਵਿਚ ਰੜਕ ਰਿਹਾ ਹੈ । 500 ਫੀਸਦੀ ਦਾ ਟੈਰਿਫ ਬਹੁਤ ਭਿਆਨਕ ਲੱਗਦਾ ਹੈ ।

**(‘ਦਾ ਵਾਇਰ’ ਪੋਰਟਲ ਤੋਂ ਧੰਨਵਾਦ ਸਹਿਤ)**

# ਆਓ ! ਪੰਜਾਬ ਦੀ ਧਰਤੀ ਨੂੰ ਹਰੀ-ਭਰੀ ਬਣਾਈਏ

**ਡਾ. ਇਕਬਾਲ ਸਿੰਘ ਸਕਰੌਦੀ**

ਜਿਉਂ ਹੀ ਜੇਠ-ਹਾੜ ਦੇ ਮਹੀਨੇ ਚੜ੍ਹਦੇ ਹਨ, ਸਾਰਾ ਪੰਜਾਬ ਬਲ਼ਦੀ ਭੱਠੀ ਵਾਂਗੂੰ ਤਪਣ ਲੱਗਦਾ ਹੈ। ਚਾਰੇ ਪਾਸੇ ਲੋਕੀਂ ਤਰਾਅ-ਤਰਾਅ ਕਰਦੇ ਫ਼ਿਰਦੇ ਹਨ । ਹਰ ਕੋਈ ਹਾਏ ਗਰਮੀ, ਹਾਏ ਗਰਮੀ ਦੀ ਦੁਹਾਈ ਦਿੰਦਾ ਨਜ਼ਰੀਂ ਪੈਂਦਾ ਹੈ । ਬਿਜਲੀ ਦੀ ਖ਼ਪਤ ਵਧਣ ਨਾਲ਼ ਲੰਮੇ-ਲੰਮੇ ਕੱਟ ਲੱਗਣੇ ਸ਼ੁਰੂ ਹੋ ਜਾਂਦੇ ਹਨ। ਸੋਸ਼ਲ ਮੀਡੀਆ, ਪ੍ਰਿੰਟ ਮੀਡੀਆ ਅਤੇ ਪ੍ਰਚਾਰ ਦੇ ਹੋਰ ਸਾਧਨਾਂ ਦੁਆਰਾ ਡਾਕਟਰਾਂ ਦੀਆਂ ਟੀਮਾਂ ਵੱਲੋਂ, ਰਾਜਸੀ ਅਤੇ ਧਾਰਮਿਕ ਆਗੂਆਂ ਵੱਲੋਂ, ਸਮਾਜ ਦੇ ਹੋਰ ਪਤਵੰਤਿਆਂ ਵੱਲੋਂ ਜਨ-ਸਧਾਰਨ ਨੂੰ ਸਲਾਹਾਂ ਦਿੱਤੀਆਂ ਜਾਂਦੀਆਂ ਹਨ ਕਿ ਅਤਿ ਦੀ ਗਰਮੀ ਅਤੇ ਵਗਦੀਆਂ ਤੱਤੀਆਂ ਲੋਆਂ ਤੋਂ ਆਪਣੇ ਆਪ ਨੂੰ ਬਚਾਅ ਕੇ ਰੱਖਿਆ ਜਾਵੇ। ਕੇਵਲ ਬਹੁਤ ਜ਼ਰੂਰੀ ਲੋੜ ਵੇਲੇ ਹੀ ਘਰਾਂ ਤੋਂ ਬਾਹਰ ਨਿਕਲਿਆ ਜਾਵੇ। ਜੇਕਰ ਸੰਭਵ ਹੋਵੇ ਤਾਂ ਸਵੇਰੇ ਦਸ ਵਜੇ ਤੋਂ ਪਹਿਲਾਂ ਅਤੇ ਸ਼ਾਮੀਂ ਛੇ ਵਜੇ ਤੋਂ ਬਾਅਦ ਹੀ ਘਰਾਂ ਦੇ ਜ਼ਰੂਰੀ ਕੰਮ-ਕਾਜ ਨਿਪਟਾਏ ਜਾਣ। ਛੋਟੇ ਬੱਚਿਆਂ ਅਤੇ ਬਜ਼ੁਰਗਾਂ ਨੂੰ ਖ਼ਾਸ ਅਹਿਤਿਆਤ ਰੱਖਣ ਲਈ ਨਸੀਹਤਾਂ ਦਿੱਤੀਆਂ ਜਾਂਦੀਆਂ ਹਨ। ਇਸ ਵਿੱਚ ਕੋਈ ਦੋ ਰਾਵਾਂ ਨਹੀਂ ਹਨ ਕਿ ਸਾਨੂੰ ਸਾਰਿਆਂ ਨੂੰ ਵਰ੍ਹਦੀ ਅੱਗ ਅਤੇ ਅੱਗ ਵਰਸਾਉਂਦੀਆਂ ਤੱਤੀਆਂ ਹਵਾਵਾਂ ਤੋਂ ਬਚਣ ਦੇ ਉਪਰਾਲੇ ਜ਼ਰੂਰ ਕਰਨੇ ਚਾਹੀਦੇ ਹਨ, ਪਰੰਤੂ ਵਿਚਾਰਨ ਵਾਲ਼ੀ ਗੱਲ ਤਾਂ ਇਹ ਹੈ ਕਿ ਕੀ ਕੁਦਰਤ ਖ਼ੁਦ ਹੀ ਏਨੀ ਕਹਿਰਵਾਨ ਹੋ ਗਈ ਹੈ ਕਿ ਉਹ ਧਰਤੀ ਉੱਤੇ ਵਸਦੇ ਮਨੁੱਖਾਂ, ਜੀਵ-ਜੰਤੂਆਂ, ਪਸ਼ੂ-ਪੰਛੀਆਂ ਅਤੇ ਪ੍ਰਕਿਰਤੀ ਨੂੰ ਸਾੜਨ ਦੇ ਰਾਹ ਤੁਰ ਪਈ ਹੈ ? ਨਹੀਂ, ਅਜਿਹਾ ਹਰਗਿਜ਼ ਨਹੀਂ । ਇਹ ਤਾਂ ਕੁਦਰਤ ਦਾ ਸੁਭਾਅ ਹੀ ਨਹੀਂ ਹੈ ਕਿ ਉਹ ਕ੍ਰੋਪੀ ਧਾਰਨ ਕਰੇ। ਕੁਦਰਤ ਨੇ ਤਾਂ ਆਪਣੇ ਸਾਰੇ ਵਿਧੀ-ਵਿਧਾਨ ਨੂੰ ਸੋਹਣੇ ਅਤੇ ਮਿਆਰੀ ਨਿਯਮਾਂ ਵਿੱਚ ਬੰਨ੍ਹਿਆ ਹੋਇਆ ਹੈ। ਕੁਦਰਤ ਤਾਂ ਉਦੋਂ ਹੀ ਆਪਣਾ ਵਿਕਰਾਲ ਰੂਪ ਧਾਰਨ ਕਰਦੀ ਹੈ, ਜਦੋਂ ਧਰਤੀ ਉੱਤੇ ਵਸਦੇ ਮਨੁੱਖ ਆਪਣੀਆਂ ਲਾਲਸੀ ਪ੍ਰਵਿਰਤੀਆਂ ਕਾਰਨ ਕੇਵਲ ਲੈਣ ਦੀ ਹੀ ਆਸ ਰੱਖਦੇ ਹਨ, ਬਦਲੇ ਵਿੱਚ ਧਰਤੀ ਨੂੰ, ਵਾਤਾਵਰਨ ਨੂੰ, ਸਮਾਜ ਨੂੰ ਕੁਝ ਦੇਣ ਦੀ ਲੋੜ ਨੂੰ ਬਿਲਕੁੱਲ ਹੀ ਅੱਖੋਂ-ਪਰੋਖੇ ਕਰ ਦਿੰਦੇ ਹਨ। ਸੱਚ ਤਾਂ ਇਹ ਹੈ ਕਿ ਸਮਾਜ ਵਿੱਚ ਰਹਿੰਦੇ ਮਨੁੱਖ ਏਨੇ ਬੇਕਿਰਕ, ਬੇਰਹਿਮ, ਅਸੰਵੇਦਨਸ਼ੀਲ ਹੋ ਗਏ ਹਨ ਕਿ ਹੁਣ ਉਹ ਕੇਵਲ ਲੈਣ ਦੀ ਲਾਲਚੀ ਪ੍ਰਵਿਰਤੀ ਦੇ ਧਾਰਨੀ ਬਣ ਬੈਠੇ ਹਨ।

ਧਰਤੀ ਉੱਤੇ ਅਮਰਵੇਲ ਵਾਂਗ ਵਧਦੀ ਤਪਸ਼ ਦਾ ਵਰਤਾਰਾ ਕੋਈ ਯਕਦਮ ਨਹੀਂ ਵਾਪਰਿਆ, ਸਗੋਂ ਪੰਜ ਦਰਿਆਵਾਂ ਦੀ ਹਰੀ-ਭਰੀ ਪੰਜਾਬ ਦੀ ਇਸ ਸੋਹਣੀ-ਸੁਨੱਖੀ ਅਤੇ ਪਿਆਰੀ ਧਰਤੀ ਨੂੰ ਅੱਗ ਦੀ ਭੱਠੀ ਵਾਂਗੂੰ ਤਪਾਉਣ ਲਈ ਅਸੀਂ ਸਾਰੇ ਹੀ ਜ਼ਿੰਮੇਵਾਰ ਅਤੇ ਕਸੂਰਵਾਰ ਹਾਂ। ਕੋਈ ਸਮਾਂ ਹੁੰਦਾ ਸੀ, ਜਦੋਂ ਕਿਸਾਨ ਧਰਤੀ ਵਿੱਚ ਬੀਜ ਪਾਉਂਦਾ ਸੀ ਤਾਂ ਸਭ ਤੋਂ ਪਹਿਲਾਂ ਉਹ ਬੋਲਦਾ ਸੀ- ਚਿੜੀ ਜਨੌਰ ਦੇ ਭਾਗ ਦਾ । ਹਾਲੀ-ਪਾਲ਼ੀ ਦੇ ਭਾਗ ਦਾ, ਪਰੰਤੂ ਹੁਣ ਨਾ ਕੇਵਲ ਕਿਸਾਨੀ ਵਿੱਚ ਸਗੋਂ ਹਰ ਮਨੁੱਖ ਵਿੱਚ ਏਨਾ ਜ਼ਿਆਦਾ ਲਾਲਚ ਵਧ ਗਿਆ ਹੈ ਕਿ ਉਨ੍ਹਾਂ ਫ਼ਸਲਾਂ ਦਾ ਵਧੇਰੇ ਝਾੜ ਲੈਣ ਲਈ ਥਾਂ-ਥਾਂ ’ਤੇ ਖੜ੍ਹੇ ਹਰੇ-ਭਰੇ ਰੁੱਖ ਪਿੱਪਲ, ਨਿੰਮ, ਬਰੋਟਾ, ਟਾਹਲੀ ਆਦਿ ਵੱਢ ਸੁੱਟੇ ਹਨ। ਹੁਣ ਜੇਕਰ ਖੇਤਾਂ ਵਿੱਚ ਨਜ਼ਰ ਮਾਰੀ ਜਾਵੇ ਤਾਂ ਦੂਰ, ਬਹੁਤ ਦੂਰ-ਦੂਰ ਤੱਕ ਕੋਈ ਵੀ ਹਰਿਆ-ਭਰਿਆ ਰੁੱਖ ਨਜ਼ਰੀਂ ਨਹੀਂ ਪੈਂਦਾ। ਹੁਣ ਕਿਸਾਨ ਆਪਣੀ ਪੱਕੀ ਫ਼ਸਲ ਵੱਢ ਕੇ ਖੇਤ ਨੂੰ ਖ਼ਾਲੀ ਛੱਡਣ ਵਿੱਚ ਵਿਸ਼ਵਾਸ ਨਹੀਂ ਕਰਦਾ, ਸਗੋਂ ਉਹ ਨਾੜ ਨੂੰ ਇੱਕ ਤੀਲੀ ਲਾ ਕੇ ਚੁੱਪ-ਚਾਪ ਪਿੰਡ ਆ ਵੜਦਾ ਹੈ। ਨਾੜ ਨੂੰ ਅੱਗ ਲਾਉਣ ਨਾਲ਼ ਧਰਤੀ ਦੀ ਉਪਜਾਊ ਸ਼ਕਤੀ ਤਾਂ ਨਸ਼ਟ ਹੁੰਦੀ ਹੀ ਹੈ, ਇਸ ਦੇ ਨਾਲ਼ ਹੀ ਸੜਕਾਂ, ਪਹਿਆਂ, ਡੰਡੀਆਂ ਆਦਿ ਉੱਤੇ ਆਪਣੇ-ਆਪ ਉੱਗ ਕੇ ਬਣੇ ਰੁੱਖ ਵੀ ਸੜ ਕੇ ਸੁਆਹ ਹੋ ਜਾਂਦੇ ਹਨ।

ਅਸੀਂ ਸਾਰੇ ਜਾਣਦੇ ਹਾਂ ਕਿ ਜਿਉਂ ਹੀ ਬਰਸਾਤਾਂ ਆਰੰਭ ਹੁੰਦੀਆਂ ਹਨ ਤਾਂ ਸਰਕਾਰ ਦੇ ਮੰਤਰੀ, ਸੰਤਰੀ, ਵਿਧਾਇਕ, ਵੱਖ-ਵੱਖ ਅਦਾਰਿਆਂ ਦੇ ਚੇਅਰਮੈਨ, ਸਮਾਜਿਕ, ਧਾਰਮਿਕ ਅਤੇ ਸੱਭਿਆਚਾਰਕ ਅਦਾਰਿਆਂ ਦੇ ਪ੍ਰਧਾਨ, ਸਰਕਾਰੀ, ਅਰਧ- ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਕਾਲਜਾਂ ਦੇ ਪ੍ਰਿੰਸੀਪਲ, ਬੈਂਕਾਂ ਦੇ ਉੱਚ ਅਧਿਕਾਰੀ, ਸੀਨੀਅਰ ਸਿਟੀਜ਼ਨ ਸੁਸਾਇਟੀਆਂ, ਸ਼ਹਿਰਾਂ, ਕਸਬਿਆਂ, ਪਿੰਡਾਂ ਵਿਚਲੇ ਖੇਡ ਕਲੱਬਾਂ, ਯੂਥ ਕਲੱਬਾਂ, ਪਿੰਡਾਂ ਦੀਆਂ ਪੰਚਾਇਤਾਂ ਅਤੇ ਕਿਸਾਨਾਂ ਵੱਲੋਂ ਧੜਾ-ਧੜ ਨਵੇਂ ਬੂਟੇ ਲਾਉਣ ਦੀਆਂ ਖ਼ਬਰਾਂ ਸੋਸ਼ਲ ਮੀਡੀਆ, ਪ੍ਰਿੰਟ ਮੀਡੀਆ, ਸਰਕਾਰੀ, ਅਰਧ-ਸਰਕਾਰੀ ਅਤੇ ਗ਼ੈਰ-ਸਰਕਾਰੀ ਟੀ ਵੀ ਚੈਨਲਾਂ ਉੱਤੇ, ਸੋਸ਼ਲ ਮੀਡੀਆ, ਪ੍ਰਿੰਟ ਮੀਡੀਆ ਅਤੇ ਹੋਰ ਸਾਧਨਾਂ ਰਾਹੀਂ ਬਹੁਤ ਹੀ ਜ਼ੋਰ-ਸ਼ੋਰ ਨਾਲ ਧੂੰਆਂ-ਧਾਰ ਪ੍ਰਚਾਰ ਕੀਤਾ ਜਾਂਦਾ ਹੈ ਕਿ ਜਨ-ਸਧਾਰਨ ਨੂੰ ਤਾਂ ਇੱਕ ਵਾਰੀ ਇਉਂ ਜਚਾ ਦਿੱਤਾ ਜਾਂਦਾ ਹੈ ਕਿ ਅਗਲੇ ਵਰ੍ਹੇ ਛਿਮਾਹੀ ਵਿੱਚ ਸਾਡੇ ਪੰਜਾਬ ਦੀ ਇਹ ਧਰਤੀ ਪੂਰੀ ਤਰ੍ਹਾਂ ਹਰੀ-ਭਰੀ ਹੋ ਜਾਵੇਗੀ । ਅਗਲੇ ਵਰ੍ਹੇ ਜੁਲਾਈ ਅਗਸਤ ਦੇ ਮਹੀਨਿਆਂ ਵਿੱਚ ਹੋਰ ਨਵੇਂ ਪੌਦੇ ਲਾਉਣ ਲਈ ਕੋਈ ਥਾਂ ਬਾਕੀ ਹੀ ਨਹੀਂ ਰਹੇਗੀ, ਪਰੰਤੂ ਸਵਾਲ ਤਾਂ ਇਹ ਹੈ ਕਿ ਜੇਕਰ ਨਵੇਂ ਬੂਟੇ ਲਾਉਣ ਦੀ ਦਿਸ਼ਾ ਵਿੱਚ ਇਹ ਸਭ ਕੁਝ ਅਮਲੀ ਰੂਪ ਵਿੱਚ ਕੀਤਾ ਗਿਆ ਹੁੰਦਾ ਤਾਂ ਪੰਜਾਬ ਦੀ ਇਹ ਰੰਗਲੀ ਧਰਤੀ ਅੱਜ ਤੋਂ ਕਈ ਸਾਲ ਪਹਿਲਾਂ ਸੱਚਮੁੱਚ ਹੀ ਹਰੀ-ਭਰੀ ਹੋ ਜਾਣੀ ਸੀ।

ਪਰੰਤੂ ਅਫ਼ਸੋਸ, ਅਜਿਹਾ ਕੁਝ ਵੀ ਨਹੀਂ ਹੋ ਸਕਿਆ । ਵਜ੍ਹਾ ਬਿਲਕੁਲ ਸਾਫ਼ ਹੈ ਕਿ ਬਹੁਤ ਸਾਰੀਆਂ ਸੰਸਥਾਵਾਂ ਅਤੇ ਅਦਾਰਿਆਂ ਵੱਲੋਂ ਹਰ ਸਾਲ ਨਵੇਂ ਬੂਟੇ ਲਾਉਣ ਦਾ ਕੀਤਾ ਜਾ ਰਿਹਾ ਇਹ ਝੂਠਾ ਪ੍ਰਚਾਰ ਕੇਵਲ ਵਾਹ-ਵਾਹ ਖੱਟਣ ਲਈ, ਫ਼ੋਟੋਆਂ ਖਿੱਚਣ ਲਈ, ਵਟਸਐਪ , ਇੰਸਟਾਗ੍ਰਾਮ, ਫ਼ੇਸਬੁਕ ਉੱਤੇ ਪਾਉਣ ਲਈ, ਝੂਠੀ ਸ਼ਾਨ ਬਣਾਉਣ ਲਈ ਹੀ ਕੀਤਾ ਜਾਂਦਾ ਹੈ ਜਾਂ ਫ਼ਿਰ ਕੁਝ ਕੁ ਵੱਡੇ ਨਿੱਜੀ ਅਦਾਰਿਆਂ ਅਤੇ ਘਰਾਣਿਆਂ ਵੱਲੋਂ ਪੰਜਾਬ ਹਰਿਆਵਲ ਲਹਿਰ, ਰੰਗਲਾ ਪੰਜਾਬ, ਹਰਿਆਲੀ ਭਰਿਆ ਪੰਜਾਬ ਆਦਿ ਦੇ ਨਾਂਅ ਹੇਠ ਜਨ-ਸਧਾਰਨ ਕੋਲੋਂ ਕਰੋੜਾਂ ਰੁਪਏ ਦਾਨ ਦੇ ਰੂਪ ਵਿੱਚ ਇਕੱਠੇ ਕਰਕੇ ਖ਼ੁਦ ਡਕਾਰਨ ਦਾ ਢਕਵੰਜ ਰਚਿਆ ਜਾਂਦਾ ਰਿਹਾ ਹੈ, ਜੋ ਕਿ ਬਿਲਕੁਲ ਹੀ ਗ਼ਲਤ ਵਰਤਾਰਾ ਹੈ।

ਜੇਕਰ ਪੰਜਾਬ ਦੇ ਰਾਜਸੀ ਲੀਡਰ, ਸਰਕਾਰਾਂ, ਹੋਰ ਸਰਕਾਰੀ, ਗ਼ੈਰ-ਸਰਕਾਰੀ ਅਦਾਰੇ ਸਹੀ ਅਰਥਾਂ ਵਿੱਚ ਪੰਜਾਬ ਦੀ ਧਰਤੀ ਨੂੰ ਸੋਹਣੀ ਅਤੇ ਹਰਿਆਵਲ ਭਰਪੂਰ ਬਣਾਉਣਾ ਲੋਚਦੇ ਹਨ, ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਕੁਝ ਚੰਗਾ ਕਰਨ ਦੀ ਸੁਹਿਰਦ ਭਾਵਨਾ ਰੱਖਦੇ ਹਨ ਤਾਂ ਇਸ ਖੇਤਰ ਵਿੱਚ ਝੂਠਾ ਲੋਕ ਦਿਖਾਵਾ ਛੱਡ ਕੇ ਅਮਲੀ ਰੂਪ ਵਿੱਚ ਕੰਮ ਕਰਨ ਦੀ ਲੋੜ ਹੈ। ਇੱਕ ਜੰਗ ਲੜਨ ਦੀ ਲੋੜ ਹੈ।

ਜਦੋਂ ਵੀ ਕਿਸੇ ਸਰਕਾਰੀ, ਅਰਧ ਸਰਕਾਰੀ, ਗ਼ੈਰ-ਸਰਕਾਰੀ ਸੰਸਥਾਵਾਂ ਵੱਲੋਂ ਨਵੇਂ ਬੂਟੇ ਲਗਾਉਣ ਦਾ ਪ੍ਰੋਗਰਾਮ ਉਲੀਕਿਆ ਜਾਵੇ ਤਾਂ ਬਕਾਇਦਾ ਉਸ ਸਥਾਨ ਦਾ ਨਾਂਅ, ਲਗਾਏ ਗਏ ਨਵੇਂ ਬੂਟਿਆਂ ਦੀ ਗਿਣਤੀ, ਕਿਹੜੀ-ਕਿਹੜੀ ਕਿਸਮ ਦੇ ਕਿੰਨੇ ਬੂਟੇ ਲਗਾਏ ਗਏ ਹਨ ? ਬੂਟੇ ਕਿੰਨੇ-ਕਿੰਨੇ ਫ਼ਾਸਲੇ ਉੱਤੇ ਲਗਾਏ ਗਏ ਹਨ ? ਬੂਟਿਆਂ ਨੂੰ ਅਵਾਰਾ ਪਸ਼ੂਆਂ ਤੋਂ ਬਚਾਉਣ ਦਾ ਕੀ ਪ੍ਰਬੰਧ ਕੀਤਾ ਗਿਆ ਹੈ ? ਬੂਟਿਆਂ ਨੂੰ ਕਿੰਨੇ ਸਮੇਂ ਬਾਅਦ ਪਾਣੀ ਦੇਣਾ ਹੈ ? ਪਾਣੀ ਕਿਸ ਨੇ ਦੇਣਾ ਹੈ ? ਆਦਿ ਦਾ ਪੂਰਾ ਬਿਉਰਾ ਲਿਖਤੀ ਰੂਪ ਵਿੱਚ ਰੱਖਿਆ ਜਾਵੇ । ਹੋਰ ਵੀ ਵਧੇਰੇ ਚੰਗਾ ਹੋਵੇ, ਜੇਕਰ ਨਵੇਂ ਪੌਦਿਆਂ ਦੀ ਸਾਂਭ-ਸੰਭਾਲ ਅਤੇ ਹਿਸਾਬ-ਕਿਤਾਬ ਰੱਖਣ ਲਈ ਇੱਕ ਵੱਖਰੀ ਸ਼ਾਖਾ ਸਥਾਪਤ ਕਰ ਲਈ ਜਾਵੇ, ਜੋ ਕਿ ਡਿਪਟੀ ਕਮਿਸ਼ਨਰ ਦੇ ਅਧੀਨ ਹੋਵੇ।

ਪਿੰਡਾਂ ਦੀਆਂ ਪੰਚਾਇਤਾਂ, ਨਗਰ ਕੌਂਸਲ ਦੇ ਐੱਮ.ਸੀ. ਅਤੇ ਹੋਰ ਪਿੰਡਾਂ ਸ਼ਹਿਰਾਂ ਦੇ ਪਤਵੰਤੇ ਸੱਜਣਾਂ ਨੂੰ ਸੇਵਾ ਦਾ ਇਹ ਕਾਰਜ ਸੌਂਪਿਆ ਜਾਣਾ ਚਾਹੀਦਾ ਹੈ, ਜਿਹੜੇ ਇਸ ਖੇਤਰ ਵਿੱਚ ਆਪਣੀ ਰੁਚੀ ਨਾਲ਼ ਆਉਣਾ ਚਾਹੁੰਦੇ ਹੋਣ। ਜੇਕਰ ਕਿਸੇ ਅਜਿਹੀ ਥਾਂ ਉੱਤੇ ਨਵਾਂ ਬੂਟਾ ਲਗਾਇਆ ਗਿਆ ਹੈ, ਜਿੱਥੇ ਅਸਾਨੀ ਨਾਲ਼ ਪਾਣੀ ਦਾ ਪ੍ਰਬੰਧ ਨਾ ਹੋ ਸਕਦਾ ਹੋਵੇ ਤਾਂ ਅਜਿਹੀ ਸਥਿਤੀ ਵਿੱਚ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਜਾਂ ਪਿੰਡਾਂ ਅਤੇ ਸ਼ਹਿਰਾਂ ਦੇ ਨੌਜਵਾਨਾਂ ਨੂੰ ਪ੍ਰੇਰਿਤ ਕਰਕੇ ਅਤੇ ਬੂਟਾ ਚੱਲ ਜਾਣ ਦੀ ਸੂਰਤ ਵਿੱਚ ਸਰਕਾਰ ਵੱਲੋਂ ਸੰਬੰਧਤ ਸਕੂਲ ਦੇ ਵਿਦਿਆਰਥੀ ਅਤੇ ਪਿੰਡਾਂ ਦੇ ਨੌਜਵਾਨਾਂ ਨੂੰ ਉੱਕੀ-ਪੁੱਕੀ ਨਕਦ ਰਾਸ਼ੀ ਦੇ ਕੇ ਨਵੇਂ ਬੂਟਿਆਂ ਨੂੰ ਪਾਲ਼ ਕੇ ਵੱਡੇ ਰੁੱਖਾਂ ਵਿੱਚ ਬਦਲਿਆ ਜਾ ਸਕਦਾ ਹੈ।

ਇਸੇ ਪ੍ਰਕਾਰ ਸਕੂਲਾਂ, ਕਾਲਜਾਂ ਵਿੱਚ ਲਗਾਏ ਜਾਣ ਵਾਲ਼ੇ ਹਰ ਨਵੇਂ ਬੂਟੇ ਦੀ ਸਾਂਭ-ਸੰਭਾਲ ਦੀ ਜ਼ਿੰਮੇਵਾਰੀ ਉਸ ਸੰਸਥਾ ਵਿੱਚ ਪੜ੍ਹਦੇ ਉਨ੍ਹਾਂ ਵਿਦਿਆਰਥੀਆਂ ਨੂੰ ਦਿੱਤੀ ਜਾਣੀ ਚਾਹੀਦੀ ਹੈ, ਜਿਹੜੇ ਬੂਟਿਆਂ ਨੂੰ ਦਿਲੋਂ ਪਿਆਰ ਕਰਦੇ ਹੋਣ । ਸੰਬੰਧਤ ਵਿਦਿਆਰਥੀ ਵੱਲੋਂ ਨਵੇਂ ਬੂਟੇ ਦੀ ਕੀਤੀ ਗਈ ਸਾਂਭ-ਸੰਭਾਲ ਉਪਰੰਤ ਜਦੋਂ ਬੂਟਾ ਚੱਲ ਪਵੇ ਤਾਂ ਇੱਕ ਸਾਲ ਬਾਅਦ ਉਸ ਵਿਦਿਆਰਥੀ ਨੂੰ ਵਿਸ਼ੇਸ਼ ਸਮਾਗਮ ਦੌਰਾਨ ਗੋਲਡ ਮੈਡਲ, ਕੁਝ ਨਕਦ ਰਾਸ਼ੀ ਅਤੇ ਸਨਮਾਨ ਚਿੰਨ੍ਹ ਭੇਟ ਕੀਤਾ ਜਾਵੇ ਤਾਂ ਜੋ ਉਸੇ ਸੰਸਥਾ ਦੇ ਹੋਰ ਵਿਦਿਆਰਥੀਆਂ ਵਿੱਚ ਵੀ ਬੂਟਿਆਂ ਨੂੰ ਪਾਲ਼ਣ, ਸੰਭਾਲਣ ਅਤੇ ਪ੍ਰਵਾਨ ਚੜ੍ਹਾਉਣ ਦੀ ਰੁਚੀ ਉਜਾਗਰ ਹੋਵੇ। ਹੋਰ ਵੀ ਚੰਗਾ ਹੋਵੇ ਜੇਕਰ ਅਜਿਹੇ ਵਿਦਿਆਰਥੀ ਨੂੰ ਉਸ ਦੁਆਰਾ ਪਾਲ਼ੇ ਬੂਟੇ ਦੇ ਖੋਲ ਖੜ੍ਹਾ ਕੇ ਫ਼ੋਟੋ ਖਿੱਚੀ ਜਾਵੇ। ਇਸ ਤਸਵੀਰ ਨੂੰ ਸਕੂਲ, ਕਾਲਜ ਕੰਪਲੈਕਸ ਵਿੱਚ ਬਣੀਂ ਲਾਇਬਰੇਰੀ, ਕਾਮਨ ਰੂਮ, ਸਟਾਫ਼ ਰੂਮ ਆਦਿ ਵਿੱਚ ਲਗਾਇਆ ਜਾਣਾ ਚਾਹੀਦਾ ਹੈ।

ਬੂਟੇ ਪਾਲਣ ਵਾਲ਼ੇ ਵਿਦਿਆਰਥੀਆਂ ਨੂੰ ਗਾਈਡ ਕਰਨ ਵਾਲ਼ੇ ਅਧਿਆਪਕਾਂ, ਹੈੱਡਮਾਸਟਰਾਂ, ਪ੍ਰਿੰਸੀਪਲਾਂ ਨੂੰ ਆਜ਼ਾਦੀ ਦੇ ਦਿਹਾੜੇ ਮੌਕੇ, ਗਣਤੰਤਰ ਦਿਵਸ ਸਮਾਰੋਹ ਅਤੇ ਹੋਰ ਰਾਜ ਪੱਧਰੀ ਸਮਾਗਮਾਂ ਵਿੱਚ ਵਿਸ਼ੇਸ਼ ਤੌਰ ’ਤੇ ਸਨਮਾਨਤ ਕੀਤਾ ਜਾਵੇ। ਅਧਿਆਪਕਾਂ ਨੂੰ ਸਟੇਟ ਐਵਾਰਡ, ਨੈਸ਼ਨਲ ਐਵਾਰਡ ਅਤੇ ਹੋਰ ਵੱਡੇ ਐਵਾਰਡ ਦੇਣ ਸਮੇਂ ਵੀ ਉਸ ਅਧਿਆਪਕ ਵੱਲੋਂ ਨਵੇਂ ਪੌਦਿਆਂ ਦੀ ਕੀਤੀ ਸਾਂਭ ਸੰਭਾਲ ਨੂੰ ਜ਼ਰੂਰ ਧਿਆਨ ਵਿੱਚ ਰੱਖਿਆ ਜਾਵੇ।

ਸੋਸ਼ਲ ਮੀਡੀਆ, ਪ੍ਰਿੰਟ ਮੀਡੀਆ, ਹੋਰ ਟੀ ਵੀ ਚੈਨਲਾਂ ਉੱਤੇ ਨਵੇਂ ਬੂਟੇ ਲਗਾਉਣ ਸੰਬੰਧੀ ਲਗਾਤਾਰ ਪ੍ਰਚਾਰ ਕਰਕੇ ਜਨ- ਸਧਾਰਨ ਵਿੱਚ ਇੱਕ ਇਨਕਲਾਬੀ ਚੇਤਨਾ ਪੈਦਾ ਕੀਤੀ, ਤਾਂ ਜੋ ਸਮਾਜ ਦਾ ਹਰ ਵਰਗ ਪੰਜਾਬ ਨੂੰ ਹਰਿਆ-ਭਰਿਆ ਬਣਾਉਣ ਲਈ ਤਤਪਰ ਹੋਵੇ। ਇਸ ਪ੍ਰਕਾਰ ਕੰਮ ਕਰਕੇ ਹੀ ਸਹੀ ਅਰਥਾਂ ਵਿੱਚ ਪੰਜਾਬ ਨੂੰ ਹਰਿਆ-ਭਰਿਆ ਬਣਾਇਆ ਜਾ ਸਕਦਾ ਹੈ।

**# ਸੰਪਰਕ : 84276-85020**

27-JUNE-PAGE-5.qxd 6/26/2025 10:52 PM Page 1



# ਪੈਨਸ਼ਨਰਾਂ ਵੱਲੋਂ 3 ਦੇ ਖਜ਼ਾਨਾ ਦਫਤਰਾਂ ਅੱਗੇ ਅਰਥੀ ਫੂਕ ਪ੍ਰਦਰਸ਼ਨਾਂ 'ਚ ਮੁਲਾਜ਼ਮ ਵੀ ਹੋਣਗੇ ਸ਼ਾਮਲ : ਰਾਣਵਾਂ

**ਲੁਧਿਆਣਾ (ਰੈਕਟਰ ਕਥੂਰੀਆ)**

ਪੰਜਾਬ ਦੇ ਖਜ਼ਾਨਾ ਦਫਤਰਾਂ ਵਿੱਚ ਪਿਛਲੇ ਤਿੰਨ ਮਹੀਨਿਆਂ ਤੋਂ ਪੈਨਸ਼ਨਰਾਂ ਦੇ ਜੀ ਪੀ ਫੰਡ ਬਿੱਲ, ਮੈਡੀਕਲ ਪ੍ਰਤੀ ਪੂਰਤੀ ਬਿੱਲ, ਸੋਧੀ ਹੋਈ ਲੀਵ ਇਨਕੈਸ਼ਮੈਂਟ ਬਿੱਲ ਤੇ ਹੋਰ ਕਈ ਕਿਸਮ ਦੇ ਬਿੱਲ ਵਿੱਤ ਵਿਭਾਗ ਪੰਜਾਬ ਸਰਕਾਰ ਵੱਲੋਂ ਅਦਾਇਗੀਆਂ ਤੇ ਅਣ-ਅਲਾਨੀਆਂ ਪਾਬੰਦੀਆਂ ਲਗਾਈਆਂ ਹੋਣ ਕਾਰਨ ਫਾਈਲਾਂ ਦੀ ਧੂੜ ਚੱਟ ਰਹੇ ਹਨ।

ਇਸ ਸਥਿਤੀ ਨੂੰ ਲੈ ਕੇ ਆਪਣੇ ਰੋਸ ਦਾ ਪ੍ਰਗਟਾਵਾ ਕਰਨ ਲਈ ਪੰਜਾਬ ਪੈਨਸ਼ਨਰ ਯੂਨੀਅਨ ਵੱਲੋਂ 3 ਜੁਲਾਈ ਨੂੰ ਪੰਜਾਬ ਦੇ ਖਜ਼ਾਨਾ ਦਫਤਰਾਂ ਸਾਹਮਣੇ ਰੋਸ ਪ੍ਰਦਰਸ਼ਨ ਕਰਨ ਤੋਂ ਬਾਅਦ ਵਿੱਤ ਮੰਤਰੀ ਪੰਜਾਬ ਦੇ ਪੁਤਲੇ ਫੂਕੇ ਜਾਣ ਦਾ ਐਕਸ਼ਨ ਪ੍ਰੋਗਰਾਮ ਉਲੀਕਿਆ ਗਿਆ ਹੈ।ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680, ਸੈਕਟਰ 22, ਬੀ ਚੰਡੀਗੜ੍ਹ ਵੱਲੋਂ 3 ਜੁਲਾਈ ਦੇ ਐਕਸ਼ਨ ਪ੍ਰੋਗਰਾਮ ਦੀ ਪੂਰਨ ਹਮਾਇਤ ਕਰਨ ਦਾ ਫੈਸਲਾ ਕੀਤਾ ਗਿਆ ਤੇ 9 ਜੁਲਾਈ ਨੂੰ ਕੀਤੀਆਂ ਜਾ ਰਹੀਆਂ ਰੋਸ ਰੈਲੀਆਂ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ ਹੈ।ਇਹ ਐਲਾਨ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਦਰਸ਼ਨ ਸਿੰਘ ਲੁਬਾਣਾ, ਚਰਨ ਸਿੰਘ ਸਰਾਭਾ, ਸੁਰਿੰਦਰ ਕੁਮਾਰ ਪੁਆਰੀ, ਗੁਰਮੇਲ ਸਿੰਘ ਮੈਲਡੇ, ਗੁਰਜੀਤ ਸਿੰਘ ਘੋੜੇਵਾਹ, ਗੁਰਪ੍ਰੀਤ ਸਿੰਘ ਮੰਗਵਾਲ, ਪ੍ਰੇਮ ਚਾਵਲਾ, ਕਰਤਾਰ ਸਿੰਘ ਪਾਲ, ਸੁਖਦੇਵ ਸਿੰਘ ਸੁਰਤਾਪੁਰੀ, ਮਨਜੀਤ ਸਿੰਘ ਗਿੱਲ, ਪ੍ਰਵੀਨ ਕੁਮਾਰ ਲੁਧਿਆਣਾ, ਮੇਲਾ ਸਿੰਘ ਪੁੰਨਾਂਵਾਲ, ਬਲਜਿੰਦਰ ਸਿੰਘ, ਜਸਵਿੰਦਰ ਪਾਲ ਉੱਘੀ, ਗੁਰਜੰਟ ਸਿੰਘ ਕੋਕਰੀ, ਟਹਿਲ ਸਿੰਘ ਸਰਾਭਾ, ਪ੍ਰਭਜੀਤ ਸਿੰਘ ਉੱਪਲ, ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਬਲਕਾਰ ਸਿੰਘ ਸਹੋਤਾ, ਅਜੇ ਸਨੋਤਰਾ, ਜਸਵੰਤ ਰਾਏ, ਵੇਦ ਪ੍ਰਕਾਸ, ਡਿੰਪਲ ਰਹੇਲਾ, ਰਾਜ ਕੁਮਾਰ ਰੰਗਾ, ਕ੍ਰਿਸ਼ਨ ਸਿੰਘ ਬਠਿੰਡਾ, ਰਾਜਦੀਪ ਸਿੰਘ ਹੁਸਿਆਰਪੁਰ, ਰਮੇਸ਼ ਬਰਨਾਲਾ, ਕ੍ਰਿਸ਼ਨ ਪ੍ਰਸਾਦਿ ਚੰਡੀਗੜ੍ਹ ਜਗਮੋਹਣ ਨੌਲੱਖਾ ਤੇ ਸੁਰਿੰਦਰ ਸਿੰਘ ਬੈਂਸ ਵੱਲੋਂ ਕੀਤਾ ਗਿਆ।ਆਗੂਆਂ ਨੇ ਪੰਜਾਬ ਸਰਕਾਰ 'ਤੇ ਦੋਸ਼ ਲਾਇਆ ਕਿ ਅਪਣੇ ਸਵਾ ਤਿੰਨ ਸਾਲ ਦੇ ਕਾਰਜਕਾਲ ਦੌਰਾਨ ਪੰਜਾਬ ਦੇ ਸੱਤ ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਤੋਂ ਪਹਿਲਾਂ ਕੀਤੇ ਗਏ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਬੁਰੀ ਤਰ੍ਹਾਂ ਅਸਫਲ ਸਾਬਿਤ ਹੋਈ ਹੈ।ਮੁੱਖ ਮੰਤਰੀ ਭਗਵੰਤ ਮਾਨ ਅਪਣੀ ਹੈਂਕੜਬਾਜ਼ੀ ਨਾਲ ਸੰਘਰਸ਼ਸ਼ੀਲ ਜਥੇਬੰਦੀਆਂ ਨਾਲ ਗੱਲਬਾਤ ਕਰਕੇ ਮਸਲੇ ਹੱਲ ਕਰਨ ਦੀ ਬਜਾਏ ਸ਼ਾਂਤਮਈ ਅੰਦੋਲਨਾਂ ਨੂੰ ਕੁਚਲਣ ਤੇ ਬਦਨਾਮ ਕਰਨ ਦੇ ਰਾਹਾਂ 'ਤੇ ਚੱਲ ਰਹੇ ਹਨ, ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਜਨਵਰੀ 2004 ਤੋਂ ਬਾਅਦ ਭਰਤੀ ਕੀਤੇ ਕਰੀਬ ਦੋ ਲੱਖ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਵਾਅਦਾ ਅਜੇ ਤੱਕ ਹਵਾ ਵਿੱਚ ਲਟਕ ਰਿਹਾ ਹੈ, ਪੰਜਾਬ ਦੇ 6ਵੇਂ ਤਨਖਾਹ ਕਮਿਸ਼ਨ ਵੱਲੋਂ ਪੈਨਸ਼ਨਰਾਂ ਲਈ ਸਿਫਾਰਸ਼ ਕੀਤਾ ਗਿਆ 2.59 ਦਾ ਗੁਣਾਂਕ ਵੀ ਲਾਗੂ ਨਹੀਂ ਕੀਤਾ ਗਿਆ, ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਸੋਧੀਆਂ ਤਨਖਾਹਾਂ ਤੇ ਪੈਨਸ਼ਨਾਂ ਦਾ ਸਾਢੇ ਪੰਜ ਸਾਲਾਂ ਦਾ ਬਣਦਾ ਬਕਾਇਆ ਪੰਜਾਬ ਸਰਕਾਰ ਨੇ ਲੀਰੋ ਲੀਰ ਕਰ ਦਿੱਤਾ ਹੈ, ਡੀ ਏ ਦੀਆਂ ਚਾਰ ਕਿਸ਼ਤਾਂ ਦੇਣ ਦੇ ਮਾਮਲੇ ਵਿੱਚ ਪੰਜਾਬ ਰਾਜ ਕੇਂਦਰ ਸਰਕਾਰ ਤੇ ਬਹੁਤ ਸਾਰੇ ਰਾਜਾਂ ਨਾਲੋਂ ਬੁਰੀ ਤਰ੍ਹਾਂ ਪਛੜ ਗਿਆ ਹੈ। ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ 13 ਫੀਸਦੀ ਡੀ ਏ ਕੇਂਦਰ ਤੇ ਅਨੇਕਾਂ ਰਾਜਾਂ ਤੋਂ ਘੱਟ ਪ੍ਰਾਪਤ ਕਰ ਰਹੇ ਹਨ, ਪੰਜਾਬ ਸਰਕਾਰ ਮਾਨਯੋਗ ਸਰਵਉੱਚ ਅਦਾਲਤਾਂ ਦੇ ਫੈਸਲੇ ਲਾਗੂ ਕਰਨ ਦੀ ਬਜਾਏ ਇਨ੍ਹਾਂ ਦੀ ਸਰਾਸਰ ਉਲੰਘਣਾ ਕਰ ਰਹੀ ਹੈ, ਜਿਸ ਦੀ ਮਿਸਾਲ 17 ਜੁਲਾਈ 2020 ਤੋਂ ਵੱਖ ਵੱਖ ਵਿਭਾਗਾਂ ਵਿੱਚ ਭਰਤੀ ਕੀਤੇ ਮੁਲਾਜ਼ਮਾਂ ਤੇ ਕੇਂਦਰੀ ਤਨਖਾਹ ਸਕੇਲ ਲਾਗੂ ਕਰਨ ਲਈ ਸਿੱਖਿਆ ਤੇ ਹੋਰ ਮਹਿਕਮਿਆਂ ਅੰਦਰ ਬਣਾਏ ਨਿਯਮਾਂ ਤੋਂ ਮਿਲਦੀ ਹੈ, ਪੰਜਾਬ ਸਰਕਾਰ ਹਰ ਹਰਬਾ ਵਰਤ ਕੇ ਇਹ ਫੈਸਲੇ ਲਾਗੂ ਕਰਨ ਤੋਂ ਲਗਾਤਾਰ ਭੱਜ ਰਹੀ ਹੈ।

# 9 ਨੂੰ ਦੇਸ਼ ਪੱਧਰੀ ਹੜਤਾਲ ਤਹਿਤ ਸਾਂਝਾ ਰੋਸ ਮੁਜ਼ਾਹਰਾ ਕਰਨ ਦਾ ਐਲਾਨ

**ਲੁਧਿਆਣਾ (ਰੈਕਟਰ ਕਥੂਰੀਆ)**-ਮਜ਼ਦੂਰ-ਮੁਲਾਜ਼ਮ ਜਥੇਬੰਦੀਆਂ ਵੱਲੋਂ 9 ਜੁਲਾਈ ਨੂੰ ਦੇਸ਼ ਪੱਧਰੀ ਹੜਤਾਲ ਦਾ ਸੱਦਾ ਦਿੱਤਾ ਗਿਆ ਹੈ। ਇਸ ਸਬੰਧੀ ਪੰਜਾਬੀ ਭਵਨ ਲੁਧਿਆਣਾ ਵਿਖੇ ਵੱਖ-ਵੱਖ ਮਜ਼ਦੂਰ ਯੂਨੀਅਨਾਂ ਦੀ ਮੀਟਿੰਗ ਹੋਈ। ਜਥੇਬੰਦੀਆਂ ਨੇ ਪਹਿਲਾਂ ਹੋਏ ਫੈਸਲੇ ਮੁਤਾਬਿਕ ਸਾਂਝਾ ਰੋਸ ਮੁਜ਼ਾਹਰਾ ਲੁਧਿਆਣੇ ਦੇ ਸਮਰਾਲਾ ਚੌਕ ਵਿੱਚ 9 ਜੁਲਾਈ ਨੂੰ ਦੁਪਹਿਰ 12 ਵਜੇ ਕਰਨ ਦਾ ਐਲਾਨ ਕੀਤਾ ਹੈ। ਮੀਟਿੰਗ ਵਿੱਚ ਕਾਰਖਾਨਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਲਖਵਿੰਦਰ, ਇਨਕਲਾਬੀ ਮਜ਼ਦੂਰ ਕੇਂਦਰ ਪੰਜਾਬ (ਮਾਸਾ) ਦੇ ਪ੍ਰਧਾਨ ਸੁਰਿੰਦਰ ਸਿੰਘ, ਮੋਲਡਰ ਐਂਡ ਸਟੀਲ ਵਰਕਰਜ਼ ਯੂਨੀਅਨ ਦੇ ਪ੍ਰਧਾਨ ਹਰਜਿੰਦਰ ਸਿੰਘ, ਟੈਕਸਟਾਇਲ-ਹੌਜ਼ਰੀ ਕਾਮਗਾਰ ਯੂਨੀਅਨ ਦੇ ਪ੍ਰਧਾਨ ਜਗਦੀਸ਼ ਸਿੰਘ ਤੇ ਮੋਲਡਰ ਐਂਡ ਸਟੀਲ ਵਰਕਰਜ਼ ਯੂਨੀਅਨ ਦੇ ਪ੍ਰਧਾਨ ਵਿਜੇ ਨਾਰਾਇਣ ਸ਼ਾਮਲ ਹਾਜ਼ਰ ਸਨ। ਰੋਸ ਮੁਜ਼ਾਹਰੇ ਵਿੱਚ ਕ੍ਰਾਂਤੀਕਾਰੀ ਮਜ਼ਦੂਰ ਸੈਂਟਰ, ਲੋਕ ਏਕਤਾ ਸੰਗਠਨ, ਪੇਂਡੂ ਮਜ਼ਦੂਰ ਯੂਨੀਅਨ (ਮਸਾਲ) ਤੇ ਹੋਰ ਜਥੇਬੰਦੀਆਂ ਵੀ ਸ਼ਾਮਲ ਹੋਣਗੀਆਂ। ਪ੍ਰੈੱਸ ਬਿਆਨ ਜਾਰੀ ਕਰਦੇ ਹੋਏ ਟੈਕਸਟਾਇਲ ਹੌਜ਼ਰੀ ਕਾਮਗਾਰ ਯੂਨੀਅਨ ਦੇ ਪ੍ਰਧਾਨ ਜਗਦੀਸ਼ ਸਿੰਘ ਨੇ ਕਿਹਾ ਕਿ ਭਾਰਤ ਤੇ ਸੂਬਾ ਸਰਕਾਰਾਂ ਦੀਆਂ ਲੋਕ ਵਿਰੋਧੀ ਤੇ ਦੇਸ਼ੀ-ਵਿਦੇਸ਼ੀ ਸਰਮਾਏਦਾਰਾਂ ਪੱਖੀ ਆਰਥਿਕ-ਸਿਆਸੀ ਨੀਤੀਆਂ ਨੇ ਮਜ਼ਦੂਰਾਂ ਤੇ ਹੋਰ ਸਭਨਾਂ ਕਿਰਤੀ ਲੋਕਾਂ ਦੀ ਹਾਲਤ ਬਦ ਤੋਂ ਬਦਤਰ ਬਣਾ ਦਿੱਤੀ ਹੈ। ਗਰੀਬੀ-ਮਹਿੰਗਾਈ ਨੇ ਲੋਕਾਂ ਦਾ ਕਚੂਮਰ ਕੱਢ ਦਿੱਤਾ ਹੈ।

ਨਿਗੂਣੇ ਜਿਹੇ ਕਨੂੰਨੀ ਕਿਰਤ ਹੱਕ ਵੀ ਮਜ਼ਦੂਰ ਜਮਾਤ ਨੂੰ ਹਾਸਲ ਨਹੀਂ ਹੋ ਰਹੇ ਸਨ, ਉਪਰੋਂ ਸਰਕਾਰਾਂ ਨੇ ਕਿਰਤ ਕਨੂੰਨਾਂ ਵਿੱਚ ਮਜ਼ਦੂਰ ਵਿਰੋਧੀ ਸੋਧਾਂ ਕਰਕੇ ਸਰਮਾਏਦਾਰਾਂ ਨੂੰ ਲੁੱਟ ਦੀ ਹੋਰ ਖੁੱਲ੍ਹ ਦੇ ਦਿੱਤੀ ਹੈ। ਦੇਸ਼ ਵਿੱਚ ਧਾਰਮਿਕ ਘੱਟ ਗਿਣਤੀਆਂ, ਦਲਿਤਾਂ, ਔਰਤਾਂ, ਕੌਮਾਂ, ਆਦਿਵਾਸੀਆਂ, ਸੰਘਰਸ਼ਸ਼ੀਲ ਜਥੇਬੰਦੀਆਂ-ਕਾਰਕੁਨਾਂ-ਬੁੱਧੀਜੀਵੀਆਂ ਨੂੰ ਕੁਚਲਣ ਲਈ ਜਾਬਰ ਤੋਂ ਜਾਬਰ ਕਨੂੰਨ ਲਾਗੂ ਕੀਤੇ ਜਾ ਰਹੇ ਹਨ, ਜਬਰ ਦੀਆਂ ਸਾਰੀਆਂ ਹੱਦਾਂ ਪਾਰ ਕੀਤੀਆਂ ਜਾ ਰਹੀਆਂ ਹਨ। ਲੋਕਾਂ ਦੀ ਵਿਚਾਰਾਂ ਦੀ ਪ੍ਰਗਟਾਵੇ ਦੀ ਅਜ਼ਾਦੀ ਤੱਕ ਕੁਚਲੀ ਜਾ ਰਹੀ ਹੈ ਤੇ ਹੋਰ ਜਮਹੂਰੀ ਹੱਕਾਂ ਦਾ ਘਾਣ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੀ ਹਾਲਤ ਵਿੱਚ ਮਜ਼ਦੂਰ ਜਮਾਤ ਚੁੱਪ ਕਰਕੇ ਨਹੀਂ ਬੈਠ ਸਕਦੀ। ਇਸ ਲਈ 9 ਜੁਲਾਈ ਨੂੰ ਮਜ਼ਦੂਰ ਜਿੱਥੇ ਤਨਖਾਹਾਂ ਵਿੱਚ ਵਾਧੇ, ਕਿਰਤ ਕਨੂੰਨਾਂ ਵਿੱਚ ਸੋਧਾਂ ਰੱਦ ਕਰਾਉਣ, ਕਿਰਤ ਹੱਕ ਲਾਗੂ ਕਰਨ, ਕੰਮ ਥਾਵਾਂ ਉੱਤੇ ਸੁੱਰਖਿਆ ਦੇ ਪ੍ਰਬੰਧ, ਔਰਤਾਂ ਨੂੰ ਮਰਦਾਂ ਬਰਾਬਰ ਤਨਖਾਹਾਂ, ਮਜ਼ਦੂਰਾਂ-ਕਿਰਤੀਆਂ ਉੱਤੇ ਲਾਏ ਜਾਂਦੇ ਟੈਕਸ ਰੱਦ ਕਰਨ, ਅਮੀਰੀ-ਗਰੀਬੀ ਦਾ ਪਾੜਾ ਘਟਾਉਣ ਜਿਹੀਆਂ, ਉਦਾਰੀਕਰਨ-ਨਿੱਜੀਕਰਨ ਦੀਆਂ ਨੀਤੀਆਂ ਰੱਦ ਕਰਨ ਦੀਆਂ ਮੰਗਾਂ ਲਈ ਅਵਾਜ਼ ਉਠਾਉਣਗੇ, ਉੱਥੇ ਜਮਹੂਰੀ ਅਜ਼ਾਦੀਆਂ ਦੇ ਘਾਣ, ਫਾਸ਼ੀਵਾਦੀ ਹਮਲਿਆਂ, ਧਾਰਮਿਕ ਘੱਟ ਗਿਣਤੀਆਂ, ਦਲਿਤਾਂ, ਔਰਤਾਂ, ਕੌਮਾਂ, ਆਦਿਵਾਸੀਆਂ, ਸੰਘਰਸ਼ਸ਼ੀਲ ਜਥੇਬੰਦੀਆਂ-ਕਾਰਕੁੰਨਾਂ-ਬੁੱਧੀਜੀਵੀਆਂ ਦੇ ਘਾਣ ਆਦਿ ਵਿਰੁੱਧ ਵੀ ਜ਼ੋਰਦਾਰ ਅਵਾਜ਼ ਬੁਲੰਦ ਕਰਨਗੇ। ਜਥੇਬੰਦੀਆਂ ਨੇ ਸਭਨਾਂ ਮਜ਼ਦੂਰਾਂ, ਕਿਰਤੀਆਂ, ਇਨਸਾਫਪਸੰਦ ਲੋਕਾਂ ਨੂੰ 9 ਜੁਲਾਈ ਦੀ ਹੜਤਾਲ ਦੇ ਸੱਦੇ ਨੂੰ ਸਫਲ ਬਣਾਉਣ ਦਾ ਸੱਦਾ ਦਿੱਤਾ ਹੈ।

# ਗੁਰਦੁਆਰਾ ਚਰਨ ਕੰਵਲ ਸਾਹਿਬ ਵਿਖੇ ਨਤਮਸਤਕ ਹੋਇਆ ਮੁੱਖ ਮੰਤਰੀ ਦਾ ਪਰਵਾਰ

## ਧੀ ਨਿਆਮਤ ਦੀ ਸੁਖਣਾ ਪੂਰੀ ਹੋਣ 'ਤੇ ਕਰਵਾਈ ਅਰਦਾਸ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**

ਵੀਰਵਾਰ ਮਾਛੀਵਾੜਾ ਸਾਹਿਬ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪਰਿਵਾਰਕ ਮੈਂਬਰ, ਜਿਸ ਵਿੱਚ ਛੋਟੀ ਧੀ ਨਿਆਮਤ ਕੌਰ, ਮਾਤਾ ਹਰਪਾਲ ਕੌਰ ਤੇ ਭੈਣ ਮਨਪ੍ਰੀਤ ਕੌਰ ਨਤਮਸਤਕ ਹੋਣ ਲਈ ਪੁੱਜੇ। ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੁੰਦਿਆਂ ਦਾਦੀ ਤੇ ਭੂਆ ਨੇ ਮੁੱਖ ਮੰਤਰੀ ਦੀ ਧੀ ਨਿਆਮਤ ਕੌਰ ਦੀ ਸੁਖਣਾ ਪੂਰੀ ਹੋਣ 'ਤੇ ਅਰਦਾਸ ਕਰਵਾਈ, ਉਪਰੰਤ ਇਤਿਹਾਸਕ ਜੰਡ ਸਾਹਿਬ ਜਿੱਥੇ ਗੁਰੂ ਸਾਹਿਬ ਦਾ ਟਿੰਡ ਦਾ ਸਿਰਹਾਣਾ ਲਗਾ ਕੇ ਵਿਸ਼ਰਾਮ ਕੀਤਾ ਤੇ ਨਾਲ ਹੀ ਪਵਿੱਤਰ ਖੂਹ ਸਾਹਿਬ ਦੇ ਦਰਸ਼ਨ ਕੀਤੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪਰਵਾਰ ਨੇ ਬੜੇ ਸਾਦੇ ਢੰਗ ਨਾਲ ਗੁਰੂ ਘਰ ਦੇ ਲੰਗਰ ਹਾਲ ਵਿੱਚ ਪੰਗਤ ਵਿੱਚ ਬੈਠ ਕੇ ਲੰਗਰ ਛਕਿਆ। ਇਸ ਮੌਕੇ ਜਿੱਥੇ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਮੁੱਖ ਮੰਤਰੀ ਦੀ ਮਾਤਾ ਤੇ ਭੈਣ ਨੂੰ ਗੁਰੂ ਸਾਹਿਬ ਜੀ ਦਾ ਚਿੱਤਰ ਭੇਟ ਕਰ ਸਨਮਾਨਤ ਕੀਤਾ, ਉੱਥੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਪਰਵਾਰ ਨੂੰ ਸਿਰੋਪਾਓ ਪਾਇਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪਰਵਾਰ ਦਾ ਪ੍ਰੋਗਰਾਮ ਸਿਰਫ਼ ਧਾਰਮਿਕ ਫੇਰੀ ਵਜੋਂ ਰੱਖਿਆ ਗਿਆ ਤੇ ਉਨ੍ਹਾਂ ਦੀ ਭੈਣ ਮਨਪ੍ਰੀਤ ਕੌਰ ਪਹਿਲਾਂ ਵੀ 2 ਵਾਰ ਇਤਿਹਾਸਕ ਗੁਰਦੁਆਰਾ ਚਰਨ ਕੰਵਲ ਸਾਹਿਬ ਵਿਖੇ ਨਤਮਸਤਕ ਹੋ ਚੁੱਕੇ ਹਨ, ਜਿਨ੍ਹਾਂ ਦੀ ਗੁਰੂ ਘਰ ਨਾਲ ਵੱਡੀ ਆਸਥਾ ਜੁੜੀ ਹੋਈ ਹੈ। ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪਰਵਾਰ ਧੀ ਨਿਆਮਤ ਕੌਰ ਨੂੰ ਵਿਸ਼ੇਸ਼ ਤੌਰ 'ਤੇ ਗੁਰੂ ਘਰ ਨਤਮਸਤਕ ਹੋਣ ਲਈ ਲਿਆਏ ਸਨ, ਜਿਨ੍ਹਾਂ ਅਕਾਲ ਪੁਰਖ ਦਾ ਸ਼ੁਕਰਾਨਾ ਕੀਤਾ।

## ਕਾਤਰਾਂ

### ਨੌਜਵਾਨ ਵੱਲੋਂ ਫਾਹਾ ਲੈ ਕੇ ਖੁਦਕੁਸ਼ੀ, ਪੁਲਸ ਵੱਲੋਂ ਜਾਂਚ ਸ਼ੁਰੂ



**ਬਠਿੰਡਾ (ਰਾਜੀਵ ਗੋਇਲ)**-ਕਸਬਾ ਭਗਤਾ ਦੇ ਨਾਲ ਲੱਗਦੇ ਸੁਰਜੀਤ ਨਗਰ ਦੇ ਰਹਿਣ ਵਾਲੇ ਇੱਕ ਨੌਜਵਾਨ ਜਸਪ੍ਰੀਤ ਸਿੰਘ ਵੱਲੋਂ ਬੀਤੇ ਦਿਨੀਂ ਆਪਣੇ ਘਰ ਵਿੱਚ ਫਾਹਾ ਲੈ ਕੇ ਖੁਦਕੁਸ਼ੀ ਕੀਤੇ ਜਾਣ ਦੀ ਖਬਰ ਪ੍ਰਾਪਤ ਹੋਈ ਹੈ।ਮਾਮਲਾ ਪਿਆਰ ਸੰਬੰਧਾਂ ਦਾ ਦੱਸਿਆ ਜਾ ਰਿਹਾ ਹੈ ਤੇ ਮ੍ਰਿਤਕ ਦੇ ਪਰਿਵਾਰ ਵੱਲੋਂ ਸੰਬੰਧਤ ਲੜਕੀ ਦੇ ਇੱਕ ਰਿਸ਼ਤੇਦਾਰ 'ਤੇ ਉਨ੍ਹਾਂ ਦੇ ਪੁੱਤਰ ਨੂੰ ਖੁਦਕੁਸ਼ੀ ਕਰਨ 'ਤੇ ਮਜਬੂਰ ਕਰਨ ਵਰਗੇ ਗੰਭੀਰ ਦੋਸ਼ ਲਗਾਏ ਗਏ ਹਨ।ਇਸ ਮਸਲੇ ਨੂੰ ਲੈ ਕੇ ਥਾਣਾ ਦਿਆਲਪੁਰਾ ਦੇ ਮੁਖੀ ਦਲਜੀਤ ਸਿੰਘ ਦਾ ਕਹਿਣਾ ਸੀ ਕਿ ਇਸ ਮਾਮਲੇ ਸੰਬੰਧੀ ਪਹਿਲਾਂ ਤਾਂ ਪਰਿਵਾਰ ਵੱਲੋਂ 174 ਦੀ ਕਾਰਵਾਈ ਕਰਵਾਈ ਗਈ ਸੀ, ਪਰ ਹੁਣ ਮ੍ਰਿਤਕ ਦੇ ਪਰਿਵਾਰ ਵੱਲੋਂ ਇੱਕ ਦਰਖਾਸਤ ਦਿੱਤੀ ਗਈ ਹੈ, ਜਿਸ ਦੀ ਜਾਂਚ ਕਰਕੇ ਜੋ ਵੀ ਸੱਚਾਈ ਹੋਵੇਗੀ, ਉਸ ਤਹਿਤ ਕਾਰਵਾਈ ਕੀਤੀ ਜਾਵੇਗੀ।

### ਹਲਕਾ ਘਨੌਰ 'ਚ ਕਮੇਟੀਆਂ ਦਾ ਗਠਨ 30 ਤੱਕ : ਜਲਾਲਪੁਰ

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਵਿਧਾਨ ਸਭਾ ਹਲਕਾ ਘਨੌਰ ਦੇ ਸਾਬਕਾ ਵਿਧਾਇਕ ਤੇ ਹਲ਼ਕਾ ਇੰਚਾਰਜ ਮਦਨ ਲਾਲ ਦੀ ਅਗਵਾਈ ਵਿੱਚ ਇੱਕ ਮੀਟਿੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਘਨੌਰ ਦੀ ਬਲਾਕ ਕਮੇਟੀ, ਮੰਡਲ ਕਮੇਟੀ, ਬੂਥ ਤੇ ਵਾਰਡ ਕਮੇਟੀਆਂ ਬਣਾਉਣ ਦੇ ਸਬੰਧ ਵਿੱਚ ਸਾਡੇ ਜ਼ਿਲ੍ਹਾ ਪ੍ਰਧਾਨ ਮਹੰਤ ਖ਼ਨੌੜਾ, ਅਸ਼ਵਨੀ ਗੁਪਤਾ ਕੋਆਰਡੀਨੇਟਰ ਹਲਕਾ ਘਨੌਰ ਵੱਲੋਂ 21 ਮੈਂਬਰੀ ਬੂਥ ਕਮੇਟੀਆਂ, ਮੰਡਲ ਕਮੇਟੀਆਂ ਤੇ ਬਲਾਕ ਕਮੇਟੀਆਂ ਬਣਾਉਣ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਕਾਂਗਰਸ ਹਾਈ ਕਮਾਨ ਵੱਲੋਂ 30 ਜੂਨ 2025 ਤੱਕ ਕਮੇਟੀਆਂ ਦਾ ਕੰਮ ਮੁਕੰਮਲ ਕਰਨ ਦਾ ਸਾਡੇ ਬਲਾਕ ਪ੍ਰਧਾਨ ਸਾਹਿਬਾਨਾਂ ਵੱਲੋਂ ਤੇ ਮੰਡਲ ਪ੍ਰਧਾਨਾਂ ਵੱਲੋਂ ਪੂਰਨ ਵਿਸ਼ਵਾਸ ਦਿਵਾਇਆ ਗਿਆ।ਮੀਟਿੰਗ ਵਿੱਚ ਬਲਾਕ ਪ੍ਰਧਾਨ ਸਾਹਿਬਾਨਾਂ ਵੱਲੋਂ ਅੱਜ ਤੋਂ ਹੀ ਕਮੇਟੀਆਂ ਦਾ ਕੰਮ ਸ਼ੁਰੂ ਕਰਨ ਦਾ ਭਰੋਸਾ ਦਿੱਤਾ ਗਿਆ।

### 2 ਲੱਖ ਰੁਪਏ ਚੋਰੀ ਕਰਨ ਵਾਲੀਆਂ ਤਿੰਨ ਔਰਤਾਂ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਅੰਮ੍ਰਿਤਸਰ ਤੋਂ ਫਿਰੋਜ਼ਪੁਰ ਆਈ ਇੱਕ ਔਰਤ ਕੋਲੋਂ 2 ਲੱਖ ਰੁਪਏ ਚੋਰੀ ਕਰਨ ਵਾਲੀਆਂ ਤਿੰਨ ਔਰਤਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੁਨੀਤਾ ਨਾਗਪਾਲ ਪਤਨੀ ਅਰੁਨ ਕੁਮਾਰ ਨਾਗਪਾਲ ਵਾਸੀ ਮਕਾਨ ਨੰਬਰ 1 ਗਲੀ ਨੰਬਰ/ਪਵਨ ਨਗਰ ਬਟਾਲਾ ਰੋਡ ਅੰਮ੍ਰਿਤਸਰ ਨੇ ਦੱਸਿਆ ਕਿ ਉਹ 25 ਜੂਨ 2025 ਨੂੰ ਜੋ ਸਵੇਰੇ ਅੰਮ੍ਰਿਤਸਰ ਵਿੱਚ ਬੱਸ ਚੜ੍ਹ ਕੇ ਫਿਰੋਜ਼ਪੁਰ ਆਈ ਸੀ। ਸੁਨੀਤਾ ਨਾਗਪਾਲ ਨੇ ਦੱਸਿਆ ਕਿ ਵਾਪਸੀ 'ਤੇ ਕਰੀਬ ਸਵਾ ਤਿੰਨ ਲੱਖ ਰੁਪਏ ਸੋਮਾ ਪਤਨੀ ਖਰੈਤ, ਪ੍ਰਵੀਨ ਪਤਨੀ ਵਿੱਕੀ ਤੇ ਪ੍ਰਵੀਨ ਰਾਜ ਕੁਮਾਰ ਵਾਸੀਅਨ ਗੋਲਬਾਗ ਫਿਰੋਜ਼ਪੁਰ ਸ਼ਹਿਰ ਨੇ ਚੋਰੀ ਕਰ ਲਏ ਹਨ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਮੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਸੁਨੀਤਾ ਨਾਗਪਾਲ ਦੇ ਬਿਆਨਾਂ 'ਤੇ ਉਕਤ ਤਿੰਨਾਂ ਔਰਤਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਕੋਲੋਂ ਚੋਰੀ ਦੇ 2 ਲੱਖ ਰੁਪਏ ਬਰਾਮਦ ਕੀਤੇ। ਪੁਲਸ ਨੇ ਦੱਸਿਆ ਕਿ ਉਕਤ ਮੁਲਜ਼ਮ ਔਰਤਾਂ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਚੋਰੀ ਦੇ 8 ਮੋਟਰਸਾਈਕਲਾਂ ਸਮੇਤ ਦੋ ਮੁਲਜ਼ਮ ਗ੍ਰਿਫ਼ਤਾਰ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਮਾਲੇਰਕੋਟਲਾ ਪੁਲਸ ਨੇ ਚੋਰੀ ਤੇ ਲੁੱਟ-ਖੋਹ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਮੁਲਜ਼ਮਾਂ ਨੂੰ ਕਾਬੂ ਕੀਤਾ ਹੈ। ਕਪਤਾਨ ਪੁਲਸ ਇਨਵੈਸਟੀਗੇਸ਼ਨ ਮਾਲੇਰਕੋਟਲਾ ਸੱਤਪਾਲ ਸ਼ਰਮਾ ਨੇ ਇੱਥੇ ਪ੍ਰੈੱਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਦੱਸਿਆ ਕਿ ਐਸ.ਐਸ.ਪੀ ਮਾਲੇਰਕੋਟਲਾ ਗਗਨ ਅਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਮਲੇਰਕੋਟਲਾ ਅੰਦਰ ਹੋ ਰਹੀਆਂ ਚੋਰੀ/ਲੁੱਟ ਖੋਹ ਦੀਆਂ ਵਾਰਦਾਤਾਂ ਥੱਲ ਪਾਉਣ ਲਈ ਮਾੜੇ ਅਨਸਰਾਂ ਖ਼ਿਲਾਫ਼ ਆਰੰਭੀ ਮੁਹਿੰਮ ਨੂੰ ਉਸ ਸਮੇਂ ਵੱਡੀ ਸਫਲਤਾ ਪ੍ਰਾਪਤ ਹੋਈ, ਜਦੋਂ ਡੀ.ਐਸ.ਪੀ. ਇਨਵੈਸਟੀਗੇਸ਼ਨ ਸਤੀਸ਼ ਕੁਮਾਰ ਤੇ ਇੰਸਪੈਕਟਰ ਹਰਸਮਿਰਨਜੀਤ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਮਾਹੌਰਾਨਾ ਵਾਲੀ ਨਿਗਰਾਨੀ ਹੇਠ ਹਰਜੀਤ ਸਿੰਘ ਦੀ ਟੀਮ ਨੂੰ ਉਸ ਸਮੇਂ ਵੱਡੀ ਸਫਲਤਾ ਪ੍ਰਾਪਤ ਹੋਈ, ਜਦੋਂ ਹਰਜੀਤ ਸਿੰਘ ਵੱਲੋਂ ਅਮਾਮਗੜ੍ਹ ਫਾਟਕ ਮਾਲੇਰਕੋਟਲਾ ਵਿਖੇ ਨਾਕਾਬੰਦੀ ਕਰਕੇ ਹੈਪੀ ਸਿੰਘ ਉਰਫ ਗੁੱਡੀ ਪੁੱਤਰ ਮਹਿੰਦਰ ਸਿੰਘ ਵਾਸੀ ਰਾਮ ਨਗਰ ਬਸਤੀ ਸੰਗਰੂਰ ਤੇ ਮੁਹੰਮਦ ਸ਼ਾਹਿਦ ਉਰਫ ਸਾਹਿਲ ਪੁੱਤਰ ਮੁਹੰਮਦ ਅਸ਼ਰਫ਼ ਵਾਸੀ ਮੁਹੱਲਾ ਚਮੜੀ ਵਾਲਾ ਖੂਹ ਸਰੋਦ ਰੋਡ ਮਲੇਰਕੋਟਲਾ ਚੋਰੀ ਦੇ 2 ਮੋਟਰਸਾਈਕਲਾਂ ਬਿਨਾਂ ਨੰਬਰੀ ਮਾਰਕਾ ਸਪਲੈਂਡਰ ਸਮੇਤ ਗ੍ਰਿਫਤਾਰ ਕੀਤਾ ਗਿਆ ਅਤੇ ਜੁਰਮ 317 (2) ਬੀ.ਐੱਨ.ਐੱਸ. ਦਾ ਵਾਧਾ ਕੀਤਾ ਗਿਆ, ਜਿਸ ਤੋਂ ਬਾਅਦ ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿਖੇ ਪੇਸ਼ ਕਰਕੇ ਇਕ ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਅਤੇ ਦੋਸ਼ੀਆਂ ਦੀ ਪੁੱਛਗਿੱਛ ਕਰਨ ਤੋਂ ਬਾਅਦ ਉਨ੍ਹਾਂ ਪਾਸੋਂ 6 ਚੋਰੀਸ਼ੁਦਾ ਮੋਟਰਸਾਈਕਲ ਹੋਰ ਬਰਾਮਦ ਕੀਤੇ ਗਏ। ਜੋ ਦੋਸ਼ੀਆਂ ਵੱਲੋਂ ਮਾਲੇਰਕੋਟਲਾ ਸ਼ਹਿਰ ਤੇ ਆਸ-ਪਾਸ ਦੇ ਇਲਾਕੇ ਵਿੱਚੋਂ ਚੋਰੀ ਕੀਤੇ ਗਏ ਸਨ। ਦੋਸ਼ੀਆਂ ਪਾਸੋਂ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ, ਜਿਨ੍ਹਾਂ ਦੀ ਪੁੱਛਗਿੱਛ ਤੋਂ ਹੋਰ ਚੋਰੀਆਂ ਸੰਬੰਧੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# 9 ਦੀ ਆਮ ਹੜਤਾਲ ਦੀ ਤਿਆਰੀ ਵਜੋਂ ਸਾਂਝੀ ਟਰੇਡ ਯੂਨੀਅਨ ਕਨਵੈਨਸ਼ਨ 29 ਨੂੰ

**ਦੋਰਾਹਾ (ਹਰਮਿੰਦਰ ਸੇਠ)**-ਕੇਂਦਰ ਸਰਕਾਰ ਦੀਆਂ ਮਜ਼ਦੂਰ, ਮੁਲਾਜ਼ਮ ਤੇ ਲੋਕ ਵਿਰੋਧੀ ਨੀਤੀਆਂ ਨੂੰ ਲੈ ਕੇ ਦੇਸ਼ ਭਰ ਵਿੱਚ 9 ਜੁਲਾਈ ਨੂੰ ਆਮ ਹੜਤਾਲ ਹੋ ਰਹੀ ਹੈ, ਜਿਸ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਪੇਂਡੂ ਭਾਰਤ ਨੂੰ ਬੰਦ ਕਰਕੇ ਸਮਰਥਨ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਲੁਧਿਆਣਾ ਵਿਖੇ ਵਿਸ਼ਾਲ ਰੈਲੀ ਦਾ ਆਯੋਜਨ ਕਰਨ ਦੀ ਤਿਆਰੀ ਵਜੋਂ 29 ਜੂਨ ਨੂੰ ਸ਼ਹੀਦ ਕਰਨੈਲ ਸਿੰਘ ਇਹ ਸਲੋ ਭਵਨ ਵਿਖੇ ਸਾਰੀਆਂ ਟ੍ਰੇਡ ਯੂਨੀਅਨ ਸਾਂਝੀ ਕਨੈਕਸ਼ਨ ਕਰ ਰਹੀਆਂ ਹਨ, ਜਿਸ ਵਿੱਚ ਸਬੰਧਤ ਯੂਨੀਅਨ ਤੇ ਆਜ਼ਾਦ ਫੈਡਰੇਸ਼ਨ ਦੇ ਆਗੂ ਵੀ ਸ਼ਾਮਲ ਹੋਣਗੇ। ਅੱਜ ਯੂਨੀਅਨ ਦੀ ਸਾਂਝੀ ਮੀਟਿੰਗ ਵਿੱਚ ਇਹ ਫੈਸਲਾ ਕੀਤਾ ਗਿਆ। ਇਸ ਵਿੱਚ ਪੰਜਾਬ ਦੀ ਕੈਬਨਿਟ ਵੱਲੋਂ ਪੰਜਾਬ ਸ਼ਾਪਸ ਐਂਡ ਕਮਰਸ਼ੀਅਲ ਐਸਟੈਬਲਿਸ਼ਮੈਂਟ ਐਕਟ 1958 ਵਿੱਚ ਮਜ਼ਦੂਰਾਂ ਤੇ ਮੁਲਾਜ਼ਮ ਵਿਰੋਧੀ ਸੋਧਾਂ ਵਿਰੁੱਧ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਗਟ ਕੀਤਾ ਜਾਵੇਗਾ ਅਤੇ ਸਰਕਾਰ ਵੱਲੋਂ ਕਿਰਤ ਕਾਨੂੰਨਾਂ ਵਿੱਚ ਸੋਧ ਕਰਕੇ 20 ਤੱਕ ਕਾਮਿਆਂ ਵਾਲੀਆਂ ਫੈਕਟਰੀਆਂ ਤੇ ਦੁਕਾਨਾਂ ਨੂੰ ਰਜਿਸਟਰੇਸ਼ਨ ਲਾਜ਼ਮੀ ਕਰਨ, ਮਜ਼ਦੂਰਾਂ ਦੀ ਦਿਹਾੜੀ ਅੱਠ ਤੋਂ ਵਧਾ ਕੇ ਜੋ 12 ਘੰਟੇ ਕੀਤੀ ਗਈ ਹੈ, ਉਸ ਨੂੰ ਦੁਬਾਰਾ ਅੱਠ ਘੰਟੇ ਕਰਨ ਅਤੇ ਘੱਟੋ ਘੱਟ ਉਜ਼ਰਤ ਜੋ ਪਿਛਲੇ 12 ਸਾਲ ਤੋਂ ਨਹੀਂ ਵਧਾਈ ਗਈ, ਉਸ ਨੂੰ ਬਿਨਾਂ ਕਿਸੇ ਦੇਰੀ ਦੇ ਵਧਾਉਣ ਦੀ ਮੰਗ ਕੀਤੀ ਜਾਵੇਗੀ।ਮੀਟਿੰਗ ਤੋਂ ਬਾਅਦ ਬਿਆਨ ਜਾਰੀ ਕਰਨ ਵਾਲਿਆਂ ਵਿੱਚ ਏਟਕ ਵੱਲੋਂ ਵਿਜੇ ਕੁਮਾਰ, ਚਮਕੌਰ ਸਿੰਘ, ਸੀਟੂ ਵੱਲੋਂ ਸੁਖਮਿੰਦਰ ਸਿੰਘ ਲੋਟੇ, ਰਾਮ ਲਾਲ, ਸੀਟੀਯੂ ਪੰਜਾਬ ਵੱਲੋਂ ਜਗਦੀਸ਼ ਚੰਦ, ਪਰਮਜੀਤ ਸਿੰਘ, ਇੰਟਕ ਵੱਲੋਂ ਐਡਵੋਕੇਟ ਸਰਬਜੀਤ ਸਿੰਘ ਸਰਹਾਲੀ, ਗੁਰਜੀਤ ਸਿੰਘ ਜਗਪਾਲ ਤੇ ਸਮਰ ਬਹਾਦਰ, ਰਾਮ ਬ੍ਰਿਕਸ, ਬਲਰਾਮ ਤੇ ਭੋਲਾ ਯਾਦਵ ਸ਼ਾਮਲ ਸਨ।

# ਪੁਲਸ ਹਰ ਸਹਿਯੋਗ ਲਈ ਤਿਆਰ : ਥਾਣਾ ਮੁਖੀ



**ਸੰਗਰੂਰ (ਪ੍ਰਵੀਨ ਸਿੰਘ)**-ਪਿਛਲੇ ਦਿਨੀਂ ਸ਼ਹਿਰ ਦੀ ਰਾਮ ਬਸਤੀ 'ਚੋਂ ਰਾਤ ਵੇਲੇ ਕੈਮਰਿਆਂ ਵਿੱਚ ਕੈਦ ਹੋਈਆਂ ਚੋਰਾਂ ਦੀਆਂ ਵੀਡੀਓਜ਼ ਵਾਇਰਲ ਮਗਰੋਂ ਸ਼ਹਿਰ ਵਾਸੀ ਚਿੰਤਾ ਵਿੱਚ ਹਨ। ਸ਼ਹਿਰ ਵਸਨੀਕਾਂ ਨੂੰ ਡਰ ਹੈ ਕਿ ਜਿਸ ਤਰੀਕੇ ਨਾਲ ਰਾਤ ਵਕਤ ਤਕਰੀਬਨ ਛੇ ਸ਼ਰਾਰਤੀਆਂ ਦਾ ਗਰੋਹ ਚੋਰੀਆਂ ਲਈ ਘੁੰਮ ਰਿਹਾ ਹੈ, ਉਹ ਕੋਈ ਵੱਡੀ ਵਾਰਦਾਤ ਨੂੰ ਵੀ ਕਰ ਸਕਦੇ ਹਨ। ਇਸ ਕਰਕੇ ਹੀ ਸ਼ਹਿਰ ਦੇ ਹਰੇੜੀ ਰੋਡ ਕਾਰੋਬਾਰੀਆਂ ਦੀ ਸੰਸਥਾ 'ਦੁਕਾਨਦਾਰ ਐਸੋਸੀਏਸ਼ਨ' ਵੱਲੋਂ ਬੀਤੇ ਕੱਲ੍ਹ ਇੱਕ ਮੀਟਿੰਗ ਥਾਣਾ ਸਿਟੀ 1 ਦੇ ਮੁਖੀ ਅਵਤਾਰ ਸਿੰਘ ਤੇ ਥਾਣੇਦਾਰ ਕੁਲਵਿੰਦਰ ਕੌਰ ਸਮੇਤ ਪੁਲਸ ਪਾਰਟੀ ਨਾਲ ਕੀਤੀ ਗਈ। ਸੰਸਥਾ ਦੇ ਪ੍ਰਧਾਨ ਜੀਤ ਹਰਜੀਤ ਵੱਲੋਂ ਪੁਲਸ ਨੂੰ ਪਿਛਲੇ ਦਿਨੀਂ ਹੋਈਆਂ ਘਟਨਾਵਾਂ ਤੋਂ ਜਾਣੂ ਕਰਵਾਇਆ ਗਿਆ ਤੇ ਸ਼ਹਿਰ ਅੰਦਰ ਸਰਗਰਮ ਚੋਰਾਂ ਤੋਂ ਜਾਨ-ਮਾਲ ਦੀ ਰਾਖੀ ਲਈ ਲੋੜੀਂਦੇ ਕਦਮ ਚੁੱਕਣ ਦੀ ਅਪੀਲ ਕੀਤੀ ਗਈ। ਮੀਟਿੰਗ ਦੌਰਾਨ ਥਾਣਾ ਮੁਖੀ ਅਵਤਾਰ ਸਿੰਘ ਨੇ ਭਰੋਸਾ ਦਿੱਤਾ ਕਿ ਅੱਜ ਰਾਤ ਤੋਂ ਹੀ ਰਾਤ ਸਮੇਂ ਪੁਲਸ ਪਾਰਟੀ ਵੱਲੋਂ ਕੀਤੀ ਜਾਂਦੀ ਗਸ਼ਤ ਵਿੱਚ ਵਾਧਾ ਕਰ ਦਿੱਤਾ ਜਾਵੇਗਾ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਵਾਪਰਨ ਤੋਂ ਰੋਕਿਆ ਜਾ ਸਕੇ। ਐਨਾ ਹੀ ਨਹੀਂ, ਉਨ੍ਹਾਂ ਨੇ ਮੀਟਿੰਗ ਵਿੱਚ ਮੌਜੂਦ ਤਕਰੀਬਨ ਸੌ ਦੁਕਾਨਦਾਰਾਂ ਤੇ ਨੇੜੇ ਰਹਿਣ ਵਾਲਿਆਂ ਨੂੰ ਭਰੋਸਾ ਵੀ ਦਿਵਾਇਆ ਕਿ ਪੁਲਸ ਪਾਰਟੀ ਹਰ ਸਹਿਯੋਗ ਲਈ ਤਿਆਰ ਹੈ, ਕਿਉਂਕਿ ਸ਼ਹਿਰ ਦੀ ਸੁਰੱਖਿਆ ਸਾਡੀ ਜ਼ਿੰਮੇਵਾਰੀ ਹੈ ਤੇ ਅਸੀਂ ਇਸ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਾਂ। ਇਸ ਮੌਕੇ ਸੰਸਥਾ ਦੇ ਸੀਨੀਅਰ ਮੀਤ ਪ੍ਰਧਾਨ ਨਵਦੀਪ ਕੌਰ ਸਿੱਧੂ ਜ਼ਿਲ੍ਹਾ ਸਕੱਤਰ ਆਮ ਆਦਮੀ ਪਾਰਟੀ, ਸੈਕਟਰੀ ਨਵਜੋਤ ਗਰਗ, ਸਰਪ੍ਰਸਤ ਕੁਲਦੀਪ ਕੁਮਾਰ, ਮੈਂਬਰ ਵਿਸ਼ਾਲ ਕੁਮਾਰ, ਸ਼ੇਰ ਪਾਲ, ਦਵਿੰਦਰ ਸਿੰਘ, ਤੇਜਿੰਦਰ ਸਿੰਘ, ਹੈਪੀ, ਚੈਰੀ, ਰਾਸ਼ਿਦ ਖਾਂ, ਸੁਖਵਿੰਦਰ ਸੁੱਖੀ, ਰਣਜੀਤ ਸਿੰਘ, ਰਾਜੂ, ਕੁਲਦੀਪ ਸਿੰਘ, ਲਤੀਫ ਖਾਂ ਆਦਿ ਹਾਜ਼ਰ ਸਨ।

# ਨਸ਼ਾ ਕਰਨ ਵਾਲੇ 2 ਨੌਜਵਾਨਾਂ ਦੀ ਰਿਪੋਰਟ ਪਾਜ਼ੇਟਿਵ, ਮਾਮਲਾ ਦਰਜ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ 2 ਨੌਜਵਾਨਾਂ ਦੀ ਨਸ਼ਾ ਕਰਨ ਦੇ ਮਾਮਲੇ ਵਿੱਚ ਡੋਪ ਟੈਸਟ ਰਿਪੋਰਟ ਪੌਜ਼ਟਿਵ ਆਉਣ 'ਤੇ ਦਵਿੰਦਰ ਸਿੰਘ ਉਰਫ਼ ਰਿੰਕੂ ਤੇ ਹਰਦੀਪ ਸਿੰਘ ਉਰਫ਼ ਗੁੱਲੂ ਵਾਸੀਆਨ ਮਾਛੀਵਾੜਾ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਥਾਣਾ ਮੁਖੀ ਇੰਸਪੈਕਟਰ ਹਰਵਿੰਦਰ ਸਿੰਘ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਹਾਕਮ ਸਿੰਘ ਪੁਲਸ ਪਾਰਟੀ ਸਮੇਤ ਸ਼ੱਕੀ ਪੁਰਸ਼ਾਂ ਤੇ ਵਹੀਕਲਾਂ ਸੰਬੰਧੀ ਕਿਰਪਾਨ ਭੇਟ ਸਾਹਿਬ ਸਮਰਾਲਾ ਰੋਡ ਵਿਖੇ ਮੌਜੂਦ ਸੀ ਤਾਂ ਇੱਕ ਨੌਜਵਾਨ ਪੈਦਲ ਤੁਰਿਆ ਆਉਂਦਾ ਦਿਖਾਈ ਦਿੱਤਾ, ਜੋ ਪੁਲਸ ਨੂੰ ਦੇਖ ਘਬਰਾ ਕੇ ਤੇਜ਼ੀ ਨਾਲ ਪਿੱਛੇ ਨੂੰ ਤੁਰਨ ਲੱਗਾ। ਸਹਾਇਕ ਥਾਣੇਦਾਰ ਵੱਲੋਂ ਸਾਥੀ ਕਰਮਚਾਰੀਆਂ ਦੀ ਮੱਦਦ ਨਾਲ ਕਾਬੂ ਕਰ ਨਾਮ ਤੇ ਪਤਾ ਪੁੱਛਿਆ, ਜਿਸ ਨੇ ਆਪਣਾ ਨਾਮ ਦਵਿੰਦਰ ਸਿੰਘ ਉਰਫ਼ ਰਿੰਕੂ ਦੱਸਿਆ, ਜੋ ਨਸ਼ੇੜੀ ਕਿਸਮ ਦਾ ਵਿਅਕਤੀ ਹੈ। ਪੁਲਸ ਵੱਲੋਂ ਉਸ ਦਾ ਡੋਪ ਟੈਸਟ ਕਰਵਾਇਆ ਗਿਆ, ਜਿਸ ਦੀ ਰਿਪੋਰਟ ਪੌਜ਼ਟਿਵ ਆਈ ਤੇ ਪੁਲਸ ਨੇ ਉਸ ਖਿਲਾਫ਼ ਮਾਮਲਾ ਦਰਜ ਕਰ ਲਿਆ। ਇਸੇ ਤਰ੍ਹਾਂ ਦੂਜੇ ਮਾਮਲੇ ਵਿਚ ਸਹਾਇਕ ਥਾਣੇਦਾਰ ਹਾਕਮ ਸਿੰਘ ਨੇੜੇ ਗਊਸ਼ਾਲਾ ਰੋਪੜ ਰੋਡ ਵਿਖੇ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਮੌਜੂਦ ਸਨ ਤਾਂ ਇੱਕ ਨੌਜਵਾਨ ਪੈਦਲ ਆਉਂਦਾ ਦਿਖਾਈ ਦਿੱਤਾ। ਪੁਲਸ ਨਾਕਾਬੰਦੀ ਦੇਖ ਉਹ ਘਬਰਾ ਕੇ ਪਿੱਛੇ ਨੂੰ ਤੇਜ਼ ਤੁਰਨ ਲੱਗਾ, ਜਿਸ ਨੂੰ ਪੁਲਸ ਨੇ ਕਾਬੂ ਕਰ ਨਾਮ ਤੇ ਪਤਾ ਪੁੱਛਿਆ। ਉਸ ਨੇ ਆਪਣਾ ਨਾਮ ਹਰਦੀਪ ਸਿੰਘ ਉਰਫ਼ ਗੁੱਲੂ ਦੱਸਿਆ, ਪੁਲਸ ਵੱਲੋਂ ਉਸ ਦਾ ਵੀ ਡੋਪ ਟੈਸਟ ਕਰਵਾਇਆ, ਜਿਸ ਦੀ ਰਿਪੋਰਟ ਪੌਜ਼ਟਿਵ ਆਈ। ਪੁਲਸ ਵੱਲੋਂ ਉਕਤ ਕਥਿਤ ਦੋਸ਼ੀ ਖਿਲਾਫ਼ ਵੀ ਮਾਮਲਾ ਦਰਜ ਕਰ ਲਿਆ।

# ਐਕਟਿਵਾ ਨੂੰ ਟਰੱਕ ਨੇ ਮਾਰੀ ਟੱਕਰ, ਬੱਚੇ ਦੀ ਮੌਤ, ਮਾਂ ਗੰਭੀਰ ਜ਼ਖਮੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬਸੀ ਪਠਾਣਾ-ਮੋਰਿੰਡਾ ਸੜਕ 'ਤੇ ਪਿੰਡ ਨੌਗਾਵਾਂ ਨਜ਼ਦੀਕ ਵਾਪਰੇ ਸੜਕ ਹਾਦਸੇ 'ਚ ਇੱਕ 7 ਸਾਲਾ ਬੱਚੇ ਦੀ ਮੌਤ ਹੋ ਜਾਣ ਅਤੇ ਉਸ ਦੀ ਮਾਂ ਦੇ ਗੰਭੀਰ ਜ਼ਖਮੀ ਹੋ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਗੁਰਪ੍ਰੀਤ ਕੌਰ ਪਤਨੀ ਬਲਜਿੰਦਰ ਸਿੰਘ ਵਾਸੀ ਪਿੰਡ ਮੈੜਾਂ ਮੰਡਲਾਂ ਆਪਣੇ ਬੀਮਾਰ ਲੜਕੇ ਗੁਰਫ਼ਤਿਹ ਸਿੰਘ (7) ਨੂੰ ਐਕਟਿਵਾ ਸਕੂਟਰ ਪਿੱਛੇ ਬਿਠਾ ਕੇ ਨੌਗਾਵਾਂ ਤੋਂ ਦਵਾਈ ਲੈਣ ਜਾ ਰਹੀ ਸੀ।ਜਦੋਂ ਉਹ ਪਿੰਡ ਨੌਗਾਵਾਂ ਨੇੜਲੀ ਨਰਸਰੀ ਨਜ਼ਦੀਕ ਪਹੁੰਚੇ ਤਾਂ ਪਿੱਛੋਂ ਤੇਜ਼ ਰਫ਼ਤਾਰ ਨਾਲ ਆ ਰਹੇ ਟਰੱਕ ਨੰਬਰ ਐੱਚ.ਆਰ.11.ਸੀ-6768 ਨੇ ਕਿਸੇ ਵਾਹਨ ਨੂੰ ਅਣਗਹਿਲੀ ਨਾਲ ਓਵਰਟੇਕ ਕਰਦੇ ਸਮੇਂ ਉਨ੍ਹਾਂ ਦੇ ਸਕੂਟਰ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਸੜਕ 'ਤੇ ਡਿੱਗ ਕੇ ਗੁਰਪ੍ਰੀਤ ਕੌਰ ਤੇ ਗੁਰਫ਼ਤਿਹ ਸਿੰਘ ਗੰਭੀਰ ਜ਼ਖ਼ਮੀ ਹੋ ਗਏ।

ਗੁਰਫ਼ਤਿਹ ਸਿੰਘ ਦੀ ਹਸਪਤਾਲ 'ਚ ਇਲਾਜ ਦੌਰਾਨ ਮੌਤ ਹੋ ਗਈ, ਜਦੋਂਕਿ ਗੁਰਪ੍ਰੀਤ ਕੌਰ ਇੱਕ ਨਿੱਜੀ ਹਸਪਤਾਲ 'ਚ ਇਲਾਜ ਅਧੀਨ ਹੈ।ਮ੍ਰਿਤਕ ਦੇ ਦਾਦੇ ਦੇ ਬਿਆਨਾਂ 'ਤੇ ਟਰੱਕ ਦੇ ਨਾਮਾਲੂਮ ਚਾਲਕ ਵਿਰੁੱਧ ਕੇਸ ਦਰਜ ਕਰਕੇ ਥਾਣਾ ਬਸੀ ਪਠਾਣਾਂ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਬਿਨਾਂ ਪਰਵਾਨਾ ਮੋਬਾਇਲ ਫੋਨ ਰਾਹੀਂ ਵਾਰ-ਵਾਰ ਥਾਣੇ ਬੁਲਾਏ ਜਾਣ 'ਤੇ ਡੀ ਜੀ ਪੀ ਨੂੰ ਲਿਖਤੀ ਸ਼ਿਕਾਇਤ

**ਜ਼ੀਰਾ (ਰੂਪ ਸਿੰਘ ਸੰਧੂ)**-ਜ਼ੀਰਾ ਸ਼ਹਿਰ ਤੋਂ ਇੱਕ ਵੱਡੀ ਤੇ ਚਿੰਤਾਜਨਕ ਘਟਨਾ ਸਾਹਮਣੀ ਆਈ ਹੈ, ਜਿੱਥੇ ਸਮਾਧੀ ਰੋਡ ਨਿਵਾਸੀ ਰਾਜੀਵ ਜੈਨ ਨੇ ਫਿਰੋਜ਼ਪੁਰ ਦੇ ਐੱਸ.ਐੱਸ.ਪੀ. ਨੂੰ ਲਿਖਤੀ ਸ਼ਿਕਾਇਤ ਦੇ ਕੇ ਦਾਅਵਾ ਕੀਤਾ ਹੈ ਕਿ ਥਾਣਾ ਸਿਟੀ ਜ਼ੀਰਾ ਵੱਲੋਂ ਉਨ੍ਹਾਂ ਨੂੰ ਬਿਨਾਂ ਕਿਸੇ ਲਿਖਤੀ ਪਰਵਾਨੇ ਦੇ ਵਾਰ ਵਾਰ ਥਾਣੇ ਬੁਲਾਇਆ ਜਾ ਰਿਹਾ ਹੈ, ਜਿਸ ਨਾਲ ਉਨ੍ਹਾਂ ਨੂੰ ਨਾ ਸਿਰਫ਼ ਭਾਰਤੀ ਸੰਵਿਧਾਨ ਦੀ ਉਲੰਘਣਾ ਦਾ ਅਹਿਸਾਸ ਹੋ ਰਿਹਾ ਹੈ, ਸਗੋਂ ਉਨ੍ਹਾਂ ਦੀ ਜਾਨ ਤੇ ਮਾਲ ਲਈ ਖਤਰਾ ਬਣਿਆ ਹੋਇਆ ਹੈ।ਰਾਜੀਵ ਜੈਨ ਨੇ ਦੱਸਿਆ ਕਿ ਕੁਝ ਸਮਾਂ ਪਹਿਲਾਂ ਥਾਣਾ ਸਿਟੀ ਜ਼ੀਰਾ ਦੇ ਗੰਨਮੈਨ ਗੁਰਜੀਤ ਸਿੰਘ ਨੇ ਉਨ੍ਹਾਂ ਦੀ ਦੁਕਾਨ ਤੋਂ ਥਾਣੇ ਦੇ ਰਿਟਾਇਰਮੈਂਟ ਸਮਾਗਮਾਂ ਲਈ ਲਗਭਗ 70,000 ਰੁਪਏ ਦੀ ਮਿਠਾਈ ਲਵਾਈ ਸੀ, ਪਰ ਜਦੋਂ ਉਹ ਰਕਮ ਦੀ ਮੰਗ ਕਰਨ ਲੱਗੇ ਤਾਂ ਉਲਟ ਉਨ੍ਹਾਂ ਨੂੰ ਝੂਠੇ ਮਾਮਲਿਆਂ ਵਿੱਚ ਫਸਾਉਣ ਦੀਆਂ ਧਮਕੀਆਂ ਮਿਲਣ ਲੱਗੀਆਂ।ਉਨ੍ਹਾਂ ਦੱਸਿਆ ਕਿ ਗੁਰਜੀਤ ਸਿੰਘ ਵੱਲੋਂ ਉਨ੍ਹਾਂ ਦੀ ਦੁਕਾਨ 'ਤੇ ਗੁੰਡਾ ਅਨਸਰ ਭੇਜ ਕੇ ਡਰਾਉਣ ਦੀ ਕੋਸ਼ਿਸ਼ ਕੀਤੀ ਗਈ, ਜਿਸ ਤੋਂ ਘਬਰਾਅ ਕੇ ਉਨ੍ਹਾਂ ਨੇ ਐੱਸ.ਐੱਸ.ਪੀ. ਤੋਂ ਲੈ ਕੇ ਮੁੱਖ ਮੰਤਰੀ ਪੰਜਾਬ ਤੱਕ 3 ਮਈ 2025 ਨੂੰ ਰਜਿਸਟਰਡ ਪੱਤਰ ਰਾਹੀਂ ਲਿਖਤੀ ਰੂਪ ਵਿੱਚ ਸੂਚਨਾ ਦਿੱਤੀ, ਪਰ ਅੱਜ ਤੱਕ ਕੋਈ ਕਾਰਵਾਈ ਨਹੀਂ ਹੋਈ।



## ਥਾਣਾ ਸਿਟੀ ਜ਼ੀਰਾ ਵੱਲੋਂ ਭਾਰਤੀ ਸੰਵਿਧਾਨ ਦੀਆਂ ਉਡਾਈਆਂ ਜਾ ਰਹੀਆਂ ਨੇ ਸ਼ਰੇਆਮ ਧੱਜੀਆਂ

ਸਭ ਤੋਂ ਵੱਡੀ ਗੰਭੀਰਤਾ ਵਾਲੀ ਗੱਲ ਇਹ ਹੈ ਕਿ ਰਾਜੀਵ ਜੈਨ ਨੇ ਦਾਅਵਾ ਕੀਤਾ ਹੈ ਕਿ 21 ਜੂਨ 2025 ਨੂੰ ਸ਼ਾਮ 6.30 ਵਜੇ ਉਨ੍ਹਾਂ ਨੂੰ 6280048751 ਨੰਬਰ ਤੋਂ ਕਾਲ ਆਈ, ਜਿਸ ਵਿੱਚ ਆਪਣੇ ਆਪ ਨੂੰ ਥਾਣਾ ਸਿਟੀ ਜ਼ੀਰਾ ਤੋਂ ਦੱਸਣ ਵਾਲੇ ਵਿਅਕਤੀ ਨੇ ਉਨ੍ਹਾਂ ਨੂੰ ਵਾਰ ਵਾਰ ਥਾਣੇ ਆਉਣ ਲਈ ਕਿਹਾ, ਪਰ ਨਾ ਹੀ ਆਪਣੇ ਨਾਮ ਬਾਰੇ ਦੱਸਿਆ ਤੇ ਨਾ ਹੀ ਅਹੁਦੇ ਬਾਰੇ।ਜਦ ਰਾਜੀਵ ਨੇ ਪਰਵਾਨਾ ਮੰਗਿਆ ਤਾਂ ਉਲਟ ਰੁੱਖੇ ਬੋਲ ਬੋਲ ਕੇ ਉਨ੍ਹਾਂ ਨੂੰ ਡਰਾਉਣ ਦੀ ਕੋਸ਼ਿਸ਼ ਕੀਤੀ ਗਈ।ਰਾਜੀਵ ਜੈਨ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇਸ ਮਾਮਲੇ ਨੂੰ ਲੈ ਕੇ ਪੰਜਾਬ ਐਂਡ ਹਰਿਆਣਾ ਹਾਈਕੋਰਟ ਵਿੱਚ ਪਹਿਲਾਂ ਹੀ ਕੇਸ ਦਾਇਰ ਕੀਤਾ ਹੋਇਆ ਹੈ, ਜਿਸ ਦੀ ਅਗਲੀ ਸੁਣਵਾਈ 11 ਜੁਲਾਈ 2025 ਨੂੰ ਹੋਣੀ ਹੈ।ਉਨ੍ਹਾਂ ਦਾ ਦਾਅਵਾ ਹੈ ਕਿ ਇਹ ਸਾਰਾ ਦਬਾਅ ਉਨ੍ਹਾਂ ਉੱਤੇ ਕੇਸ 'ਚੋਂ ਹੱਥ ਖਿੱਚਣ ਜਾਂ ਜ਼ਬਰਦਸਤੀ ਰਾਜ਼ੀਨਾਮਾ ਲੈਣ ਦੀ ਕੋਸ਼ਿਸ਼ ਹੈ।ਉਨ੍ਹਾਂ ਇੰਨਾ ਤੱਕ ਕਿਹਾ ਕਿ ਉਨ੍ਹਾਂ ਦਾ ਫ਼ਰਜ਼ੀ ਐਨਕਾਊਂਟਰ ਕਰਕੇ ਕੇਸ ਨੂੰ ਖਤਮ ਕਰਨ ਦੀ ਸਾਜ਼ਿਸ਼ ਵੀ ਹੋ ਸਕਦੀ ਹੈ।ਰਾਜੀਵ ਜੈਨ ਨੇ ਆਪਣੇ ਬਿਆਨ ਵਿੱਚ ਇਹ ਵੀ ਦੱਸਿਆ ਕਿ ਥਾਣਾ ਸਿਟੀ ਜ਼ੀਰਾ ਦੇ ਇੰਚਾਰਜ ਬਲਜਿੰਦਰ ਸਿੰਘ ਬਾਜਵਾ, ਐੱਸ.ਐੱਚ.ਓ. ਕੰਵਲਜੀਤ ਸਿੰਘ ਰਾਏ, ਐੱਸ ਪੀ ਡੀ ਮਨਜੀਤ ਰਾਏ ਤੇ ਗੰਨਮੈਨ ਗੁਰਜੀਤ ਸਿੰਘ ਉਨ੍ਹਾਂ ਦੀ ਜਾਨ ਤੇ ਮਾਲ ਲਈ ਸੰਭਾਵਤ ਖਤਰਾ ਹਨ।ਉਨ੍ਹਾਂ ਸਖਤ ਕਾਰਵਾਈ ਦੀ ਮੰਗ ਕਰਦਿਆਂ ਕਿਹਾ ਕਿ ਜੇ ਉਨ੍ਹਾਂ ਨੂੰ ਜਾਂ ਉਨ੍ਹਾਂ ਦੇ ਪਰਿਵਾਰ ਨੂੰ ਕੋਈ ਨੁਕਸਾਨ ਪਹੁੰਚਦਾ ਹੈ ਤਾਂ ਉਪਰੋਕਤ ਲੋਕ ਪੂਰੀ ਤਰ੍ਹਾਂ ਜ਼ਿੰਮੇਵਾਰ ਹੋਣਗੇ।ਜਦੋਂ ਇਸ ਸੰਬੰਧੀ ਸੰਬੰਧਤ ਮੋਬਾਈਲ ਫੋਨ ਨੰਬਰ 6280048751 'ਤੇ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਰਾਜੀਵ ਕੁਮਾਰ ਜੈਨ ਨੂੰ ਥਾਣਾ ਸਿਟੀ ਜ਼ੀਰਾ ਵਿੱਚ ਦਰਖਾਸਤਾਂ ਸਬੰਧੀ ਬੁਲਾਇਆ ਗਿਆ ਸੀ। ਸਮਾਜਿਕ ਜਥੇਬੰਦੀਆਂ ਤੇ ਨਿਆਂ ਪਸੰਦ ਲੋਕਾਂ ਵੱਲੋਂ ਵੀ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਣ ਦੀ ਲੋੜ ਹੈ, ਕਿਉਂਕਿ ਇਹ ਕੇਵਲ ਇੱਕ ਵਿਅਕਤੀ ਦੀ ਗੱਲ ਨਹੀਂ, ਸਗੋਂ ਕਾਨੂੰਨੀ ਪ੍ਰਕਿਰਿਆ ਤੇ ਨਾਗਰਿਕ ਅਧਿਕਾਰਾਂ ਦੀ ਰੱਖਿਆ ਦਾ ਮਾਮਲਾ ਹੈ।

# ਟੈਲੀਕਾਮ ਟਾਵਰ ਤੋਂ ਸਾਮਾਨ ਚੋਰੀ ਕਰਨ ਵਾਲਾ ਗਰੋਹ ਗ੍ਰਿਫ਼ਤਾਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾ. ਅਖਿਲ ਚੌਧਰੀ ਆਈਪੀਐਸ, ਐੱਸ ਐੱਸ ਪੀ ਸ੍ਰੀ ਮੁਕਤਸਰ ਸਾਹਿਬ ਦੇ ਨਿਰਦੇਸ਼ਾਂ ਅਤੇ ਐੱਸ ਪੀ (ਡੀ) ਤੇ ਡੀ ਐੱਸ ਪੀ (ਡੀ) ਦੀ ਨਿਗਰਾਨੀ ਹੇਠ ਜ਼ਿਲ੍ਹਾ ਪੁਲਸ ਨੇ ਟੈਲੀਕਾਮ ਟਾਵਰ ਬੁਨਿਆਦੀ ਢਾਂਚੇ ਦੀਆਂ ਸੰਗਠਿਤ ਚੋਰੀਆਂ ਵਿੱਚ ਸ਼ਾਮਲ ਇੱਕ ਗਰੋਹ ਨੂੰ ਸਫਲਤਾਪੂਰਵਕ ਕਾਬੂ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ, ਜੋ ਖਾਸ ਤੌਰ 'ਤੇ ਪੂਰੇ ਖੇਤਰ ਵਿੱਚ ਬੇਸ ਬੈਂਡ ਯੂਨਿਟਾਂ (ਬੀ ਬੀ ਉ ਐੱਸ) ਤੇ ਸੰਬੰਧਤ ਹਿੱਸਿਆਂ ਨੂੰ ਚੋਰੀ ਕਰਦੇ ਸਨ। ਜਾਣਕਾਰੀ ਅਨੁਸਾਰ ਤਕਨੀਕੀ ਨਿਗਰਾਨੀ ਤੇ ਭਰੋਸੇਯੋਗ ਫੀਲਡ ਇੰਟੈਲੀਜੈਂਸ ਦੇ ਆਧਾਰ 'ਤੇ ਚਾਰ ਮੁੱਖ ਦੋਸ਼ੀਆਂ ਪਵਨਦੀਪ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਫੱਤਣਵਾਲਾ, ਬਿੱਟੂ ਸਿੰਘ ਪੁੱਤਰ ਸ਼ਿੰਦਾ ਸਿੰਘ ਵਾਸੀ ਪਿੰਡ ਚਿੱਬੜਾਂਵਾਲੀ, ਸਿਤਾਰ ਮੁਹੰਮਦ ਪੁੱਤਰ ਦਿਲਬਰ ਮੁਹੰਮਦ ਵਾਸੀ ਸ਼ੇਰਾ ਪਿੰਡ, ਰਾਜਪੁਰਾ, ਲਖਵਿੰਦਰ ਸਿੰਘ ਉਰਫ ਲੱਖਾ ਪੁੱਤਰ ਰਾਜਾ ਸਿੰਘ, ਪਿੰਡ ਜੰਮੂਆਣਾ ਤੇ ਸ਼ਵੇਜ਼ ਅਹਿਮਦ ਉਰਫ ਪ੍ਰਿੰਸ ਪੁੱਤਰ ਨਚਿਮ ਅਹਿਮਦ ਵਾਰਡ ਨੰਬਰ 9, ਰਾਜਪੁਰਾ ਨੂੰ ਗ੍ਰਿਫਤਾਰ ਕੀਤਾ ਗਿਆ ਹੈ।ਇਸ ਤੋਂ ਪਹਿਲਾਂ, ਬਿੱਟੂ ਸਿੰਘ ਤੇ ਅਵਲਜੀਤ ਸਿੰਘ ਵੀ ਫਾਜ਼ਿਲਕਾ ਵਿੱਚ ਆਰ ਆਰ ਯੂ ਯੂਨਿਟ ਚੋਰੀਆਂ ਵਿੱਚ ਸ਼ਾਮਲ ਸਨ।ਪੁੱਛਗਿੱਛ ਤੋਂ ਪਤਾ ਲੱਗਾ ਹੈ ਕਿ ਪਵਨਦੀਪ ਸਿੰਘ, ਜਿਸ ਦਾ ਪਹਿਲਾਂ ਇੱਕ ਟੈਲੀਕਾਮ ਠੇਕੇਦਾਰ ਨਾਲ ਤਜਰਬਾ ਸੀ, ਨੇ ਆਪਣੇ ਭਰਾ ਅਵਲਜੀਤ ਸਿੰਘ ਨਾਲ ਮਿਲ ਕੇ ਟਾਵਰ ਸਾਈਟਾਂ ਨੂੰ ਨਿਸ਼ਾਨਾ ਬਣਾਉਣ ਲਈ ਆਪਣੇ ਤਕਨੀਕੀ ਗਿਆਨ ਦੀ ਵਰਤੋਂ ਕੀਤੀ।ਸਿਤਾਰ ਮੁਹੰਮਦ ਨੇ ਕਬੂਲ ਕੀਤਾ ਕਿ ਉਸ ਨੇ 25 ਤੋਂ ਵੱਧ ਚੋਰੀ ਕੀਤੇ 22 ਯੂਨਿਟ ਤੇ ਸਹਾਇਕ ਉਪਕਰਨ ਪ੍ਰਾਪਤ ਕੀਤੇ ਸਨ, ਜੋ ਕਿ ਰਾਜਪੁਰਾ ਦੇ ਸਕ੍ਰੈਪ ਡੀਲਰ ਸ਼ਵੇਜ਼ ਅਹਿਮਦ ਉਰਫ ਪ੍ਰਿੰਸ ਨੂੰ ਵੇਚੇ ਗਏ ਸਨ।ਗੈਂਗ ਨੇ ਪੂਰੇ ਖੇਤਰ ਵਿੱਚ ਲਗਭਗ 30 ਟੈਲੀਕਾਮ ਟਾਵਰਾਂ ਨੂੰ ਨਿਸ਼ਾਨਾ ਬਣਾਉਣ ਦੀ ਗੱਲ ਕਬੂਲ ਕੀਤੀ ਹੈ।ਪੂਰੀ ਸਪਲਾਈ ਚੇਨ ਦਾ ਪਤਾ ਲਗਾਉਣ, ਬਾਕੀ ਚੋਰੀ ਹੋਏ ਉਪਕਰਣਾਂ ਨੂੰ ਬਰਾਮਦ ਕਰਨ ਤੇ ਫਰਾਰ ਸ਼ੱਕੀਆਂ ਨੂੰ ਫੜਨ ਲਈ ਹੋਰ ਜਾਂਚ ਜਾਰੀ ਹੈ।

# ਗੁੱਡ ਮੌਰਨਿੰਗ ਕਲੱਬ ਦੇ ਭੰਗੜਾ ਸਿਖਲਾਈ ਕੈਂਪ ਦੀ ਸਮਾਪਤੀ ਤੋਂ ਪਹਿਲਾਂ ਲੱਗੀਆਂ ਰੌਣਕਾਂ



**ਕੋਟਕਪੂਰਾ (ਰਛਪਾਲ ਭੁੱਲਰ)**

ਗੁੱਡ ਮੌਰਨਿੰਗ ਵੈਲਫੇਅਰ ਕਲੱਬ ਤੇ ਸੀਨੀਅਰ ਸਿਟੀਜ਼ਨ ਵੈਲਫੇਅਰ ਸੁਸਾਇਟੀ ਵੱਲੋਂ ਸਾਂਝੇ ਤੌਰ 'ਤੇ 'ਆਪਣਾ ਪੰਜਾਬ ਭੰਗੜਾ ਅਕੈਡਮੀ' ਕੋਟਕਪੂਰਾ ਦੇ ਸੰਸਥਾਪਕ ਦਿਲਪ੍ਰੀਤ ਸਿੰਘ ਬੱਬੂ ਤੇ ਗਗਨਦੀਪ ਸਿੰਘ ਦੇ ਸਹਿਯੋਗ ਨਾਲ ਮਿਊਂਸਪਲ ਪਾਰਕ ਵਿਖੇ ਸੱਤ ਰੋਜ਼ਾ ਮੁਫ਼ਤ ਭੰਗੜਾ ਸਿਖਲਾਈ ਕੈਂਪ ਦੇ ਪੰਜਵੇਂ ਦਿਨ ਛੋਟੇ-ਛੋਟੇ ਬੱਚਿਆਂ ਤੇ ਨੌਜਵਾਨਾਂ ਨੇ ਭੰਗੜੇ ਦੇ ਉਹ ਜੌਹਰ ਦਿਖਾਏ ਕਿ ਭੰਗੜਾ ਕੋਚ ਵੀ ਹੈਰਾਨ ਰਹਿ ਗਏ।

ਕਲੱਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ, ਪ੍ਰਬੰਧਕ ਗੁਰਿੰਦਰ ਸਿੰਘ ਮਹਿੰਦੀਰੱਤਾ ਅਤੇ ਕੋਆਰਡੀਨੇਟਰ ਪ੍ਰੋ ਐਚ.ਐਸ. ਪਦਮ ਨੇ ਦੱਸਿਆ ਕਿ ਸੱਤ ਰੋਜ਼ਾ ਕੈਂਪ ਦੀ ਸਮਾਪਤੀ ਸ਼ਹਿਰ ਵਾਸੀਆਂ ਦੀ ਪੁਰਜ਼ੋਰ ਮੰਗ 'ਤੇ ਹੁਣ 28 ਜੂਨ ਦੀ ਬਜਾਏ 29 ਜੂਨ ਨੂੰ ਕਰਨ ਦਾ ਫੈਸਲਾ ਕੀਤਾ ਗਿਆ ਹੈ।ਉਸ ਦਿਨ ਗੁੱਡ ਮੌਰਨਿੰਗ ਕਲੱਬ ਦੇ ਚੀਫ ਪੈਟਰਨ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੋ ਕੋਚ ਸਮੇਤ 9 ਟ੍ਰੇਨਰਾਂ ਤੇ 5 ਬੱਚਿਆਂ, 5 ਲੜਕੀਆਂ, 5 ਲੜਕਿਆਂ ਅਤੇ ਸਹਿਯੋਗੀਆਂ ਦਾ ਸਨਮਾਨ ਕਰਨਗੇ।ਕਲੱਬ ਦੇ ਚੇਅਰਮੈਨ ਪੱਪੂ ਲਹੌਰੀਆ, ਉਪ ਚੇਅਰਮੈਨ ਠੇਕੇਦਾਰ ਬਿੱਟਾ ਗਰੋਵਰ, ਐਨ.ਆਰ.ਆਈ. ਵਿੰਗ ਦੇ ਇੰਚਾਰਜ ਠੇਕੇਦਾਰ ਪ੍ਰੇਮ ਮੈਣੀ, ਖ਼ਜ਼ਾਨਚੀ ਜਸਕਰਨ ਸਿੰਘ ਭੱਟੀ, ਪ੍ਰੈਸ ਸਕੱਤਰ ਗੁਰਮੀਤ ਸਿੰਘ ਮੀਤਾ, ਸ਼ਰਨ ਕੁਮਾਰ ਤੇ ਸਲਾਹਕਾਰ ਡਾ. ਦੇਵ ਰਾਜ, ਐਲ.ਡੀ. ਮਹਿਰਾ, ਮਨਤਾਰ ਸਿੰਘ ਮੱਕੜ ਨੇ ਦੱਸਿਆ ਕਿ ਚੰਗੀ ਪ੍ਰਤਿਭਾ ਦਿਖਾਉਣ ਵਾਲੇ ਬੱਚਿਆਂ ਅਤੇ ਨੌਜਵਾਨਾਂ ਨੂੰ ਰੋਜ਼ਾਨਾ ਨਕਦ ਰਾਸ਼ੀ ਦੇ ਕੇ ਸਨਮਾਨਤ ਕਰਨ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਉਨ੍ਹਾਂ ਦੱਸਿਆ ਕਿ ਹਰਜੀਤ ਸਿੰਘ ਜੀਤੂ ਮੱਕੜ ਵੱਲੋਂ ਬੱਚਿਆਂ ਨੂੰ ਸ਼ਾਨਦਾਰ ਰਿਫਰੈਸ਼ਮੈਂਟ ਦਿੱਤੀ ਗਈ ਤੇ 27 ਜੂਨ ਨੂੰ ਕਲੱਬ ਦੇ ਮੈਂਬਰ ਜਸਬੀਰ ਸਿੰਘ ਰਿੰਕੀ ਸੇਠੀ ਦੇ ਵੱਡੇ ਭਰਾ ਨਵਨੀਤ ਸਿੰਘ ਸੋਨੂੰ ਸੇਠੀ ਨੇ ਰਿਫਰੈਸ਼ਮੈਂਟ ਦੇਣ ਦੀ ਪੇਸ਼ਕਸ਼ ਕੀਤੀ, ਜਿਸ ਨੂੰ ਪ੍ਰਵਾਨ ਕਰ ਲਿਆ ਗਿਆ।ਭੰਗੜਾ ਕੋਚ ਦਿਲਪ੍ਰੀਤ ਬੱਬੂ ਨੇ ਦੱਸਿਆ ਕਿ ਭੰਗੜੇ ਨਾਲ ਜਿੱਥੇ ਮਨੋਰੰਜਨ ਹੁੰਦਾ ਹੈ, ਉੱਥੇ ਸਰੀਰਕ ਕਸਰਤ ਨਾਲ ਤੰਦਰੁਸਤੀ ਵੀ ਆਪਮੁਹਾਰੇ ਹਾਸਲ ਹੁੰਦੀ ਹੈ।ਉਨ੍ਹਾਂ ਕਿਹਾ ਕਿ ਭੰਗੜਾ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ, ਸਗੋਂ ਸਰੀਰਕ ਤੰਦਰੁਸਤੀ ਲਈ ਭੰਗੜੇ ਦੀ ਗਤੀਵਿਧੀ ਨੂੰ ਸੁਪਰੀਮ ਮੰਨਿਆ ਗਿਆ ਹੈ।ਉਨ੍ਹਾਂ ਦਾਅਵਾ ਕੀਤਾ ਕਿ ਭੰਗੜਾ ਸਿੱਖਣ ਵਾਲੇ ਨੌਜਵਾਨ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਤੋਂ ਇਲਾਵਾ ਫ਼ਿਲਮਾਂ ਅਤੇ ਨਾਟਕਾਂ ਵਿੱਚ ਵੀ ਮੱਲ੍ਹਾਂ ਮਾਰ ਚੁੱਕੇ ਹਨ।ਭੰਗੜਾ ਕੋਚ ਬੱਬੂ ਨੇ ਦੱਸਿਆ ਕਿ ਭੰਗੜੇ ਦੇ 35 ਸਟੈੱਪ ਹੁੰਦੇ ਹਨ, ਜੋ ਰੀਹਰਸਲ ਨਾਲ ਹੀ ਚੰਗੀ ਤਰ੍ਹਾਂ ਸਿੱਖੇ ਜਾ ਸਕਦੇ ਹਨ।

# ਨਦੀਆਂ, ਸੇਮ ਨਾਲਿਆਂ, ਡਰੇਨਾਂ ਦੀ ਸਫ਼ਾਈ ਨਾ ਹੋਣ ਕਾਰਨ ਲੋਕਾਂ 'ਤੇ ਹੜ੍ਹਾਂ ਦਾ ਖਤਰਾ ਮੰਡਰਾਉਣ ਲੱਗਾ, ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੌਨਸੂਨ ਸਿਰ 'ਤੇ ਹੈ, ਪਟਿਆਲਾ ਦੇ ਸੈਂਕੜੇ ਪਿੰਡਾਂ 'ਤੇ ਮਾਰ ਕਰਦੀ ਪਟਿਆਲਾ ਨਦੀ, ਮੀਰਾਂਪੁਰ ਚੋਅ, ਟਾਂਗਰੀ ਨਦੀ ਤੇ ਘੱਗਰ ਦਰਿਆ ਅਤੇ ਹੋਰ ਸੇਮ ਨਾਲਿਆਂ ਦੀ ਪ੍ਰਸ਼ਾਸਨ ਵੱਲੋਂ ਸਫ਼ਾਈ ਨਾ ਕਰਵਾਏ ਜਾਣ ਕਾਰਨ ਲੋਕਾਂ 'ਤੇ ਹੜ੍ਹਾਂ ਦਾ ਖ਼ਤਰਾ ਮੰਡਰਾਉਣ ਲੱਗਾ ਹੈ, ਪ੍ਰੰਤੂ ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ।



ਬਰਸਾਤ ਦਾ ਮੌਸਮ ਸ਼ੁਰੂ ਹੋ ਚੁੱਕਾ ਹੈ, ਪ੍ਰੰਤੂ ਕਿਸੇ ਨੇ ਵੀ ਅਜੇ ਤੱਕ ਇਸ ਪਾਸੇ ਆਪਣਾ ਕੋਈ ਧਿਆਨ ਨਹੀਂ ਦਿੱਤਾ। ਅਜੇ ਤੱਕ ਸਫ਼ਾਈ ਵੀ ਨਹੀਂ ਕੀਤੀ ਗਈ।ਦੂਜੇ ਪਾਸੇ ਡੀ ਸੀ ਵਾਰ ਵਾਰ ਮੀਟਿੰਗਾਂ ਕਰਕੇ ਕਹਿ ਰਹੇ ਹਨ ਕਿ ਸੰਭਾਵੀ ਹੜ੍ਹਾਂ ਨਾਲ ਨਜਿੱਠਣ ਲਈ ਪ੍ਰਬੰਧ ਮੁਕੰਮਲ ਹਨ।ਬੀਤੇ ਦਿਨ ਪਟਿਆਲਾ ਨਦੀ ਦੇ ਕੁਝ ਪਿੰਡਾਂ ਵਿੱਚ ਦੇਖਿਆ ਗਿਆ ਕਿ ਅਜੇ ਤੱਕ ਪਟਿਆਲਾ ਨਦੀ ਦੀ ਸਫ਼ਾਈ ਨਹੀਂ ਕੀਤੀ ਗਈ ਸੀ, ਜਦਕਿ ਜੂਨ ਦੇ ਅੰਤ ਤੱਕ ਨਦੀ ਦੀ ਸਫ਼ਾਈ ਹੋ ਜਾਣੀ ਚਾਹੀਦੀ ਹੈ।ਪਿਛਲੇ ਸਮਿਆਂ 'ਚ ਪਟਿਆਲਾ ਨਦੀ, ਮੀਰਾਂਪੁਰ ਚੋਅ, ਘੱਗਰ ਦਰਿਆ ਤੇ ਟਾਂਗਰੀ ਨਦੀ 'ਚ ਆਏ ਹੜ੍ਹਾਂ ਕਾਰਨ ਹਜ਼ਾਰਾਂ ਏਕੜ ਫਸਲ ਤਬਾਹ ਹੋ ਗਈ ਸੀ, ਜਦੋਂਕਿ ਲੋਕਾਂ ਦਾ ਭਾਰੀ ਮਾਲੀ ਨੁਕਸਾਨ ਹੋਇਆ ਸੀ, ਪ੍ਰੰਤੂ ਪ੍ਰਸ਼ਾਸਨ ਨੇ ਸਾਰਾ ਕੁੱਝ ਜਾਣਦੇ ਹੋਏ ਅਜੇ ਤੱਕ ਆਪਣੀ ਚੁੱਪ ਧਾਰ ਰੱਖੀ ਹੈ।

ਇਸ ਮੌਕੇ ਭਾਨਰੀ ਦੇ ਸਮਾਜ ਸੇਵੀ ਗੁਰਧਿਆਨ ਸਿੰਘ ਭਾਨਰੀ, ਹਾਕਮ ਸਿੰਘ, ਲਾਲ ਸਿੰਘ, ਗੁਰਮੀਤ ਸਿੰਘ, ਭੁਪਿੰਦਰ ਸਿੰਘ ਭਾਨਰੀ ਨੇ ਕਿਹਾ ਕਿ ਪਟਿਆਲਾ ਨਦੀ ਸੂਲਰ, ਰਿਵਾਸ, ਖੇੜਾ ਜੱਟਾਂ, ਜਲਾਲ ਖੇੜਾ, ਮੈਣ, ਦੁੱਧੜ, ਕੱਲਰ ਭੈਣੀ, ਭਾਨਰੀ, ਤਰੈਂ, ਡਰੋਲਾ, ਡਰੋਲੀ, ਮੱਦੋਮਾਜਰਾ, ਖੇੜੀ ਵਰਨਾ, ਤੁਲੇਵਾਲ, ਚਤੈਹਰਾ, ਦੁੱਲੜ, ਧਨੌਰੀ, ਮਰਦਾਹੇੜੀ ਤੱਕ ਇਹ ਮਾਰ ਕਰਦੀ ਹੈ, ਪਰ ਅਜੇ ਵੀ ਇਸ ਨਦੀ ਦੀ ਸਫ਼ਾਈ ਨਹੀਂ ਕੀਤੀ ਗਈ, ਜਿਸ ਕਰਕੇ ਇਨ੍ਹਾਂ ਪਿੰਡਾਂ ਵਿੱਚ ਹੜ੍ਹ ਆਉਣ ਦਾ ਸਹਿਮ ਬਣਿਆ ਹੋਇਆ ਹੈ, ਕਿਉਂਕਿ ਕਰੀਬ ਝੋਨਾ ਲੱਗ ਚੁੱਕਾ ਹੈ।

ਓਧਰ, ਡੀ ਸੀ ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਹੜ੍ਹਾਂ ਤੋਂ ਬਚਾਅ ਲਈ ਬਰਸਾਤ ਤੋਂ ਪਹਿਲਾਂ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਸਰਕਾਰ ਦੀ ਤਰਜੀਹ ਹੈ ਤੇ ਕਿਸੇ ਵੀ ਹਾਲਤ ਵਿੱਚ ਪ੍ਰਬੰਧਾਂ 'ਚ ਕਮੀਆਂ ਨਹੀਂ ਰਹਿਣੀਆਂ ਚਾਹੀਦੀਆਂ।ਛੋਟੀ ਤੇ ਵੱਡੀ ਨਦੀ ਸਬੰਧੀ ਡਰੇਨੇਜ਼ ਵਿਭਾਗ ਵੱਲੋਂ ਕੀਤੇ ਜਾ ਰਹੇ ਕੰਮਾਂ ਦਾ ਨਿਰੀਖਣ ਵੀ ਕੀਤਾ ਹੈ।ਸਮੂਹ ਐੱਸ ਡੀ ਐੱਮਜ਼ ਨੂੰ ਹਦਾਇਤ ਕੀਤੀ ਹੈ ਕਿ ਉਹ ਆਪਣੇ ਅਧੀਨ ਆਉਂਦੇ ਉਨ੍ਹਾਂ ਖੇਤਰਾਂ ਦਾ ਦੌਰਾ ਕਰ ਕੇ ਪ੍ਰਬੰਧਾਂ ਦਾ ਜਾਇਜ਼ਾ ਲੈਣ, ਜਿੱਥੇ ਪਹਿਲਾਂ ਬਰਸਾਤਾਂ ਦੌਰਾਨ ਹੜ੍ਹ ਆਏ ਸਨ।

ਭਵਾਨੀਗੜ੍ਹ (ਮੇਜਰ ਸਿੰਘ ਮੱਟਰਾਂ) ਦੇ ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਤੇ ਮਹਿਕਮੇ ਤੋਂ ਇੱਥੋਂ ਨੇੜਲੇ ਪਿੰਡਾਂ ਵਿੱਚੋਂ ਲੰਘਦੀ ਨਾਭਾ ਡਰੇਨ ਦੀ ਤੁਰੰਤ ਸਫ਼ਾਈ ਕਰਵਾਉਣ ਦੀ ਮੰਗ ਕੀਤੀ ਹੈ।ਕਿਸਾਨ ਆਗੂ ਦਵਿੰਦਰ ਸਿੰਘ ਗਰੇਵਾਲ, ਪ੍ਰੇਮਜੀਤ ਸਿੰਘ ਗਰੇਵਾਲ, ਸੁਖਵਿੰਦਰ ਸਿੰਘ ਸਾਬਕਾ ਪੰਚ, ਹਰਜਿੰਦਰ ਸਿੰਘ, ਬਿੱਟੂ ਕਾਕੜਾ ਤੇ ਸੁਰਜੀਤ ਸਿੰਘ ਨੇ ਦੱਸਿਆ ਕਿ ਨਾਭਾ ਫੋਕਲ ਪੁਆਇੰਟ ਤੋਂ ਸ਼ੁਰੂ ਹੋ ਕੇ ਇਹ ਡਰੇਨ ਭਵਾਨੀਗੜ੍ਹ ਬਲਾਕ ਦੇ ਪਿੰਡ ਜੌਲੀਆਂ, ਪੰਨਵਾਂ, ਕਾਕੜਾ, ਸਕਰੌਦੀ, ਸੰਗਤਪੁਰਾ ਤੇ ਘੁਮੰਡ ਸਿੰਘ ਵਾਲਾ ਦੇ ਖੇਤਾਂ ਵਿੱਚ ਗੁਜ਼ਰਦੀ ਹੋਈ ਸਰਹਿੰਦ ਚੋਅ ਵਿੱਚ ਪੈ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਇਸ ਡਰੇਨ ਕਾਰਨ ਭਾਰੀ ਬਰਸਾਤ ਦੌਰਾਨ ਵੀ ਉਕਤ ਪਿੰਡਾਂ ਦੇ ਖੇਤਾਂ ਦੀ ਫ਼ਸਲ ਦਾ ਨੁਕਸਾਨ ਹੋਣ ਤੋਂ ਬਚਾਅ ਹੋ ਜਾਂਦਾ ਹੈ।ਕਿਸਾਨ ਆਗੂਆਂ ਨੇ ਦੱਸਿਆ ਕਿ ਸਫਾਈ ਨਾ ਹੋਣ ਕਾਰਨ ਇਸ ਡਰੇਨ ਵਿੱਚ ਘਾਹ ਤੇ ਜਲ ਬੂਟੀ ਉੱਗੀ ਖੜੀ ਹੈ, ਜਿਸ ਕਾਰਨ ਇਸ ਡਰੇਨ ਰਾਹੀਂ ਮੀਂਹ ਦੌਰਾਨ ਪਾਣੀ ਦਾ ਨਿਕਾਸ ਨਹੀਂ ਹੋ ਸਕਦਾ। ਉਨ੍ਹਾਂ ਅਗਾਊਂ ਸੁਚੇਤ ਕਰਦਿਆਂ ਕਿਹਾ ਕਿ ਜੇਕਰ ਪ੍ਰਸ਼ਾਸਨ ਤੇ ਮਹਿਕਮੇ ਵੱਲੋਂ ਇਸ ਡਰੇਨ ਦੀ ਸਫਾਈ ਨਾ ਕਰਵਾਈ ਗਈ ਤਾਂ ਸਬੰਧਤ ਪਿੰਡਾਂ ਦੇ ਕਿਸਾਨਾਂ ਦੀਆਂ ਫ਼ਸਲਾਂ ਦਾ ਵੱਡਾ ਨੁਕਸਾਨ ਹੋ ਜਾਵੇਗਾ।

# ਮਮਦੋਟ 'ਚ ਹਥਿਆਰਾਂ ਦੀ ਆੜ ਹੇਠ ਖੇਤ 'ਚ ਲੱਗਾ ਝੋਨਾ ਵਾਹਿਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਮਦੋਟ ਅਧੀਨ ਆਉਂਦੇ ਪਿੰਡ ਹਜ਼ਾਰਾ ਸਿੰਘ ਵਾਲਾ (ਮੱਤੜ ਉਤਾੜ) ਵਿਖੇ ਹਥਿਆਰਾਂ ਦੀ ਆੜ ਹੇਠੇ ਜ਼ਮੀਨ 'ਚ ਲੱਗਿਆ ਝੋਨਾ ਵਾਹੁਣ ਅਤੇ ਜ਼ਮੀਨ 'ਤੇ ਕਬਜ਼ਾ ਕਰਨ ਤੇ ਗੁੱਝੀਆਂ ਸੱਟਾਂ ਮਾਰਨ ਦੇ ਦੋਸ਼ ਵਿੱਚ ਥਾਣਾ ਮਮਦੋਟ ਪੁਲਸ ਨੇ 5 ਬਾਏ ਨੇਮ ਵਿਅਕਤੀਆਂ ਅਤੇ 8-9 ਅਣਪਛਾਤੇ ਵਿਅਕਤੀਆਂ ਖਿਲਾਫ 329 (3), 351 (2), 191 (3), 190 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਪ੍ਰਤਾਪ ਸਿੰਘ ਪੁੱਤਰ ਲਾਭ ਸਿੰਘ ਪਿੰਡ ਬਸਤੀ ਹਜ਼ਾਰਾ ਸਿੰਘ ਵਾਲਾ (ਮੱਤੜ ਉਤਾੜ) ਨੇ ਦੱਸਿਆ ਕਿ 22 ਜੂਨ 2025 ਨੂੰ ਉਸ ਦੀ ਮਾਲਕੀ ਜ਼ਮੀਨ ਵਾਕਿਆ ਮੱਤੜ ਹਿਠਾੜ ਮੁਰੱਬਾਜ਼ ਨੰਬਰ 63 ਕਿੱਲਾ ਨੰਬਰ 23 ਅਰਾਜੀ ਤੇਦਾਦੀ 6 ਕਨਾਲ 12 ਮਰਲੇ ਮਾਲਕੀ ਹੈ ਅਤੇ ਜਿਸ ਵਿੱਚ ਉਸ ਨੇ ਝੋਨਾ ਬੀਜਿਆ ਹੋਇਆ ਹੈ। ਪ੍ਰਤਾਪ ਸਿੰਘ ਨੇ ਦੱਸਿਆ ਕਿ ਦੋਸ਼ੀਆਨ ਸੋਨੂੰ ਪਿੰਡ ਕਾਲੀਆ ਸਕੱਤਰਾ (ਅਮਰਕੋਟ), ਜੀਤਾ ਪੁੱਤਰ ਦੀਦਾਰ ਵਾਸੀ ਗੱਟੀ ਮੱਤੜ, ਬਿੱਟੂ ਪੁੱਤਰ ਦਿਲਗੀਰ ਸਿੰਘ ਵਾਸੀ ਪਿੰਡ ਅਵਾਨ, ਮੱਖਣ ਸਿੰਘ ਪੁੱਤਰ ਮਹਿਲ ਸਿੰਘ ਵਾਸੀ ਪਿੰਡ ਅਵਾਨ, ਗੁਰਮੀਤ ਸਿੰਘ ਪੁੱਤਰ ਜੱਗਾ ਸਿੰਘ ਵਾਸੀ ਬਾਬਾ ਬੁੱਢਾ ਰੋਡ ਨਵੀਂ ਜੇਲ੍ਹ ਸ੍ਰੀ ਅੰਮ੍ਰਿਤਸਰ ਤੇ 8-9 ਵਿਅਕਤੀ ਹਮਮਸ਼ਵਰਾ ਹੋ ਕੇ ਮੱਖਣ ਸਿੰਘ ਉਕਤ ਦਾ ਟਰੈਕਟਰ ਲਿਆ ਕੇ ਹਥਿਆਰਾਂ ਦੀ ਆੜ ਵਿੱਚ ਲੱਗਿਆ ਝੋਨਾ ਵਾਹ ਦਿੱਤਾ ਹੈ ਅਤੇ ਜ਼ਮੀਨ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ। ਪ੍ਰਤਾਪ ਸਿੰਘ ਨੇ ਦੱਸਿਆ ਕਿ ਉਸ ਦਾ ਲੜਕਾ ਸਲਵਿੰਦਰ ਸਿੰਘ, ਜੋ ਆਪਣੇ ਮੋਬਾਇਲ 'ਤੇ ਮੌਕਾ 'ਤੇ ਵੀਡੀਓ ਬਣਾ ਰਿਹਾ ਸੀ ਅਤੇ ਉਕਤ ਸੋਨੂੰ ਉਸ ਦੇ ਪਿਸਤੌਲ ਲੈ ਕੇ ਮਗਰ ਭੱਜਾ ਤੇ ਅਣਪਛਾਤੇ ਵਿਅਕਤੀ ਜੋ ਹਥਿਆਰ ਲੈ ਕੇ ਗੱਡੀਆਂ ਵਿੱਚ ਬੈਠੇ ਰਹੇ, ਜੋ ਉਕਤਾਨ ਵਿਅਕਤੀਆਂ ਨੂੰ ਅਜਿਹਾ ਕਰਨ ਤੋਂ ਰੋਕਣ 'ਤੇ ਉਹ ਹੱਥੀਂ ਪੈ ਗਏ ਤੇ ਜਿਨ੍ਹਾਂ ਨੇ ਉਸ ਅਤੇ ਉਸ ਦੇ ਲੜਕੇ ਸਲਵਿੰਦਰ ਸਿੰਘ ਤੇ ਸੁਖਵੀਰ ਸਿੰਘ ਪੁੱਤਰ ਰਾਜ ਸਿੰਘ ਦੇ ਗੁੱਝੀਆਂ ਸੱਟਾਂ ਵੀ ਲਾਈਆਂ ਅਤੇ ਲਲਕਾਰ ਦੇ ਰਹੇ ਅਤੇ ਧਮਕੀਆਂ ਦਿੰਦੇ ਰਹੇ। ਪ੍ਰਤਾਪ ਸਿੰਘ ਨੇ ਦੱਸਿਆ ਕਿ ਉਹ ਨਿਹੱਥੇ ਹੋਣ ਕਰਕੇ ਅੱਗੇ ਨਹੀਂ ਵਧੇ ਤੇ ਦੋਸ਼ੀਆਨ ਪਾਸ ਹਥਿਆਰ ਸਨ ਤੇ ਟਰੈਕਟਰ ਉਪਰ ਚੜ੍ਹਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗਹਿਣਾ ਰਾਮ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਜ਼ਮੀਨ 'ਤੇ ਕਬਜ਼ੇ ਦੀ ਕੋਸ਼ਿਸ਼, 14 ਖਿਲਾਫ ਮਾਮਲਾ ਦਰਜ

## ਸਮਾਣਾ 'ਚ ਬਲਾਕ ਤੋਂ ਬੂਥ ਪੱਧਰ ਤੱਕ ਕਮੇਟੀਆਂ ਦਾ ਗਠਨ 30 ਤੱਕ : ਰਾਜਿੰਦਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਵਿਧਾਨ ਸਭਾ ਹਲਕਾ ਸਮਾਣਾ ਦੀ ਬਲਾਕ ਕਮੇਟੀ, ਮੰਡਲ ਕਮੇਟੀ, ਬੂਥ ਤੇ ਵਾਰਡ ਕਮੇਟੀਆਂ ਬਣਾਉਣ ਦੇ ਸਬੰਧ ਵਿੱਚ ਜ਼ਿਲ੍ਹਾ ਪ੍ਰਧਾਨ ਮਹੰਤ ਖਨੌੜਾ ਤੇ ਦਵਿੰਦਰ ਸਿੰਘ ਛਾਜਲੀ ਕੋਆਰਡੀਨੇਟਰ ਹਲਕਾ ਸਮਾਣਾ ਵੱਲੋਂ 21 ਮੈਂਬਰੀ ਬੂਥ ਕਮੇਟੀਆਂ, ਮੰਡਲ ਕਮੇਟੀਆਂ ਤੇ ਬਲਾਕ ਕਮੇਟੀਆਂ ਬਣਾਉਣ ਸਬੰਧੀ ਵਿਧਾਨ ਸਭਾ ਹਲਕਾ ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਹਲਕਾ ਸਮਾਣਾ ਦੇ ਬਲਾਕ ਪ੍ਰਧਾਨਾਂ ਤੋਂ ਇਲਾਵਾ ਹੋਰ ਬਹੁਤ ਸਾਰੇ ਕਾਂਗਰਸੀ ਆਗੂ ਤੇ ਵਰਕਰ ਸ਼ਾਮਲ ਹੋਏ।ਮੀਟਿੰਗ ਵਿੱਚ ਕਾਂਗਰਸ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ ਤੇ ਬਲਾਕ ਪੱਧਰ ਤੋਂ ਬੂਥ ਪੱਧਰ ਤੱਕ 21 ਮੈਂਬਰੀ ਕਮੇਟੀਆਂ ਬਣਾਉਣ ਲਈ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਮੀਟਿੰਗ ਵਿੱਚ ਬਲਾਕ ਪ੍ਰਧਾਨ ਸਾਹਿਬਾਨਾਂ ਵੱਲੋਂ ਅੱਜ ਤੋਂ ਹੀ ਕਮੇਟੀਆਂ ਦਾ ਕੰਮ ਸ਼ੁਰੂ ਕਰਨ ਦਾ ਭਰੋਸਾ ਦਿੱਤਾ ਗਿਆ ਅਤੇ 30 ਜੂਨ ਤੱਕ ਸਾਰੀਆਂ ਕਮੇਟੀਆਂ ਬਣਾਉਣ ਦਾ ਆਗੂਆਂ ਵੱਲੋਂ ਹਲਕਾ ਇੰਚਾਰਜ ਰਾਜਿੰਦਰ ਸਿੰਘ ਨੂੰ ਭਰੋਸਾ ਦਿੱਤਾ ਗਿਆ। ਇਸ ਮੌਕੇ ਰਾਜ ਕੁਮਾਰ ਡਕਾਲਾ, ਗੁਰਨੈਬ ਸਿੰਘ ਭਾਂਨਰੀ ਵੀ ਹਾਜ਼ਰ ਸਨ।

## ਨਗਰ ਪੰਚਾਇਤ ਬੋਹਾ ਦੇ ਸਾਬਕਾ ਪ੍ਰਧਾਨ ਨੂੰ ਸਦਮਾ, ਪੁੱਤ ਦੀ ਮੌਤ



**ਬੋਹਾ (ਨਿਰੰਜਣ ਬੋਹਾ)**-ਨਗਰ ਪੰਚਾਇਤ ਬੋਹਾ ਦੇ ਸਾਬਕਾ ਪ੍ਰਧਾਨ ਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਜਥੇਦਾਰ ਜੋਗਾ ਸਿੰਘ ਉੱਪਲ ਦੇ ਇਕਲੌਤੇ ਜਵਾਨ ਪੁੱਤਰ ਕੁਲਜੀਤ ਸਿੰਘ ਬਿੱਟੂ ਦੀ ਬੀਤੇ ਦਿਨੀਂ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ।ਲੋਕ ਸਭਾ ਹਲਕਾ ਬੰਠਿਡਾ ਦੇ ਮੈਂਬਰ ਪਾਰਲੀਮੈਂਟ ਬੀਬੀ ਹਰਸਿਮਰਤ ਕੌਰ ਬਾਦਲ, ਸਾਬਕਾ ਰਾਜ ਸਭਾ ਮੈਂਬਰ ਬਲਵਿੰਦਰ ਸਿੰਘ ਭੂੰਦੜ, ਵਿਧਾਨ ਸਭਾ ਖੇਤਰ ਬੁਢਲਾਡਾ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ, ਅਕਾਲੀ ਦਲ ਦੇ ਹਲਕਾ ਇੰਚਾਰਜ ਡਾ. ਨਿਸ਼ਾਨ ਸਿੰਘ, ਸਾਬਕਾ ਪਾਰਲੀਮਾਨੀ ਸੱਕਤਰ ਜਗਦੀਪ ਸਿੰਘ ਨਕਈ, ਨਗਰ ਪੰਚਾਇਤ ਬੋਹਾ ਦੇ ਪ੍ਰਧਾਨ ਸੁਖਜੀਤ ਕੌਰ, ਕਮਲਦੀਪ ਸਿੰਘ ਬਾਵਾ ਸਮੇਤ ਅਨੇਕਾਂ ਹੀ ਸਿਆਸੀ ਆਗੂਆਂ ਨੇ ਜੋਗਾ ਸਿੰਘ ਉੱਪਲ ਦੇ ਪਰਿਵਾਰ ਨਾਲ ਆਪਣਾ ਦੁੱਖ ਸਾਂਝਾ ਕੀਤਾ।ਸ੍ਰੀ ਕੁਲਜੀਤ ਸਿੰਘ ਬਿੱਟੂ ਦੀ ਅੰਤਿਮ ਅਰਦਾਸ 29 ਜੂਨ ਨੂੰ ਅਨਾਜ ਮੰਡੀ ਬੋਹਾ ਵਿਖੇ ਬਾਅਦ ਦੁਪਹਿਰ ਦੋ ਵਜੇ ਹੋਵੇਗੀ।

## ਪਟਿਆਲਾ ਨੂੰ ਤਖ਼ਤ ਸ੍ਰੀ ਹਜ਼ੂਰ ਸਾਹਿਬ ਤੇ ਪਟਨਾ ਸਾਹਿਬ ਰੇਲਵੇ ਲਿੰਕ ਨਾਲ ਜੋੜਿਆ ਜਾਵੇ : ਜਥੇਦਾਰ ਬਘੌਰਾ



**ਪਟਿਆਲਾ (ਰਾਜਿੰਦਰ ਥਿੰਦ)**-ਜ਼ਿਲ੍ਹਾ ਪਟਿਆਲਾ ਵਿੱਚ ਗੁਰੂ ਤੇਗ਼ ਬਹਾਦਰ ਜੀ ਦਾ 350 ਸਾਲਾ ਸ਼ਹੀਦੀ ਦਿਹਾੜਾ ਕਾਫ਼ੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ।ਇਸ ਮੌਕੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਜਾਂਦੀ ਹੈ ਕਿ ਰੇਲਵੇ ਲਿੰਕ ਰਾਹੀਂ ਪਟਿਆਲਾ ਨੂੰ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਲ ਜੋੜਿਆ ਜਾਵੇ। ਭਾਰਤੀ ਕਿਸਾਨ ਉਥਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਪ੍ਰਚਾਰ ਸਕੱਤਰ ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਕਿ ਉਨ੍ਹਾਂ ਦੀ ਕੇਂਦਰ ਸਰਕਾਰ ਤੋਂ ਮੰਗ ਹੈ ਕਿ ਗੁਰੂ ਤੇਗ਼ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਜ਼ਿਲ੍ਹਾ ਪਟਿਆਲਾ ਨੂੰ ਦਿੱਲੀ-ਅੰਮ੍ਰਿਤਸਰ ਰੇਲਵੇ ਲਾਈਨ ਨਾਲ ਜੋੜ ਕੇ ਸ਼ਾਨ-ਏ-ਪੰਜਾਬ ਐਕਸਪ੍ਰੈੱਸ ਟ੍ਰੇਨ ਦੀ ਤਰਜ਼ 'ਤੇ ਪਟਿਆਲਾ ਤੋਂ ਦਿੱਲੀ-ਅੰਮ੍ਰਿਤਸਰ ਟਾਈਮ ਚਲਾਇਆ ਜਾਵੇ।ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਕਿ ਜ਼ਿਲ੍ਹਾ ਪਟਿਆਲਾ ਤੋਂ ਅੰਮ੍ਰਿਤਸਰ ਜਾਣ ਵਾਸਤੇ ਇੱਕੋ ਟਾਈਮ ਹੈ, ਜਦੋਂਕਿ ਇੱਥੇ ਜੋ ਰੇਲਾਂ ਵਾਇਆ ਰਾਜਪੁਰਾ ਜਾਂਦੀਆਂ ਹਨ, ਉਨ੍ਹਾਂ ਨੂੰ ਵਾਇਆ ਪਟਿਆਲਾ ਕੀਤਾ ਜਾਵੇ।ਇਸ ਉਪਰੰਤ ਜ਼ਿਲ੍ਹਾ ਪਟਿਆਲਾ ਨੂੰ ਤਖ਼ਤ ਸ੍ਰੀ ਹਰਿਮੰਦਰ ਪਟਨਾ ਸਾਹਿਬ ਤੇ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਲ ਵੀ ਜੋੜਿਆ ਜਾਵੇ।ਉਨ੍ਹਾਂ ਪੰਜਾਬ ਸਰਕਾਰ ਦੇ ਨਾਮ 'ਤੇ ਡੀ ਸੀ ਸਾਹਿਬ ਨੂੰ ਮੰਗ ਪੱਤਰ ਸੌਂਪਿਆ ਗਿਆ, ਜਿਸ ਵਿੱਚ ਮੰਗ ਕੀਤੀ ਗਈ ਕਿ ਪਟਿਆਲਾ ਸ਼ਹਿਰ ਵਿੱਚ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਨੂੰ ਪੀਜੀਆਈ ਦੀ ਤਰਜ਼ 'ਤੇ ਅੱਪਗ੍ਰੇਡ ਕੀਤਾ ਜਾਵੇ।

## ਜਾਗਦੇ ਰਹੋ ਕਲੱਬ ਵੱਲੋਂ ਡੀ ਐੱਸ ਪੀ ਬਡੂੰਗਰ ਸਨਮਾਨਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜਾਗਦੇ ਰਹੋ ਕਲੱਬ ਵੱਲੋਂ ਪਦਉਨਤ ਡੀ.ਐੱਸ.ਪੀ. ਇੰਦਰਪ੍ਰੀਤ ਸਿੰਘ ਬਡੂੰਗਰ ਨੂੰ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੀ ਸੀਨਰੀ ਤੇ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।ਪਹਿਲਾਂ ਇੰਦਰਪ੍ਰੀਤ ਸਿੰਘ ਬਡੂੰਗਰ ਇੰਸਪੈਕਟਰ ਬਤੌਰ ਫਤਹਿਗੜ੍ਹ ਸਾਹਿਬ ਵਿਖੇ ਸੇਵਾਵਾਂ ਨਿਭਾਅ ਰਹੇ ਸਨ।ਪੰਜਾਬ ਸਰਕਾਰ ਵੱਲੋਂ ਪੂਰੇ ਪੰਜਾਬ ਵਿੱਚ 70 ਡੀ.ਐੱਸ.ਪੀ.ਨਿਯੁਕਤ ਕੀਤੇ ਗਏ ਹਨ, ਜਿਨ੍ਹਾਂ ਵਿੱਚੋਂ ਇੱਕ ਡੀ.ਐੱਸ.ਪੀ.ਇੰਦਰਪ੍ਰੀਤ ਸਿੰਘ ਬਡੂੰਗਰ ਹਨ।ਨਵੇਂ ਬਣੇ ਡੀ.ਪੀ.ਐੱਸ. ਬਡੂੰਗਰ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।ਯੁੱਧ ਨਸ਼ਿਆਂ ਵਿਰੁੱਧ ਪੰਜਾਬ ਸਰਕਾਰ ਦਾ ਬਹੁਤ ਚੰਗਾ ਉਪਰਾਲਾ ਹੈ, ਜਿਸ ਨਾਲ ਨਸ਼ਾ ਰੋਕਿਆ ਜਾ ਸਕਦਾ ਹੈ।'ਜਾਗਦੇ ਰਹੋ ਕਲੱਬ' ਦੀ ਸ਼ਲਾਘਾ ਕਰਦਿਆਂ ਆਖਿਆ ਕਿ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ ਆਪਣੇ ਆਪ ਵਿੱਚ ਇੱਕ ਸੰਸਥਾ ਹੈ, ਜੋ ਦਿਨ-ਰਾਤ ਇੱਕ ਕਰਕੇ ਸਮਾਜ ਭਲਾਈ ਦੇ ਕਾਰਜ ਕਰ ਰਹੇ ਹਨ।

## ਅੱਖਾਂ ਦਾ ਚੈੱਕਅੱਪ ਤੇ ਲੈਂਜ਼ ਕੈਂਪ ਲਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪੁਨਰਜੋਤੀ ਆਈ-ਡੋਨੇਸ਼ਨ ਸੁਸਾਇਟੀ ਵੱਲੋਂ ਸ਼੍ਰੀ ਮਹੰਤ ਰਾਮ ਨਰਾਇਣ ਗਿਰੀ ਜੀ, ਤ੍ਰਿਵੈਣੀ ਗਿਰੀ ਆਸ਼ਰਮ ਵਾਲੇ ਦੇ ਅਸ਼ੀਰਵਾਦ ਨਾਲ ਸਵ: ਮੁਨੀਸ਼ ਸਿੰਗਲਾ ਸਪੁੱਤਰ ਮੋਹਨ ਲਾਲ ਸਿੰਗਲਾ ਦੀ ਯਾਦ 'ਚ ਸਿੰਗਲਾ ਪਰਵਾਰ (ਬਹਾਦਰਗੜ੍ਹ, ਦਿੱਲੀ) ਵੱਲੋਂ 129ਵਾਂ ਅੱਖਾਂ ਦਾ ਚੈਕਅੱਪ ਤੇ ਆਪ੍ਰੇਸ਼ਨ (ਲੈਂਜ) ਕੈਂਪ 29 ਜੂਨ ਨੂੰ ਸਵੇਰੇ 9 ਵਜੇ ਤੋਂ 1 ਵਜੇ ਤੱਕ, ਸੰਤ ਤ੍ਰਿਵੈਣੀ ਗਿਰੀ ਪੁਨਰਜੋਤੀ ਆਈ ਹਸਪਤਾਲ, ਬੱਸ ਸਟੈਂਡ ਰੋਡ, ਨੇੜੇ ਨਗਰ ਕੌਂਸਲ ਦਫਤਰ ਵਿਖੇ ਲਾਇਆ ਜਾ ਰਿਹਾ ਹੈ। ਸੰਸਥਾ ਦੇ ਮੁੱਖ ਸੇਵਾਦਾਰ ਰਾਕੇਸ਼ ਤਾਇਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੱਖਾਂ ਦੇ ਅਪ੍ਰੇਸ਼ਨ (ਲੈਂਜ) ਤੇ ਦਵਾਈਆਂ ਬਿਲਕੁਲ ਮੁਫ਼ਤ ਦਿੱਤੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਜੋ ਮਰੀਜ਼ ਅਪ੍ਰੇਸ਼ਨ ਲਈ ਚੁਣੇ ਜਾਣਗੇ, ਉਨ੍ਹਾਂ ਦਾ ਸਾਰਾ ਇਲਾਜ ਹਸਪਤਾਲ ਸੁਸਾਇਟੀ ਵੱਲੋਂ ਕੀਤਾ ਜਾਵੇਗਾ, ਜਿਸ ਵਿੱਚ ਅਪ੍ਰੇਸ਼ਨ ਦਵਾਈਆਂ, ਕਾਲੀਆਂ ਐਨਕਾਂ ਤੇ ਖਾਣਾ ਆਦਿ ਸ਼ਾਮਲ ਹਨ।ਮਰੀਜ਼ ਅਪਣਾ ਪਛਾਣ ਪੱਤਰ ਵੋਟਰ ਕਾਰਡ, ਡਰਾਈਵਿੰਗ ਲਾਇਸੈਂਸ ਜ਼ਰੂਰ ਲੈ ਕੇ ਆਉਣ।

## ਨਸ਼ਿਆਂ ਤੋਂ ਪੀੜਤਾਂ ਦੇ ਇਲਾਜ ਲਈ ਪ੍ਰਸ਼ਾਸਨ ਪੂਰੀ ਤਰ੍ਹਾਂ ਵਚਨਬੱਧ : ਡੀ ਸੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਚਾਵਲਾ)**-ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਵੱਲੋਂ ਸੂਬੇ ਅੰਦਰ ਨਸ਼ਿਆਂ ਖਿਲਾਫ਼ ਵਿੱਢੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਉਪਰਾਲੇ ਜਾਰੀ ਹਨ।ਇਸੇ ਤਹਿਤ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ, ਜਿਸ ਦੌਰਾਨ ਜ਼ਿਲ੍ਹੇ 'ਚ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਕੀਤੇ ਜਾ ਰਹੇ ਉਪਰਾਲਿਆਂ ਦੀ ਸਮੀਖਿਆ ਕੀਤੀ ਗਈ।ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਨੇ ਕਿਹਾ ਕਿ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਮੁੱਖ ਮੰਤਵ ਗੁੰਮਰਾਹ ਨੌਜਵਾਨੀ ਨੂੰ ਮੁੜ ਜ਼ਿੰਦਗੀ ਦੀ ਰਾਹ 'ਤੇ ਪਾਉਣਾ ਹੈ ਅਤੇ ਇਲਾਜ ਮੁਹੱਈਆ ਕਰਾ ਕੇ ਸਿਹਤਮੰਦ ਕਰਨਾ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਨਸ਼ਿਆਂ ਦੀ ਆਦਤ ਤੋਂ ਪੀੜਤ ਵਿਅਕਤੀਆਂ ਦੇ ਇਲਾਜ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਸਿਹਤ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਪਿੰਡਾਂ ਤੇ ਸ਼ਹਿਰਾਂ ਦੇ ਵੱਧ ਤੋਂ ਵੱਧ ਨਸ਼ਾ ਛੱਡਣ ਵਾਲੇ ਵਿਅਕਤੀਆਂ ਨੂੰ ਇਨ੍ਹਾਂ ਸੈਂਟਰਾਂ ਵਿੱਚ ਦਾਖ਼ਲ ਕਰਾਇਆ ਜਾਵੇ।

# ਸੰਧਵਾਂ ਵੱਲੋਂ ਸ਼ਤਾਬਦੀਆਂ ਮਨਾਉਣ ਬਾਰੇ ਪੀ ਯੂ ਦੇ ਵਾਈਸ ਚਾਂਸਲਰ ਤੇ ਵਿਦਵਾਨਾਂ ਨਾਲ ਅਹਿਮ ਵਿਚਾਰਾਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬ ਸਰਕਾਰ ਵੱਲੋਂ ਇਸੇ ਸਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਦੀ ਸ਼ਤਾਬਦੀ ਤੇ 2026 ਵਿੱਚ ਸ੍ਰੀ ਅੰਮ੍ਰਿਤਸਰ ਸਾਹਿਬ ਦੇ 450ਵੇਂ ਸਥਾਪਨਾ ਦਿਵਸ ਦੀ ਸ਼ਤਾਬਦੀ ਨੂੰ ਪੂਰੀ ਸ਼ਾਨੋ-ਸ਼ੌਕਤ, ਸ਼ਰਧਾ-ਸਤਿਕਾਰ ਤੇ ਆਧੁਨਿਕ ਢੰਗ ਦੇ ਸੁਮੇਲ ਨਾਲ ਮਨਾਉਣ ਲਈ ਵਿਚਾਰ ਵਟਾਂਦਰਾ ਕਰਨ ਲਈ ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਤੇ ਹੋਰ ਵਿਦਵਾਨਾਂ ਦੀ ਕਮੇਟੀ ਨਾਲ ਇੱਕ ਅਹਿਮ ਬੈਠਕ ਕੀਤੀ।ਇਸ ਮੌਕੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਮੂਹ ਸੰਗਤ ਦੇ ਸਹਿਯੋਗ ਨਾਲ ਗੁਰੂ ਸਾਹਿਬਾਨ ਦੇ ਫ਼ਲਸਫ਼ੇ ਨੂੰ ਦੁਨੀਆ ਦੇ ਕੋਨੇ-ਕੋਨੇ ਤੱਕ ਪਹੁੰਚਾਉਣ ਲਈ ਵੱਡੇ ਪ੍ਰੋਗਰਾਮ ਉਲੀਕ ਰਹੀ ਹੈ।ਉਨ੍ਹਾ ਦੱਸਿਆ ਕਿ ਇਸੇ ਲਈ ਉਹ ਬਤੌਰ ਨਿਮਾਣੇ ਸਿੱਖ ਪੰਜਾਬ ਸਰਕਾਰ ਵੱਲੋਂ ਸੰਗਤ ਅਤੇ ਵਿਦਵਾਨਾਂ ਤੇ ਇਤਿਹਾਸਕ ਮਾਹਰਾਂ ਦੀਆਂ ਕਮੇਟੀਆਂ ਕੋਲੋਂ ਸੁਝਾਓ ਲੈ ਰਹੇ ਹਨ, ਤਾਂ ਕਿ ਪੰਜਾਬ ਸਰਕਾਰ ਸੰਗਤ ਦੀਆਂ ਭਾਵਨਾਵਾਂ ਮੁਤਾਬਕ ਇਹ ਦਿਹਾੜੇ ਤੇ ਮਹਾਨ ਸ਼ਤਾਬਦੀਆਂ ਪੂਰੀ ਸ਼ਰਧਾ, ਸਤਿਕਾਰ ਤੇ ਧਾਰਮਿਕ ਭਾਵਨਾ ਨਾਲ ਮਨਾ ਸਕੇ।ਸਪੀਕਰ ਸੰਧਵਾਂ ਨੇ ਮੀਡੀਆ ਨਾਲ ਗੱਲ-ਬਾਤ ਕਰਦਿਆਂ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਤੇ ਅਧਿਆਤਮਕ ਵਿਰਾਸਤ ਸਾਡੇ ਸਭਨਾਂ ਲਈ ਸ਼ਰਧਾ ਤੇ ਸਤਿਕਾਰ ਹੋਣ ਸਮੇਤ ਕੁਲ ਦੁਨੀਆ ਲਈ ਮਨੁੱਖੀ ਹੱਕਾਂ ਦੀ ਰਾਖੀ ਤੇ ਸਰਬ ਸਾਂਝੀਵਾਲਤਾ ਦਾ ਸੰਦੇਸ਼ ਹੈ।ਇਸ ਤੋਂ ਇਲਾਵਾ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਇਤਿਹਾਸਕ ਤੇ ਵਿਰਾਸਤੀ ਧਰੋਹਰ ਦੀ ਕੁੱਲ ਜਹਾਨ ਲਈ ਵਿਸ਼ੇਸ਼ ਮਹੱਤਤਾ ਹੈ, ਜਿਸ ਨੂੰ ਦੁਨੀਆ ਭਰ ਤੱਕ ਪੁੱਜਦਾ ਕਰਨਾ ਹੈ, ਜਿਸ ਲਈ ਉਹ ਖਾਸ ਤੌਰ ਉੱਤੇ ਧੰਨਵਾਦੀ ਹਨ, ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਤੇ ਉਨ੍ਹਾਂ ਵੱਲੋਂ ਯੂਨੀਵਰਸਿਟੀ ਦੀ ਗਠਿਤ ਵਿਸ਼ੇਸ਼ ਕਮੇਟੀ ਦੇ ਮੈਂਬਰਾਂ ਪ੍ਰੋ. ਪਰਮਵੀਰ ਸਿੰਘ, ਡਾ. ਜਸਵਿੰਦਰ ਸਿੰਘ ਤੇ ਡਾ. ਸੰਦੀਪ ਕੌਰ ਦੇ, ਜਿਨ੍ਹਾਂ ਨੇ ਉਨ੍ਹਾਂ ਨੂੰ ਆਪਣੇ ਕੀਮਤੀ ਸੁਝਾਅ ਦਿੱਤੇ ਹਨ।ਮੀਟਿੰਗ ਦੌਰਾਨ ਕਮੇਟੀ ਮੈਂਬਰਾਂ ਵੱਲੋਂ ਦਿੱਤੇ ਗਏ ਵੱਖ-ਵੱਖ ਸੁਝਾਵਾਂ ਦਾ ਸਵਾਗਤ ਕਰਦਿਆਂ ਸ. ਸੰਧਵਾਂ ਨੇ ਕਿਹਾ ਕਿ ਉਨ੍ਹਾਂ ਨੂੰ ਇਸ ਗੱਲ ਦੀ ਖੁਸ਼ੀ ਹੈ ਕਿ ਪੰਜਾਬੀ ਯੂਨੀਵਰਸਿਟੀ ਬੜੀ ਹੀ ਸੁਹਿਰਦਤਾ ਨਾਲ ਇਸ ਦਿਸ਼ਾ ਵਿੱਚ ਕਾਰਜ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ ਪ੍ਰਾਪਤ ਹੋਏ ਇਹ ਸਾਰੇ ਸੁਝਾਅ ਪੰਜਾਬ ਸਰਕਾਰ ਤੱਕ ਪੁੱਜਦੇ ਕੀਤੇ ਜਾਣਗੇ ਤੇ ਇਨ੍ਹਾਂ ਉੱਪਰ ਕੰਮ ਕੀਤਾ ਜਾਵੇਗਾ।ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਨੇ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਵੱਲੋਂ ਪੰਜਾਬ ਸਰਕਾਰ ਦੀਆਂ ਅਜਿਹੀਆਂ ਯੋਜਨਾਵਾਂ ਨੂੰ ਨੇਪਰੇ ਚਾੜ੍ਹਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਨੇ ਇਸ ਮਕਸਦ ਲਈ ਕਮੇਟੀ ਦਾ ਗਠਨ ਕਰ ਕੇ ਸਾਰੇ ਵਿਭਾਗਾਂ ਤੋਂ ਪ੍ਰੋਗਰਾਮਾਂ ਬਾਰੇ ਤਜਵੀਜ਼ਾਂ ਮੰਗ ਲਈਆਂ ਹਨ।

## ਮਿਹਨਤੀ ਤੇ ਇਮਾਨਦਾਰ ਅਧਿਕਾਰੀਆਂ/ਕਰਮਚਾਰੀਆਂ ਦਾ ਐੱਸ ਐੱਸ ਪੀ ਵੱਲੋਂ ਸਨਮਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਿਹੜੇ ਅਧਿਕਾਰੀ/ਕਰਮਚਾਰੀ ਆਪਣੀ ਡਿਊਟੀ ਮਿਹਨਤ, ਇਮਾਨਦਾਰੀ ਤੇ ਵਚਨਬੱਧਤਾ ਨਾਲ ਕਰ ਰਹੇ ਹਨ, ਉਨ੍ਹਾਂ ਦੀ ਹੌਸਲਾ ਅਫਜ਼ਾਈ ਕਰਦਿਆਂ ਐੱਸ ਐੱਸ ਪੀ ਡਾ. ਅਖਿਲ ਚੌਧਰੀ ਆਈ.ਪੀ.ਐੱਸ. ਵੱਲੋਂ ਸੀ ਓ ਐੱਮ ਐੱਮ ਈ ਐੱਨ ਡੀ ਏ ਟੀ ਆਈ ਓ ਐੱਨ ਡੀ ਆਈ ਐੱਸ ਸੀ ਸਰਟੀਫਿਕੇਟ ਤੇ ਨਗਦ ਇਨਾਮ ਸਨਮਾਨ ਵਜੋਂ ਦਿੱਤੇ ਗਏ। ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਵੱਲੋਂ ਦੱਸਿਆ ਗਿਆ ਕਿ ਪੁਲਸ ਮੁਲਾਜ਼ਮਾਂ ਦੀ ਮਿਹਨਤ ਤੇ ਜਨਤਾ ਪ੍ਰਤੀ ਵਚਨਬੱਧਤਾ ਕਾਰਨ ਹੀ ਜ਼ਿਲ੍ਹੇ ਵਿੱਚ ਨਸ਼ੇ ਦੀ ਸਪਲਾਈ ਲਾਈਨ ਨੂੰ ਤੋੜਿਆ ਗਿਆ ਹੈ ਅਤੇ ਜ਼ਿਲ੍ਹੇ ਵਿੱਚ ਅਮਨ ਤੇ ਕਾਨੂੰਨ ਦੀ ਸਥਿਤੀ ਬਣੀ ਹੋਈ ਹੈ। ਡਾ. ਅਖਿਲ ਚੌਧਰੀ ਨੇ ਕਿਹਾ ਕਿ ਅਜਿਹੀਆਂ ਮਿਹਨਤੀ ਟੀਮਾਂ ਹੀ ਪੁਲਸ ਵਿਭਾਗ ਦੀ ਪਛਾਣ ਹੁੰਦੀਆਂ ਹਨ। ਅਜਿਹੀ ਪਹਿਚਾਣ ਨੂੰ ਕਾਇਮ ਰੱਖਣ ਲਈ ਅਸੀਂ ਹਮੇਸ਼ਾ ਆਪਣੀਆਂ ਟੀਮਾਂ ਨੂੰ ਮੋਟੀਵੇਟ ਕਰਦੇ ਰਹਾਂਗੇ। ਇਹ ਪੁਰਸਕਾਰ ਪੁਲਸ ਮੁਲਾਜ਼ਮਾਂ ਦਾ ਆਤਮ-ਮਨੋਬਲ ਵਧਾਉਣਗੇ। ਜਿਹੜੇ ਅਧਿਕਾਰੀ ਦਿਨ-ਰਾਤ ਆਪਣੀ ਡਿਊਟੀ ਨੂੰ ਪਹਿਲ ਦਿੰਦੇ ਹਨ, ਉਹ ਸੱਚੇ ਸਨਮਾਨ ਦੇ ਹੱਕਦਾਰ ਹਨ। ਇਸ ਸਮਾਰੋਹ ਵਿੱਚ ਕੁੱਲ 14 ਸੀ ਓ ਐੱਮ ਐੱਮ ਈ ਐੱਨ ਡੀ ਏ ਟੀ ਆਈ ਓ ਐੱਨ ਡੀ ਆਈ ਐੱਸ ਸੀ ਵੰਡੀਆਂ ਗਈਆਂ, ਜਿਸ ਵਿੱਚ ਮਨਮੀਤ ਸਿੰਘ ਢਿੱਲੋਂ ਐੱਸ ਪੀ (ਡੀ), ਰਮਨਪ੍ਰੀਤ ਸਿੰਘ ਡੀ.ਐੱਸ.ਪੀ. (ਡੀ), ਇਕਬਾਲ ਸਿੰਘ ਡੀ.ਐੱਸ.ਪੀ. (ਮਲੋਟ), ਐੱਸ.ਆਈ. ਕੁਲਬੀਰ ਚੰਦ (ਇੰਚਾਰਜ ਸੀ.ਆਈ.ਏ. ਮਲੋਟ), ਏ.ਐੱਸ.ਆਈ. ਬਲਵਿੰਦਰ ਸਿੰਘ, ਏ.ਐਸ.ਆਈ. ਬਲਦੇਵ ਸਿੰਘ, ਏ.ਐੱਸ.ਆਈ. ਹਰਭਜਨ ਸਿੰਘ, ਹੌਲਦਾਰ ਨਿਸ਼ਾਨ ਸਿੰਘ, ਹੌਲਦਾਰ ਪਰਮਜੀਤ ਸਿੰਘ, ਸੀਨੀਅਰ ਸਿਪਾਹੀ ਜਸਕਰਨਦੀਪ ਸਿੰਘ, ਸੀਨੀਅਰ ਸਿਪਾਹੀ ਸੁਰਿੰਦਰਪਾਲ ਸਿੰਘ, ਸੀਨੀਅਰ ਸਿਪਾਹੀ ਸੁਖਜੀਤ ਸਿੰਘ, ਸੀਨੀਅਰ ਸਿਪਾਹੀ ਹਰਜੀਤ ਸਿੰਘ, ਸੀਨੀਅਰ ਸਿਪਾਹੀ ਰੋਹਿਤ ਕੁਮਾਰ ਸ਼ਾਮਲ ਹਨ। ਇਸ ਤੋਂ ਇਲਾਵਾ 44 ਮੁਲਾਜ਼ਮਾਂ ਨੂੰ ਸੀ ਓ ਐੱਮ ਐੱਮ ਏ ਐੱਨ ਡੀ ਏ ਟੀ ਆਈ ਓ ਐੱਨ ਸਰਟੀਫਿਕੇਟ ਦਿੱਤੇ ਗਏ। ਇਸ ਮੌਕੇ ਵਧੀਆ ਡਿਊਟੀ ਕਰਨ 'ਤੇ ਏ.ਐੱਸ.ਆਈ. ਹਰਭਗਵਾਨ ਸਿੰਘ ਨੂੰ ਪਦਉਨਤ ਕਰਕੇ ਐੱਸ. ਆਈ. ਦੇ ਸਟਾਰ ਲਗਾਏ ਗਏ। ਇਸੇ ਤਰ੍ਹਾਂ ਹੌਲਦਾਰ ਹਰਿੰਦਰ ਸਿੰਘ ਨੂੰ ਏ.ਐੱਸ.ਆਈ. ਦੇ ਸਟਾਰ ਲਗਾਏ ਗਏ। ਇਸ ਮੌਕੇ ਐੱਸ ਐੱਸ ਪੀ ਡਾ. ਅਖਿਲ ਚੌਧਰੀ ਵੱਲੋਂ ਸਾਰੇ ਸਨਮਾਨਤ ਅਧਿਕਾਰੀਆਂ/ਕਰਮਚਾਰੀਆਂ ਨਾਲ ਵਿਅਕਤੀਗਤ ਤੌਰ 'ਤੇ ਗੱਲਬਾਤ ਕੀਤੀ ਗਈ ਅਤੇ ਉਨ੍ਹਾਂ ਨੂੰ ਡਿਊਟੀ ਦੌਰਾਨ ਆਉਣ ਵਾਲੀਆਂ ਮੁਸ਼ਕਲਾਂ ਨੂੰ ਵੀ ਸੁਣਿਆ ਗਿਆ।

# ਨਸ਼ੇੜੀ ਆਪਣੇ ਸਮੇਤ ਸਮਾਜ ਨੂੰ ਵੀ ਤਬਾਹ ਕਰਦੈ : ਡਾ. ਤਾਰਿਕਜੋਤ ਸਿੰਘ



**ਸਮਰਾਲਾ (ਸੁਰਜੀਤ ਸਿੰਘ)**-ਸਿਵਲ ਸਰਜਨ ਲੁਧਿਆਣਾ ਡਾ. ਰਮਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਸ਼ਾ ਮੁਕਤੀ ਕੇਂਦਰ ਐੱਸ. ਡੀ. ਐੱਚ. ਸਮਰਾਲਾ ਵਿਖੇ ਸੀਨੀਅਰ ਮੈਡੀਕਲ ਅਫਸਰ ਡਾ. ਤਾਰਕਜੋਤ ਸਿੰਘ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮਨਾਇਆ ਗਿਆ, ਜਿਸ ਵਿੱਚ ਸੀਨੀਅਰ ਮੈਡੀਕਲ ਅਫਸਰ ਡਾ. ਤਾਰਕਜੋਤ ਸਿੰਘ ਤੇ ਮਨੋਵਿਗਿਨਕ ਡਾ. ਤਾਬਿਸ਼ ਬਰਾੜ ਨੇ ਆਮ ਲੋਕਾਂ ਨੂੰ ਨਸ਼ੇ ਦੇ ਮਾੜੇ ਅਸਰ ਤੇ ਉਨ੍ਹਾਂ ਤੋਂ ਬਚਣ ਬਾਰੇ ਦੱਸਿਆ ਅਤੇ ਨਾਲ ਹੀ ਨਸ਼ਾ ਕਰ ਰਹੇ ਮਰੀਜ਼ਾਂ ਨੂੰ ਦਵਾਈ ਤੇ ਕਾਊਂਸਲਿੰਗ ਦੀ ਸਹਾਇਤਾ ਨਾਲ ਨਸ਼ਾ ਛੱਡ ਕੇ ਮੁੜ ਸਵਸਥ ਜ਼ਿੰਦਗੀ ਜਿਉਣ ਲਈ ਪ੍ਰੇਰਿਆ।ਨਸ਼ੇ ਸਿਰਫ ਨਸ਼ਾ ਕਰਨ ਵਾਲੇ ਵਿਅਕਤੀ ਉੱਤੇ ਹੀ ਅਸਰ ਨਹੀਂ ਕਰਦੇ, ਸਗੋਂ ਉਸ ਦੇ ਨਾਲ ਰਹਿਣ ਵਾਲੇ ਪਰਿਵਾਰਕ ਮੈਂਬਰਾਂ ਤੇ ਸਮਾਜ ਉੱਤੇ ਵੀ ਬੁਰਾ ਪ੍ਰਭਾਵ ਪਾਉਂਦੇ ਹਨ।ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਨਸ਼ੇ ਦੀ ਰੋਕਥਾਮ ਲਈ ਨਸ਼ਾ ਮੁਕਤੀ ਕੇਂਦਰ ਖੋਲ੍ਹੇ ਗਏ ਹਨ, ਜਿਸ ਵਿੱਚ ਨਸ਼ੇ ਕਰਨ ਵਾਲੇ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ ਤੇ ਉਨ੍ਹਾਂ ਨੂੰ ਆਪਣੀ ਜ਼ਿੰਦਗੀ ਖੁਸ਼ਹਾਲ ਤਰੀਕੇ ਨਾਲ ਜਿਉਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ।ਇਸ ਦੇ ਨਾਲ ਸਟਾਫ ਵੱਲੋਂ ਵਿੱਦਿਅਕ ਅਦਾਰਿਆਂ ਵਿਖੇ ਜਾਗਰੂਕਤਾ ਕੈਂਪ ਲਗਾਏ।ਇਸ ਮੌਕੇ ਨਰਸਿੰਗ ਦੇ ਸਿੱਖਿਆਰਥੀਆਂ ਵਿੱਚ ਚਾਰਟ ਪ੍ਰਤੀਯੋਗਤਾ, ਕਰਵਾਈ ਗਈ ਤੇ ਲੋਕਾਂ ਨੂੰ ਨਸ਼ੇ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਕੇ ਕਸਮ ਲਈ ਗਈ ਕਿ ਜ਼ਿੰਦਗੀ ਵਿੱਚ ਕਦੇ ਵੀ ਕਿਸੇ ਪ੍ਰਕਾਰ ਦਾ ਨਸ਼ਾ ਨਹੀਂ ਕੀਤਾ ਜਾਵੇਗਾ ਤੇ ਜੋ ਨਸ਼ੇ ਦੀ ਮਾਰ ਹੇਠ ਆ ਗਏ ਹਨ, ਉਨ੍ਹਾਂ ਨੂੰ ਜਾਗਰੂਕ ਕਰਕੇ ਨਸ਼ਾਮੁਕਤ ਕਰਨ ਲਈ ਉਨ੍ਹਾਂ ਦੀ ਮੱਦਦ ਕਰਾਂਗੇ।ਇਸ ਦੌਰਾਨ ਡਾ. ਮਨਦੀਪ ਸਿੰਘ, ਡਾ. ਲਖਵਿੰਦਰ ਸਿੰਘ, ਡਾ. ਪ੍ਰਭਜੋਤ ਸਿੰਘ, ਡਾ. ਗੁਰਿੰਦਰ ਕੌਰ, ਡਾ. ਮਨਿੰਦਰਜੀਤ ਸਿੰਘ, ਨਰਸਿੰਗ ਸਿਸਟਰ ਅਪਵਿੰਦਰ ਕੌਰ, ਨਰਸਿੰਗ ਸਿਸਟਰ ਦਿਲਜੀਤ ਕੌਰ, ਪਰਦੀਪ ਕੁਮਾਰ ਮ.ਪ.ਹ.ਵ (ਮੇਲ), ਨਵਦੀਪ ਸਿੰਘ ਫਾਰਮਾਸਿਸਟ, ਸੰਗੀਤਾ ਮਹਿਤਾ ਡਾਟਾ ਐਂਟਰੀ ਓਪਰੇਟਰ, ਪਰਦੀਪ ਸਿੰਘ ਤੇ ਜਸਪ੍ਰੀਤ ਸਿੰਘ ਮੇਲ ਸਟਾਫ ਨਰਸ, ਸੌਰਭ ਮਹਿਤਾ, ਜਸਵਿੰਦਰ ਸਿੰਘ ਵਾਰਡ ਅਟੈਂਡੈਂਟ ਤੇ ਸਿਵਲ ਹਸਪਤਾਲ ਦੇ ਸਮੂਹ ਸਟਾਫ ਅਤੇ ਸੰਜੀਵਨੀ ਕਾਲਜ ਆਫ਼ ਨਰਸਿੰਗ ਕਾਲਜ ਦਾਊਦਪੁਰ ਖੰਨਾ ਦੇ ਅਧਿਆਪਕ ਤੇ ਵਿਦਿਆਰਥੀ ਮੌਜੂਦ ਸਨ।

## ਜ਼ਮੀਨੀ ਵਿਵਾਦ ਦੇ ਚਲਦਿਆਂ ਭਤੀਜੇ ਵੱਲੋਂ ਚਾਚੇ ਦਾ ਕਤਲ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਪਿੰਡ ਰਸੌਲੀ ਵਿਖੇ ਦਿਲ ਦਹਿਲਾ ਦੇਣ ਵਾਲੀ ਘਟਨਾ ਵਿੱਚ ਜ਼ਮੀਨੀ ਵਿਵਾਦ ਦੇ ਚਲਦਿਆਂ ਭਤੀਜੇ ਵੱਲੋਂ ਕਹੀ ਮਾਰ ਕੇ ਚਾਚੇ ਦਾ ਕਤਲ ਕਰ ਦਿੱਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।ਪੁਲਸ ਵੱਲੋਂ ਮ੍ਰਿਤਕ ਵਿਅਕਤੀ ਦੇ ਭਤੀਜੇ ਤੇ ਉਸ ਦੇ ਭਰਾ ਖ਼ਿਲਾਫ਼ ਕਤਲ ਦੀਆਂ ਧਰਾਵਾਂ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਪੁਲਸ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ 22 ਜੂਨ ਨੂੰ ਪਿੰਡ ਰਸੌਲੀ ਵਿਖੇ ਮਾਮੂਲੀ ਜ਼ਮੀਨ ਨੂੰ ਲੈ ਕੇ ਦੋ ਭਰਾਵਾਂ ਵਿਚਾਲੇ ਚੱਲ ਰਹੇ ਵਿਵਾਦ ਦੌਰਾਨ ਹਰਦੀਪ ਸਿੰਘ ਪੁੱਤਰ ਕਾਕਾ ਸਿੰਘ ਦੀ ਆਪਣੇ ਭਰਾ ਤੇ ਭਤੀਜੇ ਨਾਲ ਹੱਥੋਪਾਈ ਹੋ ਗਈ, ਜਿਸ ਦੌਰਾਨ ਹਰਦੀਪ ਸਿੰਘ ਦੇ ਭਰਾ ਗੁਰਜੀਤ ਸਿੰਘ ਨੇ ਹਰਦੀਪ ਸਿੰਘ ਨੂੰ ਫੜ ਲਿਆ ਤੇ ਭਤੀਜੇ ਜਸਵਿੰਦਰ ਸਿੰਘ ਪੁੱਤਰ ਗੁਰਜੀਤ ਸਿੰਘ ਨੇ ਹਰਦੀਪ ਸਿੰਘ ਦੇ ਕਹੀ ਮਾਰ ਕੇ ਗੰਭੀਰ ਰੂਪ ਵਿੱਚ ਜ਼ਖਮੀ ਕਰ ਦਿੱਤਾ, ਜਿਸ ਨੂੰ ਪਰਿਵਾਰਕ ਮੈਂਬਰਾਂ ਵੱਲੋਂ ਤੁਰੰਤ ਇਲਾਜ ਲਈ ਅਮਰ ਹਸਪਤਾਲ ਪਟਿਆਲਾ ਵਿਖੇ ਭਰਤੀ ਕਰਵਾਇਆ ਗਿਆ, ਜਿੱਥੇ ਬੁੱਧਵਾਰ ਸਵੇਰੇ ਹਰਦੀਪ ਸਿੰਘ ਦੀ ਮੌਤ ਹੋ ਗਈ।ਪੁਲਸ ਨੇ ਇਸ ਮਾਮਲੇ ਵਿੱਚ ਗੁਰਜੀਤ ਸਿੰਘ ਪੁੱਤਰ ਕਾਕਾ ਸਿੰਘ ਤੇ ਜਸਵਿੰਦਰ ਸਿੰਘ ਪੁੱਤਰ ਗੁਰਜੀਤ ਸਿੰਘ ਖਿਲਾਫ਼ ਕੇਸ ਦਰਜ ਕਰ ਲਿਆ ਹੈ।

## ਪਰਵਾਰ ਖ਼ੁਸ਼ਹਾਲ ਹੋਵੇਗਾ ਤਾਂ ਪੰਜਾਬ ਖ਼ੁਸ਼ਹਾਲ ਬਣੇਗਾ : ਰਾਜ ਲਾਲੀ ਗਿੱਲ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਮੈਡਮ ਰਾਜ ਲਾਲੀ ਗਿੱਲ ਨੇ ਪਿੰਡ ਪਿੰਡ ਮਹਿਲਾ ਕਮਿਸ਼ਨ ਮੁਹਿੰਮ ਤਹਿਤ ਫਾਜ਼ਿਲਕਾ ਦੇ ਪਿੰਡਾਂ ਦਾ ਦੌਰਾ ਕਰਦਿਆਂ ਕਿਹਾ ਕਿ ਔਰਤਾਂ ਪੜ੍ਹ ਲਿਖ ਕੇ ਚੰਗੇ ਮੁਕਾਮਾਂ 'ਤੇ ਪਹੁੰਚ ਕੇ ਸੂਬੇ ਦੀ ਤਰੱਕੀ ਵਿੱਚ ਯੋਗਦਾਨ ਪਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਲੜਕੀਆਂ ਜਿੱਥੇ ਉੱਚੀਆਂ ਪਦਵੀਆਂ ਹਾਸਲ ਕਰ ਰਹੀਆਂ ਹਨ, ਉਥੇ ਆਤਮ ਨਿਰਭਰ ਬਣ ਰਹੀਆਂ ਹਨ। ਪਿੰਡ ਲਾਲੋ ਵਾਲੀ ਤੇ ਹੀਰਾਂ ਵਾਲੀ ਦੇ ਦੌਰੇ ਦੌਰਾਨ ਮੈਡਮ ਗਿੱਲ ਨੇ ਕਿਹਾ ਕਿ ਮਹਿਲਾਵਾਂ ਪਰਵਾਰ ਦਾ ਅਹਿਮ ਹਿੱਸਾ ਹੁੰਦੀਆਂ ਹਨ ਤੇ ਮਹਿਲਾਵਾ ਦੀ ਸੁਰੱਖਿਆ ਪਰਵਾਰ ਦੀ ਖੁਸ਼ਹਾਲੀ ਦਾ ਪ੍ਰਤੀਕ ਮਨਿਆ ਜਾਂਦਾ ਹੈ। ਉਨ੍ਹਾਂ ਅੱਗੇ ਸੰਬੋਧਨ ਕਰਦੇ ਕਿਹਾ ਕਿ ਪਰਵਾਰ ਖੁਸ਼ਹਾਲ ਰਹੇਗਾ ਤਾਂ ਸੂਬਾ ਵੀ ਖੁਸ਼ਹਾਲ ਬਣੇਗਾ। ਉਨ੍ਹਾਂ ਔਰਤਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਆਪਣੇ ਆਪ ਨੂੰ ਘਰ ਤੱਕ ਸੀਮਤ ਨਾ ਰੱਖ ਕੇ ਅੱਗੇ ਆਓ ਤੇ ਪੰਜਾਬ ਦੀ ਤਰੱਕੀ ਵਿੱਚ ਯੋਗਦਾਨ ਪਾਓ।

ਉਨ੍ਹਾਂ ਕਿਹਾ ਕਿ ਪੰਜਾਬ ਰਾਜ ਮਹਿਲਾ ਕਮਿਸ਼ਨ ਔਰਤਾਂ ਦੀ ਸੁਰੱਖਿਆ ਤੇ ਹੱਕਾਂ ਲਈ ਵਚਨਬੱਧ ਹੈ ਤੇ ਕਿਸੇ ਵੀ ਔਰਤ ਨੂੰ ਹਿੰਸਾ ਦਾ ਸ਼ਿਕਾਰ ਨਹੀਂ ਹੋਣ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਕੋਈ ਦਿੱਕਤ ਆਉਂਦੀ ਹੈ ਤਾਂ ਉਹ ਕਮਿਸ਼ਨ ਨਾਲ ਸੰਪਰਕ ਕਰ ਸਕਦਾ ਹੈ।ਇਸ ਮੌਕੇ ਮੈਡਮ ਖੁਸ਼ਬੂ ਸਵਨਾ ਨੇ ਕਿਹਾ ਕਿ ਨਾਰੀ ਸ਼ਕਤੀ ਕਾਫੀ ਮਜ਼ਬੂਤ ਹੋਈ ਹੈ ਤੇ ਉਹ ਆਪਣੇ ਹੱਕਾਂ ਖਾਤਰ ਲੜ ਰਹੀਆਂ ਹਨ। ਉਨ੍ਹਾਂ ਕਿਹਾ ਕਿ ਖੁਸ਼ੀ ਫਾਊਂਡੇਸ਼ਨ ਲਗਾਤਾਰ ਲੜਕੀਆਂ ਦੀ ਸੁਰੱਖਿਆ ਤੇ ਉਨ੍ਹਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ। ਇਸ ਮੌਕੇ ਮਹਿਲਾਵਾਂ ਦੀਆਂ ਸ਼ਿਕਾਇਤਾਂ ਵੀ ਸੁਣੀਆਂ ਤੇ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਗਿਆ। ਇਸ ਦੌਰਾਨ ਵਾਤਾਵਰਨ ਦੀ ਸਾਂਭ ਸੰਭਾਲ ਤੇ ਸ਼ੁੱਧਤਾ ਨੂੰ ਬਰਕਰਾਰ ਰਖਣ ਲਈ ਬੂਟੇ ਵੰਡੇ ਗਏ।


**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**(ਅਚੱਲ ਜਾਇਦਾਦ ਵਾਸਤੇ) ਕਬਜ਼ਾ ਨੋਟਿਸ**

[ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 8 (1) ਅਧੀਨ]

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 29.01.2025 ਨੂੰ ਇਕ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰ ਅਤੇ ਗਰੰਟਰ ਸ੍ਰੀ ਪਰਮਜੀਤ ਸਿੰਘ ਪੁੱਤਰ ਸ੍ਰੀ ਰਾਜੂ, ਸ੍ਰੀਮਤੀ ਰੀਨਾ ਰਾਣੀ ਪਤਨੀ ਪਰਮਜੀਤ ਸਿੰਘ ਅਤੇ ਸ੍ਰੀ ਜਗੀਰ ਸਿੰਘ ਕੈਲੇ ਪੁੱਤਰ ਸ੍ਰੀ ਗੁਰਮੇਜ ਸਿੰਘ ਨੂੰ ਨੋਟਿਸ 'ਚ ਵਰਨਣ ਰਾਸ਼ੀ ਰੁਪਏ 33,70,035.70 (ਤੇਤੀ ਲੱਖ ਸੱਤਰ ਹਜ਼ਾਰ ਪੈਂਤੀ ਰੁਪਏ ਅਤੇ ਸੱਤਰ ਪੈਸੇ ਕੇਵਲ) ਨੋਟਿਸ ਦੇ ਪ੍ਰਾਪਤ ਹੋਣ ਤੋਂ ਮਿਤੀ 01.01.2025 ਤੋਂ ਭਵਿੱਖੀ ਵਿਆਜ ਸਮੇਤ ਅਦਾ ਕਰਨ ਲਈ ਕਿਹਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਰੂਲ ਦੇ ਨਿਯਮ 8 ਅਤੇ 9 ਨਾਲ ਪੜ੍ਹੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਮਿਤੀ 26 ਜੂਨ 2025 ਨੂੰ ਕਬਜ਼ਾ ਲੈ ਲਿਆ ਹੈ। ਖਾਸ ਤੌਰ 'ਤੇ ਕਰਜ਼ਦਾਰ/ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਰੁਪਏ 33,70,035.70 (ਤੇਤੀ ਲੱਖ ਸੱਤਰ ਹਜ਼ਾਰ ਪੈਂਤੀ ਰੁਪਏ ਅਤੇ ਸੱਤਰ ਪੈਸੇ ਕੇਵਲ) ਸਮੇਤ 01.01.2025 ਤੋਂ ਭਵਿੱਖੀ ਵਿਆਜ (ਮਨਫੀ ਵਸੂਲੀ ਜੇਕਰ ਕੋਈ ਹੈ) ਲਈ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ**

ਅਚੱਲ ਜਾਇਦਾਦ ਦਾ ਉੱਚਿਤ ਰਹਿਣਨਾਮਾ : ਬੈਨਾਮਾ ਦਸਤਾਵੇਜ਼ ਨੰ. 1164 ਮਿਤੀ 02.12.2009 ਅਨੁਸਾਰ ਸ੍ਰੀ ਪਰਮਜੀਤ ਸਿੰਘ ਪੁੱਤਰ ਰਾਜੂ ਦੀ ਮਲਕੀਅਤ ਜਾਇਦਾਦ ਰਕਬਾ 19 ਮਰਲੇ 6 ਸਰਸਾਹੀ, ਪਿੰਡ ਸੰਗ ਢੇਸੀਆਂ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ।

ਮਿਤੀ : 26.06.2025 — ਅਧਿਕਾਰਤ ਅਫਸਰ
ਸਥਾਨ : ਢੰਡਾ — ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ



**ਉਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਨਿਵਿਦਾ ਸੂਚਨਾ ਪੱਤਰ ਨੰ.: 56-2025-26-ADEN-JUC ਮਿਤੀ: 25.06.2025 ਸੀਨੀਅਰ ਮੰਡਲ ਇੰਜੀਨੀਅਰ-ਤੀਜਾ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 17.07.2025 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| **ਟੈਂਡਰ ਅਪਲੋਡ ਕਰਨ ਦੀ ਮਿਤੀ** | **ਬੋਲੀ ਸ਼ੁਰੂ ਦੀ ਮਿਤੀ** | **ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ** |
| 24.06.2025 | 03.07.2025 | 17.07.2025 15:00 ਵਜੇ |

ਨਿਵਿਦਾ ਨੰਬਰ 1. ਨਿਵਿਦਾ ਨੰਬਰ: 56-2025-26-ADEN-JUC

ਨਿਵਿਦਾ ਦਾ ਵੇਰਵਾ: ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਸ਼ਹਿਰ ਦੇ ਤਹਿਤ ਕਰਤਾਰਪੁਰ ਗੁਡਸ ਸ਼ੈਡ ਦਾ ਅਪਗ੍ਰੇਡੇਸ਼ਨ/ਸੁਧਾਰ ਦਾ ਕੰਮ।

| ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|
| 5,68,18,779.86 /– | 4,34,100.00 /– | 60 ਦਿਨ | 06 ਮਹੀਨੇ |

ਸਮਾਨ ਨੇਚਰ ਦਾ ਕੰਮ : – "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।"

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

1918/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਦੇਸ਼ ਦੀ ਰਾਜਨੀਤੀ ਨੂੰ ਲੋਕ-ਪੱਖੀ ਮੋੜਾ ਦੇਣ ਲਈ ਖੱਬੀਆਂ ਧਿਰਾਂ ਦੀ ਮਜ਼ਬੂਤੀ ਜ਼ਰੂਰੀ : ਸੇਖੋਂ

**ਸੀ.ਪੀ.ਆਈ. (ਐੱਮ) ਵੱਲੋਂ 9 ਦੀ ਦੇਸ਼ ਵਿਆਪੀ ਹੜਤਾਲ ਮੌਕੇ ਜ਼ਿਲ੍ਹਾ ਪੱਧਰੀ ਪ੍ਰਦਰਸ਼ਨ ਦਾ ਫੈਸਲਾ : ਦਲਿਓ**




**ਮਾਨਸਾ (ਆਤਮਾ ਸਿੰਘ ਪਮਾਰ)**-ਹਿੰਦ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਜ਼ਿਲ੍ਹਾ ਕਮੇਟੀ ਮਾਨਸਾ ਦੀ ਮੀਟਿੰਗ ਸਥਾਨਕ ਕਾਮਰੇਡ ਗੱਜਣ ਸਿੰਘ ਟਾਂਡੀਆਂ ਭਵਨ ਵਿਖੇ ਪਾਰਟੀ ਦੇ ਤਹਿਸੀਲ ਸਕੱਤਰ ਘਨੀਸ਼ਾਮ ਨਿੱਕੂ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਤੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਭੂਪ ਚੰਦ ਚੰਨੋਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਮੀਟਿੰਗ ਵਿੱਚ ਸੀਟੂ ਸਮੇਤ ਦੇਸ਼ ਦੀਆਂ ਟਰੇਡ ਯੂਨੀਅਨਾਂ ਵੱਲੋਂ 9 ਜੁਲਾਈ ਦੀ ਦੇਸ਼ ਵਿਆਪੀ ਹੜਤਾਲ ਮੌਕੇ ਜ਼ਿਲ੍ਹਾ ਪੱਧਰ 'ਤੇ ਪ੍ਰਦਰਸ਼ਨ ਕਰਨ, ਕਮਿਊਨਿਸਟ ਲਹਿਰ ਦੇ ਮਹਾਨ ਆਗੂ ਕਾਮਰੇਡ ਹਰਕਿਸ਼ਨ ਸਿੰਘ ਸੁਰਜੀਤ ਦੀ ਬਰਸੀ ਮੌਕੇ ਪਹਿਲੀ ਅਗਸਤ ਦੇ ਚੰਡੀਗੜ੍ਹ ਸਮਾਗਮ ਵਿੱਚ ਪਹੁੰਚਣ, ਜ਼ਿਲ੍ਹਾ ਪਾਰਟੀ ਦਫ਼ਤਰ ਦੇ ਵੱਡੇ ਹਾਲ ਦੀ ਉਸਾਰੀ ਕਰਨ ਸਮੇਤ ਕਈ ਅਹਿਮ ਫੈਸਲੇ ਲਏ ਗਏ।ਕਾਮਰੇਡ ਸੇਖੋਂ ਨੇ ਮੀਟਿੰਗ ਵਿੱਚ ਬੋਲਦਿਆਂ ਕਿਹਾ ਕਿ ਦੇਸ਼ ਅੰਦਰ ਰਾਜਨੀਤਕ ਪੱਖ ਤੋਂ ਦੋ ਧਿਰਾਂ ਲੋਕਾਂ ਤੇ ਜੋਕਾਂ ਵਿੱਚ ਲੜਾਈ ਤਿੱਖੀ ਹੋ ਰਹੀ ਹੈ।ਲੋਕ-ਪੱਖੀ ਰਾਜਨੀਤੀ ਦੀ ਅਗਵਾਈ ਸੀ ਪੀ ਆਈ (ਐੱਮ) ਤੇ ਖੱਬੀਆਂ ਪਾਰਟੀਆਂ ਕਰ ਰਹੀਆਂ ਹਨ।ਦੇਸ਼ ਦੀ ਰਾਜਨੀਤੀ ਵਿੱਚ ਲੋਕ-ਪੱਖੀ ਤਾਕਤਾਂ ਸੀ ਪੀ ਆਈ (ਐੱਮ) ਤੇ ਖੱਬੀਆਂ ਪਾਰਟੀਆਂ ਦੀ ਮਜ਼ਬੂਤੀ ਬਹੁਤ ਜ਼ਰੂਰੀ ਹੈ ਅਤੇ ਦੇਸ਼ ਦੇ ਕਿਰਤੀਆਂ-ਕਾਮਿਆਂ ਸੀ ਪੀ ਐੱਮ ਤੇ ਖੱਬੀਆਂ ਪਾਰਟੀਆਂ ਦੀ ਅਗਵਾਈ ਵਿੱਚ ਲਾਮਬੰਦ ਤੇ ਜਥੇਬੰਦ ਹੋ ਕੇ ਸੰਘਰਸ਼ ਨੂੰ ਹੋਰ ਤੇਜ਼ ਕਰਨਾ ਚਾਹੀਦਾ ਹੈ।

ਕਮਿਊਨਿਸਟ ਆਗੂ ਨੇ ਕੌਮਾਂਤਰੀ ਤੇ ਦੇਸ਼ ਦੀ ਸਿਆਸੀ ਅਤੇ ਆਰਥਿਕ ਸਥਿਤੀ 'ਤੇ ਗੱਲ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਅਮਰੀਕਾ ਸਾਮਰਾਜ ਦੇ ਥੱਲੇ ਲੱਗ ਕੇ ਦੇਸ਼ ਦੀ ਆਰਥਿਕਤਾ ਤੇ ਭਾਰਤ ਦੀ ਆਜ਼ਾਦਾਨਾ ਤੇ ਪ੍ਰਭਾਵੀ ਛਵੀ ਨੂੰ ਖਰਾਬ ਕਰ ਰਹੀ ਹੈ।ਸਾਮਰਾਜੀ ਮੁਲਕ ਅਮਰੀਕਾ ਇਰਾਨ, ਫਲਸਤੀਨ ਤੇ ਗਾਜ਼ਾ ਖੇਤਰ ਵਿੱਚ ਬੇਦੋਸ਼ੇ ਲੋਕਾਂ, ਜਿਨ੍ਹਾਂ ਵਿੱਚ ਔਰਤਾਂ, ਬੱਚੇ ਤੇ ਬਜ਼ੁਰਗ ਸ਼ਾਮਲ ਹਨ, ਦਾ ਲਗਾਤਾਰ ਕਤਲੇਆਮ ਕਰ ਰਿਹਾ ਹੈ ਅਤੇ ਸ਼ਰੇਆਮ ਇਜ਼ਰਾਈਲ ਦੀ ਪਿੱਠ ਥਾਪੜ ਰਿਹਾ ਹੈ, ਪ੍ਰੰਤੂ ਸਾਡੇ ਦੇਸ਼ ਦਾ ਪ੍ਰਧਾਨ ਮੰਤਰੀ ਮੋਦੀ ਢੀਠਤਾਈ ਨਾਲ ਅਮਰੀਕਾ ਦਾ ਸਮੱਰਥਨ ਤੇ ਸਹਿਯੋਗ ਕਰ ਰਿਹਾ ਹੈ।ਇਸ ਤੋਂ ਇਲਾਵਾ ਦੇਸ਼ ਵਿਰੋਧੀ ਸਮਝੌਤੇ ਕਰ ਰਿਹਾ ਹੈ।ਸੇਖੋਂ ਨੇ ਕਿਹਾ ਕਿ ਕੇਂਦਰ ਸਰਕਾਰ ਦੇਸ਼ ਅੰਦਰ ਫਿਰਕੂ ਧਰੁਵੀਕਰਨ ਕਰਕੇ ਸਮਾਜ 'ਚ ਫਿਰਕੂ ਜ਼ਹਿਰ ਭਰ ਰਹੀ ਹੈ ਅਤੇ ਆਰਥਿਕ ਪੱਖ ਤੋਂ ਵੱਡੇ ਕਾਰਪੋਰੇਟ ਘਰਾਣਿਆਂ ਦੀ ਰਖਵਾਲੀ ਕਰ ਰਹੀ ਹੈ।ਜਨਤਕ ਖੇਤਰ ਨੂੰ ਤਬਾਹ ਕੀਤਾ ਜਾ ਰਿਹਾ ਹੈ।ਬੇਰੁਜ਼ਗਾਰੀ ਚਰਮ ਸੀਮਾ 'ਤੇ ਪੁੱਜ ਗਈ ਹੈ।ਭ੍ਰਿਸ਼ਟਾਚਾਰ ਦੇ ਨਿੱਤ ਨਵੇਂ ਨਵੇਂ ਘਪਲੇ ਉਜਾਗਰ ਹੋ ਰਹੇ ਹਨ।

ਇਸ ਮੌਕੇ ਜ਼ਿਲ੍ਹਾ ਸਕੱਤਰ ਕਾਮਰੇਡ ਸਵਰਨਜੀਤ ਸਿੰਘ ਦਲਿਓ ਐਡਵੋਕੇਟ ਨੇ ਦੱਸਿਆ ਕਿ ਆਉਂਦੇ ਦਿਨਾਂ ਵਿੱਚ ਜਨਵਾਦੀ ਇਸਤਰੀ ਸਭਾ, ਕੁੱਲ ਹਿੰਦ ਕਿਸਾਨ ਸਭਾ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ, ਨੌਜਵਾਨ ਸਭਾ ਆਦਿ ਜਨਤਕ ਜਥੇਬੰਦੀਆਂ ਦੇ ਜ਼ਿਲ੍ਹਾ ਅਜਲਾਸ ਕਰਨ ਸਬੰਧੀ ਤਾਰੀਖਾਂ ਤੈਅ ਕੀਤੀਆਂ ਗਈਆਂ।ਮੀਟਿੰਗ ਵਿੱਚ ਕਾਮਰੇਡ ਭੂਪ ਚੰਦ ਚੰਨੋਂ ਸਮੇਤ ਜ਼ਿਲ੍ਹਾ ਸਕੱਤਰੇਤ ਮੈਂਬਰ ਕਾ. ਅਮਰਜੀਤ ਸਿੰਘ ਸਿੱਧੂ, ਤਹਿਸੀਲ ਸਰਦੂਲਗੜ੍ਹ ਦੇ ਸਕੱਤਰ ਕਾਮਰੇਡ ਗੁਰਪ੍ਰੀਤ ਸਿੰਘ ਬਰਨ, ਜਸਵੰਤ ਸਿੰਘ ਬੀਰੋਕੇ, ਤੇਜਾ ਸਿੰਘ ਹੀਰਕੇ, ਸੁਰੇਸ਼ ਕੁਮਾਰ ਮਾਨਸਾ, ਹਰਜਿੰਦਰ ਸਿੰਘ ਬਰੇਟਾ, ਦਰਸ਼ਨ ਸਿੰਘ ਧਲੇਵਾਂ, ਜਗਦੇਵ ਸਿੰਘ ਢੈਪਈ ਆਦਿ ਹਾਜ਼ਰ ਸਨ।

# ਗਰੀਬ ਭਾਈਚਾਰੇ ਦੀ ਭਲਾਈ ਹਿੱਤ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਿਆ ਜਾਵੇ : ਡਾ. ਬਲੱਗਣ



**ਸਮਰਾਲਾ (ਸੁਰਜੀਤ ਸਿੰਘ)**-ਬਾਬਾ ਸਾਹਿਬ ਬੀ. ਆਰ. ਅੰਬੇਡਕਰ ਮਿਸ਼ਨਰੀ ਸਭਾ ਸਮਰਾਲਾ ਦੀ ਮਾਸਿਕ ਮੀਟਿੰਗ ਸਭਾ ਦੇ ਪ੍ਰਧਾਨ ਕਾ. ਭਜਨ ਸਿੰਘ, ਡਾ. ਸੋਹਣ ਲਾਲ ਬਲੱਗਣ ਸਰਪ੍ਰਸਤ ਤੇ ਚਰਨਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਬਾਬਾ ਸਾਹਿਬ ਦੇ ਸਿਧਾਂਤਾਂ 'ਤੇ ਚੱਲਣ ਤੇ ਉਨ੍ਹਾਂ ਦੀ ਵਿਚਾਰਧਾਰਾ ਅਪਣਾਉਣ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ।ਮੀਟਿੰਗ ਦੌਰਾਨ ਸ਼ਹਿਰ ਦੇ ਉੱਘੇ ਡਾਕਟਰ ਤੇ ਸਮਾਜ ਸੇਵੀ ਡਾ. ਸੋਹਣ ਲਾਲ ਬਲੱਗਣ ਨੇ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਤੇ ਨਗਰ ਕੌਂਸਲ ਦੇ ਪ੍ਰਧਾਨ ਕਰਨਵੀਰ ਸਿੰਘ ਢਿੱਲੋਂ ਨੂੰ ਅਪੀਲ ਕਰਦਿਆਂ ਕਿਹਾ ਕਿ ਸ਼ਹਿਰ ਵਿੱਚ ਗ਼ਰੀਬ ਤਬਕੇ ਤੇ ਦਲਿਤ ਭਾਈਚਾਰੇ ਲਈ ਨਾ ਤਾਂ ਕੋਈ ਕਮਿਊਨਿਟੀ ਸੈਂਟਰ ਹੈ ਅਤੇ ਨਾ ਹੀ ਕੋਈ ਸਾਂਝੀ ਅਜਿਹੀ ਥਾਂ ਹੈ, ਜਿੱਥੇ ਗਰੀਬ ਤੇ ਦਲਿਤ ਭਾਈਚਾਰੇ ਦੇ ਲੋਕ ਆਪਣਾ ਪਰਵਾਰਕ ਸਮਾਗਮ ਕਰ ਸਕਣ।ਉਨ੍ਹਾਂ ਕਿਹਾ ਕਿ ਮੁਹੱਲੇ ਦੇ ਨੇੜੇ ਬੇਸ਼ੱਕ ਇੱਕ ਪਾਰਕ ਬਣ ਰਿਹਾ ਹੈ, ਪਰ ਉਸ ਦੇ ਨਿਰਮਾਣ ਦੀ ਰਫ਼ਤਾਰ ਬਹੁਤ ਮੱਠੀ ਹੈ।ਉਨ੍ਹਾਂ ਕਿਹਾ ਕਿ ਗਰੀਬ ਵਰਗ ਦੇ ਹਿੱਤਾਂ ਲਈ ਕੀਤੇ ਜਾਂਦੇ ਵਿਕਾਸ ਕਾਰਜ ਗਤੀ ਦੇ ਕੇ ਜਲਦੀ ਮੁਕੰਮਲ ਕੀਤੇ ਜਾਣ।ਉਨ੍ਹਾਂ ਕਿਹਾ ਕਿ ਕਮਿਊਨਿਟੀ ਹਾਲ ਦੀ ਬਹੁਤ ਜ਼ਰੂਰਤ ਹੈ, ਲਿਹਾਜ਼ਾ ਕਮਿਊਨਿਟੀ ਹਾਲ ਦਾ ਨਿਰਮਾਣ ਕਰਾਉਣ ਦੀ ਦਿਸ਼ਾ ਵੱਲ ਗੰਭੀਰਤਾ ਨਾਲ ਵਿਚਾਰ ਕਰਕੇ ਨਿਰਮਾਣ ਸਬੰਧੀ ਫੈਸਲਾ ਲਿਆ ਜਾਵੇ।ਉਨ੍ਹਾਂ ਡਾ. ਅੰਬੇਡਕਰ ਦੀ ਸੋਚ 'ਤੇ ਪਹਿਰਾ ਦਿੰਦਿਆਂ ਸਮਾਜ ਸੇਵੀ ਵਲੰਟੀਅਰਜ਼ ਨੂੰ ਮਸ਼ਵਰਾ ਦਿੰਦਿਆਂ ਕਿਹਾ ਕਿ ਸਮਾਜ ਭਲਾਈ ਦੇ ਹਿੱਤ ਵਿੱਚ ਸੋਸਾਇਟੀ ਦੇ ਕੰਮਾਂ ਦਾ ਦਾਇਰਾ ਵਧਾਇਆ ਜਾਵੇ ਤੇ ਵੱਧ ਤੋਂ ਵੱਧ ਲੋਕਾਂ ਨੂੰ ਮਿਸ਼ਨ ਨਾਲ ਜੋੜਿਆ ਜਾਵੇ।ਇਸੇ ਦੌਰਾਨ ਹੈੱਡਮਾਸਟਰ ਚਰਨਜੀਤ ਸਿੰਘ ਨੇ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਮਿਸ਼ਨਰੀ ਸਭਾ ਵੱਲੋਂ ਸਮਾਜ ਦੇ ਪੱਛੜੇ ਲੋਕਾਂ ਹਿੱਤ ਕੀਤੇ ਜਾਂਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਪ੍ਰਧਾਨ ਭਜਨ ਸਿੰਘ ਨੇ ਕਿਹਾ ਕਿ ਜਲਦ ਹੀ ਸਭਾ ਵੱਲੋਂ ਮਸਲਿਆਂ ਦੇ ਹੱਲ ਸਬੰਧੀ ਹਲਕਾ ਵਿਧਾਇਕ ਦਿਆਲਪੁਰਾ, ਐੱਸ. ਡੀ. ਐੱਮ. ਸਮਰਾਲਾ ਤੇ ਨਗਰ ਕੌਂਸਲ ਦੇ ਪ੍ਰਧਾਨ ਨਾਲ ਮੁਲਾਕਾਤ ਕੀਤੀ ਜਾਵੇਗੀ।ਮੀਟਿੰਗ ਵਿੱਚ ਮਿਸ਼ਨ ਦੇ ਅਹੁਦੇਦਾਰਾਂ ਤੋਂ ਇਲਾਵਾ, ਕਾਰਜਕਾਰੀ ਮੈਂਬਰ ਤੇ ਵਲੰਟੀਅਰਜ਼ ਸ਼ਾਮਲ ਹੋਏ।


**ਉੱਤਰ ਰੇਲਵੇ**

**ਟੈਂਡਰ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ ਉੱਤਰ ਰੇਲਵੇ, ਲੁਧਿਆਣਾ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ-ਟੈਂਡਰ ਨੰ: 2025-26-02 ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 21.07.2025 ਨੂੰ 15.00 ਵਜੇ ਤਕ ਪੇਸ਼ ਕਰ ਸਕਦੇ ਹਨ। ਇਨ੍ਹਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੀ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਟੈਂਡਰਕਰਤਾ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦੇ ਭੁਗਤਾਨ ਕਰਨ ਦੇ ਲਈ ਕੇਵਲ ਆਈ.ਆਰ.ਈ.ਪੀ.ਐਸ. ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਆਰਾ ਜਿਸ ਤਰ੍ਹਾਂ ਨੇਟ ਬੈਕਿੰਗ, ਡੇਬਿਟ ਕਾਰਡ ਤੇ ਕ੍ਰੇਡਿਟ ਕਾਰਡ ਤੋਂ ਭੁਗਤਾਨ ਕਰ ਸਕਦੇ ਹਨ। ਮੈਨੂੰਅਲ ਭੁਗਤਾਨ ਜਿਸ ਤਰ੍ਹਾਂ ਡਿਮਾਂਡ ਡਰਾਫਟ, ਬੈਂਕਰਸ ਚੈਕ, ਜਮਾਂ ਰਸੀਦਾਂ ਤੇ ਐਫ.ਡੀ.ਆਰ. ਆਦਿ ਦੇ ਦੁਆਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (₹) | ਟੈਂਡਰ ਦੀ ਕੀਮਤ (₹) | ਟੈਂਡਰ ਦੀ ਪੂਰਾ ਕਰਨ ਦੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (₹) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੇਬਸਾਈਟ |
|---|---|---|---|---|---|---|---|---|
| 2025-26-02 | ਇਲੇਕਿਟ੍ਰਕ ਲੋਕੋ ਸ਼ੇਡ, ਲੁਧਿਆਣਾ ਵਿਚ ਸਥਾਪਿਤ ਪੁਰਜਿਆਂ ਦੇ ਨਾਲ ਈਓਟੀ ਕ੍ਰੇਨ ਦੀ ਦੋ ਸਾਲ ਦੇ ਲਈ ਏਐਮਸੀ। | ₹ 6193355.03/- | ਸਿਫ਼ਰ | 21.07.2025 15:00 ਵਜੇ ਤਕ | 123900/- | 24 ਮਹੀਨੇ | 21.07.2025 15:30 ਵਜੇ ਦੇ ਬਾਦ | www.ireps.gov.in |

ਨੰ: 230-Elect/TRS/LDH/WC/EOT Crane/OT/2025-26/02
ਮਿਤੀ : 26.06.2025

1929/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਤਿੰਨ ਨਸ਼ਾ ਤਸਕਰ ਗ੍ਰਿਫ਼ਤਾਰ; ਹੈਰੋਇਨ, ਹਥਿਆਰ ਤੇ ਰਕਮ ਬਰਾਮਦ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ 'ਚ ਨਸ਼ੇ ਤੇ ਅਪਰਾਧਿਕ ਤੱਤਾਂ ਵਿਰੁੱਧ ਚੱਲ ਰਹੀ ਸਖ਼ਤ ਮੁਹਿੰਮ ਤਹਿਤ ਐਸ.ਐਸ.ਪੀ ਡਾ. ਅਖਿਲ ਚੌਧਰੀ ਆਈ.ਪੀ.ਐਸ. ਦੀ ਅਗਵਾਈ 'ਚ ਪੁਲਸ ਵੱਲੋਂ ਦੋ ਵੱਖ-ਵੱਖ ਮੁਕੱਦਮਿਆਂ ਵਿੱਚ ਤਿੰਨ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਕੁੱਲ 80 ਗ੍ਰਾਮ ਹੈਰੋਇਨ, ?12,700 ਨਕਦੀ (ਡਰੱਗ ਮਣੀ) ਤੇ 02 ਨਾਜਾਇਜ਼ 32 ਬੋਰ ਪਿਸਟਲ ਸਮੇਤ ਜ਼ਿੰਦਾ ਰੌਂਦ ਬਰਾਮਦ ਕੀਤੇ ਹਨ। ਇਹ ਕਾਰਵਾਈ ਭਰੋਸੇਯੋਗ ਇੰਟੈਲੀਜੈਂਸ ਦੇ ਆਧਾਰ 'ਤੇ ਐਸ ਪੀ (ਡੀ) ਤੇ ਡੀ ਐਸ ਪੀ (ਡੀ) ਦੀ ਨਿਗਰਾਨੀ ਹੇਠ ਚਲਾਈ ਗਈ। ਦੋਸ਼ੀਆਂ ਨੂੰ ਹਿਰਾਸਤ 'ਚ ਲੈ ਕੇ ਅੱਗੇ ਪੁੱਛਗਿੱਛ ਜਾਰੀ ਹੈ, ਜਿਸ ਰਾਹੀਂ ਨਸ਼ੇ ਦੀ ਸਪਲਾਈ ਲਾਈਨ ਅਤੇ ਹੋਰ ਜੁੜੇ ਤੱਤਾਂ ਦੀ ਪਛਾਣ ਲਈ ਜਾ ਰਹੀ ਹੈ।ਪੁਲਸ ਵੱਲੋਂ ਗਸ਼ਤ ਦੌਰਾਨ ਸਰਕਾਰੀ ਕਾਲਜ ਦੇ ਨਜ਼ਦੀਕ ਦੋ ਨੌਜਵਾਨ ਸ਼ੱਕੀ ਹਾਲਤ ਵਿੱਚ ਮਿਲੇ।ਮੌਕੇ 'ਤੇ ਚੈਕਿੰਗ ਦੌਰਾਨ 5 ਗ੍ਰਾਮ ਹੈਰੋਇਨ ਇੱਕ ਮੋਮੀ ਲਿਫਾਫੇ ਵਿੱਚ ਬਰਾਮਦ ਹੋਈ।ਧੀਰਜ ਕੁਮਾਰ ਪੁੱਤਰ ਸ਼ਿਆਮ ਕੁਮਾਰ, ਵਾਸੀ ਐੱਸ.ਏ.ਐੱਸ ਨਗਰ, ਕੋਟਕਪੂਰਾ ਰੋਡ, ਰਵੀ ਕੁਮਾਰ ਪੁੱਤਰ ਰਘੂਵੀਰ ਸਿੰਘ, ਵਾਸੀ ਗੁਰੂ ਤੇਗ ਬਹਾਦੁਰ ਨਗਰ, ਕੋਟਕਪੂਰਾ ਰੋਡ ਦੋਸ਼ੀਆਂ ਨੇ ਦੱਸਿਆ ਕਿ ਨਸ਼ਾ ਉਨ੍ਹਾਂ ਨੇ ਰਾਜੂ ਸਿੰਘ ਪੁੱਤਰ ਗੁਰਬਚਨ ਸਿੰਘ, ਵਾਸੀ ਚੱਕ ਕਾਲਾ ਸਿੰਘ ਵਾਲਾ ਤੋਂ ਲਿਆ ਸੀ।ਰਾਜੂ ਨੂੰ ਧਾਰਾ 29 ਐਨ ਡੀ ਪੀ ਐਸ ਐਕਟ ਹੇਠ ਕੇਸ ਵਿੱਚ ਨਾਮਜ਼ਦ ਕੀਤਾ ਗਿਆ।ਰਾਜੂ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਇੱਕ ਦਿਨ ਦਾ ਪੁਲਸ ਰਿਮਾਂਡ ਲਿਆ ਗਿਆ।ਉਸ ਦੀ ਨਿਸ਼ਾਨਦੇਹੀ 'ਤੇ ਇੱਕ ਨਜਾਇਜ਼ 32 ਬੋਰ ਪਿਸਟਲ ਬਰਾਮਦ ਹੋਈ।


**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਟੈਂਡਰ ਸੂਚਨਾ ਨੰ: 433-Sig-JAT-9-25-26 — ਬੰਦ ਹੋਣ ਦੀ ਮਿਤੀ/ਸਮਾਂ:
ਮਿਤੀ : 26.06.2025 — ਨੂੰ 18.07.2025, 15:00

ਸੀਨੀਅਰ ਡਵੀਜਨ ਸਾਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉੱਤਰ ਰੇਲਵੇ, ਫ਼ਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਟੈਂਡਰ ਨੰ: 433-Sig-JAT-9-25-26 ਈ-ਟੈਂਡਰਿੰਗ ਦੁਆਰਾ ਤੋਂ ਮਿਤੀ 18.07.2025, 15.00 ਵਜੇ ਤਕ https://www.ireps.gov.in ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੀ ਟੈਂਡਰਾਂ ਅਸਲੀ/ਸੰਸ਼ੋਧਿਤ ਨਿਸ਼ਚਿਤ ਕੀਤੇ ਗਏ ਸਮੇਂ ਅਤੇ ਮਿਤੀ ਤਕ ਜ਼ਰੂਰ ਜਮਾਂ ਕਰਵਾਏ। ਇਸ ਟੈਂਡਰ ਦੇ ਤਹਿਤ ਮੈਨੂਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ। ਠੇਕੇਦਾਰਾਂ ਦੁਵਾਰਾ ਟੈਂਡਰ ਡਾਕਯੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਸ ਤਰ੍ਹਾਂ ਕਿ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਆਦਿ ਦੁਵਾਰਾ ਹੀ ਸਵੀਕਾਰ ਕੀਤੀ ਜਾਵੇਗੀ ਇਸਦੇ ਅਤਿਰਿਕਤ ਡਿਮਾਂਡ ਡਰਾਫਟ, ਬੈਂਕਰ ਚੈੱਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਦੁਵਾਰਾ ਜਮਾਂ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

ਐਨਆਈਟੀ ਹੇਡਰ

| | | | |
|---|---|---|---|
| ਕਰਾਰ ਦਾ ਪ੍ਰਕਾਰ | ਕੰਮ ਕਰਦਾ ਹੈ | | |
| ਕੰਮ ਦਾ ਨਾਮ | ਜੰਮੂ ਸੰਭਾਗ ਦੇ JAT-SVDK ਸੈਕਸ਼ਨ ਵਿਚ ਬੀਪੀਏਸੀ ਆਧਾਰਿਤ ਯੂਏਸੀ ਨੂੰ ਯੂਐਫਐਸਬੀਆਈ ਅਤੇ ਐਚਏਐਸਡੀਏਸੀ ਤੋਂ ਪ੍ਰਤੀਸਥਾਪਿਤ ਕੀਤਾ ਜਾਵੇਗਾ। | | |
| ਟੈਂਡਰ ਬੰਦ ਕਰਨ ਦੀ ਮਿਤੀ ਸਮਾਂ | 18.07.2025 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 25.06.2025 18:51 |
| ਵਿਗਿਆਪਿਤ ਮੁਲ (ਰੁ:) | 76,43,421.78 | ਆਈਆਰਈਪੀਐਸ ਦੇ ਅਨੁਸਾਰ ਬੋਲੀ ਸ਼ੁਰੂ ਮਿਤੀ | 25.06.2025 |
| ਬਿਆਨਾ ਰਾਸ਼ੀ (ਰੁ:) | 1,52,900 | ਕੰਮ ਪੂਰਾ ਕਰਨ ਦਾ ਸਮਾਂ | 6 Months |

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ — 1926/2025



**ਪਬਲਿਕ ਨੋਟਿਸ**

**ICICI Bank** Registered Office: ICICI Bank Tower, Near Chakli Circle, Old Padra Road, Vadodara- 390007 Corporate Office: ICICI Bank Towers, Bandra-Kurla Complex Mumbai 400051

**ਸੋਨਾ ਨਿਲਾਮੀ ਕਮ ਸੱਦਾ ਨੋਟਿਸ**

ਹੇਠਾਂ ਲਿਖੇ ਕਰਜ਼ਦਾਰਾਂ ਨੂੰ ਸੋਨੇ ਦੇ ਗਹਿਣਿਆਂ ਬਦਲੇ ਆਈ ਸੀ ਆਈ ਸੀ ਆਈ ਬੈਂਕ ਲਿਮ: ('ਆਈ ਸੀ ਆਈ ਸੀ ਆਈ ਬੈਂਕ') ਤੋਂ ਲਈ ਸਹੂਲਤ ('ਸਹੂਲਤ') ਪ੍ਰਤੀ ਬਕਾਇਆ ਰਕਮ ਦੇ ਭੁਗਤਾਨ ਲਈ ਨੋਟਿਸ ਜਾਰੀ ਕੀਤਾ ਗਿਆ ਹੈ। ਕਿਉਂਕਿ ਇਹ ਬਕਾਇਆ ਰਕਮ ਦਾ ਭੁਗਤਾਨ ਕਰਨ 'ਚ ਅਸਫਲ ਰਹੇ ਹਨ। ਇਸ ਲਈ ਅਸੀਂ ਗਿਰਵੀ ਰੱਖੇ ਸੋਨੇ ਦੇ ਗਹਿਣਿਆਂ ਦੀ 7 ਜੁਲਾਈ 2025 ਨੂੰ ਈ-ਨਿਲਾਮੀ ਕਰਨ ਦੇ ਪਾਬੰਦ ਹਨ। ਆਈ ਸੀ ਆਈ ਸੀ ਆਈ ਬੈਂਕ ਨੂੰ ਬਿਨਾਂ ਅਗਾਊਂ ਨੋਟਿਸ ਖਾਤਾ ਹਟਾਉਣ/ਈ-ਨਿਲਾਮੀ ਦੀ ਤਰੀਕ ਬਦਲਣ ਦਾ ਅਧਿਕਾਰ ਹੈ। ਨਿਲਾਮੀ ਦੁਪਹਿਰ 12.30 ਤੋਂ 3.30 ਵਜੇ ਤੱਕ https://jewel-auction.procuretiger.com ਤੇ ਆਨਲਾਈਨ ਕੀਤੀ ਜਾਵੇਗੀ। ਸ਼ਰਤਾਂ ਅਤੇ ਨਿਯਮਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ ਦਿੱਤੀ ਗਈ ਵੈੱਬਸਾਈਟ 'ਤੇ ਲਾਗ ਕਰੋ। ਮ੍ਰਿਤਕ ਕਰਜ਼ਦਾਰਾਂ ਦੇ ਮਾਮਲੇ 'ਚ ਸਾਰੀਆਂ ਸ਼ਰਤਾਂ ਉਹਨਾਂ ਦੇ ਕਾਨੂੰਨੀ ਵਾਰਸਾਂ 'ਤੇ ਲਾਗੂ ਹੋਣਗੀਆਂ।

| ਕਰਜ਼ਾ ਖਾਤਾ ਨੰਬਰ | ਗਾਹਕ ਦਾ ਨਾਂਅ |
|---|---|
| ਬਰਾਂਚ ਦਾ ਨਾਂਅ : ਅੰਮ੍ਰਿਤਸਰ-ਮਜੀਠ ਮੰਡੀ | |
| 231605001129 | ਰੁਪਿੰਦਰ ਕੌਰ |
| ਬਰਾਂਚ ਦਾ ਨਾਂਅ : ਅੰਮ੍ਰਿਤਸਰ-ਛੇਹਰਟਾ | |
| 357805000950 | ਬਲਜਿੰਦਰ ਸਿੰਘ |
| ਬਰਾਂਚ ਦਾ ਨਾਂਅ : ਬਾਘਾਪੁਰਾਣਾ | |
| 278862002456 | ਗਗਨਪ੍ਰੀਤ ਸਿੰਘ |
| ਬਰਾਂਚ ਦਾ ਨਾਂਅ : ਬਰੇਟਾ | |
| 382362002223 | ਰਨਵੀਰ ਸਿੰਘ |
| ਬਰਾਂਚ ਦਾ ਨਾਂਅ : ਡੇਰਾਬੱਸੀ | |
| 096762003971 | ਸੋਨੀਆ ਸਿੰਘ ਜਗਲਾਨ |
| ਬਰਾਂਚ ਦਾ ਨਾਂਅ : ਜਲਾਲਾਬਾਦ | |
| 211862006921 | ਸੁਨੀਲ ਕੁਮਾਰ |
| 211862006923 | ਸੁਨੀਲ ਕੁਮਾਰ |
| ਬਰਾਂਚ ਦਾ ਨਾਂਅ : ਜਲੰਧਰ-ਸਿਵਲ ਲਾਈਨਜ਼ | |
| 151262001131 | ਅਰੁਨ ਜੋਸ਼ੀ |
| ਬਰਾਂਚ ਦਾ ਨਾਂਅ : ਜੰਡਿਆਲਾ ਗੁਰੂ | |
| 202162001739 | ਹਰਪ੍ਰੀਤ ਸਿੰਘ |
| 202162001743 | ਹਰਪ੍ਰੀਤ ਸਿੰਘ |
| 202162001775 | ਹਰਪ੍ਰੀਤ ਸਿੰਘ |
| ਬਰਾਂਚ ਦਾ ਨਾਂਅ : ਕਲਾਨੌਰ, ਪੰਜਾਬ | |

| ਕਰਜ਼ਾ ਖਾਤਾ ਨੰਬਰ | ਗਾਹਕ ਦਾ ਨਾਂਅ |
|---|---|
| 357405003425 | ਅਮਰੀਕ ਸਿੰਘ |
| ਬਰਾਂਚ ਦਾ ਨਾਂਅ : ਕੋਟ ਈਸੇ ਖਾਂ | |
| 382257000069 | ਪਰਮਜੀਤ ਕੌਰ |
| ਬਰਾਂਚ ਦਾ ਨਾਂਅ : ਕੁਰਾਲੀ | |
| 152462003386 | ਅਕਾਸ਼ਦੀਪ ਸਿੰਘ |
| ਬਰਾਂਚ ਦਾ ਨਾਂਅ : ਲੁਧਿਆਣਾ-ਰਾਹੋਂ ਰੋਡ | |
| 336457000033 | ਹਰਵਿੰਦਰ ਸਿੰਘ |
| ਬਰਾਂਚ ਦਾ ਨਾਂਅ : ਲੁਧਿਆਣਾ-ਫਾਇਰ ਸਟੇਸ਼ਨ | |
| 631962015852 | ਅਮ੍ਰਿਤ ਰਾਜ ਅਨੰਦ |
| 631962016421 | ਮਨੀਸ਼ ਜੈਨ |
| ਬਰਾਂਚ ਦਾ ਨਾਂਅ : ਮਲੌਦ | |
| 397962001263 | ਸਾਕਿੰਦਰ ਸਿੰਘ |
| ਬਰਾਂਚ ਦਾ ਨਾਂਅ : ਮੋਗਾ-ਪ੍ਰਤਾਪ ਰੋਡ | |
| 659962601303 | ਕਮਲਜੀਤ ਕੌਰ |
| ਬਰਾਂਚ ਦਾ ਨਾਂਅ : ਮੋਰਿੰਡਾ, ਪੰਜਾਬ | |
| 358262001592 | ਚਰਨਪ੍ਰੀਤ ਸਿੰਘ |
| ਬਰਾਂਚ ਦਾ ਨਾਂਅ : ਪਠਾਨਕੋਟ-ਡਲਹੌਜੀ ਰੋਡ | |
| 393062000764 | ਪ੍ਰਿੰਸ ਕੋਹਾਲ |
| 393062000530 | ਪ੍ਰਿੰਸ ਕੋਹਾਲ |
| ਬਰਾਂਚ ਦਾ ਨਾਂਅ : ਪਟਿਆਲਾ-ਸ਼ੇਰਾਂ ਵਾਲਾ ਗੇਟ | |
| 535957000013 | ਮਨੀਸ਼ ਬਾਂਸਲ |

| ਕਰਜ਼ਾ ਖਾਤਾ ਨੰਬਰ | ਗਾਹਕ ਦਾ ਨਾਂਅ |
|---|---|
| ਬਰਾਂਚ ਦਾ ਨਾਂਅ : ਫਿਲੌਰ | |
| 078662001940 | ਸੋਢੀ ਸੋਢੀ |
| ਬਰਾਂਚ ਦਾ ਨਾਂਅ : ਰਾਜਪੁਰਾ | |
| 047762008105 | ਗੌਰਵ ਸ਼ਰਮਾ |
| 047762008054 | ਮਲਕੀਤ ਰਾਮ |
| ਬਰਾਂਚ ਦਾ ਨਾਂਅ : ਰਾਮਾਂ | |
| 397862002520 | ਦਲੇਲ ਸਿੰਘ |
| 397857000014 | ਵਰਿੰਦਰ ਕੁਮਾਰ ਗੋਇਲ |
| ਬਰਾਂਚ ਦਾ ਨਾਂਅ : ਸਾਦਿਕ, ਪੰਜਾਬ | |
| 357162004322 | ਵਿਸਾਖਾ ਸਿੰਘ |
| 357157000208 | ਰਮਨਦੀਪ ਸਿੰਘ |
| ਬਰਾਂਚ ਦਾ ਨਾਂਅ : ਤਲਵੰਡੀ ਸਾਬੋ | |
| 150762005872 | ਨਿਰਮਲ ਸਿੰਘ |
| ਬਰਾਂਚ ਦਾ ਨਾਂਅ : ਟਾਂਡਾ ਉੜਮੁੜ | |
| 087862003375 | ਹਰਪਾਲ ਸਿੰਘ |
| 087862003376 | ਹਰਪਾਲ ਸਿੰਘ |
| ਬਰਾਂਚ ਦਾ ਨਾਂਅ : ਤਪਾ | |
| 417462002004 | ਜਗਸੀਰ ਸਿੰਘ |
| ਬਰਾਂਚ ਦਾ ਨਾਂਅ : ਅਲਾਹਾਬਾਦ-ਟਰਾਂਸਪੋਰਟ ਨਗਰ | |
| 231462002095 | ਬਰਿਵਕੇਸ਼ ਰਾਏ |
| ਬਰਾਂਚ ਦਾ ਨਾਂਅ : ਜੇਵਰ | |
| 436862000977 | ਨੀਰਜ ਕੁਮਾਰ |

ਮਿਤੀ : 27.06.2025
ਸਥਾਨ : ਅੰਮ੍ਰਿਤਸਰ, ਲੁਧਿਆਣਾ, ਮਾਨਸਾ, ਪਟਿਆਲਾ, ਰੂਪਨਗਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਅਬੋਹਰ ਬਠਿੰਡਾ, ਫਰੀਦਕੋਟ, ਫਾਜ਼ਿਲਕਾ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਮੋਗਾ, ਬਰਨਾਲਾ, ਪਠਾਨਕੋਟ

ਸਹੀ/- ਅਧਿਕਾਰਤ ਅਫਸਰ
ਵਾਸਤੇ ਆਈ ਸੀ ਆਈ ਸੀ ਆਈ, ਬੈਂਕ ਲਿਮਟਿਡ

## ਮੋਟਰਸਾਈਕਲ ਸਵਾਰ ਨੌਜਵਾਨਾਂ 'ਤੇ ਰੁੱਖ ਡਿੱਗਾ, ਇੱਕ ਦੀ ਮੌਤ ਇਕ ਗੰਭੀਰ ਜ਼ਖ਼ਮੀ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**- ਮੋਟਰਸਾਈਕਲ 'ਤੇ ਸਵਾਰ ਹੋ ਕੇ ਭਿੱਖੀਵਿੰਡ ਤੋਂ ਦਿਆਲਪੁਰ ਜਾ ਰਹੇ ਦੋ ਨੌਜਵਾਨਾਂ ਉੱਪਰ ਅਚਾਨਕ ਰੁੱਖ ਡਿਗ ਗਿਆ ਜਿਸ ਕਾਰਨ ਇੱਕ ਨੌਜਵਾਨ ਦੀ ਮੌਕੇ 'ਤੇ ਮੌਤ ਹੋ ਗਈ ਜਦਕਿ ਦੂਜਾ ਨੌਜਵਾਨ ਗੰਭੀਰ ਜ਼ਖ਼ਮੀ ਹੋ ਗਿਆ। ਰਾਹਗੀਰਾਂ ਵੱਲੋਂ ਜ਼ਖ਼ਮੀ ਨੌਜਵਾਨ ਨੂੰ ਭਿੱਖੀਵਿੰਡ ਦੇ ਨਿੱਜੀ ਹਸਤਾਲ ਵਿੱਚ ਦਾਖ਼ਲ ਕਰਵਾਇਆ ਗਿਆ। ਹਾਦਸੇ ਵਿੱਚ ਜਾਨ ਗੁਆਉਣ ਵਾਲੇ ਨੌਜਵਾਨ ਦੀ ਪਛਾਣ ਦਵਿੰਦਰ ਸਿੰਘ ਪੁੱਤਰ ਹੀਰਾ ਸਿੰਘ ਵਾਸੀ ਝੁੱਗੀਆਂ ਨੂਰ ਮੁਹੰਮਦ ਵਜੋਂ ਹੋਈ ਹੈ। ਭਿੱਖੀਵਿੰਡ ਪੁਲਸ ਵੱਲੋਂ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਔਰਤਾਂ ਦੀ ਜ਼ੋਨ ਕੋਰ ਕਮੇਟੀ ਦੀ ਚੋਗਾਵਾਂ 'ਚ ਕੀਤੀ ਮੀਟਿੰਗ



**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਅੰਮ੍ਰਿਤਸਰ ਦੇ ਜ਼ੋਨ ਤਰਸਿੱਕਾ ਵਿੱਚ ਨਵ ਸੰਗਠਤ ਔਰਤਾਂ ਦੀ ਜ਼ੋਨ ਕੋਰ ਕਮੇਟੀ ਨਾਲ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਵੱਲੋਂ ਪਿੰਡ ਚੁਗਾਵਾਂ ਵਿੱਚ ਜਥੇਬੰਦਕ ਢਾਂਚੇ ਅਤੇ ਜਥੇਬੰਦੀ ਅੰਦਰ ਮੀਟਿੰਗ ਦੌਰਾਨ ਜਥੇਬੰਦੀ ਦੇ ਕੰਮ ਕਰਨ ਦੇ ਵਿਧੀ ਵਿਧਾਨ ਨੂੰ ਲੈ ਕੇ ਵਿਚਾਰਾਂ ਦੀ ਸਾਂਝ ਪਾਈ ਗਈ ਅਤੇ ਜਥੇਬੰਦੀ ਦੇ ਮੁਢਲੇ ਫਰਜ਼ ਅਤੇ ਸੰਘਰਸ਼ ਦੀ ਰੂਪ ਰੇਖਾ ਸਾਂਝੀ ਕੀਤੀ ਗਈ। ਇਸ ਮੌਕੇ ਉਹਨਾਂ 14 ਜੁਲਾਈ ਨੂੰ ਚੀਫ ਇੰਜੀਨੀਅਰ ਬਾਰਡਰ ਜ਼ੋਨ ਬਿਜਲੀ ਵਿਭਾਗ ਦੇ ਦਿੱਤੇ ਜਾਣ ਵਾਲੇ ਇੱਕ ਦਿਨਾ ਧਰਨੇ ਬਾਰੇ ਹਾਜ਼ਰ ਆਗੂਆਂ ਨਾਲ ਵਿਚਾਰ ਸਾਂਝੇ ਕੀਤੇ ਅਤੇ ਬਿਜਲੀ ਸਬੰਧੀ ਮਸਲਿਆਂ ਅਤੇ ਟੀਮ ਨੂੰ ਸਰਕਾਰ ਦੁਆਰਾ ਨਿੱਜੀਕਰਨ ਦੀ ਨੀਤੀ ਤਹਿਤ ਲਿਆਂਦੇ ਗਏ ਕਾਨੂੰਨਾਂ ਅਨੁਸਾਰ ਲਗਾਏ ਜਾਣ ਵਾਲੇ ਪ੍ਰੀਪੇਡ ਮੀਟਰਾਂ, ਖਪਤਕਾਰਾਂ ਨੂੰ ਪਾਏ ਜਾ ਰਹੇ ਭਾਰੀ ਜੁਰਮਾਨਿਆਂ, ਖੇਤੀਬਾੜੀ ਮੋਟਰਾਂ ਨਾਲ ਸੰਬੰਧਤ ਮੁਸ਼ਕਲਾਂ, ਰਿਸ਼ਵਤਖੋਰੀ ਅਤੇ ਹੋਰ ਵੱਖ ਵੱਖ ਮਸਲਿਆਂ 'ਤੇ ਪਿੰਡ ਪੱਧਰ 'ਤੇ ਵਿਚਾਰ ਚਰਚਾ ਕਰਨ ਦੀ ਅਪੀਲ ਕੀਤੀ। ਉਹਨਾਂ ਕਿਹਾ ਕਿ ਔਰਤ ਸਾਡੇ ਸਮਾਜ ਦਾ ਅੱਧਾ ਹਿੱਸਾ ਹੈ, ਇਸ ਦੀ ਸ਼ਮੂਲੀਅਤ ਤੋਂ ਬਗੈਰ ਕੋਈ ਵੀ ਸੰਘਰਸ਼ ਲੜਨਾ ਅਤੇ ਜਿੱਤਣਾ ਔਖਾ ਹੈ, ਸੋ ਅਗਰ ਨਾਰੀ ਸ਼ਕਤੀ ਸਮਾਜਿਕ ਸਰੋਕਾਰਾਂ ਦੇ ਨਾਲ ਨਾਲ, ਸਿਆਸੀ ਸਰੋਕਾਰਾਂ ਵਿੱਚ ਦਿਲਚਸਪੀ ਦਿਖਾਉਂਦੇ ਹੋਏ ਸੰਘਰਸ਼ ਦੇ ਮੈਦਾਨ ਵਿੱਚ ਕੁੱਦੇਗੀ ਤਾਂ ਨਤੀਜੇ ਲੋਕ ਹਿੱਤਾਂ ਦੀ ਲੜਾਈ ਨੂੰ ਮਜ਼ਬੂਤ ਕਰਨ ਵਾਲੇ ਨਿਕਲਣਗੇ। ਮੀਟਿੰਗ ਵਿੱਚ ਜ਼ੋਨ ਪ੍ਰਧਾਨ ਕੁਲਵਿੰਦਰ ਕੌਰ ਕੋਟ ਖਹਿਰਾ, ਸਕੱਤਰ ਹਰਪ੍ਰੀਤ ਕੌਰ ਤਰਸਿੱਕਾ, ਗੁਰਮੀਤ ਕੌਰ ਚੋਗਾਵਾਂ, ਦਲਬੀਰ ਕੌਰ ਭੀਲੋਵਾਲ, ਦਲਜੀਤ ਕੌਰ ਸੈਦੋਲੇਹਲ, ਬੀਬੀ ਬਲਜੀਤ ਕੌਰ ਚਾਟੀਵਿੰਡ ਅਤੇ ਜਸਬੀਰ ਕੌਰ ਬੁਲਾਰਾ ਅਤੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ, ਜ਼ੋਨ ਪ੍ਰਧਾਨ ਰਣਜੀਤ ਸਿੰਘ ਚਾਟੀਵਿੰਡ, ਜ਼ਿਲ੍ਹਾ ਆਗੂ ਸੁਖਦੇਵ ਸਿੰਘ ਚਾਟੀਵਿੰਡ, ਜ਼ੋਨ ਸਕੱਤਰ ਗੁਰਭੇਜ ਸਿੰਘ ਭੀਲੋਵਾਲ ਅਤੇ ਕੰਵਰਦਲੀਪ ਹਾਜ਼ਰ ਸਨ।

## ਸ੍ਰੀ ਗੁਰੂ ਰਾਮਦਾਸ ਕਾਲਜ ਆਫ਼ ਐਜੂਕੇਸ਼ਨ ਪੰਧੇਰ ਵਿਖੇ ਹੈਲਪ ਡੈਸਕ ਦੀ ਸਥਾਪਨਾ





**ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਸ੍ਰੀ ਗੁਰੂ ਰਾਮਦਾਸ ਕਾਲਜ ਆਫ਼ ਐਜੂਕੇਸ਼ਨ ਪੰਧੇਰ, ਸੰਗਤਪੁਰਾ ਰੋਡ ਅੰਮ੍ਰਿਤਸਰ ਵਿੱਚ ਬੀ.ਐਡ. ਦਾਖ਼ਲਾ ਟੈਸਟ 2025 ਲਈ ਵਿਦਿਆਰਥੀਆਂ ਦੀ ਸਹੂਲਤ, ਸਹਾਇਤਾ ਅਤੇ ਜਾਣਕਾਰੀ ਦੇਣ ਲਈ ਹੈਲਪ ਡੈਸਕ ਦੀ ਸਥਾਪਨਾ ਕੀਤੀ ਗਈ ਹੈ। ਕਾਲਜ ਦੇ ਚੇਅਰਪਰਸਨ ਹਰਜਿੰਦਰ ਪਾਲ ਕੌਰ ਕੰਗ, ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਦੀ ਰਹਿਨੁਮਾਈ ਹੇਠ ਪ੍ਰਿੰਸੀਪਲ ਡਾ. ਮੀਨੂੰ ਚੌਧਰੀ ਦੀ ਅਗਵਾਈ ਹੇਠ ਸਥਾਪਤ ਕੀਤਾ ਗਿਆ ਇਹ ਹੈਲਪ ਡੈਸਕ ਵਿਦਿਆਰਥੀਆਂ ਨੂੰ ਟੈਸਟ ਨਾਲ ਸੰਬੰਧਤ ਹਰੇਕ ਤਰ੍ਹਾਂ ਦੀ ਜਾਣਕਾਰੀ ਦੇਵੇਗਾ ਅਤੇ ਉਹਨਾਂ ਦੀਆਂ ਮੁਸ਼ਕਲਾਂ ਦਾ ਹੱਲ ਕਰੇਗਾ। ਪ੍ਰਿੰਸੀਪਲ ਡਾ. ਮੀਨੂੰ ਚੌਧਰੀ ਨੇ ਦੱਸਿਆ ਕਿ ਦਾਖਲਾ ਟੈਸਟ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਲਈ ਕੋਚਿੰਗ ਕਲਾਸਾਂ ਵੀ ਕਾਲਜ ਵਿਚ ਸ਼ੁਰੂ ਕੀਤੀਆਂ ਗਈਆਂ ਹਨ। ਵਿਦਿਆਰਥੀ ਦਾਖ਼ਲੇ ਵਾਸਤੇ ਰਜਿਸਟ੍ਰੇਸ਼ਨ ਕਰਵਾ ਰਹੇ ਹਨ। ਉਹਨਾਂ ਦੱਸਿਆ ਕਿ ਹੈਲਪ ਡੈਸਕ ਵਿਦਿਆਰਥੀਆਂ ਦੀ ਹਰ ਤਰ੍ਹਾਂ ਦੀ ਸਹਾਇਤਾ ਕਰ ਰਿਹਾ ਹੈ। ਪ੍ਰਿੰਸੀਪਲ ਚੌਧਰੀ ਨੇ ਦੱਸਿਆ ਕਿ ਰਜਿਸਟ੍ਰੇਸ਼ਨ ਦੀ ਆਖਰੀ ਮਿਤੀ 18 ਜੁਲਾਈ 2025 ਹੈ, ਇਸ ਲਈ ਵਿਦਿਆਰਥੀ ਜਲਦ ਤੋਂ ਜਲਦ ਸੰਪਰਕ ਕਰਨ ਅਤੇ ਹੈਲਪ ਡੈਸਕ ਤੋਂ ਜਾਣਕਾਰੀ ਲੈ ਕੇ ਆਪਣਾ ਦਾਖਲਾ ਯਕੀਨੀ ਕਰਨ। ਉਹਨਾਂ ਦੱਸਿਆ ਕਿ ਸ੍ਰੀ ਗੁਰੂ ਰਾਮਦਾਸ ਕਾਲਜ ਆਫ਼ ਐਜੂਕੇਸ਼ਨ, ਸ੍ਰੀ ਗੁਰੂ ਰਾਮਦਾਸ ਕਾਲਜ ਆਫ਼ ਐਜੂਕੇਸ਼ਨ ਦੇ ਨਾਲ ਨਾਲ ਮਾਹਿਰ ਉੱਚ ਯੋਗਤਾ ਪ੍ਰਾਪਤ ਅਧਿਆਪਕਾਂ ਵੱਲੋਂ ਆਧੁਨਿਕ ਲੈਬਾਂ, ਡਿਜੀਟਲ ਲਾਇਬ੍ਰੇਰੀ ਅਤੇ ਟਰਾਂਸਪੋਰਟ ਅਤੇ ਹੋਸਟਲ ਦੀਆਂ ਸਹੂਲਤਾਂ ਵੀ ਉਪਲਬਧ ਹਨ।

## ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਪਾਰਟੀ ਦਫਤਰ ਅੰਬਲੀਪੋਰ ਵਿਖੇ ਵਿਧਾਨ ਸਭਾ ਹਲਕਾ ਦੀਨਾਨਗਰ ਦੇ ਵੱਖ ਵੱਖ ਪਿੰਡਾਂ ਤੋਂ ਆਏ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਮੁਸ਼ਕਲਾਂ ਸੁਣਨ ਉਪਰੰਤ ਮੌਕੇ ਤੇ ਹੀ ਉਹਨਾਂ ਦੇ ਹੱਲ ਦਾ ਭਰੋਸਾ ਦਿਵਾਇਆ। ਇਸ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀਆਂ ਮੁਸ਼ਕਲਾਂ ਦੇ ਜ਼ਮੀਨੀ ਪੱਧਰ 'ਤੇ ਨਿਪਟਾਰੇ ਲਈ ਬਹੁਤ ਹੀ ਸੰਜੀਦਗੀ ਨਾਲ ਕੰਮ ਕਰ ਰਹੀ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਦੀਨਾਨਗਰ ਵਿਧਾਨ ਸਭਾ ਹਲਕੇ ਦੇ ਸਰਬਪੱਖੀ ਵਿਕਾਸ ਲਈ ਖਾਕਾ ਤਿਆਰ ਕੀਤਾ ਗਿਆ ਹੈ। ਜਿਸ ਤਹਿਤ ਹੋਣ ਵਾਲੇ ਕੰਮਾਂ ਦੇ ਇਲਾਵਾ ਜਲਦੀ ਹੀ ਹਲਕੇ ਅੰਦਰ ਪਿੰਡ ਖੇਤਰ ਦੀਆਂ ਲਿੰਕ ਸੜਕਾਂ ਦੇ ਨਵੀਨੀਕਰਨ ਦਾ ਕੰਮ ਆਰੰਭ ਕਰ ਦਿੱਤਾ ਜਾਵੇਗਾ ਅਤੇ ਕਰੀਬ 33 ਕਰੋੜ ਰੁਪਏ ਦੀ ਲਾਗਤ ਨਾਲ ਦੀਨਾਨਗਰ ਹਲਕੇ ਅੰਦਰ 136 ਕਿਲੋਮੀਟਰ ਲਿੰਕ ਸੜਕਾਂ ਦਾ ਨਵੀਨੀਕਰਨ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸ ਤੋਂ ਪਹਿਲਾਂ ਦੀਨਾਨਗਰ ਹਲਕੇ ਦੇ ਸਰਕਾਰੀ ਸਕੂਲਾਂ ਅੰਦਰ ਵੀ 20 ਕਰੋੜ ਰੁਪਏ ਦੀ ਕਰੀਬ ਖਰਚ ਕਰਕੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ। ਹਲਕਾ ਇੰਚਾਰਜ ਨੇ ਕਿਹਾ ਕਿ ਸਰਕਾਰ ਵੱਲੋਂ ਜਿੱਥੇ ਨਸ਼ੇ ਦੇ ਖਿਲਾਫ ਫੈਸਲਾਕੁੰਨ ਜੰਗ ਵਿੱਢੀ ਹੋਈ ਹੈ ਉੱਥੇ ਹੀ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਮਨੋਰਥ ਨਾਲ ਹਲਕੇ ਅੰਦਰ 136 ਪਿੰਡਾਂ ਅੰਦਰ ਖੇਡ ਸਟੇਡੀਅਮ ਬਣਾਉਣ ਦੇ ਨਾਲ ਨਾਲ ਨੌਜਵਾਨਾਂ ਨੂੰ ਖੇਡ ਕਿੱਟਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਆਪ ਸਰਕਾਰ ਨੇ ਬਿਜਲੀ ਵਾਸਤੇ ਹਰ ਖੇਤਰ ਵਿੱਚ ਵੀ ਮਿਸਾਲੀ ਕੰਮ ਕੀਤੇ ਹਨ।

## ਨਗਰ ਕੀਰਤਨ ਨੂੰ ਲੈ ਕੇ ਸੰਗਤਾਂ 'ਚ ਭਾਰੀ ਉਤਸ਼ਾਹ : ਭਾਈ ਅਭਿਆਸੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਸਜਾਏ ਜਾ ਰਹੇ ਨਗਰ ਕੀਰਤਨ ਦੇ ਪ੍ਰਬੰਧਾਂ ਸੰਬੰਧੀ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ ਨੇ ਉੱਤਰ ਪ੍ਰਦੇਸ਼ ਦੇ ਪ੍ਰਯਾਗਰਾਜ (ਅਲਾਹਾਬਾਦ), ਕਾਨ੍ਹਪੁਰ, ਉਨਾਵ ਅਤੇ ਲਖਨਊ ਵਿਖੇ ਵੱਖ-ਵੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਇਕੱਤਰਤਾਵਾਂ ਕਰਕੇ ਪ੍ਰਬੰਧਾਂ ਸੰਬੰਧੀ ਵਿਚਾਰਾਂ ਕੀਤੀਆਂ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਨਗਰ ਕੀਰਤਨ ਦੇ ਪ੍ਰਬੰਧਾਂ ਸੰਬੰਧੀ ਉੱਤਰ ਪ੍ਰਦੇਸ਼ ਗਏ ਭਾਈ ਅਜੈਬ ਸਿੰਘ ਅਭਿਆਸੀ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਦੱਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਗੱਦੀ ਦਿਵਸ ਦੀ 350 ਸਾਲਾ ਸ਼ਤਾਬਦੀ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਨਵੰਬਰ 2025 'ਚ ਮਨਾਈ ਜਾ ਰਹੀ ਹੈ। ਸ਼ਤਾਬਦੀ ਨੂੰ ਸਮਰਪਤ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਨਗਰ ਕੀਰਤਨ ਗੁਰਦੁਆਰਾ ਧੋਬੜੀ ਸਾਹਿਬ (ਅਸਾਮ) ਤੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਜਾਇਆ ਜਾਣਾ ਹੈ। ਇਸ ਸੰਬੰਧ ਵਿਚ ਯੂਪੀ ਦੇ ਵੱਖ-ਵੱਖ ਸ਼ਹਿਰਾਂ ਵਿਚ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨਾਲ ਇਕੱਤਰਤਾਵਾਂ ਕੀਤੀਆਂ ਗਈਆਂ, ਜਿਨ੍ਹਾਂ ਨਗਰ ਕੀਰਤਨ ਦੌਰਾਨ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਦਿੱਤਾ। ਭਾਈ ਅਭਿਆਸੀ ਨੇ ਕਿਹਾ ਕਿ ਨਗਰ ਕੀਰਤਨ ਦੇ ਸਵਾਗਤ ਲਈ ਯੂਪੀ ਦੀਆਂ ਸੰਗਤਾਂ ਵਿਚ ਭਾਰੀ ਉਤਸ਼ਾਹ ਹੈ। ਉਨ੍ਹਾਂ ਨਗਰ ਕੀਰਤਨ ਵਿਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਇਨ੍ਹਾਂ ਇਕੱਤਰਤਾਵਾਂ ਵਿਚ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਕਾਨ੍ਹਪੁਰ ਦੇ ਪ੍ਰਧਾਨ ਹਰਵਿੰਦਰ ਸਿੰਘ ਲਾਰਡ, ਸਿੰਘ ਸਭਾ ਸੁਸਾਇਟੀ ਦੇ ਪ੍ਰਧਾਨ ਕੁਲਦੀਪ ਸਿੰਘ, ਗੁਰਦੁਆਰਾ ਕੀਰਤਨਗੜ੍ਹ ਗੁਮਟੀ ਦੇ ਪ੍ਰਧਾਨ ਹਰਜੀਤ ਸਿੰਘ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਪ੍ਰਯਾਗਰਾਜ (ਅਲਾਹਾਬਾਦ) ਦੇ ਪ੍ਰਧਾਨ ਹਰਜਿੰਦਰ ਸਿੰਘ, ਸਿੱਖ ਮਿਸ਼ਨ ਹਾਪੜ ਦੇ ਇੰਚਾਰਜ ਬਿਸ਼ਨਪਾਲ ਸਿੰਘ, ਪ੍ਰਚਾਰਕ ਭਾਈ ਜਗਜੀਤ ਸਿੰਘ, ਭਾਈ ਵਰਿੰਦਰਪਾਲ ਸਿੰਘ ਅਤੇ ਵੱਖ-ਵੱਖ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਅਹੁਦੇਦਾਰ ਵੀ ਮੌਜੂਦ ਸਨ।




## Change of Name

I, Sahil S/o Bhushan Kumar R/o Village Saido Patti Distt. Hoshiarpur Punjab have changed my name from Sahil to Sahil Jamal. Concerned note.

I, Rajwinder Kaur Rattan W/O Narinder Singh R/O Tarn Taran Road, Gilaan Patti Chabba, Amritsar, Punjab have changed my name from Rajwinder Kaur Rattan to Rajwinder Kaur. Concerned note.

I, Jaskarandeep Singh S/O Gurpreet Singh R/O VPO Tarsikka, Tehsil Baba Bakala, Distt. Amritsar, Punjab have changed my name from Jaskarandeep Singh to Singh is my surname and Jaskarandeep is my given name.

I, Neeraj S/o Ashok Kumar R/o 152, 3 Shaheed Udham Singh Colony, Amritsar, Punjab-143001 have changed my name from Neeraj to Neeraj Chadha.

I Mandeep Kaur D/O Malwinder Singh Darian R/O B-xi-53/9 Near Guru Nanak Medical Hall,Kahnuwan Road,Batala,Gurdaspur Changed My Name To Mandeep Kaur Darian.

I Jyoti Chauhan w/o Munish,R/o 25,New Kartar Nagar, Jalandhar have changed my name from Jyoti Chauhan to Jyoti after marriage.

I Jacob Deepak S/o Noor Maseeh, R/o H.N. B-1/180 Guru Nanak Nagar, Suranussi, Jalandhar have changed my name from J. Deepak to Jacob Deepak.

I, Veena Kumari, D/O Krishan Gopal, Resident Of House No. 68 A, Grover Colony, Dilbagh Nagar Extension, Jalandhar – I, Jalandhar, Punjab – 144001, Hereby Declare That I Have Changed My Name From Veena Kumari To Veena Kumari Dhall. I Shall Hereafter Be Known As Veena Kumari Dhall For All Purposes. All Concerned Are Requested To Take Note.

I, Neeru Kapoor W/o Yogesh Nanda R/o 678, Flower Valley, Eldeco Greens Jagan, Samipur, Jalandhar have changed my name to Neeru Nanda. All concerned please note.

I Ramanjeet Kaur W/o Raj Kumar R/o VPO Kaila, Teh. Dharamkot, Distt. Moga- 142042, Punjab, have changed name of my minor daughter from Mehakpreet Kaur to Kaur Mehakpreet in which her given name Mehakpreet and her surname as Kaur. All concerned please note.

I, Paramjeet Arora W/o Manpreet Singh R/o H.No.641, Gali No.2, Dashmesh Nagar, Tarn Taran Road, Amritsar have changed my name from Paramjeet Arora to Parmjeet

I, Anu Verma Alias Kashish Verma W/o Pankaj Verma R/o H.No.189, Park Avenue, Opp Riyal International School District Amritsar have changed my name from Anu Verma Alias Kashish Verma to Anu Verma

I, Balkar Singh Cheema S/o Amrik Singh R/o Vill Malikpur, PO Govt. Poly. Tech. Batala, Gurdaspur have changed my name from Balkar Singh Cheema to Balkar Singh.

I, Amarjit Kaur W/o Balkar Singh R/o Malikpur PO Govt. Poly. Tech. Batala, Gurdaspur have changed my name from Amarjit kaur to Ritu.

I, Baljeet Singh S/o Dalbir Singh R/o Village Jathu Nangal, Tehsil Majitha District Amritsar have declare that Baljeet is my Given name and Singh is my Surname

I, Sarabjeet Singh S/o Amrik Singh R/o Pind Chhina Amritsar Punjab-143113 have changed my name from Sarabjeet Singh to Sarbjeet Singh

I, Mustaq Masih S/o Rulia Masih R/o H.No.16/232 Friends Avenue Majitha Road Amritsar have changed my name to Mustak Masih.

I, Neelam Jyoti w/o Krishan Kumar resident of Mohalla Kesri Bagh, D.S.P Wali Gali, Kapurthala-144601, Punjab, India, have changed my name from NILAM JOTI to NEELAM JYOTI. All concerned may please note.

I, Joginder Singh Narula S/O Kirpal Singh R/O H.No.378,Near Gupta Bakery, East Mohan Nagar,Amritsar, Punjab have changed my name from Joginder Singh Narula to Joginder Singh.Concerned note.

I, Chaman Lal S/o Durga Dass R/o H.No. 50, Deep Nagar, Jalandhar Cantt, Jalandhar have changed my name from Chaman Lal to Chaman Lal Chumber. All concerned please note.

I, Sangeeta Rani Alias Saviti w/o Ashwani Kumar r/o H.No.179/A, Tower Enclave, Phase-2, Jalandhar-144014, Punjab have changed my name from Sangeeta Rani Alias Saviti to Sangeeta Rani. All Please Note.

I, Maya Devi Alias Mamta w/o Harbhajan Lal r/o H.No.107, Arjun Nagar, Jalandhar-144001, Punjab have changed my name from Maya Devi Alias Mamta to Maya Devi. All Please Note.

I, Rohit s/o Kamaljit r/o VPO. Talhan, Tehsil and Distt. Jalandhar, Punjab, India have changed my name from Rohit to Rohit Chahal. All Please Note.

I, Narinder Kaur W/o Jaswinder Singh R/o Mohalla Pandori, Sultanpur Lodhi, Kapurthala, Punjab have changed my name from Narinder Kaur to Ninder Kaur. All Please Note.

I, Sandeep Singh Ghuman S/o Santokh Singh R/o D-44, Punjab Avenue, Subhana, Jalandhar, Punjab have changed my minor daughter name from Manvir Kaur to Manvir Kaur Ghuman. All Please Note.

I, Naman S/o Rajesh Kumar R/o H.No. 15, Bank Colony, Basti Bawa Khel, Jalandhar have changed my name from Naman to Naman Kashyap (Surname as Kashyap) All Please Note.

I, Malkeet Singh S/o Gian Singh R/o H.No. 49/129, New Hardyal Nagar, Sheikhe Pind Jalandhar, Punjab-144025 have changed my name and shall hereafter be known as Malkit Singh. All Please Note.

I, hitherto known as Gagandeep Kaur D/o Sukhwinder Singh W/o Gurpreet Singh R/o Village Gurusar, Po. Bhagta Bhai, Sub Dist. Rampura Phul, Bathinda, Punjab- 151206, have changed my name and shall hereafter be known as Gagandeep Kaur Chauhan.

## Change of Name

I, Sarbjit Kaur W/o Sharanjit Singh Samra R/o VPO. Samrai, Patti Ali Sher, Teh. Phillaur, Distt. Jalandhar have changed my name from Sarbjit Kaur to Sarabjit Kaur Samra. All Please Note.

I, hitherto known as Balbir Singh S/o Sewa Singh R/o Vill. Daburji, Po. Miani, Distt. Hoshiarpur, Punjab, 144202, have changed my name from and shall hereafter be known as Balvir Singh.

I, hitherto known as Balwant Singh S/o Amar Singh R/o VPO.Maksudpur, Teh.Bholath, Kapurthala, Punjab- 144819, have changed my name and shall hereafter be known as Satwant Singh.

I, Saranjit Singh S/o Bikkar Singh R/o VPO. Samrai, Patti Ali Sher, Teh. Phillaur, Distt. Jalandhar have changed my name from Saranjit Singh to Sharanjit Singh Samra.

I, Hira Lal S/o Ajit Lal R/o Village Daburji, Po Miani, Teh. Dasuya (Hoshiarpur) Punjab. Have Changed my name to Heera Lal. Please Note.

## PUBLIC NOTICE

I sanjay jain S/o Narinder Kumar Jain, R/o House. No. 3655/8-A, Gali No.8, New Madhopuri Ludhiana, has declare, my son Jatin Jain and his wife Niharika Jain are out of my Control. I disown them from my movable and immovable property. They will be responsible for their transaction, good-bad, Legal And illegal activities. We Shall not be responsible for any kind activity the done.

I, Manpreet Kaur D/o Surinder Singh, R/o Vill- Chuharpur, Tehsil/Distt- Gurdaspur, Pin code-143530, Punjab, India. Declate that my given name as Manpreet and Surname as Kaur.

## ਨਾਂਅ ਦੀ ਬਦਲੀ

ਮੈਂ, ਸਤਨਾਮ ਪੁੱਤਰ ਸਾਧੂ ਰਾਮ ਮ.ਨੰ. 731/35 ਬਲਦੇਵ ਨਗਰ, ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਪੁੱਤਰ ਦਾ ਨਾਂ ਜਗਦੀਸ਼ ਤੋਂ ਬਦਲਕੇ ਜਗਦੀਸ਼ ਮਹਿਰਾ ਰੱਖ ਲਿਆ ਹੈ।

ਮੈਂ ਚਮਕੌਰ ਸਿੰਘ ਸੇਖੋਂ ਪੁੱਤਰ ਸਾਹਿਬ ਸਿੰਘ ਵਾਸੀ ਪਿੰਡ ਲਾਲਵਾ ਤਹਿਸੀਲ ਪਾਤੜਾਂ (ਪਟਿਆਲਾ) ਨੇ ਆਪਣਾ ਨਾਮ ਬਦਲ ਕੇ ਚਮਕੌਰ ਸਿੰਘ ਰੱਖ ਲਿਆ ਹੈ।

ਮੈਂ, ਮਮਤਾ ਮਹਿੰਦਰੂ ਪਤਨੀ ਸ੍ਰੀ ਅਮਿਤ ਅਨੰਦ ਵਾਸੀ ਡਬਲਯੂ ਜੀ 555, ਉੱਚਾ ਸੁਰਾਜ ਗੰਜ, ਜਲੰਧਰ-144001, ਪੰਜਾਬ ਨੇ ਆਪਣਾ ਨਾਮ ਵਿਆਹ ਤੋਂ ਬਾਅਦ ਮਮਤਾ ਮਹਿੰਦਰੂ ਤੋਂ ਬਦਲ ਕੇ ਮਮਤਾ ਅਨੰਦ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਜਮੀਲਾ ਬੇਗਮ ਪਤਨੀ ਸ੍ਰੀ ਗੁਲਜਾਰ ਵਾਸੀ ਮਕਾਨ ਨੰ: 742, ਡਾਕਟਰ ਹੇਤ ਰਾਮ ਕਾਲੋਨੀ, ਨਰੈਣਗੜ੍ਹ, ਛੇਹਰਟਾ, ਅੰਮ੍ਰਿਤਸਰ ਨੇ ਆਪਣਾ ਨਾਂਅ ਜਮੀਲਾ ਬੇਗਮ ਤੋਂ ਬਦਲ ਕੇ ਕਾਂਤਾ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

## ਆਮ ਸੂਚਨਾ

ਮੈਂ ਹਰਚਰਨ ਕੌਰ ਪਤਨੀ ਲੇਟ ਸ. ਸੰਤੋਖ ਸਿੰਘ ਵਾਸੀ ਮਕਾਨ ਨੰਬਰ 15/399, ਕਿਰਪਾਲ ਕਲੋਨੀ, ਤੁੰਗਬਾਲਾ, ਮਜੀਠਾ ਰੋਡ, ਜਿਲ੍ਹਾ ਅੰਮ੍ਰਿਤਸਰ ਹਲਫੀਆ ਬਿਆਨ ਕਰਦੀ ਹਾਂ ਕਿ ਮੈਂ ਮਿਤੀ 29 ਅਪ੍ਰੈਲ 2010 ਨੂੰ ਰਾਹੀਂ ਅਖਬਾਰੀ ਇਸ਼ਤਿਹਾਰ ਅਖ਼ਬਾਰ ਰੋਜ਼ਾਨਾ ਸਪੋਕਸਮੈਨ ਅਮਰਬੀਰ ਸਿੰਘ ਤੇ ਉਸ ਦੀ ਪਤਨੀ ਕੁਲਜੀਤ ਕੌਰ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਮੈਂ ਹੁਣ ਉਕਤ ਬੇਦਖਲੀ ਨੋਟਿਸ ਖਿਲਾਫ ਅਮਰਬੀਰ ਸਿੰਘ ਤੇ ਉਸ ਦੀ ਪਤਨੀ ਕੁਲਜੀਤ ਕੌਰ ਵਾਪਸ ਲੈ ਰਹੀ ਹਾਂ।

ਮੈਂ ਰਾਜਵਿੰਦਰ ਕੌਰ ਪੁਤਰੀ ਦੀਵਾਨ ਸਿੰਘ ਪਤਨੀ ਹੀਰਾ ਸਿੰਘ ਵਾਸੀ ਪਿੰਡ ਗੰਡੀਵਿੰਡ ਸਰਾਏ ਅਮਾਨਤ ਖਾਂ ਤਹਿਸੀਲ ਅਤੇ ਜ਼ਿਲ੍ਹਾ ਤਰਨ ਤਾਰਨ ਸੂਚਿਤ ਕਰਦੀ ਹਾਂ ਕਿ ਮੇਰਾ ਪਤੀ ਹੀਰਾ ਸਿੰਘ ਮੇਰੇ ਕਹਿਣੇ ਵਿੱਚ ਨਹੀਂ ਹੈ।ਮੈਂ ਉਸ ਨਾਲ ਆਪਣੇ ਸਾਰੇ ਸੰਬੰਧ ਤੋੜਦੀ ਹਾਂ । ਮੈਂ ਅਤੇ ਮੇਰਾ ਬਾਕੀ ਪਰਿਵਾਰ ਉਸ ਦੇ ਕਿਸੇ ਚੰਗੇ ਮਾੜੇ ਕੰਮ ਦਾ ਜਿੰਮੇਵਾਰ ਨਹੀਂ ਹੋਵੇਗਾ । ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਸ਼ੈਲੀ ਸਰੀਨ ਪਤਨੀ ਸ਼੍ਰੀ ਰਵੀ ਕੁਮਾਰ, ਨਿਵਾਸੀ ਸਰੀਨ ਨਿਵਾਸ, ਸਟੇਟ ਬੈਂਕ ਆਫ਼ ਇੰਡੀਆ ਦੇ ਨੇੜੇ, VPO ਮੇਹਟੀਆਣਾ, ਜ਼ਿਲ੍ਹਾ ਹੁਸ਼ਿਆਰਪੁਰ, ਮੈਨੂੰ ਸ਼ੈਲੀ ਸਰੀਨ ਅਤੇ ਸ਼ੈਲੀ ਦੋਵੇਂ ਨਾਮਾਂ ਨਾਲ ਇੱਕੋ ਹੀ ਔਰਤ ਨੂੰ ਜਾਣਿਆ ਅਤੇ ਬੁਲਾਇਆ ਜਾਂਦਾ ਹੈ। ਮੇਰਾ ਸਹੀ ਨਾਮ ਸ਼ੈਲੀ ਸਰੀਨ ਹੈ ਅੱਗੇ ਤੋਂ ਮੈਨੂੰ ਇਸੇ ਨਾਮ ਨਾਲ ਜਾਣਿਆ ਜਾਵੇ।ਸਾਰੇ ਸੰਬੰਧਤ ਨੋਟ ਕਰਨ।

ਮੈਂ ਗੁਰਜਿੰਦਰ ਸਿੰਘ ਪੁੱਤਰ ਕੁਲਵਿੰਦਰ ਸਿੰਘ ਵਾਸੀ ਮਕਾਨ ਨੰ: 30 ਗਲੀ ਨੰ: 1, ਨਿਊ ਪਟੇਲ ਨਗਰ ਫਗਵਾੜਾ ਜ਼ਿਲਾ ਕਪੂਰਥਲਾ ਦਾ ਰਹਿਣ ਵਾਲਾ ਹਾਂ। ਇਹ ਕਿ ਗੁਰਜਿੰਦਰ ਸਿੰਘ ਅਤੇ ਕਰਨ ਮੇਹਤ ਦੋਵੇ ਨਾਮ ਮੇਰੇ ਹੀ ਹਨ ਮੈਨੂੰ ਦੋਵਾਂ ਨਾਵਾ ਨਾਲ ਜਾਣਿਆ ਜਾਂਦਾ ਹੈ। ਗੁਰਜਿੰਦਰ ਸਿੰਘ ਅਤੇ ਕਰਨ ਮੇਹਤ ਦੋਵਾਂ ਨਾਵਾਂ ਵਾਲਾ ਮੈਂ ਇੱਕ ਹੀ ਵਿਅਕਤੀ ਹਾਂ। ਸੰਬੰਧਿਤ ਨੋਟ ਕਰਨ।

ਮੈਂ, ਸਤਪਾਲ ਪੁੱਤਰ ਕਰਤਾਰ ਰਾਮ ਪਿੰਡ ਮਨਹੋਤਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰੀ ਜ਼ਮੀਨ ਪਿੰਡ ਮਨਹੋਤਾ ਹਦਬਸਤ ਨੰਬਰ 466 ਵਿਚ ਹੈ, ਜਿਸ ਵਿਚ ਮਹਿਕਮਾ ਮਾਲ ਦੇ ਕਾਗਜ਼ਾਂ ਵਿਚ ਮੇਰਾ ਨਾਂਅ ਸਤਪਾਲ ਸਿੰਘ ਪੁੱਤਰ ਕਰਤਾਰ ਸਿੰਘ ਲਿਖਿਆ ਹੈ। ਆਧਾਰ ਕਾਰਡ ਦੇ ਮੁਤਾਬਿਕ ਮੇਰਾ ਸਹੀ ਨਾਂਅ ਸਤਪਾਲ ਪੁੱਤਰ ਕਰਤਾਰ ਰਾਮ ਮਹਿਕਮਾ ਮਾਲ ਦੇ ਕਾਗਜ਼ਾਂ ਵਿਚ ਦਰਜ ਕੀਤਾ ਜਾਵੇ।

ਇਸ ਦਫਤਰ ਅਧੀਨ ਹਰਦਿਆਲ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਦਿਆਲਪੁਰਾ ਦੇ ਨਾਮ ਤੇ ਖਾਤਾ ਨੰਬਰ ਏ.ਪੀ 13/163 ਟਿਊਬਵੈਲ ਕੁਨੈਕਸਨ ਚੱਲ ਰਿਹਾ ਹੈ। ਇਸ ਕੁਨੈਕਸ਼ਨ ਨੂੰ ਹੁਣ ਬਚਿੱਤਰ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਦਿਆਲਪੁਰਾ ਆਪਣੇ ਨਾਮ ਤਬਦੀਲ ਕਰਵਾਉਣਾ ਚਾਹੁੰਦਾ ਹੈ । ਇਸ ਸੰਬੰਧੀ ਜੇਕਰ ਕਿਸੇ ਨੂੰ ਇਤਰਾਜ ਹੈ ਤਾਂ ਉਹ 15 ਦਿਨਾਂ ਦੇ ਅੰਦਰ ਅੰਦਰ ਆਪਣਾ ਇਤਰਾਜ ਬਿਜਲੀ ਦਫਤਰ ਬਰੇਟਾ ਵਿਖੇ ਪੇਸ ਕਰ ਸਕਦਾ ਹੈ।

ਇਸ ਦਫਤਰ ਅਧੀਨ ਪਿੰਡ ਖੱਤਰੀਵਾਲਾ ਵਿਖੇ ਰਸਾਲਾ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਦਿਆਲਪੁਰਾ ਦੇ ਨਾਮ ਤੇ ਖਾਤਾ ਨੰਬਰ ਏ.ਪੀ 13/15 ਟਿਊਬਵੈਲ ਕੁਨੈਕਸ਼ਨ ਚੱਲ ਰਿਹਾ ਹੈ। ਇਸ ਕੁਨੈਕਸ਼ਨ ਨੂੰ ਹੁਣ ਹਰਦਿਆਲ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਦਿਆਲਪੁਰਾ ਆਪਣੇ ਨਾਮ ਤਬਦੀਲ ਕਰਵਾਉਣਾ ਚਾਹੁੰਦਾ ਹੈ । ਇਸ ਸੰਬੰਧੀ ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ ਉਹ 15 ਦਿਨਾਂ ਦੇ ਅੰਦਰ ਅੰਦਰ ਆਪਣਾ ਇਤਰਾਜ਼ ਬਿਜਲੀ ਦਫਤਰ ਬਰੇਟਾ ਵਿਖੇ ਪੇਸ਼ ਕਰ ਸਕਦਾ ਹੈ।

ਇਸ ਦਫਤਰ ਅਧੀਨ ਜਰਨੈਲ ਸਿੰਘ ਪੁੱਤਰ ਜੁਆਲਾ ਸਿੰਘ ਵਾਸੀ ਬਠਿੰਡਾ ਜ਼ਿਲਾ ਬਠਿੰਡਾ ਦੇ ਨਾਮ ਤੇ ਖਾਤਾ ਨੰਬਰ ਏ.ਪੀ 20/94 ਰਕਬਾ ਮੰਢਾਲੀ ਵਿਖੇ ਟਿਊਬਵੈਲ ਕੁਨੈਕਸ਼ਨ ਚੱਲ ਰਿਹਾ ਹੈ। ਇਸ ਕੁਨੈਕਸ਼ਨ ਨੂੰ ਹੁਣ ਕੁਲਵੰਤ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਬਠਿੰਡਾ ਨੇ ਆਪਣੇ ਨਾਮ ਤਬਦੀਲ ਕਰਵਾਉਣ ਲਈ ਬਿਨੈ ਪੱਤਰ ਦਿੱਤਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ ਉਹ 15 ਦਿਨਾਂ ਦੇ ਅੰਦਰ ਅੰਦਰ ਆਪਣਾ ਇਤਰਾਜ਼ ਬਿਜਲੀ ਦਫਤਰ ਬੋਹਾ ਵਿਖੇ ਪੇਸ਼ ਕਰ ਸਕਦਾ ਹੈ।

ਇਸ ਦਫਤਰ ਅਧੀਨ ਅਮਰੀਕ ਸਿੰਘ ਪੁੱਤਰ ਸੁਖਵਿੰਦਰ ਸਿੰਘ ਵਾਸੀ ਸੱਦਾ ਸਿੰਘ ਵਾਲਾ ਦੇ ਨਾਮ ਤੇ ਖਾਤਾ ਨੰਬਰ ਏ.ਪੀ 49/25 ਟਿਊਬਵੈਲ ਕੁਨੈਕਸ਼ਨ ਚੱਲ ਰਿਹਾ ਹੈ। ਇਸ ਕੁਨੈਕਸ਼ਨ ਨੂੰ ਹੁਣ ਗੁਰਮੀਤ ਕੌਰ ਪਤਨੀ ਗੁਰਨਾਮ ਸਿੰਘ ਤੇ ਅਮਨਦੀਪ ਕੌਰ ਪਤਨੀ ਕਰਮਜੀਤ ਕੌਰ ਨੇ ਆਪਣੇ ਨਾਮ ਤਬਦੀਲ ਕਰਵਾਉਣ ਲਈ ਬਿਨੈ ਪੱਤਰ ਦਿੱਤਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ ਉਹ 15 ਦਿਨਾਂ ਦੇ ਅੰਦਰ ਅੰਦਰ ਆਪਣਾ ਇਤਰਾਜ਼ ਬਿਜਲੀ ਦਫਤਰ ਮਾਨਸਾ ਵਿਖੇ ਪੇਸ਼ ਕਰ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 02/8079 ਬਲਜਿੰਦਰ ਕੌਰ ਪਤਨੀ ਸੁਖਚੈਨ ਸਿੰਘ ਵਾਸੀ ਪਿੰਡ ਸੰਗੋਵਾਲ ਤੋਂ ਨਾਂਅ ਬਦਲੀ ਕਰਕੇ ਹਰਿੰਦਰ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਨੂਰਪੁਰ ਬੇਟ (ਰਕਬਾ ਉਮਰਵਾਲ ਬਿੱਲਾ, ਜਲੰਧਰ) ਦੇ ਨਾਂਅ ਪਰ ਕਰਨਾ ਹੈ, ਕੋਈ ਵੀ ਇਤਰਾਜ਼ ਪੰਦਰਾਂ ਦਿਨਾ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

## ਬੇਦਖਲੀ ਨੋਟਿਸ

ਮੈਂ ਸਾਧੂ ਪਤਨੀ ਵਿਨੋਦ ਕੁਮਾਰ ਵਾਸੀ 70,ਗਲੀ ਨੰ.3, ਸ਼ਹੀਦ ਊਧਮ ਸਿੰਘ ਕਲੋਨੀ,ਨਵੀਂ ਅਬਾਦੀ, ਅੰਮ੍ਰਿਤਸਰ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਮਿਤ ਅਤੇ ਉਸਦੀ ਪਤਨੀ ਮੋਨੀਕਾ ਅਤੇ ਦੂਸਰਾ ਲੜਕਾ ਵਿਸ਼ਾਲ ਅਤੇ ਉਸਦੀ ਪਤਨੀ ਮਨੀਸ਼ਾ ਸਾਰੇ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ, ਆਪਣੀ ਮਨ ਮਰਜ਼ੀਆਂ ਕਰਦੇ ਹਨ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਸਭ ਨੂੰ ਆਪਣੀ ਸਾਰੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਖੁਦ ਜ਼ਿੰਮੇਵਾਰ ਹੋਣਗੇ ਅਤੇ ਮੈਂ ਜਾਂ ਮੇਰਾ ਪਰਿਵਾਰ ਜ਼ਿੰਮੇਵਾਰ ਨਹੀਂ ਹੋਵੇਗਾ। ਮੇਰਾ ਅਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਸੰਬੰਧ ਨਹੀਂ।

ਮੈਂ ਪ੍ਰੇਮ ਚੰਦ ਪੁੱਤਰ ਗੀਰਾ ਰਾਮ ਵਾਸੀ ਪਿੰਡ ਗੁਲਾਹੜ ਤਹਿਸੀਲ ਪਾਤੜਾਂ (ਪਟਿਆਲਾ) ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੰਦੀਪ ਕੁਮਾਰ ਅਤੇ ਨੂੰਹ ਗੀਤਾ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਨੂੰ ਆਪਣੀ ਸਾਰੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ?। ਮੇਰਾ ਤੇ ਮੇਰੇ ਪਰਿਵਾਰ ਦਾ ਇਹਨਾਂ ਨਾਲ ਕੋਈ ਸੰਬੰਧ ਨਹੀਂ ਸੰਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਗੁਰਦਿਆਲ ਸਿੰਘ ਪੁੱਤਰ ਮਹਿੰਗਾ ਸਿੰਘ ਵਾਸੀ ਪਿੰਡ ਸੰਗੋਵਾਲ, ਜ਼ਿਲ੍ਹਾ ਕਪੂਰਥਲਾ ਆਪਣੇ ਲੜਕੇ ਹਰਮਿੰਦਰ ਸਿੰਘ ਅਤੇ ਨੂੰਹ ਸ਼ੁਭਦੀਪ ਸੋਫੀਆ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ , ਮਹਿੰਦਰ ਸਿੰਘ ਪੁੱਤਰ ਦੀਵਾਨ ਚੰਦ ਵਾਸੀ ਪਿੰਡ ਗੱਜਾਂ, ਡਾਕ: ਚੱਕ ਲਾਦੀਆਂ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦਲਜੀਤ ਸਿੰਘ ਅਤੇ ਮੇਰੀ ਨੂੰਹ ਸੁਮਨਦੀਪ ਕੌਰ ਪਤਨੀ ਦਲਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸਬੰਧਿਤ ਨੋਟ ਕਰਨ।

ਮੈਂ, ਕੁਲਵੰਤ ਸਿੰਘ ਪੁੱਤਰ ਚਰਨ ਸਿੰਘ ਵਾਸੀ ਹਰਦੋ ਝੰਡੇ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਨਿਰਵੈਰ ਸਿੰਘ ਅਤੇ ਮੇਰੀ ਨੂੰਹ ਨਵਦੀਪ ਕੌਰ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਕੁਲਦੀਪ ਕੌਰ ਪਤਨੀ ਸ਼੍ਰੀ ਸੰਤੋਖ ਕੁਮਾਰ ਵਾਸੀ ਪਿੰਡ ਤੇ ਡਾਕਖਾਨਾ ਅਹਿਰਾਣਾ ਕਲਾਂ, ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਵਰਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈ ਨਿਰਮਲ ਸਿੰਘ ਪੁੱਤਰ ਬਲਬੀਰ ਸਿੰਘ ਵਾਸੀ ਪਿੰਡ ਜੌਂਸ ਤਹਿਸੀਲ ਲੋਪੋਕੇ ਜਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾ ਕਿ ਮੇਰਾ ਲੜਕਾ ਦਿਲਰਾਜ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਆਪਣੇ ਲੜਕੇ ਦਿਲਰਾਜ ਸਿੰਘ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜੁੰਮੇਵਾਰ ਹੋਵਾਗਾ।

ਮੈਂ, ਬਿਓਮ ਸਿੰਘ ਪੁੱਤਰ ਬੱਬਨ ਸਿੰਘ ਵਾਸੀ ਰੇਲਵੇ ਕਲੋਨੀ, ਵੇਰਕਾ ਕੁਆਟਰ ਨੰ."-54, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕੀ ਮੇਰੀ ਪਤਨੀ ਆਰਤੀ ਮੇਰਾ ਲੜਕਾ ਅਨਗ ਅਤੇ ਮੇਰੀ ਲੜਕੀ ਜਾਨਵੀ ਮੇਰੇ ਕਹਿਣ ਤੋਂ ਬਾਹਰ ਹਨ ਮੈਂ ਇਨ੍ਹਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀ ਹਨ । ਇਨ੍ਹਾ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ

ਮੈਂ ਕਵਿਤਾ ਅਗਰਵਾਲ ਸਵਰਗੀ ਸੁਭਾਸ਼ ਚੰਦ ਵਾਸੀ 216, ਸਾਹਿਬਜ਼ਾਦਾ ਜੁਝਾਰ ਸਿੰਘ ਐਵੀਨਿਊ, ਅੰਮ੍ਰਿਤਸਰ ਬਿਆਣ ਕਰਦੀ ਹਾਂ ਕਿ ਮੇਰਾ ਪੋਤਰਾ ਅਰਪਿਤ ਅਗਰਵਾਲ ਪੁੱਤਰ ਕੁਲਦੀਪ ਅਗਰਵਾਲ ਮੇਰੇ ਕਹਿਣ ਤੋਂ ਬਾਹਰ ਹੈ ਮੈ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹੈ । ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ।

ਮੈਂ ਜਰਨੈਲ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਗਿਦੜੀ ਬਘਿਆੜੀ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਮੇਰਾ ਲੜਕਾ ਗੁਰਬੀਰ ਸਿੰਘ ਅਤੇ ਨੂੰਹ ਪੂਜਾ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਦੋਵਾਂ ਨੂੰ ਆਪਣੀ ਚੱਲ/ਅੱਚਲ ਜਾਇਦਾਦ ਵਿਚੋਂ ਬੇਦਖ਼ਲ ਕਰਦਾ ਹੈ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਬੇਦਖਲੀ ਨੋਟਿਸਮੈਂ, ਬਲਜੀਤ ਕੌਰ ਪਤਨੀ ਬਾਲ ਮੁਕੰਦ ਵਾਸੀ ਪਿੰਡ ਰਾਏਪੁਰ ਰਸੂਲਪੁਰ, ਜ਼ਿਲ੍ਹਾ ਜਲੰਧਰ ਦੀ ਰਹਿਣ ਵਾਲੀ ਹਾਂ। ਮੇਰਾ ਲੜਕਾ ਦਮਨਦੀਪ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦਾ ਹੈ। ਮੈਂ ਬਲਜੀਤ ਕੌਰ ਆਪਣੇ ਲੜਕੇ ਦਮਨਦੀਪ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸੁਭਾਸ਼ ਕੁਮਾਰ ਪੁੱਤਰ ਕਿਸ਼ਨ ਲਾਲ ਵਾਸੀ ਮਕਾਨ ਨੰ. 872, ਏਕਤਾ ਨਗਰ, ਰਾਮਾ ਮੰਡੀ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਿਕੰਦਰ ਉਰਫ ਅਕਾਸ਼ ਉਮਰ ਕਰੀਬਨ 27 ਸਾਲ (ਕੁਆਰਾ), ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਜੋਗਿੰਦਰ ਸਿੰਘ ਪੁੱਤਰ ਸ਼ਿੰਗਾਰਾ ਸਿੰਘ, ਵਾਸੀ ਪਿੰਡ ਬੁੱਢਾ ਥੇਹ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਮੇਰਾ ਲੜਕਾ ਵਿਕਰਮਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਪਿਆਰਾ ਸਿੰਘ ਪੁੱਤਰ ਸੋਹਨ ਸਿੰਘ ਵਾਸੀ ਸੀਹੋਵਾਲ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਗੁਰਪ੍ਰੀਤ ਸਿੰਘ ਅਤੇ ਮੇਰੀ ਨੂੰਹ ਦਲਜੀਤ ਕੌਰ ਜੋ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਹਨਾਂ ਨੂੰ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਹਨਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਰੀਟਾ ਪਤਨੀ ਸਤਪਾਲ ਅਤੇ ਸਤਪਾਲ ਪੁੱਤਰ ਸਾਦਿਕ, ਵਾਸੀ ਮੁਹੱਲਾ ਸ਼ਹਿਜ਼ਾਦਾ ਨੰਗਲ, ਗੁਰਦਾਸਪੁਰ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ। ਸਾਡਾ ਲੜਕਾ ਅਰਪਨ ਮਸੀਹ ਅਤੇ ਉਸ ਦੀ ਪਤਨੀ ਰਾਧਾ, ਜੋ ਸਾਡੇ ਅਤੇ ਸਾਡੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਅਸੀਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੋ ਇਹਨਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਅਮਰਜੀਤ ਰਾਮ ਪੁੱਤਰ ਪਰਕਾਸ਼ ਰਾਮ ਵਾਸੀ ਪਿੰਡ ਤੱਖਰ ਡਾਕਖਾਨਾ ਸਰਗੁੰਦੀ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਜੋ ਕਿ ਮੇਰੇ ਕਹਿਣੇ ਤੋ ਬਾਹਰ ਹੈ ਜਿਸ ਕਰਕੇ ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਕੋਈ ਵੀ ਇਸ ਦੇ ਨਾਲ ਕਿਸੇ ਤਰਾਂ ਦਾ ਲੈਣ ਦੇਣ ਕਰਦਾ ਹੈ , ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ, ਮੋਹਣ ਲਾਲ ਪੁੱਤਰ ਸ੍ਰੀ ਜੱਸਾ ਰਾਮ ਵਾਸੀ ਪਿੰਡ ਮਿਰਜ਼ਾਪੁਰ ਖਡਿਆਲਾ, ਤਹਿ./ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਲਵਪ੍ਰੀਤ ਸਿੰਘ ਅਤੇ ਇਸ ਦੀ ਪਤਨੀ ਚੰਦਾ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇਕਾਰ ਨਹੀਂ ਹਨ। ਮੈਂ ਅਤੇ ਮੇਰਾ ਪਰਵਾਰ ਇਨ੍ਹਾਂ ਤੋਂ ਦੁਖੀ ਹੈ। ਇਨ੍ਹਾਂ ਨਾਲ ਲੈਣ-ਦੇਣ, ਸੰਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਵੀ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਗੁਰਪਾਲ ਸਿੰਘ ਪੁੱਤਰ ਜਗੀਰ ਅਤੇ ਪਰਮਜੀਤ ਕੌਰ ਪਤਨੀ ਗੁਰਪਾਲ ਸਿੰਘ ਵਾਸੀ ਪਿੰਡ ਤੇ ਡਾਕ. ਬੈਂਸ ਅਵਾਨ, ਤਹਿ. ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦੇ ਹਾਂ ਕਿ ਸਾਡੀ ਬੇਟੀ ਪਲਵਿੰਦਰ ਕੌਰ (04.10.2002) ਸਾਡੇ ਕਹਿਣੇਕਾਰ ਨਹੀਂ ਹੈ, ਜਿਸ ਕਰਕੇ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਤੇ ਸੰਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਤਜਿੰਦਰ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਪਿੰਡ ਬੈਂਚ, ਡਾਕ. ਚੁਟਾਲਾ, ਤਹਿ./ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਨਦੀਪ ਸਿੰਘ ਮੇਰੇ ਕਹਿਣੇਕਾਰ ਨਹੀਂ ਹੈ ਜਿਸ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਇਸ ਨਾਲ ਕੋਈ ਵੀ ਹੱਕ-ਵਾਸਤਾ ਨਹੀਂ ਹੋਵੇਗਾ। ਇਸ ਨਾਲ ਲੈਣ-ਦੇਣ, ਸੰਬੰਧ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਕੋਈ ਵੀ ਜ਼ਿੰਮੇਵਾਰੀ ਨਹੀਂ ਹੋਵੇਗੀ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਲਛਮਣ ਸਿੰਘ ਤਹਿਸੀਲਦਾਰ ਕਮ ਸਬ ਰਜਿਸਟਰਾਰ, ਡੇਰਾ ਬਾਬਾ ਨਾਨਕ

ਤਸਦੀਕ ਵਸੀਅਤ ਅਧੀਨ ਜ਼ੇਰ ਧਾਰਾ 40 ਆਫ ਰਜਿਸਟਰੇਸ਼ਨ ਐਕਟ 1908 ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਚੂਹੜ ਸਿੰਘ ਪੁੱਤਰ ਸੰਤ ਸਿੰਘ ਵਾਸੀ ਪਿੰਡ ਗਿੱਲਾਂਵਾਲੀ, ਤਹਿਸੀਲ ਡੇਰਾ ਬਾਬਾ ਨਾਨਕ ਨੇ ਅੱਜ ਮਿਤੀ 26/6/2025 ਨੂੰ ਤਹਿਸੀਲ ਦਫਤਰ ਡੇਰਾ ਬਾਬਾ ਨਾਨਕ ਵਿਚ ਇੱਕ ਅਣ-ਰਜਿਸਟਰਡ ਵਸੀਅਤ ਰਜਿਸਟਰ ਹੋਣ ਲਈ ਪੇਸ਼ ਕੀਤੀ ਹੈ, ਜੋ ਕਿ ਗੁਰਬਚਨ ਕੌਰ ਵਿਧਵਾ ਸੰਤ ਸਿੰਘ ਵੱਲੋਂ ਮਿਤੀ 10/01/1996 ਨੂੰ ਚੂਹੜ ਸਿੰਘ ਪੁੱਤਰ ਸੰਤ ਸਿੰਘ ਦੇ ਹੱਕ ਵਿਚ ਲਿਖੀ ਹੋਈ ਹੈ। ਗੁਰਬਚਨ ਕੌਰ ਦੀ ਮਿਤੀ 6/5/1996 ਨੂੰ ਮੌਤ ਹੋ ਚੁੱਕੀ ਹੈ ਅਤੇ ਮੌਤ ਦਾ ਸਰਟੀਫਿਕੇਟ ਨਾਲ ਨੱਥੀ ਹੈ।ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਜਾਂ ਕਿਸੇ ਰਿਸ਼ਤੇਦਾਰ ਨੂੰ ਜ਼ੇਰ ਧਾਰਾ 40 (1) ਭਾਰਤੀ ਰਜਿਸਟਰੇਸ਼ਨ ਐਕਟ 1908 ਤਹਿਤ ਵਸੀਅਤ ਦੇ ਰਜਿਸਟਰਡ ਹੋਣ ਵਿਚ ਕੋਈ ਇਤਰਾਜ਼ ਹੋਵੇ ਤਾਂ ਉਹ ਇਹ ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ ਤੋਂ ਇੱਕ ਮਹੀਨੇ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਅਸਾਲਤਨ ਜਾਂ ਵਕਾਲਤਨ ਇਸ ਦਫਤਰ ਵਿਚ ਪੇਸ਼ ਕਰ ਸਕਦਾ ਹੈ।ਸਮਾਂ ਬੀਤ ਜਾਣ ਉਪਰੰਤ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ ਅਤੇ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।

ਅੱਜ ਮਿਤੀ 26/6/2025 ਨੂੰ ਮੇਰੇ ਹਸਤਾਖਰਾਂ ਅਤੇ ਅਦਾਲਤ ਦੀ ਮੋਹਰ ਨਾਲ ਜਾਰੀ ਹੋਈ

ਸਬ ਰਜਿਸਟਰਾਰ, ਡੇਰਾ ਬਾਬਾ ਨਾਨਕ

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਲਛਮਣ ਸਿੰਘ ਤਹਿਸੀਲਦਾਰ ਕਮ ਸਬ ਰਜਿਸਟਰਾਰ, ਡੇਰਾ ਬਾਬਾ ਨਾਨਕ

ਤਸਦੀਕ ਵਸੀਅਤ ਅਧੀਨ ਜ਼ੇਰ ਧਾਰਾ 40 ਆਫ ਰਜਿਸਟਰੇਸ਼ਨ ਐਕਟ 1908

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗੁਰਭੇਜ ਸਿੰਘ ਪੁੱਤਰ ਅਮੀਰ ਸਿੰਘ ਵਾਸੀ ਪਿੰਡ ਸ਼ਾਹਪੁਰ ਜਾਜਨ, ਤਹਿਸੀਲ ਡੇਰਾ ਬਾਬਾ ਨਾਨਕ ਨਾਨਕ ਨੇ ਅੱਜ ਮਿਤੀ 16/6/2025 ਨੂੰ ਤਹਿਸੀਲ ਦਫਤਰ ਡੇਰਾ ਬਾਬਾ ਨਾਨਕ ਵਿਚ ਇੱਕ ਅਣ-ਰਜਿਸਟਰਡ ਵਸੀਅਤ ਰਜਿਸਟਰ ਹੋਣ ਲਈ ਪੇਸ਼ ਕੀਤੀ ਹੈ, ਜੋ ਕਿ ਸੋਹਨ ਸਿੰਘ ਪੁੱਤਰ ਬੁੱਢਾ ਸਿੰਘ ਵੱਲੋਂ ਮਿਤੀ 14/2/2025 ਨੂੰ ਹਰਪ੍ਰੀਤ ਸਿੰਘ - ਗੁਰਪ੍ਰੀਤ ਸਿੰਘ ਪੁੱਤਾਰਨ ਰਣਧੀਰ ਸਿੰਘ 1/3 ਹਿੱਸਾ ਵਾ ਗੁਰਭੇਜ ਸਿੰਘ - ਦਿਲਬਾਗ ਸਿੰਘ ਪੁੱਤਰਾਨ ਅਮੀਰ ਸਿੰਘ 1/3 ਹਿੱਸਾ ਵਾ ਦਿਲਾਵਰ ਸਿੰਘ - ਹਰਪਾਲ ਸਿੰਘ, ਬੂਆ ਸਿੰਘ ਪੁੱਤਰਾਨ ਤਰਲੋਕ ਸਿੰਘ 1/3 ਹਿੱਸਾ ਵਾਸੀਆਨ ਪਿੰਡ ਸ਼ਾਹਪੁਰ ਜਾਜਨ ਦੇ ਹੱਕ ਵਿਚ ਲਿਖੀ ਹੋਈ ਹੈ। ਸੋਹਨ ਸਿੰਘ ਦੀ ਮਿਤੀ 15/2/2025 ਨੂੰ ਮੌਤ ਹੋ ਚੁੱਕੀ ਹੈ ਅਤੇ ਮੌਤ ਦਾ ਸਰਟੀਫਿਕੇਟ ਨਾਲ ਨੱਥੀ ਹੈ। ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਜਾਂ ਕਿਸੇ ਰਿਸ਼ਤੇਦਾਰ ਨੂੰ ਜ਼ੇਰ ਧਾਰਾ 40 (1) ਭਾਰਤੀ ਰਜਿਸਟਰੇਸ਼ਨ ਐਕਟ 1908 ਤਹਿਤ ਵਸੀਅਤ ਦੇ ਰਜਿਸਟਰਡ ਹੋਣ ਵਿਚ ਕੋਈ ਇਤਰਾਜ਼ ਹੋਵੇ ਤਾ ਉਹ ਇਹ ਇਸ਼ਤਿਹਾਰ ਪ੍ਰਕਾਸ਼ਤ ਹੋਣ ਦੀ ਮਿਤੀ ਤੋਂ ਇੱਕ ਮਹੀਨੇ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਅਸਾਲਤਨ ਜਾਂ ਵਕਾਲਤਨ ਇਸ ਦਫਤਰ ਵਿਚ ਪੇਸ਼ ਕਰ ਸਕਦਾ ਹੈ।ਸਮਾਂ ਬੀਤ ਜਾਣ ਉਪਰੰਤ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ ਅਤੇ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।

ਅੱਜ ਮਿਤੀ:- 16/06/25 ਨੂੰ ਮੇਰੇ ਹਸਤਾਖਰਾਂ ਅਤੇ ਅਦਾਲਤ ਦੀ ਮੋਹਰ ਨਾਲ ਜਾਰੀ ਹੋਇਆ।

ਸਹੀ/-ਸਬ ਰਜਿਸਟਰਾਰ, ਡੇਰਾ ਬਾਬਾ ਨਾਨਕ।

## PUBLIC NOTICE

This is to be put to notice that on behalf of my client Shubham Housing Development Finance Co. Ltd. (SHDFC) following Public Notice for loss of original document may be publish by the company/owner in loan case of Rishi having App ID APPL05436021.

"Rishi & Jaskirat Singh Bajaj ss/o Harjeet Singh are the owners in possession of Property/H.No.ND-333 measuring about 5.5 Marlas (1 M = 207 sq. fts) situated in Mohalla Purani Kachehri Tehsil & Distt. Jalandhar vide Transfer deed No.2025-26/186/1/1362 dt.24-04-2025. The previous chain document i.e. Original Transfer deed No11132 dt.02-02-2016 has been lost/missing & is not traceable and Gurjit Kaur (Mother of present owners) has lodge/register DDR/Lost information report bearing No. 017 dt. 10-03-2025 with PS Div. No. 3 Jalandhar in respect to loss of above said document to police. If any concern, Bank or any person having any claim, objection related to the above transactions/document and any objection regarding mortgage of said property with SHDFC, he/she may raise objection in writing to SHDFC, 130, Ajit Complex, First Floor, Ranjit Nagar, Jalandhar, within 7 days from the date of publication, failing which no claim will be entertained later by SHDFC."

Note : The above said fact and notice has been drafted under the specific instructions of (SHDFC) and our office/undersigned does not authenticate/ substantiate any of contents mentioned above.

Akhil Chopra, Advocate, Jalandhar

## COURT NOTICE

(U/o 5 Rule 20 CPC)
In The Court of
Ms. Gurpreet Kaur-II
Civil Judge Junior Division-2, Zira
CNR No. PBFZAO-000178-2025
Next Date:- 05-07-2025
The Ferozepur Central Co-operative Bank Ltd.
Vs.
Gurtej Singh Etc

Publication Issued To:
Gurtej Singh etc
Father : Labh Singh
Vill. Ratol Rohi, Teh. Zira Distt. Fzr
Chamkaur Singh S/o Gurdial Singh, Kuldeep Singh S/o Nachattar Singh. All R/o Village Ratol Rohi, Tehsil Zira, Distt. Ferozepur

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 05-07-2025 at 10:00 am

For details logon to https://highcourtchd.gov.in/?mod=district_notice&district=moga-court

Civil Judge Junior Division-2 Zira
Dated, this day of 09-06-2025

## ਅਦਾਲਤੀ ਇਸ਼ਤਿਹਾਰ

Proclamation under order 5 Rule 20 CPC

ਬਾ ਅਦਾਲਤ ਵਰਿੰਦਰ ਭਾਟੀਆ ਤਹਿਸੀਲਦਾਰ ਬਾ ਅਖਤਿਆਰਾਤ ਸਹਾਇਕ ਕੁਲੈਕਟਰ ਦਰਜਾ ਪਹਿਲਾ ਜਗਰਾਉਂ, ਜ਼ਿਲ੍ਹਾ ਲੁਧਿਆਣਾ।

ਮਿਸਲ ਨੰਬਰ 120 ਤੋਂ 127 ਤਹਿ

ਜਗਦੇਵ ਸਿੰਘ ਪੁੱਤਰ ਗੁਰਮੇਲ ਸਿੰਘ ਪੁੱਤਰ ਨਾਹਰ ਸਿੰਘ ਵਾਸੀ ਪਿੰਡ ਮਾਜਰੀ ਤਹਿਸੀਲ ਜਗਰਾਉਂ, ਜ਼ਿਲ੍ਹਾ ਲੁਧਿਆਣਾ। ਸਾਇਲ

ਬਨਾਮ

1. ਗੁਰਪਿੰਦਰ ਸਿੰਘ ਪੁੱਤਰ ਨਿਰਮਲ ਸਿੰਘ 2. ਗੁਰਪ੍ਰੀਤ ਸਿੰਘ ਪੁੱਤਰ ਜਸਵੰਤ ਸਿੰਘ 3. ਦਲਜੀਤ ਸਿੰਘ ਪੁੱਤਰ ਨਾਜਰ ਸਿੰਘ 4. ਰਮਨਦੀਪ ਸਿੰਘ ਪੁੱਤਰ ਅਮਰਜੀਤ ਸਿੰਘ 5. ਕਮਲਜੀਤ ਸਿੰਘ ਪੁੱਤਰ ਜੋਰਾ ਸਿੰਘ 6. ਰਾਜਿੰਦਰ ਸਿੰਘ ਪੁੱਤਰ ਭਜਨ ਸਿੰਘ 7. ਦਲਬਾਰਾ ਸਿੰਘ ਪੁੱਤਰ ਨਾਜਰ ਸਿੰਘ 8. ਜੋਗਿੰਦਰ ਸਿੰਘ ਪੁੱਤਰ ਨਿਰਮਲ ਸਿੰਘ ਸਾਰੇ ਵਾਸੀਆਨ ਪਿੰਡ ਮਾਜਰੀ, ਤਹਿਸੀਲ ਜਗਰਾਉਂ ਜ਼ਿਲ੍ਹਾ ਲੁਧਿਆਣਾ। 9. ਐਕਸਿਸ ਬੈਂਕ ਬਰਾਂਚ ਅੱਡਾ ਦਾਖਾ 10. ਭਾਰਤੀਆ ਸਟੇਟ ਬੈਂਕ ਬਰਾਂਚ ਸਵੱਦੀ 11. ਕੈਪੀਟਲ ਸਮਾਲ ਫਾਇਨਾਂਸ ਬੈਂਕ ਬਰਾਂਚ ਫਿਰੋਜ਼ਪੁਰ ਰੋਡ ਲੁਧਿਆਣਾ 12. ਐਚ.ਡੀ.ਐਫ.ਸੀ ਬੈਂਕ ਬਰਾਂਚ ਮੁੱਲਾਂਪੁਰ (ਦਾਖਾ)। ਉੱਤਰਵਾਦੀਆਨ

ਅਰਾਜੀ ਵਾਕਿਆ ਪਿੰਡ ਮਾਜਰੀ, ਸਵੱਦੀ, ਤਲਵੰਡੀ ਕਲਾਂ ਤਹਿਸੀਲ ਜਗਰਾਉਂ, ਜ਼ਿਲ੍ਹਾ ਲੁਧਿਆਣਾ

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦੈਅਲਮ ਦੀ ਮਾਮੂਲੀ ਤਰੀਕੇ ਨਾਲ ਸੰਮਨ ਉੱਤੇ ਤਾਮੀਲ ਹੋਣੀ ਮੁਸ਼ਕਿਲ ਹੈ। ਇਸ ਲਈ ਮਿਤੀ 8/07/2025 ਨੂੰ ਸਵੇਰੇ 10 ਵਜੇ ਦੀ ਤਰੀਕ ਪੇਸ਼ੀ ਨੀਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਮੁਦੈਅਲਮ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਤਾਰੀਕ ਉੱਤੇ ਆਪ ਜਾਂ ਕਿਸੇ ਵਕੀਲ ਰਾਹੀਂ ਇਸ ਅਦਾਲਤ ਵਿਚ ਪੇਸ਼ ਹੋਵੇ ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 23/6/25 ਨੂੰ ਮੇਰੇ ਦਸਤਖਤਾਂ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਨੰਬਰ : 538/ਰੀਡਰ ਮਿਤੀ : 23/6/25

ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ ਜਗਰਾਉਂ।

## ਅਦਾਲਤੀ ਇਸ਼ਤਿਹਾਰ

**ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਅੱਵਲ ਕਮ ਨਾਇਬ ਤਹਿਸੀਲਦਾਰ, ਫਿੱਲਵਾਂ।**

ਮਿਸਲ ਨੰ:- 325/NT, 326/NT, 327/NT

ਤਰੀਖ ਰਜੂਆ : 27.03.2025, ਅਗਲੀ ਤਾਰੀਖ ਪੇਸ਼ੀ : 15.07.2025

ਜਸਵੀਰ ਕੌਰ ਪਤਨੀ ਸੁੱਚਾ ਸਿੰਘ ਪੁੱਤਰ ਊਧਮ ਸਿੰਘ ਵਾਸੀ ਪਿੰਡ ਪੱਡਾ, ਸਬ ਤਹਿਸੀਲ ਢਿੱਲਵਾਂ, ਜ਼ਿਲ੍ਹਾ ਕਪੂਰਥਲਾ। ਫਰੀਕ ਅੱਵਲ

ਬਨਾਮ

1. ਸਰਬਨ ਸਿੰਘ ਪੁੱਤਰ ਲੱਖਾ ਸਿੰਘ 2. ਪਾਲੋ ਪੁੱਤਰੀ ਲੱਖਾ ਸਿੰਘ ਪੁੱਤਰ ਪ੍ਰੀਤਮ ਸਿੰਘ, 3. ਬਖਸ਼ੋ ਪੁੱਤਰੀ ਲੱਖਾ ਸਿੰਘ ਪੁੱਤਰ ਪ੍ਰੀਤਮ ਸਿੰਘ, 4. ਅਮਰਜੀਤ ਕੌਰ ਪੁੱਤਰੀ ਲੱਖਾ ਸਿੰਘ ਪੁੱਤਰ ਪ੍ਰੀਤਮ ਸਿੰਘ, 5. ਦਰਸ਼ਨ ਕੌਰ ਪਤਨੀ ਬੱਗਾ ਸਿੰਘ ਪੁੱਤਰ ਮੁਨਸ਼ਾ ਸਿੰਘ 6. ਪਰਮਜੀਤ ਸਿੰਘ ਪੁੱਤਰ ਲਛਮਣ ਸਿੰਘ, 7. ਸਤਬੀਰ ਸਿੰਘ ਪੁੱਤਰ ਧਰਮ ਸਿੰਘ, 8. ਗੁਰਬਚਨ ਸਿੰਘ ਪੁੱਤਰ ਸ਼ਿੰਗਾਰਾ ਸਿੰਘ, 9. ਸਰਬਜੀਤ ਸਿੰਘ ਪੁੱਤਰ ਲੱਖਾ ਸਿੰਘ, 10. ਸਾਰੇ ਵਾਸੀਆਨ ਪਿੰਡ ਪੱਡਾ, ਸਬ-ਤਹਿਸੀਲ ਢਿੱਲਵਾਂ, ਜ਼ਿਲ੍ਹਾ ਕਪੂਰਥਲਾ। 11. ਗਫੂਰ ਮੁਹੰਮਦ ਪੁੱਤਰ ਮਹਿੰਗਾ ਦੀਨ ਪੁੱਤਰ ਮੇਹਰਦੀਨ ਵਾਸੀ ਭੁੱਲਰ ਬੇਟ, ਸਾਰੇ ਵਾਸੀਆਨ ਪਿੰਡ ਫੱਤੂ ਚੱਕ, ਸਬ ਤਹਿ. ਢਿੱਲਵਾਂ, ਜ਼ਿਲ੍ਹਾ ਕਪੂਰਥਲਾ। ਫਰੀਕ ਦੋਮ

ਉਕਤ ਅਨੁਵਾਨ ਦਾ ਕੇਸ ਦਾਅਵਾ ਤਕਸੀਮ ਵਾਕਿਆ ਰਕਬਾ ਪਿੰਡ ਪੱਡਾ, ਸਬ ਤਹਿਸੀਲ ਢਿੱਲਵਾਂ, ਜ਼ਿਲ੍ਹਾ ਕਪੂਰਥਲਾ ਮੁਤਾਬਕ ਜਮ੍ਹਾਂਬੰਦੀ ਸਾਲ 2021-22 ਹੱਦਬਸਤ ਨੰਬਰ 32 ਖੇਵਟ/ਖਾਤਾ 14/22 ਖਸਰਾ ਨੰਬਰ 21//5/2/1-3, ਖੇਵਟ ਖਾਤਾ 13/21 ਖਸਰਾ ਨੰਬਰ 12//8/7-16, 13/8-0 ਕਿਤੇ/2 ਰਕਬਾ 15-16, ਖੇਵਟ ਖਾਤਾ 15/23 ਖਸਰਾ ਨੰਬਰ 21//6/1/1-19, 22//1/2/2-0, 9/3/1-3, 10471473-2 ਕਿੱਤੇ /4 ਰਕਬਾ 8-4 ਕੁੱਲ ਰਕਬਾ 25-03 ਰਕਬਾ ਪਿੰਡ ਪੱਡਾ, ਸਬ ਤਹਿਸੀਲ ਢਿੱਲਵਾਂ ਜ਼ਿਲ੍ਹਾ ਕਪੂਰਥਲਾ ਦਾ ਤਕਸੀਮ ਕੇਸ ਇਸ ਅਦਾਲਤ ਵਿਚ ਚੱਲ ਰਿਹਾ ਹੈ। ਇਸ ਕੇਸ ਵਿੱਚ ਧਿਰ ਦੋਮ ਵੱਲੋਂ ਕੋਈ ਵੀ ਹਾਜ਼ਰ ਅਦਾਲਤ ਨਹੀਂ ਆਇਆ। ਇਸ ਕੇਸ ਵਿੱਚ ਅਗਲੀ ਤਾਰੀਖ ਪੇਸ਼ੀ ਮਿਤੀ 15.07.2025 ਮੁਕੱਰਰ ਹੋਈ ਹੈ। ਇਸ ਲਈ ਫਰੀਕ ਦੋਮ ਨੂੰ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਧਿਰ ਦੋਮ ਮਿਤੀ 15.07.2025 ਨੂੰ ਸਵੇਰੇ 10.00 ਵਜੇ ਅਸਾਲਤਨ/ਵਕਾਲਤਨ ਇਸ ਅਦਾਲਤ ਵਿੱਚ ਹਾਜ਼ਰ ਹੋ ਕੇ ਇਸ ਕੇਸ ਦੀ ਪੈਰਵੀ ਕਰ ਸਕਦੇ ਹਨ। ਨਿਸ਼ਚਿਤ ਮਿਤੀ 15.07.2025 ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ। ਨਿਸ਼ਚਿਤ ਮਿਤੀ ਤੋਂ ਬਾਅਦ ਵਿਚ ਕੋਈ ਵੀ ਉਜ਼ਰ ਨਹੀਂ ਸੁਣਿਆ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 24-06-2025 ਨੂੰ ਮੇਰੇ ਹਸਤਾਖਰ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ।

ਨੰਬਰ: 221 ਰੀਡਰ/ ਮਿਤੀ 24.06.2025 ਸਹੀ/- ਸਹਾਇਕ ਕੁਲੈਕਟਰ ਦਰਜਾ ਅੱਵਲ/ਦੋਮ, ਢਿੱਲਵਾਂ (ਕਪੂਰਥਲਾ)

## ਅਦਾਲਤੀ ਇਸ਼ਤਿਹਾਰ

**Proclamation under order 5 Rule 20 CPC**

ਬਾ ਅਦਾਲਤ ਵਰਿੰਦਰ ਭਾਟੀਆ ਤਹਿਸੀਲਦਾਰ ਬਾ ਅਖਤਿਆਰਾਤ ਸਹਾਇਕ ਕੁਲੈਕਟਰ ਦਰਜਾ ਪਹਿਲਾ ਜਗਰਾਉਂ, ਜ਼ਿਲ੍ਹਾ ਲੁਧਿਆਣਾ।

ਮਿਸਲ ਨੰਬਰ 128 ਤੋਂ 139 /ਤਹਿ

ਪਰਮਿੰਦਰ ਸਿੰਘ ਪੁੱਤਰ ਸੁਖਦੇਵ ਸਿੰਘ ਪੁੱਤਰ ਜਾਗੀਰ ਸਿੰਘ ਵਾਸੀ ਪਿੰਡ ਮਾਜਰੀ ਤਹਿਸੀਲ ਜਗਰਾਉਂ, ਜ਼ਿਲ੍ਹਾ ਲੁਧਿਆਣਾ। ਸਾਇਲ

ਬਨਾਮ

1. ਮਲਕੀਤ ਸਿੰਘ ਪੁੱਤਰ ਬਚਿੱਤਰ ਸਿੰਘ 2. ਦਰਸ਼ਨ ਸਿੰਘ ਪੁੱਤਰ ਬਚਿੱਤਰ ਸਿੰਘ 3. ਬਲਵਿੰਦਰ ਕੌਰ ਪੁੱਤਰੀ 4. ਦਵਿੰਦਰ ਕੌਰ ਪੁੱਤਰੀ 5. ਨਰਿੰਦਰ ਕੌਰ ਪੁੱਤਰੀ 7. ਮਨਦੀਪ ਕੌਰ ਪੁੱਤਰੀ 8. ਕੁਲਦੀਪ ਕੌਰ ਪੁੱਤਰੀਆਂ ਤੇਜਾ ਸਿੰਘ ਪੁੱਤਰ ਹਰਨੇਕ ਸਿੰਘ 9. ਸੁਰਜੀਤ ਕੌਰ ਵਿਧਵਾ ਸਕੱਤਰ ਸਿੰਘ 10. ਤਲਵਿੰਦਰਜੀਤ ਸਿੰਘ ਪੁੱਤਰ ਮਨਧੀਰ ਸਿੰਘ 11. ਕੇਹਰ ਸਿੰਘ ਪੁੱਤਰ ਦਲੀਪ ਸਿੰਘ 12. ਜਸਵਿੰਦਰ ਸਿੰਘ ਪੁੱਤਰ ਗੁਰਮੀ ਸਿੰਘ 13. ਮੈਸਰਜ਼ ਟਿਊਮੈ ਡਿਵੈਲਪਰਜ਼ ਪ੍ਰਾਈਵੇਟ ਲਿਮਟਿਡ ਲੁਧਿਆਣਾ 14. ਮਾਨਸੀ ਬਜਾਜ ਪਤਨੀ ਲਿਵਤਾਰ ਬਜਾਜ 15. ਜਸਵੀਰ ਕੌਰ ਵਿਧਵਾ ਬਲਵੰਤ ਸਿੰਘ 16. ਤਰਲੋਚਨ ਸਿੰਘ ਪੁੱਤਰ ਬਲਵੰਤ ਸਿੰਘ 17. ਸਰਬਜੀਤ ਕੌਰ ਪਤਨੀ ਦਰਸ਼ਨ ਸਿੰਘ 18. ਸੁਰਿੰਦਰ ਕੌਰ ਪਤਨੀ ਜਗਤਾਰ ਸਿੰਘ 19. ਕੁਲਵਿੰਦਰ ਕੌਰ ਪਤਨੀ ਇੰਦਰਜੀਤ ਸਿੰਘ 20. ਸਰਬਜੀਤ ਕੌਰ ਪਤਨੀ ਜਗਰਾਜ ਸਿੰਘ 21. ਚਰਨਜੀਤ ਸਿੰਘ ਪੁੱਤਰ ਗੁਰਨਾਮ ਸਿੰਘ 22. ਇੰਦਰਜੀਤ ਸਿੰਘ 23. ਨਵਤੇਜ ਸਿੰਘ ਪੁੱਤਰਾਨ ਮਲਕੀਤ ਸਿੰਘ 24. ਪਰਵੀਨ ਕੁਮਾਰ ਪੁੱਤਰ ਮੋਹਣ ਲਾਲ 25. ਗੁਰਸੇਵ ਪੁੱਤਰ ਅਜੈਬ ਸਿੰਘ 26. ਐਚ.ਡੀ.ਐਫ.ਸੀ ਬੈਂਕ ਬਰਾਂਚ ਸਿੱਧਵਾਂ ਬੇਟ 27. ਪੰਜਾਬ ਨੈਸ਼ਨਲ ਬੈਂਕ ਬਰਾਂਚ ਰਾਏਕੋਟ ਰੋਡ ਮੁੱਲਾਂਪੁਰ 28. ਗੁਰਸੇਵ ਪੁੱਤਰ ਸੁਖਦੇਵ ਸਿੰਘ 29. ਲਖਵੀਰ ਸਿੰਘ ਪੁੱਤਰ ਸੱਜਣ ਸਿੰਘ 30. ਕੇਹਰ ਸਿੰਘ ਪੁੱਤਰ ਦਲੀਪ ਸਿੰਘ 31 ਨਿਰਮਲ ਸਿੰਘ ਪੁੱਤਰ ਅਜੈਬ ਸਿੰਘ 32. ਸੁਪਰੀਮ ਪਿਊਰ ਫੂਲਜ ਪ੍ਰਾਈਵੇਟ ਲਿਮਟਿਡ ਲੁਧਿਆਣਾ 33. ਕਮਲਜੀਤ ਕੌਰ ਪਤਨੀ ਨਿਰਮਲ ਸਿੰਘ 34. ਇੰਦਰਜੀਤ ਸਿੰਘ 35. ਨਵਤੇਜ ਸਿੰਘ ਪੁੱਤਰਾਨ ਮਲਕੀਤ ਸਿੰਘ 36. ਜਗਰਾਜ ਸਿੰਘ 37. ਜਗਤਾਰ ਸਿੰਘ ਪੁੱਤਰਾਨ ਮਲਕੀਤ ਸਿੰਘ ਸਾਰੇ ਵਾਸੀਆਨ ਪਿੰਡ ਮਾਜਰੀ, ਤਹਿਸੀਲ ਜਗਰਾਉਂ, ਜ਼ਿਲ੍ਹਾ ਲੁਧਿਆਣਾ। ਉੱਤਰਵਾਦੀਆਨ

ਅਰਾਜੀ ਵਾਕਿਆ ਪਿੰਡ ਮਾਜਰੀ ਤਹਿਸੀਲ ਜਗਰਾਉਂ, ਜ਼ਿਲ੍ਹਾ ਲੁਧਿਆਣਾ

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦੈਅਲਮ ਦੀ ਮਾਮੂਲੀ ਤਰੀਕੇ ਨਾਲ ਸੰਮਨ ਉੱਤੇ ਤਾਮੀਲ ਹੋਣੀ ਮੁਸ਼ਕਿਲ ਹੈ। ਇਸ ਲਈ ਮਿਤੀ 9/07/2025 ਨੂੰ ਸਵੇਰੇ 10 ਵਜੇ ਦੀ ਤਰੀਕ ਪੇਸ਼ੀ ਨੀਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਮੁਦੈਅਲਮ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਤਾਰੀਕ ਉੱਤੇ ਆਪ ਜਾਂ ਕਿਸੇ ਵਕੀਲ ਰਾਹੀਂ ਇਸ ਅਦਾਲਤ ਵਿਚ ਪੇਸ਼ ਹੋਵੇ ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 23/6/25 ਨੂੰ ਮੇਰੇ ਦਸਤਖਤਾਂ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਨੰਬਰ : 540/ਰੀਡਰ ਮਿਤੀ : 23/6/25 ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ ਜਗਰਾਉਂ।

AXIS BANK

**Retail Asset Centre:** AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.
**Corporate Office:** 'Axis House', Block-B, Bombay Dyeing Mills Compound, Pandurang Budhkar Marg, Worli, Mumbai-400025.
**Registered Office:** 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

### [ ਰੂਲ-8 (1)] (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਊਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਹਰੇਕ ਖਾਤੇ ਵਿਰੁੱਧ ਦਰਸਾਈਆਂ ਮਿਤੀਆਂ 'ਤੇ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਨ੍ਹਾਂ ਨੂੰ ਦਰਸਾਏ ਰੂਲ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਵਰਨਣ ਜਾਇਦਾਦ ਦਾ ਹੇਠਾਂ ਦਰਸਾਈਆਂ ਮਿਤੀਆਂ ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ 'ਤੇ ਰਕਮ ਅਤੇ ਉਸ ਉਪਰ ਵਿਆਜ ਐਕਸਿਸ ਬੈਂਕ ਲਿ. ਦੀ ਦੇਣਦਾਰੀ ਦਾ ਵਿਸ਼ਾ ਹੋਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ/ਪਤਾ | ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਾਸ਼ੀ (ਰੁਪਏ) |
|---|---|---|---|---|---|
| 1. | 1. ਸ੍ਰੀ ਰਕੇਸ਼ ਕੁਮਾਰ ਸੋਨੀ ਪੁੱਤਰ ਸਤਪਾਲ ਕੁਮਾਰ ਸੋਨੀ (ਕਰਜ਼ਦਾਰ/ਰਹਿਣਕਾਰ) ਅਤੇ 2. ਸ੍ਰੀਮਤੀ ਮੀਨੂੰ ਸੋਨੀ ਪਤਨੀ ਰਕੇਸ਼ ਕੁਮਾਰ ਸੋਨੀ (ਸਹਿ-ਕਰਜ਼ਦਾਰ) | ਬੈਨਾਮਾ ਦਸਤਾਵੇਜ਼ ਨੰ: 15045 ਮਿਤੀ 04.01.1993 ਅਨੁਸਾਰ ਸ੍ਰੀ ਰਕੇਸ਼ ਕੁਮਾਰ ਸੋਨੀ ਪੁੱਤਰ ਸਤਪਾਲ ਕੁਮਾਰ ਸੋਨੀ ਦੇ ਨਾਂਅ 'ਤੇ ਰਜਿਸਟਰਡ ਵਪਾਰਕ ਜਾਇਦਾਦ ਰਕਬਾ 140 ਵਰਗ ਗਜ਼, ਖਾਨਾਸ਼ੁਮਾਰੀ ਨੰ: 2956/7 (ਪੁਰਾਣਾ) ਅਤੇ ਨਵਾਂ ਨੰਬਰ 1971/7-13, ਅੰਮ੍ਰਿਤਸਰ ਅੰਦਰੂਨ ਗਿਲਵਾਲੀ ਗੇਟ, ਚਾਟੀਵਿੰਡ ਗੇਟ ਬਾਜ਼ਾਰ ਘੁਮਿਆਰਾਂ | 11 ਦਸੰਬਰ 2024 | 24 ਜੂਨ 2025 | ਰੁ: 9003978/- (ਨੱਬੇ ਲੱਖ ਤਿੰਨ ਹਜ਼ਾਰ ਨੌ ਸੌ ਅਠੱਤਰ ਰੁਪਏ ਕੇਵਲ) |

ਵਾਲਾ, ਅੰਦਰੂਨ ਮਿਊਂਸਪਲ ਕਾਰਪੋਰੇਸ਼ਨ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾ (ਬੈਨਾਮੇ ਅਨੁਸਾਰ) : ਪੂਰਬ : ਮਾਰਕਿਟ, ਪੱਛਮ : ਹੋਰਨਾਂ ਦੀ ਜਾਇਦਾਦ, ਉੱਤਰ : ਮੋਹਨ ਸਿੰਘ ਦਾ ਮਕਾਨ ਅਤੇ ਬਸੰਤ ਸਿੰਘ, ਦੱਖਣ : ਗੁਰਦੁਆਰਾ ਸਾਹਿਬ ਦੀ ਜਾਇਦਾਦ।

ਉਕਤ ਦਰਜ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ (ਸਹਿ-ਕਰਜ਼ਦਾਰਾਂ)/ਗਰੰਟਰ (ਗਰੰਟਰਾਂ) ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 27.06.2025, ਸਥਾਨ : ਪੰਜਾਬ ਸਹੀ/ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

AXIS BANK **Retail Asset Center** "2nd and 3rd Floor, Property No. 7-E, Malhar Road, Saraabha Nagar, Ludhiana -141001.
**Registered Office:** "Trishul", 3rd Floor Opp. Samartheshwar Temple Law Garden, Ellisbridge Ahmedabad- 380006

### ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿੱਕਰੀ ਵਾਸਤੇ ਈ-ਨਿਲਾਮੀ ਨੋਟਿਸ।

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜ਼ਡ ਹੈ, ਜਿਸ ਦਾ ਭੌਤਿਕ ਕਬਜ਼ਾ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ। (1) ਸ੍ਰੀ ਬਲਵਿੰਦਰ ਸਿੰਘ ਪੁੱਤਰ ਦਲੀਪ ਸਿੰਘ (2) ਸ੍ਰੀ ਪ੍ਰਵੀਨ ਪਤਨੀ ਬਲਵਿੰਦਰ ਸਿੰਘ (20 ਨਵੰਬਰ 2023) ਨੂੰ ਬਕਾਇਆ ਰਕਮ ਰੁਪਏ 18,08,874 (ਅਠਾਰਾਂ ਲੱਖ ਅੱਠ ਹਜ਼ਾਰ ਅੱਠ ਸੌ ਚੌਹਤਰ ਰੁਪਏ ਕੇਵਲ) ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ 27.06.2025 ਨੂੰ ਵਿਕਰੀ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁ.19,59,960/- (ਉਨੀ ਲੱਖ ਉਨਾਹਠ ਹਜ਼ਾਰ ਨੌ ਸੌ ਸੱਠ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | 1,95,996/- (ਇੱਕ ਲੱਖ ਪਚਾਨਵੇਂ ਹਜ਼ਾਰ ਨੌ ਸੌ ਛਿਆਨਵੇਂ ਰੁਪਏ ਕੇਵਲ) |
| ਬੋਲੀ ਵਾਧਾ ਰਕਮ | 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐਕਸਿਸ ਬੈਂਕ ਲਿਮਟਿਡ ਰਿਟੇਲ ਐੱਸਟ ਸੈਂਟਰ, ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7 ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001, ਵਿਖੇ 29 ਜੁਲਾਈ 2025 ਨੂੰ ਸ਼ਾਮ ਦੇ 5.00 ਵਜੇ ਤੱਕ |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 30 ਜੁਲਾਈ 2025 ਨੂੰ ਸਵੇਰੇ 11.00 ਵਜੇ ਅਤੇ ਦੁਪਹਿਰ 01.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

**ਸਾਰਣੀ-ਜਾਇਦਾਦ ਦਾ ਵੇਰਵਾ**

ਬੈਨਾਮਾ ਦਸਤਾਵੇਜ਼ ਨੰ. 2021-22/89/1/5581 ਮਿਤੀ 08 ਅਕਤੂਬਰ 2021 ਅਨੁਸਾਰ ਬਲਵਿੰਦਰ ਸਿੰਘ ਪੁੱਤਰ ਦਲੀਪ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ.43 'ਤੇ ਨਿਰਮਤ ਮਕਾਨ ਰਕਬਾ 81.77 ਵਰਗ ਗਜ਼, ਖਸਰਾ ਨੰ. 25//22/1, 29//2, ਭਰਾੜੀਵਾਲ, ਸਬ-ਅਰਬਨ ਅਬਾਦੀ ਫਤਿਹ ਸਿੰਘ ਕਾਲੋਨੀ, ਗਲੀ ਨੰ. 26, ਤਹਿਸੀਲ ਅੰਮ੍ਰਿਤਸਰ-1, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁੱਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਹੋਰਨਾਂ ਦੀ ਮਾਲਕੀ, ਪੱਛਮ : ਗਲੀ 18' ਚੌੜੀ, ਉੱਤਰ : ਪਲਾਟ ਨੰ. 44, ਰਾਜੂ ਦੀ ਮਾਲਕੀ, ਦੱਖਣ : ਪਲਾਟ ਨੰ. 42, ਮਨੀਸ਼ ਕੁਮਾਰ ਦੀ ਮਾਲਕੀ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axisbank.com/auction-retail ਅਤੇ ਬੈਂਕ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਦਾ ਹਵਾਲਾ ਲਿਆ ਜਾਵੇ। ਈ-ਨਿਲਾਮੀ ਬੈਂਕ ਦੇ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਰਾਹੀਂ ਆਨਲਾਈਨ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਸ੍ਰੀ ਸੰਦੀਪ ਬਵੇਜਾ (ਮੋਬਾਈਲ ਨੰ. 89207-05598) ਬੈਂਕ ਦੇ ਅਧਿਕਾਰਤ ਅਫਸਰ ਨਾਲ ਦਫਤਰੀ ਸਮੇਂ ਸਵੇਰੇ 9.30 ਵਜੇ ਤੋਂ ਸ਼ਾਮ ਦੇ 6.00 ਵਜੇ ਤੱਕ ਸੰਪਰਕ ਕਰ ਸਕਦੇ ਹਨ। ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 30 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 27-06-2025, ਸਥਾਨ : ਅੰਮ੍ਰਿਤਸਰ ਤੁਹਾਡਾ ਸ਼ੁੱਭਚਿੰਤਕ ਵਾਸਤੇ ਐਕਸਿਸ ਬੈਂਕ ਲਿਮਟਿਡ (ਅਧਿਕਾਰਤ ਅਫਸਰ)

## Office of Competent Authority

**(Jalandhar Goindwal Sahib LPG Pipeline Project, Jalandhar)**
**706-A, Surya Enclave, G.T Road, Jalandhar (Punjab) - 144009**

### Public Notice and Details of Gazette Notification
### Reference: Ministry of Petroleum and Natural Gas
### Notification dated 25th April, 2025

S.O. 1878(E)-Whereas, by the notification of the Government of India in the Ministry of Petroleum and Natural Gas, published in the Extraordinary Gazette of India No. 456, Part-II, section-3, Sub-Section (ii) dated 27th January, 2025 vide S.O. No. 460(E) dated 24th January, 2025 issued under sub-section (1) of section 3 of the Petroleum and Minerals Pipelines (Acquisition of Right of User in Land) Act, 1962 (50 of 1962), (hereinafter referred to as the said Act), the Central Government declared its intention to acquire the right of user in the land specified in the Schedule Appended to that Notification for the Purpose of laying of Pipeline from Suchi Pind (Jalandhar) to Chander Mahapurakh (Goindwal Sahib) under Jalandhar – Goindwal Sahib LPG Pipeline Project by Indian Oil Corporation Limited in Tehsil: Nakoder of Jalandhar District in State of Punjab for transportation of LPG.

And whereas copies of the said Gazette notification were made available to the public by 19.02.2025. And whereas, under Sub-Section (1) of Section 6 of the said Act the Competent Authority has submitted report to the Central Government.

And whereas, the Central Government, after considering the said report and on being satisfied that the said land is required for laying the pipeline, has decided to acquire right of user therein.

Now, therefore, in exercise of the powers conferred by sub-section (1) of section 6 of the said Act, the Central Government hereby declares that the right of user in the land specified in the Schedule appended to this notification is hereby acquired for laying the pipeline.

And further, in exercise of the powers conferred by sub-section (4) of section 6 of the said Act, the Central Government hereby directs that the right of user in the said land for laying the pipeline shall, instead of vesting in the Central Government, vest on the date of publication of the declaration, in Indian Oil Corporation Limited, free from all encumbrances.

Indian Oil Corporation Limited shall be exclusively liable for any compensation in terms of Section 10 of the P&MP Act, 1962 and no suit, claim or legal proceeding would lie against the Central Government on any matter relating to the pipeline.

**Scan QR code for Published Gazette**

District: Jalandhar
https://egazette.gov.in
Publication Date: 25th April, 2025

Competent Authority
Jalandhar Goindwal Sahib
LPG Pipeline Project
Jalandhar

## ਨੁਆਣਾ ਦੇ ਬਰਸਾਤੀ ਚੋਅ ਦੀ ਸਫ਼ਾਈ ਤੁਰੰਤ ਕਰਨ ਦੀ ਮੰਗ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਸਥਾਨਕ ਪਿੰਡ ਨੁਆਣਾ ਦੇ ਕਰੀਬ ਲੰਘਦਾ ਬਰਸਾਤੀ ਪਾਣੀ ਵਾਲੇ ਚੋਅ 'ਚ ਲਗਭਗ ਆਸ-ਪਾਸ ਦੇ ਦਰਜਨ ਤੋਂ ਵੱਧ ਪਿੰਡਾਂ ਦੇ ਖੇਤਾਂ ਦਾ ਪਾਣੀ ਤੇ ਪਿੱਛਿਓਂ ਹੋਰ ਆਉਂਦਾ ਬੇਹਿਸਾਬਾ ਪਾਣੀ ਪੈਂਦਾ ਹੈ । ਇਸ ਦੀ ਪੂਰੀ ਸਫ਼ਾਈ ਨਾ ਹੋਣ ਕਰ ਕੇ ਬਰਸਾਤ ਦੇ ਮੌਸਮ ਵਿਚ ਇਹ ਚੋਅ ਦੇ ਕਿਨਾਰੇ ਟੁੱਟ ਜਾਣ ਨਾਲ ਜਿੱਥੇ ਪਿੰਡ ਨੁਆਣਾ, ਢਾਂਡਾ, ਝੱਜ, ਬਹਿਬਲਪੁਰ, ਠੀਡਾ, ਕੋਟਫ਼ਤੂਹੀ, ਪੰਡੋਰੀ ਲੱਧਾ ਸਿੰਘ, ਮੰਨਣਹਾਨਾ, ਕੋਟਲਾ ਆਦਿ ਦਰਜਨ ਦੇ ਕਰੀਬ ਪਿੰਡਾਂ ਨੂੰ ਇਸ ਪਾਣੀ ਦੀ ਬੇਹਿਸਾਬੀ ਮਾਰ ਝੱਲਣੀ ਪੈਂਦੀ ਹੈ, ਉੱਥੇ ਕੋਟਫ਼ਤੂਹੀ ਬਿਜਲੀ ਘਰ ਨੀਵਾਂ ਹੋਣ ਕਰ ਕੇ ਇਸ ਚੋਅ ਦਾ ਪਾਣੀ ਉਸ ਵਿਚ ਭਰ ਜਾਣ ਕਰ ਕੇ ਇਲਾਕੇ ਵਿਚ ਬਿਜਲੀ ਸਪਲਾਈ ਪੂਰੀ ਤਰ੍ਹਾਂ ਠੱਪ ਹੋ ਜਾਂਦੀ ਹੈ । ਇਹ ਚੋਅ ਜੋ ਮੁੱਖ ਮਾਹਿਲਪੁਰ-ਬਹਿਰਾਮ ਸੜਕ ਉੱਪਰ ਪੈਂਦੇ ਪੁੱਲ ਦੇ ਕੋਲ ਇਸ ਚੋਅ ਵਿਚ ਬੇ ਹਿਸਾਬਾਂ ਝਾੜ ਫੂਸ, ਸਰਕੰਡਾ ਆਦਿ ਖੜ੍ਹਾ ਹੈ, ਜੋ ਪਿੱਛਿਓਂ ਆ ਰਹੇ ਬੇ ਹਿਸਾਬੇ ਪਾਣੀ ਨੂੰ ਅੱਗੇ ਵੱਲ ਨੂੰ ਨਾ ਜਾਣ ਦੇਣ ਕਾਰਨ ਇਹ ਪਾਣੀ ਹਰ ਸਾਲ ਇਸ ਪੁੱਲ ਦੇ ਪਿੱਛਿਓਂ ਟੁੱਟਦਾ ਹੈ । ਪਰ ਇਸ ਸਬੰਧ ਵਿਚ ਚੋਅ ਟੁੱਟਣ ਸਮੇ ਦੌਰਾਨ ਸਬੰਧਿਤ ਵਿਭਾਗ ਤੇ ਜ਼ਿਲ੍ਹੇ ਦੇ ਉੱਚ ਅਧਿਕਾਰੀ ਤੇ ਰਾਜਨੀਤਕ ਆਗੂ ਆ ਕੇ ਵੱਡੇ-ਵੱਡੇ ਆਦੇਸ਼ ਦੇ ਚਲੇ ਜਾਂਦੇ ਹਨ, ਪਰ ਸਾਲ ਭਰ ਫਿਰ ਇਸ ਬਰਸਾਤੀ ਚੋਅ ਵੱਲ ਕੋਈ ਨਹੀ ਵੇਖਦਾ, ਹੁਣ ਇਸ ਵਾਰ ਪੰਜਾਬ ਸਰਕਾਰ ਚੋਆਂ ਦੀ ਸਫ਼ਾਈ ਸਬੰਧੀ ਮੀਟਿੰਗਾਂ ਕਰ ਰਹੀ ਹੈ, ਉੱਥੇ ਇਸ ਵਾਰ ਬਰਸਾਤ ਦੇ ਇਨ੍ਹਾਂ ਦਿਨਾ ਵਿਚ ਇਸ ਚੋਅ ਦੀ ਸਫ਼ਾਈ ਨਾ ਹੋਣ ਕਰ ਕੇ ਇਸ ਇਲਾਕੇ ਵਿਚ ਇਹ ਬਰਸਾਤੀ ਚੋਅ ਫਿਰ ਭਾਰੀ ਤਬਾਹੀ ਮਚਾ ਸਕਦਾ ਹੈ, ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਪਿੰਡ ਨੁਆਣਾ ਦੀ ਪੰਚਾਇਤ, ਸਬੰਧਿਤ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਇਸ ਚੋਅ ਦੀ ਜਲਦੀ ਤੋਂ ਜਲਦੀ ਸਫ਼ਾਈ ਕਰਵਾਉਣ ਦੀ ਮੰਗ ਕੀਤੀ ਹੈ ।



## ਚੇਹਕ ਤਨਵਰ ਨੇ 'ਕਿਸਮੇ ਕਿਤਨਾ ਹੈ ਦਮ' ਟੇਲੈਂਟ 'ਚ ਪ੍ਰਾਪਤ ਕੀਤਾ ਪਹਿਲਾ ਸਥਾਨ

**ਆਦਮਪੁਰ (ਪਰਮਜੀਤ ਸਿੰਘ)**- ਧੂਰੀ - ਸੰਗਰੂਰ (ਪੰਜਾਬ) ਦੇ ਪ੍ਰਿੰਸ ਵਿਲਾ ਵਿਖੇ ਆਯੋਜਿਤ ਟੀ ਵੀ ਰਿਐਲਿਟੀ ਸ਼ੋਅ 'ਕਿਸਮੇ ਕਿਤਨਾ ਹੈ ਦਮ' ਟੈਲੇਂਟ ਮਹਾ ਸੰਗਰਾਮ ਦੇ ਗਰੈਂਡ ਫਿਨਾਲੇ ਵਿੱਚ, ਦੀ ਇੰਪੀਰੀਅਲ ਸਕੂਲ ਗਰੀਨ ਕੈਂਪਸ ਆਦਮਪੁਰ ਦੀ ਇੱਕ ਹੋਣਹਾਰ ਵਿਦਿਆਰਥਣ ਚੇਹਕ ਤਨਵਰ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਡਾਂਸ (14-15 ਸਾਲ ਉਮਰ ਸਮੂਹ) ਸ਼੍ਰੇਣੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਚੇਹਕ ਨੇ ਕੁੱਲ ਚਾਰ ਰਾਊਂਡ ਸਫ਼ਲਤਾਪੂਰਵਕ ਪਾਸ ਕੀਤੇ ਅਤੇ ਗ੍ਰੈਂਡ ਫ਼ਿਨਾਲੇ ਵਿੱਚ ਦੇਸ਼ ਭਰ ਤੋਂ 19 ਭਾਗੀਦਾਰਾਂ ਨੇ ਇਸ ਸ਼੍ਰੇਣੀ ਵਿੱਚ ਹਿੱਸਾ ਲਿਆ। ਆਪਣੀ ਵਧੀਆ ਪ੍ਰਦਰਸ਼ਨੀ ਅਤੇ ਪ੍ਰਭਾਵਸ਼ਾਲੀ ਪ੍ਰਤਿਭਾ ਨਾਲ,ਚੇਹਕ ਨੇ ਸਾਰੇ ਜੱਜਾਂ ਨੂੰ ਮੋਹਿਤ ਕੀਤਾ ਅਤੇ ਜੇਤੂ ਦਾ ਖਿਤਾਬ ਜਿੱਤਿਆ।ਉਸਨੂੰ ਇਨਾਮ ਵਜੋਂ ਇੱਕ ਟਰਾਫ਼ੀ, ਸਨਮਾਨ ਵਜੋਂ ਸਰਟੀਫਿਕੇਟ ਅਤੇ 3100 ਰੁਪਏ ਨਕਦ ਇਨਾਮ ਵਜੋਂ ਦਿੱਤਾ ਗਿਆ।ਸਮਾਗਮ ਦਾ ਨਿਰਦੇਸ਼ਨ ਅਤੇ ਨਿਰਮਾਣ ਵਰੁਣ ਬਾਂਸਲ ਦੁਆਰਾ ਕੀਤਾ ਗਿਆ ਸੀ। ਮਹਿਮਾਨ ਵਜੋਂ ਵਿਕਰਾਂਤ ਭਾਟੀਆ, ਸਿੱਧ ਸ਼ਰਮਾ, ਬਲਵਿੰਦਰ ਸਿੰਘ, ਰੋਹਿਤ ਖਾਨ,ਸਾਹਿਲ ਜੋਸ਼ੀ, ਬਲਵੰਤ ਸਿੰਘ ਸ਼ਾਮਲ ਸਨ।ਇਸ ਤੋਂ ਇਲਾਵਾ ਮੁੱਖ ਮਹਿਮਾਨ ਵਜੋਂ ਪ੍ਰੀਤ ਦਿਸ਼ੋਰ ਅਤੇ ਸੇਲਿਬ੍ਰਿਟੀ ਮਹਿਮਾਨ ਵਜੋਂ ਚਾਚਾ ਬਿਸ਼ਨਾ ਜੱਜ ਵਜੋਂ ਮੌਜੂਦ ਸਨ।ਇਸ ਮੌਕੇ 'ਤੇ ਦੀ ਇੰਪੀਰੀਅਲ ਸਕੂਲ ਦੇ ਚੇਅਰਮੈਨ ਜਗਦੀਸ਼ ਪਸਰੀਚਾ, ਡਾਇਰੈਕਟਰ ਜਗਮੋਹਨ ਅਰੋੜਾ, ਪ੍ਰਿੰਸੀਪਲ ਸ਼੍ਰੀਮਤੀ ਸਵਿੰਦਰ ਕੌਰ ਮੱਲ੍ਹੀ ਜੀ, ਵਾਈਸ ਪ੍ਰਿੰਸੀਪਲ ਸ਼੍ਰੀਮਤੀ ਪੂਜਾ ਠਾਕੁਰ ਨੇ ਚੇਹਕ ਦੀ ਪ੍ਰਾਪਤੀ 'ਤੇ ਮਾਣ ਪ੍ਰਗਟ ਕੀਤਾ ਅਤੇ ਉਸਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।



## ਪਹਿਲਾ 7 ਸਾਈਡ ਨਾਈਟ ਫੁੱਟਬਾਲ ਟੂਰਨਾਮੈਂਟ 29 ਤੱਕ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਠੱਕਰਵਾਲ ਸ਼ਹੀਦ ਭਗਤ ਸਿੰਘ ਸਟੇਡੀਅਮ ਠੱਕਰਵਾਲ ਵਿਖੇ ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ ਹੁਸ਼ਿਆਰਪੁਰ ਵੱਲੋਂ ਪਹਿਲਾ 07 ਸਾਈਡ ਨਾਈਟ ਫੁੱਟਬਾਲ ਟੂਰਨਾਮੈਂਟ 29 ਜੂਨ ਤੱਕ ਕਰਵਾਇਆ ਜਾ ਰਿਹਾ ਹੈ। ਕਲੱਬ ਪ੍ਰਧਾਨ ਕ੍ਰਿਸ਼ਨ ਚੰਦ ਭਨੋਟ ਠੱਕਰਵਾਲ ਨੇ ਦੱਸਿਆ ਕਿ ਟੂਰਨਾਮੈਂਟ ਦਾ ਉਦਘਾਟਨ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ ਚੇਅਰਮੈਨ ਨਿਰਮਲਾ ਸੰਤ ਮੰਡਲ ਪੰਜਾਬ ਨੇ ਅਰਦਾਸ ਹੋਣ ਤੋਂ ਬਾਅਦ ਕੀਤਾ। ਉਦਘਾਟਨੀ ਮੈਚ ਅਜਨੋਹਾ ਅਤੇ ਪੰਜੌੜਾ ਵਿਚਕਾਰ ਕਰਵਾਇਆ ਗਿਆ। ਜਿਸ ਵਿੱਚ ਪੰਜੌੜਾ ਪਿੰਡ ਦੀ ਟੀਮ ਜੇਤੂ ਰਹੀ। 29 ਜੂਨ ਨੂੰ ਫਾਈਨਲ ਵਾਲੇ ਦਿਨ ਮੁੱਖ ਮਹਿਮਾਨ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ, ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕਰਨਗੇ। ਪ੍ਰਭ ਆਸਰਾ ਵੈਲਫੇਅਰ ਸੁਸਾਇਟੀ ਠੱਕਰਵਾਲ ਵੱਲੋਂ ਕਲੱਬ ਨੂੰ 50 ਹਜ਼ਾਰ ਰੁਪਏ ਦਾ ਚੈੱਕ ਭੇਟ ਕੀਤਾ ਗਿਆ।ਇਸ ਮੌਕੇ ਪ੍ਰਧਾਨ ਕ੍ਰਿਸ਼ਨ ਚੰਦ ਭਨੋਟ ਠੱਕਰਵਾਲ, ਸਰਪੰਚ ਜਸਵਿੰਦਰ ਸਿੰਘ ਠੱਕਰਵਾਲ, ਸਰਪੰਚ ਰਣਜਿੰਦਰ ਸਿੰਘ ਗਿੱਲ, ਹਰੀ ਸਿੰਘ ਜਸਵਾਲ ਭਾਮ, ਮਾਸਟਰ ਹਰਭਜਨ ਸਿੰਘ ਅਜਨੋਹਾ, ਰਾਜੇਸ਼ ਕੁਮਾਰ ਭਨੋਟ, ਜਰਨੈਲ ਸਿੰਘ ਪਟਵਾਰੀ, ਪਰਮਿੰਦਰ ਸਿੰਘ ਰਾਜੂ, ਚਰਨਜੀਤ ਸਿੰਘ ਮੰਝ, ਕਮਲਜੀਤ ਸਿੰਘ ਮੰਝ, ਦਰਸ਼ਨ ਸਿੰਘ ਰਾਜਾ, ਦਵਿੰਦਰ ਸਿੰਘ ਢਿੱਲੋਂ ਸਾਬਕਾ ਸਰਪੰਚ, ਹਰਦੇਵ ਸਿੰਘ ਮੈਨੇਜਰ, ਮਨਵੀਰ ਸਿੰਘ, ਅਜੈਬ ਸਿੰਘ, ਸਰਬਜੀਤ ਸਿੰਘ, ਸਰਬਜੀਤ ਸਿੰਘ ਮੰਝ, ਜਸਵੀਰ ਸਿੰਘ ਕਾਲਾ ਸਾਬਕਾ ਸਰਪੰਚ, ਖੜਕ ਸਿੰਘ ਮੰਝ, ਕਮਲਜੀਤ ਸਿੰਘ, ਵਰਿੰਦਰ ਸਿੰਘ ਢਿੱਲੋਂ, ਪਰਮਜੀਤ ਸਿੰਘ, ਜਤਿੰਦਰ ਸਿੰਘ ਨਰਿੰਦਰ ਸਿੰਘ, ਦਵਿੰਦਰ ਸਿੰਘ, ਮਨਜੀਤ ਸਿੰਘ, ਸਤਵਿੰਦਰ ਸਿੰਘ, ਗੁਰਪਾਲ ਸਿੰਘ, ਮਾਟਾ ਰਹੱਲੀ, ਮਨਜੀਤ ਸਿੰਘ, ਮਨੋਹਰ ਸਿੰਘ ਮੋਤੀ ਸਰਪੰਚ ਖੇੜਾ, ਪ੍ਰਦੀਪ ਸਿੰਘ ਢਿੱਲੋਂ, ਸਰਬਜੀਤ ਸਿੰਘ ਸਾਬੀ, ਸਤਵਿੰਦਰ ਸਿੰਘ, ਦਲਜੀਤ ਸਿੰਘ ਮੰਝ, ਸੋਰਵ ਆਦਿ ਹਾਜ਼ਰ ਸਨ।





## ਡੀ ਸੀ ਨੇ 'ਈਜ਼ੀ ਰਜਿਸਟ੍ਰੇਸ਼ਨ ਪ੍ਰਣਾਲੀ' ਸੰਬੰਧੀ ਕੀਤੇ ਜਾ ਰਹੇ ਪ੍ਰਬੰਧਾਂ ਦਾ ਲਿਆ ਜਾਇਜ਼ਾ

**ਜਲੰਧਰ (ਸ਼ੈਲੀ ਐਲਬਰਟ)** ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਆਮ ਲੋਕਾਂ ਨੂੰ ਮਾਲ ਵਿਭਾਗ ਨਾਲ ਸਬੰਧਤ ਸੇਵਾਵਾਂ ਪੂਰੀ ਪਾਰਦਰਸ਼ਤਾ, ਨਿਰਵਿਘਨ ਤੇ ਤੈਅ ਸਮਾਂ ਸੀਮਾ ਵਿੱਚ ਮਿਲਣੀਆਂ ਯਕੀਨੀ ਬਣਾਈਆਂ ਜਾਣ ਅਤੇ ਆਪਣੇ ਕੰਮਕਾਜ ਲਈ ਦਫ਼ਤਰਾਂ ਆਉਣ ਵਾਲੇ ਵਿਅਕਤੀਆਂ ਨੂੰ ਹਰ ਸੰਭਵ ਸਹੂਲਤ ਪ੍ਰਦਾਨ ਕੀਤੀ ਜਾਵੇ।ਬੁੱਧਵਾਰ ਨੂੰ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮਾਲ ਵਿਭਾਗ ਦੀ ਸ਼ਾਮ ਤੋਂ ਦੇਰ ਤੱਕ ਚੱਲੀ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਮੇਰਾ ਘਰ ਮੇਰੇ ਨਾਮ', ਖਸਰਾ ਮੈਪਿੰਗ, ਰਿਕਵਰੀ ਕੇਸਾਂ, ਇੰਤਕਾਲ, ਰੈਵੇਨਿਊ ਕੋਰਸ ਕੇਸਾਂ, ਈ-ਸੇਵਾ ਪੈਂਡੈਂਸੀ, ਜਮ੍ਹਾਂਬੰਦੀਆਂ ਦੀ ਡਿਜੀਟਾਈਜ਼ੇਸ਼ਨ ਆਦਿ ਦੀ ਪ੍ਰਗਤੀ ਸਮੇਤ ਜਲੰਧਰ ਵਿੱਚ 'ਈਜ਼ੀ ਰਜਿਸਟ੍ਰੇਸ਼ਨ ਪ੍ਰਣਾਲੀ' ਲਾਗੂ ਕਰਨ ਸਬੰਧੀ ਚੱਲ ਰਹੀ ਪ੍ਰਕਿਰਿਆ ਦਾ ਬਾਰੀਕੀ ਨਾਲ ਜਾਇਜ਼ਾ ਲਿਆ। ਡਾ. ਅਗਰਵਾਲ ਨੇ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਪਿੰਡਾਂ ਵਿੱਚ ਚੱਲ ਰਹੇ ਗਰਾਊਂਡ ਟਰੂਥਿੰਗ (ਡੋਰ-ਟੂ-ਡੋਰ ਸਰਵੇ) ਦੇ ਕੰਮ ਦੀ ਸਮੀਖਿਆ ਕਰਦਿਆਂ ਇਸ ਵਿੱਚ ਤੇਜ਼ੀ ਲਿਆਉਣ ਦੀਆਂ ਹਦਾਇਤਾਂ ਕੀਤੀਆਂ। ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ 890 ਪਿੰਡਾਂ ਵਿੱਚ ਡਰੋਨ ਸਰਵੇਖਣ ਉਪਰੰਤ 528 ਨਕਸ਼ਾ-1 ਪ੍ਰਾਪਤ ਹੋਏ ਸਨ, ਜਿਨ੍ਹਾਂ ਦੇ ਆਧਾਰ 'ਤੇ ਪਿੰਡਾਂ ਵਿੱਚ ਡੋਰ-ਟੂ-ਡੋਰ ਸਰਵੇ ਦਾ ਕੰਮ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ 287 ਨਕਸ਼ਾ-1 ਦੀ ਗਰਾਊਂਡ ਟਰੂਥਿੰਗ ਮੁਕੰਮਲ ਹੋ ਚੁੱਕੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਡੋਰ-ਟੂ-ਡੋਰ ਸਰਵੇ ਦੇ ਕਾਰਜ ਵਿੱਚ ਤੇਜ਼ੀ ਲਿਆਉਣ ਅਤੇ ਇਸ ਨੂੰ ਜਲਦ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਮਾਲ ਅਫ਼ਸਰ ਨੂੰ ਇਸ ਪ੍ਰਕਿਰਿਆ ਦੀ ਰੋਜ਼ਾਨਾ ਦੇ ਆਧਾਰ 'ਤੇ ਨਿਗਰਾਨੀ ਯਕੀਨੀ ਬਣਾਉਣ ਦੀ ਹਦਾਇਤ ਕੀਤੀ।ਜਲੰਧਰ ਵਿੱਚ 'ਈਜ਼ੀ ਰਜਿਸਟ੍ਰੇਸ਼ਨ ਪ੍ਰਣਾਲੀ' ਸ਼ੁਰੂ ਕਰਨ ਸੰਬੰਧੀ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਇਸ ਦੇ ਨਿਰਵਿਘਨ ਸੰਚਾਲਨ ਲਈ ਲੋੜੀਂਦੇ ਸਟਾਫ਼, ਸਟਾਫ਼ ਦੀ ਢੁੱਕਵੀਂ ਟ੍ਰੇਨਿੰਗ, ਜ਼ਰੂਰੀ ਸਾਜ਼ੋ-ਸਮਾਨ ਆਦਿ ਦੀ ਉਪਲਬਧਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਉਪ ਮੰਡਲ ਮੈਜਿਸਟ੍ਰੇਟਾਂ ਨੂੰ ਤਹਿਸੀਲਾਂ ਦਾ ਨਿਜੀ ਤੌਰ 'ਤੇ ਦੌਰਾ ਕਰਨ ਲਈ ਕਿਹਾ ਤਾਂ ਜੋ ਇਸ ਪ੍ਰਣਾਲੀ ਨੂੰ ਬਿਨਾਂ ਕਿਸੇ ਰੁਕਾਵਟ ਦੇ ਨਿਸ਼ਚਿਤ ਦਿਨ ਤੋਂ ਸ਼ੁਰੂ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਪੋਰਟਲ ਰਾਹੀਂ ਰਜਿਸਟ੍ਰੇਸ਼ਨ ਪ੍ਰਕਿਰਿਆ ਹੋਰ ਪਾਰਦਰਸ਼ੀ ਅਤੇ ਸੁਵਿਧਾਜਨਕ ਬਣੇਗੀ।ਮਾਲ ਵਿਭਾਗ ਨਾਲ ਸਬੰਧਿਤ ਸੇਵਾਵਾਂ ਸਮੇਂ ਸਿਰ ਮੁਹੱਈਆ ਕਰਵਾਉਣ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਅਧਿਕਾਰੀਆਂ ਨੂੰ ਇੰਤਕਾਲ, ਤਕਸੀਮ, ਜਮ੍ਹਾਂਬੰਦੀਆਂ ਅਤੇ ਨਿਸ਼ਾਨਦੇਹੀ ਦੇ ਮਾਮਲਿਆਂ ਨੂੰ ਬਿਨਾਂ ਕਿਸੇ ਦੇਰੀ ਤੋਂ ਸਮਾਂਬੱਧ ਢੰਗ ਨਾਲ ਨਿਪਟਾਉਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਤਕਸੀਮ ਦੇ ਇਕ-ਦੋ ਸਾਲ ਤੋਂ ਜ਼ਿਆਦਾ ਪੁਰਾਣੇ ਕੇਸਾਂ ਨੂੰ ਪਹਿਲ ਦੇ ਆਧਾਰ 'ਤੇ ਨਿਬੇੜਿਆ ਜਾਵੇ।ਡਿਪਟੀ ਕਮਿਸ਼ਨਰ ਨੇ ਤਹਿਸੀਲਦਾਰਾਂ ਅਤੇ ਨਾਇਬ ਤਹਿਸੀਲਦਾਰਾਂ ਨੂੰ ਰਿਕਵਰੀ ਨਾਲ ਸਬੰਧਤ ਮਾਮਲਿਆਂ ਨੂੰ ਸੰਜੀਦਗੀ ਨਾਲ ਲੈਂਦਿਆਂ ਰਿਕਵਰੀ ਵਿੱਚ ਤੇਜ਼ੀ ਲਿਆਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਰਿਕਵਰੀ ਨੂੰ ਪਹਿਲੀ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ ਤਾਂ ਜੋ ਸੂਬਾ ਸਰਕਾਰ ਦੇ ਮਾਲੀਏ ਵਿੱਚ ਵਾਧਾ ਹੋ ਸਕੇ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਅਮਨਿੰਦਰ ਕੌਰ, ਸਮੂਹ ਐਸ.ਡੀ.ਐਮਜ਼, ਜ਼ਿਲ੍ਹਾ ਮਾਲ ਅਫ਼ਸਰ ਨਵਦੀਪ ਸਿੰਘ ਭੋਗਲ ਅਤੇ ਮਾਲ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ।



## ਲਾਇੰਸ ਕਲੱਬ ਵੱਲੋਂ ਸਮਾਰਿਕਾ-2025 ਜਾਰੀ



**ਡੇਰਾਬਸੀ, (ਵਿਨੈ ਕੁਮਾਰ ਜੈਨ)**— ਡੇਰਾਬਸੀ ਲਾਇੰਸ ਕਲੱਬ ਵੱਲੋਂ ਸਮਾਰਿਕਾ-2025 ਜਾਰੀ ਕੀਤੀ ਗਈ। ਇਸ ਸਮਾਰਿਕਾ ਨੂੰ ਲਾਇੰਸ ਕਲੱਬ ਡਿਸਟ੍ਰਿਕਟ ਦੇ ਗਵਰਨਰ ਐਮ.ਜੇ.ਐਫ. ਰਵਿੰਦਰ ਸਗਰ, ਫਰਸਟ ਡਿਸਟ੍ਰਿਕਟ ਗਵਰਨਰ ਅਮ੍ਰਿਤਪਾਲ ਸਿੰਘ ਤੇ ਸੈਕੰਡ ਡਿਸਟ੍ਰਿਕਟ ਗਵਰਨਰ ਅਜੈ ਗੋਇਲ ਵੱਲੋਂ ਜਾਰੀ ਕੀਤਾ ਗਿਆ।ਇਸ ਸਮਾਰਿਕਾ ਵਿੱਚ ਡੇਰਾਬਸੀ ਦੇ ਸਰਕਾਰੀ ਹਸਪਤਾਲਾਂ ਦੇ ਸਾਰੇ ਅਧਿਕਾਰੀਆਂ ਦੇ ਫ਼ੋਨ ਨੰਬਰ, ਲਗਭਗ ਸਾਰੇ ਪ੍ਰਾਈਵੇਟ ਹਸਪਤਾਲਾਂ, ਟ੍ਰਾਈਸਿਟੀ ਦੇ ਵੱਡੇ ਹਸਪਤਾਲਾਂ, ਐਂਬੂਲੈਂਸ, ਫਾਇਰ ਬ੍ਰਿਗੇਡ, ਸਟੇਟ ਗੈਸਟ ਹਾਊਸ, ਫਿਊਨਰਲ ਵੈਨ, ਬਾਡੀ/ਅੱਖ ਦਾਨ ਸੰਬੰਧੀ, ਡੇਰਾਬਸੀ ਤਹਿਸੀਲ ਕੰਪਲੈਕਸ, ਸਟੈਂਪ ਵੈਂਡਰ, ਡੀਡ ਰਾਇਟਰ, ਨੋਟਰੀ, ਸੋਸ਼ਲ ਆਰਗੇਨਾਈਜੇਸ਼ਨ, ਮਿਊਂਸਿਪਲ ਕਮੇਟੀ, ਤਹਿਸੀਲ/ਐਸ.ਡੀ.ਐਮ. ਦਫ਼ਤਰ, ਬਿਜਲੀ ਬੋਰਡ, ਮੋਹਾਲੀ ਏਅਰਪੋਰਟ ਤੋਂ ਚੱਲਣ ਵਾਲੀਆਂ ਫਲਾਈਟਾਂ ਦੀ ਜਾਣਕਾਰੀ, ਕਾਨੂੰਨਗੋ, ਪਟਵਾਰੀ, ਨੰਬਰਦਾਰ, ਪ੍ਰੈਸ ਕਲੱਬ ਦੇ ਰਿਪੋਰਟਰ, ਐਫ.ਈ.ਜ਼ੈੱਡ. ਡੇਰਾਬਸੀ ਦੀ ਲਿਸਟ, ਟ੍ਰਾਈਸਿਟੀ ਦੇ ਸਿਨੇਮਾ ਹਾਲ, ਬੈਂਕ, ਰੇਲਵੇ, ਰੋਡਵੇਜ਼ ਬੱਸਾਂ, ਚੰਡੀਗੜ੍ਹ, ਮੋਹਾਲੀ, ਪੰਚਕੂਲਾ ਦੇ ਇੰਪੋਰਟੈਂਟ ਹੈਲਪਲਾਈਨ ਨੰਬਰ ਆਦਿ ਬਹੁਤ ਹੀ ਮਹੱਤਵਪੂਰਨ ਜਾਣਕਾਰੀਆਂ ਦਿੱਤੀਆਂ ਗਈਆਂ ਹਨ।ਇਸ ਮੌਕੇ 'ਤੇ ਲਾਇੰਸ ਕਲੱਬ ਦੇ ਸਾਰੇ ਸੀਨੀਅਰ ਅਹੁਦੇਦਾਰਾਂ ਵੱਲੋਂ ਆਉਣ ਵਾਲੇ ਸਮੇਂ ਵਿੱਚ ਡੇਰਾਬਸੀ ਵਿੱਚ ਲੋਕ-ਭਲਾਈ ਦੇ ਹੋਰ ਕੰਮ ਕਰਨ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਕਲੱਬ ਦੇ ਪ੍ਰਧਾਨ ਨਿਤਿਨ ਜਿੰਦਲ ਨੇ ਆਪਣੇ ਕਾਰਜਕਾਲ ਦੌਰਾਨ ਮੈਂਬਰਾਂ ਦੇ ਯੋਗਦਾਨ ਅਤੇ ਖਾਸ ਕਰਕੇ ਸਾਰੇ ਪ੍ਰੈੱਸ ਸਾਥੀਆਂ ਦਾ ਧੰਨਵਾਦ ਕੀਤਾ।

## ਹਰਭਗਵਾਨ ਮੂਨਕ 'ਤੇ ਹਮਲਾ ਕਰਨ ਵਾਲਿਆਂ ਨੂੰ ਗ੍ਰਿਫ਼ਤਾਰ ਕੀਤਾ ਜਾਵੇ : ਸੇਵੇਵਾਲਾ

**ਜਲੰਧਰ (ਰਾਜੇਸ਼ ਥਾਪਾ, ਗਿਆਨ ਸੈਦਪੁਰੀ)** ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਸਾਥੀ ਹਰਭਗਵਾਨ ਮੂਨਕ 'ਤੇ ਡੀਐਸਪੀ ਮੂਨਕ ਦੇ ਦਫ਼ਤਰ ਕੋਲ ਪਿੰਡ ਪਾਪੜਾ ਦੇ ਜਾਗੀਰੂ ਚੌਧਰੀਆਂ ਦੀ ਮਿਲੀ ਭੁਗਤ ਨਾਲ ਕੁਝ ਗੁੰਡਿਆਂ ਵਲੋਂ ਮਾਰ ਦੇਣ ਦੀ ਨੀਅਤ ਨਾਲ ਹਮਲਾ ਕਰਕੇ ਗੰਭੀਰ ਜ਼ਖ਼ਮੀ ਕਰ ਦਿੱਤਾ। ਇਥੋਂ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਆਗੂਆਂ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ, ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਕੁਲ ਹਿੰਦ ਖੇਤ ਮਜਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਰਾਮ ਸਿੰਘ ਨੂਰਪੁਰੀ, ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਜਨਰਲ ਸਕੱਤਰ ਦੇਵੀ ਕੁਮਾਰੀ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ , ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਗੋਬਿੰਦ ਸਿੰਘ ਛਾਜਲੀ ਅਤੇ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਕੁਲਵੰਤ ਸਿੰਘ ਸੇਲਵਰਾ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਪਿੰਡ ਪਾਪੜਾ ਜ਼ਿਲ੍ਹਾ ਸੰਗਰੂਰ ਵਿਖੇ ਤੀਜੇ ਹਿੱਸੇ ਦੀ ਪੰਚਾਇਤੀ ਜ਼ਮੀਨ ਦੀ ਬੋਲੀ ਦੇ ਮਾਮਲੇ ਵਿਚ ਮਜ਼ਦੂਰ ਆਗੂ ਹਰਭਗਵਾਨ , ਪੇਂਡੂ ਧਨਾਂਢਾਂ ਦੀਆਂ ਅੱਖਾਂ 'ਚ ਰੜਕਦਾ ਸੀ ਜਿਸ ਕਰਕੇ ਪਹਿਲਾਂ ਵੀ ਕਈ ਵਾਰੀ ਮਜ਼ਦੂਰ ਆਗੂ ਨੂੰ ਧਮਕੀਆਂ ਦਿੱਤੀਆਂ ਜਾ ਰਹੀਆਂ ਸਨ। ਇੱਕ ਮਾਮਲੇ ਵਿੱਚ ਪਿੰਡ ਦੇ ਮਜ਼ਦੂਰ , ਪਿੰਡ ਪਾਪੜਾ ਵਿਖੇ ਇਕੱਠੇ ਹੋਏ ਸਨ ਜਿੱਥੇ ਸਾਥੀ ਹਰਭਗਵਾਨ ਮੂਨਕ ਗਏ ਸਨ। ਪਹਿਲਾਂ ਹੰਕਾਰੇ ਹੋਏ ਜਾਗੀਰੂ ਚੌਧਰੀਆਂ ਨੇ ਪਿੰਡ ਵਿੱਚ ਹੀ ਮਜ਼ਦੂਰ ਆਗੂ ਨਾਲ ਹੱਥੋਪਾਈ ਕੀਤੀ ਤੇ ਪਿੰਡ ਦੇ ਮਜ਼ਦੂਰਾਂ ਨੂੰ ਜਾਤੀਸੂਚਕ ਗਾਲੀ ਗਲੋਚ ਕੀਤਾ ।ਮਜ਼ਦੂਰ ਜਦੋਂ ਥਾਣਾ ਮੂਨਕ ਵਿਖੇ ਇਸ ਘਟਨਾ ਦੀ ਸ਼ਿਕਾਇਤ ਕਰਨ ਜਾ ਰਹੇ ਸਨ ਪਿੰਡ ਪਾਪੜਾ ਦੇ ਜਾਗੀਰੂ ਚੌਧਰੀਆਂ ਦੇ ਗੁੰਡਿਆਂ ਨੇ ਸ਼ਰੇ ਬਜਾਰ ਮਜ਼ਦੂਰ 'ਤੇ ਹਮਲਾ ਕਰਕੇ ਗੰਭੀਰ ਰੂਪ ਵਿੱਚ ਜ਼ਖ਼ਮੀ ਕਰ ਦਿੱਤਾ। ਮਜ਼ਦੂਰ ਆਗੂਆਂ ਨੇ ਇਸ ਹਮਲੇ ਦਾ ਗੰਭੀਰ ਨੋਟਿਸ ਲੈਂਦਿਆਂ ਕਿਹਾ ਕਿ ਇਸਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਮੰਗ ਕੀਤੀ ਕਿ ਗੁੰਡਿਆਂ ਨੂੰ ਤੁਰਤ ਫੜਕੇ ਸਲਾਖਾਂ ਪਿੱਛੇ ਕੀਤਾ ਜਾਵੇ ਅਤੇ ਜਾਤੀਸੂਚਕ ਗਾਲੀ ਗਲੋਚ ਕਰਨ ਵਾਲਿਆਂ 'ਤੇ ਐੱਸ ਸੀ ਐੱਸ ਟੀ ਐਕਟ ਲਾ ਕੇ ਗ੍ਰਿਫ਼ਤਾਰ ਕੀਤਾ ਜਾਵੇ ।

## ਇਪਟਾ ਨੇ ਮੌਨਸੂਨ ਸੈਸ਼ਨ ਦੌਰਾਨ ਸੱਭਿਆਚਾਰਕ ਪ੍ਰਦੂਸ਼ਣ ਦਾ ਮਸਲਾ ਉਭਾਰਨ ਲਈ ਭੇਜਿਆ ਪੱਤਰ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**- ਇਪਟਾ ਨੇ ਆਪ ਦੇ ਸੂਬਾ ਪ੍ਰਧਾਨ ਅਰੋੜਾ , ਬੀ ਜੇ. ਪੀ. ਸੂਬਾ ਪ੍ਰਧਾਨ ਸੁਨੀਲ ਕੁਮਾਰ ਜਾਖੜ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਕਾਂਗਰਸ ਦੇ ਪ੍ਰਧਾਨ ਸੂਬਾ ਰਾਜਾ ਵੜਿੰਗ ਨੂੰ ਈਮੇਲ ਅਤੇ ਵਟਸਐਪ ਰਾਹੀਂ ਪੱਤਰ ਭੇਜ ਕੇ 21 ਜੁਲਾਈ ਤੋਂ 12 ਅਗਸਤ ਤੱਕ ਚੱਲਣ ਵਾਲੇ ਮੌਨਸੂਨ ਸੈਸ਼ਨ ਦੌਰਾਨ ਆਪੋ-ਆਪਣੇ ਲੋਕ-ਸਭਾ ਮੈਂਬਰਾਂ ਤੋਂ ਸਭਿਆਚਾਰਕ ਪ੍ਰਦੂਸ਼ਣ ਦਾ ਮਸਲਾ ਉਭਾਰਨ ਲਈ ਇਕ ਵਾਰ ਫੇਰ ਤਾਕੀਦ ਕਰਨ ਲਈ ਬੇਨਤੀ ਕੀਤੀ ਹੈ। ਇਹ ਖੁਲਾਸਾ ਕਰਦੇ ਨਾਟਕਕਾਰ, ਨਾਟ-ਨਿਰਦੇਸ਼ਕ ਅਤੇ ਇਪਟਾ, ਪੰਜਾਬ ਦੇ ਪ੍ਰਧਾਨ ਸੰਜੀਵਨ ਸਿੰਘ ਨੇ ਕਿਹਾ ਕਿ ਸਮਾਜ ਵਿਚ ਨਸ਼ਿਆ ਦੇ ਵੱਧ ਰਹੇ ਰੁਝਾਨ, ਔਰਤਾਂ ਪ੍ਰਤੀ ਅਪਰਾਧਾਂ ਅਤੇ ਗੈਂਗਸਟਰਵਾਦ ਲਈ ਲੱਚਰਤਾ, ਅਸ਼ਲੀਲਤਾ, ਹਥਿਆਰਾਂ ਅਤੇ ਨਸ਼ਿਆਂ ਨੂੰ ਉਤਸ਼ਾਹਿਤ ਕਰਦੀ ਗੀਤਕਾਰੀ ਤੇ ਗਾਇਕੀ ਵੀ ਜ਼ੁੰਮੇਵਾਰ ਹੈ। ਇਸ ਲਈ ਸਭਿਆਚਾਰਕ ਪ੍ਰਦੂਸ਼ਣ ਵਰਗੇ ਗੰਭੀਰ ਮਸਲੇ ਨੂੰ ਗੰਭੀਰਤਾ ਨਾਲ ਲੈਣ ਦੀ ਜ਼ਰੂਰਤ ਹੈ। ਜਨਰਲ ਸਕੱਤਰ ਇੰਦਰਜੀਤ ਰੂਪੋਵਾਲੀ ਨੇ ਦੱਸਿਆਂ ਕਿ ਇਪਟਾ, ਪੰਜਾਬ ਤਿੰਨ ਦਹਾਕਿਆਂ ਤੋਂ ਸਭਿਆਚਾਰਕ ਪ੍ਰਦੂਸ਼ਣ ਵਰਗੇ ਗੰਭੀਰ ਮਸਲੇ ਬਾਰੇ ਚਿੰਤਾ ਪ੍ਰਗਟ ਕਰਦੇ ਦੇਸ਼ ਦੇ ਮਾਨਯੋਗ ਰਾਸ਼ਟਰਪਤੀਆਂ, ਪ੍ਰਧਾਨ ਮੰਤਰੀਆਂ, ਸਬੰਧਤ ਮਹਿਕਮਿਆਂ ਦੇ ਮੰਤਰੀਆਂ, ਸੈਂਸਰ ਬੋਰਡ ਦੇ ਮੁੱਖੀਆਂ, ਮੈਂਬਰ ਪਾਰਲੀਮੈਂਟਾਂ ਤੇ ਦੇਸ਼ ਅਤੇ ਸੂਬੇ ਦੀਆਂ ਸਾਰੀ ਹਾਕਿਮ ਅਤੇ ਵਿਰੋਧੀ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੂੰ ਅਨੇਕਾਂ ਹੀ ਪੱਤਰ ਲਿਖ ਚੁੱਕੀ ਹੈ। ਪਰ ਕੇਵਲ ਸਵਰਗੀ ਮਾਨਯੋਗ ਸਾਬਕਾ ਰਾਸ਼ਟਰਪਤੀ ਅਬਦੁੱਲ ਕਲਾਮ ਅਤੇ ਸਤਿਕਾਰਯੋਗ ਅੰਨਾ ਹਜ਼ਾਰੇ ਹੋਰਾਂ ਨੇ ਹੀ ਇਸ ਗੰਭੀਰ ਮਸਲੇ ਬਾਰੇ ਹੁੰਗਾਰਾ ਭਰਿਆ।

## ਸਰਬ ਨੌਜਵਾਨ ਸਭਾ ਨੇ ਨਸ਼ਾਖੋਰੀ ਵਿਰੁੱਧ ਸਾਂਝ ਕੇਂਦਰ ਦੇ ਸਹਿਯੋਗ ਨਾਲ ਮਨਾਇਆ ਵਿਸ਼ਵ ਦਿਹਾੜਾ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)** ਦੁਆਬੇ ਦੀ ਮੋਹਰੀ ਸਮਾਜ ਸੇਵੀ ਜੱਥੇਬੰਦੀ ਸਰਬ ਨੌਜਵਾਨ ਸਭਾ ਰਜਿ. ਫਗਵਾੜਾ ਅਤੇ ਯੁਵਕ ਸੇਵਾਵਾਂ ਕਲੱਬ ਭੁੱਲਾਰਾਈ ਵਲੋਂ ਸਾਂਝ ਕੇਂਦਰ ਫਗਵਾੜਾ ਦੇ ਸਹਿਯੋਗ ਨਾਲ ਨਸ਼ਾਖੋਰੀ ਵਿਰੁੱਧ ਵਿਸ਼ਵ ਦਿਹਾੜਾ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਸਰਪ੍ਰਸਤੀ ਹੇਠ ਸਥਾਨਕ ਸਿਵਲ ਹਸਪਤਾਲ ਫਗਵਾੜਾ ਵਿਖੇ ਮਨਾਇਆ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਐਸ.ਐਚ. ਓ. ਸਤਨਾਮਪੁਰਾ ਹਰਦੀਪ ਸਿੰਘ ਮਾਨ ਨੇ ਸ਼ਿਰਕਤ ਕੀਤੀ। ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਸਾਂਝ ਕੇਂਦਰ ਫਗਵਾੜਾ ਤੋਂ ਵਰਿੰਦਰ ਕੁਮਾਰ ਤੇ ਰਸ਼ਪਾਲ ਸਿੰਘ, ਰਾਜੇਸ਼ ਚੰਦਰ ਐਸ.ਐਮ.ਓ. ਅਤੇ ਡਾ: ਨਿਖਿਲ ਸਿੰਘ ਦਿਮਾਗੀ ਰੋਗਾਂ ਦੇ ਮਾਹਿਰ ਸਿਵਲ ਹਸਪਤਾਲ ਫਗਵਾੜਾ, ਸਮਾਜ ਸੇਵਕ ਮਦਨ ਲਾਲ ਕੋਰੋਟਾਨੀਆ ਤੇ ਸਰਬਰ ਗੁਲਾਮ ਸੱਬਾ ਸ਼ਾਮਲ ਹੋਏ। ਐਸ.ਐਚ.ਓ. ਸਤਨਾਮਪੁਰਾ ਨੇ ਹਾਜਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੁਲਸ ਪ੍ਰਸ਼ਾਸਨ ਸਮਾਜ ਵਿਚੋਂ ਨਸ਼ੇ ਖ਼ਤਮ ਕਰਨ ਲਈ ਪੂਰੇ ਯਤਨ ਕਰ ਰਿਹਾ ਹੈ ਅਤੇ ਇਸ ਸਬੰਧ 'ਚ ਉਹਨਾਂ ਵਲੋਂ ਸਮਾਜ ਦੇ ਹਰ ਵਰਗ ਦੇ ਲੋਕਾਂ, ਸਮਾਜਿਕ, ਧਾਰਮਿਕ ਸੰਸਥਾਵਾਂ ਦਾ ਸਹਿਯੋਗ ਲਿਆ ਜਾ ਰਿਹਾ ਹੈ। ਪੁਲਿਸ ਪ੍ਰਸ਼ਾਸਨ ਨਾ ਸਿਰਫ ਉਹਨਾ ਨਸ਼ਾ ਤਸਕਰਾਂ ਦਾ ਚਿਹਰਾ ਨੰਗਾ ਕਰੇਗਾ, ਜਿਹੜੇ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਵੱਲ ਧੱਕ ਰਹੇ ਹਨ, ਸਗੋਂ ਉਹਨਾ ਨੂੰ ਸਖ਼ਤ ਸਜ਼ਾਵਾਂ ਦੇਣ ਲਈ ਵੀ ਤੱਤਪਰਤਾ ਨਾਲ ਕੰਮ ਕਰ ਰਿਹਾ ਹੈ। ਸਰਬਰ ਗੁਲਾਮ ਸੱਬਾ ਨੇ ਕਿਹਾ ਕਿ ਨਫ਼ਰਤ ਹਮੇਸ਼ਾ ਨਸ਼ੇ ਤੋਂ ਕਰਨੀ ਚਾਹੀਦੀ ਹੈ, ਨਸ਼ੇੜੀ ਵਿਅਕਤੀ ਤੋਂ ਨਹੀਂ। ਨਸ਼ਾ ਕਰਨ ਦੇ ਆਦੀ ਵਿਅਕਤੀ ਦੀ ਕਾਉਂਸਲਿੰਗ ਕਰਕੇ ਨਸ਼ਾ ਤਿਆਗ ਦੇਣ ਲਈ ਮਾਨਸਿਕ ਤੌਰ 'ਤੇ ਉਸਨੂੰ ਤਿਆਰ ਕਰਨ ਦਾ ਉਪਰਾਲਾ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਉਹ ਸਮਾਜ 'ਚ ਇਕ ਵਧੀਆ ਤੇ ਤੰਦਰੁਸਤ ਨਸ਼ਾ ਰਹਿਤ ਜੀਵਨ ਜਿਉਂ ਸਕੇ। ਸਮਾਜ ਸੇਵਕ ਮਦਨ ਲਾਲ ਕੋਰੋਟਾਨੀਆ ਨੇ ਸਮਾਜ ਵਿੱਚ ਨਸ਼ੇ ਦੇ ਖ਼ਾਤਮੇ ਲਈ ਸਮੂਹਿਕ ਯਤਨ ਦੀ ਲੋੜ 'ਤੇ ਜੋਰ ਦਿੱਤਾ। ਉਹਨਾ ਆਪਣੇ ਵਿਸਥਾਰਤ ਭਾਸ਼ਨ 'ਚ ਨਸ਼ਿਆਂ ਦੇ ਕਾਰਨਾਂ ਵਿੱਚ ਬੇਰੁਜ਼ਗਾਰੀ, ਅਨਪੜ੍ਹਤਾ, ਮਾਪਿਆਂ ਵਲੋਂ ਬੱਚਿਆਂ ਦੀ ਅਣਦੇਖੀ ਅਤੇ ਵੱਧ ਰਹੇ ਸੋਸ਼ਲ ਮੀਡੀਆ ਪ੍ਰਭਾਵ ਨੂੰ ਜਿੰਮੇਵਾਰ ਠਹਿਰਾਇਆ। ਵਰਿੰਦਰ ਕੁਮਾਰ ਇੰਚਾਰਜ ਸਾਂਝ ਕੇਂਦਰ ਨੇ ਕਿਹਾ ਕਿ ਸਮਾਜ ਵਿੱਚ ਮੁੱਢ ਕਦੀਮ ਤੋਂ ਨਸ਼ੇ ਹਨ, ਪਰ ਇਸ ਵੇਲੇ ਪੰਜਾਬੀ ਸਮਾਜ ਬੁਰੀ ਤਰ੍ਹਾਂ ਨਸ਼ਿਆਂ ਤੋਂ ਗ੍ਰਸਤ ਹੈ। ਰਾਜੇਸ਼ ਚੰਦਰ ਕਾਰਜਕਾਰੀ ਐਸ.ਐਮ.ਓ. ਨੇ ਕਿਹਾ ਕਿ ਨਸ਼ਾ ਇੱਕ ਬੀਮਾਰੀ ਹੈ ਅਤੇ ਇਸ ਤੋਂ ਛੁਟਕਾਰਾ ਪਾਉਣ ਲਈ ਦਵਾਈ ਦੀ ਤਾਂ ਲੋੜ ਹੈ ਹੀ, ਬਲਕਿ ਪਰਵਾਰ, ਸਮਾਜ ਦੀ ਵੀ ਨਸ਼ੱਈ ਵਲੋਂ ਨਸ਼ਾ ਛੱਡਾਉਣ 'ਚ ਵਿਸ਼ੇਸ਼ ਭੂਮਿਕਾ ਹੈ। ਮੰਚ ਸੰਚਾਲਕ ਦੀ ਭੂਮਿਕਾ ਸਭਾ ਦੇ ਉਪ ਪ੍ਰਧਾਨ ਰਵਿੰਦਰ ਸਿੰਘ ਰਾਏ ਨੇ ਬਾਖ਼ੂਬੀ ਨਿਭਾਈ। ਸਭਾ ਵਲੋਂ ਪਤਵੰਤਿਆਂ ਨੂੰ ਸਨਮਾਨਤ ਵੀ ਕੀਤਾ ਗਿਆ। ਅਖੀਰ ਵਿਚ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਸਹਿਯੋਗ ਲਈ ਸਾਂਝ ਕੇਂਦਰ, ਸਿਵਲ ਹਸਪਤਾਲ ਅਤੇ ਸਮੂਹ ਮਹਿਮਾਨਾਂ ਅਤੇ ਪਤਵੰਤਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਜਗਜੀਤ ਸੇਠ ਮੈਨੇਜਰ, ਸਾਹਿਬਜੀਤ ਸਾਬੀ, ਮਨਦੀਪ ਬਾਸੀ, ਰਾਕੇਸ਼ ਕੋਛੜ, ਉਪ ਪ੍ਰਧਾਨ ਰਾਜ ਕੁਮਾਰ ਕਨੌਜੀਆ, ਨਰਿੰਦਰ ਸੈਣੀ, ਰਾਜ ਕੁਮਾਰ ਰਾਜਾ, ਗੁਰਦੀਪ ਸਿੰਘ ਤੁੱਲੀ, ਪਰਮਜੀਤ ਰਾਏ, ਜਸ਼ਨ ਮਹਿਰਾ, ਗੁਲਸ਼ਨ ਕਪੂਰ, ਮੌਲਾਨਾ ਨਸੀਮ ਅਹਿਮਦ ਕਾਸਮੀ, ਮੁਹੰਮਦ ਫ਼ਿਰੋਜ਼ ਸੈਫ਼ੀ, ਕਾਰੀ ਸੂਫ਼ੀਆਨ, ਅਮੀਰ ਸੈਫ਼ੀ, ਮੈਡਮ ਤਨੂੰ, ਮੈਡਮ ਸਪਨਾ ਸ਼ਾਰਦਾ, ਮੈਡਮ ਆਸ਼ੂ ਬੱਗਾ, ਮੈਡਮ ਗੁਰਜੀਤ ਕੌਰ, ਮੈਡਮ ਲਕਸ਼ਮੀ, ਅੰਜਲੀ, ਮਸਕੀਨ, ਮੁਸਕਾਨ, ਕਸ਼ਿਸ਼, ਅੰਜਲੀ, ਪ੍ਰੀਆ, ਦਿਲਜੋਤ, ਲਵਦੀਪ, ਜਸਦੀਪ, ਮਮਤਾ, ਜਸਲੀਨ, ਲਵਲੀਨ, ਗੁਰਪ੍ਰੀਤ ਆਦਿ ਹਾਜ਼ਰ ਸਨ।





## ਖ਼ੂਨਦਾਨ ਕੈਂਪ ਦਾ ਉਦਘਾਟਨ ਵਿਧਾਇਕ ਤੇ ਐੱਸ ਡੀ ਐੱਮ ਨੇ ਕੀਤਾ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**— ਗੁ: ਦਸਮੇਸ਼ਗੜ੍ਹ ਸਾਹਿਬ ਪਿੰਡ ਭੈਰੋਂ ਮਾਜਰਾ ਅਤੇ ਬਾਬਾ ਸੁਖਪਾਲ ਸਿੰਘ ਦੀ ਅਗਵਾਈ ਵਿੱਚ ਖ਼ੂਨਦਾਨ ਅਤੇ ਮੈਡੀਕਲ ਕੈਂਪ ਲਗਾਇਆ ਗਿਆ। ਖ਼ੂਨਦਾਨ ਕੈਂਪ ਦਾ ਉਦਘਾਟਨ ਵਿਧਾਇਕ ਡਾ.ਚਰਨਜੀਤ ਸਿੰਘ ਅਤੇ ਐਸ.ਡੀ.ਐਮ ਅਮਰੀਕ ਸਿੰਘ ਵੱਲੋਂ ਕੀਤਾ ਗਿਆ । ਮੁੱਖ ਮਹਿਮਾਨ ਵਜੋਂ ਸੰਤ ਬਾਬਾ ਪਰਮਜੀਤ ਸਿੰਘ ਹੰਸਾਲੀ ਸਾਹਿਬ ਅਤੇ ਬਾਬਾ ਸੁਖਬੀਰ ਸਿੰਘ ਕੰਧੋਲਾ ਪੁੱਜੇ। ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਮਨਜਿੰਦਰ ਸਿੰਘ ਸੈਣੀ, ਨੌਜਵਾਨ ਸਭਾ ਪੰਜਾਬ ਦੇ ਪ੍ਰਧਾਨ ਅਮਰਜੀਤ ਸਿੰਘ ਕਲਸੀ, ਗੁਰਮੁੱਖ ਸਿੰਘ ਸਾਬਕਾ ਸਰਪੰਚ ਪਿੰਡ ਭੈਰੋਂ ਮਾਜਰਾ ਆਦਿ ਨੇ ਖ਼ੂਨਦਾਨੀਆਂ ਨੂੰ ਤੋਹਫ਼ੇ ਦੇ ਕੇ ਉਨ੍ਹਾਂ ਦਾ ਹੌਸਲਾ ਵਧਾਇਆ।ਬੀਬੀ ਸ਼ਰਨ ਕੌਰ ਖਾਲਸਾ ਕਾਲਜ ਦੇ ਰੈੱਡ ਰਿਬਨ ਕਲੱਬ ਅਤੇ ਐੱਨ. ਐੱਸ. ਐੱਸ. ਵਲੰਟੀਅਰਾਂ ਵੱਲੋਂ ਖੂਨ ਦਾਨ ਕੈਂਪ ਵਿੱਚ ਵਡਮੁੱਲਾ ਯੋਗਦਾਨ ਦਿੱਤਾ ਗਿਆ। ਇਸ ਖ਼ੂਨਦਾਨ ਕੈਂਪ ਵਿੱਚ 36 ਯੂਨਿਟਾਂ ਇਕੱਤਰ ਕੀਤੀਆਂ ਗਈਆਂ। ਪੰਜਾਬ ਰੈਡ ਕਰਾਸ ਸੁਸਾਇਟੀ ਕੁਰਾਲੀ ਵੱਲੋਂ ਫਰੀ ਮੈਡੀਕਲ ਕੈਂਪ ਵੀ ਲਗਾਇਆ ਗਿਆ। ਇਸ ਮੌਕੇ ਅੱਖਾਂ ਦਾ ਕੈਂਪ ਵੀ ਲਗਾਇਆ ਗਿਆ ਇਸ ਵਿੱਚ 500 ਮਰੀਜ਼ਾਂ ਦਾ ਫਰੀ ਚੈਕ ਅੱਪ ਕੀਤਾ ਜਿਸ ਵਿੱਚੋਂ 50 ਮਰੀਜ਼ਾਂ ਦੀਆਂ ਅੱਖਾਂ ਦੇ ਲੈਂਜ਼ ਵੀ ਪਾਏ ਜਾਣਗੇ। ਇਹਨਾਂ ਲੈਂਜਾਂ ਦੀ ਸੇਵਾ ਬਾਬਾ ਸੁਖਪਾਲ ਸਿੰਘ ਭੈਰੋਂ ਮਾਜਰਾ ਵੱਲੋਂ ਕੀਤੀ ਜਾਵੇਗੀ। ਇਸ ਕੈਂਪ ਵਿੱਚ ਲਗਭਗ 476 ਦੇ ਕਰੀਬ ਮਰੀਜ਼ਾਂ ਨੂੰ ਦਵਾਈਆਂ ਪੰਜਾਬ ਰੈਡ ਕਰਾਸ ਸੁਸਾਇਟੀ ਵੱਲੋਂ ਫਰੀ ਵੰਡੀਆਂ ਗਈਆਂ । ਇਸ ਮੌਕੇ ਖ਼ੂਨਦਾਨ ਕੈਂਪ ਵਿੱਚ ਭਾਈ ਗੁਰਪ੍ਰੀਤ ਸਿੰਘ ਮੈਂਬਰ ਸਿੱਖੀ ਬਚਾਓ ਪਿਆਰਿਓ ਚੈਰੀਟੇਬਲ ਟਰੱਸਟ,ਸਮੂਹ ਪੱਤਰਕਾਰ ਭਾਈਚਾਰਾ, ਅਮਰਜੀਤ ਸਿੰਘ ਕਲਸੀ ਪ੍ਰਧਾਨ ਬੁਲੰਦ ਪ੍ਰੈੱਸ ਕਲੱਬ ਸ੍ਰੀ ਚਮਕੌਰ ਸਾਹਿਬ, ਨੌਜਵਾਨ ਸਭਾ ਪੰਜਾਬ ਦੇ ਚੇਅਰਮੈਨ ਜਤਿੰਦਰ ਕੁਮਾਰ ਸ਼ਰਮਾ ਅਤੇ ਹੋਰ ਸਿਆਸੀ ਆਗੂਆਂ ਨੇ ਵੀ ਆਪਣੀ ਹਾਜ਼ਰੀ ਲਗਵਾਈ ।





## ਏ ਜੀ ਆਈ ਓਪਨ ਸਵੀਮਿੰਗ ਚੈਂਪੀਅਨਸ਼ਿਪ ਖੇਡ ਭਾਵਨਾ ਨਾਲ ਸ਼ੁਰੂ

**ਜਲੰਧਰ (ਰਾਜੇਸ਼ ਥਾਪਾ)** ਜਲੰਧਰ ਹਾਈਟਸ 2, ਦੇ ਕਲੱਬ, 66 ਫੁੱਟ ਰੋਡ ਜਲੰਧਰ ਦੇ ਸੁੰਦਰ ਸਵੀਮਿੰਗ ਪੂਲ ਵਿਖੇ ਸ਼ੁਰੂ ਹੋਈ ਏ ਜੀ ਆਈ ਸਵੀਮਿੰਗ ਚੈਂਪੀਅਨਸ਼ਿਪ ਦੇ ਪਹਿਲੇ ਉਦਘਾਟਨੀ ਦਿਨ 29 ਤੈਰਾਕੀ ਖਿਡਾਰੀਆਂ ਨੇ ਹਿੱਸਾ ਲਿਆ।ਜਲੰਧਰ ਹਾਈਟਸ 1 ਅਤੇ 2 ਦੇ ਵੱਡੀ ਗਿਣਤੀ ਵਿੱਚ ਵਸਨੀਕਾਂ ਅਤੇ ਭਾਗ ਲੈਣ ਵਾਲੇ ਖਿਡਾਰੀਆਂ ਦੇ ਭੈਣ-ਭਰਾ ਨੇ ਖਿਡਾਰੀਆਂ ਦਾ ਹੌਸਲਾ ਵਧਾਇਆ।ਏ ਜੀ ਆਈ ਦੇ, ਜਨਰਲ ਅਰੁਣ ਖੰਨਾ ਨੇ ਰਸਮੀ ਤੌਰ 'ਤੇ ਚੈਂਪੀਅਨਸ਼ਿਪ ਦਾ ਉਦਘਾਟਨ ਕੀਤਾ ਜੋ ਏ ਜੀ ਸਪੋਰਟਸ ਇੰਸਟੀਚਿਊਟ ਆਫ਼ ਇੰਡੀਆ ਦੁਆਰਾ ਆਯੋਜਿਤ ਕੀਤੀ ਜਾ ਰਹੀ ਹੈ, ਜੋ ਕਿ ਏ ਜੀਆਈ ਇੰਫਰਾ ਲਿਮਟਿਡ ਜੋ ਕਿ ਚੋਟੀ ਦੀ ਰੀਅਲ ਅਸਟੇਟ ਅਤੇ ਨਿਰਮਾਣ ਕੰਪਨੀ, ਦੀ ਸਹਾਇਕ ਕੰਪਨੀ ਹੈ ।ਉਨ੍ਹਾਂ ਨੇ ਏ ਜੀ ਆਈ ਇੰਫਰਾ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਦਾ ਨੌਜਵਾਨਾਂ ਲਈ ਖੇਡਾਂ ਦੇ ਪ੍ਰਚਾਰ ਅਤੇ ਵਿਕਾਸ ਵਿੱਚ ਡੂੰਘੀ ਦਿਲਚਸਪੀ ਲੈਣ ਲਈ ਧੰਨਵਾਦ ਕੀਤਾ, ਤਾਂ ਜੋ ਉਹ ਆਪਣੀ ਊਰਜਾ ਨੂੰ ਖੇਡਾਂ ਵੱਲ ਲਗਾ ਸਕਣ, ਅਤੇ ਇਸ ਆਧੁਨਿਕ ਯੁੱਗ ਦੀਆਂ ਸਾਰੀਆਂ ਬੁਰਾਈਆਂ, ਖਾਸ ਕਰਕੇ ਨਸ਼ਿਆਂ ਦੀ ਦੁਰਵਰਤੋਂ ਤੋਂ ਦੂਰ ਰਹਿਣ ।ਸੰਸਥਾ ਦੇ ਪ੍ਰਬੰਧ ਨਿਰਦੇਸ਼ਕ ਸੁਰਿੰਦਰ ਭਾਂਬਰੀ ਨੇ ਵੀ ਕ੍ਰਿਕਟ, ਫੁੱਟਬਾਲ, ਤੈਰਾਕੀ ਆਦਿ ਵਰਗੀਆਂ ਵੱਖ-ਵੱਖ ਖੇਡਾਂ ਨੂੰ ਸਪਾਂਸਰ ਕਰਨ ਲਈ ਏ ਜੀ ਆਈ ਇੰਫਰਾ ਲਿਮਟਿਡ ਦੀ ਸ਼ਲਾਘਾ ਕੀਤੀ ਅਤੇ ਧੰਨਵਾਦ ਕੀਤਾ।ਚੈਂਪੀਅਨਸ਼ਿਪ ਦੇ ਪਹਿਲੇ ਦਿਨ 15 ਸਾਲ ਤੋਂ ਘੱਟ ਉਮਰ ਦੇ 50 ਮੀਟਰ ਫ੍ਰੀਸਟਾਈਲ ਦੀਆਂ ਛੇ ਹੀਟਾਂ ਦਾ ਆਯੋਜਿਤ ਕੀਤਾ ਗਿਆ ।ਪਹਿਲੇ ਦਿਨ ਖੇਡੇ ਗਏ 50 ਮੀਟਰ ਫ੍ਰੀਸਟਾਈਲ ਮੁਕਾਬਲੇ ਦੇ ਨਤੀਜੇ ਹੇਠ ਲਿਖੇ ਅਨੁਸਾਰ ਹਨ।ਪਹਿਲੀ ਹੀਟ ਵਿੱਚ ਮਿਸਟਰ ਸੁਹਾਨ, ਦੈਵਿਕ, ਰਿਤਵਿਕ, ਰੋਹਨ ਨੇ ਭਾਗ ਲਿਆ।ਮਿਸਟਰ ਰੋਹਨ ਨੇ ਜਿੱਤਿਆ ਅਤੇ ਸੁਹਾਨ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਦੂਜੀ ਹੀਟ ਵਿੱਚ ਦਸ਼ਮ ਸਿੰਘ, ਆਕਰਸ਼, ਅਬੀਰ ਸਿੰਘ ਅਤੇ ਧੇਰੀਆ ਨੇ ਸ਼ਮੂਲੀਅਤ ਕੀਤੀ।ਆਕਰਸ਼ ਨੇ ਪਹਿਲਾ ਅਤੇ ਧੀਰਿਆ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਤੀਜੀ ਹੀਟ ਵਿੱਚ ਆਰਵ ਚਾਵਲਾ, ਅਰਨਵ, ਜਾਗਰਵ, ਯਸ਼ ਅਤੇ ਅਰਸ਼ ਨੇ ਭਾਗ ਲਿਆ। ਆਰਵ ਨੇ ਪਹਿਲਾ, ਅਰਸ਼ ਨੇ ਦੂਜਾ ਅਤੇ ਜਗਰਵ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਚੌਥੀ ਹੀਟ ਵਿੱਚ ਆਰਵ, ਰਣਬੀਰ, ਸ਼ਿਵਾਂਸ਼, ਭਾਭਾ, ਨਿਕੇਤਨ ਨੇ ਭਾਗ ਲਿਆ। ਸ਼ਿਵਾਂਸ਼ ਨੇ ਪਹਿਲਾ, ਨਿਕੇਤਨ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਪੰਜਵੀਂ ਹੀਟ ਵਿੱਚ ਸਕਸ਼ਮ, ਆਰਵ, ਰਿਆਨ, ਆਦਿਤਿਆ ਅਤੇ ਅਥਰਵ ਨੇ ਭਾਗ ਲਿਆ।ਆਦਿਤਿਆ ਨੇ ਪਹਿਲਾ, ਆਰਵ ਅਤੇ ਅਥਰਵ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਛੇਵੀਂ ਹੀਟ ਵਿੱਚ ਸਾਗਰ, ਕੇਸ਼ਵ, ਅੰਸ਼, ਲਵਿਸ਼, ਰਣਵੀਰੰਦ ਰਿਆਨ ਨੇ ਭਾਗ ਲਿਆ। ਲਵਿਸ਼ ਨੇ ਪਹਿਲਾ, ਅੰਸ਼ ਨੇ ਦੂਜਾ ਅਤੇ ਰਿਆਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ।




## ਰੋਜ਼ਗਾਰ ਦੇ ਖੇਤਰ 'ਚ ਵਰਦਾਨ ਮੋਬਾਇਲ ਐਪ : ਰਮਨਦੀਪ ਕੌਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਰਮਨਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਹੁਸ਼ਿਆਰਪੁਰ ਵੱਲੋਂ ਬੇਰੋਜ਼ਗਾਰ ਪ੍ਰਾਰਥੀਆਂ ਦੇ ਰੋਜ਼ਗਾਰ ਸਬੰਧੀ ਬਹੁਤ ਸਾਰੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ, 'ਲੋੜ ਹੀ ਕਾਢ ਦੀ ਮਾਂ ਹੈ',ਇਸ ਕਹਾਵਤ ਨੂੰ ਰੋਜ਼ਗਾਰ ਦਫ਼ਤਰ ਦੀ ਰੋਜ਼ਗਾਰ ਮੋਬਾਇਲ ਐਪ ਨੇ ਸੱਚ ਕਰ ਦਿਖਾਇਆ ਹੈ। ਰੋਜ਼ਗਾਰ ਹਰ ਘਰ ਦੀ ਜ਼ਰੂਰਤ ਹੈ, ਜਿਸ ਨੂੰ ਹਾਸਲ ਕਰਨ ਦੀ ਚਾਹ ਹਰ ਨੌਜਵਾਨ ਦੇ ਦਿਲ ਵਿਚ ਹੁੰਦੀ ਹੈ, ਪਰੰਤੂ ਉਸ ਨੂੰ ਨੌਕਰੀ ਕਿਥੇ ਅਤੇ ਕਿਵੇਂ ਮਿਲ ਸਕਦੀ ਹੈ, ਇਸ ਦੀ ਜਾਣਕਾਰੀ ਨਹੀਂ ਹੁੰਦੀ, ਪਰ ਪਿਛਲੇ ਕੁਝ ਸਾਲਾਂ ਤੋਂ ਰੋਜ਼ਗਾਰ ਮੋਬਾਇਲ ਐਪ ਨੇ ਇਸ ਕਮੀ ਨੂੰ ਵੀ ਪੂਰਾ ਕਰ ਦਿੱਤਾ ਹੈ। ਰੋਜਾਨਾ ਪ੍ਰਾਈਵੇਟ ਅਤੇ ਸਰਕਾਰੀ ਨੌਕਰੀਆਂ ਨੂੰ ਇਸ ਐਪ 'ਤੇ ਚੜ੍ਹਾਇਆ ਜਾਂਦਾ ਹੈ। ਇਸ ਤੋਂ ਇਲਾਵਾ ਘੱਟ ਪੜ੍ਹੇ-ਲਿਖੇ ਨੌਜਵਾਨਾਂ ਨੂੰ ਮੁਫਤ ਸਕਿੱਲ ਕੋਰਸਾਂ ਵਿਚ ਦਾਖਲਾ ਦੇਣ ਲਈ, ਆਪਣਾ ਕੰਮ-ਧੰਦਾ ਸ਼ੁਰੂ ਕਰਨ ਦੇ ਵਾਸਤੇ ਲੋਨ ਲੈਣ ਦੇ ਲਈ ਸਹੂਲਤ ਵੀ ਦੇ ਰਿਹਾ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਇਸ ਰੋਜ਼ਗਾਰ ਮੋਬਾਇਲ ਐਪ ਨੂੰ ਵੱਡੀ ਗਿਣਤੀ ਵਿਚ ਪ੍ਰਾਰਥੀ ਡਾਊਨਲੋਡ ਕਰ ਚੁੱਕੇ ਹਨ ਅਤੇ ਇਨ੍ਹਾਂ ਵਿਚੋਂ ਬਹੁਤ ਸਾਰੇ ਨੌਜਵਾਨ ਇਸ ਐਪ ਦੀ ਮਦਦ ਨਾਲ ਨੌਕਰੀਆਂ ਪ੍ਰਾਪਤ ਕਰ ਚੁੱਕੇ ਹਨ। ਜਿਲ੍ਹਾ ਰੋਜ਼ਗਾਰ ਅਫ਼ਸਰ ਨੇ ਦੱਸਿਆ ਕਿ ਰੋਜ਼ਗਾਰ ਮੋਬਾਇਲ ਐਪ ਉਮੀਦ ਤੋਂ ਜ਼ਿਆਦਾ ਵਧੀਆ ਕਾਰਗੁਜ਼ਾਰੀ ਦੇ ਰਹੀ ਹੈ। ਪਿਛਲੇ ਕੁਝ ਸਮੇਂ ਤੋਂ ਇਸ ਰੋਜ਼ਗਾਰ ਮੋਬਾਇਲ ਐਪ ਦੀ ਮਦਦ ਨਾਲ ਬਹੁਤ ਸਾਰੀਆਂ ਨਾਮੀ ਪ੍ਰਾਈਵੇਟ ਕੰਪਨੀਆਂ ਅਤੇ ਨਾਮੀ ਪ੍ਰਾਈਵੇਟ ਸਕੂਲਾਂ ਵਿਚ ਪੜ੍ਹੇ-ਲਿਖੇ ਵੈੱਲ-ਐਜੂਕੇਟਡ ਬੱਚਿਆਂ ਨੂੰ ਵਧੀਆ ਸਾਲਾਨਾ ਪੈਕੇਜ 'ਤੇ ਨੌਕਰੀਆਂ ਦਿਵਾਉਣ ਵਿਚ ਇਕ ਵੱਡੀ ਕਾਮਯਾਬੀ ਹਾਸਲ ਕੀਤੀ ਹੈ। ਉਨ੍ਹਾਂ ਕਿਹਾ ਕਿ ਮੈਨੂੰ ਇਹ ਦੇਖਦੇ ਹੋਏ ਵੀ ਬੜੀ ਖੁਸ਼ੀ ਮਹਿਸੂਸ ਹੋ ਰਹੀ ਹੈ ਕਿ ਉਹ ਨੌਜਵਾਨ ਜਿਹੜੇ ਦੂਰ-ਦੁਰਾਡੇ ਏਰੀਏ ਤੋਂ ਸਬੰਧ ਰੱਖਦੇ ਸਨ, ਜਿਵੇਂ ਕਿ ਕੰਢੀ ਏਰੀਏ ਦੇ ਪ੍ਰਾਰਥੀ ਜਿਹੜੇ ਕਿ ਇਸ ਦਫ਼ਤਰ ਤੱਕ ਨਹੀਂ ਪਹੁੰਚ ਸਕਦੇ ਸਨ, ਉਹ ਨੌਜਵਾਨ ਵੀ ਘਰ ਬੈਠੇ ਹੀ ਆਪਣੇ ਮੋਬਾਇਲ ਫੋਨ ਤੋਂ ਰੋਜ਼ਗਾਰ ਦਫਤਰ ਹੁਸ਼ਿਆਰਪੁਰ ਨਾਲ ਜੁੜ ਗਏ ਹਨ। ਇਸ ਲਈ ਉਨ੍ਹਾਂ ਹੁਸ਼ਿਆਰਪੁਰ ਜ਼ਿਲ੍ਹੇ ਦੇ ਸਾਰੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਨੌਜਵਾਨ ਇਸ ਦਫ਼ਤਰ ਦੀ ਰੋਜ਼ਗਾਰ ਮੋਬਾਇਲ ਐਪ 'ਡੀਬੀਈਈ ਆਨਲਾਈਨ' ਨੂੰ ਗੂਗਲ ਪਲੇਅ ਸਟੋਰ ਰਾਹੀਂ ਡਾਊਨਲੋਡ ਕਰਨ ਅਤੇ ਇਸ ਐਪ ਰਾਹੀਂ ਘਰ ਬੈਠੇ ਹੀ ਪ੍ਰਾਈਵੇਟ ਨੌਕਰੀਆਂ ਦੀ ਭਰਤੀ ਅਤੇ ਸਰਕਾਰੀ ਨੌਕਰੀਆਂ ਦੀ ਜਾਣਕਾਰੀ ਲੈਣ ਅਤੇ ਇਸ ਐਪ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ।

## ਕਾਮਰੇਡ ਸੁਤੰਤਰ ਕੁਮਾਰ ਦੀ ਮੌਤ 'ਤੇ ਦੁੱਖ ਪ੍ਰਗਟ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਕਾਮਰੇਡ ਸੁਤੰਤਰ ਕੁਮਾਰ ਉੱਘੇ ਟਰੇਡ ਯੂਨੀਅਨ ਅਤੇ ਸੀਪੀਆਈ ਆਗੂ ਲੰਬੀ ਬਿਮਾਰੀ ਪਿੱਛੋਂ ਸਦੀਵੀ ਵਿਛੋੜਾ ਦੇ ਗਏ ਹਨ। ਕਾਮਰੇਡ ਸੁਤੰਤਰ ਇਕ ਪ੍ਰਤੀਬੱਧ ਸ਼ਖ਼ਸ਼ੀਅਤ ਸਨ। ਉਹਨਾਂ ਦੇ ਚਲੇ ਜਾਣ ਨਾਲ ਖੱਬੀ ਲਹਿਰ ਨੂੰ ਲੰਬਾ ਸਮਾਂ ਵੱਡੀ ਘਾਟ ਮਹਿਸੂਸ ਹੁੰਦੀ ਰਹੇਗੀ।ਉਨ੍ਹਾਂ ਨੇ ਲੋਕਾਂ ਤੇ ਮਜ਼ਦੂਰਾਂ ਦੀ ਭਲਾਈ ਲਈ ਕਈ ਮਸਲੇ ਉਠਾਏ। ਉਨ੍ਹਾਂ ਦੇ ਤੁਰ ਜਾਣ ਨਾਲ ਪਰਵਾਰ ਨੂੰ ਹੀ ਨਹੀਂ ਯੂਨੀਅਨ ਨੂੰ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ । ਕੁਲਦੀਪ ਸਿੰਘ ਸੁੱਜੋ ਸਤਨਾਮ ਸਿੰਘ ਸੁੱਜੋ ਸਤਨਾਮ ਸਿੰਘ ਗੁਲਾਟੀ ਐਨ ਆਰ ਆਈ ਨਰਿੰਦਰ ਸਿੰਘ ਸੁੱਜੋ ਨੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਕਾਮਰੇਡ ਸੁਤੰਤਰ ਕੁਮਾਰ ਹੋਣਾ ਦੇ ਤੁਰ ਜਾਣ ਨਾਲ ਪਰਵਾਰ ਦੇ ਨਾਲ ਨਾਲ ਟਰੇਡ ਯੂਨੀਅਨ ਲਹਿਰ ਨੂੰ ਵੱਡਾ ਘਾਟਾ ਪਿਆ ਹੈ। ਉਹਨਾਂ ਇਨਕਲਾਬੀ ਟਰੇਡ ਯੂਨੀਅਨ ਇਸ ਖੇਤਰ ਦੇ ਅਣਗੌਲੇ ਮਜਦੂਰਾਂ ਦੇ ਹੱਕ ਦੁਆਏ। ਕਿਰਤੀ ਕਿਸਾਨ ਯੂਨੀਅਨ ਦੇ ਆਗੂ ਕਾਮਰੇਡ ਸੁਰਿੰਦਰ ਸਿੰਘ ਬੈਂਸ ਕਮਲਜੀਤ ਸਨਾਵਾ, ਅਵਤਾਰ ਸਿੰਘ ਤਾਰੀ, ਸਤਨਾਮ ਸਿੰਘ ਚਾਹਲ, ਸਤਨਾਮ ਸਿੰਘ ਗੁਲਾਟੀ, ਸਤਨਾਮ ਸਿੰਘ ਸੁੱਜੋਂ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਜਸਬੀਰ ਸਿੰਘ ਦੀਪ, ਅਵਤਾਰ ਸਿੰਘ ਤਾਰੀ, ਮਹਾ ਸਿੰਘ ਪੌੜੀ, ਬਲਵੀਰ ਸਿੰਘ, ਜਾਡਲਾ,ਕਰਨ ਸਿੰਘ ਰਾਣਾ ,ਬੰਤ ਸਿੰਘ ਬਰਾੜ ਉਹਨਾਂ ਦੀ ਮੌਤ ਉੱਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਹੈ।



## ਪਾਠਕ ਸੱਥ ਨਵਾਂਸ਼ਹਿਰ ਨੇ ਨਾਵਲ 'ਪਹਿਲਾ ਅਧਿਆਪਕ' 'ਤੇ ਕਰਵਾਈ ਵਿਚਾਰ-ਚਰਚਾ

**ਬੰਗਾ (ਅਵਤਾਰ ਕਲੇਰ)**- ਅਦਾਰਾ ਪਾਠਕ ਸੱਥ ਨਵਾਂਸ਼ਹਿਰ ਵਲੋਂ ਬਾਰਾਂਦਰੀ ਬਾਗ਼ ਵਿਚ ਚੰਗੇਜ਼ ਆਇਤਮਤੋਵ ਦੇ ਨਾਵਲ 'ਪਹਿਲਾ ਅਧਿਆਪਕ' 'ਤੇ ਵਿਚਾਰ ਚਰਚਾ ਕਰਵਾਈ ਗਈ।ਵਿਚਾਰ ਚਰਚਾ ਦਾ ਆਗਾਜ਼ ਜਸਵੀਰ ਮੋਰੋਂ ਵਲੋਂ ਕਰਦਿਆਂ ਨਾਵਲ ਦੇ ਪਾਤਰ ਦੂਈਸ਼ੇਨ ਨੂੰ ਉਸਦੇ ਮਿਸ਼ਨ ਵਿਚ ਆਈਆਂ ਮੁਸ਼ਕਿਲਾਂ ਦਾ ਜ਼ਿਕਰ ਕੀਤਾ ਗਿਆ। ਜੋ ਕਿਰਗਿਜ਼ਸਤਾਨ ਦੇ ਦੂਰ ਦੁਰਾਡੇ ਇਲਾਕੇ ਵਿੱਚ ਪਿੰਡ ਦੇ ਲੋਕਾਂ ਲਈ ਸਕੂਲ ਖੋਲਣ ਦੀ ਕੋਸ਼ਿਸ਼ ਕਰ ਰਿਹਾ ਸੀ।ਐਪਰ ਪਿੰਡ ਦੇ ਕੁਝ ਪਿਛਾਖੜੀ ਕਿਸਮ ਦੇ ਲੋਕ ਉਸ ਦੇ ਰਾਹ ਦਾ ਅੜਿੱਕਾ ਬਣਦੇ ਹਨ।ਆਖੀਰ ਉਸਨੂੰ ਸੋਵੀਅਤ ਸਰਕਾਰ ਵਲੋਂ ਕੀਤੇ ਹੁਕਮਾਂ ਦਾ ਪੱਤਰ ਦਿਖਾਉਣ ਤੋਂ ਬਾਅਦ ਹੀ ਸਕੂਲ ਖੋਲ੍ਹਣ ਦਾ ਮੌਕਾ ਦਿੱਤਾ ਜਾਂਦਾ ਹੈ । ਜਸਵੀਰ ਮੋਰੋਂ ਨੇ ਦੱਸਿਆ ਕਿ ਇਹ ਨਾਵਲ ਪਿਛਲਝਾਤ ਪਵਾਉਂਦਾ ਹੋਇਆ ਅੱਗੇ ਚਲਦਾ ਹੈ। ਇਸ ਨਾਵਲ ਦੀ ਪਾਤਰ ਅਲਿਤਨਾਈ ਆਪਣੀਆਂ ਭਾਵਨਾਵਾਂ ਪ੍ਰਗਟ ਕਰਨ ਲਈ ਇੱਕ ਖ਼ਤ ਲਿਖਦੀ ਹੈ ਜੋ ਕਿ ਨਾਵਲ ਦਾ ਆਧਾਰ ਬਣਦਾ ਹੈ। ਚਰਚਾ ਨੂੰ ਜਾਰੀ ਰੱਖਦਿਆਂ ਪਾਠਕ ਸਾਥੀ ਅਮਰਜੀਤ ਸਿੰਘ ਧਰਮਕੋਟ ਨੇ ਦੱਸਿਆ ਕਿ ਨਾਵਲ ਦੇ ਪਾਤਰਾਂ ਦੀ ਗੱਲਬਾਤ ਤੋਂ ਪਤਾ ਲਗਦਾ ਹੈ ਕਿ ਸੋਵੀਅਤ ਯੂਨੀਅਨ ਦੀ ਸਰਕਾਰ ਆਪਣੇ ਨਾਗਰਿਕਾਂ ਦੀ ਸਿੱਖਿਆ ਨੂੰ ਕਿੰਨੀ ਅਹਿਮੀਅਤ ਦਿੰਦੀ ਹੈ । ਸੋਵੀਅਤ ਸਰਕਾਰ ਵਲੋਂ ਹਰ ਇੱਕ ਬੱਚੇ ਨੂੰ ਸਿੱਖਿਆ ਦੇਣ ਦੇ ਬਾਕਾਇਦਾ ਹੁਕਮ ਜਾਰੀ ਕੀਤੇ ਸਨ। ਦੂਜੀ ਗੱਲ ਸਭ ਤੋਂ ਵੱਧ ਇਹ ਪ੍ਰਭਾਵਿਤ ਕਰਦੀ ਹੈ ਕਿ ਸੋਵੀਅਤ ਯੂਨੀਅਨ ਦੀ ਜਨਤਾ ਆਪਣੇ ਲੀਡਰ ਲੈਨਿਨ ਨਾਲ ਕਿਸ ਹੱਦ ਤੱਕ ਜੁੜੀ ਹੋਈ ਹੈ । ਲੈਨਿਨ ਦੀ ਮੌਤ ਤੋਂ ਬਾਅਦ ਜਿਸ ਤਰਾਂ ਸਾਰੇ ਲੋਕ ਸੋਗ ਮਨਾਉਂਦੇ ਹਨ। ਸਰਪੰਚ ਨਿੰਦਰ ਮਾਈਦਿੱਤਾ ਨੇ ਆਪਣੀ ਗੱਲ ਰੱਖਦਿਆਂ ਕਿਹਾ ਕਿ ਇਸ ਨਾਵਲ ਬਾਰੇ ਪਹਿਲੀ ਵਾਰ ਕਿਸੇ ਪ੍ਰੋਗਰਾਮ ਤੇ ਨਾਟਕਕਾਰ ਗੁਰਸ਼ਰਨ ਸਿੰਘ ਹੁਰਾਂ ਤੋਂ ਸੁਣਿਆ ਸੀ। ਇਸ ਨਾਵਲ ਤੋਂ ਪ੍ਰਭਾਵਿਤ ਹੋ ਕੇ ਪਿੰਡ ਵਿਚ ਸਾਵਿਤਰੀ ਬਾਈ ਫੂਲੇ ਟਿਊਸ਼ਨ ਸੈਂਟਰ ਦੀ ਸ਼ੁਰੂਆਤ ਕੀਤੀ ਹੈ। ਨਾਵਲ ਦੇ ਪਾਤਰਾਂ ਦੇ ਨਾਂਅ ਰਸ਼ੀਅਨ ਹੋਣ ਕਰਕੇ ਥੋੜ੍ਹਾ ਔਖਾ ਲੱਗਦਾ ਹੈ,ਪਰ ਦਿਲਚਸਪ ਹੈ। ਜਰਨੈਲ ਸਿੰਘ ਜਾਫ਼ਰਪੁਰ ਨੇ ਸਾਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਾਵਲ ਦੀ ਵਿਧਾ ਇਟਲੀ ਦੀ ਦੇਣ ਹੈ।ਇਸ ਨਾਵਲ ਵਿਚ ਘੱਟ ਪੜ੍ਹਿਆ ਲਿਖਿਆ ਬੰਦਾ ਬੱਚਿਆਂ ਨੂੰ ਪੜ੍ਹਾਉਣ ਦੀ ਕੋਸ਼ਿਸ਼ ਕਰ ਰਿਹਾ ਹੈ ਜੋ ਕਿ ਸਹੀ ਮਾਇਨਿਆਂ ਵਿੱਚ ਇੱਕ ਖਰਾ ਅਧਿਆਪਕ ਸਾਬਿਤ ਹੁੰਦਾ ਹੈ।ਅਧਿਆਪਕ ਹੋਣ ਦਾ ਅਰਥ ਇਹ ਹੈ ਕਿ ਸਮਾਜ ਨੂੰ ਸਹੀ ਸੇਧ ਦੇ ਕੇ ਲੋਕਾਂ ਨੂੰ ਅਗਾਂਹ ਵਾਧੂ ਕੰਮਾਂ ਲਈ ਤੋਰਿਆ ਜਾਵੇ। ਸ਼ਸ਼ੀ ਬਾਲੀ ਨੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਰੂਸ ਤੇ ਹਿੰਦੋਸਤਾਨ ਦੀਆ ਹਾਲਤਾਂ ਵਿਚ ਬਹੁਤ ਫਰਕ ਹੈ। ਇਸ ਲਈ ਭਾਰਤੀ ਸਮਾਜ ਵਿਚ ਤਬਦੀਲੀ ਲਈ ਦੂਈਸ਼ੇਨ ਵਰਗੇ ਬਹੁਤ ਸਾਰੇ ਅਧਿਆਪਕ ਚਾਹੀਦੇ ਹਨ।ਸੰਦੀਪ ਨਈਅਰ ਨੇ ਚਰਚਾ ਵਿੱਚ ਭਾਗ ਲੈਂਦਿਆਂ ਕਿਹਾ ਕਿ ਨਾਵਲ ਦਾ ਨਾਇਕ ਦੂਈਸ਼ੇਨ ਸੋਵੀਅਤ ਯੂਨੀਅਨ ਦੀ ਇਨਕਲਾਬੀ ਪਾਰਟੀ ਦੇ ਯੂਥ ਵਿੰਗ ਕੋਮਸਮੋਲ ਦਾ ਮੈਂਬਰ ਹੈ।ਉਸ ਨੂੰ ਇਨਕਲਾਬ ਤੋਂ ਬਾਅਦ ਕਿਰਗਿਜ਼ਸਤਾਨ ਦੇ ਪਿੰਡ ਵਿਚ ਬੱਚਿਆਂ ਨੂੰ ਸਿੱਖਿਅਤ ਕਰਨ ਲਈ ਭੇਜਿਆ ਗਿਆ ਹੈ। ਪਰ ਉਲਟ ਇਨਕਲਾਬੀ ਤੱਤ ਉਸ ਦੇ ਰਾਹ ਵਿਚ ਰੋੜੇ ਅਟਕਾਉਂਦੇ ਹਨ। ਅਸਲ ਵਿਚ ਰੂਸ ਵਿਚ ਇਨਕਲਾਬ ਹੋਣ ਤੋਂ ਕਈ ਸਾਲ ਬਾਅਦ ਵੀ ਪਿਛਾਖੜੀ ਤੱਤ ਦੂਰ ਦਰਾਡੇ ਇਲਾਕਿਆਂ ਵਿਚ ਸਰਗਰਮ ਸਨ। ਦੂਈਸ਼ੇਨ ਤੇ ਉਸਦੀ ਪਾਰਟੀ ਦੇ ਬੰਦੇ ਬੜੀ ਮੁਸ਼ਕਿਲ ਨਾਲ ਪਿਛਾਖੜੀ ਲੋਕਾਂ ਨੂੰ ਨੱਥ ਪਾਉਂਦੇ ਹਨ। ਪਰਮਜੀਤ ਕਰਿਆਮ ਨੇ ਨਾਵਲ ਬਾਰੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਦੂਈਸ਼ੇਨ ਵਰਗੇ ਅਧਿਆਪਕ ਤੋਂ ਸਿੱਖਣਾ ਚਾਹੀਦਾ ਤਾਂ ਕਿ ਸਮਾਜ ਵਿੱਚ ਲੋਕ ਪੱਖੀ ਕੰਮ ਹੋ ਸਕਣ। ਐਡਵੋਕੇਟ ਸੁਖਵੀਰ ਸਿੰਘ ਵਲੋਂ ਆਪਣੀ ਰਚਨਾ 'ਮਾਹੌਲ ਖ਼ਰਾਬ ਹੈ' ਸੁਣਾ ਕੇ ਚੱਲ ਰਹੀ ਚਰਚਾ ਦਾ ਮਾਹੌਲ ਬਾਦਲ ਦਿੱਤਾ ਗਿਆ । ਹੋਰਨਾਂ ਤੋਂ ਇਲਾਵਾ ਦਲਵੀਰ ਮਾਹੀ ਬੇਗੋਵਾਲ ਤੇ ਸਤਵਿੰਦਰ ਮਦਾਰਾ ਨੇ ਵੀ ਆਪਣੀ ਹਾਜ਼ਰੀ ਲਵਾਈ। ਚਰਚਾ ਵਿਚ ਬਰਾਦਰੀ ਬਾਗ਼ ਦੀ ਲਾਇਬ੍ਰੇਰੀ ਇੰਚਾਰਜ ਮੈਡਮ ਅਨੂਪ ਰਾਣਾ ਵਲੋਂ ਵੀ ਸ਼ਿਰਕਤ ਕੀਤੀ ਗਈ । ਮੈਡਮ ਅਨੂਪ ਰਾਣਾ ਵਲੋਂ ਪਾਠਕਾਂ ਨੂੰ ਵੱਧ ਤੋਂ ਵੱਧ ਕਿਤਾਬਾਂ ਪੜ੍ਹਨ ਲਈ ਪ੍ਰੇਰਿਆ ਗਿਆ। ਜਸਵੀਰ ਮੋਰੋਂ ਤੇ ਹਾਜ਼ਰ ਸਾਥੀਆਂ ਵਲੋਂ ਮੈਡਮ ਅਨੂਪ ਰਾਣਾ ਨੂੰ ਲਾਇਬ੍ਰੇਰੀ ਲਈ ਅਗਾਂਹਵਧੂ ਸਾਹਿਤ ਭੇਟ ਕੀਤਾ ਗਿਆ।



## ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਆਂਗਨਵਾੜੀ ਸੈਂਟਰ ਵਿਖੇ ਕਰਵਾਇਆ ਪ੍ਰੋਗਰਾਮ

**ਫਗਵਾੜਾ (ਡਾ ਰਮਨ)** ਨੌਜਵਾਨ ਪੀੜੀ ਨੂੰ ਨਸ਼ਿਆ ਦੀ ਦਲਦਲ 'ਚੋਂ ਬਾਹਰ ਕੱਢ ਇੱਕ ਨਰੋਏ ਸਮਾਜ ਦੀ ਸਿਰਜਣਾ ਤਹਿਤ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲਾ ਭਾਰਤ ਸਰਕਾਰ ਦੇ ਹੁਕਮਾਂ ਅਤੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਬਾਲ ਵਿਕਾਸ ਵਿਭਾਗ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਆਂਗਨਵਾੜੀ ਸੈਂਟਰ ਨੰਬਰ 1 ਭਗਤਪੁਰਾ, ਇੰਚਾਰਜ ਆਰਤੀ ਆਂਗਨਵਾੜੀ ਸੈਂਟਰ ਨੰਬਰ 2 ਭਗਤਪੁਰਾ ਗਲੀ ਨੰਬਰ 7 ਸੈਂਟਰ ਇੰਚਾਰਜ ਬਲਵੀਰ ਕੌਰ ਆਂਗਨਵਾੜੀ ਸੈਂਟਰ ਨੰਬਰ 3 ਸ਼ਹੀਦ ਊਧਮ ਸਿੰਘ ਨਗਰ ਸੈਂਟਰ ਇੰਚਾਰਜ ਮੀਨਾ ਵਲੋਂ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਇੱਕ ਸਾਂਝਾ ਪ੍ਰੋਗਰਾਮ ਪ੍ਰੀਤ ਨਗਰ ਪਾਰਕ ਵਿਖੇ ਕੀਤਾ ਗਿਆ, ਜਿਸ ਵਿੱਚ ਵਾਰਡ ਨੰਬਰ 41 ਤੋਂ ਕੌਂਸਲਰ ਪ੍ਰਿਤਪਾਲ ਕੌਰ ਤੁਲੀ ਅਤੇ ਵਾਰਡ ਨੰਬਰ 42 ਤੋਂ ਕੌਂਸਲਰ ਜਸਦੇਵ ਸਿੰਘ ਪ੍ਰਿੰਸ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਮੈਡਮ ਪ੍ਰਿਤਪਾਲ ਕੌਰ ਤੁਲੀ ਨੇ ਆਖਿਆ ਕਿ ਨਸ਼ੇ ਦੇ ਖਾਤਮੇ ਲਈ ਸਰਕਾਰ ਕਾਫੀ ਸੰਜੀਦਾ ਹੈ। ਪੰਜਾਬ ਸਰਕਾਰ ਵਲੋਂ ਚਲਾਈ ਜਾ ਰਹੀ ਮੁਹਿਮ ਯੁਧ ਨਸ਼ਿਆਂ ਵਿਰੁੱਧ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿਮ ਦਾ ਉਦੇਸ਼ ਨਸ਼ੇ ਦੇ ਖਤਰਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਇੱਕ ਸਿਹਤਮੰਦ ਨਸ਼ਾ ਮੁਕਤ ਜੀਵਨਸ਼ੈਲੀ ਨੂੰ ਉਤਸ਼ਾਹਿਤ ਕਰਨਾ ਹੈ। ਕੌਂਸਲਰ ਜਸਦੇਵ ਸਿੰਘ ਪ੍ਰਿੰਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿੱਢੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਸਰਕਾਰ ਵੱਲੋਂ ਨਸ਼ੇ ਦੇ ਤਸਕਰਾਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ ਉੱਥੇ ਹੀ ਨਸ਼ਿਆਂ ਦੀ ਦਲਦਲ ਵਿੱਚ ਫਸ ਚੁੱਕੇ ਨੌਜਵਾਨਾਂ ਦਾ ਸਹੀ ਇਲਾਜ ਕਰਵਾ ਕੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਹਰੇਕ ਵਿਅਕਤੀ ਦਾ ਸਹਿਯੋਗ ਜ਼ਰੂਰੀ ਹੈ। ਇਸ ਮੌਕੇ ਨਸ਼ਿਆਂ ਤੋਂ ਦੂਰੀ ਸਿਹਤ ਜ਼ਰੂਰੀ ਤਹਿਤ ਸੌਂਹ ਚੁੱਕੀ ਗਈ। ਇਸ ਮੌਕੇ ਹਰਜਿੰਦਰ ਕੌਰ , ਮਨਜੀਤ ਕੌਰ , ਜਸਵਿੰਦਰ ਕੌਰ , ਵੰਦਨਾ , ਤ੍ਰਿਪਤਾ ਸ਼ਰਮਾ , ਸ਼ਿਵ ਰੁਦਰਾ , ਅਮਿਤ ਵਰਮਾ , ਬਿੱਟੂ , ਜਤਿੰਦਰ ਸ਼ਰਮਾ , ਇੰਦਰਜੀਤ ਸ਼ਿੰਗਾਰੀ , ਹਰੀ ਸ਼ਿੰਗਾਰੀ , ਆਂਗਨਵਾੜੀ ਹੈਲਪਰ ਰਮਾ ਰਾਣੀ , ਸੋਨੀਆ ਆਦਿ ਮੌਜੂਦ ਸਨ।



# ਨਸ਼ਾ ਤਸਕਰ ਦੇ ਘਰ 'ਤੇ ਚੱਲਿਆ ਪੀਲਾ ਪੰਜਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)- ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਿਆਂ ਦੇ ਖਾਤਮੇ ਅਤੇ ਨਸ਼ਾ ਤਸਕਰਾਂ ਵੱਲੋਂ ਕੀਤੇ ਗੈਰ-ਕਾਨੂੰਨੀ ਕਬਜ਼ਿਆਂ ਨੂੰ ਹਟਾਉਣ ਲਈ ਹੁਸ਼ਿਆਰਪੁਰ ਪੁਲਸ ਵੱਲੋਂ ਸਥਾਨਕ ਸਿਵਲ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਸ਼ਹਿਰ ਦੇ ਮੁਹੱਲਾ ਬਹਾਦੁਰਪੁਰ ਦੇ ਪੰਜ ਪਿੱਪਲੀ ਮੰਦਰ ਕੋਲ ਹੋਈ ਅਣ-ਅਧਿਕਾਰਤ ਉਸਾਰੀ ਨੂੰ ਢਹਾਇਆ ਗਿਆ। ਇਹ ਗੈਰ-ਕਾਨੂੰਨੀ ਉਸਾਰੀ ਇਕ ਵਿਅਕਤੀ, ਜਿਸ ਦਾ ਨਸ਼ਿਆਂ ਦੇ ਕਾਰੋਬਾਰ ਨਾਲ ਸਬੰਧ ਹੈ, ਵੱਲੋਂ ਕੀਤੀ ਗਈ ਸੀ, ਜਿਸ ਨੂੰ ਸਿਵਲ ਪ੍ਰਸ਼ਾਸਨ ਦੇ ਆਦੇਸ਼ਾਂ 'ਤੇ ਢਾਹਿਆ ਗਿਆ ਹੈ। ਐਸ.ਐਸ.ਪੀ. ਹੁਸ਼ਿਆਰਪੁਰ ਸੰਦੀਪ ਕੁਮਾਰ ਮਲਿਕ ਨੇ ਦੱਸਿਆ ਕਿ ਨਗਰ ਨਿਗਮ, ਹੁਸ਼ਿਆਰਪੁਰ, ਜਿਸ ਨੂੰ ਇਸ ਗੈਰ-ਕਾਨੂੰਨੀ ਉਸਾਰੀ ਨੂੰ ਢਾਹੁਣ ਲਈ ਪੁਲਸ ਸਹਾਇਤਾ ਦੀ ਲੋੜ ਸੀ, ਦੀ ਬੇਨਤੀ 'ਤੇ ਕਾਰਵਾਈ ਕਰਦਿਆਂ ਢਾਹਿਆ ਗਿਆ ਹੈ। ਇਹ ਕਾਰਵਾਈ ਮਨਦੀਪ ਸਿੰਘ ਉਰਫ਼ ਮਨੂੰ ਵਿਰੁੱਧ ਕੀਤੀ ਗਈ ਹੈ, ਜਿਸ ਖਿਲਾਫ 9 ਐਫ.ਆਈ.ਆਰਜ ਦਰਜ ਹਨ ਅਤੇ ਉਹ ਇਸ ਸਮੇਂ ਜੇਲ੍ਹ ਵਿਚ ਬੰਦ ਹੈ। ਉਨ੍ਹਾਂ ਦੱਸਿਆ ਕਿ ਮਨਦੀਪ ਖ਼ਿਲਾਫ਼ ਦਰਜ ਮਾਮਲਿਆਂ ਵਿਚ ਜ਼ਿਆਦਾਤਰ ਐਨ.ਡੀ.ਪੀ.ਐਸ ਨਾਲ ਸਬੰਧਤ ਹਨ। ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਹੁਸ਼ਿਆਰਪੁਰ ਪੁਲਸ ਵੱਲੋਂ ਨਸ਼ਿਆਂ ਅਤੇ ਗੈਰ ਕਾਨੂੰਨੀ ਕਬਜ਼ਿਆਂ ਖਿਲਾਫ ਕਾਰਵਾਈ ਨੂੰ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਸਬੰਧੀ ਜਾਣਕਾਰੀ ਪੁਲਸ ਨੂੰ ਦਿੱਤੀ ਜਾਵੇ। ਉਨ੍ਹਾਂ ਭਰੋਸਾ



ਦਿਵਾਇਆ ਕਿ ਦੋਸ਼ੀਆਂ ਖਿਲਾਫ ਤੁਰੰਤ ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨਸ਼ਾ ਤਸਕਰਾਂ ਨੂੰ ਚਿਤਾਵਨੀ ਦਿੱਤੀ ਕਿ ਜਾਂ ਤਾਂ ਨਸ਼ਾ ਤਸਕਰੀ ਛੱਡ ਕੇ ਕੋਈ ਹੋਰ ਕੰਮ ਕਰ ਲਓ, ਜਾਂ ਸਖਤ ਤੋਂ ਸਖਤ ਕਾਰਵਾਈ ਲਈ ਤਿਆਰ ਰਹੋ। ਉਨ੍ਹਾਂ ਦੱਸਿਆ ਕਿ ਇਨ੍ਹਾਂ ਤਸਕਰਾਂ ਤੋਂ ਸਥਾਨਕ ਵਾਸੀ ਬੇਹੱਦ ਪ੍ਰੇਸ਼ਾਨ ਸਨ, ਜਿਸ ਲਈ ਉਨ੍ਹਾਂ ਵੱਲੋਂ ਪੰਜਾਬ ਸਰਕਾਰ ਦੀ ਇਸ ਕਾਰਵਾਈ ਦਾ ਸਵਾਗਤ ਕੀਤਾ ਜਾ ਰਿਹਾ ਹੈ। ਲੋਕਾਂ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਵੱਲੋਂ ਸੂਬੇ ਵਿਚ ਨਸ਼ਿਆਂ ਨੂੰ ਖ਼ਤਮ ਕਰਨ ਲਈ ਕੀਤੇ ਜਾ ਰਹੇ ਇਨ੍ਹਾਂ ਉਪਰਾਲਿਆਂ ਦਾ ਸਵਾਗਤ ਕਰਦੇ ਹਨ।

# ਸੱਤਾ ਦਾ ਹੰਕਾਰ ਤੇ ਪਰਿਵਾਰਵਾਦ ਲੋਕਤੰਤਰ ਲਈ ਸਭ ਤੋਂ ਵੱਡਾ ਖ਼ਤਰਾ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੰਵਿਧਾਨ ਹੱਤਿਆ ਦਿਵਸ ਸਾਨੂੰ ਯਾਦ ਦਿਵਾਉਂਦਾ ਹੈ ਕਿ ਸੱਤਾ ਦਾ ਅਹਿੰਕਾਰ ਅਤੇ ਪਰਿਵਾਰਵਾਦ ਲੋਕਤੰਤਰ ਲਈ ਸੱਭ ਤੋਂ ਵੱਡਾ ਖਤਰਾ ਹੈ। ਸੰਵਿਧਾਨ ਦਾ ਪਾਲਣ ਤੇ ਰੱਖਿਆ ਕਰਨਾ ਸਾਡੇ ਸਾਰਿਆਂ ਦੀ ਜਿੰਮੇਵਾਰੀ ਹੈ। ਸੰਵਿਧਾਨ ਵਿਰੁੱਧ ਜਾਂ ਉਸ ਦੇ ਮੂਲ ਸਿਧਾਂਤਾਂ ਦਾ ਉਲੰਘਣ ਕਰਨ ਵਾਲੇ ਕੰਮਾਂ ਨੂੰ ਅਸੀਂ ਨਜਰਅੰਦਾਜ ਨਹੀਂ ਕਰ ਸਕਦੇ। ਸੈਣੀ ਕਰਨਾਲ ਵਿੱਚ ਸੰਵਿਧਾਨ ਹੱਤਿਆ ਦਿਵਸ 'ਤੇ ਆਯੋਜਿਤ ਪ੍ਰੈਸ ਕਾਨਫ੍ਰੈਂਸ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੇ ਕਿਹਾ ਕਿ ਉਹ ਉਨ੍ਹਾਂ ਸਾਰੇ ਵੀਰਾਂ ਨੂੰ ਨਮਨ ਕਰਦੇ ਹਨ, ਜਿਨ੍ਹਾਂ ਨੇ ਉਸ ਸਮੇਂ ਤਾਨਾਸ਼ਾਹੀ ਵਿਰੁੱਧ ਆਵਾਜ ਚੁੱਕੀ, ਜੇਲ੍ਹ ਗਏ, ਜੁਲਮ ਸਹੇ, ਪਰ ਝੁਕੇ ਨਹੀਂ।ਸੈਣੀ ਨੇ ਕਿਹਾ ਕਿ ਦੇਸ਼ ਐਮਰਜੈਂਸੀ ਦੀ 50 ਸਾਲ ਪੂਰੇ ਹੋਣ 'ਤੇ ਸੰਵਿਧਾਨ ਹੱਤਿਆ ਦਿਵਸ ਮਨਾ ਰਿਹਾ ਹੈ। 50 ਸਾਲ ਪਹਿਲਾਂ 25 ਜੂਨ, 1975 ਨੂੰ ਸਾਡੀ ਲੋਕਤਾਂਤਰਿਕ ਮਰਿਆਦਾਵਾਂ ਨੂੰ ਤਾਕ 'ਤੇ ਰੱਖ ਕੇ ਐਮਰਜੈਂਸੀ ਲਾਗੂ ਕਰ ਸੰਵਿਧਾਨ ਦੀ ਆਤਮਾ ਦੀ ਹੱਤਿਆ ਕਰ ਦਿੱਤੀ ਸੀ। ਇਸ ਦੇ ਲਈ ਅੰਦੂਰਣੀ ਸੰਕਟ ਦਾ ਹਵਾਲਾ ਦਿੱਤਾ ਗਿਆ, ਜੋ ਦਰਅਸਲ ਸੱਤਾ ਵਿੱਚ ਬਣੇ ਰਹਿਣ ਦੀ ਨਿਜੀ ਇੱਛਾ ਸੀ। ਉਨ੍ਹਾਂ ਦੇ 21 ਮਹੀਨੇ ਬਾਅਦ ਤੱਕ ਪੂਰਾ ਦੇਸ਼ ਤਾਨਾਸ਼ਾਹੀ ਦੇ ਲਪੇਟੇ ਵਿੱਚ ਰਿਹਾ। ਇੱਕ ਮਜਬੂਤ ਲੋਕਤੰਤਰ ਦੀ ਕਲਪਣਾ ਕਰਨ ਵਾਲੇ ਲੋਕਾਂ ਨੂੰ ਆਪਣੀ ਇੱਛਾ ਪੂਰੀ ਕਰਨ ਲਈ ਜੇਲ੍ਹਾਂ ਵਿੱਚ ਪਾਇਆ ਗਿਆ ਅਤੇ ਅਨੇਕ ਜੁਲਮ ਕੀਤੇ ਗਏ। ਅੱਜ ਸੰਵਿਧਾਨ ਹੱਤਿਆ ਦਿਵਸ ਮਨਾਉਣ ਦਾ ਉਦੇਸ਼ ਦੇਸ਼ ਦੀ ਲੋਕਤਾਂਤਰਿਕ ਪ੍ਰਕ੍ਰਿਆਵਾਂ ਦੇ ਬਾਰੇ ਵਿੱਚ ਆਮਜਨਤਾ, ਵਿਸ਼ੇਸ਼ਕਰ ਨਵੀਂ ਪੀੜੀ ਨੂੰ ਲਗਾਤਾਰ ਸੁਚੇਤ ਬਣਾਏ ਰੱਖਣਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੇ ਦੇਸ਼ ਦੀ ਏਕਤਾ, ਅਖੰਡਤਾ ਨੂੰ ਮਜਬੂਤ ਕਰਨ ਤੋਂ ਲੈ ਕੇ ਦੁਸ਼ਮਣਾਂ ਤੋਂ ਦੇਸ਼ ਦੀ ਸੁਰੱਖਿਆ ਕਰਨ ਇਤਿਹਾਸਕ ਉਦਾਹਰਣ ਜਨਤਾ ਨੂੰ ਦਿੱਤੇ ਹਨ। ਜੰਮੂ-ਕਸ਼ਮੀਰ ਤੋਂ ਲੈ ਕੇ ਕੰਨਿਆਕੁਮਾਰੀ ਤੱਕ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੇ ਇੱਕ ਰਾਸ਼ਟਰ-ਇੱਕ ਵਿਧਾਨ ਦੇ ਸਪਨੇ ਨੂੰ ਸੱਚ ਕਰਨ ਦੀ ਗੱਲ ਹੋਵੇ ਜਾਂ ਆਪ੍ਰੇਸ਼ਨ ਸਿੰਦੂਰ ਰਾਹੀਂ ਪਾਕਿਸਤਾਨ ਦੀ ਧਰਤੀ 'ਤੇ ਅੱਤਵਾਦ ਤੇ ਅੱਤਵਾਦੀਆਂ ਨੂੰ ਮਿੱਟੀ ਵਿੱਚ ਮਿਲਾਉਣਾ ਯਕੀਨੀ ਕਰਨਾ, ਪੂਰੀ ਦੁਨੀਆ ਇਸ ਦਾ ਲੋਹਾ ਮੰਨ ਰਹੀ ਹੈ।ਇਸ ਮੌਕੇ 'ਤੇ ਵਿਧਾਇਕ ਯੋਗੇਂਦਰ ਰਾਣਾ, ਭਗਵਾਨ ਦਾਸ ਕਬੀਰਪੰਥੀ, ਕਰਨਾਲ ਦੀ ਮੇਅਰ ਸ੍ਰੀਮਤੀ ਰੇਣੂ ਬਾਲਾ ਗੁਪਤਾ, ਮੁੱਖ ਮੰਤਰੀ ਦੇ ਮੀਡੀਆ ਸਕੱਤਰ ਪ੍ਰਵੀਣ ਅੱਤਰੇ ਸਮੇਤ ਹੋਰ ਮਾਣਯੋਗ ਮੌਜੂਦ ਸਨ।

# ਜਲਾਲਪੁਰ ਵੱਲੋਂ ਲੰਬੂਆਂ ਨੂੰ ਡੇਢ ਲੱਖ ਰੁਪਏ ਦੀ ਗਰਾਂਟ ਜਾਰੀ

ਬਲਾਚੌਰ (ਜਸਵਿੰਦਰ ਬੈਂਸ )-ਸ਼ਹੀਦ ਭਗਤ ਸਿੰਘ ਨਗਰ ਤੋਂ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਪਿੰਡ ਲੰਬੂਆਂ ਨੂੰ ਡੇਢ ਲੱਖ ਰੁਪਏ ਦੀ ਗਰਾਂਟ ਵਾਲੀਬਾਲ ਦੇ ਗਰਾਊਂਡ ਵਾਸਤੇ ਦਿੱਤੀ ਗਈ। ਜਲਾਲਪੁਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਖੇਡਾਂ ਨੂੰ ਪ੍ਰਫੁੱਲਿਤ ਕਰਨ ਲਈ ਨਵੇਂ ਤੋਂ ਨਵਾਂ ਕਦਮ ਉਠਾ ਰਹੀ ਹੈ,ਜਿਸ ਦੇ ਤਹਿਤ ਉਹਨਾਂ ਵੱਲੋਂ ਆਪਣੇ ਅਖਤਿਆਰੀ ਕੋਟੇ ਦੇ ਵਿੱਚੋਂ ਇਹ ਗਰਾਂਟ ਦਿੱਤੀ ਗਈ ਹੈ। ਉਹਨਾਂ ਨੇ ਕਿਹਾ ਕਿ ਪਿੰਡ ਦੇ ਨੌਜਵਾਨ ਇਸ ਵਾਲੀਬਾਲ ਦੇ ਗਰਾਊਂਡ ਵਿੱਚ ਰੋਜ਼ਾਨਾ ਵਾਲੀਬਾਲ ਦੀ ਪ੍ਰੈਕਟਿਸ ਕਰਦੇ ਹਨ ਜਿਥੇ ਉਹਨਾਂ ਲਈ ਇੱਕ ਵਧੀਆ ਗਰਾਊਂਡ ਤਿਆਰ ਕਰਨ ਲਈ ਉਹਨਾਂ ਵੱਲੋਂ ਇਹ ਗਰਾਂਟ ਰਾਸ਼ੀ ਜਾਰੀ ਕੀਤੀ ਗਈ ਹੈ। ਉਹਨਾਂ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਸਰਕਾਰ ਪੰਜਾਬ ਵਿੱਚ ਖੇਡਾਂ ਦੇ ਪੱਧਰ ਨੂੰ ਉੱਚਾ ਚੱਕਣ ਲਈ ਹਰ ਸੰਭਵ ਯਤਨ ਕਰਨ ਵਿੱਚ ਲੱਗੀ ਹੋਈ ਹੈ। ਸਰਕਾਰ ਵੱਲੋਂ ਪਿਛਲੇ ਦਿਨੀ ਨਵੀਂ ਖੇਡ ਪਾਲਿਸੀ ਲਿਆਂਦੀ ਗਈ ਹੈ ਸਕੂਲਾਂ ਅਤੇ ਪਿੰਡਾਂ ਵਿੱਚ ਵੱਖ ਵੱਖ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ। ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ ਇਸ ਲਈ ਉਹਨਾਂ ਨੇ ਪਿੰਡ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਜਿਆਦਾ ਤੋਂ ਜਿਆਦਾ ਸਮਾਂ ਗਰਾਊਂਡ ਵਿੱਚ ਲਗਾਉਣ ਅਤੇ ਨਸ਼ੇ ਤੋਂ ਦੂਰ ਰਹਿਣ। ਇਸ ਮੌਕੇ ਤੇ ਉਹਨਾਂ ਨੇ ਕਿਹਾ ਕਿ ਸਰਕਾਰ ਵੱਲੋਂ ਚਲਾਈ ਜਾ ਰਹੀ



ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਪਿੰਡ ਵਾਸੀ ਆਪਣਾ ਵੱਧ ਤੋਂ ਵੱਧ ਸਹਿਯੋਗ ਕਰਨ,ਜੇਕਰ ਉਹਨਾਂ ਦੇ ਪਿੰਡ ਵਿੱਚ ਕੋਈ ਨਸ਼ਾ ਵੇਚਦਾ ਹੈ ਤਾਂ ਉਸ ਦੀ ਸੂਚਨਾ ਉਹਨਾਂ ਨੂੰ ਦਿੱਤੀ ਜਾਵੇ,ਜਿਸ ਵਿੱਚ ਸੂਚਨਾ ਦੇਣ ਵਾਲੇ ਦਾ ਨਾਂਅ ਗੁਪਤ ਰੱਖਿਆ ਜਾਵੇਗਾ। ਇਸ ਮੌਕੇ 'ਤੇ ਚੌਧਰੀ ਬੁੱਧ ਰਾਮ, ਵਾਸਦੇਵ, ਚੇਤਨ ਚੌਧਰੀ, ਬੇਬੀ,ਹਰਮੇਸ਼ ਲਾਲ ਸਰਪੰਚ, ਪ੍ਰਸ਼ੋਤਮ ਲਾਲ ਪੰਚ, ਗੁਰ ਦਾਸ ਪੰਚ ਭੀਮ ਸੈਨ ਪੰਚ,ਕਮਲਜੀਤ ਪੰਚ ਕੁਸੱਲਿਆ ਦੇਵੀ ਪੰਚ,ਭਜਨੋ ਦੇਵੀ ਡਾਇਰੈਕਟਰ ਭੱਦੀ ਜੋਨ,ਮਹਿੰਦਰ ਪਾਲ ਅਸਵਨੀ ਕੁਮਾਰ,ਰਾਮ ਕਿਸਨ ਹਰਬੰਸ ਲਾਲ, ਕ੍ਰਿਸਨਾ ਦੇਵੀ, ਕੇਵਲ ਰਾਮ, ਹੇਮ ਰਾਜ, ਰਾਜ ਕੁਮਾਰ , ਰਾਜ ਨੰਬਰਦਾਰ, ਅਸ਼ੋਕ ਕੁਮਾਰ, ਜਸਵਿੰਦਰ ਕੁਮਾਰ, ਰਿਸਿਤ, ਰਾਜਨ ਚੌਧਰੀ, ਮਿੰਦੋ ਦੇਵੀ, ਕਰਨ ਕੌਰ, ਰੋਸਨ ਲਾਲ, ਸੁਨੀਤਾ ਦੇਵੀ ਅਤੇ ਬਹੁ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

## ਕਰਨੈਲ ਸਿੰਘ ਪ੍ਰਧਾਨ ਬਣੇ

ਬਲਾਚੌਰ (ਜਸਵਿੰਦਰ ਬੈਂਸ)—ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਿਟਡ ਉਪ ਮੰਡਲ ਬਲਾਚੌਰ 1 ਦੀ ਚੋਣ ਮੰਡਲ ਪ੍ਰਧਾਨ ਅਮਰੀਕ ਸਿੰਘ ਅਤੇ ਸਕੱਤਰ ਮੱਖਣ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਚੋਣ ਵਿਚ ਸਰਬਸੰਮਤੀ ਨਾਲ ਅਹੁਦੇਦਾਰਾਂ ਦੀ ਚੋਣ ਕੀਤੀ ਗਈ ਤੇ ਕਰਨੈਲ ਸਿੰਘ ਨੂੰ



ਪ੍ਰਧਾਨ, ਜਸਵਿੰਦਰ ਪਾਲ ਨੂੰ ਸਕੱਤਰ, ਕੁਲਦੀਪ ਚੰਦ ਨੂੰ ਉਪ ਪ੍ਰਧਾਨ, ਅਮਰੀਕ ਸਿੰਘ ਨੂੰ ਸਹਾਇਕ ਸਕੱਤਰ ਅਤੇ ਧਰਮਵੀਰ ਨੂੰ ਕੈਸ਼ੀਅਰ ਚੁਣਿਆ ਗਿਆ। ਚੁਣੇ ਗਏ ਸਾਰੇ ਹੀ ਅਹੁਦੇਦਾਰਾਂ ਨੂੰ ਯੂਨਿਟ ਵਲੋਂ ਵਧਾਈ ਦਿੱਤੀ ਗਈ।ਅਹੁਦੇਦਾਰਾਂ ਨੇ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਇਸ ਜਿੰਮੇਦਾਰੀ ਨੂੰ ਪੂਰੀ ਮਿਹਨਤ ਅਤੇ ਲਗਨ ਨਾਲ ਨਿਭਾਉਣਗੇ।

## ਡਾ. ਰਾਜਕੁਮਾਰ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ , ਓ ਪੀ ਰਾਣਾ)—ਮੇਰੇ ਹਲਕਾ ਵਾਸੀ ਮੇਰੇ ਲਈ ਬਹੁਤ ਮਹੱਤਵਪੂਰਨ ਹਨ ਅਤੇ ਉਹਨਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਮੇਰੀ ਪ੍ਰਾਥਮਿਕਤਾ ਹੈ। ਇਹ ਵਿਚਾਰ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਉਸ ਸਮੇਂ ਜਾਹਰ ਕੀਤੇ ਜਦੋਂ ਉਨ੍ਹਾਂ ਚੱਬੇਵਾਲ ਦਫ਼ਤਰ ਵਿਖੇ ਉਹਨਾਂ ਨੂੰ ਮਿਲਣ ਆਏ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਮੌਕੇ 'ਤੇ ਡਾ. ਰਾਜ ਕੁਮਾਰ ਨੇ ਕਿਹਾ ਕਿ ਜਦੋਂ ਵੀ



ਸਰਕਾਰੀ ਯੋਜਨਾਵਾਂ ਆਉਂਦੀਆਂ ਹਨ ਤਾਂ ਉਹ ਪੂਰੀ ਕੋਸ਼ਿਸ਼ ਕਰਦੇ ਹਨ ਕਿ ਯੋਜਨਾਵਾਂ ਦਾ ਲਾਭ ਗਰੀਬ ਅਤੇ ਜ਼ਰੂਰਤਮੰਦ ਤੱਕ ਪਹੁੰਚੇ। ਉਨ੍ਹਾਂ ਨੇ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਸੁਣਿਆ ਅਤੇ ਕੁਝ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ। ਇਸ ਮੌਕੇ 'ਤੇ ਸ਼ਿਵਰੰਜਨ ਸਿੰਘ ਰੋਮੀ, ਬਾਬਾ ਬੇਦੀ ਸਰਪੰਚ ਹੰਦੋਵਾਲ,ਅਵਤਾਰ ਸਿੰਘ ਚੱਬੇਵਾਲ, ਸਰਪੰਚ ਹਰਮੋਇਆ, ਸੁਦੇਸ ਰਾਣੀ, ਐੱਸ ਐਚ ਓ ਹਰੀਸ, ਡੀ ਐਸ ਪੀ ਪਲਵਿੰਦਰ ਸਿੰਘ ਚੱਬੇਵਾਲ,ਬੀਡੀਪੀਓ ਮਾਹਿਲਪੁਰ ਅਵਤਾਰ, ਜੇ.ਈ. ਗੁਰਦੀਪ ਮੌਜੂਦ ਸਨ।

## ਬਦਲਾਖੋਰੀ ਤੇ ਗੁੰਡਾਗਰਦੀ 'ਤੇ ਉਤਾਰੂ ਹੋਈ ਮਾਨ ਸਰਕਾਰ : ਖੁਰਾਣਾ/ਚੰਦੀ

**ਫਗਵਾੜਾ (ਨਵਾਂ ਜ਼ਮਾਨਾ ਸਰਵਿਸ )** ਵਿਜੀਲੈਂਸ ਬਿਊਰੋ ਵਲੋਂ ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਖ਼ਤ ਵਿਰੋਧ ਕਰਦਿਆਂ ਸ਼੍ਰੋਮਣੀ ਅਕਾਲੀ ਦਲ (ਬ) ਵਿਧਾਨ ਸਭਾ ਹਲਕਾ ਫਗਵਾੜਾ ਸ਼ਹਿਰੀ ਇੰਚਾਰਜ ਰਣਜੀਤ ਸਿੰਘ ਖੁਰਾਣਾ ਅਤੇ ਦਿਹਾਤੀ ਹਲਕਾ ਇੰਚਾਰਜ ਰਾਜਿੰਦਰ ਸਿੰਘ ਚੰਦੀ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਧੱਕੇਸ਼ਾਹੀ ਅਤੇ ਗੁੰਡਾਗਰਦੀ ਤੇ ਉਤਾਰੂ ਹੈ। ਸਵੇਰ ਦੇ ਸਮੇਂ ਬਿਨਾਂ ਕਿਸੇ ਵਾਰੰਟ ਜਾ ਨੋਟਿਸ ਦੇ ਇੱਕ ਸਾਬਕਾ ਕੈਬਿਨੇਟ ਮੰਤਰੀ ਦੇ ਘਰ 'ਚ ਜਬਰਦਸਤੀ ਦਾਖਲ ਹੋਣਾ ਅਤੇ ਦਹਿਸ਼ਤ ਦਾ ਮਾਹੌਲ ਪੈਦਾ ਕਰਨਾ ਬਹੁਤ ਹੀ ਮੰਦਭਾਗੀ ਗੱਲ ਹੈ। ਖੁਰਾਣਾ ਅਤੇ ਚੰਦੀ ਨੇ ਕਿਹਾ ਕਿ ਜੇਕਰ ਮਜੀਠੀਆ ਖਿਲਾਫ ਕੋਈ ਅਨੁਪਾਤੀ ਜਾਇਦਾਦ ਦਾ ਮਾਮਲਾ ਸੀ ਤਾਂ ਨੋਟਿਸ ਭੇਜ ਕੇ ਤਲਬ ਕੀਤਾ ਜਾ ਸਕਦਾ ਸੀ। ਲੇਕਿਨ ਸੂਬਾ ਸਰਕਾਰ ਦੀ ਮਨਸ਼ਾ ਵਿਰੋਧੀ ਧਿਰਾਂ ਦੀ ਆਵਾਜ ਨੂੰ ਖਾਕੀ ਵਰਦੀ ਦਾ ਡਰ ਦਿਖਾ ਕੇ ਬੰਦ ਕਰਨਾ ਹੈ। ਪਰ ਸਰਕਾਰ ਆਪਣੇ ਇਰਾਦਿਆਂ 'ਚ ਕਦੇ ਵੀ ਕਾਮਯਾਬ ਨਹੀਂ ਹੋਵੇਗੀ। ਬਿਕਰਮ ਸਿੰਘ ਮਜੀਠੀਆ ਸ਼੍ਰੋਮਣੀ ਅਕਾਲੀ ਦਲ ਦੇ ਨਿਧੜਕ ਆਗੂ ਹਨ, ਉਹਨਾਂ ਨੇ ਹਮੇਸ਼ਾ ਪੰਜਾਬ ਦੇ ਹਿਤਾਂ ਦੀ ਗੱਲ ਕੀਤੀ ਹੈ ਅਤੇ ਅੱਗੇ ਵੀ ਮਜੀਠੀਆ ਬੁਲੰਦ ਆਵਾਜ 'ਚ ਪੰਜਾਬ ਦੀ ਗੱਲ ਕਰਦੇ ਰਹਿਣਗੇ। ਅਕਾਲੀ ਆਗੂਆਂ ਨੇ ਕਿਹਾ ਕਿ ਇਹ ਬਹੁਤ ਸਪੱਸ਼ਟ ਹੈ ਕਿ 'ਆਪ' ਪਾਰਟੀ ਅਤੇ ਭਗਵੰਤ ਮਾਨ ਸਰਕਾਰ ਘਬਰਾਹਟ ਵਿੱਚ ਹੈ ਅਤੇ ਬਦਲਾਖੋਰੀ 'ਤੇ ਉਤਾਰੂ ਹੈ।ਪੰਜਾਬ ਇਸ ਸਮੇਂ ਸਰਕਾਰੀ ਗੁੰਡਾਗਰਦੀ ਦਾ ਸ਼ਿਕਾਰ ਹੈ। ਜੋ ਆਵਾਜ ਸਰਕਾਰ ਦੇ ਖਿਲਾਫ ਉੱਠਦੀ ਹੈ, ਉਸ ਉੱਪਰ ਤਸ਼ੱਦਦ ਕੀਤਾ ਜਾਂਦਾ ਹੈ। ਇਸੇ ਲਈ ਲੁਧਿਆਣਾ ਜਿਮਨੀ ਚੋਣ 'ਚ ਕਰੀਬ ਪੰਜਾਹ ਫੀਸਦੀ ਲੋਕਾਂ ਨੇ ਵੋਟ ਹੀ ਨਹੀਂ ਪਾਈ। ਕਿਉਂਕਿ ਇਸ ਚੋਣ ਦੇ ਨਾਲ ਸਰਕਾਰ ਨਹੀਂ ਬਦਲਣੀ ਸੀ। ਪਰ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਇਸ ਪਾਰਟੀ ਦੇ ਉਮੀਦਵਾਰਾਂ ਦੀਆਂ ਜਮਾਨਤਾਂ ਜਬਤ ਹੋ ਕੇ ਰਹਿਣਗੀਆਂ। ਪਹਿਲਾਂ 'ਆਪ' ਸੁਪਰੀਮੋ ਕੇਜਰੀਵਾਲ ਨੇ ਵੀ ਮਜੀਠੀਆ ਤੋਂ ਮਾਫੀ ਮੰਗੀ ਸੀ। ਆਮ ਆਦਮੀ ਪਾਰਟੀ ਸਰਕਾਰ ਦੇ ਪਾਪ ਦਾ ਘੜਾ ਹੁਣ ਭਰ ਚੁੱਕਾ ਹੈ। ਜਿਸ ਤੋਂ ਜਨਤਾ ਭਲੀ-ਭਾਂਤੀ ਜਾਣੂ ਹੈ।

## ਮਜੀਠੀਆ ਦੀ ਗ੍ਰਿਫ਼ਤਾਰੀ ਸੂਬਾ ਸਰਕਾਰ ਦੀ ਬੌਖਲਾਹਟ ਦਾ ਨਤੀਜਾ : ਲਾਲੀ ਬਾਜਵਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ )—ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਵਿਜੀਲੈਂਸ ਵੱਲੋਂ ਗ੍ਰਿਫਤਾਰ ਕੀਤਾ ਜਾਣਾ ਸੂਬੇ ਦੀ ਆਮ ਆਦਮੀ ਪਾਰਟੀ ਸਰਕਾਰ ਦੀ ਬੌਖਲਾਹਟ ਦਾ ਨਤੀਜਾ ਹੈ, ਇਹ ਗੱਲ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਤੋਂ ਅਕਾਲੀ ਦਲ ਦੇ ਇੰਚਾਰਜ ਜਤਿੰਦਰ ਸਿੰਘ ਲਾਲੀ ਬਾਜਵਾ ਵੱਲੋਂ ਆਖੀ ਗਈ ਅਤੇ ਕਿਹਾ ਗਿਆ ਕਿ ਜਿਸ ਤਰ੍ਹਾਂ ਕੇਂਦਰ ਦੀ ਸਰਕਾਰ ਕੇਂਦਰੀ ਏਜੰਸੀਆਂ ਦੀ ਵਰਤੋ ਵਿਰੋਧੀ ਪਾਰਟੀਆਂ ਦੇ ਆਗੂਆਂ ਖਿਲਾਫ ਕਰ ਰਹੀ ਹੈ ਉਸੇ ਤਰਜ ਉੱਪਰ ਸੂਬੇ ਦੀ ਆਪ ਸਰਕਾਰ ਚੱਲ ਰਹੀ ਹੈ ਤੇ ਇਸ ਸਰਕਾਰ ਨੇ ਜਿਸ ਨੂੰ ਵੀ ਚੁੱਪ ਕਰਾਉਣਾ ਹੁੰਦਾ ਹੈ ਉਸ ਖਿਲਾਫ ਵਿਜੀਲੈਂਸ ਦੀ ਵਰਤੋ ਕੀਤੀ ਜਾ ਰਹੀ ਹੈ ਤੇ ਇਸਦੀ ਤਾਜਾ ਉਦਾਹਰਣ ਬਿਕਰਮ ਮਜੀਠੀਆ ਦੀ ਕੀਤੀ ਗਈ ਗ੍ਰਿਫਤਾਰੀ ਹੈ।ਲਾਲੀ ਬਾਜਵਾ ਨੇ ਕਿਹਾ ਕਿ ਪਿਛਲੇ ਸਮੇਂ ਤੋਂ ਲਗਾਤਾਰ ਬਿਕਰਮ ਸਿੰਘ ਮਜੀਠੀਆ ਸੂਬਾ ਸਰਕਾਰ ਦੇ ਗਲਤ ਫੈਸਲਿਆਂ ਕਾਰਨ ਸਰਕਾਰ ਨੂੰ ਨਿਸ਼ਾਨੇ ਉੱਪਰ ਲੈ ਰਹੇ ਸਨ ਅਤੇ ਹੁਣ ਉਸਦੇ ਪ੍ਰਤੀਕਰਮ ਵਜੋਂ ਸਰਕਾਰ ਦੇ ਇਸ਼ਾਰੇ 'ਤੇ ਮਜੀਠੀਆ ਖਿਲਾਫ ਵਿਜੀਲੈਂਸ ਨੇ ਕੇਸ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫਤਾਰ ਕੀਤਾ ਹੈ।

ਲਾਲੀ ਬਾਜਵਾ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਤਾਨਾਸ਼ਾਹੀ ਨੂੰ ਪੰਜਾਬ ਦੇ ਲੋਕ ਕਦੇ ਬਰਦਾਸ਼ਤ ਨਹੀਂ ਕਰਨਗੇ ਤੇ ਅਕਾਲੀ ਦਲ ਦੀ ਸਮੂਹ ਲੀਡਰਸ਼ਿਪ ਤੇ ਵਰਕਰ ਬਿਕਰਮ ਮਜੀਠੀਆ ਦੇ ਨਾਲ ਡੱਟ ਕੇ ਖੜ੍ਹਨਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਤਾਕਤ ਦੇ ਨਸ਼ੇ ਵਿੱਚ ਆਪਣੀ ਸੁੱਧ-ਬੁੱਧ ਗਵਾ ਚੁੱਕੇ ਹਨ ਤੇ ਇਸੇ ਕਾਰਨ ਇੱਕ ਤੋਂ ਬਾਅਦ ਦੂਜਾ ਗਲਤ ਫੈਸਲਾ ਕਰ ਰਹੇ ਹਨ। ਲਾਲੀ ਬਾਜਵਾ ਨੇ ਕਿਹਾ ਕਿ ਇਸ ਮਾਮਲੇ ਵਿੱਚੋ ਵੀ ਬਿਕਰਮ ਮਜੀਠੀਆ ਮਜ਼ਬੂਤੀ ਨਾਲ ਬਾਹਰ ਨਿੱਕਲਣਗੇ।

# ਦਿਹਾਣਾ ਵਿਖੇ ਸਾਲਾਨਾ ਜੋੜ ਮੇਲਾ ਕਰਵਾਇਆ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )ਪਿੰਡ ਦਿਹਾਣਾ ਵਿਖੇ ਦਰਬਾਰ ਪੀਰ ਮੀਆਂ ਸੁਲਤਾਨ ਅਲੀ ਦੇ ਅਸਥਾਨ 'ਤੇ ਪੀਰ ਦੀ ਯਾਦ ਵਿੱਚ ਸਾਲਾਨਾ ਜੋੜ ਮੇਲਾ ਕਰਵਾਇਆ ਗਿਆ। ਡੇਰੇ ਦੇ ਮੁੱਖ ਸੇਵਾਦਾਰ ਬਾਬਾ ਰਾਮ ਪ੍ਰਕਾਸ਼ ਸਾਬਕਾ ਸਰਪੰਚ ਦਿਹਾਣਾ ਨੇ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ।ਪੰਜਾਬ ਦੇ ਨਾਮਵਰ ਕਲਾਕਾਰ ਕੁਲਦੀਪ ਰੂਹਾਨੀ ਇੰਟਰਨੈਸ਼ਨਲ ਕਵਾਲ ਭੁੱਲਾਰਾਈ, ਲਵਲੀ ਨਕਾਲ ਨਕਾਲ ਪਾਰਟੀ ਨਵਾਂਸ਼ਹਿਰ, ਹੈਪੀ ਮੰਨਣਹਾਨਾ, ਭਿੰਦਰ ਬ੍ਰਹਮਪੁਰੀ ਆਦਿ ਨੇ ਪੀਰਾਂ ਦੀ ਮਹਿਫ਼ਿਲ ਸਜਾਈ ਬੀਬੀ ਸੁਰਿੰਦਰ ਕੌਰ ਬਹਰਾਮ, ਬਾਬਾ ਸਤਨਾਮ ਸਿੰਘ ਅਜਨੋਹਾ, ਬਾਬਾ ਜਗੀਰੀ ਰਾਮ, ਬਾਬਾ ਕੁਲਵਿੰਦਰ ਸਿੰਘ ਕਾਲਾ, ਬਾਬਾ ਜਸਵੀਰ ਰਾਮ ਬੀਰਾ, ਬਾਬਾ ਸਤਨਾਮ ਸਿੰਘ ਭੁੰਗਰਨੀ, ਬਾਬਾ ਪ੍ਰਸ਼ੋਤਮ ਲਾਲ, ਬਾਬਾ ਘੱਨਈਆ ਦਾਸ ਦਿਹਾਣਾ, ਬਾਬਾ ਕਸ਼ਮੀਰਾ ਸਿੰਘ ਆਦਿ ਨੇ ਹਾਜ਼ਰੀ ਭਰੀ। ਇਸ ਮੌਕੇ ਬੀਬੀ ਦਿਆ ਕੌਰ,



ਮਾਸਟਰ ਉਂਕਾਰ ਸਿੰਘ, ਗੁਰਨਾਮ ਸਿੰਘ ਗਾਮਾ, ਜੋਗਾ ਸਿੰਘ, ਹਰਦੀਪ ਸਿੰਘ ਦੀਪੂ, ਗੁਰਵਿੰਦਰ ਸਿੰਘ, ਸੋਨੂੰ, ਮਿਸਤਰੀ ਜੋਗ ਰਾਜ, ਵਿਜੈ ਕੁਮਾਰ, ਰਾਣਾ, ਸਦਾ ਰਾਮ, ਰੋਣਕੀ, ਮਹਿੰਦਰ ਸਿੰਘ, ਜਸਵੀਰ ਸਿੰਘ, ਜਸਵੀਰ ਰਾਮ, ਸੋਨਾ, ਕੁਲਜੀਤ ਸਿੰਘ ਬਾਬੂ, ਅਵਤਾਰ ਸਿੰਘ ਮੋਨੂੰ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।ਛਬੀਲ, ਚਾਹ ਪਕੌੜੇ ਅਤੇ ਦਾਤਾ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

## ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ 'ਚ ਕੀਤੀਆਂ ਅਹਿਮ ਵਿਚਾਰਾਂ

ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਾਪੁਰੀ)- ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਅਜੀਤ ਸਿੰਘ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਬੀਬੀ ਨਾਨਕੀ ਜੀ ਵਿਖੇ ਹੋਈ। ਜਿਸ ਵਿੱਚ ਵੱਖ ਵੱਖ ਮੁੱਦਿਆਂ 'ਤੇ ਅਹਿਮ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ ਆਗੂਆਂ ਨੇ ਕਿਹਾ ਕਿ ਡੀ.ਏ



ਦੀਆਂ ਦੀਆਂ ਰਹਿੰਦੀਆਂ ਬਾਕੀ ਕਿਸ਼ਤਾਂ ਜ਼ਲਦੀ ਦਿੱਤੀਆਂ ਜਾਣ ਅਤੇ ਰਹਿੰਦਾ ਬਕਾਇਆ ਜਲਦੀ ਦਿੱਤਾ ਜਾਵੇ। 2.50 ਦੇ ਅਨੁਸਾਰ ਪੈਨਸ਼ਨ ਸੋਧ ਕੇ ਲਾਗੂ ਕੀਤੀ ਜਾਵੇ। 66 ਮਹੀਨੇ ਦਾ ਬਕਾਇਆ ਇਕੱਠਾ ਦਿੱਤਾ ਜਾਵੇ। ਮੈਡੀਕਲ ਦੋ ਹਜ਼ਾਰ ਰੁਪਏ ਪ੍ਰਤੀ ਮਹੀਨਾ ਦਿੱਤਾ ਜਾਵੇ। ਉਨ੍ਹਾਂ ਅਹਿਮਦਾਬਾਦ ਵਿੱਚ ਹੋਏ ਹਵਾਈ ਹਾਦਸੇ ਦੇ ਪੀੜਤ ਪਰਵਾਰਾਂ ਨਾਲ ਡੂੰਘਾ ਦੁੱਖ ਪ੍ਰਗਟ ਕੀਤਾ ਅਤੇ ਬਚਿੱਤਰ ਸਿੰਘ ਸਾਬਕਾ ਕਲਰਕ ਦੀ ਮੌਤ 'ਤੇ ਵੀ ਦੁੱਖ ਪ੍ਰਗਟ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਕਿਸਾਨਾਂ ਦੀ ਜ਼ਬਰੀ ਰਿਕਵਰੀ ਕੀਤੀ ਜਾ ਰਹੀ ਜ਼ਮੀਨ ਬੰਦ ਕੀਤੀ ਜਾਵੇ। ਕੈਸ਼ ਲੈਸ ਮੈਡੀਕਲ ਸਕੀਮ ਵੀ ਲਾਗੂ ਕੀਤੀ ਜਾਵੇ। ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ। ਇਸ ਮੌਕੇ ਮਾ. ਸੁੱਚਾ ਸਿੰਘ, ਮਾ. ਚਰਨ ਸਿੰਘ, ਪਿਆਰਾ ਸਿੰਘ, ਭੁਪਿੰਦਰ ਸਿੰਘ, ਗਿਆਨ ਸਿੰਘ, ਸਰੂਪ ਸਿੰਘ, ਮੁਣਸਾ ਸਿੰਘ, ਬਲਵੀਰ ਸਿੰਘ, ਸ਼ਿੰਗਾਰਾ ਸਿੰਘ, ਬਲਵਿੰਦਰ ਸਿੰਘ, ਪਿਆਰਾ ਸਿੰਘ, ਗੁਰਚਮਨ ਲਾਲ, ਦਿਆਲ ਸਿੰਘ, ਕਸ਼ਮੀਰ ਸਿੰਘ, ਦਲਵਿੰਦਰ ਸਿੰਘ, ਅੰਗ੍ਰੇਜ਼ ਸਿੰਘ, ਹਰਦੀਪ ਸਿੰਘ ਭੁੱਲਰ, ਮਨਜੀਤ ਸਿੰਘ ਵੱਡੀ ਗਿਣਤੀ ਵਿੱਚ ਆਦਿ ਹਾਜ਼ਰ ਸਨ।

# ਸਰਬ ਨੌਜਵਾਨ ਸਭਾ ਨੇ ਸੋਮ ਪ੍ਰਕਾਸ਼ ਨੂੰ ਦਿੱਤਾ 'ਧੀਆਂ ਦੇ ਸਮੂਹਿਕ ਵਿਆਹ' ਦਾ ਸੱਦਾ ਪੱਤਰ

ਫਗਵਾੜਾ (ਰਮਨ) ਸਰਬ ਨੌਜਵਾਨ ਸਭਾ ਰਜਿ. ਫਗਵਾੜਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਰਜਿ. ਫਗਵਾੜਾ ਦਾ ਇਕ ਵਫਦ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਨੂੰ ਮਿਲਿਆ। ਇਸ ਦੌਰਾਨ ਸਭਾ ਅਤੇ ਸੁਸਾਇਟੀ ਦੇ ਅਹੁਦੇਦਾਰਾਂ ਵੱਲੋਂ ਧੀਆਂ ਦੇ ਕਰਵਾਏ ਜਾਣ ਵਾਲੇ ਸਲਾਨਾ ਸਮੂਹਿਕ ਵਿਆਹ ਸਮਾਗਮ ਸਬੰਧੀ ਸੱਦਾ ਪੱਤਰ ਸਾਬਕਾ ਕੇਂਦਰੀ ਮੰਤਰੀ ਨੂੰ ਦਿੱਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਸਭਾ ਦੇ ਸਲਾਹਕਾਰ ਬੋਰਡ ਦੇ ਮੈਂਬਰ ਅਵਤਾਰ ਸਿੰਘ ਮੰਡ ਨੇ ਦੱਸਿਆ ਕਿ ਸੋਮ



ਪ੍ਰਕਾਸ਼ ਉਹਨਾਂ ਦੀ ਸੰਸਥਾ ਦੇ ਸਰਪ੍ਰਸਤ ਵੀ ਹਨ। ਜਿਹਨਾਂ ਦੇ ਅਸ਼ੀਰਵਾਦ ਨਾਲ ਲੋੜਵੰਦ ਪਰਵਾਰਾਂ ਦੀਆਂ ਧੀਆਂ ਦਾ ਸਮੂਹਿਕ ਵਿਆਹ ਸਮਾਗਮ ਇਸ ਸਾਲ 11 ਅਕਤੂਬਰ ਦਿਨ ਸ਼ਨੀਵਾਰ ਨੂੰ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਫਗਵਾੜਾ ਵਿਖੇ ਕਰਵਾਇਆ ਜਾ ਰਿਹਾ ਹੈ। ਜਿਸ ਦੀਆਂ ਤਿਆਰੀਆਂ ਪੂਰੇ ਜੋਰ ਸ਼ੋਰ ਦੇ ਨਾਲ ਜਾਰੀ ਹਨ। ਸਾਬਕਾ ਮੰਤਰੀ ਸੋਮ ਪ੍ਰਕਾਸ਼ ਨੇ ਕਿਹਾ ਕਿ ਪਿਛਲੇ 35 ਸਾਲਾਂ ਤੋਂ ਜ਼ਰੂਰਤਮੰਦ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਕਰਵਾਉਣੇ ਇਕ ਉੱਤਮ ਤੇ ਸ਼ਲਾਘਾਯੋਗ ਕਦਮ ਹੈ। ਸਭਾ ਤੇ ਸੁਸਾਇਟੀ ਦੇ ਵਫਦ ਨੇ ਸਾਬਕਾ ਕੇਂਦਰੀ ਮੰਤਰੀ ਨਾਲ ਵਿਆਹ ਸਮਾਗਮ ਦੀਆਂ ਤਿਆਰੀਆਂ ਬਾਰੇ ਵਿਚਾਰ ਵਟਾਂਦਰਾ ਵੀ ਕੀਤਾ। ਜਿਸ ਵਿੱਚ ਵਿਆਹਾਂ ਲਈ ਆਰਥਿਕ, ਸਮਾਜਿਕ ਅਤੇ ਪ੍ਰਸ਼ਾਸਕੀ ਸਹਿਯੋਗ ਲੈਣ ਬਾਰੇ ਗੰਭੀਰ ਵਿਚਾਰ ਚਰਚਾ ਹੋਈ। ਇਸ ਤੋਂ ਇਲਾਵਾ ਸਭਾ ਦੇ ਮੈਂਬਰਾਂ ਨੇ ਸਾਬਕਾ ਮੰਤਰੀ ਨੂੰ ਸਭਾ ਵੱਲੋਂ ਕਰਵਾਏ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਜਾਣਕਾਰੀ ਦਿੱਤੀ ਅਤੇ ਨਾਲ ਹੀ ਲੋੜਵੰਦ ਪਰਵਾਰਾਂ ਨੂੰ ਵੀ ਪੁਰਜ਼ੋਰ ਅਪੀਲ ਕੀਤੀ ਗਈ ਕਿ ਜਲਦੀ ਤੋਂ ਜਲਦੀ ਆਪਣੀਆਂ ਧੀਆਂ ਦੇ ਵਿਆਹ ਕਰਵਾਉਣ ਸਬੰਧੀ ਸਭਾ ਦੇ ਅਹੁਦੇਦਾਰਾਂ ਨਾਲ ਸੰਪਰਕ ਕਰਕੇ ਆਪਣਾ ਪੰਜੀਕਰਣ ਕਰਵਾਇਆ ਜਾਵੇ। ਸੋਮ ਪ੍ਰਕਾਸ਼ ਨੇ ਵਫਦ ਨੂੰ ਹਮੇਸ਼ਾ ਦੀ ਤਰ੍ਹਾਂ ਹਰ ਸੰਭਵ ਸਹਿਯੋਗ ਦਾ ਭਰੋਸਾ ਵੀ ਦਿੱਤਾ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਕਿਹਾ ਕਿ ਸਮੂਹਿਕ ਵਿਆਹ ਸਮਾਗਮ ਕਰਵਾਉਣ ਦਾ ਮਕਸਦ ਕੇਵਲ ਲੋੜਵੰਦ ਪਰਵਾਰਾਂ ਦੀਆਂ ਧੀਆਂ ਦੇ ਵਿਆਹ ਕਰਵਾਉਣਾ ਹੀ ਨਹੀਂ, ਸਗੋਂ ਜ਼ਰੂਰਤਮੰਦ ਪਰਵਾਰਾਂ ਨੂੰ ਆਤਮ ਸਨਮਾਨ ਦੇਣਾ ਵੀ ਹੈ। ਨਾਲ ਹੀ ਸਮਾਜ ਨੂੰ ਇਹ ਸੰਦੇਸ਼ ਦੇਣਾ ਵੀ ਹੈ ਕਿ ਮਿਲ ਕੇ ਚੱਲਣ ਨਾਲ ਹਰ ਮੁਸ਼ਕਲ ਅਸਾਨ ਹੋ ਜਾਂਦੀ ਹੈ। ਇਸ ਮੀਟਿੰਗ ਰਾਹੀਂ ਸਭਾ ਨੇ ਸਰਕਾਰੀ ਪੱਧਰ 'ਤੇ ਹੋਰ ਸਹੂਲਤਾਂ ਜਿਵੇਂ ਵਿਆਹ ਯੋਜਨਾ ਦੇ ਅਧੀਨ ਰਾਸ਼ੀ ਜਾਂ ਆਵਾਸ ਸਹਾਇਤਾ ਲੈਣ ਦੀ ਯੋਜਨਾ ਵੀ ਬਣਾਈ ਹੈ। ਇਸ ਮੌਕੇ ਸਭਾ ਦੇ ਉਪ ਪ੍ਰਧਾਨ ਸਵਰਨ ਸਿੰਘ ਸਵਰਨ ਸਵੀਟ ਸ਼ਾਪ, ਉਪ ਪ੍ਰਧਾਨ ਰਾਜ ਕੁਮਾਰ ਕਨੌਜੀਆ, ਜਨਰਲ ਸਕੱਤਰ ਡਾ. ਵਿਜੇ ਕੁਮਾਰ, ਉਪ ਪ੍ਰਧਾਨ ਰਵਿੰਦਰ ਸਿੰਘ ਰਾਏ, ਪਰਮਜੀਤ ਰਾਏ, ਰਾਕੇਸ਼ ਕੋਛੜ, ਸ਼ੁਭਮ ਸ਼ਰਮਾ, ਜਗਜੀਤ ਸੇਠ, ਗੁਲਸ਼ਨ ਕਪੂਰ, ਜਸਵੀਰ ਸਿੰਘ ਰਾਣੀਪੁਰ, ਭਾਜਪਾ ਆਗੂ ਰਾਜੀਵ ਪਾਹਵਾ, ਮੈਡਮ ਤਨੁ, ਮੈਡਮ ਸਪਨਾ ਸ਼ਾਰਦਾ, ਮੈਡਮ ਗੁਰਜੀਤ ਕੌਰ, ਮੈਡਮ ਲਕਸ਼ਮੀ, ਮੈਡਮ ਆਸ਼ੂ ਬੱਗਾ, ਕਸ਼ਿਸ਼, ਦਿਲਜੋਤ, ਪ੍ਰਿਆ ਆਦਿ ਹਾਜ਼ਰ ਸਨ।

# ਸਫਾਈ ਕਰਮਚਾਰੀ ਕਮਿਸ਼ਨ ਮੁਲਾਜ਼ਮਾਂ ਦੀ ਭਲਾਈ ਲਈ ਵਚਨਬੱਧ : ਚੰਦਨ ਗਰੇਵਾਲ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ )-ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਨੇ ਕਿਹਾ ਕਿ ਸਫਾਈ ਕਰਮਚਾਰੀ ਸਮਾਜ ਦੀ ਰੀੜ੍ਹ ਦੀ ਹੱਡੀ ਹਨ ਅਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ ਕਿ ਉਨ੍ਹਾਂ ਨੂੰ ਸਨਮਾਨਜਨਕ ਜੀਵਨ ਅਤੇ ਜ਼ਰੂਰੀ ਸਹੂਲਤਾਂ ਪ੍ਰਦਾਨ ਕੀਤੀਆਂ ਜਾਣ। ਉਹ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਹੁਸ਼ਿਆਰਪੁਰ ਵਿਖੇ ਨਗਰ ਨਿਗਮ ਅਧਿਕਾਰੀਆਂ ਅਤੇ ਸਫਾਈ ਕਰਮਚਾਰੀ ਯੂਨੀਅਨ ਦੇ ਨੁਮਾਇੰਦਿਆਂ ਨਾਲ ਇਕ ਮਹੱਤਵਪੂਰਨ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਨਗਰ ਨਿਗਮ ਕਮਿਸ਼ਨਰ ਡਾ. ਅਮਨਦੀਪ ਕੌਰ ਸਮੇਤ ਨਗਰ ਨਿਗਮ ਅਤੇ ਨਗਰ ਕੌਂਸਲਾਂ ਦੇ ਅਧਿਕਾਰੀ ਅਤੇ ਯੂਨੀਅਨ ਦੇ ਨੁਮਾਇੰਦੇ ਵੀ ਮੌਜੂਦ ਸਨ। ਚੇਅਰਮੈਨ ਚੰਦਨ ਗਰੇਵਾਲ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੀਟਿੰਗ ਦਾ ਉਦੇਸ਼ ਸਫਾਈ ਕਰਮਚਾਰੀਆਂ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਸੁਣਨਾ, ਉਨ੍ਹਾਂ ਦਾ ਹੱਲ ਕਰਨਾ ਅਤੇ ਉਨ੍ਹਾਂ ਦੀ ਭਲਾਈ ਨਾਲ ਜੁੜੀਆਂ ਯੋਜਨਾਵਾਂ ਦੀ ਸਮੀਖਿਆ ਕਰਨਾ ਹੈ। ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਗਰੇਵਾਲ ਨੇ ਕਿਹਾ ਕਿ ਬਹੁਤ ਸਾਰੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕਰ ਦਿੱਤਾ ਗਿਆ। ਇਸ ਦੇ ਨਾਲ ਹੀ, ਕੁਝ ਮੰਗਾਂ ਹਨ ਜੋ ਸੂਬਾ ਪੱਧਰ 'ਤੇ ਹਨ, ਜਿਨ੍ਹਾਂ ਨੂੰ ਪੰਜਾਬ ਦੇ ਮੁੱਖ ਮੰਤਰੀ ਦੇ ਸਾਹਮਣੇ ਪੇਸ਼ ਕੀਤਾ ਜਾਵੇਗਾ, ਤਾਂ ਜੋ ਉਨ੍ਹਾਂ ਦਾ ਵੀ ਜਲਦੀ ਹੱਲ ਕੀਤਾ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਫਾਈ ਕਰਮਚਾਰੀਆਂ ਨੂੰ ਉਨ੍ਹਾਂ ਦੀ ਤਨਖਾਹ ਸਮੇਂ ਸਿਰ ਦਿੱਤੀ ਜਾਵੇ, ਸੁਰੱਖਿਆ ਉਪਕਰਣ ਅਤੇ ਲੋੜੀਂਦੀ ਸਿਖਲਾਈ ਪ੍ਰਦਾਨ ਕੀਤੀ ਜਾਵੇ। ਉਨ੍ਹਾਂ ਜੋਰ ਦੇ ਕੇ ਕਿਹਾ ਕਿ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਕੋਈ ਵੀ ਕਰਮਚਾਰੀ




ਅਣਗੌਲਿਆ ਮਹਿਸੂਸ ਨਾ ਕਰੇ। ਚੰਦਨ ਗਰੇਵਾਲ ਨੇ ਕਿਹਾ ਕਿ ਸਮਾਜ ਵਿਚ ਸਫਾਈ ਕਰਮਚਾਰੀਆਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ ਅਤੇ ਉਨ੍ਹਾਂ ਦੇ ਯੋਗਦਾਨ ਨੂੰ ਸਿਰਫ ਸ਼ਬਦਾਂ ਵਿਚ ਹੀ ਨਹੀਂ, ਸਗੋਂ ਠੋਸ ਕਾਰਵਾਈਆਂ ਰਾਹੀਂ ਮਾਨਤਾ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਸਰਕਾਰ, ਕਰਮਚਾਰੀਆਂ ਦੀ ਭਲਾਈ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਮਿਸ਼ਨ ਇਸ ਦਿਸ਼ਾ ਵਿਚ ਸਰਗਰਮੀ ਨਾਲ ਕੰਮ ਕਰ ਰਿਹਾ ਹੈ। ਮੀਟਿੰਗ ਦੇ ਅੰਤ ਵਿਚ, ਉਨ੍ਹਾਂ ਨੇ ਮੌਜੂਦ ਸਫਾਈ ਕਰਮਚਾਰੀਆਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।

# ਤਲਵੰਡੀ ਜੱਟਾਂ ਵਿਖੇ ਸਾਲਾਨਾ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)** ਦਰਬਾਰ ਸਾਈਂ ਈਸਰ ਦਾਸ ਤਲਵੰਡੀ ਜੱਟਾਂ ਵਿਖੇ ਸਾਲਾਨਾ ਮੇਲਾ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰ ਰਮੇਸ਼ ਚੌਹਾਨ, ਬਲਵੀਰ ਰਾਗਣੀ, ਕੌਰ ਸਿਸਟਰਜ਼, ਕਲਸੀ ਬ੍ਰਦਰਜ਼ ਤੋਂ ਇਲਾਵਾ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਮੁੱਖ ਪ੍ਰਬੰਧਕ ਧਰਮਪਾਲ ਤਲਵੰਡੀ ਵਲੋਂ ਸਾਰਿਆ ਨੂੰ ਜੀ ਆਇਆਂ ਕਿਹਾ ਅਤੇ ਕਲਾਕਾਰਾਂ, ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਦਰਬਾਰ ਤੇ ਠੰਡੇ ਮਿੱਠੇ ਜਲ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਧਰਮਪਾਲ ਤਲਵੰਡੀ, ਸੁਰਜੀਤ ਸਿੰਘ ਥਾਣੇਦਾਰ, ਹਰਭਜਨ ਰਾਮ ਸਾਬਕਾ ਸਰਪੰਚ, ਜਸਵਿੰਦਰ ਲੁਧਿਆਣਾ, ਗੁਰਮੁੱਖ, ਜੀਵਨ ਲਾਲ ਕਲਸੀ, ਬਲਜਿੰਦਰ ਕਲਸੀ, ਜਗਮੀਤ ਕਲਸੀ, ਚਰਨਜੀਤ ਲੁਧਿਆਣਾ, ਦੀਪਾ ਹਲਵਾਈ, ਹੈਪੀ ਕਲਸੀ, ਅਮਨਦੀਪ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

# ਅਲਾਇੰਸ ਕਲੱਬ ਵੱਲੋਂ ਵਿਦਿਆਰਥੀ ਸਨਮਾਨਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਇੱਥੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਗਲੀ ਨੰ:6 ਦੇ ਪਹਿਲੀ ਕਲਾਸ ਤੋਂ ਲੈ ਕੇ +1 ਤੱਕ ਸੱਤ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਲਈ ਅਲਾਇੰਸ ਕਲੱਬ ਹੁਸ਼ਿਆਰਪੁਰ ਗ੍ਰੇਟਰ ਵੱਲੋਂ ਦੂਸਰਾ ਇਨਾਮ ਵੰਡ ਸਮਾਰੋਹ ਕੀਤਾ ਗਿਆ, ਜਿਸ ਵਿੱਚ ਵਿੱਦਿਅਕ ਮਾਹਿਰ ਪ੍ਰੋਫੈਸਰ ਦਲਜੀਤ ਰਾਏ, ਰਿਟਾਇਰਡ ਇੰਸਪੈਕਟਰ ਐਲੀ ਰਮੇਸ਼ ਕੁਮਾਰ ਅਤੇ ਐਡਵੋਕੇਟ ਐਸ.ਪੀ.ਰਾਣਾ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਪ੍ਰੋਗਰਾਮ ਦਾ ਆਯੋਜਨ ਕ੍ਰਿਸ਼ਨਾ ਵਿੱਦਿਆ ਅਕਾਦਮੀ ਵੱਲੋਂ ਕੀਤਾ



ਗਿਆ ਸੀ।ਤੀਜੀ ਕਲਾਸ ਦੀ ਗੁਨੀਤ ਕੌਰ ਨੇ 96.3 ਪ੍ਰਤੀਸ਼ਤ, ਪੰਜਵੀਂ ਦੇ ਦਿਵਿਆਂਸ਼ ਨੇ 91 ਪ੍ਰਤੀਸ਼ਤ, ਸੱਤਵੀਂ ਦੇ ਮਨਮੀਤ ਨੇ 91 ਪ੍ਰਤੀਸ਼ਤ, ਅੱਠਵੀਂ ਕਲਾਸ ਦੇ ਸਾਵਨ ਨੇ 94.7 ਪ੍ਰਤੀਸ਼ਤ ਪ੍ਰਣਵ ਨੇ 93.6 ਪ੍ਰਤੀਸ਼ਤ ਅਤੇ +1 ਦੇ ਭਵੇਸ਼ ਚੋਪੜਾ ਨੇ 96 ਪ੍ਰਤੀਸ਼ਤ ਨੰਬਰ ਲੈ ਕੇ ਕ੍ਰਮਵਾਰ ਆਪਣੀ-ਆਪਣੀ ਕਲਾਸ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਇਨ੍ਹਾਂ ਨੂੰ ਸਨਮਾਨਤ ਕਰਦੇ ਹੋਏ ਪ੍ਰੋ.ਦਲਜੀਤ ਰਾਏ ਨੇ ਵਿਦਿਆਰਥੀਆਂ ਨਾਲ ਰੁਬਰੂ ਹੁੰਦੇ ਉਨ੍ਹਾਂ ਦੇ ਸੁਪਨਿਆਂ ਬਾਰੇ ਸਾਂਝਾ ਕੀਤੀਆਂ। ਇਸ ਮੌਕੇ 'ਤੇ ਬ੍ਰਮਜੋਤ ਸਿਰਤ, ਸਪਰਸ਼, ਗੁਰਵੀਰ ਸਿੰਘ ਕਾਹਲੋਂ ਅਤੇ ਜਸਪ੍ਰੀਤ ਨੂੰ ਸਨਮਾਨਤ ਕਰਨ ਉਪਰੰਤ ਰੰਗਕ੍ਰਮੀ ਅਸ਼ੋਕ ਪੁਰੀ ਨੇ ਹਰ ਇਲਾਕੇ ਵਿੱਚ ਬੱਚਿਆਂ ਅਤੇ ਬਜ਼ੁਰਗਾਂ ਦੇ ਮਾਣ ਅਤੇ ਸਨਮਾਨ ਦੀ ਰੱਖਿਆ ਕਰਨ ਦਾ ਸੰਕਲਪ ਦੁਹਰਾਇਆ।ਸਨਮਾਨ ਸਮਾਰੋਹ ਉਪਰੰਤ ਗੁਨਮੀਤ ਕੌਰ ਅਤੇ ਭਵੇਸ਼ ਚੋਪੜਾ ਨੂੰ ਸ਼ਰਨਜੀਤ ਕੌਰ ਨੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਇਸ ਮੌਕੇ 'ਤੇ ਐਡਵੋਕੇਟ ਐਲੀ ਐਸ.ਪੀ.ਰਾਣਾ ਅਤੇ ਰਿਟਾਇਰਡ ਇੰਸਪੈਕਟਰ ਐਲੀ ਰਮੇਸ਼ ਕੁਮਾਰ ਨੇ ਵੀ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।

# ਕੰਗ ਨੇ ਦਾਨ ਉਤਸਵ 'ਚ ਪਾਇਆ ਯੋਗਦਾਨ

**ਫਗਵਾੜਾ ( ਡਾ. ਰਮਨ)**-ਹਿਊਮਨ ਰਾਈਟਸ ਕੌਂਸਲ (ਇੰਡੀਆ) ਦੇ ਸੂਬਾ ਸਕੱਤਰ ਗੁਰਦੀਪ ਸਿੰਘ ਕੰਗ ਨੇ ਕਾਰਪੋਰੇਸ਼ਨ ਫਗਵਾੜਾ ਵੱਲੋਂ ਏਡੀਸੀ ਕਮ ਨਗਰ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ ਦੀ ਸਰਪ੍ਰਸਤੀ ਹੇਠ ਆਯੋਜਿਤ ਦੋ-ਰੋਜ਼ਾ ਦਾਨ ਉਤਸਵ ਵਿੱਚ ਯੋਗਦਾਨ ਪਾਇਆ ਅਤੇ ਪੁਰਾਣੇ ਪਹਿਨਣ ਯੋਗ ਕੱਪੜੇ, ਖਿਡੌਣੇ ਅਤੇ ਜੁੱਤੇ ਆਦਿ ਦਾਨ ਕੀਤੇ। ਇਸ ਦੌਰਾਨ ਉਨ੍ਹਾਂ ਨਗਰ ਨਿਗਮ ਫਗਵਾੜਾ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਲੋੜਵੰਦ ਲੋਕਾਂ ਲਈ ਇੱਕ ਬਹੁਤ ਹੀ ਨੇਕ ਅਤੇ ਲਾਭਦਾਇਕ ਉਪਰਾਲਾ ਹੈ।




ਫਗਵਾੜਾ ਦੇ ਸਾਰੇ ਧਾਰਮਿਕ, ਸਮਾਜਿਕ ਸੰਗਠਨਾਂ ਅਤੇ ਸਮਰੱਥ ਲੋਕਾਂ ਨੂੰ ਇਸ ਵਿੱਚ ਵੱਧ ਤੋਂ ਵੱਧ ਸਹਿਯੋਗ ਕਰਨਾ ਚਾਹੀਦਾ ਹੈ। ਇਸ ਦੌਰਾਨ ਕਾਰਪੋਰੇਸ਼ਨ ਫਗਵਾੜਾ ਦੇ ਐਮਈ, ਆਈਈਸੀ ਮਾਹਿਰ ਪੂਜਾ ਸ਼ਰਮਾ ਨੇ ਦੱਸਿਆ ਕਿ ਇਸ ਦਾਨ ਉਤਸਵ ਦਾ ਉਦੇਸ਼ ਸਮਾਜ ਦੇ ਸਭ ਤੋਂ ਹੇਠਲੇ ਵਰਗ ਦੇ ਲੋਕਾਂ ਦੀਆਂ ਮੁਢਲੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਦਾ ਉਪਰਾਲਾ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਸ ਦਾਨ ਉਤਸਵ ਵਿੱਚ ਜੋ ਵੀ ਕੱਪੜੇ ਅਤੇ ਸਮੱਗਰੀ ਇਕੱਠੀ ਕੀਤੀ ਜਾਵੇਗੀ, ਉਹ ਬਲੱਡ ਬੈਂਕ, ਲਾਇਬ੍ਰੇਰੀ ਹਾਲ ਅਤੇ ਡਾ. ਅੰਬੇਡਕਰ ਪਾਰਕ ਹਦੀਆਬਾਦ ਦੇ ਨੇੜੇ ਬਣੇ ਕੇਂਦਰਾਂ ਵਿੱਚ ਭੇਜੀ ਜਾਵੇਗੀ। ਜਿੱਥੇ ਕੋਈ ਵੀ ਲੋੜਵੰਦ ਵਿਅਕਤੀ ਇਕੱਠੀ ਕੀਤੀ ਸਮੱਗਰੀ ਵਿੱਚੋਂ ਆਪਣੀ ਜ਼ਰੂਰਤ ਦੀ ਚੀਜ਼ ਲੈਣ ਲਈ ਸੰਪਰਕ ਕਰ ਸਕਦਾ ਹੈ। ਬਾਕੀ ਸਮੱਗਰੀ ਨਿਗਮ ਵੱਲੋਂ ਲੋੜਵੰਦਾਂ ਨੂੰ ਪਹੁੰਚਾਈ ਜਾਵੇਗੀ। ਇਸ ਦੌਰਾਨ ਏਡੀਸੀ ਕਮ ਕਾਰਪੋਰੇਸ਼ਨ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਲੋਕ ਹਿੱਤ ਵਿੱਚ ਆਯੋਜਿਤ ਇਸ ਦਾਨ ਉਤਸਵ ਵਿੱਚ ਵੱਧ ਤੋਂ ਵੱਧ ਸਹਿਯੋਗ ਕਰਨ ਕਿਉਂਕਿ ਆਮ ਲੋਕਾਂ ਵੱਲੋਂ ਕੀਤਾ ਗਿਆ ਇੱਕ ਛੋਟਾ ਜਿਹਾ ਉਪਰਾਲਾ ਕਿਸੇ ਲੋੜਵੰਦ ਵਿਅਕਤੀ ਲਈ ਬਹੁਤ ਮਦਦਗਾਰ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਝੁੱਗੀ-ਝੌਂਪੜੀ ਵਿੱਚ ਰਹਿਣ ਵਾਲੇ ਸਮਾਜ ਦੇ ਸਭ ਤੋਂ ਹੇਠਲੇ ਵਰਗ ਦੇ ਲੋਕਾਂ ਲਈ ਸਰਦੀਆਂ ਵਿੱਚ ਪਹਿਨਣ ਲਈ ਗਰਮ ਕੱਪੜੇ ਜਾਂ ਬੱਚਿਆਂ ਦੇ ਖੇਡਣ ਲਈ ਖਿਡੌਣੇ ਖਰੀਦਣਾ ਬਹੁਤ ਮੁਸ਼ਕਲ ਹੈ। ਅਮੀਰ ਵਰਗ ਦੇ ਲੋਕਾਂ ਦੀਆਂ ਨਜ਼ਰਾਂ ਵਿੱਚ, ਪੁਰਾਣੇ ਜਾਂ ਬੇਕਾਰ ਖਿਡੌਣੇ ਇੱਕ ਗਰੀਬ ਬੱਚੇ ਦੇ ਚਿਹਰੇ 'ਤੇ ਖੁਸ਼ੀ ਲਿਆ ਸਕਦੇ ਹਨ। ਇਸ ਦੇ ਨਾਲ ਹੀ, ਜੁੱਤੇ, ਕੱਪੜੇ ਆਦਿ ਵੀ ਬਹੁਤ ਗਰੀਬ ਲੋਕਾਂ ਨੂੰ ਵੱਡੀ ਰਾਹਤ ਪ੍ਰਦਾਨ ਕਰ ਸਕਦੇ ਹਨ। ਇਸ ਮੌਕੇ ਕੌਂਸਲ ਦੇ ਐਂਟੀ ਕਰਾਈਮ ਸੈੱਲ ਫਗਵਾੜਾ ਦੇ ਪ੍ਰਧਾਨ ਸੁਮਿਤ ਭੰਡਾਰੀ, ਉਪ ਪ੍ਰਧਾਨ ਦਿਨੇਸ਼ ਖਰਬੰਦਾ, ਸੀਐਸਓ ਗੁਰਿੰਦਰ ਸਿੰਘ, ਸੀਐਸਆਈ ਅਜੇ ਕੁਮਾਰ, ਸੀਐਫ ਸੁਨੀਤਾ ਸ਼ਰਮਾ, ਆਸ਼ਾ ਰਾਣੀ, ਐਸਆਈ ਨਾਮਦੇਵ, ਹਿਤੇਸ਼, ਜਤਿੰਦਰ ਵਿੱਜ, ਸੇਵਕ ਰਾਮ, ਦੀਪਕ ਆਦਿ ਹਾਜ਼ਰ ਸਨ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ ਦੇ ਵਿਦਿਆਰਥੀਆਂ ਦਾ ਵਰਚੂਅਲ ਸਮਰ ਕੈਂਪ ਸਮਾਪਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਵਿਦਿਆਰਥੀਆਂ ਦੇ ਸਰਵ ਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਵਾਸਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ ਦੇ ਵਿਦਿਆਰਥੀਆਂ ਦਾ ਇੱਕ ਵਰਚੂਅਲ (ਆਨਲਾਈਨ) 10 ਦਿਨਾਂ ਸਮਰ ਕੈਂਪ ਦਾ ਆਯੋਜਨ ਅੰਗ੍ਰੇਜ਼ੀ ਲੈਕਚਰਾਰ ਮੁਨੀਸ਼ ਮੌਦਗਿਲ ਵਲੋਂ ਕੀਤਾ ਗਿਆ। ਪ੍ਰਿੰਸੀਪਲ ਮਲਕੀਤ ਕੌਰ ਦੀ ਦੇਖ ਰੇਖ ਅਧੀਨ ਲਗਾਏ ਗਏ ਇਸ ਕੈਂਪ ਵਿੱਚ ਗਿਆਰਵੀਂ ਅਤੇ ਬਾਰ੍ਹਵੀਂ ਜਮਾਤ ਦੇ ਲਗਭਗ 90 ਵਿਦਿਆਰਥੀਆਂ ਨੇ ਭਾਗ ਲਿਆ। ਇਸ ਕੈਂਪ ਦੌਰਾਨ ਵਿਦਿਆਰਥੀਆਂ ਦੇ ਸਰਵ ਪੱਖੀ ਵਿਕਾਸ ਨਾਲ ਸੰਬੰਧਿਤ ਵੱਖ ਵੱਖ ਤਰ੍ਹਾਂ ਦੀਆਂ 10 ਉਸਾਰੂ ਗਤੀਵਿਧੀਆਂ ਕਾਰਵਾਈਆਂ ਗਈਆਂ। ਲੈਕਚਰਾਰ ਮੁਨੀਸ਼ ਮੌਦਗਿਲ ਨੇ ਦੱਸਿਆ ਵਿਸ਼ਵ ਵਾਤਾਵਰਣ ਦਿਵਸ ਮੌਕੇ ਪੌਦੇ ਲਗਵਾਉਣ ਤੋਂ ਸ਼ੁਰੂ ਕੀਤੇ ਇਸ ਕੈਂਪ ਦੌਰਾਨ ਚਾਰਟ ਬਣਾਉਣ, ਮਹਿੰਦੀ ਲਗਾਉਣ, ਯੋਗਾ ਕਰਨ, ਖਾਣਾ ਬਣਾਉਣ, ਸਲਾਦ ਡੈਕੋਰੇਸ਼ਨ, ਬੈਸਟ ਆਊਟ ਆਫ ਵੇਸਟ, ਇੰਗਲਿਸ਼ ਸਪੀਕਿੰਗ, ਕੁਇਜ਼ ਆਦਿ ਗਤੀਵਿਧੀਆਂ ਕਰਵਾਈਆਂ ਗਈਆਂ। ਸਮੂਹ ਵਿਦਿਆਰਥੀਆਂ ਨੇ ਇਸ ਕੈਂਪ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਆਪਣੀਆਂ ਵੱਡੀਆਂ ਗਤੀਵਿਧੀਆਂ ਦੀਆਂ ਫੋਟੋਜ਼ ਅਤੇ ਵੀਡੀਓਜ਼ ਕੈਂਪ ਦੇ ਆਨਲਾਈਨ ਗੂਗਲ ਕਲਾਸ ਰੂਮ 'ਤੇ ਅੱਪਲੋਡ ਕੀਤੀਆ। ਮੁਨੀਸ਼ ਮੌਦਗਿਲ ਨੇ ਦੱਸਿਆ ਕਿ ਇਹਨਾਂ ਆਨਲਾਈਨ ਗਤੀਵਿਧੀਆਂ ਦਾ ਮੁਲਾਂਕਣ ਵੀ ਆਨਲਾਈਨ ਹੀ ਕੀਤਾ ਗਿਆ। ਇਸ ਕੈਂਪ ਵਿੱਚ ਲੈ ਕੇ ਕ੍ਰਮਵਾਰ ਪਹਿਲਾ ਅਤੇ ਦੂਜਾ ਸਥਾਨ ਜਦ ਕਿ ਮੋਹਿਤ ਅਤੇ ਪ੍ਰਭਜੋਤ ਸਿੰਘ ਨੇ ਸੰਯੁਕਤ ਤੌਰ ਤੇ ਤੀਸਰਾ ਸਥਾਨ ਹਾਸਲ ਕੀਤਾ। ਵਧੀਆ ਪ੍ਰਦਰਸ਼ਨ



ਗਿਆਰਵੀਂ ਜਮਾਤ ਦੇ ਵਿਦਿਆਰਥੀਆਂ ਗੁਰਲੀਨ ਕੌਰ ਟੂਰਾ, ਕ੍ਰਿਸ਼ਨਾ ਅਤੇ ਪੁਸ਼ਕਰ ਨੇ ਸਾਰੀਆ ਗਤੀਵਿਧੀਆਂ ਵਿੱਚ ਭਾਗ ਲੈ ਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਸਰਾ ਸਥਾਨ ਹਾਸਲ ਕੀਤਾ, ਜਦਕਿ ਨਿਕਿਤਾ ਕੌਰ, ਦੀਆ ਬੈਂਸ, ਪ੍ਰੀਤ ਇੰਦਰ ਕੌਰ ਅਤੇ ਲਵਪ੍ਰੀਤ ਲੋਈ ਨੇ ਵੀ ਵਧੀਆ ਪ੍ਰਦਰਸ਼ਨ ਕੀਤਾ। ਇਸੇ ਪ੍ਰਕਾਰ ਬਾਰ੍ਹਵੀਂ ਜਮਾਤ ਵਿੱਚੋਂ ਜੈਸਮੀਨ ਭਾਟੀਆ ਅਤੇ ਰੌਸ਼ਨੀ ਨੇ ਸਾਰੀਆ ਗਤੀਵਿਧੀਆਂ ਵਿੱਚ ਭਾਗ ਕਰਨ ਵਾਲੇ ਵਿਦਿਆਰਥੀਆਂ ਨੂੰ ਛੁੱਟੀਆਂ ਦੌਰਾਨ ਹੀ ਸਕੂਲ ਵਿੱਚ ਆਯੋਜਿਤ ਇੱਕ ਸਧਾਰਨ ਸਮਾਰੋਹ ਦੌਰਾਨ ਸਨਮਾਨਿਤ ਕੀਤਾ ਗਿਆ। ਇਸ ਮੌਕੇ ਲੈਕਚਰਾਰ ਪ੍ਰਭਜੋਤ ਸਿੰਘ, ਪੰਜਾਬੀ ਅਧਿਆਪਕ ਹਰਮੇਸ਼ ਕੁਮਾਰੀ, ਅੰਗਰੇਜੀ ਅਧਿਆਪਕ ਅਮਨਪ੍ਰੀਤ ਕੌਰ, ਕੰਪਿਊਟਰ ਫੈਕਲਟੀ ਸੀਮਾ, ਲਾਇਬ੍ਰੇਰੀਅਨ ਜਸਵਿੰਦਰ ਸਿੰਘ ਤੋਂ ਇਲਾਵਾ ਗੁਰਮੇਲ ਸਿੰਘ, ਸੋਨੀ ਅਤੇ ਬਲਵੀਰ ਕੁਮਾਰ ਵੀ ਹਾਜਰ ਸਨ।

# ਬਾਬਾ ਹੀਰਾ ਸਿੰਘ ਸਿੰਗੜੀਵਾਲ ਵਾਲਿਆਂ ਦੀ ਯਾਦ 'ਚ 87ਵਾਂ ਸਾਲਾਨਾ ਜੋੜ ਮੇਲਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**—ਸਿੱਖ ਪੰਥ ਦੀ ਨਿਰਮਲੇ ਸੰਪਰਦਾ ਦੇ ਮਹਾਂਪੁਰਖ ਸੰਤ ਬਾਬਾ ਹੀਰਾ ਸਿੰਘ ਸਿੰਗੜੀਵਾਲ ਵਾਲਿਆਂ ਦੀ ਯਾਦ ਵਿੱਚ 87ਵਾਂ ਸਾਲਾਨਾ ਜੋੜ ਮੇਲਾ ਗੁਰਦੁਆਰਾ ਸੰਤ ਬਾਬਾ ਹੀਰਾ ਸਿੰਘ ਪਿੰਡ ਸਿੰਗੜੀਵਾਲਾ ਬਾਈਪਾਸ ਚੌਕ ਹੁਸ਼ਿਆਰਪੁਰ ਵਿਖੇ ਗੱਦੀਨਸ਼ੀਨ ਸੰਤ ਬਾਬਾ ਹਰਮਨਜੀਤ ਸਿੰਘ ਸਿੰਗੜੀਵਾਲਾ



ਦੀ ਦੇਖਰੇਖ ਹੇਠ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਸਜਾਏ ਗਏ ਮਹਾਨ ਗੁਰਮਤਿ ਸਮਾਗਮ ਮੌਕੇ ਸ੍ਰੀਮਾਨ ਮਹੰਤ ਪ੍ਰਿਤਪਾਲ ਸਿੰਘ ਮਿੱਠਾ ਟਿਵਾਣਾ, ਸੰਤ ਬਾਬਾ ਗੁਰਬਚਨ ਸਿੰਘ ਪਠਲਾਵੇ ਵਾਲੇ, ਸੰਤ ਬਾਬਾ ਬਲਵੀਰ ਸਿੰਘ ਬਿਰਧ ਆਸ਼ਰਮ ਹਰਿਆਣਾ ਵਾਲੇ, ਸੰਤ ਬਾਬਾ ਮੱਖਣ ਸਿੰਘ, ਸੰਤ ਬਾਬਾ ਬਲਵੀਰ ਸਿੰਘ ਟੂਟੋਮਜਾਰਾ, ਸੰਤ ਰਿਸ਼ੀਰਾਜ ਨਵਾਂਸ਼ਹਿਰ, ਸੰਤ ਗੁਰਵਿੰਦਰ ਸਿੰਘ ਹਜ਼ਾਰਾ, ਸੰਤ ਗੁਰਬਚਨ ਸਿੰਘ ਪੰਡਵਾ, ਸੰਤ ਭਾਗ ਸਿੰਘ ਬੰਗਿਆ, ਸੰਤ ਬਾਬਾ ਸਰਵਣ ਸਿੰਘ ਮਾਣਕੋ ਜੱਬੜ, ਸੰਤ ਬਾਬਾ ਹਰਦੇਵ ਸਿੰਘ ਤਲਵੰਡੀ ਅਰਾਈਆਂ ਆਦਿ ਸਾਰੇ ਮਹਾਂਪੁਰਖਾਂ ਨੇ ਗੁਰਮਤਿ ਵਿਚਾਰਾਂ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਮਹਾਨ ਤਪੱਸਵੀ ਸੰਤ ਬਾਬਾ ਹੀਰਾ ਸਿੰਘ ਜੀ ਕੀਤੀ ਗਈ ਸੇਵਾ, ਸਿਮਰਨ ਤਪੱਸਿਆ ਅਤੇ ਮਨੁੱਖਤਾ ਲਈ ਕੀਤੀਆਂ ਸਮਾਜਿਕ ਸੇਵਾਵਾਂ ਬਾਰੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਜਥੇਦਾਰ ਬਾਬਾ ਜੋਗਾ ਸਿੰਘ ਰਾਮੂ ਥਿਆੜੇ ਵਾਲੇ, ਭਾਈ ਕੁਲਵਿੰਦਰ ਸਿੰਘ ਕੰਗਮਾਈ, ਭਾਈ ਸਤਿੰਦਰ ਸਿੰਘ ਆਲਮ ਤੇ ਭਾਈ ਜਸਵਿੰਦਰ ਸਿੰਘ ਪਰਮਾਰ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਅਤੇ ਗੁਰਦੁਆਰਾ ਸੰਤ ਬਾਬਾ ਹੀਰਾ ਸਿੰਘ ਦੇ ਬੱਚਿਆਂ ਦੇ ਜਥਿਆਂ ਨੇ ਅੰਮ੍ਰਿਤ ਮਈ ਕੀਰਤਨ ਦੀ ਸਾਂਝ ਪਾਈ।ਅੰਤ ਵਿਚ ਗੱਦੀਨਸ਼ੀਨ ਸੰਤ ਬਾਬਾ ਹਰਮਨਜੀਤ ਸਿੰਘ ਸਿੰਗੜੀਵਾਲ ਵਾਲਿਆਂ ਨੇ ਆਈਆਂ ਸੰਗਤਾਂ ਸੰਤ ਮਹਾਂਪੁਰਖਾਂ ਅਤੇ ਕੀਰਤਨੀ ਜੱਥਿਆਂ ਦਾ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਪਾਲ ਸਿੰਘ ਪੰਡੋਰੀ ਬੀਬੀ, ਜਰਨੈਲ ਸਿੰਘ, ਰਣਜੀਤ ਸਿੰਘ, ਹਰਵਿੰਦਰ ਸਿੰਘ, ਚਰਨ ਵਰਿੰਦਰ ਸਿੰਘ ਧਾਮੀ, ਹਰਮਨਜੀਤ ਸਿੰਘ,ਅੰਮ੍ਰਿਤਪਾਲ ਸਿੰਘ, ਗੁਰਿੰਦਰਪਾਲ ਸਿੰਘ, ਸਿਮਰ ਸਿੰਘ, ਗੁਰਦੀਪ ਸਿੰਘ, ਵਿਕਰਮਜੀਤ ਸਿੰਘ, ਸੁਖਜਿੰਦਰ ਸਿੰਘ, ਮੀਤਾ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਈਆਂ।

## ਮਾਨ ਨੇ ਪੰਜਾਬ 'ਚ ਐਮਰਜੈਂਸੀ ਦੇ ਕਾਲੇ ਅਧਿਆਇ ਨੂੰ ਮੁੜ ਸੁਰਜੀਤ ਕੀਤਾ : ਤਲਵਾੜ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਸੰਜੀਵ ਤਲਵਾੜ ਵੱਲੋਂ ਜਾਰੀ ਪ੍ਰੈਸ ਨੋਟ ਵਿੱਚ ਕਿਹਾ ਗਿਆ ਹੈ ਕਿ 25 ਜੂਨ ਭਾਰਤ ਵਿੱਚ ਇੱਕ ਕਾਲੇ ਦਿਨ ਵਜੋਂ ਜਾਣਿਆ ਜਾਵੇਗਾ, ਕਿਉਂਕਿ ਇਸ ਦਿਨ 1975 ਵਿੱਚ ਸਾਬਕਾ ਪ੍ਰਧਾਨ ਮੰਤਰੀ ਸ਼੍ਰੀਮਤੀ ਇੰਦਰਾ ਗਾਂਧੀ ਨੇ ਗੈਰ-ਸੰਵਿਧਾਨਕ ਤਰੀਕੇ ਨਾਲ ਐਮਰਜੈਂਸੀ ਲਗਾ ਕੇ ਪੂਰੇ ਦੇਸ਼ ਨੂੰ ਜੇਲ੍ਹ ਵਿੱਚ ਬਦਲ ਦਿੱਤਾ ਸੀ ਅਤੇ ਵਿਰੋਧ ਦੀਆਂ ਸਾਰੀਆਂ ਆਵਾਜ਼ਾਂ ਨੂੰ ਜ਼ਬਰਦਸਤੀ ਚੁੱਪ ਕਰਵਾ ਦਿੱਤਾ ਸੀ। ਐਮਰਜੈਂਸੀ ਦੀ ਵਰ੍ਹੇਗੰਢ 'ਤੇ, ਪੰਜਾਬ ਸਰਕਾਰ ਨੇ ਸੂਬੇ ਵਿੱਚ ਵਿਰੋਧੀ ਧਿਰ ਦੀ ਆਵਾਜ਼ ਨੂੰ ਦਬਾਉਣ ਦੇ ਆਪਣੇ ਪ੍ਰੋਗਰਾਮ ਦੇ ਹਿੱਸੇ ਵਜੋਂ, ਵਿਕਰਮਜੀਤ ਸਿੰਘ ਮਜੀਠੀਆ ਵਿਰੁੱਧ ਵਿਜੀਲੈਂਸ ਕਾਰਵਾਈ ਕਰਕੇ ਦੁਬਾਰਾ ਅਣਐਲਾਨੀ ਐਮਰਜੈਂਸੀ ਲਗਾਉਣ ਦੀ ਕੋਸ਼ਿਸ਼ ਕੀਤੀ ਹੈ। ਸੰਜੀਵ ਤਲਵਾੜ ਨੇ ਕਿਹਾ ਕਿ ਵਿਕਰਮਜੀਤ ਸਿੰਘ ਮਜੀਠੀਆ ਨੇ 'ਆਪ' ਸੁਪਰੀਮੋ ਕੇਜਰੀਵਾਲ ਵੱਲੋਂ ਲਗਾਏ ਗਏ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਝੂਠੇ ਦੋਸ਼ਾਂ ਲਈ ਮਹਾਯੋਗ ਅਦਾਲਤ ਵਿੱਚ ਮੁਆਫ਼ੀ ਮੰਗੀ ਸੀ ਅਤੇ ਇਸ ਤੋਂ ਦੁਖੀ ਹੋ ਕੇ, ਪੰਜਾਬ ਸਰਕਾਰ ਨੇ ਮਜੀਠੀਆ ਤੋਂ ਲਗਾਤਾਰ ਤਿੰਨ ਸਾਲ ਜਾਂਚ ਕੀਤੀ ਅਤੇ ਜਦੋਂ ਉਨ੍ਹਾਂ ਨੂੰ ਕੋਈ ਸਬੂਤ ਨਹੀਂ ਮਿਲਿਆ ਤਾਂ ਵਿਜੀਲੈਂਸ ਰਾਹੀਂ ਉਨ੍ਹਾਂ ਵਿਰੁੱਧ ਆਮਦਨ ਤੋਂ ਵੱਧ ਸਰੋਤ ਹੋਣ ਦਾ ਕੇਸ ਦਰਜ ਕੀਤਾ ਗਿਆ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਕੇ ਨਿੰਦਣਯੋਗ ਕਾਰਵਾਈ ਕੀਤੀ ਗਈ। ਉਨ੍ਹਾਂ ਕਿਹਾ ਕਿ ਇਹ ਕਾਰਵਾਈ ਬਿਕਰਮ ਸਿੰਘ ਮਜੀਠੀਆ ਨੇ ਜਿਸ ਤਰ੍ਹਾਂ ਪੰਜਾਬ ਸਰਕਾਰ ਵਿੱਚ ਬੈਠੇ ਮੰਤਰੀਆਂ ਦੇ ਘੁਟਾਲਿਆਂ ਦਾ ਪਰਦਾਫਾਸ਼ ਕੀਤਾ ਹੈ, ਉਸ ਤੋਂ ਡਰ ਕੇ ਕੀਤੀ ਗਈ ਹੈ। ਤਲਵਾੜ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਸਾਰੇ ਆਗੂ ਅਤੇ ਵਰਕਰ ਪੰਜਾਬ ਦੇ ਲੋਕਾਂ ਦੀ ਆਵਾਜ਼ ਬਣ ਕੇ ਗਰਜਦੇ ਰਹਿਣਗੇ। ਤਲਵਾੜ ਨੇ ਕਿਹਾ ਕਿ ਇਸ ਗ੍ਰਿਫ਼ਤਾਰੀ ਦੇ ਵਿਰੋਧ ਵਿੱਚ ਅਕਾਲੀ ਦਲ ਪੂਰੇ ਸੂਬੇ ਵਿੱਚ ਸਰਕਾਰ ਦੀ ਨੀਂਹ ਹਿਲਾ ਦੇਵੇਗਾ।

## ਕਹੇਰੂ ਡਰੇਨ ਦੀ ਸਫ਼ਾਈ ਨਾ ਹੋਣ ਕਾਰਨ ਕਿਸਾਨਾਂ ਦੇ ਸਾਹ ਸੂਤੇ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਮੌਸਮ ਦੀ ਦਸਤਕ ਨਾਲ ਭਾਵੇਂ ਲੋਕ ਗਰਮੀ ਤੋਂ ਰਾਹਤ ਮਹਿਸੂਸ ਕਰ ਰਹੇ ਹਨ ਪਰ ਪਿੰਡ ਕਹੇਰੂ, ਜਹਾਂਗੀਰ ਤੇ ਰਾਜੋਮਾਜਰਾ ਨੇੜਿਓਂ ਲੰਘਦੀ ਡਰੇਨ 'ਚ ਵੱਡੀ-ਵੱਡੀ ਬੂਟੀ ਨੇ ਸੰਭਾਵੀ ਨੁਕਸਾਨ ਦੇ ਮੱਦੇਨਜ਼ਰ ਕਿਸਾਨਾਂ ਦੇ ਸਾਹ ਸੂਤ ਰੱਖੇ ਹਨ। ਕਿਸਾਨ ਜਥੇਬੰਦੀਆਂ ਨੇ ਮਾਮਲੇ ਦੀ ਉੱਚ ਪੱਧਰੀ ਜਾਂਚ ਦੀ ਮੰਗ ਕਰਦਿਆਂ ਵਿਭਾਗ ਦੇ ਜ਼ਿਲ੍ਹਾ ਅਧਿਕਾਰੀਆਂ ਤੱਕ ਦੀ ਭੂਮਿਕਾ ਨੂੰ ਸ਼ੱਕ ਦੇ ਘੇਰੇ ਵਿੱਚ ਲਿਆ ਕੇ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ ਅਤੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਬਲਾਕ ਆਗੂ ਜੀਤ ਸਿੰਘ ਜਹਾਂਗੀਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਹਲਕੇ ਦੇ ਉਕਤ ਪਿੰਡਾਂ ਵਿੱਚ ਦੀ ਪਿਛਲੇ ਲੰਬੇ ਸਮੇਂ ਤੋਂ ਇਸ ਡਰੇਨ ਦੀ ਸਫਾਈ ਨਾ ਹੋਣਾ ਅਫ਼ਸਰਸ਼ਾਹੀ ਦੇ ਬੇਖ਼ੌਫ਼ ਹੋ ਕੇ ਕੰਮ ਕਰਨ ਦਾ ਪ੍ਰਤੱਖ ਪ੍ਰਮਾਣ ਹੈ। ਆਗੂਆਂ ਦਾਅਵਾ ਕੀਤਾ ਕਿ ਮੀਂਹ ਸ਼ੁਰੂ ਹੋ ਗਏ ਹਨ ਅਤੇ ਜਦੋਂ ਮੀਂਹ ਹੋਰ ਤੇਜ਼ ਹੋਣਗੇ ਤਾਂ ਡਰੇਨ ਵਿੱਚ ਖਾਸ ਕਿਸਮ ਦੀ ਖੜ੍ਹੀ ਬੂਟੀ ਪਾਣੀ ਵਿੱਚ ਰੁਕਾਵਟ ਪੈਦਾ ਕਰੇਗੀ। ਆਗੂਆਂ ਦਾਅਵਾ ਕੀਤਾ ਕਿ ਡਰੇਨ ਦਾ ਪਾਣੀ ਪਿੰਡ ਕਹੇਰੂ, ਜਹਾਂਗੀਰ ਅਤੇ ਰਾਜੋਮਾਜਰਾ ਦੇ ਖੇਤਾਂ ਵਿੱਚ ਖੜ੍ਹੀ ਫਸਲ ਨੂੰ ਭਾਰੀ ਨੁਕਸਾਨ ਪਹੁੰਚਾਏਗਾ।ਇਸ ਮੌਕੇ ਹਾਜ਼ਰ ਕਿਸਾਨ ਆਗੂਆਂ ਨੇ ਇਸ ਅਣਗਹਿਲੀ ਲਈ ਨਿਰਪੱਖ ਜਾਂਚ ਦੀ ਮੰਗ ਕੀਤੀ।ਇਸ ਦੌਰਾਨ ਡਰੇਨੇਜ ਵਿਭਾਗ ਸੰਗਰੂਰ ਦੇ ਐਕਸੀਅਨ ਗੁਰਦੀਪ ਬਾਂਸਲ ਨੇ ਕਿਹਾ ਕਿ ਉਹ ਅੱਜ ਛੁੱਟੀ 'ਤੇ ਹਨ, ਉਂਝ, ਮਾਮਲੇ ਬਾਰੇ ਪਤਾ ਕਰਵਾ ਲੈਂਦੇ ਹਨ।ਐੱਸ ਡੀ ਐੱਮ ਧੂਰੀ ਰਿਸ਼ਵ ਬਾਂਸਲ ਨੇ ਡਰੇਨ ਦੀ ਸਫ਼ਾਈ ਨਾ ਹੋਣ 'ਤੇ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਕਿ ਉਹ ਇਸ ਮਾਮਲੇ ਦੀ ਜਾਂਚ ਕਰਵਾਉਣਗੇ।

## ਮੋਬਾਈਲ ਵਾਪਸ ਕਰਕੇ ਇਮਾਨਦਾਰੀ ਦਿਖਾਈ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸ਼ਹਿਰ ਦੇ ਵਾਰਡ ਨੰਬਰ 16 ਤੋਂ ਸਾਬਕਾ ਕੌਂਸਲਰ ਸੁਖਪਾਲ ਸਿੰਘ ਨੇ ਇਕ ਲੜਕੀ ਦਾ ਗੁੰਮ ਹੋਇਆ ਮੋਬਾਈਲ ਫੋਨ ਵਾਪਸ ਕਰਕੇ ਇਮਾਨਦਾਰੀ ਦੀ ਮਿਸਾਲ ਕਾਇਮ ਕੀਤੀ ਹੈ। ਜਾਣਕਾਰੀ ਅਨੁਸਾਰ ਗਿਆਨ ਨਗਰ ਪਾਤੜਾਂ ਦੀ ਰਹਿਣ ਵਾਲੀ ਨੀਸ਼ਾ ਰਾਣੀ ਦਾ ਮੋਬਾਈਲ ਫੋਨ ਗੁੰਮ ਹੋ ਗਿਆ ਸੀ ਜੋ ਕੌਂਸਲਰ ਸੁਖਪਾਲ ਸਿੰਘ ਨੂੰ ਮਿਲ ਗਿਆ। ਉਨ੍ਹਾਂ ਦੱਸਿਆ ਕਿ ਫੋਨ ਨੰਬਰ ਰਾਹੀਂ ਉਕਤ ਲੜਕੀ ਦਾ ਪਤਾ ਕਰਕੇ ਉਸ ਨੂੰ ਉਸ ਦਾ ਮੋਬਾਈਲ ਫੋਨ ਸੌਂਪਿਆ ਗਿਆ। ਇਸ ਦੌਰਾਨ ਕੌਂਸਲਰ ਸੁਖਪਾਲ ਸਿੰਘ ਨੇ ਕਿਹਾ ਕਿ ਹਰ ਇੱਕ ਇਨਸਾਨ ਆਪਣੀਆਂ ਜ਼ਰੂਰਤ ਦੀਆਂ ਚੀਜ਼ਾਂ ਬੜੀ ਮੁਸ਼ਕਿਲ ਨਾਲ ਪੂਰੀਆਂ ਕਰਦਾ ਹੈ, ਅਜਿਹੇ ਸਮੇਂ ਵਿੱਚ ਜਦੋਂ ਕਿਸੇ ਦੀ ਕੋਈ ਚੀਜ਼ ਗਵਾਚ ਜਾਂਦੀ ਹੈ ਤਾਂ ਮਿਲਣ ਵਾਲੇ ਨੂੰ ਆਪਣੀ ਇਮਾਨਦਾਰੀ ਨਾਲ ਉਸ ਦੇ ਮਾਲਕ ਦੀ ਭਾਲ ਕਰਕੇ ਉਸ ਨੂੰ ਦੇ ਦੇਣੀ ਚਾਹੀਦੀ ਹੈ।

## ਪਿੰਡਾਂ ਦੇ ਵਿਕਾਸ ਕਾਰਜਾਂ 'ਚ ਹੋਰ ਤੇਜ਼ੀ ਲਿਆਂਦੀ ਜਾਵੇ : ਟਿਵਾਣਾ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅਮਰਿੰਦਰ ਸਿੰਘ ਟਿਵਾਣਾ ਨੇ ਪੇਂਡੂ ਵਿਕਾਸ ਤਹਿਤ ਚੱਲ ਰਹੀਆਂ ਵੱਖ-ਵੱਖ ਸਕੀਮਾਂ ਦੇ ਕੰਮਾਂ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪਿੰਡਾਂ ਵਿੱਚ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਂਦੇ ਹੋਏ ਵੱਖ-ਵੱਖ ਸਕੀਮਾਂ ਤਹਿਤ ਵੱਧ ਤੋਂ ਵੱਧ ਕਾਰਜ ਕਰਵਾਏ ਜਾਣ ਅਤੇ ਚੱਲ ਰਹੇ ਵਿਕਾਸ ਕਾਰਜਾਂ ਨੂੰ ਮਿੱਥੇ ਸਮੇਂ ਵਿੱਚ ਪੂਰਾ ਕੀਤਾ ਜਾਵੇ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਸਮੂਹ ਅਧਿਕਾਰੀਆਂ ਤੋਂ ਵਿਕਾਸ ਕਾਰਜਾਂ ਦੀ ਜਾਣਕਾਰੀ ਹਾਸਲ ਕੀਤੀ ਅਤੇ ਉਨ੍ਹਾਂ ਨੂੰ ਨਿਰਦੇਸ਼ ਦਿੱਤੇ ਕਿ ਸੂਬਾ ਸਰਕਾਰ ਵੱਲੋਂ ਲੋਕ ਭਲਾਈ ਵਿਕਾਸ ਕਾਰਜਾਂ ਹਿੱਤ ਸਾਰੀਆਂ ਯੋਜਨਾਵਾਂ ਦਾ ਲਾਭ ਜ਼ਮੀਨੀ ਪੱਧਰ 'ਤੇ ਯੋਗ ਲਾਭਪਾਤਰੀਆਂ ਤੱਕ ਪਹੁੰਚੇ। ਉਨ੍ਹਾਂ ਅਧਿਕਾਰੀਆਂ ਨੂੰ ਸਖ਼ਤ ਹਦਾਇਤ ਦਿੱਤੀ ਕਿ ਅਧੂਰੇ ਕੰਮਾਂ ਨੂੰ ਤੁਰੰਤ ਮੁਕੰਮਲ ਕਰਕੇ ਕਾਰਜ ਸਰਟੀਫਿਕੇਟ ਸਬੰਧਤ ਵਿਭਾਗਾਂ ਪਾਸ ਜਮ੍ਹਾਂ ਕਰਵਾਏ ਜਾਣ ਅਤੇ ਅਗਲੀ ਮਹੀਨਾਵਾਰ ਮੀਟਿੰਗ ਵਿੱਚ ਪ੍ਰਗਤੀ ਰਿਪੋਰਟ ਪੇਸ਼ ਕੀਤੀ ਜਾਵੇ। ਟਿਵਾਣਾ ਨੇ ਲਿੰਕ ਰੋਡਜ਼, ਸ਼ਹੀਦੀ ਗੇਟਾਂ ਤੇ ਹੋਰਨਾਂ ਅਣ-ਅਧਿਕਾਰਿਤ ਉਸਾਰੀਆਂ, ਸੀਵਰੇਜ ਬੋਰਡ ਨਾਲ ਸਬੰਧਤ ਕੰਮ, ਵਾਟਰ ਸਪਲਾਈ ਅਤੇ ਸੈਨੀਟੇਸ਼ਨ ਨਾਲ ਸਬੰਧਤ ਸਕੀਮਾਂ, ਡਰੇਨੇਜ ਵਿਭਾਗ ਨਾਲ ਸਬੰਧਤ ਕੰਮ, ਖੇਤ ਵਿਭਾਗ ਨਾਲ ਸਬੰਧਤ ਸਕੀਮਾਂ, ਛੱਪੜਾਂ ਦੇ ਨਵੀਨੀਕਰਨ ਦੇ ਥਾਪਰ ਮਾਡਲ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਨਾਲ ਸਬੰਧਤ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਦੀਆਂ ਸਕੀਮਾਂ 15ਵਾਂ ਵਿੱਤ ਕਮਿਸ਼ਨ ਮਨਰੇਗਾ, ਐਨ.ਆਰ.ਐਚ.ਐਮ ਨਾਲ ਸਬੰਧਤ ਪੰਜਾਬ ਨਿਰਮਾਣ ਪ੍ਰੋਗਰਾਮ, ਸਮਾਰਟ ਵਿਲੇਜ ਕੰਪੇਨ, ਐਮ.ਪੀ.ਲੈਡ ਸਕੀਮ, ਅਨ-ਟਾਈਡ ਫੰਡ, ਪੇਂਡੂ ਖੇਡ ਸਟੇਡੀਅਮ, ਪੰਜ ਮਰਲਾ ਪਲਾਟ, ਅੰਮ੍ਰਿਤ ਸਰੋਵਰ, ਵੈਕਸਨ ਨਾਲ ਸਬੰਧਤ ਰਿਵਿਊ ਮੀਟਿੰਗ, ਸਮੇਤ ਵੱਖ-ਵੱਖ ਕੰਮਾਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ ਅਤੇ ਕਿਹਾ ਕਿ ਮੀਟਿੰਗ ਦੌਰਾਨ ਦਿੱਤੇ ਨਿਰਦੇਸ਼ਾਂ ਤੇ ਕੀਤੀ ਗਈ ਕਾਰਵਾਈ ਸਬੰਧੀ ਰਿਪੋਰਟ ਦਿੱਤੀ ਜਾਵੇ।

## ਡੀ ਆਈ ਜੀ ਵੱਲੋਂ ਐੱਸ ਐੱਸ ਪੀਜ਼ ਨੂੰ ਨਸ਼ਾ ਵਿਰੋਧੀ ਮੁਹਿੰਮ ਤੇਜ਼ ਕਰਨ ਦੇ ਸਖ਼ਤ ਨਿਰਦੇਸ਼



**ਫਿਰੋਜ਼ਪੁਰ (ਗੁਰਬਚਨ ਸਿੰਘ)**-ਫਿਰੋਜ਼ਪੁਰ ਰੇਂਜ ਦੇ ਡੀ ਆਈ ਜੀ ਹਰਮਨਬੀਰ ਸਿੰਘ ਗਿੱਲ ਨੇ ਫਾਜ਼ਿਲਕਾ, ਫਿਰੋਜ਼ਪੁਰ ਅਤੇ ਤਰਨ ਤਾਰਨ ਦੇ ਐੱਸ ਐੱਸ ਪੀਜ਼ ਨਾਲ ਮੀਟਿੰਗ ਕਰਕੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਅਤੇ ਅਪਰਾਧਾਂ 'ਤੇ ਨਕੇਲ ਕੱਸਣ ਦੇ ਨਿਰਦੇਸ਼ ਦਿੱਤੇ। ਮੀਟਿੰਗ ਦਾ ਮੁੱਖ ਫੋਕਸ ਨਸ਼ਾ ਤਸਕਰੀ ਦੀ ਰੋਕਥਾਮ ਅਤੇ ਪੜਤਾਲ ਅਧੀਨ ਕੇਸਾਂ ਨੂੰ ਜਲਦ ਮੁਕੰਮਲ ਕਰਨ 'ਤੇ ਸੀ। ਡੀ ਆਈ ਜੀ ਨੇ ਅਧਿਕਾਰੀਆਂ ਨੂੰ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਅਤੇ ਸਪਲਾਈ ਚੇਨ ਨੂੰ ਤੋੜਨ ਦੇ ਹੁਕਮ ਦਿੱਤੇ। ਉਨ੍ਹਾਂ ਐੱਨ ਡੀ ਪੀ ਐੱਸ ਅਤੇ ਆਰਮਜ਼ ਐਕਟ ਦੇ ਮਾਮਲਿਆਂ 'ਚ ਸਖ਼ਤੀ ਨਾਲ ਪੇਸ਼ ਆਉਣ 'ਤੇ ਜ਼ੋਰ ਦਿੱਤਾ।ਅਣਟਰੇਸ ਅਪਰਾਧਾਂ ਦੀ ਜਾਂਚ ਅਤੇ ਪੀ ਓਜ਼ ਦੀ ਗ੍ਰਿਫਤਾਰੀ ਲਈ ਵਿਸ਼ੇਸ਼ ਟੀਮਾਂ ਬਣਾਉਣ ਦੀ ਹਦਾਇਤ ਵੀ ਜਾਰੀ ਕੀਤੀ। ਇਸ ਦੌਰਾਨ ਕੇਸਾਂ ਦੀ ਪੈਂਡੈਂਸੀ ਘਟਾਉਣ ਲਈ ਜਾਂਚ ਪ੍ਰਕਿਰਿਆ ਨੂੰ ਤੇਜ਼ ਕਰਨ ਅਤੇ ਸਮੇਂ ਸਿਰ ਅਦਾਲਤਾਂ 'ਚ ਚਲਾਨ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਗਏ। ਡੀ ਆਈ ਜੀ ਨੇ ਅਧਿਕਾਰੀਆਂ ਨੂੰ ਆਧੁਨਿਕ ਤਕਨੀਕਾਂ ਦੀ ਵਰਤੋਂ ਕਰਕੇ ਅਪਰਾਧੀਆਂ ਵਿੱਚ ਡਰ ਪੈਦਾ ਕਰਨ ਅਤੇ ਲੋਕਾਂ 'ਚ ਸੁਰੱਖਿਆ ਦੀ ਭਾਵਨਾ ਵਧਾਉਣ ਲਈ ਕਿਹਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਨੂੰ ਸਫਲ ਬਣਾਉਣ ਅਤੇ ਹਰ ਅਧਿਕਾਰੀ ਪੂਰੀ ਇਮਾਨਦਾਰੀ ਨਾਲ ਕੰਮ ਕਰਨ। ਇਸ ਨਾਲ ਨਾ ਸਿਰਫ਼ ਪ੍ਰਣਾਲੀ 'ਚ ਤੇਜ਼ੀ ਆਏਗੀ ਅਤੇ ਲੋਕਾਂ ਦਾ ਪੁਲਸ 'ਤੇ ਭਰੋਸਾ ਵਧੇਗਾ। ਸਾਰੇ ਐੱਸ ਐੱਸ ਪੀਜ਼ ਨੂੰ ਸਟਾਫ ਨੂੰ ਪ੍ਰੇਰਿਤ ਕਰਨ ਅਤੇ ਸੁਰੱਖਿਅਤ ਮਾਹੌਲ ਪ੍ਰਦਾਨ ਕਰਨ ਦੀ ਹਦਾਇਤ ਦਿੱਤੀ ਗਈ।

## ਆਭਾ ਆਈ ਡੀ ਬਣਾਉਣ ਸੰਬੰਧੀ ਜਾਗਰੂਕਤਾ ਕੈਂਪ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਸਿਵਲ ਸਰਜਨ ਫਰੀਦਕੋਟ ਡਾ. ਚੰਦਰ ਸ਼ੇਖਰ ਕੱਕੜ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਵਲ ਹਸਪਤਾਲ ਫਰੀਦਕੋਟ ਵਿਖੇ ਆਏ ਹੋਏ ਮਰੀਜ਼ਾਂ, ਉਨ੍ਹਾਂ ਦੇ ਰਿਸ਼ਤੇਦਾਰਾਂ, ਆਮ ਲੋਕਾਂ ਨੂੰ ਨਰਸਿੰਗ ਵਿਦਿਆਰਥੀਆਂ ਦੇ ਸਹਿਯੋਗ ਨਾਲ ਆਯੂਸ਼ਮਾਨ ਭਾਰਤ-ਹੈਲਥ ਅਕਾਊਂਟ ਆਭਾ ਆਈ ਡੀ ਬਣਾ ਕੇ ਸਿਹਤ ਰਿਕਾਰਡ ਨੂੰ ਡਿਜੀਟਲ ਕਰਨ ਅਤੇ ਇਸ ਪਹਿਲ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਸਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਡਿਪਟੀ ਮਾਸ ਮੀਡੀਆ ਅਫਸਰ ਸੁਧੀਰ ਧੀਰ, ਡਿਪਟੀ ਮਾਸ ਮੀਡੀਆ ਅਫ਼ਸਰ ਡਾ.ਪ੍ਰਭਦੀਪ ਸਿੰਘ ਚਾਵਲਾ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਆਭਾ ਐਪ ਰਾਹੀਂ ਇੱਕ ਮਿੰਟ ਵਿੱਚ ਆਯੂਸ਼ਮਾਨ ਭਾਰਤ- ਹੈਲਥ ਅਕਾਊਂਟ-ਆਭਾ ਕਾਰਡ ਬਣਾਇਆ ਜਾ ਸਕਦਾ ਹੈ। ਇਹ ਹੈਲਥ ਅਕਾਊਂਟ ਬਣਾ ਕੇ ਸਿਹਤ ਰਿਕਾਰਡ ਨੂੰ ਸੰਭਾਲ ਕੇ ਰੱਖਣ ਦਾ ਝੰਜਟ ਖਤਮ ਹੋ ਜਾਵੇਗਾ। ਸਿਹਤ ਰਿਕਾਰਡ ਦਸਤਾਵੇਜ਼ਾਂ ਨੂੰ ਕਿਤੇ ਵੀ ਲੱਭਣ ਦੀ ਲੋੜ ਨਹੀਂ ਪਵੇਗੀ।ਉਨ੍ਹਾਂ ਨਰਸਿੰਗ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਆਮ ਲੋਕਾਂ ਦੇ ਆਭਾ ਨੰਬਰ ਬਣਾਉਣ ਦੀ ਅਪੀਲ ਕਰਦੇ ਹੋਏ ਕਿਹਾ ਕਿ ਸਿਹਤ ਰਿਕਾਰਡ ਨੂੰ ਡਿਜੀਟਲ ਕਰਨ ਦੇ ਬਹੁਤ ਫਾਇਦੇ ਹਨ। ਉਨ੍ਹਾਂ ਦਸਿਆ ਕਿ ਸਿਵਲ ਹਸਪਤਾਲ ਦੀ ਓ.ਪੀ.ਡੀ ਬਲਾਕ ਵਿੱਚ ਆਭਾ-ਆਯੂਸ਼ਮਾਨ ਭਾਰਤ ਹੈਲਥ ਸਬੰਧੀ ਸਕੈਨਰ ਵੀ ਜਾਰੀ ਕੀਤਾ ਗਿਆ ਹੈ ਜਿਸ ਨੂੰ ਸਕੈਨ ਕਰਕੇ ਟੋਕਨ ਨੰਬਰ ਪ੍ਰਾਪਤ ਕੀਤਾ ਜਾ ਸਕਦਾ ਹੈ ਅਤੇ ਬਿਨਾਂ ਕਤਾਰ ਵਿੱਚ ਲੱਗੇ ਟੋਕਨ ਨੰਬਰ ਦੱਸ ਕੇ ਪਰਚੀ ਕਟਵਾਈ ਜਾ ਸਕਦੀ ਹੈ। ਜਿਸ ਨਾਲ ਸਮੇਂ ਦੀ ਬਹੁਤ ਬੱਚਤ ਹੁੰਦੀ ਹੈ। ਉਹਨਾਂ ਕਿਹਾ ਕਿ ਹਰ ਵਿਅਕਤੀ ਆਪਣਾ ਆਭਾ ਨੰਬਰ ਖੁਦ ਬਣਾ ਸਕਦਾ ਹੈ ਜਾਂ ਫਿਰ ਸਿਹਤ ਵਿਭਾਗ ਨਾਲ ਸੰਪਰਕ ਕਰ ਸਕਦਾ ਹੈ।ਕੋਈ ਵੀ ਵਿਅਕਤੀ ਜਨਰੇਟ ਹੋਏ ਆਭਾ ਨੰਬਰ ਜਿਸ ਉਪਰ ਉਸ ਦਾ ਨਾਂਅ ਅਤੇ ਆਈ ਡੀ ਨੰਬਰ ਮੌਜੂਦ ਹੋਵੇਗਾ, ਦਾ ਪ੍ਰਿੰਟ ਕਰਵਾ ਕੇ ਉਸ ਨੂੰ ਲੈਮੀਨੇਸ਼ਨ ਕਰਵਾ ਕੇ ਆਪਣੇ ਕੋਲ ਵੀ ਰੱਖ ਸਕਦਾ ਹੈ।

## ਸੀ ਐੱਚ ਸੀ ਮਾਡਲ ਟਾਊਨ 'ਚ ਮਨਾਇਆ ਮਮਤਾ ਦਿਵਸ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਰਾਸ਼ਟਰੀ ਸਿਹਤ ਮਿਸ਼ਨ ਦੇ ਮੁੱਖ ਉਦੇਸ਼ ਜੱਚਾ ਬੱਚਾ ਮੌਤ ਦਰ ਨੂੰ ਘਟਾਉਣ ਲਈ ਸਿਵਲ ਸਰਜਨ ਡਾ. ਜਗਪਾਲਇੰਦ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਰੇਕ ਬੁੱਧਵਾਰ ਸਿਹਤ ਕੇਂਦਰ/ਪਿੰਡ ਪੱਧਰ 'ਤੇ ਮਨਾਏ ਜਾਂਦੇ ਮਮਤਾ ਦਿਵਸ ਵਿੱਚ ਗਰਭਵਤੀ ਔਰਤਾਂ ਤੇ ਨਵਜੰਮੇ ਬੱਚਿਆਂ ਦਾ ਮਾਰੂ ਬਿਮਾਰੀਆਂ ਤੋਂ ਬਚਾਉਣ ਲਈ ਟੀਕਾਕਰਣ ਕੀਤਾ ਗਿਆ। ਸੀਨੀਅਰ ਮੈਡੀਕਲ ਅਫ਼ਸਰ ਡਾ. ਲਵਕੇਸ਼ ਕੁਮਾਰ ਦੀ ਅਗਵਾਈ ਵਿੱਚ ਸੀ.ਐੱਚ.ਸੀ ਮਾਡਲ ਟਾਊਨ ਵਿਖੇ ਮਮਤਾ ਦਿਵਸ ਸੈਸ਼ਨ ਲਾਇਆ ਗਿਆ। ਉਨ੍ਹਾਂ ਨੇ ਦੱਸਿਆ ਕਿ ਮਮਤਾ ਦਿਵਸ ਤੇ ਗਰਭਵਤੀ ਔਰਤਾਂ ਨੂੰ ਟੈਟਨਸ ਦੇ ਟੀਕੇ, ਖ਼ੂਨ ਵਧਾਉਣ ਲਈ ਆਇਰਨ ਫੋਲਿਕ ਐਸਿਡ ਦੀਆਂ ਗੋਲੀਆਂ ਤੇ ਕੈਲਸ਼ੀਅਮ ਦੀਆਂ ਗੋਲੀਆਂ ਮੁਫਤ ਦਿੱਤੀਆਂ ਜਾਂਦੀਆਂ ਹਨ। ਇਸੇ ਤਰ੍ਹਾਂ ਬੱਚਿਆਂ ਨੂੰ ਮਾਰੂ ਬਿਮਾਰੀਆਂ ਜਿਵੇਂ ਗਲਘੋਟੂ, ਕਾਲੀ ਖੰਘ, ਤਪਦਿਕ, ਪੋਲੀਓ, ਦਿਮਾਗੀ ਬੁਖਾਰ, ਖਸਰਾ, ਪੀਲੀਆ, ਨਿਮੋਨੀਆ, ਦਸਤ ਤੇ ਟੈਟਨਸ ਤੋਂ ਬਚਾਅ ਸਬੰਧੀ ਟੀਕੇ ਲਾਏ ਜਾਂਦੇ ਹਨ ਤੇ ਬੱਚਿਆਂ ਵਿੱਚ ਅੰਧਰਾਤੇ ਦੀ ਬਿਮਾਰੀ ਤੋਂ ਬਚਾਅ ਲਈ ਵਿਟਾਮਿਨ ਏ ਦਾ ਘੋਲ ਵੀ ਮੁਫ਼ਤ ਦਿੱਤਾ ਜਾਂਦਾ ਹੈ ਤਾਂ ਜੁ ਜੱਚਾ ਤੇ ਬੱਚਾ ਮੌਤ ਦਰ ਨੂੰ ਘੱਟ ਕਰਕੇ ਦਿੱਤੇ ਰਾਸ਼ਟਰੀ ਟੀਚੇ ਸਮੇਂ ਸਿਰ ਪੂਰੇ ਕੀਤੇ ਜਾ ਸਕਣ।

# ਵੈਟਨਰੀ ਇੰਸਪੈਕਟਰਾਂ ਵੱਲੋਂ ਡਿਪਟੀ ਡਾਇਰੈਕਟਰ ਦਫਤਰ ਅੱਗੇ ਰੋਹ ਭਰਪੂਰ ਧਰਨਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਸਟੇਟ ਵੈਟਨਰੀ ਇੰਸਪੈਕਟਰਜ਼ ਐਸੋਸੀਏਸ਼ਨ ਵੱਲੋਂ ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਦਫਤਰ ਅੱਗੇ ਆਪਣੀਆਂ ਹੱਕੀ ਮੰਗਾਂ ਮਸਲਿਆਂ ਦੇ ਨਿਪਟਾਰੇ ਲਈ ਰੋਸ ਮੁਜ਼ਾਹਰਾ ਕੀਤਾ ਗਿਆ।ਇਸ ਰੋਸ ਮੁਜ਼ਾਹਰੇ ਦੀ ਅਗਵਾਈ ਕਰਦਿਆਂ ਜ਼ਿਲ੍ਹਾ ਪ੍ਰਧਾਨ ਦੀਪਕ ਕੁਮਾਰ ਚੁੱਘ ਅਤੇ ਸੂਬਾ ਕਮੇਟੀ ਮੈਂਬਰ ਗੁਰਮੀਤ ਸਿੰਘ ਮਹਿਤਾ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪਸ਼ੂ ਪਾਲਣ ਵਿਭਾਗ ਦੀ ਅਫਸਰਸ਼ਾਹੀ ਵੈਟਨਰੀ ਇੰਸਪੈਕਟਰ ਕੇਡਰ ਦੀਆਂ ਮੰਗਾਂ ਅਤੇ ਮਸਲਿਆਂ ਨੂੰ ਅੱਖੋਂ ਪਰੋਖੇ ਕਰ ਰਹੀ ਹੈ।ਵੈਟਨਰੀ ਇੰਸਪੈਕਟਰ ਕੇਡਰ ਦੁਆਰਾ ਪਸ਼ੂ ਪਾਲਣ ਵਿਭਾਗ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿਚ ਮੁੱਖ ਭੂਮਿਕਾ ਨਿਭਾਉਂਦਾ ਹੈ ਪਰੰਤੂ ਪਸ਼ੂ ਪਾਲਣ ਵਿਭਾਗ ਦਾ ਮੁਹਾਲੀ ਸਥਿਤ ਡਾਇਰੈਕਟੋਰੇਟ ਵੈਟਨਰੀ ਇੰਸਪੈਕਟਰ ਕੇਡਰ ਨਾਲ ਲਗਾਤਾਰ ਮਤਰੇਆ ਵਿਹਾਰ ਕਰ ਰਿਹਾ ਹੈ।ਮੱਤੇਵਾੜਾ ਪਸ਼ੂ ਫਾਰਮ 'ਤੇ ਤਾਇਨਾਤ ਵੈਟਨਰੀ ਇੰਸਪੈਕਟਰ ਤਿੰਨ ਅਸਾਮੀਆਂ 'ਤੇ ਇਕੱਲਾ ਕੰਮ ਕਰ ਰਿਹਾ ਸੀ। ਤਿੰਨ ਪਸ਼ੂ ਫਾਰਮ ਦੀ ਮੈਨੇਜਮੈਂਟ ਵਿਚ ਲਗਾਤਾਰ ਕੰਮ ਕਰਨ ਦੇ ਬਾਵਜੂਦ ਡਿਪਟੀ ਡਾਇਰੈਕਟਰ ਮੱਤੇਵਾੜਾ ਨੇ ਇਸ ਕਰਮਚਾਰੀ ਦਾ ਮੈਡੀਕਲ ਹਾਲਾਤ ਸਮਝਣ ਦੀ ਬਜਾਏ ਉਸ ਸਬੰਧੀ ਉਚ ਅਫਸਰਸ਼ਾਹੀ ਨੂੰ ਗੁੰਮਰਾਹ ਕੀਤਾ। ਵੈਟਨਰੀ ਅਫਸਰਾਂ ਦਾ ਬਚਾਅ ਕਰਕੇ ਜੂਨੀਅਰ ਮੁਲਾਜ਼ਮ ਨੂੰ ਟੰਗ ਦਿੱਤਾ ਗਿਆ। ਪਿਛਲੇ ਲੰਬੇ ਸਮੇਂ ਤੋਂ ਸੀਨੀਅਰ ਵੈਟਨਰੀ ਇੰਸਪੈਕਟਰ ਦੀ ਪਲੇਸਮੈਂਟ ਨੂੰ ਪਰਮਿਸ਼ਨ ਬਣਾਉਣ, 18 ਮਹੀਨਿਆਂ ਦੀ ਸਰਵਿਸ ਕਾਊਂਟ ਕਰਨ, ਪੇਅ ਸਕੇਲ ਦੀਆਂ ਤਰੁਟੀਆਂ ਦੂਰ ਕਰਨ, ਵੈਟਨਰੀ ਇੰਸਪੈਕਟਰ ਕੌਂਸਲ ਬਣਾਉਣ, ਨਵੀਂ ਭਰਤੀ ਹੋਏ ਵੈਟਨਰੀ ਇੰਸਪੈਕਟਰਾਂ 'ਤੇ ਛੇਵਾਂ ਤਨਖਾਹ ਸਕੇਲ ਲਾਗੂ ਕਰਨ ਅਤੇ ਨਵੀਆਂ ਪੋਸਟਾਂ ਦਾ ਨਿਰਮਾਣ ਕਰਨ ਅਤੇ ਨਵੀਂ ਭਰਤੀ ਕਰਨ ਅਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਵਰਗੀਆਂ ਮੰਗਾਂ ਲਈ ਵੈਟਨਰੀ ਇੰਸਪੈਕਟਰ ਕੇਡਰ ਮੰਗ ਕਰ ਰਿਹਾ ਹੈ। ਪਰੰਤੂ ਪੰਜਾਬ ਸਰਕਾਰ ਅਤੇ ਪਸ਼ੂ ਪਾਲਣ ਵਿਭਾਗ ਦੀ ਅਫਸਰਸ਼ਾਹੀ ਇਨਾਂ ਮਸਲਿਆਂ ਸਬੰਧੀ ਟਾਲਮਟੋਲ ਦੀ ਨੀਤੀ 'ਤੇ ਚੱਲ ਰਹੀ ਹੈ।ਪੰਜਾਬ ਦੇ ਵੈਟਨਰੀ ਇੰਸਪੈਕਟਰ ਪੰਜਾਬ ਸਰਕਾਰ ਅਤੇ ਪਸ਼ੂ ਪਾਲਣ ਵਿਭਾਗ ਦੇ ਇਸ ਰਵੱਈਏ ਖਿਲਾਫ ਸੜਕਾਂ 'ਤੇ ਉਤਰਨ ਲਈ ਤਿਆਰ ਹਨ।

ਜੇਕਰ ਪੰਜਾਬ ਸਰਕਾਰ ਨੇ ਤੁਰੰਤ ਅਰੁਣ ਕੁਮਾਰ ਦੀ ਬਹਾਲੀ ਅਤੇ ਵੈਟਨਰੀ ਇੰਸਪੈਕਟਰ ਕੇਡਰ ਦੀਆਂ ਮੰਗਾਂ ਅਤੇ ਮਸਲਿਆਂ ਦਾ ਨਿਪਟਾਰਾ ਨਹੀ ਕੀਤਾ ਤਾਂ ਵੈਟਨਰੀ ਇੰਸਪੈਕਟਰ ਕੇਡਰ ਮੁਹਾਲੀ ਵਿਖੇ ਸਥਿਤ ਸੂਬਾਈ ਡਾਇਰੈਕਟੋਰੇਟ ਦਾ ਘਿਰਾਓ ਕਰੇਗਾ। ਇਸ ਮੌਕੇ ਜਰਮਨਜੀਤ ਸਿੰਘ ਬਰਾੜ, ਗੁਰਸੇਵਕ ਸਿੰਘ ਗਿੱਲ, ਮਨਪ੍ਰੀਤ ਸਿੰਘ, ਮਨਵਿੰਦਰ ਸਿੰਘ, ਹਰਪ੍ਰੀਤ ਸਿੰਘ, ਗੁਰਜੀਵਨ ਸਿੰਘ, ਹਰਵਿੰਦਰ ਸਿੰਘ, ਮਨਪ੍ਰੀਤ ਸਿੰਘ ਗਿੱਲ, ਤਹਿਸੀਲ ਪ੍ਰਧਾਨ ਗਿੱਦੜਬਾਹਾ ਗੁਰਪ੍ਰੀਤ ਸਿੰਘ, ਤਹਿਸੀਲ ਪ੍ਰਧਾਨ ਮੁਕਤਸਰ ਭਲਿੰਦਰ ਸਿੰਘ ਸਿੱਧੂ, ਤਹਿਸੀਲ ਪ੍ਰਧਾਨ ਮਲੋਟ ਕਰਮਦੀਪ ਸਿੰਘ ਸਿੱਧੂ, ਆਗੂ ਹਾਜ਼ਰ ਸਨ।

## ਦੋ ਕਾਰਾਂ ਦੀ ਭਿਆਨਕ ਟੱਕਰ 'ਚ ਥਾਣੇਦਾਰ ਤੇ ਇੱਕ ਔਰਤ ਦੀ ਮੌਤ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਫ਼ਿਰੋਜ਼ਪੁਰ-ਫਾਜ਼ਿਲਕਾ ਰੋਡ 'ਤੇ ਪੈਂਦੇ ਪਿੰਡ ਪੀਰ ਖਾਂ ਸ਼ੇਖ ਵਿਖੇ ਦੋ ਕਾਰਾਂ ਦੀ ਟੱਕਰ ਵਿੱਚ ਇੱਕ ਲੇਡੀਜ਼ ਸਮੇਤ ਇੱਕ ਥਾਣੇਦਾਰ ਦੀ ਮੌਤ ਹੋਣ ਦੇ ਮਾਮਲੇ 'ਚ ਥਾਣਾ ਮਮਦੋਟ ਪੁਲਸ ਨੇ ਇਕ ਕਾਰ ਚਾਲਕ ਖਿਲਾਫ਼ 106, 125 (ਏ), 125 (ਬੀ), 324 (4), 281 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਗੁਰੂਅੰਗਦਜੀਤ ਸਿੰਘ ਪੁੱਤਰ ਉਪਦੇਸ਼ ਸਿੰਘ ਵਾਸੀ ਗਲੀ ਨੰਬਰ 23, ਵਾਰਡ ਨੰਬਰ 14 ਨੂਰਦੀ ਅੱਡਾ ਤਰਨਤਾਰਨ ਜ਼ਿਲ੍ਹਾ ਤਰਨਤਾਰਨ ਦੱਸਿਆ ਕਿ 23 ਜੂਨ ਨੂੰ ਉਹ ਆਪਣੇ ਤਾਇਆ ਥਾਣੇਦਾਰ ਕੁਲਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਗਲੀ ਕੈਰੋਂ, ਨੂਰਦੀ ਅੱਡਾ ਤਰਨਤਾਰਨ ਨੂੰ ਮਿਲਣ ਲਈ ਅਬੋਹਰ ਗਿਆ ਸੀ, ਜੋ ਬਾਅਦ ਦੁਪਹਿਰ ਅਸੀਂ ਦੋਵੇਂ ਆਪਣੀ ਆਪਣੀ ਗੱਡੀਆਂ 'ਤੇ ਤਾਰਨਤਾਰਨ ਲਈ ਰਵਾਨਾ ਹੋਏ। ਗੁਰੂਅੰਗਦਜੀਤ ਸਿੰਘ ਨੇ ਦੱਸਿਆ ਕਿ ਉਸ ਦੇ ਤਾਇਆ ਕੁਲਵਿੰਦਰ ਸਿੰਘ ਆਪਣੀ ਕਰੇਟਾ ਕਾਰ ਨੰਬਰ ਪੀਬੀ 46 ਵੀ 6438 'ਤੇ ਅਤੇ ਉਹ ਗੱਡੀ ਨੰਬਰ ਪੀਬੀ 46 ਜੀ 7676 ਸਵਿਫਟ 'ਤੇ ਉਸ ਦੇ ਪਿੱਛੇ ਆ ਰਿਹਾ ਸੀ। ਜਦ ਪਿੰਡ ਪੀਰ ਖਾਂ ਸ਼ੇਖ ਦੇ ਏਰੀਆ 'ਚ ਪੁੱਜੇ ਤਾਂ ਸਾਹਮਣੇ ਫ਼ਿਰੋਜ਼ਪੁਰ ਵੱਲੋਂ ਇਕ ਕਾਰ ਸੀਆਜ ਬੜੀ ਤੇਜ਼ ਤੇ ਲਾਪ੍ਰਵਾਹੀ ਨਾਲ ਗਲਤ ਸਾਈਡ ਆਈ ਤੇ ਉਸ ਦੇ ਤਾਏ ਦੀ ਕਰੇਟਾ ਕਾਰ ਵਿਚ ਸਿੱਧੀ ਵੱਜੀ। ਜਿਸ ਨਾਲ ਦੋਵੇਂ ਗੱਡੀਆਂ ਦਾ ਕਾਫੀ ਨੁਕਸਾਨੀਆਂ ਗਈਆਂ ਕਾਰ ਸਵਾਰਾਂ ਦੇ ਸੱਟਾਂ ਲੱਗੀਆਂ। ਗੁਰੂਅੰਗਦਜੀਤ ਨੇ ਦੱਸਿਆ ਕਿ ਉਸ ਦੇ ਤਾਏ ਕੁਲਵਿੰਦਰ ਸਿੰਘ ਦੇ ਵੀ ਕਾਫੀ ਸੱਟਾਂ ਲੱਗੀਆਂ, ਜਿਸ ਨੂੰ ਐਂਬੂਲੈਂਸ ਦੀ ਮੱਦਦ ਲਾਲ ਸਿਵਲ ਹਸਪਤਾਲ ਫ਼ਿਰੋਜ਼ਪੁਰ ਲਿਆਂਦਾ ਗਿਆ, ਜਿੱਥੇ ਡਾਕਟਰਾਂ ਵੱਲੋਂ ਉਸ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ ਗਿਆ। ਇਸ ਤੋਂ ਇਲਾਵਾ ਇੱਕ ਔਰਤ ਹੀਨਾ ਪਤਨੀ ਵਿਕਰਮ ਵਾਸੀ ਟਿੱਬੇ ਵਾਲੀ ਬਸਤੀ ਗੁਰੂਹਰਸਹਾਏ ਦੀ ਐਕਸੀਡੈਂਟ ਵਿਚ ਮੌਤ ਹੋ ਗਈ ਤੇ ਕਾਰ ਡਰਾਈਵਰ ਅਭੀਸ਼ੇਕ ਪੁੱਤਰ ਗੁਰਚਰਨ ਸਿੰਘ ਵਾਸੀ ਅਹਿਮਦ ਢੰਡੀਆ ਜ਼ਿਲ੍ਹਾ ਫ਼ਿਰੋਜ਼ਪੁਰ ਤੇ ਕਾਰ ਵਿੱਚ ਬੈਠੀ ਇਕ ਹੋਰ ਲੜਕੀ ਕੋਮਲ ਪੁੱਤਰੀ ਵਿਕਰਮ ਵਾਸੀ ਟਿੱਬੇ ਵਾਲੀ ਬਸਤੀ ਗੁਰੂਹਸਹਾਏ ਦੇ ਕੀ ਕਾਫੀ ਸੱਟਾਂ ਲੱਗੀਆਂ। ਮਾਮਲੇ ਦੀ ਜਾਂਚ ਕਰ ਰਹੇ ਐੱਸਆਈ ਸੁਖਦੇਵ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਕਾਰ ਚਾਲਕ ਖਿਲਾਫ਼ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਜੀਵਨ ਟੀਚਾ ਨਿਰਧਾਰਤ ਕਰਕੇ ਪੂਰੀ ਸ਼ਿੱਦਤ ਨਾਲ ਕੀਤੀ ਮਿਹਨਤ ਸਫ਼ਲ ਜ਼ਰੂਰ ਹੁੰਦੀ ਹੈ : ਸ਼ੁਭਮ ਅਗਰਵਾਲ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦਸਵੀਂ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਆਪਣੀ ਮਿਹਨਤ ਤੇ ਲਗਨ ਸਦਕਾ ਮੈਰਿਟ ਵਿੱਚ ਨਾਂਅ ਦਰਜ ਕਰਾਉਣ ਵਾਲੇ 5 ਵਿਦਿਆਰਥੀਆਂ ਨਾਲ ਐਸ.ਐਸ.ਪੀ ਸ਼ੁਭਮ ਅਗਰਵਾਲ ਨੇ ਆਪਣਾ ਸਮਾਂ ਬਿਤਾਇਆ ਤੇ ਜੀਵਨ ਤਜਰਬੇ ਸਾਂਝੇ ਕਰਨ ਦੇ ਨਾਲ-ਨਾਲ ਜ਼ਿਲ੍ਹਾ ਪੁਲਸ ਦੀ ਕਾਰਜਪ੍ਰਣਾਲੀ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ। ਸ਼ੁਭਮ ਅਗਰਵਾਲ ਨੇ ਆਪਣੇ ਦਫ਼ਤਰ ਵਿਖੇ ਡੀ.ਐਸ.ਪੀ ਹਰਤੇਸ਼ ਕੌਸ਼ਿਕ ਦੀ ਮੌਜੂਦਗੀ ਵਿੱਚ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨਾਲ ਮੁਲਾਕਾਤ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦਸਵੀਂ ਤੇ ਬਾਰ੍ਹਵੀਂ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਚੰਗੀਆਂ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਦੇ ਮਨੋਬਲ ਨੂੰ ਵਧਾਉਣ ਅਤੇ ਭਵਿੱਖ ਵਿੱਚ ਹੋਰ ਵੱਡੀਆਂ ਮੱਲਾਂ ਮਾਰਨ ਦੇ ਸਮਰੱਥ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਤਹਿਤ ਆਈ.ਏ.ਐਸ ਤੇ ਆਈ.ਪੀ.ਐਸ ਅਧਿਕਾਰੀ, ਸਮੇਂ ਸਮੇਂ 'ਤੇ ਵਿਦਿਆਰਥੀਆਂ ਨਾਲ ਵਿਸ਼ੇਸ਼ ਮੁਲਾਕਾਤ ਕਰਕੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਤੇ ਜ਼ਿੰਦਗੀ ਵਿੱਚ ਸਫ਼ਲਤਾ ਦਾ ਮੁਕਾਮ ਹਾਸਲ ਕਰਨ ਲਈ ਹੋਰ ਅਹਿਮ ਨੁਕਤਿਆਂ ਬਾਰੇ ਜਾਣੂ ਕਰਾ ਰਹੇ ਹਨ। ਇਸ ਦੌਰਾਨ 98.62 ਫੀਸਦੀ ਅੰਕ ਹਾਸਲ ਕਰਨ ਵਾਲੀ ਹੋਲੀ ਹਾਰਟ ਪਬਲਿਕ ਸਕੂਲ ਬੱਸੀ ਪਠਾਣਾਂ ਦੀ ਵਿਦਿਆਰਥਣ ਅਨੰਨਿਆ ਸ਼ਰਮਾ, 97.69 ਫ਼ੀਸਦੀ ਅੰਕ ਹਾਸਲ ਕਰਨ ਵਾਲੀ ਸਕੂਲ ਆਫ ਐਮੀਨੈਂਸ ਅਮਲੋਹ ਦੀ ਵਿਦਿਆਰਥਣ ਲਕਸ਼ਿਤਾ ਗੁਪਤਾ, 97.23 ਫ਼ੀਸਦੀ ਅੰਕ ਹਾਸਲ ਕਰਨ ਵਾਲਾ ਸਕੂਲ ਆਫ ਐਮੀਨੈਂਸ ਖਮਾਣੋਂ ਦਾ ਵਿਦਿਆਰਥੀ ਸੁਮਿਤ ਮੌਰਿਆ, 97.08 ਫ਼ੀਸਦੀ ਅੰਕ ਲੈਣ ਵਾਲਾ ਹੋਲੀ ਹਾਰਟ ਪਬਲਿਕ ਸਕੂਲ ਬਸੀ ਪਠਾਨਾ ਦਾ ਵਿਦਿਆਰਥੀ ਦਿਵਾਂਸ਼ੂ ਮਿੱਤਲ ਤੇ 96.92 ਫ਼ੀਸਦੀ ਅੰਕ ਹਾਸਲ ਕਰਨ ਵਾਲੀ ਹੋਲੀ ਹਾਰਟ ਪਬਲਿਕ ਸਕੂਲ ਬਸੀ ਪਠਾਨਾ ਦੀ ਵਿਦਿਆਰਥਣਾਂ ਸ਼ਰੇਆ ਗੁਪਤਾ ਤੇ ਉਨ੍ਹਾਂ ਦੇ ਮਾਪਿਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਐਸਐਸਪੀ ਸ਼ੁਭਮ ਅਗਰਵਾਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੁਸ਼ੀਲ ਨਾਥ ਵੀ ਹਾਜ਼ਰ ਸਨ।

## ਜ਼ਿਮਨੀ ਚੋਣ 'ਚ ਜਿੱਤ ਤੋਂ ਬਾਅਦ 2027 ਦਾ ਰਸਤਾ ਸਾਫ਼ : ਹੈਪੀ ਗਰਗ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਐਡਵੋਕੇਟ ਹੈਪੀ ਗਰਗ ਨੇ ਲੁਧਿਆਣਾ ਵੈਸਟ ਦੀ ਜ਼ਿਮਨੀ ਚੋਣ ਜਿੱਤਣ ਲਈ ਪਾਰਟੀ ਹਾਈ ਕਮਾਂਡ ਨੂੰ ਵਧਾਈ ਦਿੱਤੀ ਗਈ ਹੈ।ਉਨ੍ਹਾ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਵਿੱਚ ਕਰਵਾਏ ਗਏ ਵਿਕਾਸ ਕੰਮਾਂ ਅਤੇ ਲੋਕਾਂ ਨੂੰ ਦਿੱਤੀਆਂ ਗਈਆਂ ਸਹੂਲਤਾਂ ਦਾ ਨਤੀਜਾ ਹੈ।ਵਿਧਾਨ ਸਭਾ ਹਲਕਾ ਲੁਧਿਆਣਾ ਪਛਮੀ ਦੇ ਵੋਟਰਾਂ ਨੇ ਵੀ ਸਾਬਿਤ ਕਰ ਦਿੱਤਾ ਹੈ ਕਿ ਉਹ ਕੀਤੇ ਗਏ ਕੰਮਾਂ ਨੂੰ ਤਰਜੀਹ ਦਿੰਦੇ ਹਨ ਅਤੇ ਜਿਹੜੀ ਪਾਰਟੀ ਸੂਬੇ ਵਿੱਚ ਵਿਕਾਸ ਕੰਮ ਕਰਵਾਏਗੀ ਉਹੀ ਅੱਗੇ ਆਏਗੀ।ਉਹਨਾਂ ਕਿਹਾ ਕਿ ਆਉਣ ਵਾਲੀਆਂ 2027 ਦੀ ਵਿਧਾਨ ਸਭਾ ਚੋਣਾਂ ਦਾ ਰਸਤਾ ਵੀ ਕਲੀਅਰ ਹੋ ਗਿਆ ਹੈ ਤੇ ਸਾਫ ਜ਼ਾਹਰ ਹੈ ਕਿ ਪੰਜਾਬ ਦੇ ਲੋਕ ਹੁਣ 2027 ਵਿੱਚ ਵੀ ਆਮ ਆਦਮੀ ਪਾਰਟੀ 'ਤੇ ਹੀ ਵਿਸ਼ਵਾਸ ਕਰਨਗੇ ਅਤੇ ਪੰਜਾਬ ਵਿੱਚ 2027 ਵਿੱਚ ਹੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ।ਉਨ੍ਹਾਂ ਲੁਧਿਆਣਾ ਪੱਛਮੀ ਅਤੇ ਵਿਸਾਵਦਰ ਜ਼ਿਮਨੀ ਚੋਣਾਂ ਵਿੱਚ 'ਆਪ' ਦੀ ਜਿੱਤ ਨੂੰ ਪਾਰਟੀ ਵਰਕਰਾਂ ਦੀ ਅਣਥੱਕ ਮਿਹਨਤ ਦਾ ਨਤੀਜਾ ਦੱਸਦਿਆਂ ਕਿਹਾ, ਇਹ ਹਰ ਪਾਰਟੀ ਵਰਕਰ ਦੀ ਮਿਹਨਤ ਹੈ ਜਿਨ੍ਹਾਂ ਨੇ ਘਰ-ਘਰ ਜਾ ਕੇ ਲੋਕਾਂ ਨੂੰ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਤੋਂ ਜਾਣੂ ਕਰਵਾਇਆ। ਜਨਤਾ ਇਮਾਨਦਾਰੀ ਅਤੇ ਮਿਹਨਤ ਨੂੰ ਪਛਾਣਦੀ ਹੈ।ਨਸ਼ਿਆਂ ਨੂੰ ਖ਼ਤਮ ਕਰਨ, ਮਿਆਰੀ ਸਿੱਖਿਆ ਪ੍ਰਦਾਨ ਕਰਨ ਅਤੇ ਕਿਸਾਨਾਂ ਨੂੰ ਉੱਚਾ ਚੁੱਕਣ ਦਾ ਸਾਡਾ ਮਿਸ਼ਨ ਜਾਰੀ ਰਹੇਗਾ। ਅਸੀਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਅਤੇ ਹਰ ਪਿੰਡ ਅਤੇ ਹਰ ਬੱਚੇ ਨੂੰ ਆਦਰਸ਼ ਸ਼ਾਸਨ ਪ੍ਰਦਾਨ ਕਰਨ ਲਈ ਅਣਥੱਕ ਮਿਹਨਤ ਕਰਾਂਗੇ।

## ਖੂਈਆਂ ਸਰਵਰ 'ਚ ਲਗਾਇਆ ਨਸ਼ਿਆਂ ਖਿਲਾਫ ਆਊਟਰੀਚ ਜਾਗਰੂਕਤਾ ਕੈਂਪ

**ਅਬੋਹਰ (ਨਿਸ਼ਾ ਸ਼ਰਮਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਫਾਜ਼ਿਲਕਾ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਸ ਵੱਲੋਂ ਉਲੀਕੇ ਪ੍ਰੋਜੈਕਟ ਆਸ ਦੇ ਤਹਿਤ ਖੂਈਆਂ ਸਰਵਰ ਵਿਖੇ ਨਸ਼ਿਆਂ ਖਿਲਾਫ ਜਾਗਰੂਕਤਾ ਲਈ ਇੱਕ ਆਊਟਰੀਚ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਤੇ ਐਸ ਐਸ ਪੀ ਗੁਰਮੀਤ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਗੁਰਦੁਆਰਾ ਬਡ ਤੀਰਥ ਸਾਹਿਬ ਹਰੀਪੁਰਾ ਤੋਂ ਸੰਤ ਬਾਬਾ ਬਿੱਕਰ ਸਿੰਘ ਵੀ ਵਿਸ਼ੇਸ਼ ਤੌਰ 'ਤੇ ਸਮਾਗਮ ਵਿੱਚ ਪਹੁੰਚੇ।ਇਸ ਮੌਕੇ ਨਸ਼ਾ ਛੱਡਣ ਲਈ ਪ੍ਰੇਰਿਤ ਹੋਏ ਨੌਜਵਾਨਾਂ ਦੀ ਹੌਸਲਾ ਅਫਜ਼ਾਈ ਕਰਦਿਆਂ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਕਿਹਾ ਕਿ ਇਸ ਕੈਂਪ ਦਾ ਉਦੇਸ਼ ਨਸ਼ਾ ਪੀੜਤਾਂ ਨਾਲ ਸਿੱਧਾ ਰਾਬਤਾ ਕਰਕੇ ਉਨ੍ਹਾਂ ਨੂੰ ਨਸ਼ੇ ਛੱਡਣ ਲਈ ਪ੍ਰੇਰਿਤ ਕਰਕੇ ਉਹਨਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਉਣਾ ਹੈ।ਐਸ ਐਸ ਪੀ ਗੁਰਮੀਤ ਸਿੰਘ ਨੇ ਕਿਹਾ ਕਿ ਜ਼ਿਲ੍ਹਾ ਪੁਲਸ ਵੱਲੋਂ ਜਿੱਥੇ ਨਸ਼ਿਆਂ ਦੇ ਤਸਕਰਾਂ ਖਿਲਾਫ ਵਿਆਪਕ ਤੇ ਕਰੜੀ ਮੁਹਿੰਮ ਜਾਰੀ ਹੈ ਉਥੇ ਹੀ ਨਸ਼ਾ ਪੀੜਤਾਂ ਦੇ ਇਲਾਜ ਲਈ ਵੀ ਉਪਰਾਲੇ ਵਿੱਢੇ ਗਏ ਹਨ।ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਨਸ਼ਾ ਪੀੜਤਾਂ ਦੇ ਮੁਫਤ ਇਲਾਜ ਦੀ ਵਿਵਸਥਾ ਕੀਤੀ ਗਈ ਹੈ।ਉਨ੍ਹਾਂ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਲੋਕਾਂ ਨੂੰ ਪ੍ਰੇਰਿਤ ਕਰਕੇ ਨਸ਼ਾ ਮੁਕਤੀ ਕੇਂਦਰਾਂ ਜਾਂ ਓਟ ਕਲੀਨਿਕ ਤੱਕ ਲੈ ਕੇ ਆਉਣ ਤਾਂ ਜੋ ਉਨ੍ਹਾਂ ਦਾ ਇਲਾਜ ਕਰਵਾਇਆ ਜਾ ਸਕੇ ।ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਐਰਿਕ ਨੇ ਕਿਹਾ ਕਿ ਨਸ਼ਾ ਇੱਕ ਮਾਨਸਿਕ ਬਿਮਾਰੀ ਹੈ ਅਤੇ ਇਸ ਦਾ ਦਵਾਈਆਂ ਨਾਲ ਇਲਾਜ ਸੰਭਵ ਹੈ।ਇਸ ਮੌਕੇ ਅਬੋਹਰ ਦੇ ਐਸ ਡੀ ਐਮ ਕ੍ਰਿਸ਼ਨਾ ਪਾਲ ਰਾਜਪੂਤ, ਡੀ ਐਸ ਪੀ ਸੁਖਵਿੰਦਰ ਸਿੰਘ, ਥਾਣਾ ਮੁਖੀ ਮਨਿੰਦਰ ਸਿੰਘ ਤੋਂ ਇਲਾਵਾ ਖੂਈਆਂ ਸਰਵਰ ਦੇ ਸਰਪੰਚ ਦਰਸ਼ਨਾ ਰਾਣੀ, ਸਮਾਜ ਸੇਵੀ ਸੁਸ਼ੀਲ ਕੁਮਾਰ ਸਵਾਮੀ , ਦਾਨੇਵਾਲਾ ਦੇ ਸਰਪੰਚ ਕਿੰਗ ਪਾਲ ਸਿੰਘ, ਹਰੀਪੁਰਾ ਦੇ ਸਰਪੰਚ ਨਿਰੰਜਨ ਦਾਸ, ਸੱਪਾਂਵਾਲੀ ਦੇ ਸਰਪੰਚ ਕਾਲੂ ਰਾਮ ਤੋਂ ਇਲਾਵਾ ਇਲਾਕੇ ਦੇ ਪਤਵੰਤੇ ਹਾਜ਼ਰ ਸਨ।

## ਐਮਰਜੈਂਸੀ ਦੌਰਾਨ ਜੇਲ੍ਹਾਂ 'ਚ ਬੰਦ ਆਗੂਆਂ ਦੇ ਪਰਵਾਰ ਸਨਮਾਨਤ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਥਾਨਕ ਪਟਿਆਲਾ ਰੋਡ ਵਿਖੇ ਭਾਜਪਾ ਮੰਡਲ ਦੇ ਦਫਤਰ ਵਿਖੇ ਅੱਜ ਸੂਬਾ ਉਪ ਪ੍ਰਧਾਨ ਜਗਦੀਪ ਸਿੰਘ ਨਕਈ ਅਤੇ ਭਾਜਪਾ ਆਗੂਆਂ ਵੱਲੋਂ ਦੇਸ਼ 'ਚ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਸਮੇਂ ਲਗਾਈ ਗਈ ਐਮਰਜੰਸੀ ਦੌਰਾਨ ਜੇਲ੍ਹਾਂ 'ਚ ਬੰਦ ਕੀਤੇ ਆਗੂਆਂ ਦੇ ਪਰਵਾਰਾਂ ਨੂੰ ਅੱਜ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਵਰਗੀ ਰਾਮ ਲਾਲ ਛਾਹੜੀਆ ਦੇ ਪੁੱਤਰ ਨਰੇਸ਼ ਛਾਹੜੀਆ, ਸਵ. ਤਰਸੇਮ ਛਾਹੜੀਆ ਦੇ ਪੁੱਤਰ ਤਰੁਣ ਕੁਮਾਰ, ਨਰਾਤਾਰਾਮ ਗੋਇਲ ਦੇ ਪੁੱਤਰ ਰਵਿੰਦਰ ਗੋਇਲ, ਵਿਨੋਦ ਸਿੰਗਲਾ ਨੂੰ ਉਹਨਾਂ ਦੇ ਦਾਦਾ ਜੀ ਦੇ ਜੇਲ੍ਹ ਜਾਣ 'ਤੇ ਅਤੇ ਜਰਨੈਲ ਢੋਟ ਤੇ ਪ੍ਰੇਮ ਗਰਗ ਨੂੰ ਉਹਨਾਂ ਦੇ ਬਜ਼ੁਰਗਾਂ ਦੇ ਜੇਲ੍ਹ ਜਾਣ 'ਤੇ ਅਤੇ ਪ੍ਰੇਮ ਗੁਗਨਾਨੀ ਨੂੰ ਖੁਦ (ਜੇਲ੍ਹ ਗਏ ਸੀ) ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਕੁਝ ਪਰਵਾਰ ਕਿਸੇ ਕਾਰਨ ਕਾਰਨ ਨਹੀਂ ਆ ਸਕੇ। ਇਸ ਮੌਕੇ ਸੂਬਾ ਉਪ ਪ੍ਰਧਾਨ ਜਗਦੀਪ ਸਿੰਘ ਨਕਈ ਨੇ ਕਿਹਾ ਕਿ ਅੱਜ ਤੋਂ 50 ਸਾਲ ਪਹਿਲਾਂ ਦੇਸ਼ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ ਦੇਸ਼ 'ਚ ਐਮਰਜੰਸੀ ਲਗਾਈ ਗਈ ਸੀ ਜਿਸ ਨਾਲ ਉਨ੍ਹਾਂ ਵੱਲੋਂ ਲੋਕਾਂ ਦੇ ਉੱਪਰ ਅੱਤਿਆਚਾਰ ਕੀਤਾ ਗਿਆ ਸੀ ਅਤੇ ਜੇਲ੍ਹਾਂ ਵਿੱਚ ਬੰਦ ਕੀਤੇ ਗਏ ਸੀ, ਜਿਸ ਨੂੰ ਅੱਜ ਕਾਲਾ ਦਿਵਸ ਦੇ ਤੌਰ 'ਤੇ ਮਨਾਇਆ ਜਾ ਰਿਹਾ ਹੈ। ਇਸ ਮੌਕੇ ਉਹਨਾਂ ਕਿਹਾ ਕਿ ਆਉਣ ਵਾਲੇ ਸਮੇਂ 'ਚ ਭਾਜਪਾ ਪੰਜਾਬ 'ਚ ਆਵੇਗੀ ਕਿਉਂਕਿ ਇਸ ਸਮੇਂ ਸਾਰੇ ਪਾਸੇ ਲਾਅ ਐਂਡ ਆਰਡਰ ਦੀ ਸਥਿਤੀ ਬਹੁਤ ਬੁਰੀ ਹੈ। ਇਸ ਮੌਕੇ ਭਾਜਪਾ ਦੇ ਸਾਬਕਾ ਸੂਬਾ ਕਮੇਟੀ ਮੈਂਬਰ ਸ਼ੰਕਰ ਬੰਸਲ ਨੇ ਕਿਹਾ ਕਿ ਉਹ ਕੇਂਦਰ ਸਰਕਾਰ ਨੂੰ ਅਪੀਲ ਕਰਦੇ ਹਨ ਕਿ ਪੰਜਾਬ ਦੇ ਐਮਰਜੰਸੀ ਦੌਰਾਨ ਜੇਲ੍ਹਾਂ 'ਚ ਗਏ ਪਰਵਾਰਾਂ ਨੂੰ ਸਹੂਲਤਾਂ ਦਿੱਤੀਆਂ ਜਾਣ ਕਿਉਂਕਿ ਵੱਖ-ਵੱਖ ਰਾਜਾਂ ਜਿੱਥੇ ਭਾਜਪਾ ਸਰਕਾਰ ਹੈ ਉੱਥੇ ਦੀਆਂ ਜੇਲ੍ਹਾਂ 'ਚ ਐਮਰਜੰਸੀ ਦੌਰਾਨ ਗਏ ਲੋਕਾਂ ਦੇ ਪਰਵਾਰਾਂ ਨੂੰ ਸਹੂਲਤਾਂ ਦਿੱਤੀਆਂ ਗਈਆਂ ਹਨ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਸੰਜੇ ਗੋਇਲ, ਮੰਡਲ ਪ੍ਰਧਾਨ ਭਾਜਪਾ ਰਜੀਵ ਮੱਖਣ, ਭਗਵਾਨ ਸਿੰਘ, ਮਿੰਟੂ ਗੋਲਡੀ, ਦਰਸ਼ਨ ਨਮੋਲ ਅਤੇ ਹੋਰ ਮੌਜੂਦ ਸਨ।

## ਦਲਬੀਰ ਢਿੱਲੋਂ 'ਆਪ' ਦੇ ਹਲਕਾ ਸੰਗਠਨ ਇੰਚਾਰਜ ਨਿਯੁਕਤ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਵੱਲੋਂ ਜਥੇਬੰਦਕ ਢਾਂਚੇ ਦੇ ਕੀਤੇ ਗਏ ਐਲਾਨ ਵਿੱਚ ਹਲਕਾ ਧੂਰੀ ਵਿੱਚ ਆਪਣੀ ਸੰਗਠਨਾਤਮਕ ਮਜ਼ਬੂਤੀ ਨੂੰ ਹੋਰ ਮਜ਼ਬੂਤ ਬਣਾਉਂਦੇ ਹੋਏ ਪੰਜਾਬ ਲਘੂ ਵਿਕਾਸ ਨਿਗਮ ਦੇ ਚੇਅਰਮੈਨ ਅਤੇ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਦਲਬੀਰ ਢਿੱਲੋਂ ਨੂੰ ਹਲਕਾ ਧੂਰੀ ਦਾ ਸੰਗਠਨ ਇੰਚਾਰਜ ਨਿਯੁਕਤ ਕੀਤਾ ਹੈ। ਪਾਰਟੀ ਵੱਲੋਂ ਮਿਲੀ ਜ਼ਿੰਮੇਵਾਰੀ ਲਈ ਦਲਬੀਰ ਢਿੱਲੋਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਅਤੇ ਪੰਜਾਬ ਪ੍ਰਧਾਨ ਅਮਨ ਅਰੋੜਾ ਦਾ ਤਹਿ ਦਿਲੋਂ ਧੰਨਵਾਦ ਕੀਤਾ।ਦਲਬੀਰ ਢਿੱਲੋਂ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਉਹ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨਾਲ ਨਿਭਾਉਣਗੇ ਅਤੇ ਹਲਕਾ ਧੂਰੀ ਵਿੱਚ ਪਾਰਟੀ ਦੀ ਜੜ੍ਹਾਂ ਨੂੰ ਹੋਰ ਮਜ਼ਬੂਤ ਕਰਨ ਲਈ ਦਿਨ-ਰਾਤ ਇੱਕ ਕਰ ਦੇਣਗੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਇੱਕ ਲੋਕਪੱਖੀ ਅਤੇ ਨਿੱਜੀ ਸਵਾਰਥ ਤੋਂ ਰਹਿਤ ਪਾਰਟੀ ਹੈ, ਜੋ ਸਿੱਧੇ ਤੌਰ 'ਤੇ ਆਮ ਲੋਕਾਂ ਦੇ ਹੱਕਾਂ ਦੀ ਗੱਲ ਕਰਦੀ ਹੈ। ਇਸੇ ਕਾਰਨ ਲੋਕਾਂ ਦਾ ਪਾਰਟੀ ਵੱਲ ਦਿਨੋਂ ਦਿਨ ਵਧ ਰਿਹਾ ਭਰੋਸਾ ਸਾਫ਼ ਨਜ਼ਰ ਆ ਰਿਹਾ ਹੈ।ਦਲਬੀਰ ਢਿੱਲੋਂ ਨੇ ਕਿਹਾ ਕਿ ਪੰਜਾਬ ਵਿੱਚ ਭਗਵੰਤ ਮਾਨ ਦੀ ਸਰਕਾਰ ਨੇ ਵਿੱਦਿਆ, ਸਿਹਤ, ਬਿਜਲੀ, ਨੌਕਰੀਆਂ ਅਤੇ ਕੁਰੱਪਸ਼ਨ ਖਿਲਾਫ਼ ਲੜਾਈ ਵਿੱਚ ਜੋ ਇਤਿਹਾਸਕ ਕੰਮ ਕੀਤੇ ਹਨ, ਉਹ ਪੰਜਾਬ ਦੇ ਲੋਕਾਂ ਲਈ ਨਵਾਂ ਯੁੱਗ ਲੈ ਕੇ ਆਏ ਹਨ।

## ਨਵਨਿਯੁਕਤ ਅਹੁਦੇਦਾਰਾਂ ਨੂੰ ਦਿੱਤੀ ਵਧਾਈ

**ਫਿਰੋਜ਼ਪੁਰ (ਗੁਰਬਚਨ ਸਿੰਘ)**-ਹਾਲ ਹੀ ਵਿੱਚ ਕਾਂਗਰਸ ਪਾਰਟੀ ਵੱਲੋਂ ਨਵੇਂ ਚੁਣੇ ਗਏ ਕਾਂਗਰਸ ਐਸ ਸੀ ਡਿਪਾਰਟਮੈਂਟ ਫਿਰੋਜ਼ਪੁਰ ਦੇ ਸੀਨੀਅਰ ਜ਼ਿਲ੍ਹਾ ਵਾਇਸ ਚੇਅਰਮੈਨ ਕੁਲਦੀਪ ਸਿੰਘ ਧੀਰਾ ਪੱਤਰਾਂ ਅਤੇ ਕਾਂਗਰਸ ਐਸ ਸੀ ਡਿਪਾਰਟਮੈਂਟ ਫਿਰੋਜ਼ਪੁਰ ਦੇ ਵਾਇਸ ਚੇਅਰਮੈਨ ਦਾ ਬਲਾਕ ਮਮਦੋਟ ਦੀ ਲੀਡਰਸ਼ਿਪ ਵੱਲੋਂ ਲੱਡੂਆਂ ਨਾਲ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ ਗਈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ਨਵਨਿਯੁਕਤ ਕੁਲਦੀਪ ਸਿੰਘ ਧੀਰਾ ਪੱਤਰਾਂ ਅਤੇ ਸੋਨੂੰ ਗਿੱਲ ਨੇ ਕਿਹਾ ਕਿ ਬਲਾਕ ਮਮਦੋਟ ਦੀ ਕਾਂਗਰਸ ਪਾਰਟੀ ਦੀ ਲੀਡਰਸ਼ਿਪ ਵੱਲੋਂ ਮਣਾਮੂੰਹੀ ਦਿੱਤੇ ਜਾ ਰਹੇ ਪਿਆਰ ਅਤੇ ਮਾਣ ਸਤਿਕਾਰ ਦੇ ਅੱਗੇ ਸਿਰ ਝੁਕਦਾ ਹੈ ਜੋ ਕਿ ਕਾਂਗਰਸ ਪਾਰਟੀ ਦੀ ਸਰਕਾਰ ਆਉਣ 'ਤੇ ਬਣਦਾ ਮਾਣ ਸਨਮਾਨ ਕੀਤਾ ਜਾਵੇਗਾ। ਇਸ ਮੌਕੇ ਨਿਸ਼ਾਨ ਸਿੰਘ ਅਰਮਾਨਪੁਰਾ, ਗੁਰਪ੍ਰੀਤ ਸਿੰਘ ਗਿੱਲ ਕਟੋਰਾ, ਮਨਪ੍ਰੀਤ ਸਿੰਘ, ਯੂਥ ਕਾਂਗਰਸ ਮਮਦੋਟ ਦੇ ਬਲਾਕ ਪ੍ਰਧਾਨ ਬਾਜ਼ ਸਿੰਘ ਐਮ ਸੀ, ਮਹਿੰਦਰ ਪਾਲ ਗਿੱਲ, ਹਰਜਿੰਦਰ ਸਿੰਘ ਭੱਟੀ, ਬਲਜਿੰਦਰ ਸਿੰਘ ਲਾਲ ਥਿੰਦ, ਇਕਬਾਲ ਸਿੰਘ ਸਰਪੰਚ ਤੋਂ ਇਲਾਵਾ ਹੋਰ ਪਤਵੰਤੇ ਹਾਜ਼ਰ ਸਨ।

## ਏ ਡੀ ਸੀ ਵੱਲੋਂ ਸਬ-ਡਵੀਜ਼ਨ ਨਾਭਾ ਦੀਆਂ ਡਰੇਨਾਂ ਦਾ ਜਾਇਜ਼ਾ



**ਨਾਭਾ (ਵਰਿੰਦਰ ਵਰਮਾ)**-ਵਧੀਕ ਡਿਪਟੀ ਕਮਿਸ਼ਨਰ (ਜ) ਇਸ਼ਾ ਸਿੰਗਲ ਨੇ ਨਾਭਾ ਸਬ ਡਵੀਜ਼ਨ ਵਿੱਚੋਂ ਲੰਘਦੀ ਰੋਹਟੀ ਡਰੇਨ, ਨਾਭਾ ਡਰੇਨ ਤੇ ਭੌੜੇ ਸਾਈਫ਼ਨ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਨਾਲ ਐੱਸ.ਡੀ.ਐੱਮ. ਨਾਭਾ ਡਾ. ਇਸਮਤ ਵਿਜੈ ਸਿੰਘ ਮੌਜੂਦ ਸਨ।ਦੌਰੇ ਦੌਰਾਨ ਇਸ਼ਾ ਸਿੰਗਲ ਨੇ ਰੋਹਟੀ ਡਰੇਨ ਤੇ ਨਾਭਾ ਡਰੇਨ ਦੀ ਸਫ਼ਾਈ ਦੇ ਚੱਲ ਰਹੇ ਕੰਮ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਟਿਆਲਾ ਜ਼ਿਲ੍ਹੇ ਦੀਆਂ ਸਾਰੀਆਂ ਡਰੇਨਾਂ, ਸਾਈਫ਼ਨ ਤੇ ਨਦੀਆਂ-ਨਾਲਿਆਂ ਦੀ ਸਫ਼ਾਈ ਕਰਵਾਈ ਜਾ ਰਹੀ ਹੈ ਤਾਂ ਜੋ ਬਰਸਾਤਾਂ ਦੇ ਮੌਸਮ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।ਏ.ਡੀ.ਸੀ. ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਰਸਾਤਾਂ ਦੇ ਮੌਸਮ ਵਿੱਚ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਮਾਈਕਰੋ ਪਲਾਨ ਬਣਾਇਆ ਗਿਆ ਹੈ, ਜਿਸ ਤਹਿਤ ਪਿੰਡਾਂ ਦੇ ਸਾਰੇ ਟੋਭਿਆਂ ਦੀ ਸਫ਼ਾਈ ਕੀਤੀ ਗਈ ਹੈ ਤਾਂ ਜੋ ਬਰਸਾਤਾਂ ਦੇ ਮੌਸਮ ਵਿੱਚ ਸੀਟ ਫਲੋ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।ਇਸ਼ਾ ਸਿੰਗਲ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ ਹੈ ਤੇ ਲੋਕ ਅਫ਼ਵਾਹਾਂ ਤੋਂ ਸੁਚੇਤ ਰਹਿਣ ਤੇ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਨੂੰ ਅੱਗੇ ਸ਼ੇਅਰ ਕਰਨ ਤੋਂ ਪਹਿਲਾਂ ਵੈਰੀਫਾਈ ਜ਼ਰੂਰ ਕਰਨ, ਤਾਂ ਜੋ ਲੋਕਾਂ ਵਿੱਚ ਬੇਲੋੜਾ ਡਰ ਦਾ ਮਾਹੌਲ ਪੈਦਾ ਨਾ ਹੋਵੇ।ਇਸ ਮੌਕੇ ਡਿਪਟੀ ਸੀ.ਈ.ਓ. ਜ਼ਿਲ੍ਹਾ ਪ੍ਰੀਸ਼ਦ ਅਮਨਦੀਪ ਕੌਰ, ਡਰੇਨੇਜ ਵਿਭਾਗ ਤੇ ਬੀ.ਡੀ.ਪੀ.ਓ. ਦਫ਼ਤਰ ਨਾਭਾ ਦੇ ਅਧਿਕਾਰੀ ਮੌਜੂਦ ਸਨ।

## ਫਿਰੌਤੀ ਦੇ ਮਾਮਲੇ 'ਚ ਪਰਚਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਘੱਲ ਖੁਰਦ ਅਧੀਨ ਆਉਂਦੇ ਕਸਬਾ ਮੁੱਦਕੀ ਵਿਖੇ ਇੱਕ ਵਿਅਕਤੀ ਦਾ ਜਾਨੀ ਮਾਲੀ ਨੁਕਸਾਨ ਕਰਨ ਦਾ ਫਿਰੌਤੀ ਦੇਣ ਦੇ ਮਾਮਲੇ ਵਿੱਚ ਪੁਲਸ ਨੇ ਇੱਕ ਵਿਅਕਤੀ ਖਿਲਾਫ 56, 117 (2) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਹਰਦੀਪ ਸਿੰਘ ਸੇਖੋਂ ਪੁੱਤਰ ਸੂਬਾ ਸਿੰਘ ਵਾਸੀ ਮੁੱਦਕੀ ਨੇ ਦੱਸਿਆ ਕਿ ਕਮਲ ਕੁਮਾਰ ਪੁੱਤਰ ਲਛਮਣ ਕੁਮਾਰ ਵਾਸੀ ਵਾਰਡ ਨੰਬਰ 09 ਮੁੱਦਕੀ ਵਗੈਰਾ ਦੋਸ਼ੀ ਨੇ ਉਸ ਦਾ ਤੇ ਉਸ ਦੇ ਪਰਵਾਰ ਦਾ ਜਾਨੀ-ਮਾਲੀ ਨੁਕਸਾਨ ਕਰਨ ਲਈ ਕਾਬਲ ਸਿੰਘ ਦੇ ਨਾਂਅ ਦੇ ਵਿਅਕਤੀ ਨੂੰ ਫਿਰੌਤੀ ਦਿੱਤੀ ਹੈ, ਜੋ ਮੈਨੂੰ ਇਹ ਗੱਲ ਕਾਬਲ ਸਿੰਘ ਤੋਂ ਪਤਾ ਲੱਗੀ ਹੈ, ਜੋ ਉਕਤ ਦੋਸ਼ੀ ਨੇ 50 ਹਜ਼ਾਰ ਰੁਪਏ ਦੀ ਫਿਰੌਤੀ ਦਿੱਤੀ ਹੈ, ਜਿਸ 'ਚੋਂ 20 ਹਜ਼ਾਰ ਰੁਪਏ ਕਾਬਲ ਸਿੰਘ ਨੂੰ ਪਹਿਲਾਂ ਦੇ ਚੁੱਕਾ ਹੈ, ਜੋ ਇਹ ਗੱਲ ਮੈਨੂੰ ਕਾਬਲ ਸਿੰਘ ਨੇ ਦੱਸੀ ਹੈ, ਜਿਸ ਦੀ ਉਸ ਪਾਸ ਵੀਡੀਓ ਵੀ ਹੈ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਪੁਲਸ ਨੇ ਦੋਸ਼ੀ ਕਮਲ ਕੁਮਾਰ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਨਗਰ ਪਾਲਿਕਾ ਦੀ ਪ੍ਰਧਾਨਗੀ ਨੂੰ ਲੈ ਕੇ ਭਾਜਪਾ ਆਗੂਆਂ ਦੀ ਫੁੱਟ ਜੱਗ ਜ਼ਾਹਰ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਉਪ ਮੰਡਲ ਕਾਲਾਂਵਾਲੀ ਦੀਆਂ ਲਗਭਗ 9 ਸਾਲਾਂ ਬਾਅਦ ਹੋ ਰਹੀਆਂ ਨਗਰ ਪਾਲਿਕਾ ਚੋਣਾਂ 29 ਜੂਨ ਨੂੰ ਹੋਣਗੀਆਂ ਅਤੇ ਵੋਟਾਂ ਦੀ ਗਿਣਤੀ 30 ਜੂਨ ਨੂੰ ਹੋਵੇਗੀ। ਜਿਸ ਦੇ ਚਲਦੇ ਰਾਜਨੀਤਿਕ ਗਤੀਵਿਧੀਆਂ ਸਿਖਰਾਂ 'ਤੇ ਹਨ। ਪਿਛਲੇ ਦਿਨੀਂ ਹਰਿਆਣਾ ਸਰਕਾਰ ਦੇ ਕੈਬਨਿਟ ਮੰਤਰੀ ਰਣਬੀਰ ਗੰਗਵਾ ਭਾਜਪਾ ਉਮੀਦਵਾਰ ਸੁਨੀਲ ਕੁਮਾਰ ਉਰਫ਼ ਟੀਸ਼ੂ ਪ੍ਰਧਾਨ ਦੇ ਸਮਰਥਨ ਵਿੱਚ ਪ੍ਰਚਾਰ ਹਿਤ ਕਾਲਾਂਵਾਲੀ ਪਹੁੰਚੇ। ਜਿਥੇ ਉਹ ਸਥਾਨਕ ਪੱਤਰਕਾਰਾਂ ਵਲੋਂ ਪੁੱਛੇ ਸਵਾਲ ਜਿਵੇਂ ਸਥਾਨਕ ਭਾਜਪਾ ਆਗੂਆਂ ਦੀ ਗੈਰਹਾਜ਼ਰੀ, ਸੰਗਠਨ ਵਿੱਚ ਤੋੜ-ਫੋੜ, ਟਿਕਟਾਂ ਦੀ ਵੰਡ ਨੂੰ ਲੈ ਕੇ ਪਾਰਟੀ ਆਗੂਆਂ ਦੀ ਨਾਰਾਜ਼ਗੀ, ਪਿਛਲੇ 10 ਸਾਲ ਤੋਂ ਭਾਜਪਾ ਦੀ ਸਰਕਾਰ ਦੇ ਹੁੰਦੇ ਮੰਡੀ ਕਾਲਾਂਵਾਲੀ ਮੁਢਲੀਆਂ ਸਹੂਲਤਾਂ ਤੋਂ ਵਾਂਝਾ, ਲੋਕਾਂ ਨੂੰ ਪੀਣ ਵਾਲੇ ਨਹਿਰੀ ਪਾਣੀ ਦੀ ਥਾਂ ਟਿਊਬਵੈਲਾਂ ਦਾ ਖਾਰਾ ਪਾਣੀ, ਮੀਂਹ ਪੈਣ 'ਤੇ ਅਨਾਜ ਮੰਡੀ ਦਾ ਛੱਪੜ ਵਾਂਗ ਭਰਨਾ, ਨਸ਼ਿਆਂ ਦਾ ਹੱਬ ਬਣ ਚੁੱਕੀ ਮੰਡੀ ਅਤੇ ਸਰਕਾਰੀ ਭ੍ਰਿਸ਼ਟਾਚਾਰ ਆਦਿ ਸਵਾਲਾਂ ਦੇ ਉਤਰ ਵਿਚ ਜਨ ਸਿਹਤ ਮੰਤਰੀ ਗੰਗਵਾ ਇਹ ਕਹਿ ਕੇ ਟਾਲਦੇ ਰਹੇ ਕਿ ਇਸ ਵਾਰ ਸਾਡੀ ਪਾਰਟੀ ਦਾ ਪ੍ਰਧਾਨ ਬਣਨ 'ਤੇ ਉਕਤ ਸਮੱਸਿਆਵਾਂ ਹੱਲ ਕੀਤੀਆਂ ਜਾਣਗੀਆਂ। ਦਰਅਸਲ ਭਾਜਪਾ ਆਗੂ ਪ੍ਰਧਾਨ ਅਹੁਦੇ ਲਈ ਟਿਕਟ ਵੰਡ ਨੂੰ ਲੈ ਕੇ ਨਰਾਜ਼ ਹਨ ਅਤੇ ਪਾਰਟੀ ਸਥਾਨਕ ਆਗੂਆਂ ਨੂੰ ਇਕਜੁੱਟ ਕਰਨ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਹੈ। ਪਰ ਦੂਜੇ ਪਾਸੇ ਭਾਜਪਾ ਉਮੀਦਵਾਰ ਸੁਨੀਲ ਕੁਮਾਰ ਉਰਫ਼ ਟੀਸ਼ੂ ਪ੍ਰਧਾਨ ਦੇ ਮੁਕਾਬਲੇ ਚੋਣ ਵਿਚ ਨਿੱਤਰੇ ਕਾਂਗਰਸ ਸਮਰਥਕ ਉਮੀਦਵਾਰ ਮਹੇਸ਼ ਕੁਮਾਰ ਝੋਰੜ ਦੇ ਚੋਣ ਪ੍ਰਚਾਰ ਨੂੰ ਕਾਲਾਂਵਾਲੀ ਦੇ ਸਾਰੇ 17 ਵਾਰਡਾਂ ਵਿਚੋਂ ਭਾਰੀ ਸਮਰਥਨ ਮਿਲਣ ਕਾਰਨ ਚੋਣ ਮੁਕਾਬਲਾ ਦਿਲਚਸਪ ਬਣ ਗਿਆ ਹੈ।

## ਚੇਅਰਮੈਨ ਜੱਸੀ ਨੇ ਗਰਾਊਂਡ ਦੀ ਚਾਰਦੀਵਾਰੀ ਦਾ ਕੀਤਾ ਉਦਘਾਟਨ



**ਨਾਭਾ (ਵਰਿੰਦਰ ਵਰਮਾ)**-ਪਿੰਡ ਅਲੌਹਰਾਂ ਕਲਾਂ ਵਿਖੇ ਸੱਚਖੰਡ ਵਾਸੀ ਸ੍ਰੀਮਾਨ ਸੰਤ ਬਾਬਾ ਸੁਖਦੇਵ ਸਿੰਘ ਜੀ ਦੀ ਯਾਦ ਵਿੱਚ ਬਣੇ ਖੂਹੀ ਸਾਹਿਬ ਖੇਡ ਗਰਾਊਂਡ ਦੀ ਨਵੀਂ ਬਣੀ ਚਾਰਦੀਵਾਰੀ ਦਾ ਉਦਘਾਟਨ ਜ਼ਿਲ੍ਹਾ ਪਲੈਨਿੰਗ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਆਪਣੇ ਕਰ ਕਮਲਾਂ ਨਾਲ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਅੰਦਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਪਿੰਡਾਂ ਵਿੱਚ ਮੁੜ ਤੋਂ ਯੂਥ ਕਲੱਬ ਬਣਾ ਕੇ ਉਨਾਂ ਨੂੰ ਸੁਰਜੀਤ ਕੀਤਾ ਜਾ ਰਿਹਾ ਹੈ।ਨੌਜਵਾਨਾਂ ਦੇ ਖੇਡਣ ਲਈ ਪਿੰਡਾਂ ਤੇ ਸ਼ਹਿਰਾਂ ਵਿੱਚ ਨਵੇਂ ਖੇਡ ਗਰਾਊਂਡ ਬਣਾਏ ਜਾ ਰਹੇ ਹਨ ਅਤੇ ਨਰੋਈ ਸਿਹਤ ਬਣਾਉਣ ਲਈ ਜ਼ਿੰਮਾਂ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ।ਇਸ ਮੌਕੇ ਪਿੰਡ ਦੀ ਪੰਚਾਇਤ ਅਤੇ ਕਲੱਬ ਅਹੁਦੇਦਾਰਾਂ ਨੇ ਗ੍ਰਾਂਟ ਦੇਣ 'ਤੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਸ ਮੌਕੇ ਪਿੰਡ ਦੇ ਸਰਪੰਚ ਕਿਰਨਪਾਲ ਕੌਰ ਤੇ ਉਨ੍ਹਾਂ ਦੇ ਪਤੀ ਬਹਾਦਰ ਸਿੰਘ, ਆਪ ਆਗੂ ਗੁਰਪ੍ਰੀਤ ਸਿੰਘ ਜੋਗਾ ਪੰਚ, ਸੁਰਿੰਦਰਪਾਲ ਸਿੰਘ ਪੰਚ, ਨਿਰਭੈ ਸਿੰਘ ਪੰਚ, ਗੁਰਜੰਟ ਸਿੰਘ ਪੰਚ, ਬਲਵਿੰਦਰ ਕੌਰ ਪੰਚ, ਹਰਮੇਲ ਕੌਰ ਤੇ ਮਨਜੀਤ ਕੌਰ ਪੰਚ, ਬਾਬਾ ਸੰਤ ਸਿੰਘ ਅਲੌਹਰਾਂ, ਗੁਰਵਿੰਦਰ ਸਿੰਘ ਛੰਨਾ, ਗੁਰਮੀਤ ਸਿੰਘ ਭੋਜੋਮਾਜਰੀ, ਗੁਰਬਖਸ਼ ਸਿੰਘ ਛੰਨਾ, ਸਤਿੰਦਰ ਸਿੰਘ, ਨਿਰਮਲ ਸਿੰਘ, ਜਤਿੰਦਰ ਸਿੰਘ ਕਕਰਾਲਾ, ਗੁਰਵੀਰ ਸਿੰਘ, ਪਰਮਿੰਦਰ ਸਿੰਘ ਭੰਗੂ ਆਦਿ ਵੀ ਮੌਜੂਦ ਸਨ।

## 400 ਗ੍ਰਾਮ ਅਫੀਮ ਸਮੇਤ 2 ਨੌਜਵਾਨ ਗ੍ਰਿਫਤਾਰ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਨੂੰ ਲੈ ਕੇ ਲਗਾਤਾਰ ਸਫਲਤਾ ਮਿਲ ਰਹੀ ਹੈ, ਜਿਸ ਦੇ ਤਹਿਤ ਨਾਭਾ ਕੋਤਵਾਲੀ ਦੇ ਐੱਸ ਐੱਚ ਓ ਸਰਬਜੀਤ ਸਿੰਘ ਚੀਮਾ ਦੀ ਅਗਵਾਈ ਵਿੱਚ ਗਸ਼ਤ ਦੌਰਾਨ 2 ਨੌਜਵਾਨਾਂ ਕੋਲੋਂ 400 ਗ੍ਰਾਮ ਅਫੀਮ ਬਰਾਮਦ ਕੀਤੀ ਗਈ ਹੈ।ਇਨ੍ਹਾਂ ਦੋਨਾਂ ਦੀ ਪਹਿਚਾਣ ਦੀਪਕ ਸੰਗਰੂਰ ਦਾ ਰਹਿਣ ਵਾਲਾ ਹੈ ਤੇ ਦੂਜਾ ਵਿਅਕਤੀ ਕੁਲਦੀਪ ਸਿੰਘ ਵਾਸੀ ਪਿੰਡ ਜਖੇਪਲ ਦਾ ਰਹਿਣ ਵਾਲਾ ਹੈ।ਇਸ ਮੌਕੇ ਨਾਭਾ ਕੋਤਵਾਲੀ ਪੁਲਸ ਦੇ ਐੱਸ ਐੱਚ ਓ ਸਰਬਜੀਤ ਸਿੰਘ ਚੀਮਾ ਨੇ ਕਿਹਾ ਕਿ ਪੁਲਸ ਵੱਲੋਂ ਦੋ ਹਫਤੇ ਦੌਰਾਨ 900 ਗ੍ਰਾਮ ਅਫੀਮ ਬਰਾਮਦ ਕੀਤੀ ਗਈ।ਬੀਤੇ ਹਫਤੇ ਨਾਭਾ ਕੋਤਵਾਲੀ ਪੁਲਸ ਵੱਲੋਂ 500 ਗ੍ਰਾਮ ਅਫੀਮ ਸਮੇਤ ਚਾਰ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਸੀ ਤੇ ਅੱਜ ਦੋ ਵਿਅਕਤੀਆਂ ਨੂੰ 400 ਗ੍ਰਾਮ ਅਫੀਮ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ।ਐੱਸ ਐੱਚ ਓ ਸਰਬਜੀਤ ਸਿੰਘ ਚੀਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਦੇ ਚੱਲਦਿਆਂ ਲਗਾਤਾਰ ਅਸੀਂ ਨਸ਼ਾ ਤਸਕਰਾਂ ਖਿਲਾਫ ਵੱਡੀ ਕਾਰਵਾਈ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਇਹ ਦੋ ਦੋਸਤ ਨਸ਼ਾ ਤਸਕਰੀ ਦਾ ਕੰਮ ਕਰਦੇ ਹਨ ਤੇ ਇਨ੍ਹਾਂ ਨੂੰ 400 ਗ੍ਰਾਮ ਅਫੀਮ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਰਿਮਾਂਡ ਤੋਂ ਬਾਅਦ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰਾਂਗੇ ਕਿ ਇਹ ਅਫੀਮ ਕਿੱਥੋਂ ਲਿਆਉਂਦੇ ਸੀ ਤੇ ਇਨ੍ਹਾਂ ਦੇ ਨਾਲ ਹੋਰ ਕੌਣ ਵਿਅਕਤੀ ਸ਼ਾਮਲ ਹਨ ਅਤੇ ਇਹ ਅਫੀਮ ਇਨ੍ਹਾਂ ਨੇ ਕਿੱਥੇ ਵੇਚਣੀ ਸੀ।ਅਸੀਂ ਇਨ੍ਹਾਂ ਵਿਅਕਤੀਆਂ ਖਿਲਾਫ 18/61/85 ਐਨਡੀਪੀਐਸ ਐਕਟ ਅਧੀਨ ਮਾਮਲਾ ਦਰਜ ਕਰ ਲਿਆ ਹੈ।

## ਸਰਕਾਰ ਸੱਚ ਦੀ ਅਵਾਜ਼ ਨੂੰ ਦਬਾਉਣਾ ਚਾਹੁੰਦੀ ਐ : ਮਲੂਕਾ ਮਜੀਠੀਆ ਦੀ ਗ੍ਰਿਫਤਾਰੀ ਦੀ ਪੁਰਜ਼ੋਰ ਨਿੰਦਾ



**ਬਠਿੰਡਾ (ਰਾਜੀਵ ਗੋਇਲ)**-ਵਿਜੀਲੈਂਸ ਵੱਲੋਂ ਸੀਨੀਅਰ ਅਕਾਲੀ ਆਗੂ ਬਿਕਰਮਜੀਤ ਸਿੰਘ ਮਜੀਠਿਆ ਦੀ ਗ੍ਰਿਫਤਾਰੀ ਤੋਂ ਬਾਅਦ ਅਕਾਲੀ ਦਲ ਖੇਮੇ ਵਿੱਚ ਗੁੱਸੇ ਦੀ ਲਹਿਰ ਦਿਖਾਈ ਦੇ ਰਹੀ ਹੈ ਤੇ ਇਸ ਗ੍ਰਿਫਤਾਰੀ ਤੋਂ ਬਾਅਦ ਗੱਲਬਾਤ ਕਰਦਿਆਂ ਅਕਾਲੀ ਦਲ ਦੇ ਸੀਨੀਅਰ ਆਗੂ ਸਿਕੰਦਰ ਸਿੰਘ ਮਲੂਕਾ ਨੇ ਕਿਹਾ ਕਿ 'ਸਰਕਾਰ ਆਪਣੀਆਂ ਨਾਕਾਮੀਆਂ ਛੁਪਾਉਣ ਲਈ ਸੱਚ ਦੀ ਅਵਾਜ਼ ਨੂੰ ਦਬਾਉਣਾ ਚਾਹੁੰਦੀ ਹੈ', ਜਿਹੜਾ ਕਿ ਸਰਕਾਰ ਵੱਲੋਂ ਚੁੱਕਿਆ ਗਿਆ ਨਖਿੱਧ ਕਦਮ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਬਦਲਾਖੋਰੀ 'ਤੇ ਉੱਤਰ ਆਈ ਹੈ ਅਤੇ ਇਸ ਤਰ੍ਹਾਂ ਆਗੂਆਂ ਨੂੰ ਨਿਸ਼ਾਨਾ ਬਣਾਉਣਾ ਵਾਜਿਬ ਨਹੀਂ ਹੈ।ਉਧਰ ਦੂਜੇ ਪਾਸੇ ਆਪਣਾ ਗੁੱਸਾ ਜ਼ਾਹਰ ਕਰਦੇ ਹੋਏ ਸਾ. ਚੇਅਰਮੈਨ ਗਗਨਦੀਪ ਗਰੇਵਾਲ ਨੇ ਮਜੀਠਿਆ ਦੀ ਗ੍ਰਿਫਤਾਰੀ ਦੀ ਨਿੰਦਾ ਕਰਦੇ ਹੋਏ ਕਿਹਾ ਕਿ ਸਰਕਾਰ ਲੋਕਾਂ ਦੇ ਮੁੱਦਿਆਂ ਵੱਲ ਧਿਆਨ ਦੇਵੇ ਤੇ ਜਿਹੜੇ ਵਾਅਦੇ ਕਰਕੇ ਆਪ ਵੱਲੋਂ ਸਰਕਾਰ ਬਣਾਈ ਗਈ ਹੈ, ਉਨ੍ਹਾਂ ਵਾਅਦਿਆਂ ਨੂੰ ਪੂਰਾ ਕਰਨ ਵੱਲ ਸਰਕਾਰ ਧਿਆਨ ਦੇਵੇ।ਇਸ ਮੌਕੇ ਹਰਿੰਦਰ ਸਿੰਘ ਮਹਿਰਾਜ, ਮਨਜੀਤ ਸਿੰਘ ਧੁੰਨਾ, ਸੁਖਜਿੰਦਰ ਸਿੰਘ ਹਾਜ਼ਰ ਸਨ।

## ਐੱਮ ਬੀ ਬੀ ਐੱਸ ਇੰਟਰਨਜ਼ ਵੱਲੋਂ ਸ਼ਾਂਤਮਈ ਵਿਰੋਧ ਪ੍ਰਦਰਸ਼ਨ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ/ਕਾਲਜ ਦੇ ਐੱਮ ਬੀ ਬੀ ਐੱਸ ਬੈਚ 2020 ਦੇ ਇੰਟਰਨ ਡਾਕਟਰਾਂ ਤੇ ਸੂਬੇ ਦੇ ਵੱਖ-ਵੱਖ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਕਾਲੇ ਰਿਬਨ ਪਾ ਕੇ ਸ਼ਾਂਤਮਈ ਢੰਗ ਨਾਲ ਰੋਸ ਪ੍ਰਦਰਸ਼ਨ ਕੀਤਾ ਗਿਆ।ਜ਼ਿਕਰਯੋਗ ਹੈ ਕਿ ਇਹ ਵਿਰੋਧ ਡਾਕਟਰਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਮੂਲ ਭੁਗਤਾਨ ਤੇ ਨੀਤੀਆਂ ਸਬੰਧੀ ਮੰਗਾਂ ਨੂੰ ਲੈ ਕੇ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇੰਟਰਨਜ਼ ਨੂੰ ਮਾਤਰ 500/-ਰੁਪਏ ਪ੍ਰਤੀ ਦਿਨ ਦਿੱਤਾ ਜਾ ਰਿਹਾ ਹੈ, ਜਦਕਿ ਉਨ੍ਹਾਂ ਵੱਲੋਂ ਸਰਕਾਰੀ ਕਾਲਜਾਂ ਵਿੱਚ 10 ਲੱਖ ਰੁਪਏ ਜਾਂ ਇਸ ਤੋਂ ਵੀ ਵੱਧ ਦੀ ਫੀਸ ਅਦਾ ਕੀਤੀ ਗਈ ਹੈ।ਉਨ੍ਹਾਂ ਐੱਮ ਬੀ ਬੀ ਐੱਸ ਦੀ ਲਗਾਤਾਰ ਵਧ ਰਹੀ ਫੀਸ 'ਤੇ ਵੀ ਚਿੰਤਾ ਜ਼ਾਹਰ ਕੀਤੀ, ਨਾਲ ਹੀ 2025 ਬੈਚ ਤੋਂ ਲਾਗੂ ਹੋਣ ਵਾਲੀ 2 ਸਾਲ ਦੀ ਬਾਂਡ ਨੀਤੀ ਦਾ ਵਿਰੋਧ ਵੀ ਕੀਤਾ ਗਿਆ, ਇਸ ਨੂੰ ਉਹ ਭਾਰੀ ਬੋਝ ਮੰਨਦੇ ਹਨ।ਇਹ ਪ੍ਰਦਰਸ਼ਨ ਸਿਰਫ਼ ਇੱਕ ਸੰਕੇਤ ਸੀ ਕਿ ਉਨ੍ਹਾਂ ਦੀਆਂ ਆਵਾਜ਼ਾਂ ਨੂੰ ਅਧਿਕਾਰੀਆਂ ਤੱਕ ਪਹੁੰਚਾਇਆ ਜਾਵੇ।

## ਰੋਇਲ ਕਲੱਬ ਦੀ ਮੀਟਿੰਗ 'ਚ ਭਵਿੱਖੀ ਯੋਜਨਾਵਾਂ 'ਤੇ ਚਰਚਾ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਰੋਇਲ ਕਲੱਬ ਧੂਰੀ ਦੇ ਮੈਂਬਰਾਂ ਦੀ ਪ੍ਰਧਾਨ ਸੁਰਿੰਦਰ ਪਾਲ ਸਿੰਘ ਨੀਟਾ ਦੀ ਅਗਵਾਈ ਹੇਠ ਸਥਾਨਕ ਨਿੱਜੀ ਹੋਟਲ ਵਿੱਚ ਹੋਈ ਮੀਟਿੰਗ ਵਿੱਚ ਕਲੱਬ ਦੇ ਸਾਰੇ ਮੈਂਬਰਾਂ ਨੇ ਭਰਪੂਰ ਹਿੱਸਾ ਲਿਆ ਤੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਸਮਾਜ ਭਲਾਈ ਦੇ ਕੰਮਾਂ ਨੂੰ ਲੈ ਕੇ ਵਿਚਾਰ ਵਟਾਂਦਰਾ ਕੀਤਾ।ਮੀਟਿੰਗ ਦੌਰਾਨ ਇਹ ਤਹਿ ਕੀਤਾ ਗਿਆ ਕਿ ਕਲੱਬ ਵੱਲੋਂ ਹਰ ਮਹੀਨੇ ਦੀ 25 ਤਰੀਕ ਨੂੰ ਨਿਯਮਤ ਮੀਟਿੰਗ ਕੀਤੀ ਜਾਵੇਗੀ, ਜਿਸ ਵਿੱਚ ਆਉਣ ਵਾਲੀਆਂ ਯੋਜਨਾਵਾਂ, ਸਮਾਜਿਕ ਸੇਵਾ ਦੇ ਕਾਰਜ ਤੇ ਕਲੱਬ ਦੀ ਸਰਗਰਮੀ ਨੂੰ ਲੈ ਕੇ ਚਰਚਾ ਹੋਵੇਗੀ।ਕਲੱਬ ਮੈਂਬਰਾਂ ਨੇ ਕਿਹਾ ਕਿ ਰੋਇਲ ਕਲੱਬ ਸਮਾਜਿਕ ਜ਼ਿੰਮੇਵਾਰੀ ਨੂੰ ਸਮਝਦਿਆਂ ਵੱਖ ਵੱਖ ਖੇਤਰਾਂ ਜਿਵੇਂ ਕਿ ਸਿਹਤ, ਸਿੱਖਿਆ, ਵਾਤਾਵਰਣ ਦੀ ਸਾਂਭ ਸੰਭਾਲ, ਨਸ਼ਾ ਮੁਕਤੀ ਦੇ ਮਾੜੇ ਪ੍ਰਭਾਵਾਂ ਤੋਂ ਲੋਕਾਂ ਨੂੰ ਜਾਣੂ ਕਰਵਾਉਣ ਤੇ ਲੋੜਵੰਦਾਂ ਦੀ ਸਹਾਇਤਾ ਵੱਲ ਆਪਣਾ ਯੋਗਦਾਨ ਪਾਉਣ ਲਈ ਵਚਨਬੱਧ ਹੈ। ਕਲੱਬ ਵੱਲੋਂ ਜਲਦੀ ਹੀ ਖ਼ੂਨਦਾਨ ਕੈਂਪ, ਵਿਦਿਆਰਥੀਆਂ ਲਈ ਸਹਾਇਤਾ ਯੋਜਨਾ ਤੇ ਵਾਤਾਵਰਣ ਬਚਾਅ ਲਈ ਰੁੱਖ ਲਗਾਓ ਮੁਹਿੰਮ ਦੀ ਸ਼ੁਰੂਆਤ ਕੀਤੀ ਜਾਵੇਗੀ।ਇਸ ਮੌਕੇ ਸੁਰਿੰਦਰਪਾਲ ਸਿੰਘ ਨੀਟਾ, ਰਵਿੰਦਰ ਕੋਹਲੀ, ਅਸ਼ੋਕ ਕੁਮਾਰ, ਸੰਜੀਵ ਕੁਮਾਰ, ਜਤਿੰਦਰ ਕੁਮਾਰ, ਰਾਮ ਗੋਪਾਲ, ਅਨਿਲ ਕੁਮਾਰ ਲੱਬੂ, ਸਤਨਾਮ ਸਿੰਘ, ਹਰਦੀਪ ਸਿੰਘ ਸਰਪੰਚ ਦੌਲਤਪੁਰ, ਮਿੰਟੂ ਨਾਗਪਾਲ, ਸੰਦੀਪ ਸਿੰਗਲਾ, ਹਨੀ, ਸੁਰੇਸ਼ ਸ਼ਰਮਾ, ਜਿਮੀ ਗਰਗ, ਕ੍ਰਿਸ਼ਨ ਕੁਮਾਰ, ਐੱਮ ਸੀ ਭੁਪਿੰਦਰ ਸਿੰਘ, ਮਲਕੀਤ ਸਿੰਘ ਚਾਂਗਲੀ ਤੇ ਵਾਸੂ ਗਰਗ ਸਮੇਤ ਕਈ ਹੋਰ ਮੈਂਬਰ ਹਾਜ਼ਰ ਸਨ।ਆਖ਼ਰ 'ਚ ਸਾਰੇ ਮੈਂਬਰਾਂ ਨੇ ਕਲੱਬ ਦੀ ਪ੍ਰਗਤੀ ਲਈ ਆਪਣੇ-ਆਪਣੇ ਕੀਮਤੀ ਸੁਝਾਅ ਵੀ ਪੇਸ਼ ਕੀਤੇ।

## ਸ਼੍ਰੋਮਣੀ ਕਮੇਟੀ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਮਤਿ ਸਮਾਗਮ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ ਦਿਹਾੜੇ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ।

ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਭਾਈ ਵਿਸ਼ਾਲ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਭਾਈ ਵਿਸ਼ਾਲ ਸਿੰਘ ਨੇ ਸੰਗਤਾਂ ਨਾਲ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਦੇ ਲਾਸਾਨੀ ਇਤਿਹਾਸ ਬਾਰੇ ਵਿਚਾਰਾਂ ਕੀਤੀਆਂ। ਉਨ੍ਹਾਂ ਸਿੱਖ ਨੌਜਵਾਨੀ ਨੂੰ ਬਾਬਾ ਬੰਦਾ ਸਿੰਘ ਬਹਾਦਰ ਦੇ ਜੀਵਨ ਤੋਂ ਸੇਧ ਲੈਣ ਦੀ ਪ੍ਰੇਰਣਾ ਕੀਤੀ। ਇਸ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਧਾਰਮਿਕ ਦੀਵਾਨ ਵੀ ਸਜਾਏ ਗਏ। ਇਸ ਮੌਕੇ ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਭਗਵੰਤ ਸਿੰਘ ਧੰਗੇੜਾ, ਵਧੀਕ ਮੈਨੇਜਰ ਗੁਰਪ੍ਰੀਤ ਸਿੰਘ, ਬਿਕਰਮਜੀਤ ਸਿੰਘ, ਯੁਵਰਾਜ ਸਿੰਘ, ਮੀਤ ਮੈਨੇਜਰ ਗੁਰਤਿੰਦਰਪਾਲ ਸਿੰਘ ਕਾਦੀਆਂ, ਲਾਲ ਸਿੰਘ ਤੇ ਹੋਰ ਹਾਜ਼ਰ ਸਨ।

## ਟੀ ਐੱਸ ਯੂ ਤੇ ਠੇਕਾ ਮੁਲਾਜ਼ਮ ਜਥੇਬੰਦੀਆਂ ਨੇ ਪਾਵਰਕਾਮ ਮੈਨੇਜਮੈਂਟ ਖਿਲਾਫ ਧਰਨੇ ਉਪਰੰਤ ਦਿੱਤਾ ਮੰਗ ਪੱਤਰ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਟੈਕਨੀਕਲ ਸਰਵਿਸਜ਼ ਯੂਨੀਅਨ ਰਜਿ. ਅਤੇ ਕੋਆਰਡੀਨੇਸ਼ਨ ਕਮੇਟੀ ਆਫ ਪਾਵਰਕਾਮ ਐਂਡ ਟਰਾਂਸਕੋ ਆਊਟਸੋਰਸਡ ਮੁਲਾਜ਼ਮਾਂ ਵੱਲੋਂ ਨਿੱਜੀਕਰਨ ਦੇ ਵਿਰੋਧ ਵਿੱਚ ਸਬ ਅਰਬਨ ਸਰਕਲ ਅੰਮ੍ਰਿਤਸਰ ਵਿਖੇ ਟੀ.ਐੱਸ.ਯੂ. ਦੇ ਸਰਕਲ ਪ੍ਰਧਾਨ ਮਲਕੀਅਤ ਸਿੰਘ ਸੈਂਸਰਾ ਅਤੇ ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਦੇ ਸਰਕਲ ਪ੍ਰਧਾਨ ਸੁਖਪ੍ਰੀਤ ਸਿੰਘ ਦੀ ਸਾਂਝੀ ਪ੍ਰਧਾਨਗੀ ਹੇਠ ਧਰਨਾ ਦਿੱਤਾ ਗਿਆ। ਧਰਨੇ ਨੂੰ ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਨਿੱਜੀਕਰਨ ਦੇ ਮਾਰੂ ਹੱਲੇ ਦੇ ਮੁਲਾਜ਼ਮ, ਪੈਨਸ਼ਨਰ ਅਤੇ ਆਮ ਖਪਤਕਾਰਾਂ 'ਤੇ ਪੈਣ ਵਾਲੇ ਅਸਰਾਂ ਦੀ ਚਰਚਾ ਕੀਤੀ। ਆਗੂਆਂ ਨੇ ਮਿਸਾਲ ਦਿੰਦਿਆਂ ਕਿਹਾ ਕਿ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਵਿਖੇ ਪਾਵਰ ਕਾਰਪੋਰੇਸ਼ਨ ਨੂੰ ਨਿੱਜੀ ਕੰਪਨੀ ਐਮੀਨੈਂਟ ਹਵਾਲੇ ਕਰਕੇ ਉੱਥੋਂ ਦੇ ਰੈਗੂਲਰ ਤੇ ਠੇਕਾ ਮੁਲਾਜ਼ਮਾਂ ਦਾ ਵੱਡੀ ਪੱਧਰ ਤੇ ਰੁਜ਼ਗਾਰ ਉਜਾੜਿਆ ਜਾ ਰਿਹਾ ਹੈ। ਪੈਨਸ਼ਨਰਾਂ ਦੀ ਪੈਨਸ਼ਨ ਦੀ ਗਰੰਟੀ ਤੋਂ ਵੀ ਸਰਕਾਰ ਅਤੇ ਕੰਪਨੀ ਨੇ ਹੱਥ ਪਿੱਛੇ ਖਿੱਚਿਆ ਹੈ, ਕੰਪਨੀ ਨੇ ਮੁਨਾਫ਼ੇ ਕਮਾਉਣ ਲਈ ਉੱਥੇ ਦੇ ਖਪਤਕਾਰਾਂ 'ਤੇ ਮਹਿੰਗੀ ਬਿਜਲੀ ਦਾ ਭਾਰ ਲੱਦਿਆ ਗਿਆ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਵੀ ਮੁਕੰਮਲ ਤੌਰ ਤੇ ਪੰਜਾਬ ਦੀਆਂ 10 ਡਵੀਜ਼ਨਾਂ ਦਾ ਨਿੱਜੀਕਰਨ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ, ਜਿਸ ਦੀ ਲਾਲੜੂ ਅਤੇ ਖਰੜ ਡਵੀਜ਼ਨਾਂ ਤੋਂ ਸ਼ੁਰੂਆਤ ਕਰਨ ਦੀਆਂ ਤਜਵੀਜ਼ਾਂ ਮੁਕੰਮਲ ਕਰ ਲਈਆਂ ਗਈਆਂ ਸਨ, ਪਰ ਬਿਜਲੀ ਕਾਮਿਆਂ ਦੇ ਵਿਰੋਧ ਕਾਰਨ ਭਾਵੇਂ ਫਿਲਹਾਲ ਰੋਕ ਲਿਆ ਗਿਆ ਹੈ, ਪਰ ਨੀਤੀ ਨੂੰ ਰੱਦ ਨਹੀਂ ਕੀਤਾ ਗਿਆ। ਆਗੂਆਂ ਵੱਲੋਂ ਇਸ ਨੀਤੀ ਦੀ ਜ਼ੋਰਦਾਰ ਨਿਖੇਧੀ ਕੀਤੀ ਗਈ ਅਤੇ ਮੰਗ ਕੀਤੀ ਗਈ ਕਿ ਨਿੱਜੀਕਰਨ ਦੀ ਲੋਕ ਮਾਰੂ ਨੀਤੀ ਮੁਕੰਮਲ ਰੂਪ ਵਿੱਚ ਰੱਦ ਕੀਤੀ ਜਾਵੇ, ਬਿਜਲੀ ਐਕਟ 2003 ਤੇ 2022 ਰੱਦ ਕੀਤੇ ਜਾਣ, ਆਊਟਸੋਰਸਿੰਗ ਠੇਕਾ ਪ੍ਰਣਾਲੀ ਬੰਦ ਕੀਤੀ ਜਾਵੇ, ਆਊਟਸੋਰਸ ਕੰਪਨੀਆਂ ਨੂੰ ਵਿਭਾਗ ਵਿੱਚੋਂ ਬਾਹਰ ਕੱਢ ਕੇ ਠੇਕਾ ਕਾਮਿਆਂ ਨੂੰ ਮਹਿਕਮੇ ਵਿੱਚ ਸ਼ਾਮਲ ਕਰਕੇ ਰੈਗੂਲਰ ਕੀਤਾ ਜਾਵੇ, ਵਧੇ ਕੰਮ ਭਾਰ ਮੁਤਾਬਕ ਅਸਾਮੀਆਂ ਦੀ ਰਚਨਾ ਕਰਕੇ ਰੈਗੂਲਰ ਭਰਤੀ ਕੀਤੀ ਜਾਵੇ, ਘੱਟੋ ਘੱਟ ਉਜਰਤ ਦੇ ਕਾਨੂੰਨ 1948 ਮੁਤਾਬਕ 15ਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਨੂੰ ਸ਼ਾਮਲ ਕਰਕੇ ਤਨਖਾਹ ਨਿਸਚਿਤ ਕੀਤੀ ਜਾਵੇ, ਨਵੇਂ ਬਣਾਏ 4 ਲੇਬਰ ਕੋਡ ਰੱਦ ਕਰਕੇ ਪਹਿਲੇ ਲੇਬਰ ਕਾਨੂੰਨ ਬਹਾਲ ਕੀਤੇ ਜਾਣ, ਕੰਮ ਦਿਹਾੜੀ ਅੱਠ ਘੰਟੇ ਤੋਂ 12 ਘੰਟੇ ਕਰਨ ਦੇ ਹੁਕਮ ਰੱਦ ਕੀਤੇ ਜਾਣ, ਜਥੇਬੰਦ ਹੋਣ ਅਤੇ ਸੰਘਰਸ਼ ਕਰਨ ਤੇ ਮੜ੍ਹੀਆਂ ਪਾਬੰਦੀਆਂ ਖਤਮ ਕੀਤੀਆਂ ਜਾਣ, ਸੀ.ਐੱਚ.ਬੀ. ਕਾਮਿਆਂ ਦੀਆਂ ਠੇਕੇਦਾਰ ਤਬਦੀਲ ਹੋਣ ਦੇ ਬਹਾਨੇ ਹੇਠ ਕੀਤੀਆਂ ਜਾ ਰਹੀਆਂ ਛਾਂਟੀਆਂ ਨੂੰ ਤੁਰੰਤ ਬੰਦ ਕੀਤਾ ਜਾਵੇ, 2004 ਤੋਂ ਬਾਅਦ ਭਰਤੀ ਹੋਏ ਸਾਰੇ ਮੁਲਾਜ਼ਮਾਂ ਉੱਪਰ ਪਹਿਲੀ ਲਾਭਕਾਰੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, 2011 ਤੋਂ ਬਾਅਦ ਭਰਤੀ ਰੈਗੂਲਰ ਮੁਲਾਜ਼ਮਾਂ, ਠੇਕਾ ਕਾਮਿਆਂ ਸਮੇਤ ਪੈਨਸ਼ਨਰਾਂ ਨੂੰ ਬਿਜਲੀ ਯੂਨਿਟਾਂ ਵਿੱਚ ਰਿਆਇਤ ਦਿੱਤੀ ਜਾਵੇ। ਧਰਨੇ ਉਪਰੰਤ ਨਿਗਰਾਨ ਇੰਜੀਨੀਅਰ ਸਬ ਅਰਬਨ ਸਰਕਲ ਅਤੇ ਨਿਗਰਾਨ ਇੰਜੀਨੀਅਰ ਪੀ. ਤੇ ਐਮ. ਨੂੰ ਮੈਨੇਜਮੈਂਟ ਦੇ ਨਾਂਅ ਤੇ ਮੰਗ ਪੱਤਰ ਦਿੱਤਾ ਗਿਆ। ਆਗੂਆਂ ਕਿਹਾ ਕਿ ਮੈਨੇਜਮੈਂਟ ਨੇ ਨਿੱਜੀਕਰਨ ਦੇ ਹੱਲੇ ਨੂੰ ਬੰਦ ਨਾ ਕੀਤਾ ਤਾਂ 3 ਜੁਲਾਈ ਨੂੰ ਹੈੱਡ ਆਫਿਸ ਪਟਿਆਲਾ ਸਾਹਮਣੇ ਪਰਿਵਾਰਾਂ ਸਮੇਤ ਵਿਸ਼ਾਲ ਧਰਨਾ ਦਿੱਤਾ ਜਾਵੇਗਾ ਅਤੇ 9 ਜੁਲਾਈ ਨੂੰ ਦੇਸ਼ ਵਿਆਪੀ ਹੜਤਾਲ ਵਾਲੇ ਦਿਨ ਹੜਤਾਲ ਕੀਤੀ ਜਾਵੇਗੀ। ਧਰਨੇ ਦੀ ਹਮਾਇਤ ਵਿੱਚ ਪੈਨਸ਼ਨਰ ਐਸੋਸੀਏਸ਼ਨ ਤੇ ਭਰਾਤਰੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੇ ਭਰਵੀਂ ਸ਼ਮੂਲੀਅਤ ਕੀਤੀ। ਧਰਨੇ ਨੂੰ ਵੱਖ-ਵੱਖ ਬੁਲਾਰਿਆਂ ਸੂਬਾ ਪ੍ਰਧਾਨ ਕਿਸ਼ਨ ਸਿੰਘ ਔਲਖ, ਕੁੰਦਨ ਲਾਲ, ਜਸਬੀਰ ਸਿੰਘ ਧੰਗਈ, ਰਘਬੀਰ ਸਿੰਘ ਮਜੀਠਾ, ਬਲਜੀਤ ਸਿੰਘ, ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਦੇ ਆਗੂ ਜਸਪਾਲ ਸਿੰਘ, ਰਕੇਸ਼ ਕੁਮਾਰ, ਪੈਨਸ਼ਨਰ ਆਗੂ ਕਰਮ ਸਿੰਘ, ਰਾਮ ਲੁਭਾਇਆ, ਬੀ.ਕੇ.ਯੂ. ਉਗਰਾਹਾਂ ਦੇ ਆਗੂ ਕਸ਼ਮੀਰ ਸਿੰਘ ਧੰਗਈ, ਬਘੇਲ ਸਿੰਘ, ਬੀ.ਕੇ.ਯੂ. ਦੀ ਔਰਤ ਆਗੂ ਪਰਮਜੀਤ ਕੌਰ ਨੇ ਸੰਬੋਧਨ ਕੀਤਾ। ਸਟੇਜ ਦੀ ਕਾਰਵਾਈ ਸੁਖਪਾਲ ਸਿੰਘ ਮਜੀਠਾ ਨੇ ਨਿਭਾਈ।

## ਧਾਮੀ ਨੇ ਬਾਬਾ ਬੰਦਾ ਸਿੰਘ ਬਹਾਦਰ ਨੂੰ ਵੀਰ ਬੰਦਾ ਬੈਰਾਗੀ ਲਿਖਣ 'ਤੇ ਸਖ਼ਤ ਇਤਰਾਜ਼ ਪ੍ਰਗਟਾਇਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ ਦਿਹਾੜੇ ਮੌਕੇ ਹਰਿਆਣਾ ਸਰਕਾਰ ਵੱਲੋਂ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਜਾਰੀ ਕੀਤੇ ਇਸ਼ਤਿਹਾਰ ਵਿਚ ਉਨ੍ਹਾਂ ਨੂੰ 'ਵੀਰ ਬੰਦਾ ਬੈਰਾਗੀ' ਲਿਖਣ 'ਤੇ ਸਖ਼ਤ ਇਤਰਾਜ਼ ਪ੍ਰਗਟ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਦੀ ਇਹ ਕਾਰਵਾਈ ਜਿਥੇ ਸਿੱਖ ਸਿਧਾਂਤਾਂ ਅਤੇ ਬਾਬਾ ਬੰਦਾ ਸਿੰਘ ਬਹਾਦਰ ਦੇ ਜੀਵਨ ਤੇ ਸ਼ਹਾਦਤ ਦਾ ਅਪਮਾਨ ਹੈ, ਉਥੇ ਇਸ ਨਾਲ ਸਿੱਖ ਭਾਵਨਾਵਾਂ ਨੂੰ ਵੀ ਗਹਿਰੀ ਸੱਟ ਵੱਜੀ ਹੈ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਥਾਪੜਾ ਲੈ ਮੁਗਲ ਸਾਮਰਾਜ ਦਾ ਮੁਕਾਬਲਾ ਕੀਤਾ ਅਤੇ ਉਨ੍ਹਾਂ ਦੀ ਅਗਵਾਈ ਵਿਚ ਸਿੱਖਾਂ ਨੇ ਜ਼ੁਲਮੀ ਹਕੂਮਤ ਦੀਆਂ ਜੜ੍ਹਾਂ ਪੁੱਟਦਿਆਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਦਾ ਬਦਲਾ ਲਿਆ। ਬਾਬਾ ਬੰਦਾ ਸਿੰਘ ਬਹਾਦਰ ਨੇ ਪਹਿਲੇ ਸਿੱਖ ਰਾਜ ਦੀ ਸਥਾਪਨਾ ਕੀਤੀ ਅਤੇ ਜਗੀਰਦਾਰੀ ਪ੍ਰਥਾ ਨੂੰ ਖ਼ਤਮ ਕਰਕੇ ਕਿਸਾਨਾਂ ਨੂੰ ਜ਼ਮੀਨਾਂ ਦੇ ਮਾਲਕੀ ਹੱਕ ਦਿਵਾਏ, ਜੋ ਸਮਾਜਿਕ ਬਰਾਬਰੀ ਦੀ ਇਕ ਵੱਡੀ ਮਿਸਾਲ ਸਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਬੈਰਾਗੀ ਬਾਣਾ ਤਿਆਗ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਸਿੱਖ ਬਣੇ ਸਨ ਅਤੇ ਉਨ੍ਹਾਂ ਨੂੰ 'ਵੀਰ ਬੰਦਾ ਬੈਰਾਗੀ' ਕਹਿਣਾ ਇਤਿਹਾਸਕ ਸਚਾਈ ਨੂੰ ਤੋੜ-ਮਰੋੜ ਕੇ ਪੇਸ਼ ਕਰਦਾ ਹੈ। ਅਜਿਹਾ ਸਾਜ਼ਿਸ਼ ਤਹਿਤ ਸਿੱਖਾਂ ਦੀ ਮੌਲਿਕਤਾ ਅਤੇ ਅੱਡਰੀ ਪਛਾਣ ਨੂੰ ਖੰਡਤ ਕਰਨ ਲਈ ਜਾਣਬੁੱਝ ਕੇ ਕੀਤਾ ਜਾ ਰਿਹਾ ਜਾਪਦਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਦੀ ਇਹ ਹਰਕਤ ਸਿੱਖ ਇਤਿਹਾਸ ਦੀ ਗਲਤ ਵਿਆਖਿਆ ਕਰਨ ਵਾਲੀ ਅਤੇ ਸਿੱਖ ਸ਼ਹੀਦਾਂ ਦਾ ਵੱਡਾ ਅਪਮਾਨ ਹੈ।

## ਧਰਮੀ ਫੌਜੀਆਂ ਦੀ ਯਾਦਗਾਰ ਬਣਾਉਣ 'ਚ ਕੋਈ ਕਮੀ ਨਹੀਂ ਆਉਣ ਦੇਵਾਂਗੇ: ਬਲਦੇਵ ਸਿੰਘ ਯੂ ਕੇ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਸਮੂਹ ਸਿੱਖ ਧਰਮੀ ਫੌਜੀ ਜੂਨ 1984 ਪਰਿਵਾਰ ਵੈੱਲਫੇਅਰ ਐਸੋਸੀਏਸ਼ਨ ਰਜਿ. ਦੇ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਦੀ ਅਗਵਾਈ ਹੇਠ ਧਰਮੀ ਫੌਜੀਆਂ ਦੀ ਅਹਿਮ ਮੀਟਿੰਗ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਭਾਈ ਬਲਦੇਵ ਸਿੰਘ ਯੂ.ਕੇ ਵਾਲਿਆਂ ਨੇ ਧਰਮੀ ਫੌਜੀਆਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਧਰਮੀ ਫੌਜੀਆਂ ਨੂੰ ਯੂ.ਕੇ ਦੀਆਂ ਤੇ ਯੂਰਪ ਦੀਆਂ ਸਿੱਖ ਸੰਗਤਾਂ ਵਲੋਂ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ। ਭਾਈ ਬਲਦੇਵ ਸਿੰਘ ਯੂ.ਕੇ. ਨੇ ਕਿਹਾ ਕਿ ਜੂਨ 1984 ਦੌਰਾਨ ਬੈਰਕਾਂ ਛੱਡ ਕੇ ਆਪਣੀਆਂ ਨੌਕਰੀਆਂ ਅਤੇ ਪਰਵਾਰਾਂ ਦੀ ਪਰਵਾਹ ਨਾ ਕਰਦੇ ਹੋਏ ਧਰਮ ਅਤੇ ਕੌਮ ਦੀ ਖਾਤਰ ਸ੍ਰੀ ਅੰਮ੍ਰਿਤਸਰ ਵੱਲ ਕੂਚ ਕਰਨ ਵਾਲੇ ਸਿੱਖ ਧਰਮੀ ਫੌਜੀਆਂ ਦੀਆਂ ਕੁਰਬਾਨੀਆਂ ਦਾ ਇਤਿਹਾਸ ਆਉਣ ਵਾਲੀਆਂ ਪੀੜ੍ਹੀਆਂ ਤੱਕ ਯਾਦ ਰਹੇਗਾ। ਸਿੱਖ ਧਰਮੀ ਫੌਜੀਆਂ ਦੀ ਯਾਦਗਾਰ ਅਬੋਹਰ ਮਲੋਟ ਰੋਡ ਬਾਈਪਾਸ 'ਤੇ ਬਣਾਉਣ ਲਈ ਜਲਦ ਜ਼ਮੀਨ ਖਰੀਦੀ ਜਾਵੇਗੀ ਅਤੇ ਯਾਦਗਾਰ ਨੂੰ ਜਲਦ ਤਿਆਰ ਕਰਵਾਇਆ ਜਾਵੇਗਾ। ਭਾਈ ਬਲਦੇਵ ਸਿੰਘ ਯੂ.ਕੇ ਨੇ ਕਿਹਾ ਕਿ ਇਸ ਇਤਿਹਾਸਕ ਯਾਦਗਾਰ ਬਣਾਉਣ ਵਿੱਚ ਯੂ.ਕੇ ਤੇ ਯੂਰਪ ਦੀਆਂ ਸਿੱਖ ਸੰਗਤਾਂ ਵਲੋਂ ਕੋਈ ਕਮੀਂ ਨਹੀਂ ਆਉਣ ਦਿੱਤੀ ਜਾਵੇਗੀ। ਐਸੋਸੀਏਸ਼ਨ ਦੇ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਦੱਸਿਆ ਕਿ ਬੈਰਕਾਂ ਛੱਡ ਕੇ ਸ੍ਰੀ ਅੰਮ੍ਰਿਤਸਰ ਨੂੰ ਜਾਂਦੇ ਸਮੇਂ ਕਈ ਧਰਮੀ ਫੌਜੀ ਸ਼ਹੀਦ ਹੋਏ, ਕਈਆਂ ਦੇ ਅੰਗ ਨਕਾਰਾ ਹੋਏ ਅਤੇ ਕਈ ਧਰਮੀ ਫੌਜੀਆਂ ਨੇ ਵੱਖ ਵੱਖ ਤਰ੍ਹਾਂ ਦੇ ਤਸੀਹੇ ਝੱਲੇ। ਪਰ ਧਰਮੀ ਫੌਜੀਆਂ ਦੀਆਂ ਕੁਰਬਾਨੀਆਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਣਗੌਲਿਆ ਜਾ ਰਿਹਾ ਹੈ ਅਤੇ ਧਰਮੀ ਫੌਜੀਆਂ ਨੂੰ ਇਨਸਾਫ ਦੇਣ ਦੀ ਬਜਾਏ ਕੈਟਾਗਿਰੀਆਂ ਵਿੱਚ ਵੰਡਿਆ ਜਾ ਰਿਹਾ ਹੈ। ਪ੍ਰਧਾਨ ਬਲਦੇਵ ਸਿੰਘ ਨੇ ਦੱਸਿਆ ਧਰਮੀ ਫੌਜੀਆਂ ਵੱਲੋਂ ਹੁਣ ਆਪਣੇ ਪੱਧਰ 'ਤੇ ਅਬੋਹਰ ਮਲੋਟ ਰੋਡ ਬਾਈਪਾਸ ਤੇ ਧਰਮੀ ਫੌਜੀਆਂ ਦੀ ਯਾਦਗਾਰ ਉਸਾਰਨ ਦਾ ਫੈਸਲਾ ਲਿਆ ਹੈ। ਉਨ੍ਹਾਂ ਨੇ ਦੇਸ਼ ਵਿਦੇਸ਼ਾਂ ਦੀਆਂ ਸਮੂਹ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਕਿ ਧਰਮ ਅਤੇ ਕੌਮ ਦੀ ਖਾਤਰ ਕੁਰਬਾਨੀਆਂ ਦੇਣ ਵਾਲੇ ਧਰਮੀ ਫੌਜੀਆਂ ਦਾ ਯਾਦਗਾਰ ਬਣਾਉਣ ਵਿੱਚ ਸਹਿਯੋਗ ਕਰਨ। ਮੀਟਿੰਗ ਵਿੱਚ ਐਸੋਸੀਏਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਰਣਧੀਰ ਸਿੰਘ, ਮੁੱਖ ਬੁਲਾਰਾ ਬਲਕਾਰ ਸਿੰਘ, ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਸਵਿੰਦਰ ਸਿੰਘ ਸੋਹੀ, ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਗੁਲਜਾਰ ਸਿੰਘ, ਕਰਨੈਲ ਸਿੰਘ ਮਾਨ, ਕੈਪਟਨ ਜਰਨੈਲ ਸਿੰਘ, ਸੂਬੇਦਾਰ ਮੇਜਰ ਬਲਵਿੰਦਰ ਸਿੰਘ, ਸੰਤੋਖ ਸਿੰਘ, ਸੁਜਾਨ ਸਿੰਘ, ਸੁਵਿੰਦਰ ਸਿੰਘ ਕੱਲੂ ਸੋਹਲ ਆਦਿ ਧਰਮੀ ਫੌਜੀ ਸ਼ਾਮਲ ਸਨ।

## ਭਗਤ ਕਬੀਰ ਯੂਥ ਕਲੱਬ ਫੱਜੂਪੁਰ ਨੇ ਸਤਿਗੁਰੂ ਕਬੀਰ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)- ਭਗਤ ਕਬੀਰ ਯੂਥ ਕਲੱਬ ਫੱਜੂਪੁਰ (ਧਾਰੀਵਾਲ) ਵਲੋਂ ਸਤਿਗੁਰ ਕਬੀਰ ਜੀ ਦਾ 627ਵਾਂ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾਪੂਰਵਕ ਮਨਾਇਆ ਗਿਆ। ਇਸ ਸਬੰਧੀ ਸਮਾਗਮ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਭਾਈ ਜਗਰੂਪ ਸਿੰਘ ਕਲਿਆਣਪੁਰ ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਨੇ ਸਤਿਗੁਰ ਕਬੀਰ ਜੀ ਦੀ ਕ੍ਰਾਂਤੀਕਾਰੀ ਬਾਣੀ ਤੇ ਕਥਾ ਵਿਚਾਰਾਂ ਰਾਹੀਂ ਸੰਗਤ ਨੂੰ ਵਹਿਮਾਂ ਭਰਮਾਂ ਅਤੇ ਕਰਮਕਾਂਡਾਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਭਗਤ ਕਬੀਰ ਯੂਥ ਕਲੱਬ ਫੱਜੂਪੁਰ ਦੇ ਅਹੁਦੇਦਾਰ ਪਵਨ ਕੁਮਾਰ ਪੈਨੀ, ਪ੍ਰਿੰਸ ਭਗਤ, ਚਰਨਜੀਤ ਚੰਨੀ, ਰਵੀ ਤਲਵਾੜ, ਦਵਿੰਦਰ ਕੁਮਾਰ, ਮਨਦੀਪ ਸਿੰਘ ਉਦੇ, ਦਲੀਪ ਕੁਮਾਰ ਤੋਂ ਇਲਾਵਾ ਪਿੰਡ ਦੇ ਸਰਪੰਚ ਰਾਮ ਸਵਰੂਪ, ਪੰਕਜ ਲੇਹਲ, ਪ੍ਰਬੰਧਕ ਕਮੇਟੀ ਸਤਿਗੁਰ ਕਬੀਰ ਮੰਦਰ ਫੱਜੂਪੁਰ ਦੇ ਪ੍ਰਧਾਨ ਅਸ਼ਵਨੀ ਫੱਜੂਪੁਰ, ਸੈਕਟਰੀ ਗੁਰਬਚਨ ਸਿੰਘ ਜ਼ਿਲ੍ਹੇਦਾਰ, ਸੀਨੀਅਰ ਮੀਤ ਪ੍ਰਧਾਨ ਪ੍ਰੇਮਪਾਲ ਪੰਮਾ, ਕੈਸੀਅਰ ਪ੍ਰੇਮ ਭਗਤ, ਸਾਂਈ ਦਾਸ ਭਗਤ, ਪ੍ਰੇਮ ਸਿੰਘ ਬੇਦੀ ਕਲੋਨੀ, ਹਰੀ ਰਾਮ ਭਗਤ, ਰਾਜ ਕੁਮਾਰ ਥਾਣੇਦਾਰ, ਨੰਬਰਦਾਰ ਕੀਮਤੀ ਲਾਲ, ਸ਼ਮਸ਼ੇਰ ਸਿੰਘ ਲੇਹਲ, ਨਵਨੀਤ ਸਿੰਘ, ਇੰਦਰਦੇਵ ਲੱਡਾ ਆਦਿ ਆਗੂਆਂ ਸਮੇਤ ਸੰਗਤਾਂ ਹਾਜ਼ਰ ਸਨ।

### ਡਿਪਟੀ ਕਮਿਸ਼ਨਰ ਨੇ ਲਗਾਈ ਕਬੂਤਰਬਾਜ਼ੀ ਮੁਕਾਬਲਿਆਂ 'ਤੇ ਰੋਕ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਕਬੂਤਰਬਾਜ਼ੀ ਮੁਕਾਬਲੇ ਕਰਵਾਉਣ ਉੱਤੇ ਪੂਰਨ ਤੌਰ 'ਤੇ ਪਾਬੰਦੀ ਲਗਾ ਦਿੱਤੀ ਹੈ। ਇਹ ਹੁਕਮ 25 ਅਗਸਤ 2025 ਤੱਕ ਲਾਗੂ ਰਹਿਣਗੇ। ਜਾਰੀ ਕੀਤੇ ਹੁਕਮਾਂ ਵਿੱਚ ਉਹਨਾਂ ਦੱਸਿਆ ਕਿ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਪੰਜਾਬ ਵੱਲੋਂ ਪ੍ਰਾਪਤ ਹੋਏ ਪੱਤਰ ਅਨੁਸਾਰ ਐਨੀਮਲ ਵੈਲਫੇਅਰ ਬੋਰਡ ਆਫ ਇੰਡੀਆ ਨੂੰ ਇਸ ਸਬੰਧੀ ਸ਼ਿਕਾਇਤਾਂ ਆ ਰਹੀਆਂ ਸਨ ਕਿ ਕਬੂਤਰਬਾਜ਼ੀ ਮੁਕਾਬਲਿਆਂ ਦੌਰਾਨ ਪੀ ਸੀ ਏ ਐਕਟ 1960 ਦੇ ਸੈਕਸ਼ਨ ਤਿੰਨ ਅਤੇ 11 ਦੀ ਘੋਰ ਉਲੰਘਣਾ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਸੁਪਰੀਮ ਕੋਰਟ ਵੱਲੋਂ ਵੀ ਇਹ ਸਪੱਸ਼ਟ ਕੀਤਾ ਗਿਆ ਹੈ ਕਿ ਇਸ ਤਰ੍ਹਾਂ ਦੇ ਮੁਕਾਬਲੇ ਅਪਰਾਧਕ ਗਤੀਵਿਧੀਆਂ ਵਿੱਚ ਸ਼ਾਮਲ ਹਨ।

## ਨਾਲਾ ਬੰਦ ਹੋਣ ਕਾਰਨ ਰਿਹਾਇਸ਼ੀ ਲੋਕ ਤੇ ਦੁਕਾਨਦਾਰ ਪ੍ਰੇਸ਼ਾਨ

ਗੁਰਦਾਸਪੁਰ (ਜਨਕ ਮਹਾਜਨ)- ਗੁਰਦਾਸਪੁਰ ਵਾਸੀ ਇਕ ਵਿਅਕਤੀ ਵੱਲੋਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਲਿਖਤੀ ਸ਼ਿਕਾਇਤ ਵਿੱਚ ਕਿਹਾ ਗਿਆ ਹੈ ਕਿ ਹਨੂੰਮਾਨ ਚੌਂਕ ਗੁਰਦਾਸਪੁਰ ਨੇੜੇ ਲਾਇਬ੍ਰੇਰੀ ਰੋਡ ਸਥਿਤ ਗੋਲਡਨ ਸਕੂਲ ਵਾਲੀ ਗਲੀ ਤੋਂ ਲੈ ਕੇ ਡਾਕਟਰ ਅਸ਼ੋਕ ਮਹਾਜਨ ਦੀ ਗਲੀ ਤੱਕ ਸੜਕ ਕੰਢੇ ਬਣਿਆ ਗੰਦੇ ਪਾਣੀ ਦੀ ਨਿਕਾਸੀ ਲਈ 600 ਫੁੱਟ ਦੇ ਕਰੀਬ ਲੰਬਾ ਨਾਲਾ ਪਿਛਲੇ ਕਈ ਸਾਲਾਂ ਤੋਂ ਬੰਦ ਹੈ, ਜਿਸ ਵਿਚ ਗੰਦਾ ਪਾਣੀ ਹਰ ਵੇਲੇ ਖੜ੍ਹਾ ਰਹਿੰਦਾ ਹੈ ਕਿਉਂ ਜੋ ਕਾਫ਼ੀ ਥਾਵਾਂ 'ਤੇ ਇਸ ਨਾਲੇ ਵਿਚ ਮਲਬਾ ਇਕੱਠਾ ਹੋਣ ਕਾਰਨ ਇਸ ਵਿਚ ਗੰਦੇ ਪਾਣੀ ਦਾ ਨਿਕਾਸ ਨਹੀਂ ਹੋ ਰਿਹਾ।

ਇਹ ਨਾਲਾ ਬਹੁਤ ਜਗ੍ਹਾ ਤੋਂ ਦੁਕਾਨਦਾਰਾਂ ਵੱਲੋਂ ਢਕਿਆ ਹੋਇਆ ਹੈ ਸਿਰਫ ਪੰਜਾਬ ਨੈਸ਼ਨਲ ਬੈਂਕ ਹਨੂੰਮਾਨ ਚੌਂਕ ਬ੍ਰਾਂਚ ਦੇ ਅੱਗੇ ਇਹ ਨਾਲਾ 30 ਫੁੱਟ ਦੇ ਕਰੀਬ ਅਣਢਕਿਆ ਹੋਣ ਕਾਰਨ ਇੱਥੇ ਨੇੜੇ ਤੇੜੇ ਛੋਲੇ-ਕੁਲਚੇ, ਨਾਨ, ਨਿਊਡਲ, ਫਾਸਟ ਫੂਡ ਅਤੇ ਡੋਸੇ ਆਦਿ ਰੇਹੜੀਆਂ ਵਾਲੇ ਆਪਣੀਆਂ ਰੇਹੜੀਆਂ ਦਾ ਸਾਰਾ ਗੰਦਾ ਪਾਣੀ ਤੇ ਬਚਿਆ ਖੁਚਿਆ ਖ਼ਾਣਾ ਨਾਲੇ ਵਿੱਚ ਸੁੱਟ ਦਿੰਦੇ ਹਨ ਜਿਸ ਕਰਕੇ ਭੈੜੀ ਬਦਬੂ ਆਉਂਦੀ ਰਹਿੰਦੀ ਹੈ ਅਤੇ ਹੁਣ ਬਰਸਾਤ ਦਾ ਮੌਸਮ ਵਿਚ ਮੀਂਹ ਦੇ ਪਾਣੀ ਕਾਰਨ ਨਾਲੇ ਵਿਚਲਾ ਗੰਦ ਬਾਹਰ ਸੜਕ 'ਤੇ ਆ ਜਾਵੇਗਾ। ਇਸ ਬਾਰੇ ਨਗਰ ਕੌਂਸਲ ਗੁਰਦਾਸਪੁਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਕਈ ਵਾਰੀ ਲਿਖਤੀ ਅਤੇ ਜ਼ੁਬਾਨੀ ਬੇਨਤੀਆਂ ਕਰਨ ਦੇ ਬਾਵਜੂਦ ਕੋਈ ਠੋਸ ਹੱਲ ਅਜੇ ਤੱਕ ਨਹੀਂ ਨਿਕਲਿਆ। ਨਾਲੇ ਕੰਢੇ ਵਸਦੇ ਲੋਕਾਂ ਦੀ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਹੈ ਕਿ ਇਸ ਨਾਲੇ ਨੂੰ ਜਾਂ ਤਾਂ ਚਾਲੂ ਕੀਤਾ ਜਾਵੇ ਜਾਂ ਫ਼ਿਰ ਪੱਕੇ ਤੌਰ 'ਤੇ ਬੰਦ ਕਰ ਦਿੱਤਾ ਜਾਵੇ।

## ਸੀਵਰੇਜ ਸਮੱਸਿਆ ਦਾ ਹੱਲ ਕਰਵਾਇਆ

ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਸ਼ਹਿਰ ਦੀਆਂ ਮੁਸ਼ਕਲਾਂ ਹੱਲ ਕੀਤੀਆਂ ਜਾ ਰਹੀਆਂ ਹਨ। ਇਹ ਪ੍ਰਗਟਾਵਾ ਕਰਦਿਆਂ ਮਾਨਿਕ ਮਹਿਤਾ, ਚੇਅਰਮੈਨ ਮਾਰਕਿਟ ਕਮੇਟੀ ਬਟਾਲਾ ਨੇ ਦੱਸਿਆ ਕਿ ਅੱਜ ਆਪਣੀ ਵਾਰਡ, ਜਿਥੇ ਲੋਕ ਲੰਬੇ ਸਮੇਂ ਤੋਂ ਸੀਵਰੇਜ ਦੀ ਮੁਸ਼ਕਲ ਦਾ ਸਾਹਮਣਾ ਕਰ ਰਹੇ ਸਨ, ਉਹ ਸਮੱਸਿਆ ਹੱਲ ਕਰ ਦਿੱਤੀ ਗਈ ਹੈ, ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਇਸ ਮੌਕੇ ਚੇਅਰਮੈਨ ਮਾਨਿਕ ਮਹਿਤਾ ਨੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਹਮੇਸ਼ਾ ਕੋਸ਼ਿਸ਼ ਹੁੰਦੀ ਹੈ ਕਿ ਹਲਕਾ ਵਾਸੀਆਂ ਦੀਆਂ ਮੁਸ਼ਕਲਾਂ ਪਹਿਲ ਦੇ ਆਧਾਰ 'ਤੇ ਹੱਲ ਕੀਤੀਆਂ ਜਾਣ, ਜਿਸ ਤਹਿਤ ਉਹ ਦਿਨ-ਰਾਤ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਹੱਲ ਕਰ ਰਹੇ ਹਨ। ਉਹਨਾਂ ਦੱਸਿਆ ਕਿ ਲੋਕਾਂ ਦੀ ਮੁਸ਼ਕਲ ਹੱਲ ਕਰਦਿਆਂ ਸ਼ਹਿਰ ਵਿਚਲੀਆਂ ਵਾਰਡਾਂ ਵਿੱਚ ਗਲੀਆਂ ਬਣਾਉਣ ਦਾ ਕੰਮ ਚੱਲ ਰਿਹਾ ਹੈ ਅਤੇ ਜਿਹਨਾਂ ਵਾਰਡਾਂ ਵਿੱਚ ਗਲੀਆਂ ਬਣਨ ਵਾਲੀਆਂ ਹਨ, ਉਥੇ ਵੀ ਕੰਮ ਜਲਦ ਸ਼ੁਰੂ ਕਰਵਾਏ ਜਾਣਗੇ।ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਕਰਵਾਏ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਚੇਅਰਮੈਨ ਮਾਨਿਕ ਮਹਿਤਾ ਨੇ ਦੱਸਿਆ ਕਿ ਟਰੈਫਿਕ ਦੀ ਸਮੱਸਿਆ ਤੋਂ ਲੋਕਾਂ ਨੂੰ ਨਿਜਾਤ ਪਾਉਣ ਦੇ ਮੰਤਵ ਨਾਲ ਸੜਕਾਂ ਨੂੰ ਚੌੜਿਆਂ ਕਰਨ ਦੇ ਨਾਲ ਬਿਜਲੀ ਦੇ ਖੰਭਿਆਂ ਨੂੰ ਸੜਕਾਂ ਦੇ ਕਿਨਾਰਿਆਂ ਤੋਂ ਹਟਾਇਆ ਗਿਆ ਹੈ। ਸ਼ਹਿਰ ਵਿੱਚ ਖ਼ੂਬਸੂਰਤ ਪਾਰਕ ਉਸਾਰਨ ਦੇ ਨਾਲ ਚੌਂਕਾਂ ਨੂੰ ਚੌੜਿਆਂ ਕੀਤਾ ਗਿਆ ਹੈ। ਮੁਹੱਲਾ ਕਲੀਨਿਕਾਂ ਰਾਹੀ ਮਰੀਜ਼ਾਂ ਦਾ ਮੁਫ਼ਤ ਇਲਾਜ ਚੱਲ ਰਿਹਾ ਹੈ। ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦੇਣ ਦੇ ਮੰਤਵ ਨਾਲ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ, ਜਿਸ ਦਾ ਜਲਦ ਉਦਘਾਟਨ ਕੀਤਾ ਜਾ ਰਿਹਾ ਹੈ

## ਐਸ ਐਚ ਓ ਵੱਲੋਂ ਨਸ਼ਾ ਵੇਚਣ ਵਾਲਿਆਂ ਨੂੰ ਸਖਤ ਤਾੜਨਾ

ਕਲਾਨੌਰ (ਮਨਦੀਪ ਕੋਹਲੀ)-ਸਥਾਨਕ ਪੁਲਸ ਥਾਣਾ ਕਲਾਨੌਰ ਵਿੱਚ ਐਸ ਐਚ ਓ ਸੁਰਿੰਦਰ ਪਾਲ ਸਿੰਘ ਵੱਲੋਂ ਬਤੌਰ ਥਾਣਾ ਮੁਖੀ ਦਾ ਅਹੁਦਾ ਸੰਭਾਲ ਲਿਆ ਗਿਆ ਹੈ। ਅਹੁਦਾ ਸੰਭਾਲਦਿਆਂ ਹੀ ਐਸ ਐਚ ਓ ਨੇ ਕਲਾਨੌਰ ਇਲਾਕੇ ਵਿੱਚ ਨਸ਼ਾ ਕਰਨ ਅਤੇ ਨਸ਼ਾ ਵੇਚਣ ਵਾਲਿਆਂ ਨੂੰ ਸਖਤ ਤਾੜਨਾ ਕਰਦੇ ਹੋਏ ਕਿਹਾ ਕਿ ਬਾਜ਼ ਆ ਜਾਓ ਨਹੀਂ ਤਾਂ ਕਰਾਂਗਾ ਸਖਤ ਕਾਰਵਾਈ, ਨਾਲ ਹੀ ਉਹਨਾਂ ਨੇ ਬੁਲਟ 'ਤੇ ਪਟਾਕੇ ਪਾਉਣ ਵਾਲੇ ਅਤੇ ਅਵਾਰਾਗਰਦੀ ਕਰਨ ਵਾਲੇ ਭੂੰਡ ਆਸ਼ਕਾਂ 'ਤੇ ਵੀ ਸ਼ਿਕੰਜਾ ਕੱਸਣ ਦੀ ਗੱਲ ਆਖੀ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵਾਹਨਾਂ ਦੇ ਕਾਗਜ਼ਾਤ ਪੂਰੇ ਰੱਖਣ ਤਾਂ ਜੋ ਉਹਨਾਂ ਨੂੰ ਕਿਸੇ ਵੀ ਕਾਨੂੰਨੀ ਪ੍ਰਕਿਰਿਆ 'ਚੋਂ ਨਾ ਗੁਜ਼ਰਨਾ ਪਵੇ। ਐਸ ਐਚ ਓ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੁਲਸ ਦਾ ਸਾਥ ਦੇਣ ਅਤੇ ਸੱਚੀ ਇਤਲਾਹ ਦੇਣ ਤਾਂ ਕਿ ਨਸ਼ਿਆਂ ਨੂੰ ਠੱਲ੍ਹ ਪਾਈ ਜਾ ਸਕੇ।

## ਨਗਰ ਨਿਗਮ ਨੇ ਸਫਾਈ ਵਿਵਸਥਾ ਨੂੰ ਲੈ ਕੇ 2 ਦੁਕਾਨਦਾਰਾਂ ਦੇ ਕੱਟੇ ਚਲਾਨ

**ਬਟਾਲਾ, ( ਡਾਕਟਰ ਮਲਵਿੰਦਰ ਸਿੰਘ)**- ਨਗਰ ਨਿਗਮ ਬਟਾਲਾ ਵਲੋਂ ਸ਼ਹਿਰ ਅੰਦਰ ਸਾਫ਼-ਸਫਾਈ ਨੂੰ ਲੈ ਕੇ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ, ਜਿਸ ਦੇ ਚੱਲਦਿਆਂ ਡੇਰਾ ਬਾਬਾ ਨਾਨਕ ਰੋਡ 'ਤੇ ਆਪਣੀਆਂ ਦੁਕਾਨਾਂ ਦੇ ਅੱਗੇ ਸਫਾਈ ਨਾ ਰੱਖਣ ਵਾਲੇ 2 ਦੁਕਾਨਦਾਰਾਂ ਦੇ ਚਲਾਨ ਕੱਟੇ ਗਏ ਹਨ।ਇਸ ਸਬੰਧੀ ਪ੍ਰਭਜੋਤ ਕੌਰ, ਇਨਫਰਮੇਸ਼ਨ ਐਜੂਕੇਸ਼ਨ ਕਮਿਓਨਿਕੇਸ਼ਨ ਅਤੇ ਕੇਪੈਸੀਟੀ ਬਿਲਡਿੰਗ ਐਕਸਪਰਟ ਨੇ ਦੱਸਿਆ ਕਿ ਵਿਕਰਮਜੀਤ ਸਿੰਘ ਪਾਂਥੇ, ਐਸ.ਡੀ.ਐਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਲਈ ਨਗਰ ਨਿਗਮ ਬਟਾਲਾ ਵੱਲੋਂ ਲਗਾਤਾਰ ਸ਼ਹਿਰ ਦੀ ਚੈਕਿੰਗ ਕੀਤੀ ਜਾ ਰਹੀ ਹੈ।

ਉਹਨਾਂ ਦੱਸਿਆ ਕਿ ਨਗਰ ਨਿਗਮ ਬਟਾਲਾ ਵਲੋਂ ਵਿਸ਼ੇਸ਼ ਟੀਮ ਗਠਿਤ ਕੀਤੀ ਗਈ ਹੈ, ਜਿਸ ਵਿੱਚ ਉਹਨਾਂ ਸਮੇਤ ਅਮਰੀਕ ਸਿੰਘ , ਕੁਲਦੀਪ ਸਿੰਘ, ਜਸਵਿੰਦਰ ਕੌਰ, ਸਵਰੂਪ ਸਿੰਘ ਅਤੇ ਰੋਹਿਤ ਸ਼ਾਮਲ ਹਨ, ਜਿਹਨਾਂ ਵਲੋਂ ਲਗਾਤਾਰ ਸ਼ਹਿਰ ਵਿੱਚ ਸਾਫ਼ ਸਫਾਈ ਸਬੰਧੀ ਚੈਕਿੰਗ ਕੀਤੀ ਜਾਂਦੀ ਹੈ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਦੁਕਾਨਾਂ ਦੇ ਬਾਹਰ ਕੂੜਾ ਨਾ ਸੁੱਟਣ, ਦੁਕਾਨਾਂ ਵਿੱਚ ਡਸਟਬਿਨ ਰੱਖੇ ਜਾਣ ਅਤੇ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਵਿੱਚ ਟੀਮ ਦਾ ਸਹਿਯੋਗ ਕੀਤਾ ਜਾਵੇ।

## ਭਾਈ ਤਰਲੋਚਨ ਸਿੰਘ ਸਠਿਆਲਾ ਨਾਲ ਦੁੱਖ ਦਾ ਪ੍ਰਗਟਾਵਾ

**ਬੁਤਾਲਾ (ਨਿਰਮਲ ਸਿੰਘ ਸੰਘਾ)**-ਗੁ: ਬੁੰਗਾ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਸਠਿਆਲਾ ਦੇ ਮੁੱਖ ਸੇਵਾਦਾਰ ਭਾਈ ਤਰਲੋਚਨ ਸਿੰਘ ਦੇ ਸਤਿਕਾਰਯੋਗ ਮਾਤਾ ਮਹਿੰਦਰ ਕੌਰ (95) ਪਤਨੀ ਸਵ: ਸੂਬੇਦਾਰ ਜਗੀਰ ਸਿੰਘ ਆਪਣੇ ਸਵਾਸਾਂ ਦੀ ਪੂੰਜੀ ਪੂਰੀ ਕਰਕੇ ਵਾਹਿਗੁਰੂ ਜੀ ਦੇ ਚਰਨਾ 'ਚ ਜਾ ਬਿਰਾਜੇ ਹਨ। ਇਸ ਮੌਕੇ ਮੁੱਖ ਸੇਵਾਦਾਰ ਭਾਈ ਤਰਲੋਚਨ ਸਿੰਘ, ਮਲਕੀਤ ਸਿੰਘ ਤੇ ਜ਼ੈਲਦਾਰ ਸਤਪਾਲ ਸਿੰਘ ਨਾਲ ਬਾਬਾ ਨਰਿੰਦਰ ਸਿੰਘ, ਬਾਬਾ ਪਲਵਿੰਦਰ ਸਿੰਘ, ਬਾਬਾ ਬਲਵਿੰਦਰ ਸਿੰਘ ਸੱਚੀਆਂ ਮਾਈਆਂ, ਗਿਆਨੀ ਸੁੱਚਾ ਸਿੰਘ, ਗਿਆਨੀ ਬੂਟਾ ਸਿੰਘ, ਸਰਪੰਚ ਗੁਰਜਿੰਦਰ ਸਿੰਘ, ਸਾ: ਸਰਪੰਚ ਦਲਵਿੰਦਰ ਸਿੰਘ, ਸਰਪੰਚ ਦਲਬੀਰ ਸਿੰਘ, ਸਰਪੰਚ ਚਰਨਜੀਤ ਸਿੰਘ ਭੱਟੀ, ਸੁਸਾਇਟੀ ਪ੍ਰਧਾਨ ਜਥੇ: ਗੁਰਮੁਖ ਸਿੰਘ ਡਾਂਗਾ, ਪ੍ਰਧਾਨ ਤੇਜਿੰਦਰ ਸਿੰਘ, ਕੋਚ ਦਲਜੀਤ ਸਿੰਘ, ਗੁ: ਬੁੰਗਾ ਸਾਹਿਬ ਪ੍ਰਬੰਧਕ ਕਮੇਟੀ ਦੇ ਸੇਵਾਦਾਰ ਆਦਿ ਵਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਮੁੱਖ ਸੇਵਾਦਾਰ ਭਾਈ ਤਰਲੋਚਨ ਸਿੰਘ ਨੇ ਦੱਸਿਆ ਕਿ ਮਾਤਾ ਮਹਿੰਦਰ ਕੌਰ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਦੇ ਭੋਗ 28 ਜੂਨ ਨੂੰ ਸਾਡੇ ਗ੍ਰਹਿ ਵਿਖੇ ਪਾਉਣ ਉਪਰੰਤ ਅੰਤਿਮ ਅਰਦਾਸ ਗੁ: ਬੁੰਗਾ ਸਾਹਿਬ ਸਠਿਆਲਾ ਵਿਖੇ ਦੁਪਹਿਰ ਬਾਅਦ ਹੋਵੇਗੀ

### ਅੱਜ ਬਿਜਲੀ ਬੰਦ ਰਹੇਗੀ

ਗੁਰੂ ਹਰਸਹਾਇ (ਫ਼ਕੀਰ ਚੰਦ ਸਿਕਰੀ)-ਜ਼ਰੂਰੀ ਕੰਮਕਾਜ ਕਾਰਨ ਅੱਜ ਗੁਰੂ ਹਰ ਸਹਾਇ ਸ਼ਹਿਰ ਰਾਊ ਕੇ ਹਾਮਦ ਦੀ ਬਿਜਲੀ ਦੀ ਸਪਲਾਈ ਬੰਦ ਰਹੇਗੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਸ ਡੀ ਓ ਸ਼ਹਿਰੀ ਸੰਦੀਪ ਕੁਮਾਰ ਨੇ ਦੱਸਿਆ ਕਿ ਜ਼ਰੂਰੀ ਕੰਮਕਾਜ ਕਾਰਨ ਅੱਜ ਰਾਊਕੇ ਹਾਮਦ, ਗੁਰੂ ਹਰ ਸਹਾਇ ਸ਼ਹਿਰ, ਝੰਗ ਟਹਿਲ ਸਿੰਘ ਵਾਲਾ ਦੀ ਬਿਜਲੀ ਸਵੇਰੇ 9:30 ਵਜੇ ਤੋਂ ਲੈ ਕੇ ਡੇਢ ਵਜੇ ਤੱਕ ਬੰਦ ਰਹੇਗੀ।

## ਰੋਟਰੀ ਕਲੱਬ ਆਸਥਾ ਦਾ ਵੋਕੇਸ਼ਨਲ ਅਵਾਰਡ ਤੇ ਸਥਾਪਨਾ ਦਿਵਸ ਸਮਾਗਮ ਸੰਪੰਨ

ਅੰਮ੍ਰਿਤਸਰ (ਅਰੋੜਾ)-ਰੋਟਰੀ ਇੰਟਰਨੈਸ਼ਨਲ ਵੱਲੋਂ ਨਿਰਧਾਰਿਤ ਨਿਯਮਾਂ ਅਨੁਸਾਰ ਰੋਟਰੀ ਕਲੱਬ ਆਸਥਾ ਵੱਲੋਂ ਵੋਕੇਸ਼ਨਲ ਅਵਾਰਡ ਅਤੇ ਸਥਾਪਨਾ ਦਿਵਸ ਸਮਾਗਮ ਗੁਰੂ ਦੀ ਨਗਰੀ ਦੇ ਰਣਜੀਤ ਐਵੀਨਿਊ ਖੇਤਰ ਦੇ ਇੱਕ ਨਿੱਜੀ ਹੋਟਲ ਦੇ ਆਡੀਟੋਰੀਅਮ ਵਿਖੇ ਕਲੱਬ ਦੇ 2024-25 ਦੇ ਪ੍ਰਧਾਨ ਡਾ.ਰਣਬੀਰ ਬੇਰੀ ਸਕੱਤਰ ਅੰਦੇਸ਼ ਭੱਲਾ 2025-26 ਦੇ ਪ੍ਰਧਾਨ ਇੰਜੀਨੀਅਰ ਅਸ਼ੋਕ ਸ਼ਰਮਾ ਸਕੱਤਰ ਸਰਬਜੀਤ ਸਿੰਘ ਦੀ ਪ੍ਰਧਾਨਗੀ ਹੇਠ ਬੜੇ ਹੀ ਵਿਧੀ ਵਿਧਾਨ ਅਤੇ ਉਤਸ਼ਾਹ ਦੇ ਨਾਲ ਸੰਪੰਨ ਹੋਇਆ। ਸਮਾਗਮ ਵਿੱਚ ਰੋਟਰੀ 3070 ਦੇ ਸਾਲ 2024-25 ਦੇ ਗਵਰਨਰ ਡਾ.ਪੀ.ਐਸ. ਗਰੋਵਰ ਅਤੇ ਆਉਣ ਵਾਲੇ ਗਵਰਨਰ ਅਨਿਲ ਸਿੰਗਲ, ਵਿਜੇ ਸਹਿਦੇਵ ਖਾਸ ਮਹਿਮਾਨ ਵੱਜੋਂ ਸ਼ਾਮਿਲ ਹੋਏ। ਸਮਾਗਮ ਦੇ ਸ਼ੁਰੂ ਵਿੱਚ ਰਾਸ਼ਟਰੀ ਗਾਣ ਅਤੇ ਰੋਟਰੀ ਦੇ ਫਾਰ ਵੇ ਟੈਸਟ ਸ਼ਬਦ ਦਾ ਗਾਇਨ ਕੀਤਾ ਗਿਆ। ਉਸ ਤੋਂ ਬਾਅਦ ਰੋਟਰੀ 2024-25 ਦੇ ਸਕੱਤਰ ਅੰਦੇਸ਼ ਭੱਲਾ ਨੇ ਆਪਣੇ ਕਾਰਜਕਾਲ ਵਿੱਚ ਕੀਤੇ ਗਏ ਦੇਸ਼ ਅਤੇ ਸਮਾਜ ਭਲਾਈ ਕੰਮਾਂ ਬਾਰੇ ਜਾਣਕਾਰੀ ਦਿੱਤੀ।ਉਸ ਤੋਂ ਬਾਅਦ ਰੋਟਰੀ ਵਿੱਚ ਰਹਿ ਕੇ ਸ਼ਲਾਘਾਯੋਗ ਕੰਮ ਕਰਨ ਵਾਲੇ ਚਾਰਟਡ ਮੈਂਬਰਾਂ ਨੂੰ ਨੂੰ ਸਨਮਾਨਤ ਕੀਤਾ। ਸਨਮਾਨ ਪ੍ਰਾਪਤ ਕਰਨ ਵਾਲਿਆਂ ਵਿੱਚ ਐਚ.ਐਸ ਜੋਗੀ ਅਤੇ 2025-26 ਦੇ ਪ੍ਰਧਾਨ ਇੰਜੀਨੀਅਰ ਅਸ਼ੋਕ ਸ਼ਰਮਾ, ਸਕੱਤਰ ਅੰਦੇਸ਼ ਭੱਲਾ, ਹਰਦੇਸ਼ ਦਵੇਸਰ, ਪਰਮਜੀਤ ਸਿੰਘ, ਸਰਬਜੀਤ ਸਿੰਘ, ਕੇ.ਐਸ. ਚੱਠਾ ਦੇ ਨਾਂਅ ਪ੍ਰਮੁੱਖ ਰਹੇ। ਰੋਟਰੀ ਵੱਲੋਂ ਵੋਕੇਸ਼ਨਲ ਅਵਾਰਡ ਨਾਲ ਸਨਮਾਨਤ ਹੋਣ ਵਾਲੀਆਂ ਹਸਤੀਆਂ ਵਿੱਚ ਖਾਲਸਾ ਕਾਲਜ ਫਾਰ ਵੂਮੈਨ ਦੀ ਪ੍ਰੋਫੈਸਰ ਡਾ.ਸੁਰਿੰਦਰ ਕੌਰ, ਸਨਮ ਸੁਤੀਰਥ ਵਜੀਰ, ਡਾ. ਪ੍ਰਕਾਸ਼ ਬਾਦਲ, ਐਡਵੋਕੇਟ ਲਾਵਨਿਆਂ ਬਹਿਲ ਦੇ ਨਾਂਅ ਰਹੇ। ਕਲੱਬ ਦੇ ਸਾਬਕਾ ਪ੍ਰਧਾਨ ਦਵੇਸਰ ਕਾਲਜ ਦੇ ਮੁਖੀ ਹਰਦੇਸ ਦਵੇਸਰ ਨੇ ਐਮ.ਓ.ਸੀ ਦੀ ਭੂਮਿਕਾ ਬੜੇ ਹੀ ਸ਼ਲਾਘਾਯੋਗ ਢੰਗ ਨਾਲ ਨਿਭਾਈ। ਸਨਮਾਨ ਸਮਾਗਮ ਦੇ ਪ੍ਰਬੰਧਕ ਦੀ ਜ਼ਿੰਮੇਵਾਰੀ ਸਾਬਕਾ ਪ੍ਰਧਾਨ ਅਤੇ ਅਧਿਆਪਕ ਨੇਤਾ ਅਸ਼ਵਨੀ ਅਵਸਥੀ ਅਤੇ ਅਮਨ ਸ਼ਰਮਾ ਨੇ ਨਿਭਾਈ। ਮੁੱਖ ਮਹਿਮਾਨ ਆਉਣ ਵਾਲੇ ਗਵਰਨਰ ਵਿਜੇ ਸਹਿਦੇਵ ਨੇ ਸਾਰੇ ਰੋਟਰੀ ਮੈਂਬਰਾਂ ਅਤੇ ਅਹੁਦੇਦਾਰਾਂ ਨੂੰ ਅਪੀਲ ਕਿ ਉਹ ਹਰੇਕ ਸਮਾਗਮ ਅਤੇ ਬੈਠਕ ਵਿੱਚ ਰੋਟਰੀ ਦੇ ਬਾਰੇ ਨਵੇਂ ਮੈਂਬਰਾਂ ਨੂੰ ਜਾਣਕਾਰੀ ਮੁਹੱਈਆ ਕਰਵਾਉਣ ਸਮਾਗਮ ਵਿੱਚ ਰੋਟਰੀ ਨਾਰਥ ਦੇ ਸਾਬਕਾ ਪ੍ਰਧਾਨ ਡਾ. ਕੁਲਦੀਪ ਸਿੰਘ ਅਰੋੜਾ, ਰੋਟਰੀ ਵੈਸਟ ਦੇ ਮੁਖੀ ਡਾ.ਜਸਪ੍ਰੀਤ ਗਰੋਵਰ, ਰੋਟਰੀ ਦੇ ਜ਼ੋਨਲ ਚੇਅਰਮੈਨ ਵਿਜੇ ਭਸੀਨ, ਸਾਬਕਾ ਪ੍ਰਧਾਨ ਮਨਮੋਹਨ ਸਿੰਘ, ਸਾਬਕਾ ਜ਼ੋਨਲ ਚੇਅਰਮੈਨ ਜਤਿੰਦਰ ਪੱਪੂ, ਰੋਟਰੀ ਕਲੱਬ ਕੈਂਟ ਦੇ ਕੇ.ਐਸ.ਕਟਾਰੀਆ, ਮਮਤਾ ਅਰੋੜਾ, ਰੋਟਰੀ ਨਾਰਥ ਦੇ ਪ੍ਰਧਾਨ ਰਜਿੰਦਰ ਪਾਲ ਸਿੰਘ, ਸਕੱਤਰ ਗੁਰਮੀਤ ਸਿੰਘ ਹੀਰਾ, ਰੋਟੇਰੀਅਨ ਰਜੇਸ਼ ਬਦਵਾਰ, ਰੋਟੇਰੀਅਨ ਸਿਮਰਨ, ਦਲਜੀਤ ਕੌਰ ਅਰੋੜਾ, ਅਨਿਤਾ ਭਸੀਨ, ਰੋਟਰੀ ਦੇ ਭੀਸ਼ਮ ਪਿਤਾਮਾ ਪੁਸ਼ਪਿੰਦਰ ਸਿੰਘ ਗਰੋਵਰ, ਡਾ.ਰੁਬਾਨਾ ਬੇਰੀ, ਸਤ ਪ੍ਰਭਾ ਸ਼ਰਮਾ, ਸਮਾਜ ਸੇਵਕ ਬਲਦੇਵ ਸਿੰਘ ਸੰਧੂ, ਬਰਗੇਡੀਅਰ ਜੀ.ਐਸ.ਸੰਧੂ, ਮਨੀਸ਼ਾ ਭੱਲਾ ਸਹਿਤ ਹੋਰ ਰੋਟਰੀ ਕਲੱਬਾਂ ਦੇ ਮੈਂਬਰ ਅਤੇ ਅਹੁਦੇਦਾਰ ਮੌਜੂਦ ਸਨ।

## ਵੈਟਰਨਰੀ ਇੰਸਪੈਕਟਰਾਂ ਵੱਲੋਂ ਡਿਪਟੀ ਡਾਇਰੈਕਟਰ ਦਫਤਰ ਅੱਗੇ ਰੋਸ ਮੁਜ਼ਾਹਰਾ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪੰਜਾਬ ਰਾਜ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਸੱਦੇ 'ਤੇ ਵੈਟਰਨਰੀ ਇੰਸਪੈਕਟਰਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਸੁਪ੍ਰੀਤ ਸਿੰਘ ਕਲੇਰ ਦੀ ਅਗਵਾਈ ਹੇਠ ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਗੁਰਦਾਸਪੁਰ ਦੇ ਦਫਤਰ ਅੱਗੇ ਰੋਸ ਮੁਜ਼ਾਹਰਾ ਕੀਤਾ ਗਿਆ ਅਤੇ ਡਾ. ਦਵਿੰਦਰ ਸਿੰਘ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਸਬੰਧੀ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਸੁਪ੍ਰੀਤ ਸਿੰਘ ਕਲੇਰ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪਸ਼ੂ ਪਾਲਣ ਵਿਭਾਗ ਦੀ ਅਫਸਰਸ਼ਾਹੀ ਜਾਣਬੁੱਝ ਕੇ ਵੈਟਰਨਰੀ ਇੰਸਪੈਕਟਰ ਕੇਡਰ ਦੀਆਂ ਮੰਗਾਂ ਅਤੇ ਮਸਲਿਆਂ ਨੂੰ ਲਗਾਤਾਰ ਅੱਖੋਂ ਪਰੋਖੇ ਕਰ ਰਹੀ ਹੈ। ਜਦੋਂਕਿ ਵੈਟਰਨਰੀ ਇੰਸਪੈਕਟਰ ਕੇਡਰ ਪਸ਼ੂ ਪਾਲਣ ਵਿਭਾਗ ਦੀਆਂ ਮਹੱਤਵਪੂਰਨ ਸਹੂਲਤਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਮੁੱਖ ਭੂਮਿਕਾ ਨਿਭਾਉਂਦਾ ਹੈ, ਪਰ ਪਸ਼ੂ ਪਾਲਣ ਵਿਭਾਗ ਦਾ ਮੁਹਾਲੀ ਸਥਿਤ ਡਾਇਰੈਕਟੋਰੇਟ ਵੈਟਰਨਰੀ ਇੰਸਪੈਕਟਰ ਕੇਡਰ ਨਾਲ ਲਗਾਤਾਰ ਮਤਰੇਇਆਂ ਵਾਲਾ ਸਲੂਕ ਕਰ ਰਿਹਾ ਹੈ। ਜਿਸ ਦੀ ਤਾਜ਼ਾ ਉਦਾਹਰਣ ਮੱਤੇਵਾੜਾ ਪਸ਼ੂ ਫਾਰਮ 'ਤੇ ਤੈਨਾਤ ਵੈਟਰਨਰੀ ਇੰਸਪੈਕਟਰ ਜੋ ਕਿ ਤਿੰਨ ਅਸਾਮੀਆਂ 'ਤੇ ਇਕੱਲਾ ਕੰਮ ਕਰ ਰਿਹਾ ਸੀ, ਨੂੰ ਡਿਪਟੀ ਡਾਇਰੈਕਟਰ ਮੱਤੇਵਾੜਾ ਨੇ ਇਸ ਕਰਮਚਾਰੀ ਦੀਆਂ ਮੈਡੀਕਲ ਮੁਸ਼ਕਲਾਂ ਸਮਝਣ ਦੀ ਬਜਾਏ ਉੱਚ ਅਫਸਰਸ਼ਾਹੀ ਨੂੰ ਗੁੰਮਰਾਹ ਕੀਤਾ। ਵੈਟਰਨਰੀ ਅਫਸਰਾਂ ਦਾ ਬਚਾਅ ਕਰਕੇ ਜੂਨੀਅਰ ਮੁਲਾਜ਼ਮ ਨੂੰ ਸਜ਼ਾ ਵਜੋਂ ਮੁਅੱਤਲ ਕਰ ਦਿੱਤਾ ਗਿਆ। ਇਸ ਤੋਂ ਇਲਾਵਾ ਪਿਛਲੇ ਲੰਬੇ ਸਮੇਂ ਤੋਂ ਸੀਨੀਅਰ ਵੈਟਰਨਰੀ ਇੰਸਪੈਕਟਰ ਦੀ ਪਲੇਸਮੈਂਟ ਨੂੰ ਪ੍ਰਮੋਸ਼ਨ ਬਣਾਉਣਾ, 18 ਮਹੀਨਿਆਂ ਦੀ ਸਰਵਿਸ ਨੂੰ ਰੈਗੂਲਰ ਕਰਨਾ, ਪੇਅ ਸਕੇਲ ਦੀਆਂ ਖਾਮੀਆਂ ਦੂਰ ਕਰਨਾ, ਵੈਟਰਨਰੀ ਫਾਰਮਾਸਿਸਟ ਦੀ ਕੌਂਸਲ ਬਣਾਉਣਾ, ਨਵੇਂ ਭਰਤੀ ਹੋਏ ਵੈਟਰਨਰੀ ਇੰਸਪੈਕਟਰਾਂ 'ਤੇ ਛੇਵਾਂ ਤਨਖਾਹ ਸਕੇਲ ਲਾਗੂ ਕਰਨ ਅਤੇ ਨਵੀਆਂ ਪੋਸਟਾਂ ਦਾ ਨਿਰਮਾਣ ਕਰਨ ਅਤੇ ਨਵੀਂ ਭਰਤੀ ਕਰਨਾ ਅਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਵਰਗੀਆਂ ਮੰਗਾਂ ਲਈ ਵੈਟਰਨਰੀ ਇੰਸਪੈਕਟਰ ਕੇਡਰ ਮੰਗ ਕਰ ਰਿਹਾ ਹੈ। ਪਰ ਪੰਜਾਬ ਸਰਕਾਰ ਅਤੇ ਪਸ਼ੂ ਪਾਲਣ ਵਿਭਾਗ ਦੀ ਅਫਸਰਸ਼ਾਹੀ ਇਹਨਾਂ ਮਸਲਿਆਂ ਸਬੰਧੀ ਟਾਲ ਮਟੋਲ ਦੀ ਨੀਤੀ 'ਤੇ ਚੱਲ ਰਹੀ ਹੈ। ਜੇਕਰ ਪੰਜਾਬ ਸਰਕਾਰ ਨੇ ਮੁਅੱਤਲ ਕੀਤੇ ਵੈਟਰਨਰੀ ਇੰਸਪੈਕਟਰ ਦੀ ਬਹਾਲੀ ਨਾ ਕੀਤੀ ਅਤੇ ਵੈਟਰਨਰੀ ਇੰਸਪੈਕਟਰ ਕੇਡਰ ਦੀਆਂ ਹੱਕੀ ਮੰਗਾਂ ਨਾ ਮੰਨੀਆਂ ਤਾਂ ਵੈਟਰਨਰੀ ਇੰਸਪੈਕਟਰ ਕੇਡਰ ਮੁਹਾਲੀ ਵਿਖੇ ਡਾਇਰੈਕਟੋਰੇਟ ਦਾ ਘਿਰਾਓ ਕਰੇਗਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁਪ੍ਰੀਤ ਸਿੰਘ ਕਲੇਰ, ਜ਼ਿਲ੍ਹਾ ਮੀਤ ਪ੍ਰਧਾਨ ਹਰਪਾਲ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਅਰਸ਼ਦੀਪ ਸਿੰਘ ਦਾਲਮ, ਜ਼ਿਲ੍ਹਾ ਵਿੱਤ ਸਕੱਤਰ ਨਵਜੀਤ ਸਿੰਘ ਗੁਰਾਇਆ, ਪ੍ਰਵੀਨ ਕੁਮਾਰ ਮੀਤ ਪ੍ਰਧਾਨ ਪੰਜਾਬ, ਬਲਦੇਵ ਸਿੰਘ ਸਿੱਧੂ, ਰਤਨਦੀਪ ਆਦਿ ਸਮੇਤ ਜ਼ਿਲ੍ਹੇ ਦੇ ਹੋਰ ਸਾਥੀ ਵੀ ਮੌਜੂਦ ਸਨ।

## ਪਠਾਣ ਨੰਗਲ 'ਚ ਟਰਾਂਸਫਾਰਮਰ 'ਚੋਂ ਤੇਲ ਚੋਰੀ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪੁਲਸ ਥਾਣਾ ਝੰਡੇਰ ਅਧੀਨ ਆਉਂਦੇ ਪਿੰਡ ਪਠਾਣ ਨੰਗਲ ਵਿਖੇ ਬੀਤੀ ਰਾਤ ਅਣਪਛਾਤੇ ਚੋਰਾਂ ਨੇ ਕਿਸਾਨਾਂ ਦੇ ਦੋ ਟਰਾਂਸਫਾਰਮਰਾਂ ਵਿਚੋਂ ਤੇਲ ਚੋਰੀ ਕਰ ਲਏ ਜਾਣ ਦਾ ਸਮਾਚਾਰ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਸ਼ਹੂਰ ਸਿੰਘ, ਜੋਗਾ ਸਿੰਘ ਅਤੇ ਜਸਕਰਨ ਸਿੰਘ ਆਦਿ ਕਿਸਾਨਾਂ ਨੇ ਦੱਸਿਆ ਕਿ ਅੱਜ ਸਵੇਰੇ ਉਨ੍ਹਾਂ ਆਪਣੇ ਖੇਤਾਂ ਵਿੱਚ ਜਾ ਕੇ ਵੇਖਿਆ ਕਿ ਉਨ੍ਹਾਂ ਦੇ ਖੇਤਾਂ ਦੇ 'ਚ ਲੱਗੇ ਟਰਾਂਸਫਾਰਮਰਾਂ ਦੇ ਉੱਪਰੋਂ ਢੱਕਣ ਟੁੱਟੇ ਹੋਏ ਸਨ। ਜਦ ਉਹਨਾਂ ਨਜ਼ਦੀਕ ਜਾ ਕੇ ਵੇਖਿਆ ਤਾਂ ਟਰਾਂਸਫਾਰਮਰਾਂ ਵਿੱਚੋਂ ਤੇਲ ਕੱਢਿਆ ਹੋਇਆ ਸੀ। ਉਨਾਂ ਭਰੇ ਮਨ ਨਾਲ ਦੱਸਿਆ ਕਿ ਝੋਨੇ ਦਾ ਸੀਜ਼ਨ ਹੋਣ ਕਾਰਨ ਪਾਣੀ ਦੀ ਬਹੁਤ ਜ਼ਰੂਰਤ ਹੁੰਦੀ ਹੈ ਅਤੇ ਬਿਜਲੀ ਨਾਲ ਹੀ ਉਨ੍ਹਾਂ ਦੀਆਂ ਮੋਟਰਾਂ ਚੱਲਣੀਆਂ ਹਨ, ਪਰ ਟਰਾਂਸਫਾਰਮਰਾਂ 'ਚੋਂ ਤੇਲ ਚੋਰੀ ਹੋਣ ਨਾਲ ਉਨ੍ਹਾਂ ਦੀਆਂ ਮੋਟਰਾਂ ਨਹੀਂ ਚੱਲ ਸਕਦੀਆਂ ਜਿਸ ਲਈ ਝੋਨੇ ਦੀ ਫਸਲ ਸੁੱਕਣ ਦਾ ਖਤਰਾ ਬਣ ਗਿਆ ਹੈ। ਉਹਨਾਂ ਸਰਕਾਰ ਕੋਲੋਂ ਮੰਗ ਕੀਤੀ ਕਿ ਟਰਾਂਸਫਾਰਮਰਾਂ ਵਿੱਚੋਂ ਤਾਰਾਂ ਅਤੇ ਤੇਲ ਚੋਰੀ ਕਰਨ ਵਾਲਿਆਂ ਨੂੰ ਨੱਥ ਪਾਉਣੀ ਚਾਹੀਦੀ ਹੈ, ਤੇ ਬਿਜਲੀ ਮਹਿਕਮੇ ਨੂੰ ਇਸ ਦਾ ਕੋਈ ਪੱਕਾ ਹੱਲ ਕਰਨਾ ਚਾਹੀਦਾ ਹੈ, ਤਾਂ ਜੋ ਆਏ ਦਿਨ ਉਹਨਾਂ ਦੇ ਟਰਾਂਸਫਾਰਮਰ ਚੋਰੀ ਹੋਣ ਤੋਂ ਬਚ ਸਕਣ। ਉਨ੍ਹਾਂ ਪੁਲਸ ਪ੍ਰਸ਼ਾਸਨ ਕੋਲੋਂ ਵੀ ਮੰਗ ਕੀਤੀ ਕਿ ਇਲਾਕੇ ਵਿੱਚ ਰਾਤ ਸਮੇਂ ਗਸ਼ਤ ਵਧਾਈ ਜਾਵੇ । ਇਸ ਮੌਕੇ ਸਰਪੰਚ ਰਵੇਲ ਸਿੰਘ, ਅਨੋਖ ਸਿੰਘ, ਜਸਕਰਨ ਸਿੰਘ, ਮਸਹੂਰ ਸਿੰਘ, ਹਰਪਾਲ ਸਿੰਘ ਸਾਬਕਾ ਸਰਪੰਚ, ਕੁਲਵਿੰਦਰ ਸਿੰਘ, ਅਰਜਨ ਸਿੰਘ ਆਦਿ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਇਸ ਇਲਾਕੇ ਵਿੱਚ ਬੀਤੇ ਕੁਝ ਮਹੀਨਿਆਂ ਵਿੱਚ ਕਈ ਅਜਿਹੀਆਂ ਕਈ ਘਟਨਾਵਾਂ ਵਾਪਰ ਚੁੱਕੀਆਂ ਹਨ।


## ਡਿਮਾਂਡ ਨੋਟਿਸ

**AXIS BANK** | **Retail Assets Center:** AXIS Bank Ltd. "2nd and 3rd Floor, Property No. 7-E, Malhar Road, Saraabha Nagar, Ludhiana- 141001.

**Corporate Office:** 3rd Floor, Block-B, Bombay Dyeing Mills Compound, Pandurang Budhakar Marg, Worli, Mumbai- 400025

**Registered Office:** 'Trishul', 3rd Floor, opposite Samartheswar Temple, Law garden, Ellisbridge, Ahmedabad- 380006

ਸਕਿਉਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਦੀ ਪਾਲਣਾ 'ਚ ਜਨਤਕ ਨੋਟਿਸ ਇਹ ਜਨਤਾ ਦੀ ਜਾਣਕਾਰੀ ਹਿੱਤ ਨੋਟਿਸ ਹੈ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਕੋਲੋਂ ਵਿੱਤੀ ਸਹੂਲਤ ਪ੍ਰਾਪਤ ਕੀਤੀ ਸੀ। ਅਸੀਂ ਦਸਦੇ ਹਾਂ ਕਿ ਵਿੱਤੀ ਸਹੂਲਤ ਲੈਣ ਦੇ ਬਾਵਜੂਦ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਯਤ ਮਿਤੀਆਂ 'ਤੇ ਵਿਆਜ ਅਤੇ ਮੂਲ ਰਕਮਾਂ ਵਾਪਸ ਮੋੜਨ 'ਚ ਅਨੇਕਾਂ ਭੁੱਲਾਂ ਕੀਤੀਆਂ ਹਨ, ਨਤੀਜੇ ਵਜੋਂ ਇਹ ਖਾਤੇ ਭਾਰਤੀ ਰਿਜ਼ਰਵ ਬੈਂਕ ਦੇ ਜਾਰੀ ਦਿਸ਼ਾ-ਨਿਰਦੇਸ਼ਾਂ/ਹਦਾਇਤਾਂ ਅਨੁਸਾਰ ਨਾਨ-ਪ੍ਰਫਾਰਮਿੰਗ ਐੱਸਟ ਵਰਗੀਕ੍ਰਿਤ ਕੀਤੇ ਜਾ ਚੁੱਕੇ ਹਨ।

ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਸਰਫੇਸੀ ਐਕਟ 2002 ਦੇ ਸੈਕਸ਼ਨ 13 (2) ਤਹਿਤ ਉਨ੍ਹਾਂ ਦੇ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਹਨ, ਬੇਸ਼ੱਕ ਇਹ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ ਹਨ ਅਤੇ ਅਜਿਹੇ 'ਚ ਉਨ੍ਹਾਂ ਨੂੰ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਗਈ ਹੈ।

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ/ਕਾਨੂੰਨੀ ਵਾਰਸ ਦਾ ਨਾਂਅ | ਐੱਨ ਪੀ ਏ ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ (ਨੋਟਿਸ ਦੀ ਮਿਤੀ ਤੋਂ) | ਕਰਜ਼ਾ ਰਕਮ | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ |
|---|---|---|---|---|---|---|
| 1. | 1. ਸ੍ਰੀ ਰਾਜਿੰਦਰ ਚੌਧਰੀ ਪੁੱਤਰ ਬਲਦੇਵ ਚੌਧਰੀ (ਕਰਜ਼ਦਾਰ), 2. ਸ੍ਰੀ ਬਲਦੇਵ ਸਿੰਘ ਚੌਧਰੀ ਪੁੱਤਰ ਜਗਦੀਸ਼ ਲਾਲ (ਸਹਿ-ਕਰਜ਼ਦਾਰ ਅਤੇ ਰਹਿਣਕਾਰ) ਅਤੇ 3. ਸ੍ਰੀ ਮੁਨੀਸ਼ ਚੌਧਰੀ ਪੁੱਤਰ ਬਲਦੇਵ ਚੌਧਰੀ (ਸਹਿ-ਕਰਜ਼ਦਾਰ) | 08-June-2025 | 17-June-2025 | ਰੁਪਏ 35,17,378/- (ਪੈਂਤੀ ਲੱਖ ਸਤਾਰਾਂ ਹਜ਼ਾਰ ਤਿੰਨ ਸੌ ਅਠੱਤਰ ਰੁਪਏ ਕੇਵਲ) | ਰੁਪਏ 45,68,293/- (ਪੰਚਤਾਲੀ ਲੱਖ ਅਠਾਹਠ ਹਜ਼ਾਰ ਦੋ ਸੌ ਤਰਿਆਨਵੇਂ ਰੁਪਏ ਕੇਵਲ) | ਬੈਨਾਮਾ ਨੰ. 8745 ਮਿਤੀ 15.12.2009 ਅਨੁਸਾਰ ਸ੍ਰੀ ਬਲਦੇਵ ਸਿੰਘ ਚੌਧਰੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ. 160 (ਜ਼ਮੀਨ ਅਤੇ ਇਮਾਰਤ) ਅਰਬਨ ਅਸਟੇਟ, ਫੇਸ-1, ਦੁਗਰੀ, ਲੁਧਿਆਣਾ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਗਲੀ (25'), ਪੱਛਮ : ਮਕਾਨ ਨੰ. 151 (25'), ਉੱਤਰ : ਮਕਾਨ ਨੰ. 161 (45'), ਦੱਖਣ : ਅਮਰਜੀਤ ਕੌਰ। |
| 2. | 1. ਰਾਜੂ ਮਸੀਹ ਪੁੱਤਰ ਸ੍ਰੀ ਨਿਸ਼ਾਨ ਮਸੀਹ (ਕਰਜ਼ਦਾਰ) ਅਤੇ 2. ਸ੍ਰੀਮਤੀ ਰਾਜ ਪਤਨੀ ਰਾਜੂ ਮਸੀਹ (ਸਹਿ-ਕਰਜ਼ਦਾਰ/ਰਹਿਣਕਾਰ) | 08-June-2025 | 12-06-2025 | ਰੁਪਏ 18,39,504.05/- (ਅਠਾਰਾਂ ਲੱਖ ਉਨਤਾਲੀ ਹਜ਼ਾਰ ਪੰਜ ਸੌ ਚਾਰ ਰੁਪਏ ਤੇ ਪੰਜ ਪੈਸੇ ਕੇਵਲ) | ਰੁਪਏ 18,43,700/- (ਅਠਾਰਾਂ ਲੱਖ ਤਰਤਾਲੀ ਹਜ਼ਾਰ ਸੱਤ ਸੌ ਰੁਪਏ ਕੇਵਲ) | ਬੈਨਾਮਾ ਵਸੀਕਾ ਨੰ. 2012-22/93/1/6401, ਮਿਤੀ 05.08.2021 ਅਨੁਸਾਰ ਸ੍ਰੀਮਤੀ ਰਾਜ ਪਤਨੀ ਰਾਜੂ ਮਸੀਹ ਦੇ ਨਾਂਅ 'ਤੇ ਰਜਿਸਟਰਡ ਜਾਇਦਾਦ/ਪਲਾਟ ਪ੍ਰਾਈਵੇਟ ਨੰ. 3 ਰਕਬਾ 138.66 ਵਰਗ ਗਜ਼, ਖਸਰਾ ਨੰ. 55//6, 4/1, 4/2, 43//11/2, 12, 19, 68//5/1, 55//24, 68//4, 42//16, 54//11/1, 12, 2, 9, 55//13, 55/14, 54//8, 43//22, 55//7, 14, 15, 13, 43//20/1, 54//1, 10, 43//21/2, 42//25/2, 42//15, 43//21/1, 20/2 ਮਿਨ ਪਿੰਡ ਨੰਗਲੀ, ਅਬਾਦੀ ਬਾਬਾ ਦੀਪ ਸਿੰਘ ਕਾਲੋਨੀ, ਫਤਿਹਗੜ੍ਹ ਚੂੜੀਆਂ ਰੋਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਬੈਨਾਮੇ ਅਨੁਸਾਰ, ਪੂਰਬ : ਪਲਾਟ ਨੰ. 4, ਪੱਛਮ : ਪਲਾਟ ਨੰ. 1,2, ਉੱਤਰ : ਸੜਕ 30 ਫੁੱਟ ਚੌੜੀ, ਦੱਖਣ : ਮਾਲਕ ਰਾਜ ਕੌਰ। |
| 3. | 1. ਸ੍ਰੀ ਸਿਮਰਨਜੀਤ ਸਿੰਘ ਪੁੱਤਰ ਸ੍ਰੀ ਹਰਜਿੰਦਰ ਸਿੰਘ (ਕਰਜ਼ਦਾਰ/ ਰਹਿਣਕਾਰ) ਅਤੇ 2. ਸ੍ਰੀਮਤੀ ਰਾਜਵੰਤ ਕੌਰ ਪਤਨੀ ਸ੍ਰੀ ਹਰਜਿੰਦਰ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) | 08-June-2025 | 12-06-2025 | ਰੁਪਏ 17,70,169/- (ਸਤਾਰਾਂ ਲੱਖ ਸੱਤਰ ਹਜ਼ਾਰ ਇੱਕ ਸੌ ਉਨੱਤਰ ਰੁਪਏ ਕੇਵਲ) | ਰੁਪਏ 17,81,666/- (ਸਤਾਰਾਂ ਲੱਖ ਇਕਾਸੀ ਹਜ਼ਾਰ ਛੇ ਸੌ ਛਿਆਹਠ ਰੁਪਏ ਕੇਵਲ) | ਬੈਨਾਮਾ ਵਸੀਕਾ ਨੰ. 10485 ਮਿਤੀ 28.03.2018 ਅਨੁਸਾਰ ਸ੍ਰੀਮਤੀ ਰਜਵੰਤ ਕੌਰ ਪਤਨੀ ਸ੍ਰੀ ਹਰਜਿੰਦਰ ਸਿੰਘ ਅਤੇ ਸ੍ਰੀ ਸਿਮਰਨਜੀਤ ਸਿੰਘ ਪੁੱਤਰ ਸ੍ਰੀ ਹਰਜਿੰਦਰ ਸਿੰਘ ਦੇ ਨਾਂਅ 'ਤੇ ਰਜਿਸਟਰਡ ਜਾਇਦਾਦ/ਮਕਾਨ ਪਲਾਟ ਨੰ. 32 ਮਿਨ, ਰਕਬਾ 100 ਵਰਗ ਗਜ਼, ਖਸਰਾ ਨੰ. 2582/7 ਮਿਨ ਗਲੀ ਨੰ. 1, ਅਬਾਦੀ ਸੁਲਤਾਨਵਿੰਡ ਸਬ-ਅਰਬਨ ਤਰਫ ਬਹਿਣੀਵਾਲ ਅਬਾਦੀ ਮਿਸ਼ਰਾ ਸਿੰਘ ਕਾਲੋਨੀ, ਤਰਨ ਤਾਰਨ ਰੋਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ ਨਾਲ ਸੰਬੰਧਤ ਸਭ ਕੁੱਝ। |
| 4. | 1. ਸ੍ਰੀ ਨਿਰਮਲ ਸਿੰਘ ਪੁੱਤਰ ਸ੍ਰੀ ਗੁਲਜ਼ਾਰ ਸਿੰਘ (ਕਰਜ਼ਦਾਰ) ਅਤੇ 2. ਸ੍ਰੀਮਤੀ ਜੋਤੀ ਬਾਲਾ ਪਤਨੀ ਸ੍ਰੀ ਨਿਰਮਲ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) | 05-June-2025 | 12-06-2025 | ਰੁਪਏ 15,09,276/- (ਪੰਦਰਾਂ ਲੱਖ ਨੌ ਹਜ਼ਾਰ ਦੋ ਸੌ ਛਿਅੱਤਰ ਰੁਪਏ ਕੇਵਲ) | ਰੁਪਏ 14,03,000/- (ਚੌਦਾਂ ਲੱਖ ਤਿੰਨ ਹਜ਼ਾਰ ਰੁਪਏ ਕੇਵਲ) | ਬੈਨਾਮਾ ਵਸੀਕਾ ਨੰ. 2018-19/93/1/4389 ਮਿਤੀ 28 ਨਵੰਬਰ 2018 ਅਨੁਸਾਰ ਸ੍ਰੀਮਤੀ ਜਿਓਤੀ ਬਾਲਾ ਪਤਨੀ ਨਿਰਮਲ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਪ੍ਰਾਈਵੇਟ ਨੰ. 90 ਮਿਨ ਰਕਬਾ 78.61 ਵਰਗ ਗਜ਼, ਖਸਰਾ ਨੰ. 27//1/2, 13/3/2, 27// 11/1, 15//21/2 ਮਿਨ 15//21/1 ਮਿਨ, 27//1/1, 10/1, 15//21/2, 27//13/2, 27//13/1, 27//12/4, 27//10/2, 15, 16//5/2, 14//19/5, 27//14 ਦੋਵੇਂ ਮਿਨ, ਖਾਤਾ ਖਤੌਨੀ ਨੰ. 248/473, 474, 475, 475/1, 476, 477, 478, 479, 480, 481, 482, 483, 484, 485, 486, ਜਮ੍ਹਾਂਬੰਦੀ ਸਾਲ 2013-2014, ਰਕਬਾ ਪਿੰਡ ਵਡਾਲੀ ਗੁਰੂ ਸਬ ਅਰਬਨ ਅਬਾਦੀ ਬਾਬਾ ਦੀਪ ਸਿੰਘ ਕਾਲੋਨੀ (ਸ੍ਰੀ ਗੁਰੂ ਹਰਗੋਬਿੰਦ ਇਨਕਲੇਵ) ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ ਨਾਲ ਸੰਬੰਧਤ ਸਭ ਕੁੱਝ। ਹੱਦਾਂ ਬੈਨਾਮੇ ਅਨੁਸਾਰ : ਪੂਰਬ : ਗਲੀ 20'-0" ਚੌੜੀ, ਪੱਛਮ : ਪਲਾਟ ਨੰ. 91 ਮਿਨ, ਉੱਤਰ : ਪਲਾਟ ਨੰ. 92 ਮਿਨ, ਦੱਖਣ : ਜਾਇਦਾਦ ਪਲਾਟ ਨੰ. 90 ਦਾ ਬਾਕੀ ਹਿੱਸਾ। |
| 5. | 1. ਟੀਨੂੰ ਸ਼ਰਮਾ ਪੁੱਤਰੀ ਸ੍ਰੀ ਨਰੇਸ਼ ਕੁਮਾਰ ਸ਼ਰਮਾ (ਕਰਜ਼ਦਾਰ) ਅਤੇ 2 ਸ੍ਰੀ ਨਰੇਸ਼ ਕੁਮਾਰ ਸ਼ਰਮਾ ਪੁੱਤਰ ਤਿਲਕ ਸ਼ਰਮਾ (ਸਹਿ-ਕਰਜ਼ਦਾਰ/ਰਹਿਣਕਾਰ) | 08-June-2025 | 20-June-2025 | ਰੁਪਏ 35,38,161/- (ਪੈਂਤੀ ਲੱਖ ਅਠਾਹਠ ਹਜ਼ਾਰ ਇੱਕ ਸੌ ਇਕਾਹਠ ਰੁਪਏ ਕੇਵਲ) | ਰੁਪਏ 35,00,000/- (ਪੈਂਤੀ ਲੱਖ ਰੁਪਏ ਕੇਵਲ) | ਬੈਨਾਮਾ ਵਸੀਕਾ ਨੰ. 2023-24/186/1/3702 ਮਿਤੀ 09.06.2023 ਅਨੁਸਾਰ ਕੁਮਾਰੀ ਟੀਨੂੰ ਸ਼ਰਮਾ ਪੁੱਤਰੀ ਸ੍ਰੀ ਨਰੇਸ਼ ਸ਼ਰਮਾ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ. 385-ਏ, ਰਕਬਾ 04 ਮਰਲੇ 72 ਵਰਗ ਫੁੱਟ, ਜੋ ਕਿ (100 ਵਰਗ ਗਜ਼) ਹੈ, ਖਸਰਾ ਨੰ. 8433, ਵਾਕਿਆ ਜਲੰਧਰ ਇੰਪਰੂਵਮੈਂਟ ਟਰੱਸਟ ਦੀ 170 ਏਕੜ ਵਿਕਾਸ ਸਕੀਮ ਸੂਰਿਆ ਇਨਕਲੇਵ, ਤਹਿਸੀਲ ਤੇ ਜ਼ਿਲ੍ਹਾ ਜਲੰਧਰ, ਪੰਜਾਬ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਬੈਨਾਮੇ ਅਨੁਸਾਰ : ਪੂਰਬ : ਸੜਕ 24 ਫੁੱਟ ਚੌੜੀ, ਪੱਛਮ : ਪਲਾਟ ਨੰ. 402-ਏ, ਉੱਤਰ : ਪਲਾਟ ਨੰ. 386-ਏ, ਦੱਖਣ : ਪਲਾਟ ਨੰ. 384-ਏ। |
| 6. | 1. ਅਮਰ ਪੁੱਤਰ ਕਾਰਤਿਕ (ਕਰਜ਼ਦਾਰ) ਅਤੇ 2. ਸ੍ਰੀ ਕਾਰਤਿਕ ਪੁੱਤਰ ਗੋਪਾਲ (ਸਹਿ-ਕਰਜ਼ਦਾਰ/ਰਹਿਣਕਾਰ) | 08-June-2025 | 20-June-2025 | ਰੁਪਏ 15,09,392/- (ਪੰਦਰਾਂ ਲੱਖ ਨੌ ਹਜ਼ਾਰ ਤਿੰਨ ਸੌ ਬਾਨਵੇਂ ਰੁਪਏ ਕੇਵਲ) | ਰੁਪਏ 16,54,586/- (ਸੋਲਾਂ ਲੱਖ ਚੁਰੰਜਾ ਹਜ਼ਾਰ ਪੰਜ ਸੌ ਛਿਆਸੀ ਰੁਪਏ ਕੇਵਲ) | ਬੈਨਾਮਾ ਨੰ. 2019-20/2/1/4386 ਮਿਤੀ 17.01.2000 ਰਾਹੀਂ ਸ੍ਰੀ ਅਮਰ ਪੁੱਤਰ ਸ੍ਰੀ ਕਾਰਤਿਕ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 2 ਮਰਲੇ 6-3/4 ਸਰਸਾਹੀ, ਜੋ ਕਿ ਕੁੱਲ ਜ਼ਮੀਨ ਖੇਤਰ 43 ਕਨਾਲ 12 ਮਰਲੇ ਦਾ 74/23544 ਹਿੱਸਾ ਹੈ, ਖਸਰਾ ਨੰ. 93//23/2/1(1-0), 1364(1-2), 1387(1-2), 1382/2(1-10), 1386/2(1-4), 1387/1/2(1-16), 1363/2(1-10), 1384/1(1-12), 1369 (0-17), 1370 (0-7), 1383/1(1-5), 1388/2 (1-18), 1389/2(1-1), 1371/2 (2-0), 1367/1(3-7), 1368/1(1-7), 1433/2(0-6), 1434(1-3), 1437/1(2-2), 1439/1(1-1), 1440/1(1-3), 1435/1(1-3), 1436/1(2-9), 1438/1(1-5), 1441(5-10), 1442/1/2(0-4), 1442/2/2(2-8), 1390/2(1-0), ਖੇਵਟ ਨੰ. 385, ਪਿੰਡ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਜੀਤ ਸਿੰਘ-2, ਤਹਿਸੀਲ ਤੇ ਜ਼ਿਲ੍ਹਾ ਮੋਗਾ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ ਬੈਨਾਮੇ ਅਨੁਸਾਰ : ਪੂਰਬ : ਰਸਤਾ 26'0", ਪੱਛਮ : ਹੋਰ ਮਾਲਕ 25'0", ਉੱਤਰ : ਰਕੇਸ਼ ਕੁਮਾਰ 30'0", ਦੱਖਣ : ਮੋਹਣ ਸਿੰਘ 30'0" |
| 7. | 1. ਸ੍ਰੀ ਅਜੈ ਮਲਹੋਤਰਾ ਪੁੱਤਰ ਬਿਸ਼ੰਭਰ ਲਾਲ (ਕਰਜ਼ਦਾਰ) ਅਤੇ 2. ਸ੍ਰੀਮਤੀ ਨੀਲਮ ਰਾਣੀ ਪਤਨੀ ਸ੍ਰੀ ਬਿਸੰਭਰ ਲਾਲ (ਸਹਿ-ਕਰਜ਼ਦਾਰ/ਰਹਿਣਕਾਰ) | 08-June-2025 | 20-June-2025 | ਰੁਪਏ 37,74,341/- (ਸੈਂਤੀ ਲੱਖ ਚੁਹੱਤਰ ਹਜ਼ਾਰ ਤਿੰਨ ਸੌ ਇਕਤਾਲੀ ਰੁਪਏ ਕੇਵਲ) | ਰੁਪਏ 40,80,212/- (ਚਾਲੀ ਲੱਖ ਅੱਸੀ ਹਜ਼ਾਰ ਦੋ ਸੌ ਬਾਰਾਂ ਰੁਪਏ ਕੇਵਲ) | ਬੈਨਾਮਾ ਵਸੀਕਾ ਨੰ. 2020-21/106/1/7323 ਮਿਤੀ 21 ਅਕਤੂਬਰ 2020 ਰਾਹੀਂ ਸ੍ਰੀਮਤੀ ਨੀਲਮ ਰਾਣੀ ਪਤਨੀ ਸ੍ਰੀ ਬਿਸ਼ੰਭਰ ਲਾਲ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਨੰ. 118-119, ਐੱਮ ਸੀ ਐੱਲ ਨੰ. ਬੀ-23-6783, ਖੱਤਾ ਨੰ. 870/939, ਖਸਰਾ ਨੰ. 1333, ਜਮ੍ਹਾਂਬੰਦੀ ਸਾਲ 2007-2008 , ਹਦਬਸਤ ਨੰ. 172, ਅਬਾਦੀ ਨਿਊ ਹਰਗੋਬਿੰਦ ਨਗਰ, ਪਿੰਡ "ਤਰਫ ਸੈਦਾਂ" ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ ਬੈਨਾਮੇ ਅਨੁਸਾਰ : ਪੂਰਬ : ਗਲੀ 21'03", ਪੱਛਮ : ਗੁਆਂਢ 21'03", ਉੱਤਰ : ਗੁਆਂਢ 40'0", ਦੱਖਣ : ਗਲੀ 40'0" |
| 8. | 1. ਅਵਤਾਰ ਸਿੰਘ ਪੁੱਤਰ ਸੋਹਣ ਲਾਲ (ਕਰਜ਼ਦਾਰ/ਰਹਿਣਕਾਰ) ਅਤੇ 2. ਸ੍ਰੀਮਤੀ ਜਸਪ੍ਰੀਤ ਕੌਰ ਪਤਨੀ ਸ੍ਰੀ ਅਵਤਾਰ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) | 08-June-2025 | 20-June-2025 | ਰੁਪਏ 13,33,581/- (ਤੇਰਾਂ ਲੱਖ ਤੇਤੀ ਹਜ਼ਾਰ ਪੰਜ ਸੌ ਇਕਾਸੀ ਰੁਪਏ ਕੇਵਲ) | ਰੁਪਏ 17,00,000/- (ਸਤਾਰਾਂ ਲੱਖ ਰੁਪਏ ਕੇਵਲ) | ਬੈਨਾਮਾ ਵਸੀਕਾ ਨੰ. 2020-21 /186/1/9206 ਮਿਤੀ 11.02.2021 ਅਨੁਸਾਰ ਸ੍ਰੀਮਤੀ ਜਸਪ੍ਰੀਤ ਕੌਰ ਪਤਨੀ ਸ੍ਰੀ ਅਵਤਾਰ ਸਿੰਘ ਅਤੇ ਸ੍ਰੀ ਅਵਤਾਰ ਸਿੰਘ ਪੁੱਤਰ ਸਵ: ਸ੍ਰੀ ਸੋਹਣ ਸਿੰਘ ਦੇ ਨਾਂਅ 'ਤੇ ਰਜਿਸਟਰਡ ਜਾਇਦਾਦ/ਪਲਾਟ ਰਕਬਾ ਅੰਦਾਜ਼ਨ 02 ਮਰਲੇ 216 ਵਰਗ ਫੁੱਟ, ਪਲਾਟ ਨੰ. 54-55 'ਚੋਂ, ਖੱਤਾ ਨੰ. 111/122-123, 270/324-325-326 ਖਸਰਾ ਨੰ. 12//24 ਮਿਨ, 25,12//23, 24 ਮਿਨ, 14//27, 7, 8, 14 ਮਿਨ, 15, 17/1, 18/1, 3,4,5, 6, 13,14 ਮਿਨ ਪਿੰਡ ਖਾਂਬੜਾ, ਅਬਾਦੀ ਮਹਾਂਵੀਰ ਐਵੇਨਿਊ, ਤਹਿਸੀਲ ਤੇ ਜ਼ਿਲ੍ਹਾ ਜਲੰਧਰ, ਪੰਜਾਬ ਨਾਲ ਸੰਬੰਧਤ ਸਭ ਕੁੱਝ। ਹੱਦਾਂ ਦਸਤਾਵੇਜ਼ ਅਨੁਸਾਰ : ਪੂਰਬ : ਪਲਾਟ ਨੰ. 54-55 ਦਾ ਹਿੱਸਾ, ਪੱਛਮ : ਸੜਕ, ਉੱਤਰ : ਸ਼ਕੁੰਤਲਾ ਦੇਵੀ, ਦੱਖਣ ਪਲਾਟ ਨੰ. 54-55 ਦਾ ਹਿੱਸਾ। |
| 9. | 1. ਵਿਪਨ ਕੁਮਾਰ ਨਰੂਲਾ ਪੁੱਤਰ ਕੁੰਦਨ ਲਾਲ (ਕਰਜ਼ਦਾਰ) ਅਤੇ 2. ਸ੍ਰੀ ਮਨੀ ਨਰੂਲਾ ਪੁੱਤਰ ਵਿਪਨ ਕੁਮਾਰ ਨਰੂਲਾ (ਸਹਿ-ਕਰਜ਼ਦਾਰ/ਰਹਿਣਕਾਰ) | 08-June-2025 | 20-June-2025 | ਰੁਪਏ 6,64,508/- (ਛੇ ਲੱਖ ਚੌਂਹਠ ਹਜ਼ਾਰ ਪੰਜ ਸੌ ਅੱਠ ਰੁਪਏ ਕੇਵਲ) | ਰੁਪਏ 11,80,000/- (ਗਿਆਰਾਂ ਲੱਖ ਅੱਸੀ ਹਜ਼ਾਰ ਰੁਪਏ ਕੇਵਲ) | ਬੈਨਾਮਾ ਵਸੀਕਾ ਨੰ. 9102 ਮਿਤੀ 28.03. 2007 ਅਨੁਸਾਰ ਸ੍ਰੀ ਵਿਪਨ ਕੁਮਾਰ ਨਰੂਲਾ ਪੁੱਤਰ ਸਵ. ਸ੍ਰੀ ਕੁੰਦਨ ਲਾਲ ਨਰੂਲਾ ਦੇ ਨਾਂਅ 'ਤੇ ਰਜਿਸਟਰਡ ਜਾਇਦਾਦ, ਪਲਾਟ ਨੰ. 52, ਰਕਬਾ 4 ਮਰਲੇ 74 ਵਰਗ ਫੁੱਟ, ਖੱਤਾ ਨੰ. 380/399, 382/401, 474/503, ਖਸਰਾ ਨੰ. 1694/1453/1, 1694/1453/2, 1696/1453, 1697/1453, 1498/1453, 1002, 1699/1453/1, 1007, 1699/1453/2, 1003, 1004, 1005, 1263/1006 ਅਨੂਪ ਨਗਰ, ਅਬਾਦੀ ਬਸਤੀ ਦਾਨਿਸ਼ਮੰਦਾਂ, ਰਾਧਾ ਸਵਾਮੀ ਸਤਿਸੰਗ ਘਰ ਦੇ ਪਿਛਲੇ ਪਾਸੇ, ਤਹਿਸੀਲ ਤੇ ਜ਼ਿਲ੍ਹਾ ਜਲੰਧਰ, ਪੰਜਾਬ ਨਾਲ ਸੰਬੰਧਤ ਸਭ ਕੁਝ। |
| 10. | 1. ਗੁੱਡੂ ਪੁੱਤਰ ਸ੍ਰੀ ਕਨੀਆਲ (ਕਰਜ਼ਦਾਰ) ਅਤੇ 2. ਸ੍ਰੀਮਤੀ ਪਾਰਵਤੀ ਪਤਨੀ ਗੁੱਡੂ (ਸਹਿ-ਕਰਜ਼ਦਾਰ/ਰਹਿਣਕਾਰ) | 08-June-2025 | 20-June-2025 | ਰੁਪਏ 7,41,080/- (ਸੱਤ ਲੱਖ ਇਕਤਾਲੀ ਹਜ਼ਾਰ ਅੱਸੀ ਰੁਪਏ ਕੇਵਲ) | ਰੁਪਏ 14,77,844/- (ਚੌਦਾਂ ਲੱਖ ਸਤੱਤਰ ਹਜ਼ਾਰ ਅੱਠ ਸੌ ਚੁਤਾਲੀ ਰੁਪਏ ਕੇਵਲ) | ਬੈਨਾਮਾ ਵਸੀਕਾ ਨੰ. 2020-21/187/1/7408 ਮਿਤੀ 02.02.2021 ਅਨੁਸਾਰ ਸ੍ਰੀਮਤੀ ਪਾਰਵਤੀ ਪਤਨੀ ਸ੍ਰੀ ਗੁੱਡੂ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ. 56-ਈ, ਰਕਬਾ 1 ਮਰਲਾ 160 ਵਰਗ ਫੁੱਟ, ਖਸਰਾ ਨੰ. 28//20/2, 28//20/3, 28//21/1, ਹਦਬਸਤ ਨੰ. 162, ਵਾਕਿਆ ਅਬਾਦੀ ਪਿੰਡ ਬੁਲੰਦਪੁਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ ਸਾਈਟ ਅਨੁਸਾਰ : ਪੂਰਬ : ਪਲਾਟ ਨੰ. 55, ਪੱਛਮ : ਸੜਕ, ਉੱਤਰ : ਮੁੰਨੀ ਕੁਮਾਰ, ਦੱਖਣ : ਨਿਰਮਲਾ ਦੇਵੀ |

ਇਸ ਲਈ ਇਹ ਜਨਤਕ ਨੋਟਿਸ ਸਿੱਧੇ ਪੱਤਰ ਵਿਹਾਰ ਦੀ ਜਗ੍ਹਾ ਜਾਰੀ ਕੀਤਾ ਗਿਆ ਹੈ।

ਕਰਜ਼ਦਾਰਾਂ ਅਤੇ ਜਾਂ ਉਨ੍ਹਾਂ ਦੇ ਗਰੰਟਰਾਂ, ਜਿੱਥੇ ਲਾਗੂ ਹੋਣ, ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਬਕਾਇਆ ਰਕਮ ਜਮ੍ਹਾਂ ਕਰਵਾਉਣ ਦਾ ਸੱਦਾ ਦਿੱਤਾ ਜਾਂਦਾ ਹੈ। ਅਜਿਹਾ ਕਰਨ 'ਚ ਨਾਕਾਮ ਰਹਿਣ ਦੀ ਸੂਰਤ 'ਚ ਸਕਿਉਰਟਾਈਜੇਸ਼ਨ ਐਂਡ ਰਿਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਦੇ ਤਹਿਤ, 60 ਦਿਨਾਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਅਗਲੇ ਕਦਮ ਉਠਾਏ ਜਾਣਗੇ।

ਕਰਜ਼ਦਾਰਾਂ ਨੂੰ ਆਪਣੇ ਸਕਿਉਰਡ ਐੱਸਟਸ ਦੇ ਮੁਕਤੀਕਰਨ ਲਈ ਸਮਾਂ ਉਪਲਬਧ ਹੋਣ ਦੇ ਸਬੰਧ ਵਿੱਚ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀ ਵਿਵਸਥਾ ਵੱਲ ਧਿਆਨ ਦਿਵਾਇਆ ਜਾਂਦਾ ਹੈ।

ਮਿਤੀ : 27-06-2025 ਸਥਾਨ : ਲੁਧਿਆਣਾ, ਅੰਮ੍ਰਿਤਸਰ, ਜਲੰਧਰ, ਮੋਗਾ

ਅਧਿਕਾਰਤ ਅਫਸਰ ਐਕਸਿਸ ਬੈਂਕ ਲਿਮਿਟਿਡ

# ਓਲੰਪੀਅਨ ਰਜਿੰਦਰ ਨੇ ਸੁਰਜੀਤ ਹਾਕੀ ਕੋਚਿੰਗ ਕੈਂਪ 'ਚ ਖਿਡਾਰੀਆਂ ਨੂੰ ਦੱਸੇ ਗੁਰ

**ਜਲੰਧਰ (ਸ਼ੈਲੀ ਐਲਬਰਟ)**- ਸੁਰਜੀਤ ਹਾਕੀ ਸੁਸਾਇਟੀ, ਜਲੰਧਰ ਵੱਲੋਂ ਸਥਾਨਕ ਸੁਰਜੀਤ ਹਾਕੀ ਸਟੇਡੀਅਮ ਵਿੱਚ ਜਾਰੀ ਸਾਲਾਨਾ ਸੁਰਜੀਤ ਹਾਕੀ ਕੋਚਿੰਗ ਕੈਂਪ ਵਿੱਚ ਭਾਗ ਲੈ ਰਹੇ



ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਭਾਰਤੀ (ਮਹਿਲਾ ਤੇ ਮਰਦਾਂ) ਦੀ ਹਾਕੀ ਟੀਮ ਦੇ ਸਾਬਕਾ ਕੋਚ ਅਤੇ ਦਰੋਣਾਚਾਰੀਆ ਐਵਾਰਡੀ ਓਲੰਪੀਅਨ ਰਜਿੰਦਰ ਸਿੰਘ ਨੇ ਆਪਣੀ ਖੇਡ ਸਮੇਂ ਦੇ ਤਜਰਬੇ ਸਾਂਝੇ ਕੀਤੇ ।ਸੁਰਜੀਤ ਹਾਕੀ ਸੁਸਾਇਟੀ ਦੇ ਜਨਰਲ ਸਕੱਤਰ ਸੁਰਿੰਦਰ ਸਿੰਘ ਭਾਪਾ ਅਤੇ ਸੀ.ਈ.ਓ. ਇਕਬਾਲ ਸਿੰਘ ਸੰਧੂ ਅਨੁਸਾਰ ਨੌਜਵਾਨ ਹਾਕੀ ਪ੍ਰਤਿਭਾ ਨੂੰ ਨਿਖਾਰਨ ਅਤੇ ਚੈਂਪੀਅਨਾਂ ਦੀ ਅਗਲੀ ਪੀੜ੍ਹੀ ਦੀ ਖੋਜ ਕਰਨ ਦੇ ਉਦੇਸ਼ ਨਾਲ ਡਿਪਟੀ ਕਮਿਸ਼ਨਰ ਜਲੰਧਰ ਹਿਮਾਂਸ਼ੂ ਅੱਗਰਵਾਲ ਜੋ ਸੋਸਾਇਟੀ ਦੇ ਪ੍ਰਧਾਨ ਵੀ ਹਨ, ਦੀ ਯੋਗ ਅਗਵਾਈ ਹੇਠ ਸਥਾਪਿਤ ਕੀਤੀ ਸੁਰਜੀਤ ਹਾਕੀ ਅਕੈਡਮੀ ਵੱਲੋਂ ਸਥਾਨਕ ਸੁਰਜੀਤ ਹਾਕੀ ਸਟੇਡੀਅਮ ਵਿਖੇ ਜਾਰੀ ਗਰਮ ਰੁੱਤ ਹਾਕੀ ਕੋਚਿੰਗ ਕੈਂਪ ਵਿੱਚ ਸਥਾਨਕ ਸੁਰਜੀਤ ਹਾਕੀ ਸਟੇਡੀਅਮ ਵਿਖੇ ਭਾਰਤੀ (ਮਹਿਲਾ ਤੇ ਮਰਦਾਂ) ਦੀ ਹਾਕੀ ਟੀਮ ਦੇ ਸਾਬਕਾ ਕੋਚ ਅਤੇ ਦਰੋਣਾਚਾਰੀਆ ਐਵਾਰਡੀ ਓਲੰਪੀਅਨ ਰਜਿੰਦਰ ਸਿੰਘ ਦੀ ਬਤੌਰ ਮੁੱਖ ਮਹਿਮਾਨ ਖਿਡਾਰੀਆਂ ਅਤੇ ਕੋਚਿੰਗ ਪੈਨਲ ਦੇ ਅਧਿਕਾਰੀਆਂ ਨਾਲ ਜਾਣ ਪਹਿਚਾਣ ਕਰਨ ਤੋਂ ਬਾਅਦ ਉਹਨਾਂ ਨਾਲ ਆਪਣੇ ਖੇਡ ਸਮੇਂ ਦੇ ਤਜਰਬੇ ਸਾਂਝੇ ਕਰਦੇ ਹੋਏ ਖਿਡਾਰੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਖਿਡਾਰੀ ਨੂੰ ਖੇਡਣ ਲਈ ਸਹੀ ਸਮੇਂ, ਉਪਰ ਜੇਕਰ ਸਹੀ ਟ੍ਰੈਕ ਮਿਲ ਜਾਂਦਾ ਹੈ ਤਾਂ ਉਹ ਖਿਡਾਰੀ ਅਵੱਸ਼ ਹੀ ਆਪਣੀ ਮੰਜ਼ਿਲ ਹਾਸਿਲ ਕਰ ਲੈਂਦਾ ਹੈ ਅਤੇ ਸੁਰਜੀਤ ਹਾਕੀ ਸਲਾਨਾ ਕੋਚਿੰਗ ਕੈਂਪ ਵਿੱਚ ਭਾਗ ਲੈਣਾ ਹੀ ਇਹਨਾਂ ਖਿਡਾਰੀਆਂ ਦਾ ਸਹੀ ਹਾਕੀ ਟ੍ਰੈਕ ਨੂੰ ਚੁਣਨਾ ਦਰਸਾਉਂਦਾ ਹੈ। ਸੁਸਾਇਟੀ ਦੇ ਜਨਰਲ ਸਕੱਤਰ ਸੁਰਿੰਦਰ ਸਿੰਘ ਭਾਪਾ ਅਨੁਸਾਰ ਇਹ ਕੋਚਿੰਗ ਕੈਂਪ 1 ਜੁਲਾਈ ਨੂੰ ਸਮਾਪਤ ਹੋਵੇਗਾ। ਉਹਨਾਂ ਕਿਹਾ ਕਿ ਇਸ ਕੈਂਪ ਦੌਰਾਨ ਭਾਗ ਲੈਣ ਵਾਲੇ ਖਿਡਾਰੀਆਂ ਨੂੰ ਪੌਸ਼ਟਿਕ ਡਾਈਟ ਵਿਚ ਬਦਾਮ, ਦੁੱਧ, ਫਰੂਟ ਵਗੈਰਾ ਦਿੱਤਾ ਜਾਂਦਾ ਹੈ। ਇਸ ਮੌਕੇ ਯੁਧਵੀਰ ਸਿੰਘ ਜੋਨੀ, ਪ੍ਰੋਫੈਸਰ ਬਲਵਿੰਦਰ ਸਿੰਘ, ਪਰਦੀਪ ਕੌਰ, ਸੀਤਾ ਦੇਵੀ, ਨਰੇਸ਼ ਕੁਮਾਰ, ਬਿੰਦੂ (ਸਾਰੇ ਕੋਚ) ਹਾਜਰ ਸਨ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਪੰਜਾਬ ਦੀ ਮਾਨ ਸਰਕਾਰ ਦਾ ਇਤਿਹਾਸਿਕ ਕਦਮ : ਤਰਨਦੀਪ ਸਿੰਘ

**ਜਲੰਧਰ (ਨਵਾਂ ਜ਼ਮਾਨਾ ਸਰਵਿਸ)** ਇੱਥੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਤਰਨਦੀਪ ਸਿੰਘ ਨੇ ਕਿਹਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਮਾਰਗ ਦਰਸ਼ਨ ਹੇਠ ਸਾਡੀ ਸਰਕਾਰ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਵਚਨਵਧ ਹੈ ਅਤੇ ਸਾਡੀ ਲੜਾਈ ਉਦੋਂ ਤੱਕ ਜ਼ਾਰੀ ਰਹੇਗੀ ਜਦ ਤਕ ਪੰਜਾਬ ਨਸ਼ਾ ਮੁਕਤ ਨਹੀਂ ਹੋ ਜਾਂਦਾ।ਤਰਨਦੀਪ ਨੇ ਕਿਹਾ 2007 ਤੋਂ 2017 ਤੱਕ ਅਕਾਲੀ-ਭਾਜਪਾ ਗਠਜੋੜ ਦੀ ਸਰਕਾਰ ਪੰਜਾਬ ਵਿੱਚ ਸੀ, ਉਸ ਦੌਰਾਨ ਪੰਜਾਬ ਵਿੱਚ ਡਰੱਗ ਦਾ ਛੇਵਾਂ ਦਰਿਆ ਹੋਂਦ ਵਿੱਚ ਆਇਆ। ਤਰਨਦੀਪ ਨੇ ਕਿਹਾ ਡਰੱਗ ਤਸਕਰ ਜਗਦੀਸ਼ ਭੋਲਾ ਨੇ 2013 ਵਿੱਚ ਮਜੀਠੀਏ ਦਾ ਨਾਂਅ ਅਦਾਲਤ ਵਿੱਚ ਲਿਆ ਸੀ।2017 ਤੋਂ ਬਾਅਦ ਕਾਂਗਰਸ ਦੀ ਸਰਕਾਰ ਵਿੱਚ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਵੀ ਡਰੱਗ ਦੇ ਵਿਰੁੱਧ ਕੋਈ ਵੀ ਕਾਰਵਾਈ ਨਹੀਂ ਕੀਤੀ ਅਤੇ ਡਰੱਗ ਨੂੰ ਹੋਰ ਪ੍ਰਫੁਲਿਤ ਹੋਣ ਦਿੱਤਾ ਗਿਆ।



ਤਰਨਦੀਪ ਨੇ ਕਿਹਾ ਮੁੱਖ ਮੰਤਰੀ ਭਗਵੰਤ ਮਾਨ ਦੀ ਪੰਜਾਬ ਸਰਕਾਰ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾ ਕੇ ਹਜ਼ਾਰਾਂ ਡਰੱਗ ਤਸਕਰਾਂ ਨੂੰ ਜੇਲ੍ਹ ਭੇਜਿਆ।ਅੱਜ ਪੰਜਾਬ ਦਾ ਹਰ ਆਮ ਆਦਮੀ ਇਸ ਕਾਰਵਾਈ ਤੋਂ ਖੁਸ਼ ਨਜ਼ਰ ਆ ਰਿਹਾ ਹੈ।

# ਪ੍ਰੀਖਿਆ ਦੇ ਦਿਨਾਂ ਦੌਰਾਨ ਮਾਤਾ-ਪਿਤਾ ਦੀ ਭੂਮਿਕਾ

ਪ੍ਰੀਖਿਆ ਦਾ ਨਾਂਅ ਸੁਣਦਿਆਂ ਹੀ ਨਾ ਸਿਰਫ਼ ਬੱਚੇ, ਸਗੋਂ ਮਾਪੇ ਵੀ ਤਣਾਅ ਵਿੱਚ ਹੋਣ ਲੱਗਦੇ ਹਨ। ਜਿਵੇਂ-ਜਿਵੇਂ ਪ੍ਰੀਖਿਆ ਨੇੜੇ ਆਉਂਦੀ ਹੈ, ਬੱਚਾ ਉਦਾਸ ਅਤੇ ਥੱਕਿਆ ਹੋਇਆ ਲੱਗਦਾ ਹੈ, ਉਸਨੂੰ ਅਜਿਹਾ ਲੱਗਦਾ ਹੈ ਜਿਵੇਂ ਉਹ ਸਭ ਕੁਝ ਭੁੱਲ ਰਿਹਾ ਹੈ, ਜੋ ਉਸ ਨੂੰ ਯਾਦ ਹੈ। ਬੱਚੇ 'ਤੇ ਚੰਗੇ ਅੰਕ ਪ੍ਰਾਪਤ ਕਰਨ ਦਾ ਲਗਾਤਾਰ ਦਬਾਅ ਰਹਿੰਦਾ ਹੈ, ਯਾਨੀ ਮਾਨਸਿਕ ਦਬਾਅ ਅਤੇ ਮਾਪਿਆਂ ਦਾ ਚੰਗੇ ਅੰਕ ਪ੍ਰਾਪਤ ਕਰਨ ਦਾ ਦਬਾਅ।



ਮੁਕਾਬਲੇ ਦੇ ਇਸ ਯੁੱਗ ਵਿੱਚ, ਹਰ ਮਾਪੇ ਆਪਣੇ ਬੱਚੇ ਦੀ ਪੜ੍ਹਾਈ ਨੂੰ ਲੈ ਕੇ ਚਿੰਤਤ ਹੁੰਦੇ ਹਨ। ਖਾਸ ਕਰਕੇ ਪ੍ਰੀਖਿਆ ਦੇ ਦਿਨਾਂ ਵਿੱਚ, ਉਨ੍ਹਾਂ ਦੇ ਸਾਹਮਣੇ ਇੱਕੋ-ਇੱਕ ਸਵਾਲ ਆਉਂਦਾ ਰਹਿੰਦਾ ਹੈ ਕਿ ਬੱਚੇ ਨੂੰ ਕਿਵੇਂ ਤਿਆਰ ਕੀਤਾ ਜਾਵੇ ਤਾਂ ਜੋ ਉਹ ਬਿਨਾਂ ਤਣਾਅ ਦੇ ਆਪਣੀ ਪੜ੍ਹਾਈ 'ਤੇ ਧਿਆਨ ਕੇਂਦਰਿਤ ਕਰ ਸਕੇ ਅਤੇ ਪ੍ਰੀਖਿਆ ਵਿੱਚ ਵਧੀਆ ਅੰਕ ਪ੍ਰਾਪਤ ਕਰ ਸਕੇ। ਇਸ ਸਮੇਂ ਦੌਰਾਨ ਬੱਚਿਆਂ 'ਤੇ ਕਈ ਤਰ੍ਹਾਂ ਦੀਆਂ ਪਾਬੰਦੀਆਂ ਲਗਾਈਆਂ ਜਾਂਦੀਆਂ ਹਨ। ਮਾਪੇ ਬੱਚਿਆਂ ਨੂੰ ਤਰ੍ਹਾਂ-ਤਰ੍ਹਾਂ ਦੀਆਂ ਹਦਾਇਤਾਂ ਦਿੰਦੇ ਰਹਿੰਦੇ ਹਨ, ਜਿਸ ਕਾਰਨ ਬੱਚਾ ਤਣਾਅ ਵਿੱਚ ਰਹਿੰਦਾ ਹੈ।

ਇਹ ਸਮਾਂ ਬੱਚਿਆਂ ਲਈ ਕਿਸੇ ਚੁਣੌਤੀ ਤੋਂ ਘੱਟ ਨਹੀਂ ਹੈ। ਪ੍ਰੀਖਿਆ ਦੇ ਡਰ ਕਾਰਨ ਉਹ ਘਬਰਾ ਜਾਂਦੇ ਹਨ ਅਤੇ ਧਿਆਨ ਕੇਂਦਰਤ ਨਹੀਂ ਕਰ ਪਾਉਂਦੇ। ਉਨ੍ਹਾਂ ਦਾ ਧਿਆਨ ਸਿਰਫ ਚੰਗੇ ਅੰਕ ਪ੍ਰਾਪਤ ਕਰਨ 'ਤੇ ਰਹਿੰਦਾ ਹੈ।

ਮਾਪਿਆਂ ਨੂੰ ਘਰ ਵਿੱਚ ਆਪਣੇ ਬੱਚਿਆਂ ਨੂੰ ਤਣਾਅ-ਮੁਕਤ ਮਾਹੌਲ ਪ੍ਰਦਾਨ ਕਰਨਾ ਚਾਹੀਦਾ ਹੈ, ਆਪਣੇ ਬੱਚਿਆਂ ਤੋਂ ਉਮੀਦਾਂ ਨਿਰਧਾਰਤ ਕਰਨੀਆਂ ਚਾਹੀਦੀਆਂ ਹਨ ਅਤੇ ਫਿਰ ਮਾਪਿਆਂ ਨੂੰ ਆਪਣੇ ਬੱਚਿਆਂ ਪ੍ਰਤੀ ਸਕਾਰਾਤਮਕ ਰਵੱਈਆ ਅਪਣਾਉਣਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਖੁਸ਼ਹਾਲ ਮਾਹੌਲ ਪ੍ਰਦਾਨ ਕਰਨਾ ਚਾਹੀਦਾ ਹੈ। ਤਾਂ ਹੀ ਬੱਚਾ ਆਪਣੀ ਪੜ੍ਹਾਈ 'ਤੇ ਧਿਆਨ ਕੇਂਦਰਤ ਕਰ ਸਕੇਗਾ।

ਮਾਪਿਆਂ ਨੂੰ ਆਪਣੇ ਬੱਚਿਆਂ ਨੂੰ ਮਨੋਵਿਗਿਆਨਕ ਤੌਰ 'ਤੇ ਸਮਝਾਉਣਾ ਚਾਹੀਦਾ ਹੈ ਕਿ ਜ਼ਿੰਦਗੀ ਇੱਕ ਸੰਘਰਸ਼ ਹੈ। ਜੇਕਰ ਤੁਸੀਂ ਪ੍ਰੀਖਿਆ ਵਿੱਚ ਫੇਲ੍ਹ ਹੋ ਜਾਂਦੇ ਹੋ ਜਾਂ ਘੱਟ ਅੰਕ ਪ੍ਰਾਪਤ ਕਰਦੇ ਹੋ, ਤਾਂ ਜ਼ਿੰਦਗੀ ਖਤਮ ਨਹੀਂ ਹੋਵੇਗੀ। ਦੁਬਾਰਾ ਸਖ਼ਤ ਮਿਹਨਤ ਕਰੋ, ਆਪਣੀਆਂ ਕਮਜ਼ੋਰੀਆਂ ਬਾਰੇ ਸੋਚੋ ਅਤੇ ਕੰਮ 'ਤੇ ਵਾਪਸ ਜਾਓ ਕਿਉਂਕਿ ਅਸਫਲਤਾ ਜ਼ਿੰਦਗੀ ਦਾ ਅੰਤ ਨਹੀਂ ਹੈ।

ਪਿਤਾ ਨੂੰ ਆਪਣੀ ਰੋਜ਼ਾਨਾ ਦੀ ਰੁਟੀਨ ਵਿੱਚ ਵੀ ਬਦਲਾਅ ਲਿਆਉਣੇ ਚਾਹੀਦੇ ਹਨ। ਉਦਾਹਰਣ ਵਜੋਂ, ਉਸ ਨੂੰ ਟੀ ਵੀ ਦੇਖਣਾ ਘੱਟ ਕਰਨਾ ਚਾਹੀਦਾ ਹੈ, ਮਹਿਮਾਨਾਂ ਦੀ ਮੇਜ਼ਬਾਨੀ, ਖਰੀਦਦਾਰੀ ਅਤੇ ਪਾਰਟੀਆਂ ਵਰਗੀਆਂ ਗਤੀਵਿਧੀਆਂ ਨੂੰ ਘਟਾਉਣਾ ਚਾਹੀਦਾ ਹੈ।

ਕਦੇ ਵੀ ਆਪਣੇ ਬੱਚੇ ਦੀ ਤੁਲਨਾ ਕਿਸੇ ਹੋਰ ਬੱਚੇ ਨਾਲ ਨਾ ਕਰੋ ਅਤੇ ਨਾ ਹੀ ਉਸ ਦਾ ਮਜ਼ਾਕ ਉਡਾਓ। ਬੱਚੇ ਦੀ ਪੜ੍ਹਾਈ ਬਾਰੇ ਵਧੇਰੇ ਜਾਣਕਾਰੀ ਲਈ ਹਮੇਸ਼ਾ ਸਾਰੇ ਵਿਸ਼ਾ ਅਧਿਆਪਕਾਂ ਨਾਲ ਸੰਪਰਕ ਵਿੱਚ ਰਹੋ। ਤੁਸੀਂ ਫ਼ਿਡ ਬੈਕ ਤੋਂ ਆਪਣੇ ਬੱਚੇ ਬਾਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹੋ।ਮਾਪੇ ਆਪਣੇ ਬੱਚਿਆਂ ਦੀ ਪੜ੍ਹਾਈ ਦੀ ਮੇਜ਼ ਦੇ ਸਾਹਮਣੇ ਪ੍ਰੇਰਣਾਦਾਇਕ ਲਾਈਨਾਂ ਵਾਲੇ ਚਾਰਟ ਲਟਕਾ ਸਕਦੇ ਹਨ। ਗਣਿਤ ਦੇ ਸਿਧਾਂਤਾਂ, ਫਾਰਮੂਲਿਆਂ ਦੇ ਚਾਰਟ ਬਣਾ ਕੇ ਘਰ ਦੀਆਂ ਕੰਧਾਂ ਤੇ ਪੇਂਟ ਕਰੋ ਤਾਂ ਜੋ ਬੱਚਾ ਅੱਗੇ-ਪਿੱਛੇ ਜਾਂਦੇ ਸਮੇਂ ਉਨ੍ਹਾਂ ਨੂੰ ਦੇਖਦਾ ਰਹੇ ਅਤੇ ਉਨ੍ਹਾਂ ਨੂੰ ਯਾਦ ਰੱਖਣਾ ਆਸਾਨ ਹੋਵੇ। ਬੱਚਿਆਂ ਦਾ ਆਤਮ-ਵਿਸ਼ਵਾਸ ਵਧਾਓ। ਉਨ੍ਹਾਂ ਨੂੰ ਪੜ੍ਹਾਈ ਲਈ ਪ੍ਰੇਰਿਤ ਕਰੋ, ਅੰਕ ਲੈਣ ਲਈ ਨਹੀਂ। ਪ੍ਰੀਖਿਆਵਾਂ ਦੌਰਾਨ, ਬੱਚੇ ਜ਼ਿਆਦਾਤਰ ਘਰ ਵਿੱਚ ਪੜ੍ਹਦੇ ਹਨ, ਜਿਸ ਕਾਰਨ ਉਨ੍ਹਾਂ ਦੀਆਂ ਸਰੀਰਕ ਗਤੀਵਿਧੀਆਂ ਘਟ ਜਾਂਦੀਆਂ ਹਨ। ਅਜਿਹੇ ਸਮੇਂ ਉਨ੍ਹਾਂ ਦੇ ਭੋਜਨ ਦਾ ਖਾਸ ਧਿਆਨ ਰੱਖੋ। ਉਨ੍ਹਾਂ ਨੂੰ ਪੌਸ਼ਟਿਕ ਭੋਜਨ ਜਿਵੇਂ ਕਿ ਫਲ, ਦਹੀਂ, ਜੂਸ ਆਦਿ ਦਿਓ। ਸਵੇਰੇ ਅਤੇ ਰਾਤ ਦਾ ਆਪਣਾ ਖਾਣਾ ਹਲਕਾ ਰੱਖੋ ਤਾਂ ਜੋ ਤੁਹਾਡੀ ਪੜ੍ਹਾਈ ਵਿੱਚ ਕੋਈ ਰੁਕਾਵਟ ਨਾ ਆਵੇ।

ਮਾਪਿਆਂ ਦੀ ਸਕਾਰਾਤਮਕ ਸੋਚ ਦਾ ਬੱਚਿਆਂ 'ਤੇ ਵੀ ਸਕਾਰਾਤਮਕ ਪ੍ਰਭਾਵ ਪਵੇਗਾ। ਤੁਹਾਨੂੰ ਬੱਚਿਆਂ ਨੂੰ ਭਰੋਸਾ ਦਿਵਾਉਣਾ ਚਾਹੀਦਾ ਹੈ ਕਿ ਤੁਸੀਂ ਹਰ ਮੁਸ਼ਕਲ ਹਾਲਾਤ ਵਿੱਚ ਉਨ੍ਹਾਂ ਦੇ ਨਾਲ ਹੋ, ਭਾਵੇਂ ਉਨ੍ਹਾਂ ਦਾ ਪ੍ਰੀਖਿਆ ਵਿੱਚ ਨਤੀਜਾ ਕੁਝ ਵੀ ਹੋਵੇ। ਜਦੋਂ ਤੁਸੀਂ ਬੱਚੇ ਨੂੰ ਆਪਣੇ ਭਰੋਸੇ ਵਿੱਚ ਲੈਂਦੇ ਹੋ ਤਾਂ ਪ੍ਰੀਖਿਆ ਦੇ ਭੂਤ ਦਾ ਦਬਾਅ ਬੱਚੇ ਦੇ ਮਨ ਤੋਂ ਦੂਰ ਹੋ ਜਾਵੇਗਾ ਅਤੇ ਉਹ ਬਿਹਤਰ ਢੰਗ ਨਾਲ ਤਿਆਰੀ ਕਰ ਸਕੇਗਾ।

**ਕੁਸੁਮ ਲਤਾ**
**ਮੋਬਾ.** 98760-21530

# ਸਾਲਾਨਾ ਧਾਰਮਿਕ ਜੋੜ ਮੇਲੇ ਲਈ 28 ਜੁਲਾਈ ਨੂੰ ਹੋਵੇਗਾ ਜਥਾ ਰਵਾਨਾ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਸੰਤ ਬਾਬਾ ਨਿਧਾਨ ਸਿੰਘ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਨੂੰ ਸਮਰਪਿਤ 2, 3 ਤੇ 4 ਅਗਸਤ ਨੂੰ ਗੁਰਦੁਆਰਾ ਲੰਗਰ ਸਾਹਿਬ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਮਨਾਏ ਜਾ ਰਹੇ ਸਾਲਾਨਾ ਧਾਰਮਿਕ ਜੋੜ ਮੇਲੇ 'ਚ ਸ਼ਿਰਕਤ ਕਰਨ ਲਈ ਜਥੇਦਾਰ ਇਕਬਾਲ ਸਿੰਘ ਖੇੜਾ, ਸਾਬਕਾ ਸਰਪੰਚ ਜਥੇਦਾਰ ਜਸਬੀਰ ਸਿੰਘ ਭੱਟੀ ਤੇ ਬਾਬਾ ਜਰਨੈਲ ਸਿੰਘ ਨਡਾਲੋਂ ਦੀ ਅਗਵਾਈ 'ਚ ਇਕੱਤਰਤਾ ਕੀਤੀ ਗਈ।ਇਸ ਇਕੱਤਰਤਾ ਵਿੱਚ 28 ਜੁਲਾਈ ਨੂੰ ਸਵੇਰੇ 6 ਵਜੇ ਬੱਸਾਂ 'ਚ ਜਾਣ ਸਬੰਧੀ ਫੈਂਸਲਾ ਕੀਤਾ ਗਿਆ ਤੇ ਹੋਰ ਪ੍ਰਬੰਧਾਂ ਸਬੰਧੀ ਸੇਵਾਦਾਰਾਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ। ਜਥੇਦਾਰ ਇਕਬਾਲ ਸਿੰਘ ਖੇੜਾ ਨੇ ਦੱਸਿਆ ਕਿ ਹਰ ਸਾਲ ਇਲਾਕੇ ਤੋਂ ਵੱਡਾ ਜੱਥਾ ਸ੍ਰੀ ਹਜ਼ੂਰ ਸਾਹਿਬ ਸਮਾਗਮ ਵਿੱਚ ਸ਼ਾਮਿਲ ਹੋਣ ਲਈ ਜਾਂਦਾ ਹੈ ਤੇ ਇਸ ਸਾਲ ਵੀ ਸੰਗਤਾਂ ਦਾ ਵੱਡਾ ਜੱਥਾ 28 ਜੁਲਾਈ ਨੂੰ ਸਵੇਰੇ 6 ਵਜੇ ਰਵਾਨਾ ਹੋਵੇਗਾ, ਜਿਸ ਲਈ 2 ਬੱਸਾਂ ਦਾ ਪ੍ਰਬੰਧ ਕਰ ਲਿਆ ਗਿਆ ਹੈ ।ਇਸ ਮੌਕੇ ਨਿਰਮਲ ਸਿੰਘ ਬੋੜਾ, ਅਮਰਜੀਤ ਸਿੰਘ ਰਾਜਾ ਜਾਂਗਲੀਆਣਾ, ਬਲਜਿੰਦਰ ਸਿੰਘ ਖਾਲਸਾ ਪੰਜੋੜ, ਕਿਰਪਾਲ ਸਿੰਘ ਅਜਨੋਹਾ, ਲਾਂਗਰੀ ਕਿਸ਼ਨ ਸਿੰਘ, ਵਰਿੰਦਰਜੀਤ ਸਿੰਘ ਚੱਕਸਿੰਘਾ, ਗੁਰਪਾਲ ਸਿੰਘ ਬੋੜਾ, ਜਰਨੈਲ ਸਿੰਘ ਮੋਹਣੋਵਾਲ ਗੁਰਵਿੰਦਰ ਸਿੰਘ ਮੋਨਾ, ਸੁਖਦੇਵ ਸਿੰਘ ਮੋਨਾ, ਅੰਮ੍ਰਿਤਪਾਲ ਸਿੰਘ ਬੋੜਾ, ਜਸਕਰਨ ਸਿੰਘ ਬੋੜਾ, ਸ਼ੁਪਨਦੀਪ ਸਿੰਘ ਬੋੜਾ ਆਦਿ ਹਾਜ਼ਰ ਸਨ।

# ਇਕ ਹਫ਼ਤੇ ਵਿੱਚ ਸ਼ੁਰੂ ਹੋਵੇਗੀ 'ਈਜ਼ੀ ਪ੍ਰਾਪਰਟੀ ਰਜਿਸਟ੍ਰੇਸ਼ਨ': ਮੋਹਿੰਦਰ ਭਗਤ

**ਜਲੰਧਰ (ਸ਼ੈਲੀ ਐਲਬਰਟ)** ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਐਲਾਨ ਕੀਤਾ ਕਿ ਜਲੰਧਰ ਵਿਖੇ ਇਕ ਹਫ਼ਤੇ ਦੇ ਵਿੱਚ 'ਈਜ਼ੀ ਪ੍ਰਾਪਰਟੀ ਰਜਿਸਟ੍ਰੇਸ਼ਨ' ਦਾ ਕੰਮ ਸ਼ੁਰੂ ਹੋ ਜਾਵੇਗਾ। ਕੈਬਨਿਟ ਮੰਤਰੀ, ਜਿਨ੍ਹਾਂ ਨਾਲ ਉਪ ਮੰਡਲ ਮੈਜਿਸਟ੍ਰੇਟ ਰਣਦੀਪ ਸਿੰਘ ਹੀਰ ਵੀ ਮੌਜੂਦ ਸਨ, ਨੇ ਅੱਜ ਸਬ ਰਜਿਸਟਰਾਰ ਦਫ਼ਤਰ ਵਿਖੇ ਪ੍ਰਾਜੈਕਟ ਦੇ ਚੱਲ ਰਹੇ ਕੰਮ ਦਾ ਜਾਇਜ਼ਾ ਲੈਂਦਿਆਂ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਬਕਾਇਆ ਰਹਿੰਦੇ ਕੰਮਾਂ ਨੂੰ ਸਮੇਂ ਸਿਰ ਪੂਰਾ ਕਰਨ ਦੀਆਂ ਹਦਾਇਤਾਂ ਕੀਤੀਆਂ। ਇਸ ਨੂੰ ਕ੍ਰਾਂਤੀਕਾਰੀ ਕਦਮ ਕਰਾਰ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਨਵੀਂ ਪ੍ਰਣਾਲੀ ਲੋਕਾਂ ਨੂੰ ਬਹੁਤੇ ਦਫ਼ਤਰਾਂ ਵਿੱਚ ਜਾਣ ਅਤੇ ਏਜੰਟਾਂ ਤੇ ਵਿਚੋਲਿਆਂ ਤੋਂ ਛੁਟਕਾਰਾ ਦੁਆਏਗੀ। ਉਨ੍ਹਾਂ ਕਿਹਾ ਕਿ ਨਾਗਰਿਕ ਸੇਵਾਵਾਂ ਮੁਹੱਈਆ ਕਰਵਾਉਣ ਵਿੱਚ ਲਿਆਂਦਾ ਗਿਆ ਇਹ ਸੁਧਾਰ ਜਾਇਦਾਦ ਦੀ



ਰਜਿਸਟ੍ਰੇਸ਼ਨ ਨੂੰ ਆਸਾਨ, ਤੇਜ਼ ਅਤੇ ਪਾਰਦਰਸ਼ੀ ਬਣਾਏਗਾ। ਉਨ੍ਹਾਂ ਕਿਹਾ ਕਿ ਇਹ ਸਮੁੱਚੀ ਪ੍ਰਕਿਰਿਆ ਦਸਤਾਵੇਜ਼ਾਂ ਦੀ ਰਜਿਸਟ੍ਰੇਸ਼ਨ ਤੱਕ ਪੂਰੀ ਤਰ੍ਹਾਂ ਡਿਜੀਟਲ ਹੋਵੇਗੀ, ਜਿਸ ਨਾਲ ਬੇਲੋੜੀ ਦੇਰੀ ਤੋਂ ਨਿਜਾਤ ਮਿਲੇਗੀ ਅਤੇ ਹੋਰ ਪਾਰਦਰਸ਼ਤਾ ਆਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਵਿੱਚ ਵਾਧਾ ਕਰਨ ਹਿੱਤ ਸੂਬੇ ਭਰ ਦੇ ਸਬ ਰਜਿਸਟਰਾਰ ਦਫ਼ਤਰਾਂ ਵਿੱਚ ਏਅਰ ਕੰਡੀਸ਼ਨ, ਉਡੀਕ ਹਾਲ, ਟੋਕਨ ਡਿਸਪਲੇਅ ਐਲ.ਈ.ਡੀ ਆਦਿ ਲਗਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਅਧਿਕਾਰਤ ਕੀਤੇ ਗਏ ਡੀਡ ਰਾਈਟਰ ਨਾਮਾਤਰ ਫੀਸਾਂ 'ਤੇ ਉਪਲਬੱਧ ਹੋਣਗੇ ਅਤੇ ਬਿਨ੍ਹਾਂ ਕਿਸੇ ਖੱਜਲ-ਖੁਆਰੀ ਦੇ ਪੇਸ਼ੇਵਾਰਾਨਾ ਢੰਗ ਨਾਲ ਸਹਾਇਤਾ ਮੁਹੱਈਆ ਕਰਵਾਉਣਗੇ। ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਨਵੀਨਤਮ ਤਕਨੀਕਾਂ ਰਾਹੀਂ ਪ੍ਰਭਾਵਸ਼ਾਲੀ ਪ੍ਰਸ਼ਾਸਕੀ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮਾਲ ਵਿਭਾਗ ਦੀਆਂ ਸੇਵਾਵਾਂ ਮੁਹੱਈਆ ਕਰਵਾਉਣ ਵਿੱਚ 'ਈਜ਼ੀ ਪ੍ਰਾਪਰਟੀ ਰਜਿਸਟ੍ਰੇਸ਼ਨ' ਪ੍ਰਾਜੈਕਟ ਮੀਲ ਦਾ ਪੱਥਰ ਸਾਬਤ ਹੋਵੇਗਾ।

# ਕਾਂਗਰਸ ਨੇ ਸੰਵਿਧਾਨ 'ਚ ਦਰਜ ਮੌਲਿਕ ਅਧਿਕਾਰਾਂ ਤੋਂ ਵਾਂਝੇ ਕੀਤਾ : ਲੱਕੀ

**ਬਲਾਚੌਰ (ਜਸਵਿੰਦਰ ਬੈਂਸ)** ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋ ਅੱਜ ਤੋਂ ਪੰਜਾਹ ਸਾਲ ਪਹਿਲਾਂ ਉਸ ਸਮੇਂ ਦੀ ਕਾਂਗਰਸ ਸਰਕਾਰ ਦੀ ਪ੍ਰਧਾਨ ਮੰਤਰੀ ਸ੍ਰੀਮਤੀ ਇੰਦਰਾ ਗਾਂਧੀ ਵਲੋਂ ਲਗਾਈ ਗਈ ਐਮਰਜੈਂਸੀ ਦੇ ਦੇ ਸੰਬੰਧ ਵਿੱਚ ਪਾਰਟੀ ਦੇ ਕਾਰਜਕਰਤਾਵਾਂ ਦੀ ਮੀਟਿੰਗ ਕੀਤੀ ਗਈ। ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਨੇ ਦੱਸਿਆ ਕਿ ਉਸ ਸਮੇਂ ਆਮ ਲੋਕਾਂ ਨੂੰ ਸੰਵਿਧਾਨ ਵਿੱਚ ਦਰਜ ਮੌਲਿਕ ਅਧਿਕਾਰਾਂ ਤੋਂ ਵਾਂਝੇ ਕੀਤਾ ਗਿਆ। ਅਮਨ ਕੌਸ਼ਲ ਐਡਵੋਕੇਟ ਜਰਨਲ ਸਕੱਤਰ ਨੇ ਦੱਸਿਆ ਕਿ ਵਿਰੋਧੀ ਧਿਰ ਦੇ ਆਗੂਆਂ ਸਮੇਤ ਲੋਕਾਂ ਦੀ ਗੱਲ ਕਰਨ ਵਾਲੇ ਹਰੇਕ ਇਨਸਾਨ ਨੂੰ ਜੇਲ੍ਹਾਂ ਵਿੱਚ ਡੱਕ ਦਿੱਤਾ। ਦਿਨੇਸ਼ ਭਾਰਦਵਾਜ ਐਡਵੋਕੇਟ ਜਨਰਲ ਸਕੱਤਰ ਨੇ ਦੱਸਿਆ



ਕਿ ਸੰਵਿਧਾਨ ਦੇ ਨਿਯਮਾਂ ਦਿਆਂ ਧੱਜੀਆਂ ਉਡਾਉਂਦੇ ਹੋਏ ਆਪਣੀ ਕੁਰਸੀ ਕਾਇਮ ਰੱਖਣ ਲਈ ਐਮਰਜੈਂਸੀ ਲਗਾਈ ਗਈ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਅਜੇ ਕਟਾਰੀਆ ਜ਼ਿਲ੍ਹਾ ਉਪ ਅਧਿਅਕਸ਼, ਪੰਕਜ ਕੁਮਾਰ ਜ਼ਿਲ੍ਹਾ ਯੂਥ ਪ੍ਰਧਾਨ, ਚੌਧਰੀ ਕੀਮਤੀ ਲਾਲ ਮਾਝੋਟ, ਸੋਨੀ ਗੜ੍ਹੀ ਕਾਨੂੰਗੋਆਂ, ਰਾਮ ਲਾਲ ਗੜ੍ਹੀ ਕਾਨੂੰਗੋਆਂ,ੀ ਰਾਮ ਟੌਂਸਾ, ਰਵੀ ਕੁਮਾਰ ਜੋਗੇਵਾਲ, ਜੋਗੀ ਜੱਟਪੁਰਾ ਆਦਿ ਵੀ ਸ਼ਾਮਿਲ ਹੋਏ।

# ਵਰਲਡ ਪੰਜਾਬੀ ਕਾਨਫਰੰਸ 'ਚ ਹਿੱਸਾ ਲੈਣ ਲਈ ਸੀਚੇਵਾਲ ਕੈਨੇਡਾ ਪਹੁੰਚੇ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਰਾਜ ਸਭਾ ਮੈਂਬਰ ਤੇ ਵਾਤਾਵਰਨ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਵਰਲਡ ਪੰਜਾਬੀ ਕਾਨਫਰੰਸ ਵਿੱਚ ਹਿੱਸਾ ਲੈਣ



ਲਈ ਕਨੇਡਾ ਪਹੁੰਚ ਗਏ ਹਨ। ਟਾਰਂਟੋਂ ਏਅਰਪੋਰਟ 'ਤੇ ਸੰਤ ਸੀਚੇਵਾਲ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਵਰਡਲ ਪੰਜਾਬੀ ਕਾਨਫਰੰਸ ਦਾ ਪ੍ਰਬੰਧ ਕਰਨ ਵਾਲੇ ਅਜਾਇਬ ਸਿੰਘ ਚੱਠਾ ਉਚੇਚੇ ਤੌਰ 'ਤੇ ਪਹੁੰਚੇ ਹੋਏ ਸਨ। ਰਾਜ ਸਭਾ ਮੈਂਬਰ ਬਣਨ ਤੋਂ ਬਾਅਦ ਸੰਤ ਸੀਚੇਵਾਲ ਪਹਿਲੀ ਵਾਰ ਕਨੇਡਾ ਪਹੁੰਚੇ ਹਨ।ਅਜਾਇਬ ਸਿੰਘ ਚੱਠਾ ਨੇ ਦੱਸਿਆ ਕਿ ਜਗਤ ਪੰਜਾਬੀ ਸਭਾ, ਓਐਫਸੀ ਅਤੇ ਪੱਬਪਾ ਵੱਲੋਂ ਸਾਂਝੇ ਤੌਰ 'ਤੇ ਇਹ ਕਾਨਫੰਰਸ ਕਰਵਾਈ ਜਾ ਰਹੀ ਹੈ।ਕਨੇਡਾ ਦੀ ਧਰਤੀ 'ਤੇ ਹੋਣ ਜਾ ਰਹੀ 11ਵੀਂ ਵਰਲਡ ਪੰਜਾਬੀ ਕਾਨਫਰੰਸ ਦੇ ਮੁੱਖ ਮਹਿਮਾਨ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਹਨ। ਇਹ ਤਿੰਨ ਦਿਨਾ ਕਾਨਫਰੰਸ 27 ਜੂਨ, 28 ਜੂਨ ਅਤੇ 29 ਜੂਨ 2025 ਨੂੰ ਹੋ ਰਹੀ ਹੈ। ਇਸ ਕਾਨਫਰੰਸ ਵਿੱਚ ਦੁਨੀਆਂ ਭਰ ਵਿੱਚ ਵੱਸਦੇ ਪੰਜਾਬੀ ਕਲਾਕਾਰ, ਸਾਹਿਤਕਾਰ, ਪੰਜਾਬੀ ਲੇਖਕ ਅਤੇ ਪੰਜਾਬੀ ਮਾਂ ਬੋਲੀ ਨੂੰ ਪਿਆਰ ਕਰਨ ਵਾਲੀਆਂ 350 ਦੇ ਕਰੀਬ ਸਖਸ਼ੀਅਤਾਂ ਪਹੁੰਚ ਰਹੀਆਂ ਹਨ।ਉਨ੍ਹਾਂ ਕਿਹਾ ਕਿ ਸੰਤ ਸੀਚੇਵਾਲ ਜੀ ਨੇ ਰਾਜ ਸਭਾ ਮੈਂਬਰ ਬਣਨ ਬਾਅਦ ਜਿਹੜਾ ਸਭ ਤੋਂ ਪਹਿਲਾਂ ਤੇ ਅਹਿਮ ਮੁੱਦਾ ਪਾਰਲੀਮੈਂਟ ਦੇ ਹਾਊਸ ਵਿੱਚ ਚੁੱਕਿਆ ਸੀ ਉਹ ਪੰਜਾਬੀ ਮਾਂ ਬੋਲੀ ਨੂੰ ਲਾਗੂ ਕਰਨ ਦਾ ਸੀ। ਦੇਸ਼ ਦੀ ਅਜ਼ਾਦੀ ਦੇ 75 ਸਾਲਾਂ ਬਾਅਦ ਇਹ ਪਹਿਲਾਂ ਮੌਕਾ ਸੀ ਜਦੋਂ ਕਿਸੇ ਪੰਜਾਬੀ ਐਮਪੀ ਨੇ ਮਾਂ ਬੋਲੀ ਵਿੱਚ ਦਸਤਾਵੇਜ ਪੇਸ਼ ਕਰਨ ਲਈ ਜ਼ੋਰ ਪਾਇਆ।ਪਾਰਲੀਮੈਂਟ ਦੇ ਸਕੱਤਰੇਤ ਵੱਲੋਂ ਸੰਤ ਸੀਚੇਵਾਲ ਦੀ ਉਠਾਈ ਮੰਗ ਨੂੰ ਸਵੀਕਾਰ ਕਰਦਿਆ ਪੰਜਾਬੀ ਮਾਂ ਬੋਲੀ ਵਿੱਚ ਦਸਤਾਵੇਜ਼ ਮੁਹੱਈਆ ਕਰਵਾਏ ਸਨ। ਇਸੇ ਕਾਰਨ ਦੇਸ਼ ਦੀਆਂ 22 ਹੋਰ ਭਾਸ਼ਾਵਾਂ ਨੂੰ ਵੀ ਲਾਗੂ ਕਰਨਾ ਪਿਆ ਸੀ।ਏਅਰਪੋਰਟ 'ਤੇ ਸੰਤ ਸੀਚੇਵਾਲ ਦਾ ਨਿੱਘਾ ਸਵਾਗਤ ਕਰਨ ਵਾਲਿਆਂ 'ਚ ਤਰਸੇਮ ਸਿੰਘ ਚੇਅਰਮੈਨ,ਸ਼ਰਨਜੀਤ ਸਿੰਘ ਗਿੱਲ, ਕਰਮਜੀਤ ਕੌਰ,ਰਚਨਪ੍ਰੀਤ ਕੌਰ ਅਤੇ ਹੋਰ ਬਹੁਤ ਸਾਰੇ ਪੰਜਾਬੀ ਪ੍ਰੇਮੀ ਹਾਜ਼ਰ ਸਨ।



# ਅਮਰੀਕਾ' ਚ ਪੰਜਾਬੀ ਨੌਜਵਾਨ ਦੀ ਮੌਤ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਕਪੂਰਥਲਾ ਦੇ ਬਲਾਕ ਨਡਾਲਾ ਦੇ ਪਿੰਡ ਤਲਵੰਡੀ ਪੁਰਦਲ ਦੇ ਨੌਜਵਾਨ ਦੀ ਅਮਰੀਕਾ ਵਿੱਚ ਮੌਤ ਦੀ ਖਬਰ ਸਾਹਮਣੇ ਆਈ ਹੈ। ਮ੍ਰਿਤਕ ਨੌਜਵਾਨ ਰਣਜੀਤ ਸਿੰਘ ਪੁੱਤਰ ਸਤਨਾਮ ਸਿੰਘ 8 ਮਹੀਨੇ ਪਹਿਲਾਂ ਅਮਰੀਕਾ ਗਿਆ ਸੀ ਜਿੱਥੇ ਜਾ ਕੇ ਉਸ ਨੂੰ ਕੈਂਸਰ ਵਰਗੀ ਨਾ ਮੁਰਾਦ ਬਿਮਾਰੀ ਨੇ ਘੇਰ ਲਿਆ ਤੇ ਹਸਪਤਾਲ 'ਚ ਜੇਰੇ ਇਲਾਜ ਉਸ ਦੀ ਮੌਤ ਹੋ ਗਈ।

# ਲੌਂਗੋਵਾਲ ਅਕਾਦਮਿਕ ਵਿੰਗ ਨੇ ਦਿੱਤੀ ਵਿਦਿਆਰਥੀਆਂ ਨੂੰ ਯਾਦਗਾਰੀ ਵਿਦਾਇਗੀ




**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੇ ਲੌਂਗੋਵਾਲ ਅਕਾਦਮਿਕ ਵਿੰਗ ਨੇ 25 ਜੂਨ ਨੂੰ ਆਪਣੇ ਵਿਦਿਆਰਥੀਆਂ ਨੂੰ ਨਿੱਘੀ ਵਿਦਾਇਗੀ ਦੇਣ ਲਈ ਇੱਕ ਸ਼ਾਨਦਾਰ ਅਤੇ ਜੀਵੰਤ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ। ਇਹ ਜਸ਼ਨ ਜੂਨੀਅਰ ਵਿਦਿਆਰਥੀਆਂ ਦੁਆਰਾ ਸੱਭਿਆਚਾਰਕ ਨਾਚਾਂ, ਸੁਰੀਲੇ ਗੀਤਾਂ ਅਤੇ ਰੰਗੀਨ ਸਕਿੱਟਾਂ ਦੀ ਇੱਕ ਲੜੀ ਨਾਲ ਸ਼ੁਰੂ ਹੋਇਆ। ਮੁੱਖ ਆਕਰਸ਼ਣ ਬਾਹਰ ਜਾਣ ਵਾਲੇ ਵਿਦਿਆਰਥੀਆਂ ਦੁਆਰਾ ਰੈਂਪ ਵਾਕ ਸੀ, ਜਿਸਦਾ ਬਹੁਤ ਉਤਸ਼ਾਹ ਅਤੇ ਤਾੜੀਆਂ ਨਾਲ ਸਵਾਗਤ ਕੀਤਾ ਗਿਆ। ਬੀਸੀਏ ਦੀ ਸੰਜਨਾ ਨੂੰ ਮਿਸ ਫੇਅਰਵੈਲ ਦਾ ਤਾਜ ਪਹਿਨਾਇਆ ਗਿਆ ਅਤੇ ਬੀਸੀਏ ਦੇ ਮੁਹੰਮਦ ਅਨਸ ਨੂੰ ਮਿਸਟਰ ਫੇਅਰਵੈਲ ਦਾ ਖਿਤਾਬ ਦਿੱਤਾ ਗਿਆ। ਡਾ. ਵਿਨੋਦ ਕਤਿਆਲ (ਪ੍ਰਿੰਸੀਪਲ, ਲੌਂਗੋਵਾਲ ਅਕਾਦਮਿਕ ਕਾਲਜ) ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਡਾ. ਰੋਜ਼ੀ ਕਤਿਆਲ (ਪ੍ਰਿੰਸੀਪਲ, ਲੌਂਗੋਵਾਲ ਪੌਲੀਟੈਕਨਿਕ ਕਾਲਜ) ਨੇ ਬਾਹਰ ਜਾਣ ਵਾਲੇ ਵਿਦਿਆਰਥੀਆਂ ਨੂੰ ਦਿਲੋਂ ਆਸ਼ੀਰਵਾਦ ਦਿੱਤਾ, ਉਨ੍ਹਾਂ ਨੂੰ ਵਿਸ਼ਵਾਸ ਅਤੇ ਦ੍ਰਿੜਤਾ ਨਾਲ ਅੱਗੇ ਵਧਣ ਦੀ ਤਾਕੀਦ ਕੀਤੀ। ਇਹ ਦਿਨ ਖੁਸ਼ੀ, ਸ਼ੁਕਰਗੁਜ਼ਾਰੀ ਅਤੇ ਪਿਆਰੀਆਂ ਯਾਦਾਂ ਨਾਲ ਭਰਿਆ ਰਿਹਾ, ਜਿਸਨੇ ਸਾਰੇ ਮੌਜੂਦ ਲੋਕਾਂ ਦੇ ਦਿਲਾਂ 'ਤੇ ਇੱਕ ਅਮਿੱਟ ਛਾਪ ਛੱਡੀ।

# ਬਹਿਰਾਮ ਵਿਖੇ ਅਲਮਸਤ ਮਾਸੂਮ ਸੁੱਖੋ ਦੇਵਾ ਦੀ ਬਰਸੀ ਮਨਾਈ

**ਬੰਗਾ (ਅਵਤਾਰ ਕਲੇਰ)** ਦਰਬਾਰ ਬਾਪੂ ਬੱਕਰੀਆਂ ਵਾਲਾ ਬਹਿਰਾਮ ਵਿਖੇ ਅਲਮਸਤ ਮਾਸੂਮ ਸੁੱਖੋ ਦੇਵਾ ਦੀ ਚੌਥੀ ਬਰਸੀ ਗੱਦੀ ਨਸ਼ੀਨ ਬਾਪੂ ਚਰਨ ਦਾਸ ਦੀ ਰਹਿਨੁਮਾਈ ਹੇਠ ਮਨਾਈ ਗਈ। ਇਸ ਤਿੰਨ ਦਿਨਾਂ ਸਮਾਗਮ ਵਿੱਚ ਪਹਿਲੇ ਦਿਨ ਪਾਠ ਦਾ ਭੋਗ, ਕੰਜਕਾਂ ਪੂਜਨ, ਝੰਡੇ ਦੀ ਰਸਮ ਅਤੇ ਰਾਤ ਨੂੰ ਕਵਾਲ ਦੀ ਮਹਿਫ਼ਿਲ ਹੋਈ। ਦੂਸਰੇ ਦਿਨ ਕਵਾਲ ਅਤੇ ਨਕਾਲ ਪਾਰਟੀਆਂ ਨੇ



ਹਾਜ਼ਰੀਆਂ ਭਰੀਆਂ। ਤੀਸਰੇ ਦਿਨ ਮਸ਼ਹੂਰ ਕਲਾਕਾਰ ਰਮੇਸ਼ ਰੰਗੀਲਾ ਓਂਕਾਰ ਵਾਲੀਆਂ,ਬੰਟੀ ਕਵਾਲ, ਇਸ਼ਰਤ ਅਲੀ,ਸੋਨੀ ਸੂਫ਼ੀ ਕਵਾਲ, ਲੱਕੀ ਬੌਸ,ਧੀਰਾ ਸਿੱਧੂ ਚਾਂਦਨੀ ਸਿਤਾਰਾ, ਕੌਰ ਸਿਸਟਰਜ਼,ਮਨੀ ਰੰਧਾਵਾ ਆਦਿ ਕਲਾਕਾਰਾਂ ਨੇ ਧਾਰਮਿਕ ਅਤੇ ਸੱਭਿਆਚਾਰ ਗੀਤਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਸ਼ਾਮ ਨੂੰ ਚਾਦਰ ਦੀ ਰਸਮ ਅਦਾ ਕੀਤੀ ਗਈ।ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਗੱਦੀ ਨਸ਼ੀਨ ਬਾਪੂ ਚਰਨ ਦਾਸ ਅਤੇ ਮੁੱਖ ਸੇਵਾਦਾਰ ਜੀਤਾ ਵਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਦਰਬਾਰ 'ਤੇ ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ।

# ਦੋ ਦਿਨਾ ਸਾਲਾਨਾ ਜੋੜ ਮੇਲਾ ਸ਼ਰਧਾਪੂਰਵਕ ਮਨਾਇਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਇਤਿਹਾਸਕ ਅਤੇ ਮਿਥਿਹਾਸਕ ਸ਼ਹਿਰ ਰਾਹੋ ਵਿਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਰੌਜਾ ਬਾਬਾ ਜੀਣ ਸ਼ਾਹ ਦਾ ਦੋ ਦਿਨਾ ਸਾਲਾਨਾ ਜੋੜ ਮੇਲਾ ਸ਼ਰਧਾ ਪੂਰਵਕ ਮਨਾਇਆ ਗਿਆ। ਜਾਣਕਾਰੀ ਦਿੰਦਿਆਂ ਗੱਦੀ ਨਸ਼ੀਨ ਬਾਬਾ ਸਤਨਾਮ ਦਾਸ ਨੇ ਦੱਸਿਆ ਕਿ ਗੁਰਦਿਆਲ ਰੱਕੜ ਸਮੂਹ ਰੱਕੜਾਂ ਦੇ ਸੈਂਪਲਾਂ ਪਰਵਾਰ ਸੇਵਾਦਾਰ ਝੰਡਾ ਚੜ੍ਹਾਉਣ ਦੀ ਰਸਮ ਅਤੇ ਚਿਰਾਗਾਂ ਦੀ ਰਸਮ ਅਦਾ ਕੀਤੀ ਗਈ। ਪੰਜਾਬ ਦੇ ਮਸ਼ਹੂਰ ਕਵਾਲ ਅਤੇ ਨਕਾਲ ਪਾਰਟੀਆਂ ਵਲੋਂ ਪ੍ਰੋਗਰਾਮ ਪੇਸ਼ ਕੀਤਾ ਗਿਆ। ਮੇਲ਼ੇ ਦਾ ਲਾਈਵ ਟੈਲੀਕਾਸਟ ਕੀਤਾ ਗਿਆ। ਪੀਰਾਂ ਫ਼ਕੀਰਾਂ ਦਾ ਲੰਗਰ ਅਤੁੱਟ ਵਰਤਾਇਆ ਤੇ ਠੰਡੇ ਮਿਠੇ ਜਲ ਦੀ ਛਬੀਲ ਲਗਾਈ ਗਈ। ਰੱਕੜ ਨੇ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਕੁਰਾਹੇ ਪੈ ਰਹੀ ਹੈ, ਜੋ ਕਿ ਇਕ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਸਾਨੂੰ ਗੁਰੂਆਂ ਅਤੇ ਪੀਰਾਂ ਦੇ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਇਸ ਮੌਕੇ ਕੇਸਾ ਕੋਟਰਾਝਾ, ਨਿਰੰਜਨ ਨੰਜਾ ਕੁਲਾਮ,ਰਾਮ ਕੁਮਾਰ ਸੈਂਪਲਾ ਜਗਨਨਾਥ, ਸੋਢੀ ਰਾਮ, ਦਿਲਬਾਗ ਰਾਮ, ਹਰਮੇਸ਼ ਲਾਲ ਹੋਰ ਹਾਜਰ ਸਨ।





# ਬੱਚਿਆਂ ਨੂੰ ਇਨਾਮ ਤੇ ਸਰਟੀਫਿਕੇਟ ਦਿੱਤੇ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਕਿਡਜ਼ਜੋਨ ਸਕੂਲ ਅਤੇ ਬਾਈਟ ਸੰਸਥਾ ਵਿਖੇ ਪਿਛਲੇ 20 ਦਿਨ ਤੋਂ ਸਮਰ ਕੈਂਪ ਲਗਾਇਆ ਜਾ ਰਿਹਾ ਸੀ, ਜਿਸ ਵਿੱਚ 3 ਸਾਲ ਤੋਂ 16 ਸਾਲ ਤੱਕ ਦੇ ਬੱਚਿਆਂ ਨੇ ਆਰਟ ਐਂਡ ਕਰਾਫਟ, ਡਾਂਸ, ਕੰਪਿਊਟਰ, ਸਪੋਕਨ ਇੰਗਲਿਸ਼, ਯੋਗਾ ਅਤੇ ਹੋਰ ਬਹੁਤ ਸਾਰੀਆਂ ਕਿਰਿਆਵਾਂ ਵਿੱਚ ਭਾਗ ਲੈ ਕੇ ਮੁਹਾਰਤ ਸਿੱਖੀ। ਬੱਚਿਆਂ ਨੂੰ ਆਖ਼ਰੀ ਦਿਨ ਰਵਿੰਦਰ ਪਾਲ ਸਿੰਘ (ਐਸ ਐੱਚ ਓ ਭੋਗਪੁਰ) ਨੇ ਇਨਾਮ ਤੇ ਸਰਟੀਫਿਕੇਟ ਵੰਡੇ। ਡਾਇਰੈਕਟਰ ਸਰਬਜੀਤ ਸਿੰਘ ਗਿੱਲ ਨੇ ਉਹਨਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਸਕੂਲ ਦਾ ਸਨਮਾਨ ਚਿੰਨ ਭੇਂਟ ਕੀਤਾ ਤੇ ਉਹਨਾਂ ਨੂੰ ਦੱਸਿਆ ਕਿ ਸਕੂਲ ਤੇ ਸੰਸਥਾ ਵਲੋਂ ਸਮੇਂ-ਸਮੇਂ 'ਤੇ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਵਾ ਕੇ ਬੱਚਿਆ ਦਾ ਹੌਸਲਾ ਵਧਾਇਆ ਜਾਂਦਾ ਹੈ। ਇਸ ਮੌਕੇ ਸੰਤੋਖ ਸਿੰਘ ਗਿੱਲ, ਮੈਡਮ ਕੁਲਦੀਪ ਕੌਰ,ਸਰ ਸੰਦੀਪ ਕੁਮਾਰ, ਮੈਡਮ ਕਮਲਪ੍ਰੀਤ,ਨਵਜੋਤ ਕੌਰ,ਸਰਬਜੀਤ ਕੌਰ, ਜਸਪ੍ਰੀਤ ਕੌਰ,ਸਿਮਰਨ ,ਪਾਇਲ , ਜਯੋਤੀ, ਰਵੀ ਅਤੇ ਪੁਲਸ ਸਟਾਫ਼ ਮੈਬਰਜ਼ ਨੇ ਬੱਚਿਆਂ ਨੂੰ ਉਨਾਂ ਦੀ ਵਧੀਆ ਕਾਰਗੁਜਾਰੀ ਦਿਖਾਉਣ 'ਤੇ ਵਧਾਈ ਦਿੱਤੀ।

# ਕਮਿਊਨਿਟੀ ਹੈੱਲਥ ਸੈਂਟਰ ਬੜਾ ਪਿੰਡ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ

**ਫਗਵਾੜਾ (ਜਸਵਿੰਦਰ ਢੱਡਾ)** ਸਿਵਲ ਸਰਜਨ ਡਾ ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਅੰਤਰਰਾਸ਼ਟਰੀ ਨਸ਼ਾ ਰੋਕੂ ਅਤੇ ਗੈਰਕਾਨੂੰਨੀ ਨਸ਼ਾ ਵਪਾਰ ਵਿਰੋਧੀ ਦਿਵਸ ਮੌਕੇ 'ਤੇ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦੀ ਅਗਵਾਈ ਸੀਨੀਅਰ ਮੈਡੀਕਲ ਅਫਸਰ ਡਾ. ਅਮਿਤਾ ਲੂਨਾ ਨੇ ਕੀਤੀ।ਉਨ੍ਹਾਂ ਆਪਣੇ ਸੰਬੋਧਨ ਵਿਚ ਕਿਹਾ ਕਿ ਨਸ਼ਾ ਇਕ ਗੰਭੀਰ ਸਮਾਜਿਕ ਅਤੇ ਸਿਹਤ ਸੰਬੰਧੀ ਸਮੱਸਿਆ ਹੈ ਜੋ ਨੌਜਵਾਨੀ ਨੂੰ ਅੰਧਕਾਰ ਵੱਲ ਧੱਕ ਰਹੀ ਹੈ। ਉਨ੍ਹਾਂ ਦੱਸਿਆ ਕਿ ਸੀ ਐਚ ਸੀ ਬੜਾ ਪਿੰਡ ਵੱਲੋਂ ਨਸ਼ਾ ਛੁਡਾਉਣ ਲਈ ਨਸ਼ਾ ਮੁਕਤੀ ਕੇਦਰ ਚਲਾਇਆ ਜਾ ਰਿਹਾ ਹੈ ਇਥੇ ਦਵਾਈ ਅਤੇ ਕੌਂਸਲਿੰਗ ਦੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਮੈਡੀਕਲ ਅਫ਼ਸਰ ਡੈਂਟਲ ਡਾ ਅਵਿਨਾਸ਼ ਮੰਗੋਤਰਾ ਵਲੋਂ ਜ਼ਿਲ੍ਹਾ ਪੱਧਰ 'ਤੇ ਚਲਾਏ ਜਾ ਰਹੇ ਨਸ਼ਾ ਛਡਾਓ ਅਤੇ ਪੁਨਰਵਸੇਬਾ ਕੇਂਦਰ ਸਬੰਧੀ ਜਾਣਕਾਰੀ ਦਿੱਤੀ।ਬਲਾਕ ਐਜੂਕੇਟਰ ਪ੍ਰੀਤਇੰਦਰ ਸਿੰਘ ਨੇ ਲੋਕਾਂ ਨੂੰ ਨਸ਼ਿਆਂ ਦੇ ਨੁਕਸਾਨ ਬਾਰੇ ਜਾਣੂ ਕਰਵਾਇਆ ਗਿਆ ਅਤੇ ਇੱਕ ਨਸ਼ਾ ਮੁਕਤ ਸਮਾਜ ਬਣਾਉਣ ਲਈ ਸਹਿਯੋਗ ਦੀ ਅਪੀਲ ਕੀਤੀ ਗਈ। ਵਿਦਿਆਰਥੀਆਂ ਅਤੇ ਪੰਚਾਇਤ ਮੈਂਬਰਾਂ ਨੇ ਵੀ ਪ੍ਰੋਗਰਾਮ ਵਿੱਚ ਹਿੱਸਾ ਲਿਆ ਅਤੇ ਨਸ਼ਾ ਖਿਲਾਫ ਮੁਹਿਮ ਵਿੱਚ ਸਰਕਾਰ ਦਾ ਸਹਿਯੋਗ ਦੇਣ ਦਾ ਯਕੀਨ ਦਵਾਇਆ।ਇਸ ਦਿਵਸ ਨੂੰ ਮਨਾਉਣ ਦਾ ਮੁੱਖ ਉਦੇਸ਼ ਨਸ਼ਿਆਂ ਅਤੇ ਉਨ੍ਹਾਂ ਦੇ ਗੈਰਕਾਨੂੰਨੀ ਵਪਾਰ ਵਿਰੁੱਧ ਲੋਕਾਂ ਵਿਚ ਜਾਗਰੂਕਤਾ ਪੈਦਾ ਕਰਨੀ ਅਤੇ ਇੱਕ ਨਸ਼ਾ ਮੁਕਤ ਭਵਿੱਖ ਵੱਲ ਕਦਮ ਵਧਾਉਣਾ ਹੈ।ਇਸ ਮੌਕੇ ਤੇ ਆਯੁਰਵੈਦਿਕ ਮੈਡੀਕਲ ਅਫ਼ਸਰ ਡਾ. ਬਲਜਿੰਦਰ ਸਿੰਘ, ਆਯੁਰਵੈਦਿਕ ਮੈਡੀਕਲ ਅਫ਼ਸਰ ਡਾ. ਵਰੁਣ, ਹੈਲਥ ਸੁਪਰਵਾਈਜ਼ਰ ਸਤਨਾਮ, ਹੈਲਥ ਸੁਪਰਵਾਈਜਰ ਕੁਲਦੀਪ ਵਰਮਾ ਤੇ ਸਮੂਹ ਸਟਾਫ ਹਾਜ਼ਰ ਸੀ।




# ਸੜਕ ਹਾਦਸੇ ਦੇ ਮ੍ਰਿਤਕਾਂ ਦੇ ਪਰਵਾਰਾਂ ਨੂੰ ਸਰਕਾਰ 5 -5 ਲੱਖ ਦਾ ਮੁਆਵਜ਼ਾ ਦੇਵੇ

**ਫਿਲੌਰ (ਨਿਰਮਲ)**- ਸੜਕ ਹਾਦਸੇ 'ਚ ਮਾਰੇ ਗਏ 4 ਵਿਅਕਤੀਆਂ ਅਤੇ ਜ਼ਖ਼ਮੀਆਂ ਸਬੰਧੀ ਲੋਕ ਇਨਸਾਫ ਮੰਚ ਦੀ ਟੀਮ ਨੇ ਸਿਵਲ ਹਸਪਤਾਲ ਫਿਲੌਰ ਦਾ ਦੌਰਾ ਕੀਤਾ ਅਤੇ ਜ਼ਖਮੀਆਂ ਨਾਲ ਮੁਲਾਕਾਤ ਕੀਤੀ। ਜਿਹੜੇ ਜੀਆਂ ਦੀ ਮੌਤ ਹ ਗਈ ਉਨ੍ਹਾਂ ਦੇ ਪਰਵਾਰਾਂ ਨਾਲ ਦੁੱਖ ਸਾਂਝਾ ਕੀਤਾ। ਮੰਚ ਦੇ ਪ੍ਰਧਾਨ ਜਰਨੈਲ ਫਿਲੌਰ ਸਕੱਤਰ ਪਰਸ਼ੋਤਮ ਫਿਲੌਰ , ਐਡੋਵੋਕਟ ਸੰਜੀਵ ਭੌਰਾ , ਜਸਵੰਤ ਅੱਟੀ , ਸੱਤਪਾਲ ਸ਼ਾਹਪੁਰ ਡਾ ਅਸ਼ੋਕ ,ਡਾ. ਸੰਦੀਪ , ਅਮਰਜੀਤ ਲਾਡੀ ਮਹਿਸਮਪੁਰ , ਮਾ. ਹੰਸ ਰਾਜ ਸੰਤੋਖਪੁਰਾ , ਰਾਮਜੀ ਗੰਨਾਪਿੰਡ ,ਸਰੂਪ ਕਲੇਰ ਆਦਿ ਆਗੂਆਂ ਨੇ ਕਿਹਾ ਕਿ ਅਸੀ ਸਮਝਦੇ ਹਾਂ ਕਿ ਸੜਕ ਜੋ ਕਿ ਥਾਂ ਥਾਂ ਤ ਟੁੱਟੀ ਹੋਈ ਹੈ ਜਿਸ ਕਾਰਨ ਪਹਿਲਾਂ ਵੀ ਕਈ ਐਕਸੀਡੈਂਟ ਹ ਚੁੱਕੇ ਹਨ। ਇਸ ਹਾਦਸੇ ਵਿੱਚ ਮਾਰੇ ਗਏ ਲੋਕਾਂ ਦੇ ਪਰਵਾਰਾਂ ਨੂੰ ਘੱਟੋ ਘੱਟ 5 ਲੱਖ ਰੁਪਏ ਦਾ ਮੁਆਵਜਾ ਦਿੱਤਾ ਜਾਵੇ ਅਤ ਜਿਹੜੇ ਜਖਮੀ ਹੋ ਗਏ ਹਨ ਉਨ੍ਹਾਂ ਦੇ ਇਲਾਜ ਦਾ ਸਾਰਾ ਖਰਚ ਪੰਜਾਬ ਸਰਕਾਰ ਚੁੱਕੇ। ਜਿਹੜੀ ਸੜਕ ਟੁੱਟੀ ਹੋਈ ਹੈ ਉਸ ਦੀ ਤੁਰੰਤ ਮੁਰੰਮਤ ਕੀਤੀ ਜਾਵੇ ।



# ਪ੍ਰੀ-ਪ੍ਰਾਇਮਰੀ ਵਿੰਗ ਤੇ ਪਲੇਅ-ਵੇਅ ਸਕੂਲਾਂ ਦੀ ਰਜਿਸਟ੍ਰੇਸ਼ਨ ਲਾਜ਼ਮੀ : ਡੀ ਸੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**— ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ ਪ੍ਰਾਈਵੇਟ ਸਕੂਲ/ਸੰਸਥਾਵਾਂ/ਪਲੇਅ-ਵੇਅ ਸਕੂਲ ਜੋ ਕਿ ਅਰਲੀ ਚਾਈਲਡ ਕੇਅਰ ਐਂਡ ਐਜੂਕੇਸ਼ਨ ਦੇ ਖੇਤਰ ਵਿਚ ਕੰਮ ਕਰ ਰਹੀਆਂ ਹਨ, ਨੂੰ ਰਜਿਸਟਰ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਪੰਜਾਬ ਰਾਜ ਵਿਚ 3 ਤੋਂ 6 ਸਾਲ ਦੇ ਬੱਚਿਆਂ ਲਈ ਈ.ਸੀ.ਈ ਖੇਤਰ ਵਿਚ ਕੰਮ ਕਰ ਰਹੀਆਂ ਸੰਸਥਾਵਾਂ ਦੀ ਵਿਭਾਗ ਵੱਲੋਂ ਰਜਿਸਟ੍ਰੇਸ਼ਨਾਂ ਸ਼ੁਰੂ ਕੀਤੀਆਂ ਗਈਆਂ ਹਨ। ਰਜਿਸਟ੍ਰੇਸ਼ਨ ਲਾਜ਼ਮੀ ਬਣਾਉਣ ਲਈ ਤੁਰੰਤ ਦਫ਼ਤਰ ਜ਼ਿਲ੍ਹਾ ਪ੍ਰੋਗਰਾਮ ਹੁਸ਼ਿਆਰਪੁਰ ਜਾਂ ਸਬੰਧਤ ਸੀ.ਡੀ.ਪੀ.ਓ ਜ਼ਿਲ੍ਹਾ ਹੁਸ਼ਿਆਰਪੁਰ ਨਾਲ ਤਾਲਮੇਲ ਕਰਕੇ ਐਪਲੀਕੇਸ਼ਨ ਫਾਰਮ ਨੰਬਰ 1 ਪ੍ਰਾਪਤ ਕੀਤਾ ਜਾ ਸਕਦਾ ਹੈ। ਜੇਕਰ ਰਜਿਸਟ੍ਰੇਸ਼ਨ ਦੌਰਾਨ ਕਿਸੇ ਕਿਸਮ ਦੀ ਪ੍ਰੇਸ਼ਾਨੀ ਹੁੰਦੀ ਹੈ ਤਾਂ ਜ਼ਿਲ੍ਹਾ ਪ੍ਰੋਗਰਾਮ ਦਫ਼ਤਰ ਹੁਸ਼ਿਆਰਪੁਰ ਜਾਂ ਸਬੰਧਤ ਬਲਾਕ ਦੇ ਸੀ.ਡੀ.ਪੀ.ਓ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਹਰੇਕ ਪਲੇਅ-ਵੇਅ ਸਕੂਲ ਨੂੰ ਰਜਿਸਟਰਡ ਕਰਾਉਣਾ ਲਾਜ਼ਮੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ ਆਉਂਦੇ ਸਾਰੇ ਪ੍ਰਾਈਵੇਟ ਸਕੂਲ /ਸੰਸਥਾਵਾਂ /ਪਲੇਅ -ਵੇਅ ਸਕੂਲਾਂ ਦੀ ਵੈਰੀਫਿਕੇਸ਼ਨ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪ੍ਰਾਈਵੇਟ ਸਕੂਲ/ ਸੰਸਥਾਵਾਂ/ ਪਲੇਅ-ਵੇਅ ਸਕੂਲ ਦੀਆਂ ਪਾਲਿਸੀਆਂ ਦੀ ਪਾਲਣਾ ਕਰਨੀ ਯਕੀਨੀ ਬਣਾਇਆ ਜਾਵੇ।

# ਬੀਬੀ ਮਾਨ ਨੇ ਹਰੀ ਝੰਡੀ ਦੇ ਕੇ ਐਂਬੂਲੈਂਸ ਕੀਤੀ ਲੋਕ ਅਰਪਿਤ

**ਕਾਲਾ ਸੰਘਿਆਂ (ਮਨਜੀਤ ਮਾਨ)** ਸਿਵਲ ਸਰਜਨ ਡਾਕਟਰ ਗੁਰਮੀਤ ਲਾਲ ਦੇ ਦਿਸ਼ਾ ਨਿਰਦੇਸ਼ਾਂ 'ਤੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਮਹੇਸ਼ ਪ੍ਰਭਾਕਰ ਦੀ ਅਗਵਾਈ ਹੇਠ ਤਹਿਸੀਲ ਨਕੋਦਰ ਅਧੀਨ ਪੈਂਦੇ ਪਿੰਡ ਉੱਗੀ ਦੀ ਆਮ ਆਦਮੀ ਕਲਿਨਿਕ ਤੇ ਇੱਕ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਹਲਕਾ ਨਕੋਦਰ ਦੀ ਵਿਧਾਇਕਾ ਬੀਬੀ ਇੰਦਰਜੀਤ ਕੌਰ ਵੱਲੋਂ ਸ਼ਿਰਕਤ ਕੀਤੀ ਗਈ ਅਤੇ ਉਨ੍ਹਾਂ ਵੱਲੋਂ ਲੋਕਾਂ ਦੀ ਸੇਵਾ ਤੇ ਸਹੂਲਤ ਵਾਸਤੇ 108 ਐਂਬੂਲੈਂਸ ਹਰੀ ਝੰਡੀ ਦੇ ਕੇ ਲੋਕ ਅਰਪਿਤ ਕੀਤੀ ਗਈ। ਬੀਬੀ ਮਾਨ ਨੇ ਕਿਹਾ ਕਿ ਇਸ ਇਲਾਕੇ ਵਿੱਚ ਪਹਿਲਾਂ ਵੀ 108 ਐਂਬੂਲੈਂਸ ਦੀ ਸਹੂਲਤ ਮਿਲ ਰਹੀ ਸੀ ਪਰ ਇੱਕ ਐਂਬੂਲੈਂਸ ਹੋਣ ਕਰਕੇ ਕਈ ਵਾਰ ਦੂਰ ਦੁਰਾਡੇ ਐਂਬੂਲੈਂਸ ਗਈ ਹੋਣ ਕਾਰਨ ਲੋਕਾਂ ਕੋਲ ਲੇਟ ਐਂਬੂਲੈਂਸ ਪਹੁੰਚਦੀ ਸੀ ਜਿਸ ਕਾਰਨ ਕਈ ਲੋਕਾਂ ਕੋਲੋਂ ਮੌਕੇ 'ਤੇ ਹਸਪਤਾਲ ਨਹੀਂ ਪਹੁੰਚ ਹੁੰਦਾ ਸੀ ਲੋਕਾਂ ਦੀ ਕਾਫ਼ੀ ਲੰਮੇ ਸਮੇਂ ਤੋਂ ਇਹ ਮੰਗ ਸੀ ਜੋ ਅੱਜ ਪੂਰੀ ਹੋ ਗਈ ਬੀਬੀ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਇਸ ਇਲਾਕੇ ਨੂੰ 20-25 ਪਿੰਡ ਪੈਂਦੇ ਹਨ ਹੁਣ ਲੋਕ ਇਸ 108 ਐਂਬੂਲੈਂਸ ਦੀ ਸਹੂਲਤ ਵੀ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲਿਨਿਕ ਵਿੱਚ ਪਹਿਲਾਂ 48 ਟੈਸਟ ਕਰਵਾਏ ਜਾਂਦੇ ਸਨ ਹੁਣ ਸਰਕਾਰ ਵੱਲੋਂ 8 ਹੋਰ ਟੈਸਟ ਸ਼ੁਰੂ ਕੀਤੇ ਗਏ ਹਨ ਜਿਸ ਦਾ ਲੋਕ ਲਾਭ ਲੈ ਸਕਦੇ ਹਨ। ਇਸ ਦੇ ਨਾਲ ਹੀ ਗਰਭਵਤੀ ਔਰਤਾਂ ਦੇ ਇਲਾਜ ਦੀ ਵੀ ਮੁਫ਼ਤ ਸਹੂਲਤ ਸ਼ੁਰੂ ਕੀਤੀ ਗਈ ਹੈ ਤੇ ਮਰੀਜ਼ਾਂ ਦਾ ਇੱਕ ਛੱਤ ਥੱਲੇ ਹੀ ਸਾਰੀਆਂ ਬੀਮਾਰੀਆਂ ਦਾ ਇਲਾਜ ਹੋਵੇਗਾ। ਉਨ੍ਹਾਂ ਨੇ ਲੋਕਾਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ ਤੇ ਕਈਆਂ ਦਾ ਮੌਕੇ 'ਤੇ ਹੱਲ ਵੀ ਕਰਵਾਇਆ। ਇਸ ਮੌਕੇ ਇਲਾਕੇ ਦੇ ਆਮ ਆਦਮੀ ਪਾਰਟੀ ਵਲੰਟੀਅਰ ,ਪੰਚ ਸਰਪੰਚ ਤੇ ਆਗੂ ਤੇ ਲੋਕ ਹਾਜ਼ਰ ਸਨ।



# ਜ਼ਿਲ੍ਹਾ ਭਾਸ਼ਾ ਵਿਭਾਗ ਵੱਲੋਂ ਲੇਖ਼ਕ ਡਾਇਰੈਕਟਰੀ 2025-26 ਲਈ ਵੇਰਵੇ ਭੇਜਣ ਦੀ ਮੰਗ

**ਕਪੂਰਥਲਾ (ਬਲਵੀਰ ਸ਼ਾਲ੍ਹਾਪੁਰੀ)**- ਜ਼ਿਲ੍ਹਾ ਭਾਸ਼ਾ ਅਫ਼ਸਰ, ਕਪੂਰਥਲਾ ਵੱਲੋਂ ਜ਼ਿਲ੍ਹੇ ਦੀਆਂ ਸਾਰੀਆਂ ਸਾਹਿਤ ਸਭਾਵਾਂ ਅਤੇ ਵੱਖ ਵੱਖ ਵਿਧਾਵਾਂ ਵਿੱਚ ਲਿਖਣ ਵਾਲੇ ਲੇਖ਼ਕਾਂ/ਸਾਹਿਤਕਾਰਾਂ ਦੀ ਜ਼ਿਲ੍ਹਾ ਪੱਧਰੀ ਲੇਖ਼ਕ ਡਾਇਰੈਕਟਰੀ ਤਿਆਰ (ਅੱਪਡੇਟ) ਕੀਤੀ ਜਾਣੀ ਹੈ। ਇਸ ਸੰਬਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਭਾਸ਼ਾ ਅਫ਼ਸਰ ਜਸਪ੍ਰੀਤ ਕੌਰ ਨੇ ਦੱਸਿਆ ਕਿ ਕ੍ਰਮਵਾਰ ਕਪੂਰਥਲਾ/ ਫ਼ਗਵਾੜਾ/ ਨਡਾਲਾ/ਸੁਲਤਾਨਪੁਰ ਲੋਧੀ ਵਿਖੇ ਸਰਗਰਮ ਸਾਹਿਤ ਸਭਾਵਾਂ ਨੂੰ ਇਸ ਡਾਇਰੈਕਟਰੀ ਲਈ ਨਾਂਅ ਭੇਜਣ ਲਈ ਪ੍ਰੋਫਾਰਮਾਂ ਭੇਜਿਆ ਜਾ ਚੁੱਕਾ ਹੈ। ਜਿਲ੍ਹੇ ਵਿੱਚ ਵੱਖ ਵੱਖ ਵਿਧਾਵਾਂ ਵਿੱਚ ਲਿਖਣ ਵਾਲੇ ਲੇਖ਼ਕਾਂ/ਸਾਹਿਤਕਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਆਪਣਾ ਸਮੁੱਚਾ ਵੇਰਵਾ ਇਸ ਪ੍ਰੋਫਾਰਮੇਂ ਵਿੱਚ ਭਰ ਕੇ ਇਸ ਦਫਤਰ ਦੀ ਈਮੇਲ dlokpt.pblanguages@gmail.com ਤੇ ਜਾਂ ਦਫ਼ਤਰ ਦੇ ਕਲਰਕ ਸ਼੍ਰੀ ਮਨੀਸ਼ ਕੁਮਾਰ ਦੇ ਮੋਬਾਇਲ ਨੰਬਰ 64840-61290 ਤੇ ਵੱਟਸ ਐਪ ਸੰਦੇਸ਼ ਰਾਹੀਂ ਭੇਜਣ ਦੀ ਖੇਚਲ ਕੀਤੀ ਜਾਵੇ ਤਾਂ ਜੋ ਇਹ ਡਾਇਰੈਕਟਰੀ ਅਪਡੇਟ ਕੀਤੀ ਜਾ ਸਕੇ। ਉਹਨਾਂ ਦੱਸਿਆ ਕਿ ਇਹ ਪ੍ਰੋਫਾਰਮਾਂ ਉਕਤ ਈਮੇਲ / ਦਿੱਤੇ ਗਏ ਵੱਟਸ ਐਪ ਨੰਬਰ ਤੋਂ ਜਾਂ ਜ਼ਿਲ੍ਹਾ ਭਾਸ਼ਾ ਦਫ਼ਤਰ, ਕਪੂਰਥਲਾ ਕਮਰਾ ਨੰਬਰ 404, ਚੌਥੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਨੇੜੇ ਜ਼ਿਲ੍ਹਾ ਕਚਿਹਰੀਆਂ, ਕਪੂਰਥਲਾ ਤੋਂ ਕਿਸੇ ਕੰਮ ਵਾਲੇ ਦਿਨ ਦਸਤੀ ਵੀ ਪ੍ਰਾਪਤ ਕੀਤਾ ਜਾ ਸਕਦਾ ਹੈ।



# ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮਨਾਇਆ



**ਬਲਾਚੌਰ (ਜਸਵਿੰਦਰ ਬੈਂਸ)** ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਨਵਰੀਤ ਕੌਰ ਪੀਐਚ ਸੀ ਸੜੋਆ ਦੀ ਅਗਵਾਈ ਹੇਠ ਸਰਕਾਰੀ ਉਦਯੋਗਿਕ ਸੰਸਥਾ ਸਾਹਿਬਾ ਵਿਖੇ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮਨਾਇਆ ਗਿਆ। ਜਿਸ ਵਿੱਚ ਹੈਲਥ ਇੰਸਪੈਕਟਰ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਦੁਨੀਆਂ ਭਰ ਵਿੱਚ ਹਰ ਸਾਲ 26 ਜੂਨ ਨੂੰ ਅੰਤਰਰਾਸ਼ਟਰੀ ਨਸ਼ਿਆਂ ਵਿਰੋਧੀ ਦਿਵਸ ਮਨਾਇਆ ਜਾਂਦਾ ਹੈ। ਇਸ ਨੂੰ ਮਨਾਉਣ ਦਾ ਮੁੱਖ ਉਦੇਸ਼ ਨਸ਼ੇ ਦੇ ਆਦੀ ਲੋਕਾਂ ਨੂੰ ਨਸ਼ੇ ਦੀ ਦਲਦਲ ਵਿੱਚੋਂ ਬਾਹਰ ਕੱਢਣਾ ਹੈ । ਨਸ਼ਾ ਇੱਕ ਬਿਮਾਰੀ ਹੈ ਜੋ ਨੌਜਵਾਨ ਪੀੜ੍ਹੀ ਨੂੰ ਆਪਣੀ ਗ੍ਰਿਫ਼ਤ ਵਿੱਚ ਲੈ ਰਹੀ ਹੈ ਜੋ ਕਈ ਬਿਮਾਰੀਆਂ ਦਾ ਕਾਰਨ ਬਣ ਰਹੀ ਹੈ। ਨਸ਼ਿਆਂ ਦੀ ਪੂਰਤੀ ਲਈ ਉਹਨਾਂ ਨੂੰ ਗਲਤ ਰਸਤੇ 'ਤੇ ਤੁਰਨ ਲਈ ਮਜਬੂਰ ਹੋਣਾ ਪੈਂਦਾ ਹੈ ਅਤੇ ਉਹ ਮੁਜਰਮ ਤੱਕ ਬਣ ਜਾਂਦੇ ਹਨ। ਉਹਨਾਂ ਕਿਹਾ ਕਿ ਨੌਜਵਾਨ ਸ਼ਰਾਬ ਸਿਗਰਟ ਡਰੱਗ ਨਸ਼ੀਲੀਆਂ ਦਵਾਈਆਂ ਤੋਂ ਨਸ਼ਿਆਂ ਦੀ ਸ਼ੁਰੂਆਤ ਕਰਦੇ ਹਨ। ਉਨਾਂ ਨੂੰ ਇਹਨਾਂ ਤੋਂ ਬਚਣਾ ਚਾਹੀਦਾ ਹੈ। ਨਸ਼ਾ ਛੱਡਣ ਲਈ ਸਵੈ ਇੱਛਤ ਹੋਣਾ ਬਹੁਤ ਜ਼ਰੂਰੀ ਹੈ। ਇਸ ਮੌਕੇ 'ਤੇ ਸੰਸਥਾ ਦੇ ਪ੍ਰਿੰਸੀਪਲ ਹਰਵਿੰਦਰ ਲਾਲ , ਸਤੀਸ਼ ਕੁਮਾਰ ਸੁਖਵਿੰਦਰ ਸਿੰਘ ਰਾਹੁਲ ਚੌਧਰੀ ਬਲਵੰਤ ਰਾਮ ਮਨੀਸ਼ ਕੁਮਾਰ ਅਤੇ ਓਕਾਰ ਸਿੰਘ ਹਾਜਰ ਸਨ।


## ਜਨਮ ਦਿਨ ਮੁਬਾਰਕ



**ਸਰਪ੍ਰੀਤ ਸਿੰਘ**
ਪਿਤਾ : ਪਰਮਿੰਦਰ ਸਿੰਘ
ਮਾਤਾ : ਰੁਪਿੰਦਰ ਕੌਰ
ਵਾਸੀ : ਇਟਲੀ



**ਮਹਿਤਾਬ ਸਿੰਘ**
ਪਿਤਾ : ਰਣਜੋਧ ਸਿੰਘ
ਵਾਸੀ : ਆਸਟ੍ਰੇਲੀਆ